ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 119
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 1 May, 2026) ਸ਼ੁੱਕਰਵਾਰ, 1 ਮਈ, 2026, 18 ਵੈਸਾਖ (ਪੂਰਨਮਾਸ਼ੀ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਪੰਜਾਬ ਭਾਜਪਾ ਵੱਲੋਂ ਚੰਡੀਗੜ੍ਹ ਵਿੱਚ 'ਜਨਤਾ ਦੀ ਵਿਧਾਨ ਸਭਾ' ਅੱਜ

ਚੰਡੀਗੜ੍ਹ , 30 ਅਪ੍ਰੈਲ (ਚ.ਨ.ਸ.):ਭਾਰਤੀ ਜਨਤਾ ਪਾਰਟੀ (ਭਾਜਪਾ), ਪੰਜਾਬ, 1 ਮਈ 2026 ਨੂੰ ਸਵੇਰੇ 11 ਵਜੇ ਤੋਂ ਪੰਜਾਬ ਭਾਜਪਾ ਮੁੱਖ ਦਫ਼ਤਰ, ਸੈਕਟਰ 37-ਏ, ਚੰਡੀਗੜ੍ਹ ਦੇ ਨੇੜੇ ਜਨਤਾ ਦੀ ਵਿਧਾਨਸਭਾ ਦਾ ਆਯੋਜਨ ਕਰੇਗੀ। ਇਹ ਪ੍ਰੋਗਰਾਮ ਉਸੇ ਦਿਨ ਸੱਤਾਧਾਰੀ ਆਮ ਆਦਮੀ ਪਾਰਟੀ ਵੱਲੋਂ ਬੁਲਾਈ ਗਈ ਪੰਜਾਬ ਵਿਧਾਨਸਭਾ ਦੇ ਵਿਸ਼ੇਸ਼ ਸੈਸ਼ਨ ਦੇ ਸਮਾਂਤਰ ਇੱਕ ਮਹੱਤਵਪੂਰਨ ਜਨ ਮੰਚ ਵਜੋਂ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਪਹਿਲ ਰਾਹੀਂ ਭਾਜਪਾ ਦਾ ਉਦੇਸ਼ ਸੂਬੇ ਦੇ ਮੌਜੂਦਾ ਰਾਜਨੀਤਿਕ ਦ੍ਰਿਸ਼ ਦੇ ਵਿਚਕਾਰ ਮੁੱਖ (ਬਾਕੀ ਸਫਾ 2 'ਤੇ)

## ਭਾਰਤ ਨੇ 'ਆਪ੍ਰੇਸ਼ਨ ਸਿੰਦੂਰ' ਰਾਹੀਂ ਦੁਨੀਆਂ ਨੂੰ ਅੱਤਵਾਦ ਖ਼ਿਲਾਫ਼ ਵਚਨਬੱਧਤਾ ਦਾ ਸੰਦੇਸ਼ ਦਿੱਤਾ: ਰਾਜਨਾਥ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 30 ਅਪ੍ਰੈਲ :ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਆਪ੍ਰੇਸ਼ਨ ਸਿੰਦੂਰ ਨੇ ਦੁਨੀਆਂ ਨੂੰ ਇੱਕ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਭਾਰਤ ਹੁਣ ਆਪਣੇ ਖੇਤਰ 'ਤੇ ਅੱਤਵਾਦੀ ਹਮਲਿਆਂ ਤੋਂ ਬਾਅਦ ਸਿਰਫ਼ ਕੂਟਨੀਤਕ ਬਿਆਨ ਜਾਰੀ ਕਰਨ ਦੀ ਪੁਰਾਣੀ ਮਾਨਸਿਕਤਾ ਤੱਕ ਸੀਮਤ ਨਹੀਂ ਹੈ, ਸਗੋਂ ਫੈਸਲਾਕੁੰਨ ਕਾਰਵਾਈ ਕਰਨ ਲਈ ਵਚਨਬੱਧ ਹੈ। ਇੱਥੇ ਇੱਕ ਰਾਸ਼ਟਰੀ ਸੁਰੱਖਿਆ ਸੰਮੇਲਨ ਨੂੰ ਸੰਬੋਧਨ ਕਰਦੇ ਰਾਜਨਾਥ ਨੇ ਕਿਹਾ ਕਿ ਸਰਕਾਰ ਨੇ ਸਪੱਸ਼ਟ ਸਟੈਂਡ ਲਿਆ ਹੈ ਕਿ ਕਿਸੇ ਵੀ ਹਾਲਾਤ ਵਿੱਚ ਅੱਤਵਾਦ ਦੀ ਕੋਈ ਵੀ ਕਾਰਵਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਨੇ ਸਰਜੀਕਲ ਸਟ੍ਰਾਈਕ, ਹਵਾਈ ਹਮਲੇ ਅਤੇ ਆਪ੍ਰੇਸ਼ਨ ਸਿੰਦੂਰ ਨੂੰ ਅੱਤਵਾਦ ਵਿਰੁੱਧ ਸਰਕਾਰ ਦੇ ਦ੍ਰਿੜ ਇਰਾਦੇ ਦੇ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ, 'ਅੱਤਵਾਦ ਇੱਕ ਵਿਗੜੀ ਹੋਈ ਅਤੇ ਪਾਗਲ ਮਾਨਸਿਕਤਾ ਤੋਂ ਪੈਦਾ ਹੁੰਦਾ ਹੈ। ਇਹ ਮਨੁੱਖਤਾ 'ਤੇ ਇੱਕ ਕਾਲਾ ਧੱਬਾ ਹੈ। ਅੱਤਵਾਦ ਵਿਰੁੱਧ ਲੜਾਈ ਸਿਰਫ਼ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਨਹੀਂ ਹੈ; ਇਹ ਮੂਲ ਰੂਪ ਵਿੱਚ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਦੀ ਰੱਖਿਆ ਲਈ ਇੱਕ ਲੜਾਈ ਹੈ। ਇਹ ਇੱਕ ਅਜਿਹੀ ਬਰਬਰ ਵਿਚਾਰਧਾਰਾ ਵਿਰੁੱਧ ਸੰਘਰਸ਼ ਹੈ ਜੋ ਹਰ ਮਨੁੱਖੀ ਮੁੱਲ ਦੇ ਸਿੱਧੇ ਵਿਰੋਧ ਵਿੱਚ ਖੜ੍ਹੀ ਹੈ। ਅਸੀਂ ਇਸ ਭਾਰਤੀ ਦ੍ਰਿਸ਼ਟੀਕੋਣ ਨੂੰ ਦੇਸ਼ ਅਤੇ ਵਿਦੇਸ਼ ਵਿੱਚ ਸਪੱਸ਼ਟ ਤੌਰ 'ਤੇ ਪੇਸ਼ ਕੀਤਾ ਹੈ।" ਰੱਖਿਆ ਮੰਤਰੀ ਨੇ ਕਿਹਾ ਕਿ ਜਿੰਨਾ ਚਿਰ ਅੱਤਵਾਦ ਮੌਜੂਦ ਹੈ, ਇਹ ਸਮੂਹਿਕ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਨੂੰ ਚੁਣੌਤੀ ਦਿੰਦਾ ਰਹੇਗਾ। ਉਨ੍ਹਾਂ ਕਿਹਾ, 'ਅੱਤਵਾਦ ਨੂੰ ਧਾਰਮਿਕ ਰੰਗ ਦੇ ਕੇ ਜਾਂ ਨਕਸਲਵਾਦ ਵਰਗੀਆਂ ਹਿੰਸਕ ਵਿਚਾਰਧਾਰਾਵਾਂ ਨਾਲ ਜੋੜ ਕੇ ਜਾਇਜ਼ ਠਹਿਰਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ। ਇਹ ਬਹੁਤ ਖ਼ਤਰਨਾਕ ਹੈ ਅਤੇ ਅੱਤਵਾਦੀਆਂ ਨੂੰ ਹੌਲੀ-ਹੌਲੀ ਆਪਣੇ ਟੀਚਿਆਂ ਵੱਲ ਵਧਣ ਲਈ ਕਵਰ ਪ੍ਰਦਾਨ ਕਰਦਾ ਹੈ। ਅੱਤਵਾਦ ਸਿਰਫ਼ ਇੱਕ ਰਾਸ਼ਟਰ ਵਿਰੋਧੀ ਕਾਰਵਾਈ ਨਹੀਂ ਹੈ; ਇਸਦੇ ਕਈ ਪਹਿਲੂ ਹਨ - ਕਾਰਜਸ਼ੀਲ, ਵਿਚਾਰਧਾਰਕ ਅਤੇ ਰਾਜਨੀਤਿਕ। ਇਸ ਨਾਲ ਤਾਂ ਹੀ ਨਜਿੱਠਿਆ ਜਾ ਸਕਦਾ ਹੈ ਜੇਕਰ ਅਸੀਂ ਇਨ੍ਹਾਂ ਸਾਰੇ ਪਹਿਲੂਆਂ ਨੂੰ ਸੰਬੋਧਿਤ ਕਰੀਏ।' ਪਾਕਿਸਤਾਨ ਵੱਲੋਂ ਅੱਤਵਾਦ ਨੂੰ ਲਗਾਤਾਰ ਸਮਰਥਨ ਦੇਣ ਬਾਰੇ, ਸ੍ਰੀ ਸਿੰਘ ਨੇ ਕਿਹਾ, (ਬਾਕੀ ਸਫਾ 2 'ਤੇ)

# ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਦੀ ਕੋਈ ਕਮੀ ਨਹੀਂ ਆਵੇਗੀ: ਮਾਨ

## ਹੁਣ ਬੇਅਦਬੀ ਕਰਨ ਵਾਲੇ ਨੂੰ ਉਮਰ ਕੈਦ ਦਾ ਸਾਹਮਣਾ ਕਰਨਾ ਪਵੇਗਾ:ਮੁੱਖ ਮੰਤਰੀ

ਮੋਹਣ ਸ਼ਰਮਾ, ਰਾਊਵਰਿੰਦਰ ਮਠਾੜੂ

================



ਸੰਗਰੂਰ, 30 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਟਿਕਾਊ ਖੇਤੀ ਅਤੇ ਲੰਮੇ ਸਮੇਂ ਤੱਕ ਪਾਣੀ ਦੀ ਸੰਭਾਲ ਲਈ ਵਿਆਪਕ ਤੌਰ 'ਤੇ ਰੂਪ ਰੇਖਾ ਦਾ ਖੁਲਾਸਾ ਕਰਦਿਆਂ ਪੰਜਾਬ ਦੇ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਤੋਂ ਨਿਰਭਰਤਾ ਘਟਾ ਕੇ ਨਹਿਰੀ ਪਾਣੀ ਦੀ ਸਿੰਚਾਈ ਵੱਲ ਮੁੜਨ ਦਾ ਸੱਦਾ ਦਿੱਤਾ।

ਆਪਣੇ ਜੱਦੀ ਪਿੰਡ ਸਤੌਜ ਦੇ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦਾ ਭਵਿੱਖ ਇਸ ਦੇ ਜਲ ਸਰੋਤਾਂ ਨਾਲ ਅਟੁੱਟ ਰੂਪ ਵਿੱਚ ਜੁੜਿਆ ਹੋਇਆ ਹੈ ਅਤੇ ਇਨ੍ਹਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦਾ ਵਜੂਦ ਸੁਭਾਵਿਕ ਤੌਰ 'ਤੇ ਇਸ ਦੇ ਪਾਣੀਆਂ ਨਾਲ ਜੁੜਿਆ ਹੋਇਆ ਹੈ ਅਤੇ ਇਸ ਨੂੰ ਮਹਿਫੂਜ਼ ਰੱਖਣਾ ਸਿਰਫ ਨੀਤੀਗਤ ਤਰਜੀਹ ਨਹੀਂ ਸਗੋਂ ਨੈਤਿਕ ਜ਼ਿੰਮੇਵਾਰੀ ਵੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਲਈ ਇਕ ਮਈ ਤੋਂ ਹੀ ਨਹਿਰੀ ਪਾਣੀ ਦਿੱਤਾ ਜਾਵੇਗਾ, ਜੋ ਕਿ ਰਵਾਇਤੀ ਸਿੰਚਾਈ ਸਮਾਂ-ਸਾਰਣੀ ਤੋਂ ਮਹੱਤਵਪੂਰਨ ਤਬਦੀਲੀ ਹੈ।

ਉਨ੍ਹਾਂ ਅੱਗੇ ਕਿਹਾ, "ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਝੋਨੇ ਦੀ ਬਿਜਾਈ ਦੇ ਸੀਜ਼ਨ ਤੋਂ ਪਹਿਲਾਂ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਇਕ ਮਈ ਤੋਂ ਨਹਿਰੀ ਪਾਣੀ ਛੱਡਿਆ ਜਾ ਰਿਹਾ ਹੈ।" ਇਸ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਲਦ ਹੀ ਸਿੰਚਾਈ ਦੀ ਸਹੂਲਤ ਲਈ ਨਹਿਰਾਂ ਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਪਹਿਲਾਂ ਹੀ ਛੱਡਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ, "ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਪਾਣੀ ਦੀ ਇੱਕ-ਇੱਕ ਬੂੰਦ ਨੂੰ ਸੁਰੱਖਿਅਤ ਰੱਖਿਆ ਜਾਵੇ ਅਤੇ ਸੁਚੱਜੇ ਢੰਗ ਨਾਲ ਵਰਤਿਆ ਜਾਵੇ।"

ਪੰਜਾਬ ਦੇ ਪਾਣੀਆਂ 'ਤੇ ਹੱਕ ਦੀ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਨੇ ਨਾ ਤਾਂ ਦੂਜੇ ਸੂਬਿਆਂ ਨਾਲ ਪਾਣੀਆਂ 'ਤੇ ਕੋਈ (ਬਾਕੀ ਸਫਾ 2 'ਤੇ)

## ਮੁਰਮੂ ਨੇ ਇਕੱਲੇ ਮਾਨ ਨੂੰ ਹੀ ਮਿਲਣ ਦਾ ਦਿੱਤਾ ਸਮਾਂ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.):ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਸੂਬੇ ਵਿੱਚ ਰਾਜਨੀਤਿਕ ਸਥਿਤੀ ਗਰਮਾ ਗਈ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਹੁਣ ਇਸ ਮਾਮਲੇ ਨੂੰ ਲੈ ਕੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਨਗੇ। ਇਹ ਮੁਲਾਕਾਤ 5 ਮਈ ਨੂੰ ਹੋਣੀ ਤੈਅ ਹੈ। ਇਹ ਜਾਣਕਾਰੀ ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਆਪਣੇ ਸੋਸ਼ਲ ਮੀਡੀਆ ਅਕਾਊਂਟ, ਐਕਸ 'ਤੇ ਇੱਕ ਪੋਸਟ ਵਿੱਚ ਦਿੱਤੀ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ (ਬਾਕੀ ਸਫਾ 2 'ਤੇ)

## ਸਾਂਸਦ ਅੰਮ੍ਰਿਤਪਾਲ ਸਿੰਘ ਵੀਡੀਓ ਕਾਨਫ਼ਰੰਸਿੰਗ ਰਾਹੀਂ ਅਦਾਲਤ 'ਚ ਹੋਏ ਪੇਸ਼

ਅਜਨਾਲਾ, 30 ਅਪ੍ਰੈਲ (ਚ.ਨ.ਸ.):ਸਾਂਸਦ ਅੰਮ੍ਰਿਤਪਾਲ ਸਿੰਘ ਦੀ ਅੱਜ ਅਜਨਾਲਾ ਕੋਰਟ 'ਚ ਪੇਸ਼ੀ ਹੋਈ। ਸਾਂਸਦ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਕੀਤਾ ਗਿਆ। ਸੁਣਵਾਈ ਦੌਰਾਨ ਪੁਲਿਸ ਨੇ ਅਦਾਲਤ 'ਚ ਚਲਾਨ ਪੇਸ਼ ਕੀਤਾ ਤੇ ਇਸ ਦੇ ਨਾਲ ਹੀ ਅਜਨਾਲਾ ਕੋਰਟ ਨੇ ਕੇਸ ਨੂੰ ਅੰਮ੍ਰਿਤਸਰ ਸੈਸ਼ਨ ਕੋਰਟ 'ਚ ਟ੍ਰਾਂਸਫਰ ਕਰ ਦਿੱਤਾ ਹੈ। 2 ਮਈ ਤੋਂ ਟਰਾਇਲ ਦੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਦੱਸ ਦੇਈਏ ਕਿ ਅੰਮ੍ਰਿਤਪਾਲ ਸਿੰਘ ਦੀ ਐਨ.ਐਸ.ਏ. ਦੀ ਮਿਆਦ 22 ਅਪ੍ਰੈਲ ਨੂੰ ਖਤਮ ਹੋ ਗਈ ਸੀ ਤੇ 23 ਅਪ੍ਰੈਲ ਨੂੰ ਪੇਸ਼ ਕੀਤਾ ਗਿਆ ਸੀ। 15 ਦਿਨ ਦਾ ਰਿਮਾਂਡ ਮੰਗਿਆ ਸੀ ਪਰ 2 ਦਿਨ ਦਾ ਰਿਮਾਂਡ ਮਿਲਿਆ ਤੇ ਇਸ ਮਗਰੋਂ ਜਦੋਂ 25 ਅਪ੍ਰੈਲ ਨੂੰ ਸਾਂਸਦ ਦੀ ਕੋਰਟ ਵਿਚ ਪੇਸ਼ੀ ਹੋਈ ਤਾਂ 30 ਅਪ੍ਰੈਲ ਤੱਕ ਅੰਮ੍ਰਿਤਪਾਲ ਸਿੰਘ ਨੂੰ (ਬਾਕੀ ਸਫਾ 2 'ਤੇ)

## ਕੇਂਦਰ ਰੇਪ ਪੀੜਤਾਂ ਦੀ ਗਰਭ ਅਵਸਥਾ ਖ਼ਤਮ ਕਰਨ ਸੰਬੰਧੀ ਕਾਨੂੰਨ 'ਚ ਸੋਧ ਕਰੇ : ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 30 ਅਪ੍ਰੈਲ :ਸੁਪਰੀਮ ਕੋਰਟ ਨੇ 15 ਸਾਲਾ ਕੁੜੀ ਨੂੰ 30 ਹਫ਼ਤਿਆਂ ਦੀ ਗਰਭ ਅਵਸਥਾ ਖ਼ਤਮ ਕਰਨ ਦੀ ਮਨਜ਼ੂਰੀ ਦੇਣ ਵਾਲੇ ਆਪਣੇ ਆਦੇਸ਼ ਨੂੰ ਰੱਦ ਕਰਨ ਦੀ ਅਪੀਲ ਕਰਨ ਵਾਲੀ ਏਮਜ਼ ਦੀ ਪਟੀਸ਼ਨ 'ਤੇ ਵੀਰਵਾਰ ਨੂੰ ਸਖ਼ਤ ਇਤਰਾਜ਼ ਜਤਾਇਆ। ਕੋਰਟ ਨੇ ਕੇਂਦਰ ਸਰਕਾਰ ਨੂੰ ਜਬਰ ਜ਼ਿਨਾਹ ਪੀੜਤਾਵਾਂ ਨੂੰ 20 ਹਫ਼ਤਿਆਂ ਤੋਂ ਵੱਧ ਮਿਆਦ ਤੋਂ ਬਾਅਦ ਵੀ ਅਣਚਾਹੇ ਗਰਭ ਨੂੰ ਖ਼ਤਮ ਕਰਨ ਦੀ ਮਨਜ਼ੂਰੀ ਦੇਣ ਲਈ ਕਾਨੂੰਨ 'ਚ ਸੋਧ ਕਰਨ 'ਤੇ ਵਿਚਾਰ ਕਰਨ ਲਈ ਕਿਹਾ। ਸੁਪਰੀਮ ਕੋਰਟ ਨੇ ਕਿਹਾ ਕਿ ਜਦੋਂ ਗਰਭਧਾਰਨ ਜਬਰ ਜ਼ਿਨਾਹ ਕਾਰਨ ਹੋਇਆ ਹੋਵੇ ਤਾਂ ਉਸ ਲਈ ਕੋਈ ਸਮਾਂ-ਹੱਦ ਨਹੀਂ ਹੋਣੀ ਚਾਹੀਦੀ। ਉਸ ਨੇ ਜ਼ੋਰ ਦੇ ਕੇ ਕਿਹਾ ਕਿ ਕਾਨੂੰਨ ਨੂੰ ਪ੍ਰਾਸੰਗਿਕ ਅਤੇ ਬਦਲਦੇ ਸਮੇਂ ਦੇ ਅਨੁਰੂਪ ਹੋਣਾ ਚਾਹੀਦਾ। ਭਾਰਤ ਦੇ ਚੀਫ਼ ਜਸਟਿਸ ਸੂਰੀਆਕਾਂਤ ਅਤੇ ਜੱਜ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਕਿਹਾ ਕਿ ਇਹ ਬੱਚੀ ਨਾਲ ਜਬਰ ਜ਼ਿਨਾਹ ਦਾ ਮਾਮਲਾ ਹੈ ਅਤੇ ਜੇਕਰ ਗਰਭਪਾਤ ਦੀ ਮਨਜ਼ੂਰੀ ਨਹੀਂ ਦਿੱਤੀ ਗਈ ਤਾਂ ਪੀੜਤਾ ਨੂੰ ਜੀਵਨ ਭਰ ਮਾਨਸਿਕ ਦਰਦ ਝੱਲਣਾ ਪਵੇਗਾ।ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਮਾਂ ਨੂੰ ਸਥਾਈ ਅਯੋਗਤਾ ਦਾ ਖ਼ਤਰਾ ਨਹੀਂ ਹੈ ਤਾਂ ਗਰਭ ਸਮਾਪਨ ਦੀ ਪ੍ਰਕਿਰਿਆ ਕੀਤੀ ਜਾਣੀ ਚਾਹੀਦੀ ਹੈ।ਨਾਲ ਹੀ ਸੁਪਰੀਮ ਕੋਰਟ ਨੇ ਅਖਿਲ ਆਯੂਰਵਿਗਿਆਨ ਸੰਸਥਾ (ਏਮਜ਼) ਨੂੰ ਨਿਰਦੇਸ਼ ਦਿੱਤਾ ਕਿ ਉਹ ਪੀੜਤਾ ਦੇ ਮਾਤਾ-ਪਿਤਾ (ਬਾਕੀ ਸਫਾ 2 'ਤੇ)

## ਐਨ.ਸੀ.ਈ.ਆਰ.ਟੀ. ਕਿਤਾਬ ਦਾ ਹਿਸਾ ਬਣਿਆ 'ਗਤਕਾ'

### ਨੌਵੀਂ ਜਮਾਤ ਦੇ ਵਿਦਿਆਰਥੀ ਪੜ੍ਹਨਗੇ ਸਿੱਖ ਮਾਰਸ਼ਲ ਆਰਟਸ ਦਾ ਇਤਿਹਾਸ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 30 ਅਪ੍ਰੈਲ :ਐਨ.ਸੀ.ਈ.ਆਰ.ਟੀ. ਦੀ ਨਵੀਂ ਸਰੀਰਕ ਸਿੱਖਿਆ ਦੀ ਕਿਤਾਬ ਵਿੱਚ 'ਗਤਕਾ' ਅਤੇ 'ਮੱਲਖੰਭ' ਦਾ ਜ਼ਿਕਰ ਕੀਤਾ ਗਿਆ ਹੈ। ਨੈਸ਼ਨਲ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ (ਐਨ.ਸੀ.ਈ.ਆਰ.ਟੀ.) ਨੇ ਨੌਵੀਂ ਜਮਾਤ ਲਈ ਸਰੀਰਕ ਸਿੱਖਿਆ ਦੀ ਇੱਕ ਨਵੀਂ ਪਾਠ ਪੁਸਤਕ ਪੇਸ਼ ਕੀਤੀ ਹੈ, ਜੋ ਕਿ ਦੇਸੀ ਖੇਡਾਂ, ਸਮੂਹਿਕਤਾ ਅਤੇ ਤੰਦਰੁਸਤੀ ਵੱਲ ਇੱਕ ਵੱਡਾ ਬਦਲਾਅ ਦਰਸਾਉਂਦੀ ਹੈ।

ਨਵੀਂ ਕਿਤਾਬ 'ਖੇਲ ਪ੍ਰਵੀਨ' ਵਿੱਚ ਗਤਕਾ, ਮੱਲਖੰਭ, ਥੰਗ-ਟਾ ਅਤੇ ਕਲਾਰੀਪਯੱਟੂ ਵਰਗੀਆਂ ਰਵਾਇਤੀ ਭਾਰਤੀ ਖੇਡਾਂ ਨੂੰ ਮੁੱਖ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਗਿਆ ਹੈ। ਸਿੱਖ ਮਾਰਸ਼ਲ ਆਰਟ 'ਗਤਕਾ' ਬਾਰੇ ਦੱਸਿਆ ਗਿਆ ਹੈ ਕਿ ਇਸ ਦੀ ਸ਼ੁਰੂਆਤ ਛੇਵੇਂ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਕੀਤੀ ਸੀ ਅਤੇ ਬਾਅਦ ਵਿੱਚ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਨੂੰ ਹੋਰ ਵਿਕਸਿਤ ਕਰਕੇ ਸਿੱਖ ਪਰੰਪਰਾ ਦਾ ਲਾਜ਼ਮੀ ਹਿੱਸਾ ਬਣਾਇਆ। ਭਾਈ ਕਾਨ੍ਹ ਸਿੰਘ ਨਾਭਾ ਦੇ 'ਮਹਾਨ ਕੋਸ਼' ਦਾ ਹਵਾਲਾ ਵੀ ਦਿੱਤਾ ਗਿਆ ਹੈ। ਕਿਤਾਬ ਵਿੱਚ (ਬਾਕੀ ਸਫਾ 2 'ਤੇ)

### ਐਗਜ਼ਿਟ ਪੋਲ ਮਗਰੋਂ ਮਮਤਾ ਦਾ ਪਹਿਲਾ ਬਿਆਨ

## 'ਟੀ.ਐਮ.ਸੀ. 226 ਤੋਂ ਵੱਧ ਸੀਟਾਂ ਜਿੱਤ ਕੇ ਸੱਤਾ 'ਚ ਮੁੜ ਕਰੇਗੀ ਵਾਪਸੀ'

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 30 ਅਪ੍ਰੈਲ :ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਦੀ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸ ਦੌਰਾਨ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਦਿਆਂ ਵੱਡਾ ਦਾਅਵਾ ਕੀਤਾ ਹੈ ਕਿ ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) 226 ਤੋਂ ਵੱਧ ਸੀਟਾਂ ਜਿੱਤ ਕੇ ਮੁੜ ਸੱਤਾ ਵਿੱਚ ਵਾਪਸੀ ਕਰੇਗੀ। ਚੋਣਾਂ ਦੇ ਨਤੀਜੇ 4 ਮਈ ਨੂੰ ਐਲਾਨੇ ਜਾਣਗੇ।ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਕੀਤੇ ਵੀਡੀਓ ਵਿੱਚ ਮਮਤਾ ਬੈਨਰਜੀ ਨੇ ਬੰਗਾਲ ਦੀ ਜਨਤਾ ਦਾ ਆਭਾਰ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਤੇਜ਼ ਗਰਮੀ ਅਤੇ ਕਥਿਤ ਅੱਤਿਆਚਾਰ ਦੇ ਬਾਵਜੂਦ ਲੋਕਾਂ ਨੇ ਲੰਬੀਆਂ ਲਾਈਨਾਂ ਵਿੱਚ ਖੜ੍ਹੇ ਹੋ ਕੇ ਲੋਕਤੰਤਰ ਵਿੱਚ ਆਪਣਾ ਭਰੋਸਾ ਜਤਾਇਆ ਹੈ। ਉਨ੍ਹਾਂ ਨੇ ਆਪਣੀ ਪਾਰਟੀ ਦੇ ਉਨ੍ਹਾਂ ਵਰਕਰਾਂ ਦੀ ਵੀ ਸ਼ਲਾਘਾ ਕੀਤੀ ਜਿਨ੍ਹਾਂ ਨੇ ਮੁਸ਼ਕਲ ਹਾਲਾਤ ਵਿੱਚ ਸੰਘਰਸ਼ ਕੀਤਾ।ਮੁੱਖ ਮੰਤਰੀ ਨੇ ਕੇਂਦਰ ਸਰਕਾਰ ਅਤੇ ਕੇਂਦਰੀ ਸੁਰੱਖਿਆ ਏਜੰਸੀਆਂ 'ਤੇ ਗੰਭੀਰ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਚੋਣਾਂ ਦੌਰਾਨ (ਬਾਕੀ ਸਫਾ 2 'ਤੇ)

## ਜਵਾਈ ਵੱਲੋਂ ਸਾਲੇ ਤੇ ਸਹੁਰੇ ਦਾ ਗੋਲ਼ੀਆਂ ਮਾਰ ਕੇ ਕਤਲ



ਸੰਗਰੂਰ, 30 ਅਪ੍ਰੈਲ (ਚ.ਨ.ਸ.): ਸੰਗਰੂਰ ਦੇ ਪਿੰਡ ਸ਼ਾਦੀਹਰੀ ਵਿੱਚ ਜਵਾਈ ਨੇ ਗੁੱਸੇ ਵਿਚ ਆ ਕੇ ਆਪਣੇ ਸਾਲੇ ਤੇ ਸਹੁਰੇ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਦੱਸਿਆ ਜਾ ਰਿਹਾ ਹੈ ਕਿ ਦੋਸ਼ੀ ਨੇ ਘਰੇਲੂ ਕਲੇਸ਼ ਦੇ ਚੱਲਦਿਆਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਦੋਵੇਂ ਪਿਓ-ਪੁੱਤ ਝਗੜਾ ਸੁਲਝਾਉਣ ਲਈ ਧੀ ਦੇ ਸਹੁਰੇ ਆਏ ਸਨ। ਗੋਲੀਆਂ ਲੱਗਦੇ ਹੀ ਦੋਵੇਂ ਜ਼ਮੀਨ 'ਤੇ ਡਿੱਗ ਗਏ। ਮ੍ਰਿਤਕਾਂ ਦੀ ਪਛਾਣ ਲਖਬੀਰ ਸਿੰਘ ਤੇ ਜਗਸੀਰ ਸਿੰਘ ਵਜੋਂ ਹੋਈ ਹੈ, ਜਦਕਿ ਦੋਸ਼ੀ ਗੁਰਵਿੰਦਰ (ਬਾਕੀ ਸਫਾ 2 'ਤੇ)

## ਪੰਜਾਬ 'ਚ 3 ਤੇ 4 ਮਈ ਨੂੰ ਤੇਜ਼ ਹਵਾਵਾਂ ਤੇ ਮੀਂਹ ਦੀ ਸੰਭਾਵਨਾ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 30 ਅਪ੍ਰੈਲ :ਪੰਜਾਬ 'ਚ ਅਗਲੇ ਕੁਝ ਦਿਨਾਂ ਲਈ ਮੌਸਮ ਨੂੰ ਲੈ ਕੇ ਚੇਤਾਵਨੀ ਜਾਰੀ ਕੀਤੀ ਗਈ ਹੈ। ਮੌਸਮ ਵਿਭਾਗ ਵੱਲੋਂ ਜਾਰੀ ਜ਼ਿਲ੍ਹਾ-ਵਾਰ ਅਨੁਮਾਨ ਅਨੁਸਾਰ 4 ਮਈ ਤੱਕ ਸੂਬੇ ਦੇ ਵੱਖ-ਵੱਖ ਇਲਾਕਿਆਂ ਵਿੱਚ ਬਿਜਲੀ ਲਿਸ਼ਕਣ, ਤੇਜ਼ ਹਵਾਵਾਂ ਅਤੇ ਬਾਰਿਸ਼ ਦੀ ਸੰਭਾਵਨਾ ਬਣੀ ਰਹੇਗੀ।

ਫਿਲਹਾਲ 2 ਮਈ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਲਈ ਕੋਈ ਵੱਡੀ ਚੇਤਾਵਨੀ ਨਹੀਂ ਹੈ ਅਤੇ ਮੌਸਮ ਆਮ ਰਹਿਣ ਦੀ ਸੰਭਾਵਨਾ ਹੈ। ਉੱਥੇ ਹੀ 3 ਮਈ ਨੂੰ ਮੌਸਮ ਵਿੱਚ ਅਚਾਨਕ ਬਦਲਾਅ ਆ ਸਕਦਾ ਹੈ। ਇਸ ਦਿਨ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ ਅਤੇ ਫਤਿਹਗੜ੍ਹ ਸਾਹਿਬ ਵਰਗੇ ਉੱਤਰੀ ਅਤੇ ਮੱਧ ਪੰਜਾਬ ਦੇ ਜ਼ਿਲ੍ਹਿਆਂ ਵਿੱਚ ਬਿਜਲੀ ਲਿਸ਼ਕਣ ਨਾਲ ਤੇਜ਼ ਹਵਾਵਾਂ (40-50 ਕਿਮੀ ਪ੍ਰਤੀ ਘੰਟਾ) ਦੀ ਸੰਭਾਵਨਾ ਹੈ। ਮੌਸਮ ਵਿਭਾਗ ਮੁਤਾਬਕ 4 ਮਈ ਨੂੰ ਮੌਸਮ ਹੋਰ ਪ੍ਰਭਾਵਿਤ ਹੋ ਸਕਦਾ ਹੈ। ਇਸ ਦਿਨ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਨਵਾਂਸ਼ਹਿਰ, ਲੁਧਿਆਣਾ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਵੀ ਬਿਜਲੀ ਅਤੇ ਤੇਜ਼ ਹਵਾਵਾਂ ਦੀ ਚੱਲਣ ਦੀ ਸੰਭਾਵਨਾ ਹੈ। ਕੁਝ ਜ਼ਿਲ੍ਹਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਵੀ ਹੋ ਸਕਦੀ ਹੈ।

ਬਠਿੰਡਾ, ਮਾਨਸਾ, ਮੁਕਤਸਰ ਅਤੇ ਫਾਜ਼ਿਲਕਾ ਵਿੱਚ ਜ਼ਿਆਦਾਤਰ ਮੌਸਮ ਸਾਧਾਰਨ ਰਹਿਣ ਦੀ ਉਮੀਦ ਹੈ, ਹਾਲਾਂਕਿ ਕੁਝ ਥਾਵਾਂ 'ਤੇ ਹਲਕੇ ਬਦਲਾਅ ਸੰਭਵ ਹਨ।

## ਸੂਬੇ 'ਚ ਕਈ ਥਾਈਂ ਗੜ੍ਹੇਮਾਰੀ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.):ਪੰਜਾਬ ਦੇ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਅੱਜ ਉਸ ਵੇਲੇ ਰਾਹਤ ਮਿਲੀ, ਜਦੋਂ ਕਈ ਜ਼ਿਲ੍ਹਿਆਂ 'ਚ ਮੀਂਹ ਅਤੇ ਤੇਜ਼ ਹਨ੍ਹੇਰੀ ਨਾਲ ਮੋਟੇ-ਮੋਟੇ ਗੜ੍ਹੇ ਪੈ ਗਏ। ਹਾਲਾਂਕਿ ਸੂਬੇ 'ਚ ਬੀਤੇ ਦਿਨ ਤੋਂ ਹੀ ਕਈ ਇਲਾਕਿਆਂ 'ਚ ਹਲਕੇ ਮੀਂਹ ਦੇ ਨਾਲ ਤੇਜ਼ ਹਵਾਵਾਂ ਚੱਲ ਰਹੀਆਂ ਹਨ ਪਰ ਅੱਜ ਸਵੇਰ ਤੋਂ ਹੀ ਮੌਸਮ 'ਚ ਬਦਲਾਅ ਦੇਖਣ ਨੂੰ ਮਿਲਿਆ। ਕਈ ਜ਼ਿਲ੍ਹਿਆਂ 'ਚ ਸਵੇਰ ਤੋਂ ਹੀ ਬੱਦਲਵਾਈ ਸੀ ਅਤੇ ਦੁਪਹਿਰ ਵੇਲੇ ਕਈ ਇਲਾਕਿਆਂ 'ਚ ਭਾਰੀ ਮੀਂਹ ਪਿਆ। ਇਸ ਤੋਂ ਇਲਾਵਾ ਮੋਹਾਲੀ ਦੇ ਲਾਲੜੂ ਸਥਿਤ ਪਿੰਡ ਜਸਧਨਾ ਕਲਾਂ 'ਚ ਦੁਪਹਿਰ ਵੇਲੇ ਮੋਟੇ-ਮੋਟੇ ਗੜ੍ਹੇ ਪੈ ਗਏ, ਜਿਸ ਤੋਂ ਗਰਮੀ ਦੇ ਸਤਾਏ ਲੋਕਾਂ ਨੇ ਸੁੱਖ ਦਾ ਸਾਹ ਲਿਆ। ਮੋਹਾਲੀ ਜ਼ਿਲ੍ਹੇ ਦੇ ਨਾਲ-ਨਾਲ ਚੰਡੀਗੜ੍ਹ 'ਚ ਵੀ ਭਾਰੀ ਬਾਰਸ਼ ਹੋਈ ਅਤੇ (ਬਾਕੀ ਸਫਾ 2 'ਤੇ)

## ਆਈ.ਸੀ.ਐਸ.ਈ. ਅਤੇ ਆਈ.ਐਸ.ਸੀ. ਵੱਲੋਂ ਨਤੀਜਿਆਂ ਦਾ ਐਲਾਨ

ਨਵੀਂ ਦਿੱਲੀ, 30 ਅਪ੍ਰੈਲ (ਚ.ਨ.ਸ.): ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ ਨੇ ਵੀਰਵਾਰ ਨੂੰ ਸਾਲ 2026 ਲਈ 10ਵੀਂ ਅਤੇ 12ਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਹਨ। ਜਿਨ੍ਹਾਂ ਦੀ ਕੁੱਲ ਪਾਸ ਪ੍ਰਤੀਸ਼ਤਤਾ ਲੜੀਵਾਰ 99.18 ਫੀਸਦੀ ਅਤੇ 99.13 ਫੀਸਦੀ ਰਹੀ। ਇੰਡੀਅਨ ਸਰਟੀਫਿਕੇਟ ਆਫ ਸੈਕੰਡਰੀ ਐਜੂਕੇਸ਼ਨ (ਆਈ.ਸੀ.ਐਸ.ਈ.), ਜਾਂ 10ਵੀਂ ਜਮਾਤ ਦੀ ਪ੍ਰੀਖਿਆ ਵਿੱਚ ਕੁੱਲ 2,58,721 ਉਮੀਦਵਾਰ ਬੈਠੇ ਸਨ। ਇੰਡੀਅਨ ਸਕੂਲ ਸਰਟੀਫਿਕੇਟ (ਆਈ.ਐਸ.ਸੀ.), ਜਾਂ 12ਵੀਂ ਜਮਾਤ ਦੀ ਪ੍ਰੀਖਿਆ ਵਿੱਚ ਲਗਭਗ 1,03,316 ਵਿਦਿਆਰਥੀ ਸ਼ਾਮਲ ਹੋਏ ਸਨ। ਦੋਵਾਂ ਪ੍ਰੀਖਿਆਵਾਂ ਵਿੱਚ ਲੜਕੀਆਂ ਨੇ ਲੜਕਿਆਂ ਨਾਲੋਂ ਬਿਹਤਰ ਪ੍ਰਦਰਸ਼ਨ ਕੀਤਾ। ਆਈ.ਸੀ.ਐਸ.ਈ. ਵਿੱਚ ਲੜਕੀਆਂ ਨੇ ਲੜਕਿਆਂ ਦੀ 98.93 ਫੀਸਦੀ ਦੇ ਮੁਕਾਬਲੇ (ਬਾਕੀ ਸਫਾ 2 'ਤੇ)

## ਪਾਰਟੀ ਬਦਲਣ ਤੋਂ ਬਾਅਦ ਸਾਂਸਦ ਰਾਜਿੰਦਰ ਗੁਪਤਾ ਦੀ ਟਰਾਈਡੈਂਟ ਫੈਕਟਰੀ 'ਤੇ ਛਾਪਾ

ਚੜ੍ਹਦੀਕਲਾ ਬਿਊਰੋ

================

ਬਰਨਾਲਾ,30 ਅਪ੍ਰੈਲ : ਬਰਨਾਲਾ ਵਿੱਚ ਪੰਜਾਬ ਦੇ ਰਾਜ ਸਭਾ ਮੈਂਬਰ ਰਾਜਿੰਦਰ ਗੁਪਤਾ ਦੀ ਟਰਾਈਡੈਂਟ ਗਰੁੱਪ ਦੀ ਫੈਕਟਰੀ 'ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਅੱਜ ਛਾਪਾ ਮਾਰਿਆ ਗਿਆ ਹੈ। ਗੌਰਤਲਬ ਹੈ ਕਿ ਰਾਜਿੰਦਰ ਗੁਪਤਾ ਆਮ ਆਦਮੀ ਪਾਰਟੀ ਵੱਲੋਂ ਰਾਜ ਸਭਾ ਮੈਂਬਰ ਬਣੇ ਸਨ ਪਰ ਕੁਝ ਦਿਨ ਪਹਿਲਾਂ ਹੀ ਉਹ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ। ਇਸ ਤੋਂ ਤੁਰੰਤ ਬਾਅਦ ਪੰਜਾਬ ਸਰਕਾਰ ਅਤੇ ਪ੍ਰਦੂਸ਼ਨ ਕੰਟਰੋਲ ਬੋਰਡ ਦੀ ਇਸ ਕਾਰਵਾਈ ਨੂੰ ਕਾਫੀ ਅਹਿਮ ਮੰਨਿਆ ਜਾ ਰਿਹਾ ਹੈ। ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਨੌ ਗੱਡੀਆਂ ਅੱਜ ਦੁਪਹਿਰ ਬਰਨਾਲਾ ਜ਼ਿਲ੍ਹੇ ਦੇ ਪਿੰਡ ਧੌਲਾ ਸਥਿਤ ਟਰਾਈਡੈਂਟ ਫੈਕਟਰੀ ਵਿੱਚ ਦਾਖਲ ਹੋਈਆਂ। ਤਿੰਨ ਤੋਂ ਚਾਰ ਘੰਟਿਆਂ ਤੱਕ ਬੋਰਡ ਦੇ ਅਧਿਕਾਰੀਆਂ ਵੱਲੋਂ ਫੈਕਟਰੀ ਦੇ ਅੰਦਰ ਜਾਂਚ ਕੀਤੀ ਗਈ। ਜ਼ਿਕਰਯੋਗ ਹੈ ਕਿ ਲੰਬੇ ਸਮੇਂ ਤੋਂ ਇਲਾਕੇ ਦੇ ਲੋਕ ਟਰਾਈਡੈਂਟ ਫੈਕਟਰੀ ਖਿਲਾਫ ਪਾਣੀ ਅਤੇ ਹਵਾ ਪ੍ਰਦੂਸ਼ਣ ਦੀਆਂ ਸ਼ਿਕਾਇਤਾਂ ਕਰ ਰਹੇ ਸਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਟਰਾਈਡੈਂਟ ਗਰੁੱਪ ਦੇ ਮਾਲਕ ਦੀ ਉੱਚੀ ਸਿਆਸੀ ਪਹੁੰਚ ਕਾਰਨ ਅੱਜ ਤੱਕ ਕੋਈ ਕਾਰਵਾਈ ਨਹੀਂ ਹੋਈ ਸੀ। ਪਿਛਲੇ ਹਫਤੇ ਪੰਜਾਬ ਦੀ ਸਿਆਸਤ ਵਿੱਚ ਆਏ ਬਦਲਾਅ ਅਤੇ ਰਾਜਿੰਦਰ ਗੁਪਤਾ ਦੇ ਦਲ ਬਦਲਣ ਤੋਂ ਬਾਅਦ ਹੀ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਫਿਲਹਾਲ ਕਿਸੇ ਵੀ ਅਧਿਕਾਰੀ ਨੇ ਇਸ ਮਾਮਲੇ 'ਤੇ ਅਧਿਕਾਰਤ ਬਿਆਨ ਨਹੀਂ ਦਿੱਤਾ ਹੈ ਅਤੇ ਉਹ ਮੀਡੀਆ ਤੋਂ ਬਚਦੇ ਨਜ਼ਰ ਆਏ। ਪ੍ਰਦੂਸ਼ਣ ਕੰਟਰੋਲ ਬੋਰਡ ਦੀ ਇਸ ਜਾਂਚ ਵਿੱਚ ਕੀ ਤੱਥ ਸਾਹਮਣੇ ਆਉਂਦੇ ਹਨ, ਇਹ ਆਉਣ ਵਾਲੇ ਸਮੇਂ ਵਿੱਚ ਹੀ ਸਪਸ਼ਟ ਹੋ ਸਕੇਗਾ।

## ਸਾਬਕਾ ਜੱਜ ਅਨੁਪਿੰਦਰ ਸਿੰਘ ਗਰੇਵਾਲ ਐਨ.ਸੀ.ਐਲ.ਟੀ. ਦੇ ਪ੍ਰਧਾਨ ਨਿਯੁਕਤ



ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.):ਕੇਂਦਰ ਸਰਕਾਰ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਰਿਟਾਇਰਡ ਜੱਜ ਅਨੁਪਿੰਦਰ ਸਿੰਘ ਗਰੇਵਾਲ ਨੂੰ ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ (ਐਨ.ਸੀ.ਐਲ.ਟੀ.) ਦੇ ਪ੍ਰਧਾਨ ਵਜੋਂ ਨਿਯੁਕਤ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਇਸ ਸਬੰਧੀ ਪ੍ਰਸੋਨਲ ਅਤੇ ਟ੍ਰੇਨਿੰਗ ਵਿਭਾਗ ਵੱਲੋਂ ਇੱਕ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ, ਜਿਸ ਮੁਤਾਬਕ ਕੈਬਨਿਟ ਦੀ ਨਿਯੁਕਤੀ ਕਮੇਟੀ ਨੇ ਐਨ.ਸੀ.ਐਲ.ਟੀ. ਦੇ ਇਸ ਅਹੁਦੇ ਲਈ ਜਸਟਿਸ ਗਰੇਵਾਲ ਦੀ ਨਿਯੁਕਤੀ ਦੇ ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਨੋਟੀਫਿਕੇਸ਼ਨ ਮੁਤਾਬਕ ਕੈਬਨਿਟ ਦੀ ਨਿਯੁਕਤੀ ਕਮੇਟੀ ਨੇ ਪੰਜਾਬ ਅਤੇ ਹਰਿਆਣਾ (ਬਾਕੀ ਸਫਾ 2 'ਤੇ)

## ਪਟਿਆਲਾ ਦੀ ਪੁਲਿਸ ਲਾਈਨ ਪੁੱਜੇ, ਆਸਟ੍ਰੇਲੀਆ ਤੋਂ ਡਿਪੋਰਟ ਕੀਤੇ ਪੰਜਾਬੀ

### ਪੁਲਿਸ ਰਾਹੀਂ ਨੌਜਵਾਨਾਂ ਦੇ ਪਰਿਵਾਰਾਂ ਨੂੰ ਸਪੁਰਦਗੀ ਕੀਤੀ

ਗੁਰਮੁਖ ਰੁਪਾਣਾ

================




ਪਟਿਆਲਾ, 30 ਅਪ੍ਰੈਲ : ਆਸਟਰੇਲੀਆ ਤੋਂ ਡਿਪੋਰਟ ਕੀਤੇ ਗਏ ਦਰਜਨ ਦੇ ਕਰੀਬ ਭਾਰਤੀਆਂ ਦੀ ਸਪੁਰਦਗੀ ਅੱਜ ਉਹਨਾਂ ਦੇ ਪਰਿਵਾਰਾਂ ਨੂੰ ਕਰ ਦਿੱਤੀ ਗਈ ਹੈ। ਇਹਨਾਂ ਵਿੱਚੋਂ 9 ਵਿਅਕਤੀ ਪੰਜਾਬ ਦੇ ਰਹਿਣ ਵਾਲੇ ਸਨ ਜਿਨਾਂ ਵਿੱਚ ਇੱਕ ਮਹਿਲਾ ਵੀ ਸ਼ਾਮਿਲ ਸੀ ਇਹਨਾਂ ਸਾਰਿਆਂ ਨੂੰ ਦਿੱਲੀ ਏਅਰਪੋਰਟ ਤੋਂ ਪੁਲਿਸ ਦੇ ਵਾਹਨਾਂ ਰਾਹੀਂ ਪਟਿਆਲਾ ਦੀ ਪੁਲਿਸ ਲਾਈਨ ਵਿੱਚ ਲਿਆਂਦਾ ਗਿਆ ਜਿੱਥੇ ਦੇਰ ਸ਼ਾਮ ਤੱਕ ਸਾਰੇ ਨੌਜਵਾਨਾਂ ਦੇ ਪਰਿਵਾਰਾਂ ਨੂੰ ਸਪੁਰਦ ਕੀਤਾ ਗਿਆ ਅਤੇ ਇਹ ਸਪੁਰਦਗੀ ਸਬੰਧਿਤ ਥਾਣੇ ਦੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕੀਤੀ ਗਈ।ਆਸਟ੍ਰੇਲੀਆ ਤੋਂ ਡਿਪੋਰਟ ਕੀਤੇ ਗਏ 15 ਭਾਰਤੀਆਂ ਦੀ ਫਲਾਈਟ ਸਵੇਰੇ ਦਿੱਲੀ ਹਵਾਈ ਅੱਡੇ 'ਤੇ ਪਹੁੰਚੀ ਸੀ। ਇਹਨਾਂ 15 ਵਿਅਕਤੀਆਂ ਵਿੱਚੋਂ 9 ਪੰਜਾਬੀ ਸਨ, (ਬਾਕੀ ਸਫਾ 2 'ਤੇ)

## ਹਰਭਜਨ ਸਿੰਘ ਨੇ ਆਪਣੀ ਸੁਰੱਖਿਆ ਸਬੰਧੀ ਖੜਕਾਇਆ ਹਾਈਕੋਰਟ ਦਾ ਬੂਹਾ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.):: ਸਾਂਸਦ ਹਰਭਜਨ ਸਿੰਘ ਨੇ ਆਪਣੀ ਵਾਈ ਪਲੱਸ ਸੁਰੱਖਿਆ ਹਟਾਉਣ ਨੂੰ ਲੈ ਕੇ ਹਾਈਕੋਰਟ ਦਾ ਰੁਖ ਕੀਤਾ ਹੈ ਤੇ ਸੁਰੱਖਿਆ ਬਹਾਲ ਕਰਨ ਦੀ ਮੰਗ ਕੀਤੀ ਹੈ। ਅਦਾਲਤ ਨੇ ਇਸ ਮਾਮਲੇ ਨੂੰ ਗੰਭੀਰ ਮਾਮਲਾ ਮੰਨਦੇ ਹੋਏ ਕਿਹਾ ਕਿ ਕਿਸੇ ਜਨਤਕ ਪ੍ਰਤੀਨਿਧੀ ਦੀ ਸੁਰੱਖਿਆ ਘਟਾਉਣ ਤੋਂ ਪਹਿਲਾਂ ਸੰਭਾਵੀ ਖਤਰਿਆਂ ਦਾ ਸਹੀ ਮੁਲਾਂਕਣ ਜ਼ਰੂਰੀ ਹੈ। ਇਸ ਤੋਂ ਬਾਅਦ ਅਦਾਲਤ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੋਵਾਂ ਨੂੰ ਨੋਟਿਸ ਜਾਰੀ ਕੀਤੇ ਤੇ ਉਨ੍ਹਾਂ ਨੂੰ ਆਪਣੇ ਜਵਾਬ ਦਾਇਰ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਪੰਜਾਬ ਸਰਕਾਰ ਨੂੰ ਅਗਲੀ ਸੁਣਵਾਈ ਤੱਕ ਹਰਭਜਨ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਉਣ ਦਾ ਹੁਕਮ ਦਿੱਤਾ। ਇਸ ਮਾਮਲੇ ਦੀ ਅਗਲੀ ਸੁਣਵਾਈ 12 ਮਈ ਨੂੰ ਹੋਵੇਗੀ। ਹਾਈ ਕੋਰਟ ਨੇ (ਬਾਕੀ ਸਫਾ 2 'ਤੇ)

## ਪੰਜਾਬ ਦੇ ਸਮਾਜਿਕ-ਆਰਥਿਕ ਭਵਿੱਖ ਦੀ ਰਾਖੀ ਲਈ ਮਰਦਮਸ਼ੁਮਾਰੀ-2027 ਦੇ ਸਵੈ-ਗਣਨਾ ਦੌਰਾਨ ਪੰਜਾਬੀ ਨੂੰ ਮਾਤ-ਭਾਸ਼ਾ ਵਜੋਂ ਦਰਜ ਕਰਵਾਇਆ ਜਾਵੇ : ਮਾਨ

ਮੋਹਣ ਸ਼ਰਮਾ/ਅੰਮ੍ਰਿਤਪਾਲ ਸਿੰਘ

================




ਸਤੌਜ (ਸੰਗਰੂਰ), 30 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਾਸੀਆਂ ਨੂੰ ਸਵੈ-ਗਣਨਾ ਦੀ ਪ੍ਰਕਿਰਿਆ ਪੂਰੀ ਕਰਕੇ ਅਤੇ ਪੰਜਾਬੀ ਨੂੰ ਆਪਣੀ ਮਾਤ-ਭਾਸ਼ਾ ਦਰਜ ਕਰਕੇ ਮਰਦਮਸ਼ੁਮਾਰੀ-2027 ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਬਾਰੇ ਮਹੱਤਵਰਪੂਰਨ ਨੀਤੀਗਤ ਫੈਸਲੇ ਮਰਦਮਸ਼ੁਮਾਰੀ ਦੇ ਸਟੀਕ ਅੰਕੜਿਆਂ 'ਤੇ ਨਿਰਭਰ ਕਰਦੇ ਹਨ।

ਆਪਣੇ ਜੱਦੀ ਪਿੰਡ ਸਤੌਜ ਵਿੱਚ ਮਰਦਮਸ਼ੁਮਾਰੀ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਸਵੈ-ਗਣਨਾ ਦੀ ਪ੍ਰਕਿਰਿਆ ਨੂੰ ਪੂਰੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਨਾਗਰਿਕ ਕੇਂਦਰਿਤ ਅਤੇ ਤਕਨਾਲੋਜੀ-ਅਧਾਰਿਤ ਮਰਦਮਸ਼ੁਮਾਰੀ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ, 'ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਨਾਲ ਸਬੰਧਤ ਕਈ ਮੁੱਖ ਫੈਸਲੇ ਮਰਦਮਸ਼ੁਮਾਰੀ ਦੇ ਅੰਕੜਿਆਂ 'ਤੇ ਨਿਰਭਰ ਕਰਦੇ ਹਨ। ਇਹ ਬਹੁਤ ਜ਼ਰੂਰੀ ਹੈ ਕਿ ਲੋਕ ਵਧ-ਚੜ੍ਹ ਕੇ ਅੱਗੇ ਆਉਣ ਅਤੇ ਪੰਜਾਬੀ ਨੂੰ ਆਪਣੀ ਮਾਤ ਭਾਸ਼ਾ ਵਜੋਂ ਦਰਜ ਕਰਨ ਤਾਂ ਕਿ ਢੁਕਵੀਂ ਨੁਮਾਇੰਦਗੀ ਯਕੀਨੀ ਬਣਾਈ ਜਾ ਸਕੇ।'

ਮਰਦਮਸ਼ੁਮਾਰੀ-2027 ਦੇ ਪਹਿਲੇ ਪੜਾਅ, ਜਿਸ ਦਾ ਸਿਰਲੇਖ 'ਮਕਾਨਾਂ ਦਾ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ' ਹੈ, ਦੀ ਸ਼ੁਰੂਆਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਸਰਕਾਰ ਦੀ ਡਿਜੀਟਲ ਪਹਿਲਕਦਮੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, 'ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਨੂੰ ਪੂਰਾ ਕਰਕੇ ਮੈਂ ਇਹ ਦੱਸਣਾ ਚਾਹੁੰਦਾ ਹਾਂ ਕਿ ਇਹ ਪ੍ਰਕਿਰਿਆ ਸਰਲ, ਪਹੁੰਚਯੋਗ ਅਤੇ ਨਾਗਰਿਕ-ਕੇਂਦਰਿਤ ਹੈ। ਇਹ ਲੋਕਾਂ ਨੂੰ ਡਿਜੀਟਲ ਮਰਦਮਸ਼ੁਮਾਰੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਵੱਲ ਮਹੱਤਵਪੂਰਨ ਪਹਿਲਕਦਮੀ ਹੈ।' (ਬਾਕੀ ਸਫਾ 2 'ਤੇ)

## ਤਹਿਰਾਨ ਦੇ ਗੁਰਦੁਆਰੇ ਵਿੱਚ ਫਸੇ ਈਰਾਨੀ ਸਿੱਖਾਂ ਦੀ ਭਾਰਤ ਵਾਪਸੀ 'ਤੇ ਜ਼ੋਰ

ਨਵੀਂ ਦਿੱਲੀ, 30 ਅਪ੍ਰੈਲ (ਚ.ਨ.ਸ.): ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਅੱਜ ਭਾਰਤ ਸਰਕਾਰ ਨੂੰ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਕਟ ਕਾਰਨ ਤਹਿਰਾਨ ਵਿੱਚ ਫਸੇ ਈਰਾਨੀ ਸਿੱਖਾਂ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ। ਸ਼ੇਰਗਿੱਲ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਰਾਹੀਂ ਵਿਦੇਸ਼ ਮੰਤਰਾਲੇ ਨੂੰ ਟੈਗ ਕਰਦਿਆਂ ਦੱਸਿਆ ਕਿ ਕੁਝ ਈਰਾਨੀ ਸਿੱਖ ਜੋੜੇ ਤਹਿਰਾਨ ਦੇ ਗੁਰਦੁਆਰਾ ਭਾਈ ਗੰਗਾ ਸਿੰਘ ਸਭਾ ਵਿੱਚ ਫਸੇ ਹੋਏ ਹਨ ਅਤੇ ਉਨ੍ਹਾਂ ਨੂੰ ਉੱਥੋਂ ਕੱਢਣ ਲਈ ਤੁਰੰਤ ਸਹਾਇਤਾ ਦੀ ਲੋੜ ਹੈ। ਜੈਵੀਰ ਸ਼ੇਰਗਿੱਲ ਨੇ ਆਪਣੀ ਪੋਸਟ ਵਿੱਚ ਲਿਖਿਆ ਕਿ ਤਹਿਰਾਨ ਦੇ ਗੁਰਦੁਆਰਾ ਸਾਹਿਬ ਵਿੱਚ ਕੁਝ ਬਜ਼ੁਰਗ ਈਰਾਨੀ ਸਿੱਖ ਜੋੜੇ ਫਸੇ ਹੋਏ ਹਨ। ਉਨ੍ਹਾਂ ਦੱਸਿਆ ਕਿ ਮਹਾਨ ਏਅਰਵੇਜ਼ ਦਾ ਇੱਕ ਜਹਾਜ਼ 5 ਮਈ ਨੂੰ ਤਹਿਰਾਨ ਤੋਂ ਭਾਰਤ ਲਈ ਰਵਾਨਾ (ਬਾਕੀ ਸਫਾ 2 'ਤੇ)

# ਪਹਿਲੇ ਸਫ਼ੇ ਦੀ ਬਾਕੀ

## ਪੰਜਾਬ ਭਾਜਪਾ ਵੱਲੋਂ ਚੰਡੀਗੜ੍ਹ ਵਿੱਚ

ਜਨ ਮਸਲਿਆਂ ਅਤੇ ਚਿੰਤਾਵਾਂ ਨੂੰ ਉਭਾਰਨਾ ਹੈ। ਇਸ ਜਨਤਾ ਦੀ ਵਿਧਾਨਸਭਾ ਵਿੱਚ ਪਾਰਟੀ ਦੇ ਸੀਨੀਅਰ ਨੇਤਾ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, ਕੌਮੀ ਜਨਰਲ ਸਕੱਤਰ ਤਰੁਣ ਚੁਘ, ਕੇਂਦਰੀ ਮੰਤਰੀ ਰਵਨੀਤ ਬਿੱਟੂ ਅਤੇ ਪੰਜਾਬ ਵਿਧਾਨਸਭਾ ਦੇ ਸਾਬਕਾ ਸਪੀਕਰ ਚਰਨਜੀਤ ਸਿੰਘ ਅਟਵਾਲ ਦੇ ਨਾਲ ਨਾਲ ਕਈ ਸਾਬਕਾ ਕੈਬਨਿਟ ਮੰਤਰੀ, ਸਾਬਕਾ ਸੰਸਦ ਮੈਂਬਰ ਅਤੇ ਸਾਬਕਾ ਵਿਧਾਇਕ ਵੀ ਭਾਗ ਲੈਣਗੇ। ਸੂਬਾ ਮਹਾਂਮੰਤਰੀ ਅਨਿਲ ਸਰੀਨ ਦੇ ਅਨੁਸਾਰ, ਇਹ ਪ੍ਰੋਗਰਾਮ ਅਜਿਹੇ ਸਮੇਂ ਵਿੱਚ ਕੀਤਾ ਜਾ ਰਿਹਾ ਹੈ ਜਦੋਂ ਪੰਜਾਬ ਵਿਧਾਨਸਭਾ ਦੇ ਵਿਸ਼ੇਸ਼ ਸੈਸ਼ਨ ਕਥਿਤ ਤੌਰ 'ਤੇ ਜਨ ਹਿੱਤ ਦੀ ਬਜਾਏ ਰਾਜਨੀਤਿਕ ਮਕਸਦਾਂ ਦੀ ਪੂਰਤੀ ਲਈ ਬੁਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਪੀਕਰ ਦੇ ਪਦ ਦੀ ਮਰਯਾਦਾ, ਸਰਕਾਰ ਦਾ ਜਨ ਮਸਲਿਆਂ ਪ੍ਰਤੀ ਰਵੱਈਆ ਅਤੇ ਹਾਈ ਕੋਰਟ ਦੇ ਨਿਰਦੇਸ਼ਾਂ ਦੇ ਬਾਵਜੂਦ ਕਰਮਚਾਰੀਆਂ ਨੂੰ ਬਕਾਇਆ ਮਹਿੰਗਾਈ ਭੱਤਾ (ਡੀਏ) ਨਾ ਦਿੱਤੇ ਜਾਣ ਬਾਰੇ ਵੀ ਚਿੰਤਾਵਾਂ ਜਤਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤਾਂ ਵਿੱਚ ਇੱਕ ਐਸਾ ਮੰਚ ਤਿਆਰ ਕਰਨਾ ਲਾਜ਼ਮੀ ਹੋ ਗਿਆ ਹੈ ਜਿੱਥੇ ਲੋਕਾਂ ਦੀ ਆਵਾਜ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੁਣਿਆ ਅਤੇ ਪੇਸ਼ ਕੀਤਾ ਜਾ ਸਕੇ। ਜਨਤਾ ਦੀ ਵਿਧਾਨਸਭਾ ਦਾ ਉਦੇਸ਼ ਜਨ ਸਰੋਕਾਰਾਂ ਨੂੰ ਅੱਗੇ ਲਿਆਉਣਾ ਅਤੇ ਲੋਕਤੰਤਰਕ ਜਵਾਬਦੇਹੀ ਨੂੰ ਮਜ਼ਬੂਤ ਕਰਨਾ ਹੈ।

## ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਦੀ ਕੋਈ

ਸਮਝੌਤਾ ਕੀਤਾ ਹੈ ਅਤੇ ਨਾ ਹੀ ਪਾਕਿਸਤਾਨ

ਵੱਲ ਪਾਣੀ ਜਾਣ ਦਿੱਤਾ ਹੈ ਤਾਂ ਕਿ ਸਾਰਾ ਪਾਣੀ ਸਾਡੇ ਕਿਸਾਨਾਂ ਦੇ ਹਿੱਤ ਲਈ ਵਰਤਿਆ ਜਾਵੇ।" ਉਨ੍ਹਾਂ ਨੇ ਦਹਾਕਿਆਂ ਤੋਂ ਲਗਾਤਾਰ ਜ਼ਿਆਦਾ ਪਾਣੀ ਧਰਤੀ ਹੇਠੋਂ ਕੱਢਣ ਨਾਲ ਚਿੰਤਾਜਨਕ ਪੱਧਰ ਤੱਕ ਪਾਣੀ ਘਟਣ ਦੀ ਚੁਣੌਤੀ ਪੈਦਾ ਹੋਈ ਹੈ ਅਤੇ ਇਸ ਲਈ ਪਹੁੰਚ ਵਿੱਚ ਤੁਰੰਤ ਤਬਦੀਲੀ ਦੀ ਲੋੜ 'ਤੇ ਜੋਰ ਦਿੱਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਟਿਊਬਵੈੱਲਾਂ 'ਤੇ ਨਿਰਭਰਤਾ ਘਟਾਉਣ ਦੀ ਅਪੀਲ ਕਰਦਿਆਂ ਕਿਹਾ "ਧਰਤੀ ਹੇਠਲਾ ਪਾਣੀ ਇੱਕ ਕੀਮਤੀ ਅਤੇ ਸੀਮਤ ਸਰੋਤ ਹੈ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਹੈ। ਆਪਣੀ ਸੋਚ ਵਿੱਚ ਸਮੂਹਿਕ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ। ਨਹਿਰੀ ਪਾਣੀ ਸਿਰਫ ਬਦਲ ਨਹੀਂ ਹੈ, ਇਹ ਪੰਜਾਬ ਦੀ ਖੇਤੀਬਾੜੀ ਦਾ ਭਵਿੱਖ ਹੈ।"

ਸਰਕਾਰ ਦੇ ਯਤਨਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਰਚ, 2026 ਤੋਂ ਲੈ ਕੇ ਹੁਣ ਤੱਕ ਸੂਬੇ ਭਰ ਵਿੱਚ ਸਿੰਚਾਈ ਪ੍ਰੋਜੈਕਟਾਂ 'ਤੇ 6,700 ਕਰੋੜ ਰੁਪਏ ਖਰਚ ਕੀਤੇ ਗਏ ਹਨ, ਜਿਸ ਤਹਿਤ ਪਾਣੀ ਦੀ ਸੁਚੱਜੀ ਵੰਡ ਨੂੰ ਯਕੀਨੀ ਬਣਾਉਣ ਅਤੇ ਨੁਕਸਾਨ ਨੂੰ ਘੱਟ ਕਰਨ ਲਈ ਲੱਗਭੱਗ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ।" ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੇ ਮੌਜੂਦਾ ਸੀਜਨ ਤੋਂ ਪਹਿਲਾਂ 4,000 ਕਿਲੋਮੀਟਰ ਹੋਰ ਖਾਲੇ ਅਤੇ 3,000 ਕਿਲੋਮੀਟਰ ਪਾਈਪਲਾਈਨਾਂ ਕਾਰਜਸ਼ੀਲ ਹੋ ਜਾਣਗੀਆਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "21,000 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਨਾਲ ਇਨ੍ਹਾਂ ਪ੍ਰਣਾਲੀਆਂ ਦੀ ਪਰਖ ਕਰਨ, ਰੁਕਾਵਟਾਂ ਦੀ ਪਛਾਣ ਕਰਨ ਅਤੇ ਕਮੀਆਂ ਨੂੰ ਦੂਰ ਕਰਨ ਵਿੱਚ ਵੀ ਮੱਦਦ ਮਿਲੇਗੀ। ਇਸ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ 'ਤੇ ਵਿਕਸਿਤ ਕੀਤਾ ਗਿਆ ਹੈ ਅਤੇ ਇਹ ਪੰਜਾਬ ਦੇ ਸਿੰਚਾਈ ਨੈੱਟਵਰਕ ਨੂੰ ਆਧੁਨਿਕ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।"

ਇਸ ਢਾਂਚੇ ਦੀ ਵਿਆਪਕਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਦੋ ਭਾਖੜਾ ਨਹਿਰਾਂ ਦੇ ਬਰਾਬਰ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਕਾਫੀ ਘੱਟ ਜਾਵੇਗੀ।" ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲ ਤਹਿਤ ਸਮਰਪਿਤ ਯੋਜਨਾਵਾਂ ਰਾਹੀਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਇਤਾ ਮਿਲੇਗੀ, ਜਿਸ ਨਾਲ ਲੰਬੇ ਸਮੇਂ ਦੀ ਸਥਿਰਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ।

ਉਨ੍ਹਾਂ ਕਿਹਾ, "ਇਹ ਸਿਰਫ ਮੌਜੂਦਾ ਫਸਲੀ ਚੱਕਰ ਬਾਰੇ ਨਹੀਂ ਹੈ ਸਗੋਂ ਇਹ ਪੰਜਾਬ ਦੀ ਖੇਤੀਬਾੜੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਇਹ ਯਕੀਨੀ ਬਣਾਉਣ ਬਾਰੇ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਸਥਾਈ ਈਕੋਸਿਸਟਮ ਬਰਕਰਾਰ ਰੱਖਿਆ ਜਾ ਸਕੇ।"

ਮੁੱਖ ਮੰਤਰੀ ਨੇ ਕਿਹਾ, "ਇਹ ਮੇਰਾ ਪਿੰਡ ਅਤੇ ਮੇਰੇ ਆਪਣੇ ਲੋਕ ਹਨ। ਮੈਂ ਇੱਥੇ ਸਾਰਿਆਂ ਨੂੰ ਨਿੱਜੀ ਤੌਰ 'ਤੇ ਜਾਣਦਾ ਹਾਂ ਅਤੇ ਇਹ ਇਸ ਫੇਰੀ ਨੂੰ ਹੋਰ ਵੀ ਖਾਸ ਬਣਾਉਂਦਾ ਹੈ।" ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸਿੱਧੀ ਅਪੀਲ ਕਰਦਿਆਂ ਕਿਹਾ, "ਟਿਊਬਵੈੱਲਾਂ ਰਾਹੀਂ ਜ਼ਿਆਦਾ ਜ਼ਮੀਨੀ ਪਾਣੀ ਨਾ ਕੱਢੋ। ਅੱਜ ਬਚਾਈ ਗਈ ਹਰ ਬੂੰਦ ਸਾਡੇ ਭਵਿੱਖ ਦੀ ਰਾਖੀ ਕਰੇਗੀ।"

ਹੋਰ ਉਪਾਵਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਹਿਰੀ ਨੈੱਟਵਰਕਾਂ ਦੇ ਨਾਲ-ਨਾਲ ਹਰ 20 ਮੀਟਰ ਦੇ ਅੰਤਰਾਲ 'ਤੇ ਰੀਚਾਰਜ ਪੁਆਇੰਟ ਸਥਾਪਤ ਕੀਤੇ ਗਏ ਹਨ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਭੰਡਾਰਾਂ ਦੀ ਕੁਦਰਤੀ ਤੌਰ 'ਤੇ ਭਰਪਾਈ ਵਿੱਚ ਮੱਦਦ ਮਿਲ ਸਕੇ।

ਵਿਧਾਨਕ ਸੰਦਰਭ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿੱਲ, 2026 ਦਾ ਪਾਸ ਹੋਣਾ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ, "ਇਸ ਕਾਨੂੰਨ ਤਹਿਤ ਬੇਅਦਬੀ ਲਈ ਸਖ਼ਤ ਸਜਾ ਨੂੰ ਯਕੀਨੀ ਬਣਾਈ ਗਈ ਹੈ, ਜਿਸ ਨਾਲ ਇੱਕ ਸਪੱਸ਼ਟ ਸੰਦੇਸ਼ ਮਿਲਦਾ ਹੈ ਕਿ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।" ਉਨ੍ਹਾਂ ਅੱਗੇ ਕਿਹਾ, "ਅਜਿਹੀਆਂ ਘਿਨਾਉਣੀਆਂ ਕਾਰਵਾਈਆਂ ਨਾ ਸਿਰਫ ਧਰਮ ਦੇ ਖਿਲਾਫ ਅਪਰਾਧ ਹਨ ਸਗੋਂ ਮਨੁੱਖਤਾ ਖਿਲਾਫ ਵੀ ਅਪਰਾਧ ਹਨ, ਜਿਨ੍ਹਾਂ ਦਾ ਉਦੇਸ ਅਕਸਰ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨਾ ਹੁੰਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਸਮਾਜ ਨੂੰ ਹਮੇਸ਼ਾ ਨੇਕੀ ਅਤੇ ਏਕਤਾ ਦੇ ਰਾਹ 'ਤੇ ਚੱਲਣ ਦੀ ਸੇਧ ਦਿੰਦੀਆਂ ਹਨ। ਉਨ੍ਹਾਂ ਕਿਹਾ, "ਇਸ ਕਾਨੂੰਨ ਦੇ ਲਾਗੂ ਹੋਣ ਨਾਲ ਦੋਸ਼ੀ ਪਾਏ ਜਾਣ ਵਾਲਿਆਂ ਨੂੰ ਮਿਸਾਲੀ ਸਜਾ ਮਿਲੇਗੀ। ਇਹ ਇੱਕ ਮਜ਼ਬੂਤ ਰੋਕਥਾਮ ਉਪਾਅ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਅਜਿਹੇ ਘਿਨਾਉਣੇ ਕੰਮ ਦੁਬਾਰਾ ਨਾ ਹੋਣ।"

ਇੱਕ ਹੋਰ ਵੱਡੇ ਸੁਧਾਰ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਖੇਤਾਂ ਵਿੱਚੋਂ ਲੰਘਦੀਆਂ ਹਾਈ-ਟੈਂਸ਼ਨ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ।" ਉਨ੍ਹਾਂ ਦੱਸਿਆ ਕਿ ਇਹ ਪ੍ਰਾਜੈਕਟ ਇਸ ਸਮੇਂ ਲਾਗੂਕਰਨ ਦੇ ਪੜਾਅ ਅਧੀਨ ਹੈ ਅਤੇ ਜਲਦ ਹੀ ਇੱਕ ਪਾਇਲਟ ਪ੍ਰਾਜੈਕਟ ਸੁਰੂ ਕੀਤਾ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਮਨੁੱਖੀ ਜੀਵਨ ਲਈ ਜ਼ੋਖਮ ਨੂੰ ਖਤਮ ਕਰੇਗਾ, ਫਸਲਾਂ ਦੇ ਨੁਕਸਾਨ ਨੂੰ ਰੋਕੇਗਾ ਅਤੇ ਖੇਤੀਬਾੜੀ ਕਾਰਜਾਂ ਵਿੱਚ ਇਹਨਾਂ ਤਾਰਾਂ ਕਾਰਨ ਪੈਦਾ ਹੋਣ ਵਾਲੀਆਂ ਰੁਕਾਵਟਾਂ ਨੂੰ ਦੂਰ ਕਰੇਗਾ। ਇਹ ਪ੍ਰੋਜੈਕਟ ਕਿਸਾਨਾਂ ਦੇ ਜੀਵਨ ਵਿੱਚ ਸਾਰਥਕ ਬਦਲਾਅ ਲਿਆਏਗਾ।" ਉਨ੍ਹਾਂ ਕਿਹਾ ਕਿ ਇਹ ਪਾਇਲਟ ਪ੍ਰੋਜੈਕਟ ਉਨ੍ਹਾਂ ਦੇ ਜੱਦੀ ਪਿੰਡ ਤੋਂ ਸੁਰੂ ਹੋਵੇਗਾ, ਜਿਸ ਵਿੱਚ 2,000 ਏਕੜ ਵਿੱਚ ਫੈਲੇ ਲੱਗਭੱਗ 413 ਟਿਊਬਵੈੱਲ ਅਤੇ 1,100 ਬਿਜਲੀ ਦੇ ਖੰਭੇ ਸ਼ਾਮਲ ਹੋਣਗੇ।

ਵਿਆਪਕ ਦ੍ਰਿਸ਼ਟੀਕੋਣ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡਾ ਟੀਚਾ ਕਿਸਾਨਾਂ ਨੂੰ ਹੋਰ ਸਮਰੱਥ ਬਣਾਉਣਾ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨਾ ਅਤੇ ਖੁਸ਼ਹਾਲ ਪੰਜਾਬ ਸਿਰਜਣਾ ਹੈ। ਪੰਜਾਬ ਸਰਕਾਰ ਵੱਲੋਂ ਹਰ ਫੈਸਲਾ ਸਾਡੇ ਲੋਕਾਂ ਦੀ ਭਲਾਈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਬਿਹਤਰ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਲਿਆ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।"

## ਮੁਰਮੂ ਨੇ ਇਕੱਲੇ ਮਾਨ ਨੂੰ ਹੀ

ਕਿ ਪੰਜਾਬ ਦੇ ਲੋਕਾਂ ਦੇ ਫ਼ਤਵੇ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਸਾਡਾ ਫ਼ਰਜ਼ ਹੈ। ਸੀ.ਐਮ. ਮਾਨ ਨੇ ਟਵੀਟ ਕਰਦਿਆਂ ਕਿਹਾ ਕਿ ਮੈਨੂੰ ਇਹ ਦੱਸਦਿਆਂ ਖੁਸ਼ੀ ਹੋ ਰਹੀ ਹੈ ਕਿ ਮਾਨਯੋਗ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਜੀ ਨੇ ਮਿਲਣ ਲਈ 5 ਮਈ, ਦੁਪਹਿਰ 12 ਵਜੇ ਦਾ ਸਮਾਂ ਦਿੱਤਾ ਹੈ। ਹਾਲਾਂਕਿ ਅਸੀਂ ਸਾਰੇ ਵਿਧਾਇਕਾਂ ਲਈ ਸਮਾਂ ਮੰਗਿਆ ਸੀ, ਪਰ ਮੈਨੂੰ ਇਕੱਲੇ ਨੂੰ ਹੀ ਮਿਲਣ ਦਾ ਸੱਦਾ ਮਿਲਿਆ ਹੈ। ਸੀਐਮ ਨੇ ਕਿਹਾ ਕਿ ਮੈਂ ਆਪਣੇ ਸਾਥੀ ਵਿਧਾਇਕਾਂ ਨਾਲ ਰਾਸ਼ਟਰਪਤੀ ਭਵਨ ਪਹੁੰਚਾਂਗਾ।ਮੇਰੇ ਸਾਥੀ ਵਿਧਾਇਕ ਬਾਹਰ ਰਹਿਣਗੇ ਅਤੇ ਮੈਂ ਅੰਦਰ ਜਾ ਕੇ ਸਾਰਿਆਂ ਵਲੋਂ ਪੰਜਾਬ ਦੀ ਆਵਾਜ਼ ਅਤੇ ਜਨਤਾ ਦੇ ਪੱਖ ਨੂੰ ਪੂਰੀ ਮਜ਼ਬੂਤੀ ਨਾਲ ਮਾਨਯੋਗ ਰਾਸ਼ਟਰਪਤੀ ਜੀ ਦੇ ਸਾਹਮਣੇ ਰੱਖਾਂਗਾ। ਮੁਲਾਕਾਤ ਤੋਂ ਬਾਅਦ ਅਗਲੀ ਰਣਨੀਤੀ ਸਾਂਝੀ ਕੀਤੀ ਜਾਵੇਗੀ। ਕੀਮਤੀ ਸਮਾਂ ਦੇਣ ਲਈ ਮਾਨਯੋਗ ਰਾਸ਼ਟਰਪਤੀ ਜੀ ਦਾ ਤਹਿ ਦਿਲੋਂ ਧੰਨਵਾਦ।

## ਭਾਰਤ ਨੇ 'ਆਪ੍ਰੇਸ਼ਨ ਸਿੰਦੂਰ' ਰਾਹੀਂ ਦੁਨੀਆਂ

'ਭਾਰਤ ਅਤੇ ਪਾਕਿਸਤਾਨ ਦੋਵਾਂ ਨੇ ਇੱਕੋ ਸਮੇਂ ਆਜ਼ਾਦੀ ਪ੍ਰਾਪਤ ਕੀਤੀ। ਹਾਲਾਂਕਿ ਅੱਜ ਭਾਰਤ ਸੂਚਨਾ ਤਕਨਾਲੋਜੀ (ਆਈ.ਟੀ.) ਲਈ ਵਿਸ਼ਵ ਪੱਧਰ 'ਤੇ ਜਾਣਿਆ ਜਾਂਦਾ ਹੈ, ਜਦੋਂ ਕਿ ਪਾਕਿਸਤਾਨ ਨੂੰ ਇੱਕ ਵੱਖਰੀ ਕਿਸਮ ਦੀ ਆਈ.ਟੀ.: ਅੰਤਰਰਾਸ਼ਟਰੀ ਅੱਤਵਾਦ ਦਾ ਕੇਂਦਰ ਮੰਨਿਆ ਜਾਂਦਾ ਹੈ।' ਰੱਖਿਆ ਮੰਤਰੀ ਨੇ ਆਪ੍ਰੇਸ਼ਨ ਸਿੰਦੂਰ ਨੂੰ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਏਕਤਾ ਅਤੇ ਤਾਲਮੇਲ ਦੀ ਇੱਕ ਸ਼ਾਨਦਾਰ ਉਦਾਹਰਣ ਦੱਸਿਆ।

ਉਨ੍ਹਾਂ ਕਿਹਾ ਕਿ ਭਾਰਤੀ ਫੌਜ, ਭਾਰਤੀ ਜਲ ਸੈਨਾ ਅਤੇ ਭਾਰਤੀ ਹਵਾਈ ਸੈਨਾ ਇੱਕਜੁੱਟਤਾ ਨਾਲ ਅਤੇ ਇੱਕ ਏਕੀਕ੍ਰਿਤ ਯੋਜਨਾ ਦੇ ਤਹਿਤ ਕੰਮ ਕਰਦੇ ਹਨ, ਜਿਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਭਾਰਤ ਦੀ ਫੌਜੀ ਸ਼ਕਤੀ ਹੁਣ ਚੁੱਪ-ਚਾਪ ਕੰਮ ਨਹੀਂ ਕਰਦੀ ਸਗੋਂ ਇੱਕ ਸਾਂਝੀ, ਏਕੀਕ੍ਰਿਤ ਅਤੇ ਵਿਸ਼ਵਵਿਆਪੀ ਸ਼ਕਤੀ ਵਜੋਂ ਉੱਭਰੀ ਹੈ।

## 'ਟੀ.ਐਮ.ਸੀ. 226 ਤੋਂ ਵੱਧ ਸੀਟਾਂ

ਪੂਰੀ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਕੇ ਬੰਗਾਲ ਦੇ ਲੋਕਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਅਨੁਸਾਰ, ਕਈ ਰਾਜਾਂ ਦੇ ਨੇਤਾਵਾਂ ਨੇ ਮਿਲ ਕੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ, ਪਰ ਜਨਤਾ ਨੇ ਵੋਟ ਰਾਹੀਂ ਇਨ੍ਹਾਂ ਸਾਜ਼ਿਸ਼ਾਂ ਦਾ ਕਰਾਰਾ ਜਵਾਬ ਦਿੱਤਾ ਹੈ।ਮਮਤਾ ਬੈਨਰਜੀ ਨੇ ਆਪਣੇ ਉਮੀਦਵਾਰਾਂ ਅਤੇ ਵਰਕਰਾਂ ਨੂੰ 4 ਮਈ ਤੱਕ ਪੂਰੀ ਤਰ੍ਹਾਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਖਦਸ਼ਾ ਜਤਾਇਆ ਕਿ ਈਵੀਐਮਸ਼ੀਨਾਂ ਨਾਲ ਛੇੜਛਾੜ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਉਨ੍ਹਾਂ ਹਦਾਇਤ ਕੀਤੀ ਕਿ ਕਾਊਂਟਿੰਗ ਸੈਂਟਰਾਂ 'ਤੇ ਦਿਨ-ਰਾਤ ਨਿਗਰਾਨੀ ਰੱਖੀ ਜਾਵੇ ਅਤੇ ਮਸ਼ੀਨਾਂ ਨੂੰ ਸਟੋਰ ਰੂਮ ਤੋਂ ਕਾਊਂਟਿੰਗ ਹਾਲ ਤੱਕ ਲਿਆਉਣ ਸਮੇਂ ਖਾਸ ਧਿਆਨ ਦਿੱਤਾ ਜਾਵੇ।ਮਮਤਾ ਬੈਨਰਜੀ ਨੇ ਭਰੋਸਾ ਜਤਾਇਆ ਕਿ ਬੰਗਾਲ ਵਿੱਚ ਅਗਲੀ ਸਰਕਾਰ ਵੀ ਉਨ੍ਹਾਂ ਦੇ ਮੂਲ ਸਿਧਾਂਤ 'ਮਾਂ, ਮਾਟੀ ਅਤੇ ਮਾਨੁਸ਼' 'ਤੇ ਹੀ ਬਣੇਗੀ। ਉਨ੍ਹਾਂ ਆਪਣੇ ਸਮਰਥਕਾਂ ਨੂੰ ਸੰਜਮ ਬਣਾਈ ਰੱਖਣ ਅਤੇ ਕਿਸੇ ਵੀ ਉਕਸਾਵੇ ਵਿੱਚ ਨਾ ਆਉਣ ਦੀ ਸਲਾਹ ਦਿੱਤੀ ਹੈ।

## ਐਨ.ਸੀ.ਈ.ਆਰ.ਟੀ. ਕਿਤਾਬ ਦਾ

ਮੱਲਖੰਭ ਨੂੰ ਮਰਾਠਾ ਯੋਧਾ ਬਾਜੀਰਾਓ ਪੇਸ਼ਵਾ-2 ਦੇ ਸਮੇਂ ਨਾਲ ਜੋੜਿਆ ਗਿਆ ਹੈ। ਕੇਰਲ ਦੀ 3,000 ਸਾਲ ਪੁਰਾਣੀ ਕਲਾ 'ਕਲਾਰੀਪਯੱਟੂ' ਬਾਰੇ ਦੱਸਿਆ ਗਿਆ ਹੈ ਕਿ ਕਿਵੇਂ ਅੰਗਰੇਜ਼ੀ ਹਕੂਮਤ ਦੌਰਾਨ ਇਸ 'ਤੇ ਪਾਬੰਦੀ ਲਗਾਈ ਗਈ ਸੀ।

ਕਿਤਾਬ ਦਾ ਇੱਕ ਪੂਰਾ ਅਧਿਆਇ ਖੇਡਾਂ ਵਿੱਚ ਔਰਤਾਂ ਨੂੰ ਸਮਰਪਿਤ ਹੈ। ਇਸ ਵਿੱਚ ਔਰਤਾਂ ਨੂੰ ਮਿਲਣ ਵਾਲੀ ਘੱਟ ਤਨਖਾਹ ਅਤੇ ਲੀਡਰਸ਼ਿਪ ਵਿੱਚ ਘੱਟ ਨੁਮਾਇੰਦਗੀ ਵਰਗੀਆਂ ਚੁਣੌਤੀਆਂ ਦੇ ਨਾਲ-ਨਾਲ ਪੀ.ਟੀ. ਊਸ਼ਾ (ਭਾਰਤੀ ਓਲੰਪਿਕ ਸੰਘ ਦੀ ਪ੍ਰਧਾਨ) ਵਰਗੀਆਂ ਉਦਾਹਰਣਾਂ ਨਾਲ ਔਰਤਾਂ ਦੀਆਂ ਪ੍ਰਾਪਤੀਆਂ ਦਾ ਵੀ ਜ਼ਿਕਰ ਹੈ।ਐਨ.ਸੀ.ਈ.ਆਰ.ਟੀ.ਦੇ ਡਾਇਰੈਕਟਰ ਦਿਨੇਸ਼ ਪ੍ਰਸਾਦ ਸਕਲਾਨੀ ਅਨੁਸਾਰ, ਇਸ ਪੁਸਤਕ ਦਾ ਉਦੇਸ਼ ਵਿਦਿਆਰਥੀਆਂ ਵਿੱਚ ਟੀਮ ਵਰਕ, ਖੇਡ ਭਾਵਨਾ ਅਤੇ ਭਾਰਤ ਦੀਆਂ ਅਮੀਰ ਖੇਡ ਪਰੰਪਰਾਵਾਂ ਪ੍ਰਤੀ ਸਨਮਾਨ ਪੈਦਾ ਕਰਨਾ ਹੈ।

## ਕੇਂਦਰ ਰੇਪ ਪੀੜਤਾਂ ਦੀ ਗਰਭ ਅਵਸਥਾ

ਨੂੰ ਇਸ ਮਾਮਲੇ 'ਚ ਐਡਵਾਇਜ਼ਰੀ ਦੇਣ ਅਤੇ ਸਪੱਸ਼ਟ ਕੀਤਾ ਕਿ ਅੰਤਿਮ ਫ਼ੈਸਲਾ ਪੀੜਤ ਕੁੜੀ ਦਾ ਹੀ ਹੋਣਾ ਚਾਹੀਦਾ। ਬੈਂਚ ਨੇ ਕਿਹਾ,"ਦੇਸ਼ 'ਚ ਗੋਦ ਲੈਣ ਲਈ ਬਹੁਤ ਸਾਡੇ ਬੱਚੇ ਹਨ। ਸਾਡੇ ਇੱਥੇ ਹਮਦਰਦੀ ਦੀ ਕੋਈ ਕਮੀ ਨਹੀਂ ਹੈ... ਸੜਕਾਂ 'ਤੇ ਕਈ ਲਾਵਾਰਸ ਬੱਚੇ ਹਨ, ਇੱਥੇ ਤੱਕ ਕਿ ਇਸ 'ਤੇ ਮਾਫੀਆ ਵੀ ਸਰਗਰਮ ਹਨ। ਸਾਨੂੰ ਇਸ 'ਤੇ ਧਿਆਨ ਦੇਣਾ ਚਾਹੀਦਾ। ਇਹ 15 ਸਾਲ ਦੀ ਕੁੜੀ ਦਾ ਅਣਚਾਹਿਆ ਗਰਭ ਹੈ।" ਬੈਂਚ ਨੇ ਕਿਹਾ,"ਇਹ ਇਕ ਉਪਚਾਰਕ ਪਟੀਸ਼ਨ ਹੈ। ਕਿਸੇ 'ਤੇ ਅਣਚਾਹਿਆ ਗਰਭ ਨਹੀਂ ਥੋਪਿਆ ਜਾ ਸਕਦਾ। ਸੋਚੋ ਕਿ ਇਹ ਇਕ ਬੱਚੀ ਹੈ, ਜਿਸ ਨੂੰ ਇਸ ਸਮੇਂ ਪੜ੍ਹਾਈ ਕਰਨੀ ਚਾਹੀਦੀ ਹੈ ਪਰ ਅਸੀਂ ਉਸ ਨੂੰ ਮਾਂ ਬਣਾਉਣਾ ਚਾਹੁੰਦੇ ਹਾਂ। ਉਸ ਨੇ ਜੋ ਦਰਦ ਅਤੇ ਅਪਮਾਨ ਝੱਲਿਆ ਹੈ, ਉਸ ਦੀ ਕਲਪਨਾ ਕਰੋ।"

## ਸਾਂਸਦ ਅੰਮ੍ਰਿਤਪਾਲ ਸਿੰਘ ਵੀਡੀਓ ਕਾਨਫ਼ਰੰਸਿੰਗ ਰਾਹੀਂ

ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਗਿਆ ਸੀ ਜਿਸ ਦੀ ਅੱਜ ਮੁੜ ਤੋਂ ਵੀਸੀ ਰਾਹੀਂ ਪੇਸ਼ੀ ਹੋਈ ਹੈ।

ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਰੀਤੂ ਰਾਜ ਸਿੰਘ ਸੰਧੂ ਨੇ ਦੱਸਿਆ ਕਿ ਅੱਜ ਅੰਮ੍ਰਿਤਪਾਲ ਸਿੰਘ ਦੀ ਨਿਆਇਕ ਹਿਰਾਸਤ ਦੀ ਤਾਰੀਖ ਸੀ, ਜਿਸ ਕਾਰਨ ਉਨ੍ਹਾਂ ਨੂੰ ਵੀਸੀ ਰਾਹੀਂ ਪੇਸ਼ ਕੀਤਾ ਗਿਆ। ਇਸ ਦੌਰਾਨ ਰਾਜ ਪੱਖ ਵੱਲੋਂ ਜਾਂਚ ਪੂਰੀ ਕਰਕੇ ਚਲਾਨ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਹੁਣ ਇਸ ਕੇਸ ਦੀ ਸੁਣਵਾਈ ਅੰਮ੍ਰਿਤਸਰ ਦੀ ਸੈਸ਼ਨ ਕੋਰਟ ਵਿੱਚ ਹੋਵੇਗੀ, ਜਿੱਥੇ 2 ਮਈ ਤੋਂ ਟਰਾਇਲ ਦੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਐਫ.ਆਈ.ਆਰ. ਨੰਬਰ 39 ਨਾਲ ਸੰਬੰਧਿਤ ਇਸ ਮਾਮਲੇ ਵਿੱਚ ਹੁਣ ਤੱਕ ਸਾਰੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ ਅਤੇ ਸਭ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾ ਚੁੱਕਾ ਹੈ।

ਅੰਮ੍ਰਿਤਪਾਲ ਸਿੰਘ ਇਸ ਕੇਸ ਦੇ ਆਖਰੀ ਦੋਸ਼ੀ ਸਨ, ਜਿਨ੍ਹਾਂ ਦੀ ਅੱਜ ਪੇਸ਼ੀ ਪੂਰੀ ਹੋਈ। ਅਦਾਲਤ ਦੇ ਹੁਕਮਾਂ ਮੁਤਾਬਕ ਹੁਣ ਉਨ੍ਹਾਂ ਨੂੰ ਆਸਾਮ ਦੀ ਜੇਲ੍ਹ ਵਿੱਚ ਹੀ ਨਿਆਇਕ ਹਿਰਾਸਤ ਵਿੱਚ ਰੱਖਿਆ ਜਾਵੇਗਾ ਅਤੇ ਅਗਲੀਆਂ ਪੇਸ਼ੀਆਂ ਵੀ ਵੀਡੀਓ ਕਾਨਫਰੰਸਿੰਗ ਰਾਹੀਂ ਹੀ ਹੋਣਗੀਆਂ। ਐਡਵੋਕੇਟ ਸੰਧੂ ਨੇ ਇਹ ਵੀ ਸਪਸ਼ਟ ਕੀਤਾ ਕਿ ਇਸ ਮਾਮਲੇ ਵਿੱਚ ਪੁਲਿਸ ਨੂੰ ਅੰਮ੍ਰਿਤਪਾਲ ਸਿੰਘ ਕੋਲੋਂ ਕਿਸੇ ਤਰ੍ਹਾਂ ਦੀ ਕੋਈ ਰਿਕਵਰੀ ਨਹੀਂ ਹੋਈ। ਉਨ੍ਹਾਂ ਕਿਹਾ ਕਿ ਪਹਿਲਾਂ ਵਾਹਨਾਂ ਅਤੇ ਹਥਿਆਰਾਂ ਦੀ ਬਰਾਮਦਗੀ ਬਾਰੇ ਦਾਅਵੇ ਕੀਤੇ ਜਾ ਰਹੇ ਸਨ, ਪਰ ਜਾਂਚ ਦੌਰਾਨ ਕੋਈ ਠੋਸ ਸਬੂਤ ਸਾਹਮਣੇ ਨਹੀਂ ਆਇਆ। ਇਸ ਕਰਕੇ ਪੁਲਿਸ ਨੂੰ ਸਿਰਫ ਦੋ ਦਿਨ ਦਾ ਰਿਮਾਂਡ ਮਿਲਿਆ ਅਤੇ ਇੱਕ ਹਫ਼ਤੇ ਦੇ ਅੰਦਰ ਹੀ ਜਾਂਚ ਪੂਰੀ ਕਰ ਲਈ ਗਈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 2 ਮਈ ਨੂੰ ਅੰਮ੍ਰਿਤਸਰ ਸੈਸ਼ਨ ਕੋਰਟ ਵਿੱਚ ਹੋਵੇਗੀ, ਜਿੱਥੋਂ ਟਰਾਇਲ ਦੀ ਅਧਿਕਾਰਿਕ ਸ਼ੁਰੂਆਤ ਕੀਤੀ ਜਾਵੇਗੀ। ਇਸ ਕੇਸ ਦੀ ਅਗਲੀ ਕਾਰਵਾਈ 'ਤੇ ਸਭ ਦੀ ਨਜ਼ਰ ਟਿਕੀ ਹੋਈ ਹੈ।

## ਜਵਾਈ ਵੱਲੋਂ ਸਾਲੇ ਤੇ ਸਹੁਰੇ ਦਾ ਗੋਲੀਆਂ

ਸਿੰਘ ਹੈ। ਪੁਲਿਸ ਵੱਲੋਂ ਪੂਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਗੁਰਵਿੰਦਰ ਸਿੰਘ ਅਤੇ ਉਸ ਦੀ ਪਤਨੀ ਵਿੱਚ ਝਗੜਾ ਹੋਇਆ ਸੀ। ਉਸ ਦੀ ਪਤਨੀ ਨੇ ਆਪਣੇ ਪਿਤਾ ਅਤੇ ਭਰਾ ਨੂੰ ਬੁਲਾਇਆ। ਦੋਵੇਂ ਦੋਸ਼ੀ ਗੁਰਵਿੰਦਰ ਸਿੰਘ ਦੇ ਘਰ ਪਹੁੰਚੇ ਅਤੇ ਉਸ ਨੂੰ ਸਮਝਾਉਣ ਲੱਗੇ। ਇਸ ਦੌਰਾਨ ਦੋਵਾਂ ਧਿਰਾਂ ਵਿਚਕਾਰ ਬਹਿਸ ਹੋ ਗਈ। ਫਿਲਹਾਲ ਦੋਵਾਂ ਦੀਆਂ ਮ੍ਰਿਤਕ ਦੇਹਾਂ ਨੂੰ ਸਰਕਾਰੀ ਹਸਪਤਾਲ ਭੇਜ ਦਿੱਤਾ ਗਿਆ ਹੈ, ਜਿੱਥੇ ਪੋਸਟਮਾਰਟਮ ਕੀਤਾ ਜਾ ਰਿਹਾ ਹੈ। ਥਾਣਾ ਦਿਬੜਾ ਪੁਲਿਸ ਮੁਤਾਬਕ ਪਟਿਆਲਾ ਜ਼ਿਲ੍ਹੇ ਦੇ ਬਸੀ ਰਸੋਲੀ ਪਿੰਡ ਦੇ ਰਹਿਣ ਵਾਲੇ ਲਖਬੀਰ ਸਿੰਘ ਨੇ ਆਪਣੀ ਧੀ ਵੀਰਪਾਲ ਕੌਰ ਦਾ ਵਿਆਹ ਸ਼ਾਦੀਹਰੀ ਦੇ ਰਹਿਣ ਵਾਲੇ ਗੁਰਵਿੰਦਰ ਸਿੰਘ ਨਾਲ ਕੀਤਾ ਸੀ। ਵਿਆਹ ਤੋਂ ਬਾਅਦ ਹੀ ਪਰਿਵਾਰ ਵਿੱਚ ਝਗੜੇ ਸ਼ੁਰੂ ਹੋ ਗਏ ਸਨ। ਪਤੀ-ਪਤਨੀ ਵਿੱਚ ਅਕਸਰ ਝਗੜੇ ਹੁੰਦੇ ਰਹਿੰਦੇ ਸਨ। ਜਦੋਂ ਬੁੱਧਵਾਰ ਰਾਤ ਨੂੰ ਝਗੜਾ ਵਧਿਆ ਤਾਂ ਲਖਬੀਰ ਸਿੰਘ ਆਪਣੇ ਪੁੱਤਰ ਜਗਸੀਰ ਸਿੰਘ ਨਾਲ ਆਪਣੀ ਧੀ ਦੇ ਸਹੁਰੇ ਘਰ ਗਿਆ। ਉਹ ਦੋਵਾਂ ਧਿਰਾਂ ਨੂੰ ਸਮਝਾ ਕੇ ਸਥਿਤੀ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕਰਨ ਗਏ ਸਨ ਪਰ ਗੱਲਬਾਤ ਦੌਰਾਨ ਜਵਾਈ ਗੁਰਵਿੰਦਰ ਸਿੰਘ ਗੁੱਸੇ ਵਿੱਚ ਆ ਗਿਆ ਅਤੇ ਘਰ ਵਿੱਚ ਰੱਖੀ ਪਿਸਤੌਲ ਕੱਢ ਕੇ ਦੋਵਾਂ 'ਤੇ ਗੋਲੀ ਚਲਾ ਦਿੱਤੀ। ਪੁਲਿਸ ਮੁਤਾਬਕ ਗੋਲੀਆਂ ਦੀ ਆਵਾਜ਼ ਸੁਣ ਕੇ ਆਲੇ-ਦੁਆਲੇ ਦੇ ਲੋਕ ਇਕੱਠੇ ਹੋ ਗਏ। ਪਿਓ-ਪੁੱਤਰ ਨੂੰ ਤੁਰੰਤ ਨਜ਼ਦੀਕੀ ਸਰਕਾਰੀ ਹਸਪਤਾਲ ਲਿਜਾਇਆ ਗਿਆ। ਹਾਲਾਂਕਿ ਜ਼ਖ਼ਮ ਇੰਨੇ ਡੂੰਘੇ ਸਨ ਅਤੇ ਖੂਨ ਦੀ ਕਮੀ ਇੰਨੀ ਗੰਭੀਰ ਸੀ ਕਿ ਦੋਵਾਂ ਦੀ ਮੌਤ ਹੋ ਗਈ। ਕਤਲ ਤੋਂ ਬਾਅਦ ਜਦੋਂ ਪੁਲਿਸ ਮੌਕੇ 'ਤੇ ਪਹੁੰਚੀ ਤਾਂ ਕ੍ਰਾਈਮ ਏਰੀਆ ਨੂੰ ਸੀਲ ਕਰ ਦਿੱਤਾ ਗਿਆ ਤੇ ਤੁਰੰਤ ਇੱਕ ਫੋਰੈਂਸਿਕ ਟੀਮ ਨੂੰ ਬੁਲਾਇਆ ਗਿਆ। ਫੋਰੈਂਸਿਕ ਟੀਮ ਨੇ ਕ੍ਰਾਈਮ ਸਪਾਟ ਤੋਂ ਸਬੂਤ ਇਕੱਠੇ ਕੀਤੇ ਅਤੇ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ। ਦੋਸ਼ੀ ਵਿਰੁੱਧ ਕਤਲ ਅਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਸੂਬੇ 'ਚ ਕਈ ਥਾਈਂ ਗੜ੍ਹੇਮਾਰੀ

ਅਸਮਾਨ 'ਚ ਬੱਦਲ ਛਾਏ ਹੋਏ ਹਨ। ਇਸ ਤੋਂ ਇਲਾਵਾ ਠੰਡੀਆਂ ਹਵਾਵਾਂ ਚੱਲ ਰਹੀਆਂ ਹਨ। ਦੱਸਣਯੋਗ ਹੈ ਕਿ ਮੌਸਮ ਵਿਭਾਗ ਵਲੋਂ ਸੂਬੇ 'ਚ ਮੀਂਹ ਦੇ ਨਾਲ ਬਿਜਲੀ ਚਮਕਣ ਅਤੇ ਤੇਜ਼ ਹਵਾਵਾਂ ਚੱਲਣ ਦਾ ਅਲਰਟ ਜਾਰੀ ਕੀਤਾ ਗਿਆ ਹੈ।

## ਆਈ.ਸੀ.ਐਸ.ਈ. ਅਤੇ ਆਈ.ਐਸ.ਸੀ.

99.46 ਫੀਸਦੀ ਪਾਸ ਪ੍ਰਤੀਸ਼ਤਤਾ ਦਰਜ ਕੀਤੀ।ਆਈ.ਐਸ.ਸੀ.ਵਿੱਚ ਲੜਕੀਆਂ ਨੇ 99.48 ਫੀਸਦੀ ਪਾਸ ਪ੍ਰਤੀਸ਼ਤਤਾ ਹਾਸਲ ਕੀਤੀ, ਜਦੋਂ ਕਿ ਲੜਕਿਆਂ ਦੀ ਪ੍ਰਤੀਸ਼ਤਤਾ 98.81 ਫੀਸਦੀ ਰਹੀ। ਆਈ.ਸੀ.ਐਸ.ਈ.ਪ੍ਰੀਖਿਆ ਵਿੱਚ 2,56,590 ਉਮੀਦਵਾਰ ਸਫਲ ਹੋਏ, ਜਦੋਂ ਕਿ 2,131 ਪ੍ਰੀਖਿਆ ਪਾਸ ਨਹੀਂ ਕਰ ਸਕੇ। ਦੂਜੇ ਪਾਸੇ ਆਈ.ਐਸ.ਸੀ.ਪ੍ਰੀਖਿਆ ਵਿੱਚ 1,02,414 ਉਮੀਦਵਾਰ ਸਫਲ ਹੋਏ, ਜਦੋਂ ਕਿ 902 ਫੇਲ੍ਹ ਹੋ ਗਏ।

ਸ਼੍ਰੇਣੀਵਾਰ, ਆਈ.ਸੀ.ਐਸ.ਈ.ਵਿੱਚ ਜਨਰਲ ਸ਼੍ਰੇਣੀ ਦੇ ਵਿਦਿਆਰਥੀਆਂ ਨੇ 99.26 ਫੀਸਦੀ ਪਾਸ ਪ੍ਰਤੀਸ਼ਤਤਾ ਦਰਜ ਕੀਤੀ, ਇਸ ਤੋਂ ਬਾਅਦ ਹੋਰ ਪੱਛੜੀਆਂ ਸ਼੍ਰੇਣੀਆਂ (99.24 ਫੀਸਦੀ), ਅਨੁਸੂਚਿਤ ਕਬੀਲੇ (98.07 ਫੀਸਦੀ) ਅਤੇ ਅਨੁਸੂਚਿਤ ਜਾਤੀਆਂ (98.76 ਫੀਸਦੀ) ਦਾ ਨੰਬਰ ਆਉਂਦਾ ਹੈ। ਆਈ.ਐਸ.ਸੀ. ਵਿੱਚ ਜਨਰਲ ਸ਼੍ਰੇਣੀ ਦੇ ਵਿਦਿਆਰਥੀਆਂ ਨੇ 99.17 ਫੀਸਦੀ, ਹੋਰ ਪੱਛੜੀਆਂ ਸ਼੍ਰੇਣੀਆਂ ਨੇ 99.12 ਫੀਸਦੀ, ਅਨੁਸੂਚਿਤ ਜਾਤੀਆਂ ਨੇ 98.77 ਫੀਸਦੀ ਅਤੇ ਅਨੁਸੂਚਿਤ ਕਬੀਲਿਆਂ ਨੇ 98.84 ਫੀਸਦੀ ਪਾਸ ਪ੍ਰਤੀਸ਼ਤਤਾ ਦਰਜ ਕੀਤੀ। ਇਹ ਪ੍ਰੀਖਿਆਵਾਂ ਆਈ.ਸੀ.ਐਸ.ਈ.ਵਿੱਚ 67 ਵਿਸ਼ਿਆਂ ਅਤੇ ਆਈ.ਐਸ.ਸੀ. ਵਿੱਚ 45 ਵਿਸ਼ਿਆਂ ਵਿੱਚ ਕਰਵਾਈਆਂ ਗਈਆਂ ਸਨ। ਨਤੀਜੇ ਸੀਆਈਐਸਸੀਈਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹਨ।

## ਸਾਬਕਾ ਜੱਜ ਅਨੁਪਿੰਦਰ ਸਿੰਘ .

ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ (ਰਿਟਾਇਰਡ) ਅਨੁਪਿੰਦਰ ਸਿੰਘ ਗਰੇਵਾਲ ਨੂੰ ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ (ਐਨ.ਸੀ.ਐਲ.ਟੀ.) ਦੇ ਪ੍ਰਧਾਨ ਵਜੋਂ ਨਿਯੁਕਤ ਕਰਨ ਦੇ ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਜਸਟਿਸ ਗਰੇਵਾਲ ਜਸਟਿਸ ਰਾਮਲਿੰਗਮ ਸੁਧਾਕਰ ਦੀ ਜਗ੍ਹਾ ਲੈਣਗੇ, ਜਿਨ੍ਹਾਂ ਨੇ 1 ਨਵੰਬਰ, 2021 ਤੋਂ ਐਨ.ਸੀ.ਐਲ.ਟੀ. ਪ੍ਰਧਾਨ ਵਜੋਂ ਸੇਵਾ ਨਿਭਾਈ ਸੀ ਅਤੇ ਇਸ ਸਾਲ ਦੇ ਸ਼ੁਰੂ ਵਿੱਚ ਆਪਣਾ ਅਹੁਦਾ ਛੱਡ ਦਿੱਤਾ ਸੀ। ਦੱਸ ਦੇਈਏ ਕਿ ਆਮ ਤੌਰ 'ਤੇ ਹਾਈ ਕੋਰਟ ਦੇ ਸਾਬਕਾ ਮੁੱਖ ਜੱਜ ਨੂੰ ਐਨ.ਸੀ.ਐਲ.ਟੀ. ਦਾ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਸਾਬਕਾ ਸੀਨੀਅਰ ਜੱਜ ਨੂੰ ਇਸ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ। ਕੈਬਨਿਟ ਦੀ ਨਿਯੁਕਤੀ ਕਮੇਟੀ ਨੇ ਗਰੇਵਾਲ ਦੀ ਨਿਯੁਕਤੀ ਨੂੰ ਪੰਜ ਸਾਲਾਂ ਦੀ ਮਿਆਦ ਲਈ ਜਾਂ 67 ਸਾਲ ਦੀ ਉਮਰ ਹੋਣ ਤੱਕ, ਜੋ ਵੀ ਪਹਿਲਾਂ ਹੋਵੇ, ਲਈ ਮਨਜ਼ੂਰੀ ਦੇ ਦਿੱਤੀ ਹੈ।

## ਪਟਿਆਲਾ ਦੀ ਪੁਲਿਸ ਲਾਈਨ ਪੁੱਜੇ,

ਜਿਨ੍ਹਾਂ ਵਿੱਚ ਇੱਕ ਮਹਿਲਾ ਵੀ ਸ਼ਾਮਲ ਹੈ। ਹਵਾਈ ਅੱਡੇ 'ਤੇ ਜ਼ਰੂਰੀ ਵੈਰੀਫਿਕੇਸ਼ਨ ਅਤੇ ਕਲੀਅਰੈਂਸ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ, ਇਨ੍ਹਾਂ ਸਾਰਿਆਂ ਨੂੰ ਪਹਿਲਾਂ ਪਟਿਆਲਾ ਲਿਆਂਦਾ ਗਿਆ। ਡਿਪੋਰਟ ਕੀਤੇ ਗਏ 9 ਪੰਜਾਬੀਆਂ ਸੂਬੇ ਦੇ ਵੱਖ-ਵੱਖ ਹਿੱਸਿਆਂ ਜਿਵੇਂ ਕਿ ਜਲੰਧਰ, ਹੁਸ਼ਿਆਰਪੁਰ, ਖੰਨਾ, ਮੋਗਾ, ਨਵਾਂਸ਼ਹਿਰ, ਗੜ੍ਹਸ਼ੰਕਰ, ਤਰਨਤਾਰਨ, ਫਿਰੋਜ਼ਪੁਰ ਅਤੇ ਰੂਪਨਗਰ ਦੇ ਰਹਿਣ ਵਾਲੇ ਹਨ।

## ਹਰਭਜਨ ਸਿੰਘ ਨੇ ਆਪਣੀ ਸੁਰੱਖਿਆ

ਪੰਜਾਬ ਸਰਕਾਰ ਤੋਂ ਪੁੱਛਿਆ ਕਿ ਆਖਿਰ ਕਿਸ 'ਥ੍ਰੈਟ ਪਰਸੈਪਸ਼ਨ' ਦੇ ਆਧਾਰਤ 'ਤੇ ਅਚਾਨਕ ਸੁਰੱਖਿਆ ਵਾਪਸ ਲਈ ਗਈ। ਅਦਾਲਤ ਨੇ ਇਹ ਵੀ ਕਿਹਾ ਕਿ ਸੁਰੱਖਿਆ ਪ੍ਰਦਾਨ ਕਰਨਾ ਸੂਬੇ ਦਾ ਫਰਜ਼ ਹੈ, ਖਾਸ ਕਰਕੇ ਜਦੋਂ ਕਿਸੇ ਵਿਅਕਤੀ ਦੇ ਘਰ ਦੇ ਬਾਹਰ ਵਿਰੋਧ ਪ੍ਰਦਰਸ਼ਨ ਹੋ ਰਹੇ ਹੋਣ। ਪੰਜਾਬ ਸਰਕਾਰ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਨੇ ਸੁਰੱਖਿਆ ਵਾਪਸ ਲੈਣ ਦੇ ਫੈਸਲੇ ਦਾ ਬਚਾਅ ਕਰਦੇ ਹੋਏ ਇਸਨੂੰ ਇੱਕ ਰੁਟੀਨ ਪ੍ਰਕਿਰਿਆ ਦੱਸਿਆ। ਅਦਾਲਤ ਨੂੰ ਦੱਸਿਆ ਗਿਆ ਕਿ ਸੂਬਾ ਪੁਲਿਸ ਦੀ ਸੁਰੱਖਿਆ ਵਾਪਸ ਲੈਣ ਤੋਂ ਬਾਅਦ ਕੇਂਦਰ ਸਰਕਾਰ ਨੇ ਹਰਭਜਨ ਸਿੰਘ ਨੂੰ ਸੀ.ਆਰ.ਪੀ.ਐਫ. ਸੁਰੱਖਿਆ ਪ੍ਰਦਾਨ ਕੀਤੀ, ਜੋ ਇਸ ਸਮੇਂ ਉਨ੍ਹਾਂ ਦੇ ਜਲੰਧਰ ਨਿਵਾਸ 'ਤੇ ਤਾਇਨਾਤ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਸੁਰੱਖਿਆ ਸਮੀਖਿਆ ਦੀ ਪੂਰੀ ਰਿਪੋਰਟ ਸਮੇਤ ਇੱਕ ਵਿਸਤ੍ਰਿਤ ਹਲਫਨਾਮਾ ਦਾਇਰ ਕਰਨ ਦੇ ਨਿਰਦੇਸ਼ ਦਿੱਤੇ।

## ਤਹਿਰਾਨ ਦੇ ਗੁਰਦੁਆਰੇ ਵਿੱਚ ਫਸੇ

ਹੋਣਾ ਹੈ ਪਰ ਏਅਰਲਾਈਨ ਭਾਰਤ ਸਰਕਾਰ ਦੀ ਇਜਾਜ਼ਤ ਤੋਂ ਬਿਨਾਂ ਉਨ੍ਹਾਂ ਨੂੰ ਜਹਾਜ਼ ਵਿੱਚ ਸਵਾਰ ਕਰਨ ਤੋਂ ਇਨਕਾਰ ਕਰ ਰਹੀ ਹੈ। ਉਨ੍ਹਾਂ ਨੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੂੰ ਇਸ ਮਾਮਲੇ ਵਿੱਚ ਦਖਲ ਦੇਣ ਅਤੇ ਇਨ੍ਹਾਂ ਸਿੱਖ ਪਰਿਵਾਰਾਂ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ। ਤਹਿਰਾਨ ਦਾ ਭਾਈ ਗੰਗਾ ਸਿੰਘ ਸਭਾ ਗੁਰਦੁਆਰਾ ਈਰਾਨ ਦੇ ਸਭ ਤੋਂ ਪੁਰਾਣੇ ਗੁਰਦੁਆਰਿਆਂ ਵਿੱਚੋਂ ਇੱਕ ਹੈ ਅਤੇ ਹਾਲ ਹੀ ਵਿੱਚ ਇੱਥੇ ਵਿਸਾਖੀ ਮਨਾਏ ਜਾਣ ਕਾਰਨ ਇਹ ਚਰਚਾ ਵਿੱਚ ਰਿਹਾ ਸੀ। ਜੰਗ ਦੇ ਹਾਲਾਤ ਦੇ ਬਾਵਜੂਦ, ਤਹਿਰਾਨ ਦੇ ਸਿੱਖਾਂ ਨੇ ਸਥਾਨਕ ਲੋਕਾਂ ਨਾਲ ਮਿਲ ਕੇ ਇਹ ਤਿਉਹਾਰ ਮਨਾਇਆ, ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਸ਼ਬਦ ਕੀਰਤਨ ਹੋਇਆ ਅਤੇ ਨਿਸ਼ਾਨ ਸਾਹਿਬ ਦਾ ਚੋਲਾ ਸਾਹਿਬ ਬਦਲਣ ਦੀ ਰਸਮ ਵੀ ਨਿਭਾਈ ਗਈ। ਇਹ ਗੁਰਦੁਆਰਾ ਇਤਿਹਾਸਕ ਪੱਖੋਂ ਵੀ ਕਾਫੀ ਅਹਿਮ ਹੈ। ਸਾਲ 2016 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਈਰਾਨ ਯਾਤਰਾ ਦੌਰਾਨ ਇਸ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਸਨ। 15 ਸਾਲਾਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਇਹ ਪਹਿਲੀ ਈਰਾਨ ਯਾਤਰਾ ਸੀ, ਜਿਸ ਦੌਰਾਨ ਉਨ੍ਹਾਂ ਨੇ ਇਸ ਪਵਿੱਤਰ ਅਸਥਾਨ 'ਤੇ ਹਾਜ਼ਰੀ ਭਰੀ ਸੀ।

## ਪੰਜਾਬ ਦੇ ਸਮਾਜਿਕ-ਆਰਥਿਕ ਭਵਿੱਖ ਦੀ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਾਸੀਆਂ ਨੂੰ ਇਸ ਤਕਨਾਲੋਜੀ-ਅਧਾਰਿਤ ਪ੍ਰਕਿਰਿਆ ਨੂੰ ਅਪਣਾਉਣ ਅਤੇ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, 'ਮੇਰੇ ਵੱਲੋਂ ਅੱਜ ਇਸ ਪ੍ਰਕਿਰਿਆ ਵਿੱਚ ਹਿੱਸਾ ਲੈਣ ਦਾ ਮਤਲਬ ਮਿਸਾਲ ਪੇਸ਼ ਕਰਨਾ ਹੈ ਤਾਂ ਜੋ ਸੂਬਾ ਭਰ ਦੇ ਲੋਕ ਸਹੀ ਅਤੇ ਸਮੇਂ ਸਿਰ ਜਾਣਕਾਰੀ ਪ੍ਰਦਾਨ ਕਰ ਸਕਣ। ਮੈਂ ਸਾਰੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ 30 ਅਪ੍ਰੈਲ ਤੋਂ 14 ਮਈ ਤੱਕ ਉਪਲੱਬਧ ਸਵੈ-ਗਣਨਾ ਸਹੂਲਤ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਵਿਆਪਕ ਤੇ ਭਰੋਸੇਮੰਦ ਰਾਸ਼ਟਰੀ ਡਾਟਾਬੇਸ ਬਣਾਉਣ ਵਿੱਚ ਯੋਗਦਾਨ ਪਾਉਣ।'

ਭਰੋਸੇਯੋਗ ਅੰਕੜਿਆਂ ਦੀ ਅਹਿਮੀਅਤ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ, 'ਪ੍ਰਭਾਵਸ਼ਾਲੀ ਯੋਜਨਾਬੰਦੀ ਅਤੇ ਨੀਤੀ ਨਿਰਮਾਣ ਲਈ ਮਜ਼ਬੂਤ ਡਾਟਾਬੇਸ ਜ਼ਰੂਰੀ ਹੈ। ਮਰਦਮਸ਼ੁਮਾਰੀ ਦੇ ਪੁਖਤਾ ਅੰਕੜੇ ਸ਼ਾਸਨ ਦਾ ਧੁਰਾ ਸਾਬਤ ਹੁੰਦੇ ਹਨ ਅਤੇ ਇਹ ਅੰਕੜੇ ਹੀ ਯਕੀਨੀ ਬਣਾਉਂਦੇ ਹਨ ਕਿ ਭਲਾਈ ਯੋਜਨਾਵਾਂ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸਰੋਤਾਂ ਦੀ ਬਰਾਬਰ ਵੰਡ ਸਮਾਜ ਦੇ ਹਰ ਵਰਗ ਤੱਕ ਪਹੁੰਚੇ।'

ਡਿਜੀਟਲ ਗਣਨਾ ਦੇ ਫਾਇਦਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਵੈ-ਗਣਨਾ-2027 ਦੀ ਮੁੱਖ ਵਿਸ਼ੇਸ਼ਤਾ ਇਹ ਹੈ ਕਿ ਇਸ ਨਾਲ ਵਿਅਕਤੀਗਤ ਤੌਰ 'ਤੇ ਜਨ ਅੰਕੜਿਆਂ ਅਤੇ ਸਮਾਜਿਕ-ਆਰਥਿਕ ਵੇਰਵਿਆਂ ਨੂੰ ਆਸਾਨੀ ਨਾਲ ਆਨਲਾਈਨ ਭਰਨ ਦੀ ਆਗਿਆ ਮਿਲਦੀ ਹੈ। ਇਹ ਪਹਿਲ ਪਾਰਦਰਸ਼ਤਾ ਨੂੰ ਵਧਾਉਂਦੀ ਹੈ, ਕੁਸ਼ਲਤਾ ਵਿੱਚ ਸੁਧਾਰ ਕਰਦੀ ਹੈ, ਅਤੇ ਸਟੀਕ ਅੰਕੜਿਆਂ ਨੂੰ ਯਕੀਨੀ ਬਣਾਉਂਦੀ ਹੈ।

ਉਨ੍ਹਾਂ ਅੱਗੇ ਕਿਹਾ, ਡਿਜੀਟਲ ਪਹੁੰਚ ਦਸਤੀ ਪ੍ਰਕਿਰਿਆਵਾਂ 'ਤੇ ਨਿਰਭਰਤਾ ਨੂੰ ਘਟਾਉਂਦੀ ਹੈ, ਤੇਜ਼ੀ ਨਾਲ ਅੰਕੜੇ ਇਕੱਠੇ ਕਰਨ ਦੇ ਸਮਰੱਥ ਬਣਾਉਂਦੀ ਹੈ ਅਤੇ ਰਾਸ਼ਟਰੀ ਡਾਟਾਬੇਸ ਨੂੰ ਮਜ਼ਬੂਤ ਕਰਦੀ ਹੈ।ਅਗਲੇ ਪੜਾਅ ਦੀ ਰੂਪ-ਰੇਖਾ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਰਦਮਸ਼ੁਮਾਰੀ-2027 ਦੇ ਪਹਿਲੇ ਪੜਾਅ ਵਿੱਚ 15 ਮਈ ਤੋਂ 13 ਜੂਨ, 2026 ਤੱਕ ਘਰ-ਘਰ ਸਰਵੇਖਣ ਵੀ ਸ਼ਾਮਲ ਹੋਵੇਗਾ। ਇਸ ਸਮੇਂ ਦੌਰਾਨ ਰਿਹਾਇਸ਼ੀ ਹਾਲਤਾਂ, ਸਹੂਲਤਾਂ ਅਤੇ ਅਸਾਸਿਆਂ ਨਾਲ ਸਬੰਧਤ 33 ਸਵਾਲ ਪੁੱਛੇ ਜਾਣਗੇ ਅਤੇ ਹਰੇਕ ਘਰ ਦੀ ਗਿਣਤੀ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਪਰਿਵਾਰ ਇਸ ਮਹੱਤਵਪੂਰਨ ਰਾਸ਼ਟਰੀ ਅਭਿਆਸ ਤੋਂ ਵਿਰਵਾ ਨਾ ਰਹੇ।

# ਮਾਨ ਵੱਲੋਂ ਆਪਣੇ ਜੱਦੀ ਪਿੰਡ ਸਤੌਜ ਵਿਖੇ 14.63 ਕਰੋੜ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ

### ਚੰਗੇ ਸਕੂਲ ਅਤੇ ਢੁਕਵੇਂ ਖੇਡ ਮੈਦਾਨ ਬੱਚਿਆਂ ਨੂੰ ਵਿਸ਼ਵ ਪੱਧਰ 'ਤੇ ਸਫ਼ਲ ਕਰਨ 'ਚ ਮੱਦਦ ਕਰ ਸਕਦੇ ਹਨ: ਮਾਨ

ਸੰਗਰੂਰ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਿੰਡ ਸਤੌਜ ਵਿੱਚ 14.63 ਕਰੋੜ ਰੁਪਏ ਦੇ ਆਧੁਨਿਕ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ, ਜਿਸ ਨਾਲ ਖੇਡਾਂ, ਸਿਹਤ ਅਤੇ ਅਨੁਸ਼ਾਸਨ ਰਾਹੀਂ ਪੰਜਾਬ ਦੇ ਨੌਜਵਾਨਾਂ ਦੀ ਕਿਸਮਤ ਬਦਲਣ ਲਈ ਫੈਸਲਾਕੁੰਨ ਕਦਮ ਚੁੱਕਿਆ ਗਿਆ। ਬੁਨਿਆਦੀ ਢਾਂਚੇ ਦੇ ਨਵੀਨੀਕਰਨ ਅਤੇ ਸਮਾਜਿਕ ਦਖਲਅੰਦਾਜ਼ੀ ਵਜੋਂ ਸਤੌਜ ਵਿੱਚ 4.38 ਏਕੜ ਵਿੱਚ ਬਣਨ ਵਾਲਾ ਇਹ ਵਿਸ਼ਵ ਪੱਧਰੀ ਸਟੇਡੀਅਮ ਪੇਸ਼ੇਵਰ ਸਿਖਲਾਈ ਦੀ ਪੇਸ਼ਕਸ਼ ਕਰੇਗਾ ਅਤੇ ਬੈਡਮਿੰਟਨ, ਹੈਂਡਬਾਲ, ਜੂਡੋ, ਨੈੱਟਬਾਲ, ਬਾਸਕਟਬਾਲ, ਵਾਲੀਬਾਲ, ਫੁੱਟਬਾਲ, ਜਿਮਨਾਸਟਿਕ, ਕਬੱਡੀ ਅਤੇ ਕਰਾਟੇ ਸਮੇਤ ਕਈ ਤਰ੍ਹਾਂ ਦੀਆਂ ਖੇਡਾਂ ਦੀ ਮੇਜ਼ਬਾਨੀ ਕਰੇਗੀ।




ਇਸ ਨੂੰ ਇਲਾਕੇ ਲਈ ਇਤਿਹਾਸਕ ਦਿਨ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਖੇਤਰ ਲਈ ਯਾਦਗਾਰੀ ਦਿਨ ਹੈ, ਕਿਉਂਕਿ ਇਹ ਸਟੇਡੀਅਮ 14.63 ਕਰੋੜ ਦੀ ਲਾਗਤ ਨਾਲ ਬਣ ਰਿਹਾ ਹੈ। ਇਹ ਸਟੇਡੀਅਮ 4.38 ਏਕੜ ਥਾਂ ਵਿੱਚ ਬਣਾਇਆ ਜਾਵੇਗਾ ਅਤੇ ਇਹ ਕੰਪਲੈਕਸ ਵੱਖ-ਵੱਖ ਖੇਡ ਗਤੀਵਿਧੀਆਂ ਦੀ ਮੇਜ਼ਬਾਨੀ ਕਰੇਗਾ।"

ਉਨ੍ਹਾਂ ਅੱਗੇ ਕਿਹਾ, "ਸਟੇਡੀਅਮ ਵਿੱਚ 200 ਮੀਟਰ ਦਾ ਅਥਲੈਟਿਕ ਟਰੈਕ, ਦਰਸ਼ਕਾਂ ਅਤੇ ਖਿਡਾਰੀਆਂ ਲਈ ਪਵੀਲੀਅਨ ਅਤੇ ਬਹੁ-ਮੰਤਵੀ ਇੰਡੋਰ ਸਪੋਰਟਸ ਹਾਲ ਹੋਵੇਗਾ।"

ਮੁੱਖ ਮੰਤਰੀ ਨੇ ਇੱਥੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ 'ਤੇ ਚਾਨਣਾ ਪਾਉਂਦਿਆਂ ਕਿਹਾ, "ਸਟੇਡੀਅਮ ਵਿੱਚ ਬੈਡਮਿੰਟਨ, ਹੈਂਡਬਾਲ, ਜੂਡੋ, ਨੈੱਟਬਾਲ, ਬਾਸਕਟਬਾਲ, ਵਾਲੀਬਾਲ, ਫੁੱਟਬਾਲ, ਜਿਮਨਾਸਟਿਕ, ਕਬੱਡੀ, ਕਰਾਟੇ ਅਤੇ ਹੋਰ ਖੇਡ ਸਹੂਲਤਾਂ ਮੁਹੱਈਆ ਕੀਤੀਆਂ ਜਾਣਗੀਆਂ।" ਉਨ੍ਹਾਂ ਅੱਗੇ ਕਿਹਾ, "ਇਸ ਸਟੇਡੀਅਮ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਪੇਸ਼ੇਵਰ ਸਿਖਲਾਈ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ ਅਤੇ ਇਸ ਵਿਕਾਸ ਨਾਲ ਇਹ ਖੇਤਰ ਖੇਡ ਕੇਂਦਰ ਵਜੋਂ ਉੱਭਰੇਗਾ।"

ਸੰਤੁਲਿਤ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ, "ਜਦੋਂ ਸਿੱਖਿਆ ਲਈ ਚੰਗਾ ਸਕੂਲ ਅਤੇ ਖੇਡਾਂ ਲਈ ਢੁਕਵਾਂ ਮੈਦਾਨ ਹੁੰਦਾ ਹੈ ਤਾਂ ਇਕ ਬੱਚਾ ਵਿਸ਼ਵ ਪੱਧਰ 'ਤੇ ਆਪਣੇ ਪਿੰਡ, ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਦਾ ਹੈ।"

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਖੇਡਾਂ ਲਈ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰ ਰਹੀ ਹੈ।"

ਉਨ੍ਹਾਂ ਅੱਗੇ ਕਿਹਾ, "ਇਹ ਪ੍ਰਾਜੈਕਟ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰ ਕੇ ਨਸ਼ਿਆਂ ਦੀ ਰੀੜ੍ਹ ਦੀ ਹੱਡੀ ਨੂੰ ਤੋੜਨ ਵਿੱਚ ਮਦਦ ਕਰੇਗਾ ਅਤੇ ਇਹ ਸੂਬੇ ਦੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਉਸਾਰੂ ਢੰਗ ਨਾਲ ਵਰਤਣ ਵਿੱਚ ਮੱਦਦ ਕਰੇਗਾ।"

ਉਨ੍ਹਾਂ ਅੱਗੇ ਕਿਹਾ, "ਅਜਿਹੇ ਸਟੇਡੀਅਮ ਨੌਜਵਾਨਾਂ ਨੂੰ ਨਸ਼ਿਆਂ ਦੇ ਸਰਾਪ ਤੋਂ ਦੂਰ ਰਹਿਣ ਅਤੇ ਨੌਜਵਾਨਾਂ ਨੂੰ ਕੌਮੀ ਅਤੇ ਕੌਮਾਂਤਰੀ ਖੇਡ ਮੁਕਾਬਲਿਆਂ ਵਿੱਚ ਤਗ਼ਮੇ ਜਿੱਤਣ ਦੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।"

# ਸਿੱਖਿਆ ਬੋਰਡ ਵੱਲੋਂ 2010 ਤੋਂ ਬਾਅਦ ਬੋਰਡ ਪ੍ਰੀਖਿਆਵਾਂ 'ਚ ਅਸਫ਼ਲ ਰਹੇ ਵਿਦਿਆਰਥੀਆਂ ਨੂੰ ਵਿਸ਼ੇਸ਼ ਮੌਕਾ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.) : ਸੂਬੇ ਦੇ ਹਜ਼ਾਰਾਂ ਵਿਦਿਆਰਥੀਆਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਨੇ ਉਨ੍ਹਾਂ ਵਿਦਿਆਰਥੀਆਂ, ਜੋ ਪਿਛਲੇ 16 ਸਾਲਾਂ ਵਿੱਚ ਆਪਣੀਆਂ 10ਵੀਂ ਜਾਂ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਪਾਸ ਨਹੀਂ ਕਰ ਸਕੇ, ਨੂੰ ਵਿਸ਼ੇਸ਼ ਮੌਕਾ (ਸਪੈਸ਼ਲ ਮਰਸੀ ਚਾਂਸ) ਪ੍ਰਦਾਨ ਕਰਨ ਲਈ ਆਨਲਾਈਨ ਰਜਿਸਟਰੇਸ਼ਨ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਯੋਗ ਉਮੀਦਵਾਰ 25 ਮਈ, 2026 ਤੱਕ ਪੀਐਸਈਬੀ ਦੀ ਵੈੱਬਸਾਈਟ 'ਤੇ ਅਪਲਾਈ ਕਰ ਸਕਦੇ ਹਨ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਕਦਮ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਹੈ। ਇਸ ਕਦਮ ਦਾ ਉਦੇਸ਼ ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸਕੂਲੀ ਪੜ੍ਹਾਈ ਪੂਰੀ ਕਰਨ ਅਤੇ ਕਰੀਅਰ ਬਣਾਉਣ ਦਾ ਇੱਕ ਨਵਾਂ ਮੌਕਾ ਦੇਣਾ ਹੈ, ਜੋ ਸਾਲ 2010 ਅਤੇ 2025 ਦਰਮਿਆਨ ਆਪਣੀਆਂ 10ਵੀਂ ਜਾਂ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਪਾਸ ਨਹੀਂ ਕਰ ਸਕੇ।

ਯੋਗਤਾ ਮਾਪਦੰਡਾਂ ਬਾਰੇ ਜਾਣਕਾਰੀ ਦਿੰਦਿਆਂ ਸ. ਬੈਂਸ ਨੇ ਕਿਹਾ ਕਿ ਇਹ ਵਿਸ਼ੇਸ਼ ਮੌਕਾ ਉਨ੍ਹਾਂ ਉਮੀਦਵਾਰਾਂ ਨੂੰ ਦਿੱਤਾ ਜਾ ਰਿਹਾ ਹੈ, ਜਿਨ੍ਹਾਂ ਨੇ ਮਾਰਚ 2010 ਅਤੇ ਮਾਰਚ 2025 ਦਰਮਿਆਨ 10ਵੀਂ ਜਾਂ 12ਵੀਂ ਜਮਾਤ ਦੀ ਪ੍ਰੀਖਿਆ ਦਿੱਤੀ ਸੀ ਅਤੇ ਉਨ੍ਹਾਂ ਦੇ ਰੀਅਪੀਅਰ ਜਾਂ ਕੰਪਾਰਟਮੈਂਟ ਦੇ ਸਾਰੇ ਮੌਕੇ ਖਤਮ ਹੋ ਗਏ ਹਨ ਜਾਂ ਜੋ ਆਪਣੀ ਅਕਾਦਮਿਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣਾ ਚਾਹੁੰਦੇ ਹਨ। ਇਸ ਵਿੱਚ ਉਹ ਉਮੀਦਵਾਰ ਵੀ ਸ਼ਾਮਲ ਹਨ, ਜਿਹਨਾਂ ਨੇ ਮਾਰਚ 2010 ਅਤੇ ਮਾਰਚ 2026 ਦਰਮਿਆਨ ਪ੍ਰੀਖਿਆ ਦਿੱਤੀ ਸੀ ਅਤੇ ਫੇਲ੍ਹ ਹੋ ਗਏ ਸਨ, ਬਸ਼ਰਤੇ ਉਨ੍ਹਾਂ ਨੇ ਘੱਟੋ-ਘੱਟ ਇੱਕ ਮੁੱਖ ਵਿਸ਼ਾ ਪਾਸ ਕੀਤਾ ਹੋਵੇ। ਇਹ ਮੌਕਾ 10ਵੀਂ ਅਤੇ 12ਵੀਂ ਜਮਾਤ ਦੀ ਓਪਨ ਸਕੂਲ ਸਟਰੀਮ ਦੇ ਵਿਦਿਆਰਥੀਆਂ ਲਈ ਵੀ ਉਪਲੱਬਧ ਹੈ।

ਉਨ੍ਹਾਂ ਦੱਸਿਆ ਕਿ ਆਨਲਾਈਨ ਅਰਜ਼ੀ ਫਾਰਮ ਅਤੇ ਵਿਆਪਕ ਦਿਸ਼ਾ-ਨਿਰਦੇਸ਼ ਪੀਐਸਈਬੀ ਦੀ ਅਧਿਕਾਰਤ ਵੈੱਬਸਾਈਟ www.pseb.ac.in 'ਤੇ ਉਪਲੱਬਧ ਹਨ।

ਬੈਂਸ ਨੇ ਕਿਹਾ ਕਿ ਇਹ ਸਪੈਸ਼ਲ ਮਰਸੀ ਚਾਂਸ ਉਨ੍ਹਾਂ ਵਿਦਿਆਰਥੀਆਂ ਲਈ ਇੱਕ ਸੁਨਹਿਰੀ ਮੌਕਾ ਸਾਬਤ ਹੋਵੇਗਾ ਜੋ ਆਪਣੀ ਅਧੂਰੀ ਸਿੱਖਿਆ ਨੂੰ ਪੂਰਾ ਕਰਨਾ ਅਤੇ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਲਈ ਉਮੀਦ ਦੇ ਨਵੇਂ ਰਾਹ ਖੋਲ੍ਹ ਰਹੀ ਹੈ।


ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ

ਡਰਾਅ ਦਾ ਸਮਾਂ : ਸ਼ਾਮ 06.30 ਵਜੇ ਤੋਂ — ਪੰਜਾਬ ਰਾਜ ਡੀਅਰ 50 ਚੀਫ ਵੀਰਵਾਰ ਹਫ਼ਤਾਵਾਰੀ ਲਾਟਰੀ ਦਾ ਨਤੀਜਾ — ਡਰਾਅ ਦੀ ਮਿਤੀ : 30.04.2026

ਮੁੱਲ ਰੁਪਏ 50/- ਪ੍ਰਤੀ ਟਿਕਟ

ਪਹਿਲੇ ਇਨਾਮ ਦੀ ਰਾਸ਼ੀ (1) ਰੁ. 15 ਲੱਖ (ਲੜੀਆਂ ਨਾਲ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 1 ਲੱਖ + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 25 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੁਪਏ 16.25 ਲੱਖ)
AB 0879

ਦਿਲਾਸਾ ਇਨਾਮੀ ਰਾਸ਼ੀ (24) ਜੇਤੂ ਲਈ ਰੁ. 1500/- (ਪਹਿਲੇ ਇਨਾਮ ਦੇ ਜੇਤੂ ਨੰਬਰ ਦੀਆ ਸਾਰੀਆਂ ਬਾਕੀ ਲੜੀਆਂ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 900/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 2,500/- ਹਰੇਕ)
0879

ਦੂਜੇ ਇਨਾਮ ਦੀ ਰਾਸ਼ੀ (25) ਰੁ. 9,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 900/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 10,000/- ਹਰੇਕ)
7040

ਤੀਜੇ ਇਨਾਮ ਦੀ ਰਾਸ਼ੀ (50) ਰੁ. 4,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 500/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 3,600/- ਹਰੇਕ)
0690 5391

ਚੌਥੇ ਇਨਾਮ ਦੀ ਰਾਸ਼ੀ (125) ਰੁ. 2,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 200/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 2,250/- ਹਰੇਕ)
0485 5102 5159 5581 7085

ਪੰਜਵੇਂ ਇਨਾਮ ਦੀ ਰਾਸ਼ੀ (125) ਰੁ. 1000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 100/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 1,150/- ਹਰੇਕ)
0061 1814 5672 5742 7534

ਛੇਵੇਂ ਇਨਾਮ ਦੀ ਰਾਸ਼ੀ (125) ਰੁ. 500/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 50/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 20/-, ਕੁੱਲ ਇਨਾਮੀ ਰਾਸ਼ੀ ਰੁਪਏ 570/- ਹਰੇਕ)
1243 3110 4089 4128 8565

ਸੱਤਵੇਂ ਇਨਾਮ ਦੀ ਰਾਸ਼ੀ (17,500) ਰੁ. 100/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 10/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 5/-, ਕੁੱਲ ਇਨਾਮੀ ਰਾਸ਼ੀ ਰੁਪਏ 115/- ਹਰੇਕ)

| | | | | | | | | | |
|---|---|---|---|---|---|---|---|---|---|
| 0002 | 0020 | 0039 | 0055 | 0085 | 0096 | 0113 | 0114 | 0126 | 0130 |
| 0161 | 0179 | 0183 | 0190 | 0205 | 0237 | 0241 | 0267 | 0269 | 0272 |
| 0286 | 0287 | 0302 | 0321 | 0328 | 0331 | 0333 | 0348 | 0359 | 0380 |
| 0384 | 0391 | 0410 | 0428 | 0432 | 0437 | 0441 | 0445 | 0464 | 0481 |
| 0483 | 0486 | 0510 | 0527 | 0536 | 0537 | 0578 | 0597 | 0603 | 0615 |
| 0616 | 0664 | 0672 | 0694 | 0699 | 0708 | 0764 | 0787 | 0826 | 0835 |
| 0839 | 0849 | 0868 | 0878 | 0883 | 0887 | 0895 | 0903 | 0921 | 0932 |
| 0942 | 0952 | 0955 | 0972 | 0996 | 1008 | 1052 | 1074 | 1084 | 1085 |
| 1091 | 1101 | 1108 | 1127 | 1137 | 1143 | 1182 | 1191 | 1216 | 1221 |
| 1223 | 1236 | 1241 | 1252 | 1254 | 1256 | 1266 | 1288 | 1291 | 1297 |
| 1311 | 1344 | 1345 | 1374 | 1385 | 1443 | 1466 | 1472 | 1493 | 1502 |
| 1505 | 1506 | 1509 | 1512 | 1513 | 1531 | 1539 | 1556 | 1561 | 1565 |
| 1598 | 1599 | 1604 | 1612 | 1625 | 1631 | 1632 | 1636 | 1669 | 1691 |
| 1760 | 1844 | 1847 | 1861 | 1863 | 1884 | 1891 | 1899 | 1905 | 1918 |
| 1923 | 1924 | 1932 | 1950 | 1959 | 1962 | 1963 | 1971 | 1983 | 2002 |
| 2017 | 2021 | 2039 | 2050 | 2077 | 2080 | 2083 | 2130 | 2197 | 2201 |
| 2219 | 2233 | 2242 | 2261 | 2283 | 2315 | 2337 | 2358 | 2362 | 2400 |
| 2414 | 2419 | 2424 | 2431 | 2458 | 2478 | 2479 | 2480 | 2486 | 2505 |
| 2510 | 2523 | 2533 | 2534 | 2542 | 2584 | 2609 | 2638 | 2644 | 2657 |
| 2658 | 2675 | 2682 | 2692 | 2699 | 2721 | 2729 | 2745 | 2751 | 2786 |
| 2814 | 2823 | 2827 | 2829 | 2849 | 2949 | 3027 | 3049 | 3052 | 3057 |
| 3061 | 3082 | 3089 | 3108 | 3123 | 3128 | 3150 | 3194 | 3215 | 3218 |
| 3242 | 3257 | 3266 | 3267 | 3274 | 3275 | 3337 | 3359 | 3360 | 3370 |
| 3390 | 3399 | 3409 | 3413 | 3456 | 3462 | 3472 | 3532 | 3535 | 3536 |
| 3538 | 3542 | 3545 | 3551 | 3572 | 3581 | 3601 | 3651 | 3677 | 3712 |
| 3756 | 3791 | 3793 | 3794 | 3796 | 3797 | 3815 | 3829 | 3843 | 3865 |
| 3876 | 3912 | 3919 | 3925 | 3931 | 3959 | 3966 | 3979 | 3987 | 3989 |
| 4000 | 4021 | 4027 | 4031 | 4041 | 4057 | 4140 | 4144 | 4149 | 4186 |
| 4199 | 4210 | 4211 | 4217 | 4263 | 4276 | 4289 | 4290 | 4292 | 4315 |
| 4320 | 4325 | 4326 | 4329 | 4397 | 4405 | 4406 | 4417 | 4465 | 4468 |
| 4471 | 4491 | 4501 | 4505 | 4539 | 4544 | 4548 | 4551 | 4559 | 4573 |
| 4575 | 4577 | 4593 | 4601 | 4606 | 4657 | 4661 | 4681 | 4688 | 4693 |
| 4695 | 4701 | 4748 | 4767 | 4779 | 4808 | 4833 | 4885 | 4917 | 4923 |
| 4960 | 4965 | 4982 | 4991 | 4996 | 5058 | 5060 | 5065 | 5071 | 5078 |
| 5112 | 5114 | 5128 | 5132 | 5147 | 5177 | 5187 | 5188 | 5196 | 5228 |
| 5236 | 5252 | 5270 | 5281 | 5292 | 5298 | 5300 | 5312 | 5317 | 5347 |
| 5353 | 5388 | 5412 | 5416 | 5417 | 5435 | 5452 | 5482 | 5511 | 5514 |
| 5518 | 5520 | 5523 | 5552 | 5569 | 5573 | 5585 | 5617 | 5625 | 5637 |
| 5642 | 5707 | 5723 | 5725 | 5730 | 5735 | 5776 | 5819 | 5827 | 5834 |
| 5859 | 5884 | 5922 | 5963 | 5992 | 6001 | 6023 | 6024 | 6042 | 6044 |
| 6045 | 6047 | 6077 | 6082 | 6085 | 6087 | 6119 | 6135 | 6141 | 6154 |
| 6161 | 6172 | 6194 | 6201 | 6215 | 6221 | 6227 | 6237 | 6265 | 6275 |
| 6294 | 6310 | 6332 | 6348 | 6361 | 6365 | 6370 | 6378 | 6399 | 6405 |
| 6445 | 6470 | 6472 | 6487 | 6531 | 6539 | 6551 | 6583 | 6598 | 6622 |
| 6644 | 6671 | 6694 | 6712 | 6727 | 6744 | 6745 | 6769 | 6775 | 6783 |
| 6791 | 6832 | 6862 | 6874 | 6883 | 6908 | 6910 | 6935 | 6950 | 6962 |
| 6983 | 6984 | 6994 | 7005 | 7008 | 7033 | 7047 | 7063 | 7071 | 7074 |
| 7078 | 7079 | 7080 | 7088 | 7089 | 7096 | 7132 | 7137 | 7157 | 7177 |
| 7184 | 7188 | 7209 | 7229 | 7249 | 7278 | 7287 | 7300 | 7314 | 7350 |
| 7365 | 7372 | 7376 | 7384 | 7385 | 7386 | 7400 | 7404 | 7426 | 7428 |
| 7430 | 7433 | 7437 | 7441 | 7452 | 7454 | 7457 | 7477 | 7484 | 7489 |
| 7496 | 7512 | 7539 | 7564 | 7574 | 7591 | 7599 | 7620 | 7622 | 7631 |
| 7642 | 7643 | 7657 | 7671 | 7694 | 7703 | 7709 | 7718 | 7720 | 7727 |
| 7751 | 7787 | 7801 | 7809 | 7818 | 7819 | 7912 | 7935 | 7938 | 7970 |
| 7974 | 7982 | 7983 | 7985 | 7988 | 7999 | 8000 | 8006 | 8008 | 8009 |
| 8023 | 8032 | 8049 | 8059 | 8064 | 8081 | 8086 | 8105 | 8110 | 8115 |
| 8127 | 8153 | 8162 | 8187 | 8214 | 8220 | 8227 | 8234 | 8268 | 8337 |
| 8339 | 8340 | 8354 | 8365 | 8371 | 8384 | 8405 | 8414 | 8420 | 8440 |
| 8441 | 8507 | 8509 | 8518 | 8520 | 8530 | 8539 | 8556 | 8607 | 8610 |
| 8648 | 8669 | 8678 | 8689 | 8720 | 8724 | 8775 | 8788 | 8790 | 8798 |
| 8803 | 8832 | 8837 | 8853 | 8859 | 8865 | 8878 | 8881 | 8888 | 8910 |
| 8917 | 8927 | 8938 | 8952 | 8981 | 9016 | 9032 | 9033 | 9053 | 9074 |
| 9080 | 9081 | 9095 | 9106 | 9117 | 9120 | 9122 | 9144 | 9149 | 9156 |
| 9169 | 9172 | 9224 | 9227 | 9247 | 9270 | 9278 | 9289 | 9290 | 9305 |
| 9320 | 9322 | 9332 | 9334 | 9350 | 9353 | 9358 | 9361 | 9362 | 9372 |
| 9394 | 9425 | 9442 | 9451 | 9457 | 9458 | 9470 | 9473 | 9476 | 9480 |
| 9521 | 9535 | 9539 | 9544 | 9548 | 9568 | 9596 | 9597 | 9618 | 9621 |
| 9642 | 9646 | 9653 | 9684 | 9692 | 9701 | 9710 | 9718 | 9755 | 9758 |
| 9759 | 9761 | 9773 | 9777 | 9811 | 9823 | 9831 | 9845 | 9858 | 9859 |
| 9885 | 9907 | 9909 | 9912 | 9927 | 9948 | 9976 | 9978 | 9995 | 9999 |

ਜਾਰੀ ਕਰਤਾ ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ
ਕਿਰਪਾ ਕਰਕੇ ਅੰਤਿਮ ਨਤੀਜਾ ਅਧਿਕਾਰਤ ਗਜ਼ਟ ਅਧਿਸੂਚਨਾ ਵਿਚ ਦੇਖੋ।

RO.No.PR-Advt.No.3924/11/2026-27/10263/Dated CHD : 10.04.2026



**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਮਾਨ ਸਰਕਾਰ ਵੱਲੋਂ ਸੂਬੇ 'ਚ ਹੜ੍ਹ ਰੋਕੂ ਪ੍ਰਬੰਧਾਂ 'ਤੇ ਖ਼ਰਚੇ ਜਾ ਰਹੇ ਨੇ 600 ਕਰੋੜ : ਗੋਇਲ



ਚੰਡੀਗੜ੍ਹ/ਸ਼ਹੀਦ ਭਗਤ ਸਿੰਘ ਨਗਰ, 30 ਅਪ੍ਰੈਲ (ਚ.ਨ.ਸ.): ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਮਾਨਸੂਨ ਤੋਂ ਪਹਿਲਾਂ-ਪਹਿਲਾਂ ਸੂਬੇ ਵਿੱਚ ਹੜ੍ਹ ਰੋਕਥਾਮ ਕਾਰਜਾਂ ਨੂੰ ਮੁਕੰਮਲ ਕਰਾਉਣ ਦੇ ਮੱਦੇਨਜ਼ਰ ਸੂਬੇ ਦਾ ਦੌਰਾ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਅੱਜ ਲਗਾਤਾਰ ਤੀਸਰੇ ਦਿਨ ਜਲ ਸਰੋਤ ਮੰਤਰੀ ਨੇ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਿੱਚੋਂ ਲੰਘਦੇ ਸਤਲੁਜ ਦਰਿਆ ਦੇ ਕੰਢੇ ਚਲ ਰਹੇ ਮਜ਼ਬੂਤੀਕਰਨ ਦੇ ਕੰਮਾਂ ਦਾ ਜਾਇਜ਼ਾ ਲਿਆ। ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਬੁਰਜ ਟਹਿਲ ਦਾਸ ਵਿਖੇ ਹੜ੍ਹਾਂ ਦੀ ਰੋਕਥਾਮ ਦੇ ਕੰਮਾਂ ਦਾ ਜਾਇਜ਼ਾ ਲੈਣ ਪਿੱਛੋਂ ਉਨਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸੂਬੇ ਵਿੱਚ ਹੜ੍ਹਾਂ ਦੀ ਰੋਕਥਾਮ ਸਬੰਧੀ ਕੰਮਾਂ ਉਤੇ 600 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ ਤੇ 30 ਜੂਨ ਤੋਂ ਪਹਿਲਾਂ-ਪਹਿਲਾਂ ਸਾਰੇ ਹੜ੍ਹ ਰੋਕੂ ਪ੍ਰਬੰਧਾਂ ਨੂੰ ਮੁਕੰਮਲ ਕਰ ਲਿਆ ਜਾਵੇਗਾ।

ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵਲੋਂ ਪਿਛਲੇ ਤਿੰਨ ਦਿਨਾਂ ਤੋਂ ਵੱਖ-ਵੱਖ ਜ਼ਿਲਿਆਂ ਦੇ ਦੌਰੇ 'ਤੇ ਹਨ। ਜ਼ਿਲਾ ਅੰਮ੍ਰਿਤਸਰ ਤੇ ਜਲੰਧਰ ਤੋਂ ਬਾਅਦ ਅੱਜ ਉਨਾਂ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੜ੍ਹ ਰੋਕੂ ਪ੍ਰਬੰਧਾਂ ਦਾ ਨਿਰੀਖਣ ਕੀਤਾ। ਗੋਇਲ ਨੇ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਮੌਜੂਦਾ ਸੂਬਾ ਸਰਕਾਰ ਵਲੋਂ ਹੜ੍ਹਾਂ ਦੀ ਰੋਕਥਾਮ ਲਈ ਸੰਜੀਦਾ ਉਪਰਾਲੇ ਕਰਦਿਆਂ ਏਨੀ ਵੱਡੀ ਰਕਮ ਦਰਿਆਵਾਂ ਦੇ ਬੰਨਾਂ ਨੂੰ ਮਜ਼ਬੂਤ ਕਰਨ ਲਈ ਖ਼ਰਚ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ ਦੀਆਂ ਸਰਕਾਰ ਸਿਰਫ਼ ਹੜ੍ਹ ਰੋਕੂ ਕਾਰਜਾਂ ਦੀ ਖਾਨਾਪੂਰਤੀ ਲਈ ਹੀ ਕੰਮ ਕਰਦੀਆਂ ਸਨ, ਜਿਸ ਦਾ ਸੂਬਾ ਵਾਸੀਆਂ ਨੂੰ ਬਹੁਤ ਵੱਡਾ ਖ਼ਾਮਿਆਜ਼ਾ ਭੁਗਤਨਾ ਪੈਂਦਾ ਸੀ।

ਉਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਗਾਮੀ ਮਾਨਸੂਨ ਤੋਂ ਪਹਿਲਾਂ-ਪਹਿਲਾਂ ਹੜ੍ਹਾਂ ਦੀ ਰੋਕਥਾਮ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੇ ਵਰੇ ਆਏ ਹੜ੍ਹਾਂ ਪਿੱਛੋਂ ਵਿਭਾਗ ਦੇ ਦੋ ਸੁਪਰੀਡੈਂਟਿੰਗ ਇੰਜੀਨੀਅਰਾਂ ਦੀ ਅਗਵਾਈ ਹੇਠ ਬਣਾਈ ਗਈ ਵਿਸ਼ੇਸ਼ ਕਮੇਟੀ ਵੱਲੋਂ ਪੰਜਾਬ ਦੇ ਦਰਿਆਵਾਂ 'ਚ ਕੁੱਲ 132 ਸੰਵੇਦਨਸ਼ੀਲ ਥਾਵਾਂ ਦੀ ਸ਼ਨਾਖ਼ਤ ਕੀਤੀ ਗਈ ਹੈ ਅਤੇ ਸਾਰੀਆਂ ਥਾਵਾਂ ਨੂੰ ਜੰਗੀ ਪੱਧਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨਾਂ ਕਿਹਾ ਕਿ ਸੂਬਾ ਸਰਕਾਰ ਹੜ੍ਹ ਵਰਗੇ ਹਲਾਤਾਂ ਦੌਰਾਨ ਲੋਕਾਂ ਦੀ ਜਾਨ ਤੇ ਮਾਲ ਦੀ ਸੁਰੱਖਿਆ ਲਈ ਪੂਰੀ ਤਰਾਂ ਵਚਨਬੱਧ ਹੈ।

ਉਨਾਂ ਅਧਿਕਾਰੀਆ ਨੂੰ ਸਖ਼ਤੀ ਨਾਲ ਕਿਹਾ ਕਿ ਹੜ੍ਹ ਰੋਕੂ ਕੰਮਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ ਅਤੇ ਇਸ ਕੰਮ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਪਿੰਡ ਢੱਕ ਮਜ਼ਾਰਾ ਤੇ ਮੰਡੀ ਵਿਖੇ ਪਾਈਪਾਂ ਰਾਹੀਂ ਖੇਤਾਂ ਤੱਕ ਪਾਣੀ ਪਹੁੰਚਾਉਣ ਦੇ ਕੰਮ ਦਾ ਵੀ ਲਿਆ ਜਾਇਜ਼ਾ

ਕੈਬਨਿਟ ਮੰਤਰੀ ਨੇ ਹਲਕਾ ਬੰਗਾ ਦੇ ਪਿੰਡ ਢੱਕ ਮਜ਼ਾਰਾ ਤੇ ਮੰਡੀ ਵਿਖੇ ਪਾਈਪਾਂ ਰਾਹੀਂ ਖੇਤਾਂ ਨੂੰ ਪਾਣੀ ਦੇਣ ਦੇ ਚੱਲ ਰਹੇ ਕੰਮ ਦਾ ਵੀ ਜਾਇਜ਼ਾ ਲਿਆ। ਉਨਾਂ ਦੱਸਿਆ ਕਿ ਮਾਨ ਸਰਕਾਰ ਵਲੋਂ 1030 ਏਕੜ ਜ਼ਮੀਨ ਨੂੰ ਪਾਈਪਲਾਈਨ ਰਾਹੀਂ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ ਜਦਕਿ ਪਹਿਲਾਂ ਸਿਰਫ਼ 33 ਏਕੜ ਨੂੰ ਹੀ ਪਾਣੀ ਦਿੱਤਾ ਜਾ ਰਿਹਾ ਸੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਡੀ ਸਰਕਾਰ ਵਲੋਂ ਲੋਕਾਂ ਨੂੰ ਲੋੜੀਂਦੀ ਮਾਤਰਾ ਵਿੱਚ ਨਹਿਰੀ ਪਾਣੀ ਮੁਹੱਈਆ ਕਰਵਾਕੇ ਸੋਕੇ ਤੋਂ ਬਚਾਉਣ ਲਈ ਔੜ ਹੈਡਵਰਕਸ ਉਤੇ ਸੰਜੀਦੇ ਉਪਰਾਲੇ ਕੀਤੇ ਗਏ ਹਨ ਅਤੇ ਇਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨਾਂ ਦੱਸਿਆ ਕਿ ਨਵਾਂ ਸ਼ਹਿਰ ਬਰਾਂਚ 'ਤੇ ਮੌਜੂਦ ਔੜ ਹੈਡ ਉਪਰ ਸਾਲ 2023 ਵਿੱਚ ਗੇਟ ਗੇਅਰਿੰਗ ਸਿਸਟਮ ਇੰਸਟਾਲ ਕੀਤਾ ਗਿਆ ਸੀ ਜਿਸ ਉਪਰੰਤ ਅਪਰਾ ਰਜਵਾਹਾ, ਲਸਾੜਾ ਰਜਵਾਹਾ ਅਤੇ ਬਖਲੌਰ ਡਿੱਚ ਨੂੰ ਲੋੜ ਅਨੁਸਾਰ ਪੂਰਾ ਪਾਣੀ ਮਿਲਣਾ ਸ਼ੁਰੂ ਹੋਇਆ। ਹੁਣ ਬਖਲੌਰ ਡਿੱਚ ਦੀ ਟੇਲ ਐਂਡ 'ਤੇ ਪਾਣੀ ਦੀ ਕੁਸ਼ਲ ਵਰਤੋਂ ਨੂੰ ਯਕੀਨੀ ਬਣਾਉਣ ਲਈ ਟੇਲ ਫਰੰਟ ਅਤੇ ਟੇਲ ਲੈਫਟ ਦੇ ਖੇਤਾਂ ਵਿੱਚ ਕੁੱਲ 16,829 ਫੁੱਟ ਦੀ ਪਾਈਪਲਾਈਨ ਪਾਈ ਜਾ ਰਹੀ ਹੈ। ਇਸ ਨਾਲ ਸਿੰਚਾਈ ਅਧੀਨ ਰਕਬਾ ਮੌਜੂਦਾ 33 ਏਕੜ ਤੋਂ ਵਧ ਕੇ 1,030 ਏਕੜ ਤੱਕ ਵਧੇਗਾ। ਇਸ ਪ੍ਰਾਜੈਕਟ ਦੇ ਪੂਰਾ ਹੋਣ ਨਾਲ ਤਹਿਸੀਲ ਫਿਲੌਰ ਦੇ ਪਿੰਡ ਮੰਡੀ ਅਤੇ ਢੱਕ ਮਜ਼ਾਰਾ ਨੂੰ ਨਹਿਰੀ ਪਾਣੀ ਦੀ ਸੁਚਾਰੂ ਸਪਲਾਈ ਮਿਲ ਸਕੇਗੀ। ਉਨਾਂ ਦੱਸਿਆ ਕਿ ਸਰਕਾਰ ਦੇ ਇਨਾਂ ਯਤਨਾਂ ਸਦਕਾ ਹੁਣ ਇਸ ਹੈਡ ਵਰਕਸ ਤੋਂ ਕਿਤੇ ਪਾਣੀ ਨਾਲ ਨੁਕਸਾਨ ਨਹੀਂ ਹੁੰਦਾ ਅਤੇ ਨਾ ਹੀ ਕਿਤੇ ਸੋਕਾ ਪੈਂਦਾ ਹੈ। ਉਨਾਂ ਇਹ ਵੀ ਦੱਸਿਆ ਕਿ ਅਪਰਾ ਸੈਕਸ਼ਨ ਤੋਂ ਪਹਿਲਾਂ 7000 ਏਕੜ ਨੂੰ ਪਾਣੀ ਲੱਗਦਾ ਸੀ ਪਰ ਹੁਣ 20,000 ਏਕੜ ਨੂੰ ਪਾਣੀ ਮਿਲੇਗਾ।

# ਮਾਨ ਸਰਕਾਰ ਜੀ.ਐਸ.ਟੀ. ਕਾਨੂੰਨਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਵਚਨਬੱਧ : ਚੀਮਾ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਲੋਹਾ ਅਤੇ ਸਟੀਲ ਸੈਕਟਰ ਵਿੱਚ ਟੈਕਸ ਚੋਰੀ ਵਿਰੁੱਧ ਵੱਡੀ ਕਾਰਵਾਈ ਦਾ ਐਲਾਨ ਕਰਦਿਆਂ, ਪੰਜਾਬ ਦੇ ਵਿੱਤ ਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਕਿਹਾ ਕਿ ਸੂਬੇ ਦੇ ਕਰ ਵਿਭਾਗ ਨੇ 200 ਤੋਂ ਵੱਧ ਵਾਹਨਾਂ ਨੂੰ ਕਬਜ਼ੇ ਵਿੱਚ ਲਿਆ ਹੈ ਅਤੇ ਲਗਭਗ 5 ਕਰੋੜ ਰੁਪਏ ਦੀ ਮਾਰਕੀਟ ਕੀਮਤ ਦਾ ਮਾਲ ਜ਼ਬਤ ਕੀਤਾ ਹੈ। ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਵੱਡੀ ਇਨਫੋਰਸਮੈਂਟ ਮੁਹਿੰਮ ਦਾ ਨਿਸ਼ਾਨਾ ਜਾਅਲੀ ਬਿਲਿੰਗ ਅਤੇ ਬਿਨਾਂ ਸਹੀ ਦਸਤਾਵੇਜ਼ਾਂ ਦੇ ਮਾਲ ਦੀ ਢੋਆ-ਢੁਆਈ ਨੂੰ ਰੋਕਣਾ ਹੈ, ਜਿਸ ਵਿੱਚ ਉਲੰਘਣਾ ਕਰਨ ਵਾਲਿਆਂ 'ਤੇ 3 ਕਰੋੜ ਰੁਪਏ ਤੋਂ ਵੱਧ ਦਾ ਜੁਰਮਾਨਾ ਲੱਗਣ ਦੀ ਸੰਭਾਵਨਾ ਹੈ।

ਆਪ੍ਰੇਸ਼ਨ ਦੇ ਵੇਰਵੇ ਦਿੰਦਿਆਂ, ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕਰ ਵਿਭਾਗ ਦੀ ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟ ਨੇ ਅੱਜ ਇੱਕ ਵੱਡੀ ਇਨਫੋਰਸਮੈਂਟ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ। ਉਨਾਂ ਕਿਹਾ, "ਇਹ ਰਣਨੀਤਕ ਕਾਰਵਾਈ ਮੁੱਖ ਤੌਰ 'ਤੇ ਮੰਡੀ ਗੋਬਿੰਦਗੜ੍ਹ, ਖੰਨਾ ਅਤੇ ਆਸ-ਪਾਸ ਦੇ ਇਲਾਕਿਆਂ ਸਮੇਤ ਪ੍ਰਮੁੱਖ ਲੋਹਾ ਤੇ ਸਟੀਲ ਬੈਲਟ 'ਤੇ ਕੇਂਦਰਿਤ ਸੀ। ਇਸ ਮੁਹਿੰਮ ਦਾ ਮੁੱਖ ਉਦੇਸ਼ ਬਿਨਾਂ ਜਾਇਜ਼ ਦਸਤਾਵੇਜ਼ਾਂ ਦੇ ਮਾਲ ਦੀ ਢੋਆ-ਢੁਆਈ ਅਤੇ ਜਾਅਲੀ ਬਿਲਿੰਗ ਦੀ ਗੈਰ-ਕਾਨੂੰਨੀ ਵਰਤੋਂ ਰਾਹੀਂ ਹੋ ਰਹੀ ਟੈਕਸ ਚੋਰੀ ਨੂੰ ਸਖ਼ਤੀ ਨਾਲ ਠੱਲ



ਪਾਉਣਾ ਸੀ।

ਫੜੇ ਗਏ ਮਾਲ ਦੇ ਪੱਧਰ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਵਿੱਤ ਮੰਤਰੀ ਨੇ ਖੁਲਾਸਾ ਕੀਤਾ, "ਇਸ ਵਿਸ਼ੇਸ਼ ਕਾਰਵਾਈ ਦੌਰਾਨ ਬਾਰੀਕੀ ਨਾਲ ਜਾਂਚ ਕਰਨ ਲਈ ਲੋਹੇ ਦੇ ਸਕ੍ਰੈਪ ਅਤੇ ਤਿਆਰ ਸਟੀਲ ਦੇ ਮਾਲ ਦੀ ਢੋਆ-ਢੁਆਈ ਕਰਨ ਵਾਲੇ 200 ਤੋਂ ਵੱਧ ਵਾਹਨਾਂ ਨੂੰ ਰੋਕਿਆ ਗਿਆ। ਇਸ ਕਾਰਵਾਈ ਵਿੱਚ ਸ਼ਾਮਲ ਮਾਲ ਦੀ ਕੁੱਲ ਮਾਤਰਾ 1,600 ਮੀਟ੍ਰਿਕ ਟਨ ਤੋਂ ਵੱਧ ਹੋਣ ਦਾ ਅਨੁਮਾਨ ਹੈ, ਜਿਸ ਦੀ ਮਾਰਕੀਟ ਕੀਮਤ ਲਗਭਗ 5 ਕਰੋੜ ਰੁਪਏ ਹੈ। ਮੁੱਢਲੀ ਜਾਂਚ ਤੋਂ ਸਪੱਸ਼ਟ ਸੰਕੇਤ ਮਿਲਦਾ ਹੈ ਕਿ ਕਈ ਖੇਪਾਂ ਜਾਂ ਤਾਂ ਬਿਨਾਂ ਸਹੀ ਇਨਵਾਇਸ ਅਤੇ ਈ-ਵੇਅ ਬਿੱਲਾਂ ਦੇ ਲਿਜਾਈਆਂ ਜਾ ਰਹੀਆਂ ਸਨ ਜਾਂ ਉਨਾਂ ਨਾਲ ਸ਼ੱਕੀ ਜਾਅਲੀ ਦਸਤਾਵੇਜ਼ ਲਗਾਏ ਗਏ ਸਨ।

ਵਿਭਾਗ ਦੀਆਂ ਅਗਲੀਆਂ ਕਾਰਵਾਈਆਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਉਨਾਂ ਕਿਹਾ, "ਜੀ.ਐਸ.ਟੀ. ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਡਿਫਾਲਟਰਾਂ ਵਿਰੁੱਧ ਅਧਿਕਾਰਤ ਤੌਰ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸਦੇ ਨਤੀਜੇ ਵਜੋਂ ਲੱਗਣ ਵਾਲਾ ਜੁਰਮਾਨਾ 3 ਕਰੋੜ ਰੁਪਏ ਤੋਂ ਪਾਰ ਜਾਣ ਦੀ ਉਮੀਦ ਹੈ, ਜੋ ਕਿ ਵਿਸਤ੍ਰਿਤ ਪੜਤਾਲ ਅਤੇ ਫੈਸਲੇ 'ਤੇ ਨਿਰਭਰ ਕਰੇਗਾ। ਸਰਕਾਰੀ ਖਜ਼ਾਨੇ ਦੀ ਰਾਖੀ ਨੂੰ ਯਕੀਨੀ ਬਣਾਉਣ ਲਈ ਵਿੱਤ ਮੰਤਰੀ ਨੇ ਅੱਗੇ ਕਿਹਾ, "ਇਨਫੋਰਸਮੈਂਟ ਟੀਮਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਹੈ ਕਿ ਉਹ ਸਰਕਾਰੀ ਮਾਲੀਏ ਨੂੰ ਸੁਰੱਖਿਅਤ ਰੱਖਣ ਲਈ ਬਕਾਇਆ ਟੈਕਸ ਅਤੇ ਜੁਰਮਾਨੇ ਦੀ ਤੁਰੰਤ ਵਸੂਲੀ ਸਮੇਤ ਤੇਜ਼ੀ ਨਾਲ ਜਾਂਚ ਕਰਨ ਅਤੇ ਫੌਰੀ ਤੌਰ ਤੇ ਅਗਲੀ ਕਾਰਵਾਈ ਨੂੰ ਅੰਜਾਮ ਦੇਣ।

ਵਿੱਤ ਮੰਤਰੀ ਨੇ ਟੈਕਸ ਚੋਰਾਂ ਨੂੰ ਆਪਣੀ ਮਰਜ਼ੀ ਨਾਲ ਕਾਨੂੰਨ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਅਤੇ ਚੇਤਾਵਨੀ ਦਿੱਤੀ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨਾਂ ਨੂੰ ਸਖ਼ਤ ਜੁਰਮਾਨੇ ਅਤੇ ਕਾਨੂੰਨੀ ਨਤੀਜੇ ਭੁਗਤਣੇ ਪੈਣਗੇ। ਉਨਾਂ ਕਿਹਾ ਕਿ ਕਰ ਵਿਭਾਗ ਟੈਕਸ ਚੋਰੀ ਵਿਰੁੱਧ ਫੈਸਲਾਕੁੰਨ ਕਾਰਵਾਈ ਕਰਦੇ ਹੋਏ ਇਮਾਨਦਾਰ ਟੈਕਸਦਾਤਾਵਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰੇਗਾ ਅਤੇ ਇੱਕ ਨਿਰਪੱਖ ਤੇ ਪਾਰਦਰਸ਼ੀ ਟੈਕਸ ਪ੍ਰਣਾਲੀ ਕਾਇਮ ਰੱਖੇਗਾ।

# ਸੰਜੀਵ ਅਰੋੜਾ ਨੇ ਮਾਨਸੂਨ ਤੋਂ ਪਹਿਲਾਂ ਸੀਵਰੇਜ ਦੀ ਸਮੇਂ ਸਿਰ ਸਫ਼ਾਈ, ਸਖ਼ਤ ਨਿਗਰਾਨੀ ਤੇ ਰਿਪੋਰਟਿੰਗ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਸਾਰੇ ਨਗਰ ਨਿਗਮ ਕਮਿਸ਼ਨਰਾਂ ਤੇ ਵਧੀਕ ਡਿਪਟੀ ਕਮਿਸ਼ਨਰਾਂ (ਜੀ ਐਂਡ ਯੂਡੀ) ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਸੀਵਰੇਜ ਸਿਸਟਮ ਦੀ ਸਮੇਂ ਸਿਰ ਅਤੇ ਯੋਜਨਾਬੱਧ ਢੰਗ ਨਾਲ ਸਫਾਈ ਕਰਨਾ ਅਤੇ ਗਾਰ ਕੱਢਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੌਨਸੂਨ ਸੀਜ਼ਨ ਤੋਂ ਪਹਿਲਾਂ ਤਿਆਰੀਆਂ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਸੁਚੱਜੇ ਢੰਗ ਨਾਲ ਗਾਰ ਨਾ ਕੱਢਣ ਦੇ ਨਤੀਜੇ ਵਜੋਂ ਸ਼ਹਿਰੀ ਖੇਤਰਾਂ ਵਿੱਚ ਪਾਣੀ ਭਰ ਜਾਂਦਾ ਹੈ, ਸੀਵਰ ਓਵਰਫਲੋਅ ਹੋ ਜਾਂਦਾ ਹੈ, ਆਵਾਜਾਈ ਵਿੱਚ ਰੁਕਾਵਟ ਪੈ ਜਾਂਦੀ ਹੈ ਤੇ ਲੋਕਾਂ ਨੂੰ ਭਾਰੀ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨਾਂ ਕਿਹਾ ਕਿ ਅਜਿਹੀਆਂ ਸਥਿਤੀਆਂ ਤੋਂ ਬਚਣ ਤੇ ਡਰੇਨੇਜ ਪ੍ਰਣਾਲੀਆਂ ਦੀ ਸੁਚਾਰੂ ਕਾਰਜਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਸਰਗਰਮ ਉਪਾਅ ਕੀਤੇ ਜਾਣੇ ਚਾਹੀਦੇ ਹਨ।

ਸੰਜੀਵ ਅਰੋੜਾ ਨੇ ਦੱਸਿਆ ਕਿ ਸੀਵਰ ਦੀ ਸਫਾਈ ਅਤੇ ਗਾਰ ਕੱਢਣ ਲਈ ਪਹਿਲਾਂ ਹੀ ਠੇਕੇ ਦਿੱਤੇ ਜਾ ਚੁੱਕੇ ਹਨ ਤੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਕੰਮ ਤੁਰੰਤ ਸ਼ੁਰੂ ਕਰਨ ਤੇ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਹਨਾਂ ਕਾਰਜਾਂ ਨੂੰ ਮੁਕੰਮਲ ਕਰਨ। ਉਨਾਂ ਨੇ ਨੀਵੇਂ ਅਤੇ ਸੇਮ ਵਾਲੇ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਵੀ ਦਿੱਤੇ। ਸੀਵਰ ਵਿੱਚੋਂ ਸਮੇਂ ਸਿਰ ਗਾਰ ਕੱਢਣ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਮੀਂਹ ਦੇ ਪਾਣੀ ਦੇ ਨਿਰਵਿਘਨ ਵਹਾਅ ਨੂੰ ਯਕੀਨੀ ਬਣਾਉਂਦਾ ਹੈ, ਭਾਰੀ ਬਾਰਿਸ਼ ਦੌਰਾਨ ਪਾਣੀ ਭਰਨ ਦੇ ਜੋਖਮ ਨੂੰ ਕਾਫ਼ੀ ਹੱਦ ਤੱਕ ਘਟਾਉਂਦਾ ਹੈ ਅਤੇ ਸੀਵਰ ਲਾਈਨਾਂ ਦੇ ਓਵਰਫਲੋ ਨੂੰ ਰੋਕਦਾ ਹੈ, ਜਿਸ ਨਾਲ ਸ਼ਹਿਰਾਂ ਵਿੱਚ ਸਫਾਈ ਬਣੀ ਰਹਿੰਦੀ ਹੈ। ਇਹ ਡੇਂਗੂ, ਮਲੇਰੀਆ ਅਤੇ ਹੈਜ਼ਾ ਵਰਗੀਆਂ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਘਟਾਉਣ ਵਿੱਚ ਵੀ ਮਦਦ ਕਰਦਾ ਹੈ।

ਸੀਵਰੇਜ ਦੀ ਸਫਾਈ ਨਾਲ ਇਸਦੇ ਬੁਨਿਆਦੀ ਢਾਂਚੇ ਦੀ ਸਮੁੱਚੀ ਕੁਸ਼ਲਤਾ ਲੰਬੇ ਸਮੇਂ ਤੱਕ ਬਰਕਰਾਰ ਰਹਿੰਦੀ ਹੈ। ਇਸ ਨਾਲ ਸੜਕਾਂ ਅਤੇ ਜਨਤਕ ਸੰਪਤੀ ਨੂੰ ਖੜ੍ਹੇ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ। ਇਹ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਂਦਾ ਹੈ ਅਤੇ ਬਾਰਸ਼ ਦੌਰਾਨ ਪੈਦਾ ਹੋਣ ਵਾਲੀ ਅਸੁਵਿਧਾ ਨੂੰ ਦੂਰ ਕਰਦਾ ਹੈ। ਇਸ ਨਾਲ ਸ਼ਹਿਰਾਂ, ਖ਼ਾਸ ਕਰਕੇ ਸੰਘਣੀ ਆਬਾਦੀ ਵਾਲੇ ਸ਼ਹਿਰੀ ਖੇਤਰਾਂ, ਵਿੱਚ ਬਿਹਤਰ ਜਨਤਕ ਸਿਹਤ ਅਤੇ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾ ਸਕਦਾ ਹੈ। ਸਫਾਈ ਸਬੰਧੀ ਸਮੱਸਿਆਵਾਂ ਦੇ ਅਗਾਊਂ ਨਿਪਟਾਰੇ ਰਾਹੀਂ ਐਮਰਜੈਂਸੀ ਰੱਖ-ਰਖਾਅ ਦੇ ਖਰਚਿਆਂ ਨੂੰ ਵੀ ਘਟਾਇਆ ਜਾ ਸਕਦਾ ਹੈ। ਸੂਬੇ ਦੇ ਨਾਗਰਿਕਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ ਸਾਰੇ ਵਿਭਾਗਾਂ ਨੂੰ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਗਾਮੀ ਮਾਨਸੂਨ ਸੀਜ਼ਨ ਦੌਰਾਨ ਪੰਜਾਬ ਦੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਮਜ਼ਦੂਰ ਦਿਵਸ ਮੌਕੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਣਾ ਇੱਕ ਇਤਿਹਾਸਕ ਕਦਮ : ਸੌਂਦ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮਜ਼ਦੂਰ ਦਿਵਸ ਦੀ ਪੂਰਵ ਸੰਧਿਆ ਮੌਕੇ ਸੂਬੇ ਭਰ ਦੇ ਮਜ਼ਦੂਰਾਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਤੇ ਉਨਾਂ ਦੀ ਭਲਾਈ, ਮਾਣ-ਸਨਮਾਨ ਤੇ ਸਮਾਜਿਕ-ਆਰਥਿਕ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਇਆ। ਕਿਰਤ ਮੰਤਰੀ ਸੌਂਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਦੀ ਸ਼ਲਾਘਾ ਕੀਤੀ ਅਤੇ ਮਜ਼ਦੂਰ ਦਿਵਸ ਨੂੰ ਸਮਰਪਿਤ 1 ਮਈ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਇਸ ਨੂੰ ਇੱਕ ਇਤਿਹਾਸਕ ਤੇ ਮਜ਼ਦੂਰ ਪੱਖੀ ਪਹਿਲ ਦੱਸਦਿਆਂ ਉਨਾਂ ਦਾ ਦਿਲੋਂ ਧੰਨਵਾਦ ਕੀਤਾ।



ਮਜ਼ਦੂਰਾਂ ਬਾਰੇ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਰਾਹੀਂ ਰਜਿਸਟਰਡ ਉਸਾਰੀ ਕਾਮਿਆਂ ਲਈ ਕਈ ਤਰਾਂ ਦੀਆਂ ਯੋਜਨਾਵਾਂ ਲਾਗੂ ਕਰ ਰਹੀ ਹੈ। ਇਨਾਂ ਯੋਜਨਾਵਾਂ ਵਿੱਚ ਵਜ਼ੀਫ਼ਾ, ਸ਼ਗਨ, ਐਕਸ-ਗ੍ਰੇਸ਼ੀਆ ਸਹਾਇਤਾ, ਪੈਨਸ਼ਨ, ਜਣੇਪਾ ਲਾਭ, ਡਾਕਟਰੀ ਸਹਾਇਤਾ, ਕਿੱਤਾਮੁਖੀ ਬਿਮਾਰੀਆਂ ਲਈ ਸਹਾਇਤਾ, ਅੰਤਿਮ ਸੰਸਕਾਰ ਸਹਾਇਤਾ, ਸਕਿੱਲ ਅਪਗ੍ਰੇਡੇਸ਼ਨ ਅਤੇ ਕਿੱਤਾਮੁਖੀ ਸਿੱਖਿਆ ਦੇ ਨਾਲ-ਨਾਲ ਕੁਦਰਤੀ ਆਫ਼ਤਾਂ ਦੌਰਾਨ ਵਿੱਤੀ ਸਹਾਇਤਾ ਸ਼ਾਮਲ ਹੈ। ਮਜ਼ਦੂਰਾਂ ਨੂੰ ਸਰਕਾਰੀ ਸਕੀਮਾਂ ਤਹਿਤ 5 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰੇਜ ਵੀ ਪ੍ਰਦਾਨ ਕੀਤਾ ਜਾ ਰਿਹਾ ਹੈ। ਮੰਤਰੀ ਨੇ ਦੱਸਿਆ ਕਿ ਬੀ.ਓ.ਸੀ.ਡਬਲਿਊ. ਬੋਰਡ ਤਹਿਤ ਉਨਾਂ ਦੀ ਸਰਕਾਰ ਦੇ ਕਾਰਜਕਾਲ ਦੌਰਾਨ 1,70,958 ਉਸਾਰੀ ਕਾਮਿਆਂ ਨੂੰ 316 ਕਰੋੜ ਰੁਪਏ ਦੇ ਲਾਭ ਦਿੱਤੇ ਗਏ ਹਨ।

ਪੰਜਾਬ ਕਿਰਤ ਭਲਾਈ ਬੋਰਡ ਵੱਲੋਂ ਉਦਯੋਗਿਕ ਕਾਮਿਆਂ ਲਈ ਵੀ ਕਈ ਭਲਾਈ ਸਕੀਮਾਂ ਦਿੱਤੀਆਂ ਜਾ ਰਹੀਆਂ ਹਨ, ਜਿਨਾਂ 'ਚ ਵਜ਼ੀਫ਼ਾ, ਐਕਸ-ਗ੍ਰੇਸ਼ੀਆ ਤੇ ਅਪੰਗਤਾ ਮੁਆਵਜ਼ਾ, ਜਣੇਪਾ ਲਾਭ, ਡਾਕਟਰੀ ਸਹਾਇਤਾ ਤੇ ਮਜ਼ਦੂਰਾਂ ਦੇ ਪਰਿਵਾਰਾਂ ਲਈ ਵਿੱਤੀ ਸਹਾਇਤਾ ਸ਼ਾਮਲ ਹੈ। ਉਨਾਂ ਅੱਗੇ ਕਿਹਾ ਕਿ ਪੰਜਾਬ ਕਿਰਤ ਭਲਾਈ ਬੋਰਡ ਦੇ 21,243 ਲਾਭਪਾਤਰੀਆਂ ਨੂੰ 51.49 ਕਰੋੜ ਰੁਪਏ ਦੇ ਲਾਭ ਦਿੱਤੇ ਜਾ ਚੁੱਕੇ ਹਨ। ਅਸੰਗਠਿਤ ਕਾਮਿਆਂ ਜਿਵੇਂ ਕਿ ਗਿਗ ਵਰਕਰ, ਗਲੀ ਵਿਕਰੇਤਾ, ਘਰੇਲੂ ਕਾਮੇ, ਛੋਟੇ ਦੁਕਾਨਦਾਰ ਤੇ ਪ੍ਰਵਾਸੀ ਮਜ਼ਦੂਰਾਂ ਦੀ ਭਲਾਈ ਵਾਸਤੇ ਮੰਤਰੀ ਨੇ ਉਨਾਂ ਨੂੰ ਸਮਾਜਿਕ ਸੁਰੱਖਿਆ ਲਾਭ, ਖ਼ਾਸ ਕਰਕੇ ਮੌਤ ਜਾਂ ਅਪੰਗਤਾ ਦੇ ਮਾਮਲਿਆਂ 'ਚ ਪ੍ਰਾਪਤ ਕਰਨ ਲਈ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀਜ਼.) ਰਾਹੀਂ ਈ-ਸ਼੍ਰਮ ਪੋਰਟਲ 'ਤੇ ਰਜਿਸਟਰ ਕਰਨ ਦੀ ਅਪੀਲ ਕੀਤੀ। ਸੌਂਦ ਨੇ ਕਿਹਾ, "ਕਿਰਤ ਸਾਡੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਪੰਜਾਬ ਸਰਕਾਰ ਸੂਬੇ ਦੇ ਹਰੇਕ ਕਾਮੇ ਦੀ ਭਲਾਈ, ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰਾਂ ਵਚਨਬੱਧ ਹੈ।" ਸਰਕਾਰ ਦੀ ਮਜ਼ਦੂਰ ਪੱਖੀ ਪਹੁੰਚ ਦੀ ਪੁਸ਼ਟੀ ਕਰਦਿਆਂ ਕਿਰਤ ਮੰਤਰੀ ਨੇ ਅਜਿਹੇ ਸੂਬੇ ਦੇ ਵਿਕਾਸ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਜਿਸ ਵਿੱਚ ਸਮਾਜ ਦੇ ਹਰੇਕ ਵਰਗ ਲਈ ਪ੍ਰਗਤੀਸ਼ੀਲ, ਸਮਾਵੇਸ਼ੀ ਅਤੇ ਬਰਾਬਰੀ ਦਾ ਦਰਜਾ ਹੋਵੇ।

# 'ਆਪ' ਪੂਰੀ ਤਰ੍ਹਾਂ ਇੱਕਜੁੱਟ, ਸੂਬਾ ਵਾਸੀ ਭਾਜਪਾ ਦੀਆਂ ਸੋੜੀਆਂ ਚਾਲਾਂ ਦਾ ਮੂੰਹ ਤੋੜ ਜਵਾਬ ਦੇਣਗੇ: ਸੰਧਵਾਂ

ਚੰਡੀਗੜ੍ਹ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਦੱਸਿਆ ਕਿ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਨੂੰ ਕਮਜ਼ੋਰ ਕਰਨ ਲਈ ਈਡੀ ਅਤੇ ਹੋਰ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਹੁਣ ਦੇਸ਼ ਦੇ ਲੋਕ ਜਾਗਰੂਕ ਹੋ ਗਏ ਹਨ ਅਤੇ ਸਮਾਂ ਆਉਣ 'ਤੇ ਭਾਜਪਾ ਵੱਲੋਂ ਚਲੀਆਂ ਜਾ ਰਹੀਆਂ "ਸੋੜੀਆਂ ਚਾਲਾਂ" ਦਾ ਢੁਕਵਾਂ ਜਵਾਬ ਦਿੱਤਾ ਜਾਵੇਗਾ।



ਸਪੀਕਰ ਸੰਧਵਾਂ ਨੇ ਅੱਗੇ ਕਿਹਾ ਕਿ ਧਰਮ ਨਿਰਪੱਖ ਸੋਚ ਨੂੰ ਬਰਕਰਾਰ ਰੱਖਣਾ ਸਮੇਂ ਦੀ ਲੋੜ ਹੈ ਤੇ ਦੇਸ਼ ਨੂੰ ਤਰੱਕੀ ਦੇ ਰਾਹ 'ਤੇ ਲਿਜਾਣ ਲਈ ਅਰਵਿੰਦ ਕੇਜਰੀਵਾਲ ਦੇ ਦ੍ਰਿਸ਼ਟੀਕੋਣ ਨੂੰ ਅਪਣਾਉਣ ਦੀ ਲੋੜ ਹੈ।

# ਗੈਂਗਸਟਰਾਂ 'ਤੇ ਵਾਰ ਦੇ 100ਵੇਂ ਦਿਨ 635 ਥਾਵਾਂ ਉੱਤੇ ਛਾਪੇਮਾਰੀ ਦੌਰਾਨ 334 ਕਾਬੂ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਦੇ 100ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 635 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।




100ਵੇਂ ਦਿਨ, ਪੁਲਿਸ ਟੀਮਾਂ ਨੇ 6 ਹਥਿਆਰਾਂ ਸਮੇਤ 334 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 25,352 ਹੋ ਗਈਆਂ। ਇਸ ਤੋਂ ਇਲਾਵਾ 118 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 85 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ / ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ 425ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 109 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨਾਂ ਦੇ ਕਬਜ਼ੇ ਵਿੱਚੋਂ 11.4 ਕਿਲੋ ਹੈਰੋਇਨ, 2.5 ਕਿਲੋ ਅਫੀਮ, 58 ਕਿਲੋ ਭੁੱਕੀ, 115 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 24,010 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 425 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 61,678 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 32 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਮੋਹਿੰਦਰ ਭਗਤ ਵੱਲੋਂ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਦੀ ਮੁਰੰਮਤ ਦਾ ਕੰਮ ਜਲਦੀ ਸ਼ੁਰੂ ਕਰਨ ਲਈ ਅਧਿਕਾਰੀਆਂ ਨਾਲ ਮੀਟਿੰਗ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦਾ ਸਮੁੱਚਾ ਵਿਕਾਸ ਕਰਮ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ਼੍ਰੀ ਮੋਹਿੰਦਰ ਭਗਤ ਨੇ ਅੱਜ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਇਤਿਹਾਸਕ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਦੀ ਰੈਸਟੋਰੇਸ਼ਨ ਦਾ ਕੰਮ ਜਲਦੀ ਕਰਨ ਸਬੰਧੀ ਅਹਿਮ ਮੀਟਿੰਗ ਕੀਤੀ। ਇਸ ਮੌਕੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸੁਮੇਰ ਸਿੰਘ ਗੁਰਜਰ, ਡਾਇਰੈਕਟਰ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਤੇ ਗਰੁੱਪ ਕੈਪਟਨ



ਪ੍ਰਿੰਸੀਪਲ, ਸੈਨਿਕ ਸਕੂਲ ਕਪੂਰਥਲਾ, ਆਈ ਮਨੋਜ ਮੇਨਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਅਧਿਕਾਰੀਆਂ ਵੱਲੋਂ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਦੀ ਮੌਜੂਦਾ ਸਥਿਤੀ, ਰੈਸਟੋਰੇਸ਼ਨ ਯੋਜਨਾ ਅਤੇ ਪ੍ਰੋਜੈਕਟ ਦੀ ਪ੍ਰਗਤੀ ਸਬੰਧੀ ਮੰਤਰੀ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੈਨਿਕ ਸਕੂਲ ਨਾਲ ਸਬੰਧਤ ਪ੍ਰਬੰਧਕੀ ਮੁੱਦਿਆਂ ਅਤੇ ਬਜਟ ਬਾਰੇ ਵੀ ਵਿਸ਼ੇਸ਼ ਚਰਚਾ ਕੀਤੀ ਗਈ। ਇਸ ਮੀਟਿੰਗ ਦੌਰਾਨ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਕਿ ਇਤਿਹਾਸਕ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਦੀ ਰੈਸਟੋਰੇਸ਼ਨ ਦੇ ਕੰਮ ਦੀ ਮੁਕੰਮਲ ਯੋਜਨਾ ਤੁਰੰਤ ਤਿਆਰ ਕੀਤੀ ਜਾਵੇ। ਉਨਾ ਕਿਹਾ ਕਿ ਇਸ ਇਮਾਰਤ ਲਈ ਲੋੜੀਂਦੇ ਫੰਡਾਂ ਦੀ ਸੂਚੀ ਬਣਾ ਕੇ ਜਲਦੀ ਭੇਜੀ ਜਾਵੇ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਸਕੂਲ ਦੀ ਰੈਸਟੋਰੇਸ਼ਨ ਲਈ ਲੋੜੀਂਦੇ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨਾ ਕਿਹਾ ਇਸ ਕੰਮ ਲਈ ਲੋਕ ਨਿਰਮਾਣ ਵਿਭਾਗ ਨਾਲ ਤਾਲ-ਮੇਲ ਕਾਰਵਾਈ ਆਰੰਭੀ ਜਾਵੇ। ਉਨਾ ਕਿਹਾ ਕਿ ਕੰਮ ਵਿੱਚ ਢਿੱਲ ਮੱਠ ਕਰਨ ਵਾਲੇ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਮੌਜੂਦ ਅਧਿਕਾਰੀਆਂ ਨੇ ਮੰਤਰੀ ਨੂੰ ਹਰ ਕੰਮ ਸਮੇਂ ਸਿਰ ਮੁਕੰਮਲ ਕਰਨ ਅਤੇ ਲੋੜੀਂਦੀ ਕਾਰਵਾਈ ਤੁਰੰਤ ਆਰੰਭ ਕਰਨ ਦਾ ਵਿਸ਼ਵਾਸ ਜਤਾਇਆ।

# ਡਾ. ਬਲਜੀਤ ਕੌਰ ਵੱਲੋਂ ਮਲੋਟ ਵਿਖੇ 12 ਕਰੋੜ ਦੀ ਲਾਗਤ ਨਾਲ ਨਵੀਂ ਪਾਈਪ ਲਾਈਨ ਪ੍ਰੋਜੈਕਟ ਦੀ ਸ਼ੁਰੂਆਤ

ਮਲੋਟ/ਸ੍ਰੀ ਮੁਕਤਸਰ ਸਾਹਿਬ, 30 ਅਪ੍ਰੈਲ (ਐਚ.ਐਸ. ਕਪੂਰ): ਲੋਕਾਂ ਨੂੰ ਪੀਣਯੋਗ ਪਾਣੀ ਪਹੁੰਚਾਉਣ ਲਈ ਪੂਰੀ ਤਰਾਂ ਵਚਨਬੱਧ ਹੈ। ਉਨਾਂ ਕਿਹਾ, "ਮਲੋਟ



ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਅਮਲੀ ਜਾਮਾ ਪਾਉਂਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਸ਼ਹਿਰ ਲਈ 12 ਕਰੋੜ ਰੁਪਏ ਦੀ ਲਾਗਤ ਨਾਲ ਸਰਹੱਦ ਫੀਡਰ ਨਹਿਰ ਤੋਂ ਮਲੋਟ ਵਾਟਰ ਵਰਕਸ ਤੱਕ ਕਰੀਬ 8.5 ਕਿਲੋਮੀਟਰ ਲੰਬੀ ਨਵੀਂ ਪਾਈਪ ਲਾਈਨ ਪਾਉਣ ਦੇ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਨਾਗਰਿਕ ਤੱਕ ਸਾਫ ਅਤੇ ਸੁਰੱਖਿਅਤ ਦੇ ਹਰ ਘਰ ਤੱਕ ਸਾਫ ਪਾਣੀ ਪਹੁੰਚਾਉਣਾ ਸਾਡੀ ਸਰਕਾਰ ਦੀ ਪ੍ਰਾਥਮਿਕਤਾ ਹੈ।" ਉਨਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਦੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਪਾਣੀ ਵਰਗੀ ਜ਼ਰੂਰੀ ਸਹੂਲਤ ਲਈ ਕਿਸੇ ਤਰਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮਲੋਟ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਦੇ ਸਥਾਈ ਹੱਲ ਲਈ ਕੁੱਲ ਕਰੀਬ 25 ਕਰੋੜ ਰੁਪਏ ਦੇ ਪ੍ਰੋਜੈਕਟ ਲਾਗੂ ਕੀਤੇ ਜਾ ਰਹੇ ਹਨ। ਉਨਾਂ ਵਿਸ਼ਵਾਸ ਜਤਾਇਆ ਕਿ ਚੱਲ ਰਹੇ ਕੰਮਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਕੇ ਇੱਕ ਸਾਲ ਦੇ ਅੰਦਰ-ਅੰਦਰ ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਨਾ ਸਿਰਫ਼ ਲੋਕਾਂ ਨੂੰ ਰੋਜ਼ਾਨਾ ਦੀ ਪਾਣੀ ਦੀ ਕਮੀ ਤੋਂ ਵੱਡੀ ਰਾਹਤ ਮਿਲੇਗੀ, ਸਗੋਂ ਸਿਹਤ ਤੇ ਜੀਵਨ ਮਿਆਰ ਵਿੱਚ ਵੀ ਮਹੱਤਵਪੂਰਨ ਸੁਧਾਰ ਆਵੇਗਾ। "ਸਾਫ ਪਾਣੀ ਹਰ ਨਾਗਰਿਕ ਦਾ ਬੁਨਿਆਦੀ ਅਧਿਕਾਰ ਹੈ ਤੇ ਪੰਜਾਬ ਸਰਕਾਰ ਇਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਰਾਂ ਸੰਕਲਪਬੱਧ ਹੈ," ਉਨਾਂ ਕਿਹਾ।

ਉਨਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰਕਾਰ ਦੀਆਂ ਵੱਖ-ਵੱਖ ਲੋਕ-ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਯੋਗ ਵਿਅਕਤੀ ਤੱਕ ਇਸਦਾ ਲਾਭ ਪਹੁੰਚ ਸਕੇ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਈ ਜਾ ਸਕੇ। ਅੰਤ ਵਿੱਚ, ਇਸ ਮੌਕੇ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਦਿਖਾਈ ਦਿੱਤੀ ਅਤੇ ਉਨਾਂ ਨੇ ਸਰਕਾਰ ਦੇ ਇਸ ਉਪਰਾਲੇ ਦਾ ਤਹਿ ਦਿਲੋਂ ਸਵਾਗਤ ਕੀਤਾ।

# ਅਕਾਲੀ ਦਲ ਦਾ ਦੋਹਰਾ ਚਿਹਰਾ ਉਜਾਗਰ, ਕਾਨੂੰਨ-ਵਿਵਸਥਾ 'ਤੇ ਸਵਾਲ ਚੁੱਕਣ ਵਾਲੇ ਖ਼ੁਦ ਅਪਰਾਧੀਆਂ ਦੇ ਮਦਦਗਾਰ: ਪੰਨੂ

ਚੰਡੀਗੜ੍ਹ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਜੋ ਅਕਾਲੀ ਦਲ ਅੱਜ ਸੂਬੇ ਦੀ ਕਾਨੂੰਨ-ਵਿਵਸਥਾ 'ਤੇ ਮਗਰਮੱਛ ਦੇ ਹੰਝੂ ਵਹਾ ਰਿਹਾ ਹੈ, ਅਸਲ ਵਿੱਚ ਉਹੀ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਸਿਆਸੀ ਸਰਪ੍ਰਸਤੀ ਦੇਣ ਵਿੱਚ ਸਭ ਤੋਂ ਅੱਗੇ ਰਿਹਾ ਹੈ। ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਅਕਾਲੀ ਦਲ ਦੀ ਹਾਲਤ ਇਹ ਹੈ ਕਿ ਇੱਕ ਪਾਸੇ ਉਹ ਸ਼ਾਂਤੀ ਦੀਆਂ ਗੱਲਾਂ ਕਰਦੇ ਹਨ ਅਤੇ ਦੂਜੇ ਪਾਸੇ ਇੱਕ ਬਦਨਾਮ ਗੈਂਗਸਟਰ ਦੀ ਪਤਨੀ ਨੂੰ 'ਹਲਕਾ ਇੰਚਾਰਜ' ਬਣਾ ਕੇ ਉਸ ਨੂੰ ਸਿਆਸੀ ਤਾਕਤ ਸੌਂਪ ਰਹੇ ਹਨ। ਬਲਤੇਜ ਪੰਨੂ ਨੇ ਕਿਹਾ ਕਿ ਅਕਾਲੀ ਦਲ ਨੇ ਸਿਰਫ਼ ਇੱਕ ਥਾਂ ਨਹੀਂ, ਸਗੋਂ ਕਈ ਹੋਰ ਹਲਕਿਆਂ ਵਿੱਚ ਵੀ ਇਸੇ ਤਰ੍ਹਾਂ ਗੈਂਗਸਟਰਾਂ ਦੇ ਕਰੀਬੀਆਂ ਨੂੰ ਮੁੱਖ ਧਾਰਾ ਦੀ ਰਾਜਨੀਤੀ ਵਿੱਚ ਫਿੱਟ ਕਰਨ ਦੀ ਕੋਸ਼ਿਸ਼ ਕੀਤੀ ਹੋਈ ਹੈ। ਉਨ੍ਹਾਂ ਸਵਾਲ ਕੀਤਾ ਕਿ ਕੀ ਅਕਾਲੀ ਦਲ ਕੋਲ ਇਮਾਨਦਾਰ ਵਰਕਰਾਂ ਦੀ ਇੰਨੀ ਕਮੀ ਹੋ ਗਈ ਹੈ ਕਿ ਉਨ੍ਹਾਂ ਨੂੰ ਹੁਣ ਆਪਣੀ ਪਾਰਟੀ ਚਲਾਉਣ ਲਈ ਗੈਂਗਸਟਰਾਂ ਦੇ



ਪਰਿਵਾਰਾਂ ਦਾ ਸਹਾਰਾ ਲੈਣਾ ਪੈ ਰਿਹਾ ਹੈ? ਇਹ ਪੰਜਾਬ ਦੀ ਜਨਤਾ ਨਾਲ ਸਿੱਧਾ ਧੋਖਾ ਹੈ।

ਹਾਲੀਆ ਘਟਨਾਕ੍ਰਮ ਦਾ ਜ਼ਿਕਰ ਕਰਦਿਆਂ ਪੰਨੂ ਨੇ ਦੱਸਿਆ ਕਿ ਕੁਖਿਆਤ ਗੈਂਗਸਟਰ ਗੋਲਡੀ ਬਰਾੜ ਦੇ ਮਾਤਾ-ਪਿਤਾ 'ਤੇ ਫਿਰੌਤੀ (ਐਕਸਟੌਰਸ਼ਨ) ਦੇ ਗੰਭੀਰ ਮਾਮਲੇ ਵਿੱਚ ਪਰਚਾ ਦਰਜ ਕੀਤਾ ਗਿਆ ਸੀ। ਇਸ ਕਾਰਵਾਈ ਖ਼ਿਲਾਫ਼ ਜਦੋਂ ਉਹ ਪੰਜਾਬ ਐਂਡ ਹਰਿਆਣਾ ਹਾਈਕੋਰਟ ਪਹੁੰਚੇ ਤਾਂ ਅਦਾਲਤ ਨੇ ਉਨ੍ਹਾਂ ਦੀ ਪਟੀਸ਼ਨ ਖਾਰਜ ਕਰ ਦਿੱਤੀ। ਹੈਰਾਨੀ ਦੀ ਗੱਲ ਇਹ ਰਹੀ ਕਿ ਅਦਾਲਤ ਵਿੱਚ ਗੋਲਡੀ ਬਰਾੜ ਦੇ ਪਰਿਵਾਰ ਵੱਲੋਂ ਜੋ ਵਕੀਲ ਪੇਸ਼ ਹੋਏ, ਉਹ ਸਿੱਧੇ ਤੌਰ 'ਤੇ ਅਕਾਲੀ ਦਲ ਨਾਲ ਜੁੜੇ ਹੋਏ ਸਨ। ਇਸ ਨਾਲ ਅਕਾਲੀ ਦਲ ਦਾ ਦੋਹਰਾ ਚਿਹਰਾ ਪੂਰੀ ਤਰ੍ਹਾਂ ਨੰਗਾ ਹੋ ਗਿਆ ਹੈ। ਪੰਨੂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਇੱਕ ਪਾਸੇ ਅਕਾਲੀ ਦਲ ਕਾਨੂੰਨ-ਵਿਵਸਥਾ ਨੂੰ ਲੈ ਕੇ ਸਰਕਾਰ ਨੂੰ ਘੇਰਨ ਦਾ ਢੌਂਗ ਕਰਦਾ ਹੈ, ਅਤੇ ਦੂਜੇ ਪਾਸੇ ਉਹੀ ਲੋਕ ਕਾਨੂੰਨ ਤੋੜਨ ਵਾਲਿਆਂ ਅਤੇ ਫਿਰੌਤੀਆਂ ਮੰਗਣ ਵਾਲਿਆਂ ਦੀ ਢਾਲ ਬਣ ਕੇ ਖੜ੍ਹੇ ਹੁੰਦੇ ਹਨ। ਅਪਰਾਧੀਆਂ ਨੂੰ ਪਾਰਟੀ ਵਿੱਚ ਸ਼ਾਮਲ ਕਰਨਾ, ਉਨ੍ਹਾਂ ਨੂੰ ਹਲਕਾ ਇੰਚਾਰਜ ਬਣਾਉਣਾ ਅਤੇ ਉਨ੍ਹਾਂ ਦੇ ਕੇਸਾਂ ਦੀ ਪੈਰਵੀ ਕਰਨਾ ਇਹ ਸਾਬਤ ਕਰਦਾ ਹੈ ਕਿ ਅਕਾਲੀ ਦਲ ਦਾ ਚੋਲਾ ਰਾਜਨੀਤਿਕ ਹੈ ਪਰ ਉਨ੍ਹਾਂ ਦੀ ਹਮਦਰਦੀ ਹਮੇਸ਼ਾ ਗੈਰ-ਸਮਾਜਿਕ ਅਨਸਰਾਂ ਨਾਲ ਰਹੀ ਹੈ। ਪੰਜਾਬ ਦੀ ਜਨਤਾ ਅਕਾਲੀ ਦਲ ਦੇ ਇਸ ਖ਼ੌਫ਼ਨਾਕ ਅਤੇ ਦੋਹਰੇ ਚਿਹਰੇ ਨੂੰ ਪਛਾਣ ਚੁੱਕੀ ਹੈ।

# ਮਾਨ ਨੇ ਅਧਿਕਾਰਤ ਤੌਰ 'ਤੇ ਐਡ. ਘੁੰਮਣ ਭਰਾਵਾਂ ਨੂੰ ਪਾਰਟੀ 'ਚ ਕੀਤਾ ਸ਼ਾਮਲ



ਚੰਡੀਗੜ੍ਹ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਦੀਆਂ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਜਨਹਿਤ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਵੀਰਵਾਰ ਨੂੰ ਜਾਣੇ-ਪਛਾਣੇ ਐਡਵੋਕੇਟ ਜੀ.ਐਸ. ਘੁੰਮਣ ਤੇ ਐਡਵੋਕੇਟ ਜੀ.ਪੀ.ਐਸ. ਘੁੰਮਣ 'ਆਪ' ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਅਧਿਕਾਰਤ ਤੌਰ 'ਤੇ ਦੋਵਾਂ ਭਰਾਵਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕਰਵਾਈ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਵੱਕਾਰੀ ਅਤੇ ਬੁੱਧੀਜੀਵੀ ਵਰਗ ਦਾ 'ਆਪ' ਨਾਲ ਜੁੜਨਾ ਇਸ ਗੱਲ ਦਾ ਸਬੂਤ ਹੈ ਕਿ ਸੂਬਾ ਸਰਕਾਰ ਦੀ 'ਈਮਾਨਦਾਰ ਰਾਜਨੀਤੀ' 'ਤੇ ਜਨਤਾ ਦਾ ਭਰੋਸਾ ਮਜ਼ਬੂਤ ਹੋ ਰਿਹਾ ਹੈ।

ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਘੁੰਮਣ ਬ੍ਰਦਰਜ਼ ਨੇ ਕਿਹਾ ਕਿ ਅਸੀਂ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਜਸ਼ੈਲੀ ਅਤੇ ਸੂਬੇ ਵਿੱਚ ਹੋ ਰਹੇ ਸਕਾਰਾਤਮਕ ਬਦਲਾਵਾਂ ਤੋਂ ਕਾਫ਼ੀ ਪ੍ਰਭਾਵਿਤ ਹਾਂ। ਅਸੀਂ ਪੰਜਾਬ ਦੇ ਵਿਕਾਸ ਅਤੇ ਆਮ ਆਦਮੀ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਾਂਗੇ।

# ਪੰਚਾਇਤਾਂ, ਧਾਰਮਿਕ ਜਥੇਬੰਦੀਆਂ ਤੇ ਵਿਦਿਅਕ ਸੰਸਥਾਵਾਂ ਪੰਜਾਬੀ ਭਾਸ਼ਾ ਲਿਖਵਾਉਣ ਲਈ ਘਰ-ਘਰ ਮੁਹਿੰਮ ਚਲਾਉਣ : ਪੀਰ ਮੁਹੰਮਦ

ਚੰਡੀਗੜ੍ਹ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਕਰਨੈਲ ਸਿੰਘ ਪੀਰ ਮੁਹੰਮਦ ਨੇ ਦੇਸ਼ 'ਚ ਹੋ ਰਹੀ ਮਰਦਮਸ਼ੁਮਾਰੀ (ਜਨਗਣਨਾ) ਦੇ ਮੱਦੇਨਜ਼ਰ ਸਮੂਹ ਪੰਜਾਬੀ ਜਗਤ ਤੇ ਸਿੱਖ ਕੌਮ ਨੂੰ ਇੱਕ ਬਹੁਤ ਹੀ ਅਹਿਮ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ



ਜਨਗਣਨਾ ਸਾਡੀ ਧਾਰਮਿਕ ਅਤੇ ਭਾਸ਼ਾਈ ਹੋਂਦ ਨੂੰ ਸੰਵਿਧਾਨਕ ਤੌਰ 'ਤੇ ਮਜ਼ਬੂਤ ਕਰਨ ਦਾ ਵੱਡਾ ਮੌਕਾ ਹੈ। ਪੀਰ ਮੁਹੰਮਦ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸਮੂਹ ਸਿੰਘ ਅਤੇ ਕੌਰ ਆਪਣੀ ਧਾਰਮਿਕ ਪਛਾਣ ਪ੍ਰਤੀ ਸੁਚੇਤ ਰਹਿਣ। ਉਨ੍ਹਾਂ ਅਪੀਲ ਕੀਤੀ ਕਿ ਜਨਗਣਨਾ ਦੌਰਾਨ ਜਦੋਂ ਧਰਮ ਬਾਰੇ ਪੁੱਛਿਆ ਜਾਵੇ, ਤਾਂ ਹਰ ਸਿੱਖ ਪਰਿਵਾਰ ਇਹ ਯਕੀਨੀ ਬਣਾਏ ਕਿ ਉਨ੍ਹਾਂ ਦੇ ਧਰਮ ਦੇ ਖਾਨੇ ਵਿੱਚ ਸਪੱਸ਼ਟ ਤੌਰ 'ਤੇ 'ਸਿੱਖ' ਦਰਜ ਕੀਤਾ ਗਿਆ ਹੈ। ਇਹ ਸਾਡੀ ਗਿਣਤੀ ਅਤੇ ਕੌਮੀ ਤਾਕਤ ਨੂੰ ਦਰਸਾਉਣ ਲਈ ਅਤਿ ਲੋੜੀਂਦਾ ਹੈ।

ਪਰਿਵਾਰ ਦੇ ਹਰ ਮੈਂਬਰ, ਚਾਹੇ ਉਹ ਨਵਜੰਮਿਆ ਬੱਚਾ ਹੋਵੇ ਜਾਂ ਬਜ਼ੁਰਗ, ਸਾਰਿਆਂ ਦਾ ਵੇਰਵਾ ਸਿੱਖ ਧਰਮ ਤੇ ਪੰਜਾਬੀ ਮਾਤ-ਭਾਸ਼ਾ ਵਜੋਂ ਹੀ ਦਰਜ ਹੋਣਾ ਚਾਹੀਦਾ ਹੈ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਵਿਦਿਆਰਥੀ ਜਥੇਬੰਦੀਆਂ ਨੂੰ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ ਦਾ ਸੱਦਾ ਦਿੱਤਾ। ਪੀਰ ਮੁਹੰਮਦ ਨੇ ਦੱਸਿਆ ਕਿ ਜਨਗਣਨਾ ਦੇ ਅੰਕੜੇ ਹੀ ਭਵਿੱਖ ਵਿੱਚ ਸਾਡੀਆਂ ਰਾਜਨੀਤਿਕ, ਆਰਥਿਕ ਤੇ ਸੱਭਿਆਚਾਰਕ ਸਹੂਲਤਾਂ ਦਾ ਅਧਾਰ ਬਣਦੇ ਹਨ। ਜੇਕਰ ਅਸੀਂ ਆਪਣੀ ਅਸਲ ਗਿਣਤੀ ਦਰਜ ਕਰਵਾਉਣ ਵਿੱਚ ਅਸਫਲ ਰਹੇ, ਤਾਂ ਇਹ ਸਾਡੀਆਂ ਆਉਣ ਵਾਲੀਆਂ ਨਸਲਾਂ ਦੇ ਹੱਕਾਂ 'ਤੇ ਡਾਕਾ ਮਾਰਨ ਵਾਂਗ ਹੋਵੇਗਾ। "ਆਪਣੀ ਮਾਤ-ਭਾਸ਼ਾ 'ਪੰਜਾਬੀ' ਤੇ ਆਪਣਾ ਧਰਮ 'ਸਿੱਖ' ਲਿਖਵਾਉਣਾ ਸਾਡੀ ਨੈਤਿਕ ਤੇ ਕੌਮੀ ਜ਼ਿੰਮੇਵਾਰੀ ਹੈ। ਆਓ, ਪੂਰੇ ਉਤਸ਼ਾਹ ਨਾਲ ਇਸ ਪ੍ਰਕਿਰਿਆ ਵਿੱਚ ਭਾਗ ਲਈਏ ਤੇ ਆਪਣੀ ਹੋਂਦ ਦਾ ਪ੍ਰਗਟਾਵਾ ਕਰੀਏ।"

# ਸਾਉਣੀ-2026 ਦੌਰਾਨ ਸਿੱਧੀ ਬਿਜਾਈ ਲਈ 40 ਕਰੋੜ ਜਮ੍ਹਾਂ ਕੀਤੇ

ਚੰਡੀਗੜ੍ਹ, 30 ਅਪ੍ਰੈਲ (ਚ.ਨ.ਸ.): ਰਾਜ ਵਿੱਚ ਹਰ ਸਾਲ ਸਾਉਣੀ ਰੁੱਤ ਵਿੱਚ ਲਗਭਗ 32 ਲੱਖ ਹੈਕਟੇਅਰ ਰਕਬੇ ਤੇ ਝੋਨੇ ਦੀ ਕਾਸ਼ਤ ਕੀਤੀ ਜਾਂਦੀ ਹੈ, ਜਿਸ ਨਾਲ ਸੂਬੇ ਵਿੱਚ ਪਾਣੀ ਦਾ ਪੱਧਰ ਬਹੁਤ ਹੀ ਨੀਵਾਂ ਜਾ ਰਿਹਾ ਹੈ। ਪਾਣੀ ਦਾ ਪੱਧਰ ਉੱਚਾ ਚੁੱਕਣ ਲਈ ਮਾਨਯੋਗ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਤੇ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਮੀਨਦੋਜ ਪਾਣੀ ਨੂੰ ਬਚਾਉਣ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਉਪਰਾਲਿਆਂ ਵਿੱਚੋਂ ਰਾਜ ਵਿੱਚ ਝੋਨੇ ਦੀ ਸਿੱਧੀ ਬਿਜਾਈ (DSR) ਨੂੰ ਕਿਸਾਨਾਂ ਵਿੱਚ ਪ੍ਰਚੱਲਿਤ ਕੀਤਾ ਜਾ ਰਿਹਾ ਹੈ, ਜਿਸ ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ 1500 ਰੁ: ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ। ਝੋਨੇ ਦੀ ਸਿੱਧੀ ਬਿਜਾਈ (DSR) ਕਰਨ ਨਾਲ ਲਗਭਗ 10-15% ਪਾਣੀ ਦੀ ਬਚਤ ਹੁੰਦੀ ਹੈ ਅਤੇ ਆਉਣ ਵਾਲੀ ਹਾੜ੍ਹੀ ਦੀ ਫਸਲ ਕਣਕ ਵਿੱਚ 1ਤੋਂ 2 ਕੁਇੰਟਲ ਪ੍ਰਤੀ ਏਕੜ ਝਾੜ ਵਿੱਚ ਵਾਧਾ ਵੀ ਦਰਜ ਕੀਤਾ ਗਿਆ ਹੈ।

ਇਸ ਤੇ ਬੋਲਦਿਆਂ ਡਾਇਰੈਕਟਰ ਖੇਤੀਬਾੜੀ ਪੰਜਾਬ ਨੇ ਦੱਸਿਆ ਹੈ ਕਿ ਸਾਲ 2026-27 ਦੌਰਾਨ ਵੀ ਝੋਨੇ ਦੀ



ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁ: ਪ੍ਰਤੀ ਏਕੜ ਦੇ ਹਿਸਾਬ ਨਾਲ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ। ਸਾਉਣੀ 2026 ਦੌਰਾਨ ਰਾਜ ਵਿੱਚ 5 ਲੱਖ ਏਕੜ ਰਕਬੇ ਵਿੱਚ ਸਿੱਧੀ ਬਿਜਾਈ ਕਰਨ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਇਸ ਮੰਤਵ ਲਈ 40 ਕਰੋੜ ਰੁਪਏ ਦੇ ਉਪਬੰਧ ਕੀਤੇ ਗਏ ਹਨ। ਉਹਨਾਂ ਇਹ ਵੀ ਦੱਸਿਆ ਕਿ ਇਹ ਸਕੀਮ ਸਾਲ 2022-23 ਤੋਂ ਸ਼ੁਰੂ ਕੀਤੀ ਗਈ ਹੈ। ਜਿਸ ਅਧੀਨ ਹੁਣ ਤੱਕ ਲਗਭਗ 85000 ਕਿਸਾਨਾਂ ਨੂੰ ਪ੍ਰੋਤਸਾਹਨ ਰਾਸ਼ੀ ਵੱਜੋਂ 110 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ। ਹਰ ਸਾਲ ਦੀ ਤਰ੍ਹਾਂ DSR ਕਰਨ ਵਾਲੇ ਕਿਸਾਨ ਖੇਤੀਬਾੜੀ ਵਿਭਾਗ ਦੇ DSR ਪੋਰਟਲ ਤੇ ਰਜਿਸਟ੍ਰੇਸ਼ਨ ਕਰਕੇ ਇਸ ਸਕੀਮ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਕਿਸਾਨਾਂ ਦਾ ਸਕੀਮ ਪ੍ਰਤੀ ਭਾਰੀ ਉਤਸਾਹ ਨੂੰ ਦੇਖਦੇ ਹੋਏ ਇਸ ਸਾਲ 1 ਮਈ ਤੋਂ ਹੀ ਪੋਰਟਲ ਤੇ ਕਿਸਾਨਾਂ ਦੀ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਜਾ ਰਹੀ ਹੈ।

ਜੇਕਰ ਕਿਸੇ ਕਿਸਾਨ ਨੂੰ ਰਜਿਸਟ੍ਰੇਸ਼ਨ ਕਰਨ ਵਿੱਚ ਕੋਈ ਮੁਸ਼ਕਿਲ ਆ ਰਹੀ ਹੈ ਤਾਂ ਉਹ ਕਿਸਾਨ ਆਪਣੇ ਜਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਜਾਂ ਉਹਨਾਂ ਦੇ ਪਿੰਡ ਪੱਧਰ ਵਿਖੇ ਤਾਇਨਾਤ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸੁਝਾਅ ਲੈ ਸਕਦੇ ਹਨ।ਖੇਤੀਬਾੜੀ ਵਿਭਾਗ ਵੱਲੋਂ ਸਕੀਮ ਦੇ ਪ੍ਰਤੀ ਕਿਸਾਨਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਹਿੱਤ ਸਮੇਂ-ਸਮੇਂ ਤੇ ਜਿਲ੍ਹਾ ਪੱਧਰੀ, ਬਲਾਕ ਪੱਧਰੀ ਤੇ ਪਿੰਡ ਪੱਧਰੀ ਕੈਂਪ ਲਗਾ ਕੇ ਜਾਣਕਾਰੀ ਮੁਹੱਈਆ ਕਰਵਾਈ ਜਾ ਰਹੀ ਹੈ।

# ਈ.ਟੀ.ਓ. ਵੱਲੋਂ ਸਕੂਲ ਆਫ਼ ਐਮੀਨੈਂਸ ਵਿਖੇ ਨਵੀਨਤਾ ਤੇ ਉਦਮਤਾ ਨੂੰ ਸਮਰਪਿਤ ਸਮਾਗਮ 'ਚ ਸ਼ਿਰਕਤ

ਜੰਡਿਆਲਾ ਗੁਰੂ, 30 ਅਪ੍ਰੈਲ (ਚ.ਨ.ਸ.): ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਸਕੂਲ ਆਫ਼ ਐਮੀਨੈਂਸ ਜੰਡਿਆਲਾ ਗੁਰੂ ਵਿਖੇ ਨਵੀਨਤਾ ਤੇ ਉਦਮਤਾ ਨੂੰ ਸਮਰਪਿਤ ਕਰਵਾਏ ਗਏ ਇੱਕ ਵਿਸ਼ੇਸ਼ ਅਤੇ ਪ੍ਰੇਰਣਾਦਾਇਕ ਸਮਾਗਮ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਬਿਜ਼ਨਸ ਬਲਾਸਟਰ ਪ੍ਰੋਜੈਕਟ ਦਾ ਨਿਰੀਖਣ ਕਰਨ ਦੇ ਨਾਲ ਸਕੂਲ ਵਿੱਚ ਬਣੀ ਆਧੁਨਿਕ ਕੰਪਿਊਟਰ ਲੈਬ ਦਾ ਉਦਘਾਟਨ ਵੀ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨ ਪੀੜ੍ਹੀ ਨੂੰ ਸਿੱਖਿਆ ਦੇ ਨਾਲ-ਨਾਲ ਰੋਜ਼ਗਾਰ-ਕੇਂਦਰਿਤ ਸਵੈ ਨਿਰਭਰ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਵੀਨਤਾ, ਸਿਰਜਨਾਤਮਕ ਸੋਚ ਅਤੇ ਉੱਦਮਤਾ ਵੱਲ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿਰਫ ਪੜ੍ਹਾਈ ਹੀ ਨਹੀਂ, ਸਗੋਂ ਆਪਣੇ ਵਿਚਾਰਾਂ ਨੂੰ ਅਮਲ ਵਿੱਚ ਲਿਆਉਣਾ ਵੀ ਬਹੁਤ ਜ਼ਰੂਰੀ ਹੈ।

ਇਸ ਮੌਕੇ 'ਤੇ ਉਨ੍ਹਾਂ ਨੇ ਬਿਜ਼ਨਸ ਬਲਾਸਟਰ ਸਕੀਮ ਅਧੀਨ ਪ੍ਰਾਪਤ ਰਾਸ਼ੀ ਨੂੰ 11ਵੀਂ ਅਤੇ 12ਵੀਂ ਕਲਾਸ ਦੇ ਆਤਮਨਿਰਭਰ ਪੰਜਾਬ ਦੇ ਨਿਰਮਾਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਦੀ



ਵਿਦਿਆਰਥੀਆਂ ਨੂੰ ਆਪਣੇ ਕਾਰੋਬਾਰੀ ਵਿਚਾਰਾਂ ਨੂੰ ਹਕੀਕਤ ਵਿੱਚ ਤਬਦੀਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਪੜ੍ਹਾਈ ਦੇ ਨਾਲ-ਨਾਲ ਆਪਣੇ ਛੋਟੇ ਉਦਮ ਸਥਾਪਿਤ ਕਰ ਸਕਣ ਤੇ ਆਤਮਨਿਰਭਰ ਬਣ ਸਕਣ। ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਨੌਜਵਾਨਾਂ ਨੂੰ ਨਵੀਂ ਸੋਚ ਵਾਲੀਆਂ ਦਿਸ਼ਾਵਾਂ ਵਿੱਚ ਅੱਗੇ ਵਧਾਉਂਦੇ ਹਨ, ਜੋ ਕਿ ਭੂਮਿਕਾ ਦੀ ਵੀ ਸਰਾਹਨਾ ਕੀਤੀ, ਜਿਨ੍ਹਾਂ ਦੀ ਮਿਹਨਤ ਨਾਲ ਵਿਦਿਆਰਥੀਆਂ ਵਿੱਚ ਨਵੀਆਂ ਸੋਚਾਂ ਨੂੰ ਜਨਮ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਸ ਸਮਾਗਮ ਦੌਰਾਨ ਸਕੂਲ ਪ੍ਰਬੰਧਕ ਅਧਿਕਾਰੀ, ਸਕੂਲ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

## ਸੰਪਾਦਕੀ

# ਐਗਜ਼ਿਟ ਪੋਲ ਦਾ ਅਸਲ ਸੱਚ

ਚੋਣਾਂ ਦਾ ਮੌਸਮ ਆਉਂਦਾ ਹੈ ਤਾਂ ਹਰ ਪਾਸੇ ਇੱਕੋ ਚਰਚਾ ਹੁੰਦੀ ਹੈ – ਐਗਜ਼ਿਟ ਪੋਲ ਕੀ ਕਹਿੰਦੇ ਨੇ ? ਟੀਵੀ ਚੈਨਲਾਂ 'ਤੇ ਵੱਡੇ-ਵੱਡੇ ਅੰਕੜੇ ਫਲੈਸ਼ ਹੁੰਦੇ ਨੇ, ਮਾਹਿਰ ਭਵਿੱਖਬਾਣੀਆਂ ਕਰਦੇ ਨੇ ਅਤੇ ਲੋਕ ਘੰਟਿਆਂ-ਬੱਧੀ ਚਰਚਾ ਕਰਦੇ ਨੇ। ਪਰ ਸਵਾਲ ਇਹ ਉੱਠਦਾ ਹੈ ਕਿ ਇਹ ਐਗਜ਼ਿਟ ਪੋਲ ਆਖ਼ਰ ਕਿੰਨੇ ਸੱਚੇ ਹੁੰਦੇ ਨੇ ? ਐਗਜ਼ਿਟ ਪੋਲ ਉਹ ਸਰਵੇਖਣ ਹੁੰਦਾ ਹੈ ਜੋ ਵੋਟਰਾਂ ਤੋਂ ਵੋਟ ਪਾਉਣ ਤੋਂ ਤੁਰੰਤ ਬਾਅਦ ਕੀਤਾ ਜਾਂਦਾ ਹੈ। ਸਰਵੇਖਣ ਕਰਨ ਵਾਲੇ ਵੋਟਿੰਗ ਕੇਂਦਰਾਂ ਦੇ ਬਾਹਰ ਖੜ੍ਹੇ ਹੋ ਕੇ ਵੋਟਰਾਂ ਤੋਂ ਪੁੱਛਦੇ ਨੇ ਕਿ ਉਨ੍ਹਾਂ ਨੇ ਕਿਸ ਉਮੀਦਵਾਰ ਜਾਂ ਪਾਰਟੀ ਨੂੰ ਵੋਟ ਦਿੱਤੀ। ਇਸ ਜਾਣਕਾਰੀ ਦੇ ਆਧਾਰ 'ਤੇ ਨਤੀਜਿਆਂ ਦਾ ਅੰਦਾਜ਼ਾ ਲਾਇਆ ਜਾਂਦਾ ਹੈ। ਇਹ ਪ੍ਰਕਿਰਿਆ ਭਾਰਤ ਵਿੱਚ 1980ਵਿਆਂ ਤੋਂ ਚੱਲ ਰਹੀ ਹੈ ਅਤੇ ਅੱਜ ਇਹ ਹਰ ਵੱਡੀ ਚੋਣ ਦਾ ਅਹਿਮ ਹਿੱਸਾ ਬਣ ਚੁੱਕੀ ਹੈ। ਐਗਜ਼ਿਟ ਪੋਲ ਦੀ ਸ਼ੁੱਧਤਾ ਕਈ ਵੱਡੇ ਸਵਾਲ ਖੜ੍ਹੇ ਕਰਦੀ ਹੈ। 2004 ਵਿੱਚ ਲਗਭਗ ਸਾਰੇ ਐਗਜ਼ਿਟ ਪੋਲਾਂ ਨੇ ਅਟਲ ਬਿਹਾਰੀ ਵਾਜਪਾਈ ਦੀ ਸਰਕਾਰ ਦੀ ਵਾਪਸੀ ਦੀ ਭਵਿੱਖਬਾਣੀ ਕੀਤੀ, ਪਰ ਅਸਲ ਨਤੀਜਿਆਂ ਵਿੱਚ ਕਾਂਗਰਸ ਜਿੱਤ ਗਈ। 2015 ਵਿੱਚ ਬਿਹਾਰ ਵਿਧਾਨ ਸਭਾ ਚੋਣਾਂ ਵੇਲੇ ਵੀ ਐਗਜ਼ਿਟ ਪੋਲ ਭਾਜਪਾ ਗੱਠਜੋੜ ਨੂੰ ਭਾਰੀ ਬਹੁਮਤ ਦੇ ਰਹੇ ਸਨ, ਪਰ ਮਹਾਗੱਠਬੰਧਨ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਇਹ ਉਦਾਹਰਣਾਂ ਸਾਬਿਤ ਕਰਦੀਆਂ ਨੇ ਕਿ ਐਗਜ਼ਿਟ ਪੋਲ ਅਕਸਰ ਜ਼ਮੀਨੀ ਹਕੀਕਤ ਤੋਂ ਦੂਰ ਹੁੰਦੇ ਨੇ। ਐਗਜ਼ਿਟ ਪੋਲਾਂ ਦੇ ਗ਼ਲਤ ਹੋਣ ਦੇ ਕਈ ਕਾਰਨ ਨੇ। ਪਹਿਲੀ ਗੱਲ, ਨਮੂਨਾ ਚੁਣਨ ਵਿੱਚ ਗੜਬੜੀ – ਸਾਰੇ ਵੋਟਰ ਬਾਹਰ ਆ ਕੇ ਆਪਣੀ ਵੋਟ ਨਹੀਂ ਦੱਸਦੇ। ਸ਼ਰਮੀਲੇ ਜਾਂ ਡਰੇ ਹੋਏ ਵੋਟਰ, ਖਾਸ ਕਰਕੇ ਦਲਿਤ ਅਤੇ ਘੱਟ-ਗਿਣਤੀ ਭਾਈਚਾਰੇ ਦੇ ਲੋਕ, ਅਕਸਰ ਸੱਚ ਨਹੀਂ ਦੱਸਦੇ। ਦੂਜੀ ਗੱਲ, ਭਾਰਤ ਵਿੱਚ ਜਾਤ, ਧਰਮ ਅਤੇ ਸਥਾਨਕ ਮੁੱਦੇ ਵੋਟਿੰਗ ਨੂੰ ਡੂੰਘੇ ਪੱਧਰ 'ਤੇ ਪ੍ਰਭਾਵਿਤ ਕਰਦੇ ਨੇ, ਜਿਨ੍ਹਾਂ ਨੂੰ ਸਰਵੇਖਣ ਵਿੱਚ ਫੜਨਾ ਔਖਾ ਹੁੰਦਾ ਹੈ। ਤੀਜੀ ਗੱਲ, ਕੁਝ ਏਜੰਸੀਆਂ 'ਤੇ ਇਲਜ਼ਾਮ ਲੱਗਦਾ ਹੈ ਕਿ ਉਹ ਕਿਸੇ ਖਾਸ ਪਾਰਟੀ ਜਾਂ ਮੀਡੀਆ ਘਰਾਣੇ ਦੇ ਪੱਖ ਵਿੱਚ ਨਤੀਜੇ ਦਿਖਾਉਂਦੀਆਂ ਨੇ। ਐਗਜ਼ਿਟ ਪੋਲਾਂ ਦਾ ਸਭ ਤੋਂ ਵੱਡਾ ਖ਼ਤਰਾ ਇਹ ਹੈ ਕਿ ਇਹ ਜਨਤਾ ਦੀ ਰਾਏ ਨੂੰ ਪ੍ਰਭਾਵਿਤ ਕਰ ਸਕਦੇ ਨੇ। ਜਦੋਂ ਕਿਸੇ ਪਾਰਟੀ ਨੂੰ ਵੱਡੀ ਜਿੱਤ ਮਿਲਦੀ ਦਿਖਾਈ ਜਾਂਦੀ ਹੈ, ਤਾਂ ਕੁਝ ਵੋਟਰ ਜਿੱਤਣ ਵਾਲੇ ਪਾਸੇ ਹੋਣ ਦੀ ਕੋਸ਼ਿਸ਼ ਕਰਦੇ ਨੇ – ਇਸ ਨੂੰ ਬੈਂਡਵੈਗਨ ਇਫੈਕਟ ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਸ਼ੇਅਰ ਬਾਜ਼ਾਰ ਵੀ ਐਗਜ਼ਿਟ ਪੋਲਾਂ 'ਤੇ ਤੁਰੰਤ ਪ੍ਰਤੀਕ੍ਰਿਆ ਕਰਦਾ ਹੈ। 2019 ਵਿੱਚ ਜਦੋਂ ਐਗਜ਼ਿਟ ਪੋਲਾਂ ਨੇ ਭਾਜਪਾ ਨੂੰ ਵੱਡੀ ਜਿੱਤ ਦੱਸੀ ਤਾਂ ਅਗਲੇ ਦਿਨ ਸੈਂਸੈਕਸ ਕਈ ਸੌ ਅੰਕ ਉੱਛਲਿਆ। ਇਸ ਤਰ੍ਹਾਂ ਐਗਜ਼ਿਟ ਪੋਲ ਸਿਰਫ਼ ਅੰਦਾਜ਼ਾ ਨਹੀਂ ਰਹਿੰਦਾ, ਸਗੋਂ ਇੱਕ ਸ਼ਕਤੀਸ਼ਾਲੀ ਸਿਆਸੀ ਅਤੇ ਆਰਥਿਕ ਸੰਦ ਬਣ ਜਾਂਦਾ ਹੈ। ਭਾਰਤ ਵਿੱਚ ਚੋਣ ਕਮਿਸ਼ਨ ਦੇ ਨਿਯਮਾਂ ਅਨੁਸਾਰ ਵੋਟਿੰਗ ਖ਼ਤਮ ਹੋਣ ਤੋਂ ਪਹਿਲਾਂ ਕੋਈ ਵੀ ਐਗਜ਼ਿਟ ਪੋਲ ਪ੍ਰਸਾਰਿਤ ਨਹੀਂ ਕੀਤਾ ਜਾ ਸਕਦਾ। ਇਹ ਨਿਯਮ ਇਸ ਲਈ ਬਣਾਇਆ ਗਿਆ ਤਾਂ ਕਿ ਵੋਟਰਾਂ 'ਤੇ ਕੋਈ ਅਣਉਚਿਤ ਪ੍ਰਭਾਵ ਨਾ ਪਵੇ। ਪਰ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਇਹ ਨਿਯਮ ਕਿੰਨਾ ਪ੍ਰਭਾਵਸ਼ਾਲੀ ਹੈ, ਇਹ ਵੱਖਰੀ ਬਹਿਸ ਹੈ। ਐਗਜ਼ਿਟ ਪੋਲ ਜਮਹੂਰੀਅਤ ਦਾ ਇੱਕ ਦਿਲਚਸਪ ਪਹਿਲੂ ਜ਼ਰੂਰ ਹੈ, ਪਰ ਇਸਨੂੰ ਅੰਤਮ ਸੱਚ ਮੰਨਣ ਦੀ ਗਲਤੀ ਨਹੀਂ ਕਰਨੀ ਚਾਹੀਦੀ। ਇਹ ਅੰਕੜੇ ਸੰਭਾਵਨਾਵਾਂ ਦੱਸਦੇ ਨੇ, ਸੱਚਾਈ ਨਹੀਂ। ਭਾਰਤ ਵਰਗੇ ਵਿਭਿੰਨ ਦੇਸ਼ ਵਿੱਚ, ਜਿੱਥੇ ਹਰ ਬੂਥ 'ਤੇ ਜਾਤ, ਧਰਮ, ਖੇਤਰ ਅਤੇ ਸਥਾਨਕ ਮੁੱਦੇ ਵੱਖਰੀ ਭੂਮਿਕਾ ਅਦਾ ਕਰਦੇ ਨੇ, ਉੱਥੇ ਕੋਈ ਵੀ ਸਰਵੇਖਣ ਪੂਰੀ ਤਸਵੀਰ ਨਹੀਂ ਦਿਖਾ ਸਕਦਾ। ਲੋਕਾਂ ਨੂੰ ਚਾਹੀਦਾ ਹੈ ਕਿ ਉਹ ਐਗਜ਼ਿਟ ਪੋਲਾਂ ਨੂੰ ਇੱਕ ਸੰਭਾਵਿਤ ਸੰਕੇਤ ਵਜੋਂ ਦੇਖਣ, ਨਾ ਕਿ ਕਿਸੇ ਪਾਰਟੀ ਦੀ ਜਿੱਤ ਦਾ ਸਰਟੀਫਿਕੇਟ। ਅਸਲ ਸੱਚਾਈ ਤਾਂ ਉਦੋਂ ਸਾਹਮਣੇ ਆਉਂਦੀ ਹੈ ਜਦੋਂ ਈਵੀਐਮ ਦਾ ਬਟਨ ਦੱਬਿਆ ਜਾਂਦਾ ਹੈ ਅਤੇ ਵੋਟਾਂ ਦੀ ਗਿਣਤੀ ਹੁੰਦੀ ਹੈ।

**–ਜਗਜੀਤ ਸਿੰਘ ਦਰਦੀ**

## ਅੱਜ ਬੁੱਧ ਪੂਰਨਿਮਾ ਤੇ ਜੀਵਨ ਚਿੰਤਨ

# ਈਰਾਨ-ਅਮਰੀਕਾ ਜੰਗ ਹੁਣ ਇੱਕ ਵਾਰ ਫ਼ਿਰ ਘਾਤਕ ਮੋੜ 'ਤੇ ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇਹ ਇੱਕ ਬਹੁਤ ਹੀ ਗੰਭੀਰ ਅਤੇ ਚਿੰਤਾਜਨਕ ਹੋ ਗਿਆ ਹੈ ਕਿ ਦੁਨੀਆ ਨੂੰ ਯੁੱਧ ਦੀ ਨਸਲਘਾਤ ਪ੍ਰਵਿਰਤੀ ਤੋਂ ਅਤੇ ਟਰੰਪ ਵਰਗੇ ਮੂੰਹ ਫੱਟ ਨੇਤਾਵਾਂ ਤੋਂ ਕਿਵੇਂ ਬਚਾਇਆ ਜਾਵੇ ।ਅੱਜ ਅਮਰੀਕਾ ਅਤੇ ਈਰਾਨ ਵਿਚਾਲੇ ਵਧਦਾ ਤਣਾਅ ਨਾ ਸਿਰਫ਼ ਦੋ ਦੇਸ਼ਾਂ ਲਈ, ਸਗੋਂ ਪੂਰੀ ਮਨੁੱਖਤਾ ਲਈ ਇੱਕ ਵੱਡਾ ਖਤਰਾ ਹੈ। ਹੁਣ ਯੁੱਧ ਨਹੀਂ, ਬੁੱਧ ਚਾਹੀਦਾ ਹੈ – ਅੱਜ ਮਨੁੱਖਤਾ ਦੀ ਹੋਂਦ ਦਾ ਸਵਾਲ ਹੈ।

ਅੱਜ ਬਾਰੂਦ ਦੇ ਢੇਰ 'ਤੇ ਬੈਠੀ ਦੁਨੀਆ ਮਨੁੱਖਤਾ ਖ਼ਤਰੇ ਵਿਚ ਪੈ ਗਈ ਹੈ। ਅੱਜ ਦੀ ਦੁਨੀਆ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਇੱਕ ਚੰਗਿਆੜੀ ਵੀ ਪੂਰੀ ਮਨੁੱਖੀ ਸਭਿਅਤਾ ਨੂੰ ਸੁਆਹ ਕਰ ਸਕਦੀ ਹੈ। ਅਮਰੀਕਾ ਅਤੇ ਈਰਾਨ ਵਿਚਕਾਰ ਮੁੜ ਪੈਦਾ ਹੋਇਆ ਜੰਗੀ ਖਦਸ਼ਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਅਸੀਂ ਅਜੇ ਵੀ 'ਜੰਗਲ ਦੇ ਕਾਨੂੰਨ' ਵਿੱਚ ਜੀ ਰਹੇ ਹਾਂ, ਜਿੱਥੇ ਤਾਕਤਵਰ ਆਪਣੀ ਚੌਧਰ ਸਥਾਪਿਤ ਕਰਨ ਲਈ ਕਮਜ਼ੋਰਾਂ ਨੂੰ ਕੁਚਲਣ ਦੀ ਧਮਕੀ ਦਿੰਦਾ ਹੈ। ਡੋਨਾਲਡ ਟਰੰਪ ਵਰਗੇ ਨੇਤਾਵਾਂ ਵੱਲੋਂ ਈਰਾਨ ਨੂੰ ਤਬਾਹ ਕਰਨ ਦੀਆਂ ਗੱਲਾਂ ਅਤੇ ਈਰਾਨ ਵੱਲੋਂ ਅਮਰੀਕਾ ਨੂੰ 'ਮਹਾਂ-ਸ਼ੈਤਾਨ' ਕਹਿਣਾ, ਸਿਰਫ ਸ਼ਬਦਾਂ ਦੀ ਜੰਗ ਨਹੀਂ ਹੈ, ਸਗੋਂ ਇਹ ਲੱਖਾਂ ਬੇਗੁਨਾਹ ਜਾਨਾਂ ਨਾਲ ਖੇਡੀ ਜਾਣ ਵਾਲੀ ਇੱਕ ਖਤਰਨਾਕ ਖੇਡ ਹੈ।

ਅੱਜ ਆਰਥਿਕ ਤਬਾਹੀ ਦੇ ਸੰਕੇਤ ਅਰਬਾਂ-ਖਰਬਾਂ ਦਾ ਘਾਣ ਹੋਇਆ ਹੈ। ਅੰਕੜਿਆਂ ਅਨੁਸਾਰ ਪੈਂਟਾਗਨ ਨੇ ਮੰਨਿਆ ਹੈ ਕਿ ਅਮਰੀਕਾ ਹੁਣ ਤੱਕ 25 ਬਿਲੀਅਨ ਡਾਲਰ ਤੋਂ ਵੱਧ ਇਸ ਖੇਤਰ ਵਿੱਚ ਖਰਚ ਕਰ ਚੁੱਕਾ ਹੈ। ਪਰ ਇਹ ਤਾਂ ਸਿਰਫ ਸਿੱਧਾ ਫੌਜੀ ਖਰਚਾ ਹੈ। ਜੇਕਰ ਅਸੀਂ ਅਸਿੱਧੇ ਨੁਕਸਾਨ, ਤੇਲ ਦੀਆਂ ਵਧਦੀਆਂ ਕੀਮਤਾਂ, ਗਲੋਬਲ ਸਪਲਾਈ ਚੇਨ ਵਿੱਚ ਰੁਕਾਵਟ ਅਤੇ ਮੁੜ-ਵਸੇਬੇ 'ਤੇ ਹੋਣ ਵਾਲੇ ਖਰਚੇ ਨੂੰ ਜੋੜੀਏ, ਤਾਂ ਇਹ ਅੰਕੜਾ ਕਈ ਟ੍ਰਿਲੀਅਨ (ਖਰਬਾਂ) ਡਾਲਰਾਂ ਤੱਕ ਜਾ ਪਹੁੰਚਦਾ ਹੈ।

ਇਹ ਉਹ ਪੈਸਾ ਹੈ ਜੋ ਦੁਨੀਆ ਵਿੱਚੋਂ ਗਰੀਬੀ ਮਿਟਾਉਣ, ਬਿਮਾਰੀਆਂ ਦੇ ਇਲਾਜ ਅਤੇ ਸਿੱਖਿਆ ਲਈ ਵਰਤਿਆ ਜਾ ਸਕਦਾ ਸੀ। ਜਦੋਂ ਇੱਕ ਮਿਜ਼ਾਈਲ ਦਾਗੀ ਜਾਂਦੀ ਹੈ ਤਾਂ ਉਹ ਸਿਰਫ ਇੱਕ ਇਮਾਰਤ ਨੂੰ ਨਹੀਂ ਢਾਹੁੰਦੀ, ਸਗੋਂ ਹਜ਼ਾਰਾਂ ਬੱਚਿਆਂ ਦੇ ਸਕੂਲ, ਹਸਪਤਾਲ ਅਤੇ ਉੱਜਲ ਭਵਿੱਖ ਨੂੰ ਸੁਆਹ ਕਰ ਦਿੰਦੀ ਹੈ।

ਅੱਜ ਅਮਰੀਕਾ ਦੀ ਚੌਧਰ ਦੀ ਲਾਲਸਾ ਅਤੇ ਈਰਾਨ ਦੀ ਪ੍ਰਤੀਕਿਰਿਆ ਨੇ ਦੁਨੀਆ ਨੂੰ ਇੱਕ ਅਜਿਹੇ ਆਰਥਿਕ ਸੰਕਟ ਵੱਲ ਧੱਕ ਦਿੱਤਾ ਹੈ, ਜਿਸ ਦਾ ਖਮਿਆਜ਼ਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਭੁਗਤਣਾ ਪਵੇਗਾ। ਅੱਜ ਮਨੁੱਖਤਾ ਦਾ ਘਾਣ ਅਤੇ ਨਵਾਂ ਸੰਸਾਰ ਮਾਡਲ ਬਣ ਗਿਆ ਹੈ। ਕੀ ਇਹ ਮਨੁੱਖਤਾ ਦਾ ਘਾਣ ਕਿਸੇ ਨਵੇਂ ਮਾਡਲ ਦੀ ਗਵਾਹੀ ਦਿੰਦਾ ਹੈ ? ਬਦਕਿਸਮਤੀ ਨਾਲ, ਹਾਂ। ਇਹ 'ਵਿਨਾਸ਼ਕਾਰੀ ਪੂੰਜੀਵਾਦ' (Disaster Capitalism) ਦਾ ਇੱਕ ਅਜਿਹਾ ਮਾਡਲ ਹੈ, ਜਿੱਥੇ ਹਥਿਆਰ ਵੇਚਣ ਵਾਲੀਆਂ ਕੰਪਨੀਆਂ ਦਾ ਮੁਨਾਫਾ ਮਨੁੱਖੀ ਖੂਨ ਨਾਲੋਂ ਵੱਧ ਕੀਮਤੀ ਹੋ ਗਿਆ ਹੈ। ਇਹ ਮਾਡਲ ਸਾਨੂੰ ਦੱਸਦਾ ਹੈ ਕਿ ਅੰਤਰਰਾਸ਼ਟਰੀ ਸੰਸਥਾਵਾਂ (ਜਿਵੇਂ ਯੂ.ਐਨ.ਓ.) ਕਮਜ਼ੋਰ ਹੋ ਚੁੱਕੀਆਂ ਹਨ ਅਤੇ ਦੁਨੀਆ 'ਜਿਸ ਦੀ ਲਾਠੀ ਉਸ ਦੀ ਮੱਝ' ਦੇ ਸਿਧਾਂਤ ਵੱਲ ਪਰਤ ਰਹੀ ਹੈ। ਅੱਜ ਇਸ ਨਾਲ ਸਭਿਅਤਾਵਾਂ ਦਾ ਕਤਲੇਆਮ ਸਿਰਫ ਇਤਿਹਾਸਕ ਇਮਾਰਤਾਂ ਦਾ ਢਹਿਣਾ ਨਹੀਂ ਹੈ, ਸਗੋਂ ਇਹ ਸਹਿਣਸ਼ੀਲਤਾ, ਸੰਵਾਦ ਅਤੇ ਭਾਈਚਾਰੇ ਵਰਗੀਆਂ ਮਨੁੱਖੀ ਕਦਰਾਂ-ਕੀਮਤਾਂ ਦਾ ਕਤਲ ਹੈ। ਜਦੋਂ ਅਸੀਂ ਦੂਜੇ ਨੂੰ 'ਸ਼ੈਤਾਨ' ਕਹਿੰਦੇ ਹਾਂ, ਤਾਂ ਅਸੀਂ ਉਸ ਦੇ ਮਨੁੱਖ ਹੋਣ ਦੇ ਹੱਕ ਨੂੰ ਖਤਮ ਕਰ ਦਿੰਦੇ ਹਾਂ, ਜਿਸ ਨਾਲ ਉਸ ਨੂੰ ਮਾਰਨਾ ਅਸਾਨ ਹੋ ਜਾਂਦਾ ਹੈ। ਅੱਜ ਸ਼ਾਂਤੀ ਦੀ ਖੋਜ ਕਿੱਥੇ ਹੈ ਰਸਤਾ ? ਅੱਜ ਸ਼ਾਂਤੀ ਦੀ ਖੋਜ ਕਿਤੇ ਬਾਹਰ ਨਹੀਂ, ਸਗੋਂ ਮਨੁੱਖੀ ਚੇਤਨਾ ਦੇ ਅੰਦਰ ਕਰਨੀ ਪਵੇਗੀ। ਇਤਿਹਾਸ ਗਵਾਹ ਹੈ ਕਿ ਕਿਸੇ ਵੀ ਜੰਗ ਨੇ ਕਦੇ ਸ਼ਾਂਤੀ ਨਹੀਂ ਲਿਆਂਦੀ। ਪਹਿਲੀ ਅਤੇ ਦੂਜੀ ਵਿਸ਼ਵ ਜੰਗ ਦੇ ਜ਼ਖ਼ਮ ਅਜੇ ਵੀ ਭਰੇ ਨਹੀਂ ਹਨ। ਸ਼ਾਂਤੀ ਦਾ ਰਸਤਾ ਹਥਿਆਰਾਂ ਦੇ ਤਿਆਗ ਅਤੇ ਸੰਵਾਦ ਦੀ ਮੇਜ਼ ਤੋਂ ਹੋ ਕੇ ਗੁਜ਼ਰਦਾ ਹੈ।

**ਹੁਣ ਯੁੱਧ ਨਹੀਂ, ਬੁੱਧ ਚਾਹੀਦਾ ਹੈ** ਭਗਵਾਨ ਬੁੱਧ ਨੇ ਕਿਹਾ ਸੀ, ਵੈਰ ਨਾਲ ਵੈਰ ਕਦੇ ਖਤਮ ਨਹੀਂ ਹੁੰਦਾ, ਅਵੈਰ (ਪ੍ਰੇਮ) ਨਾਲ ਹੀ ਵੈਰ ਸ਼ਾਂਤ ਹੁੰਦਾ ਹੈ। ਅੱਜ ਸਾਨੂੰ ਟਰੰਪ ਜਾਂ ਕਿਸੇ ਵੀ ਜੰਗਜੂ ਨੇਤਾ ਦੀਆਂ ਧਮਕੀਆਂ ਦੀ ਨਹੀਂ, ਸਗੋਂ ਬੁੱਧ ਦੇ 'ਅਸ਼ਟਾਂਗ ਮਾਰਗ' ਅਤੇ ਕਰੁਣਾ ਦੀ ਲੋੜ ਹੈ। ਅੱਜ ਬੁੱਧ ਦਾ ਰਸਤਾ, ਇਹ ਰਸਤਾ ਅਹਿੰਸਾ ਅਤੇ ਸਹਿ-ਹੋਂਦ ਦਾ ਹੈ। ਇਹ ਸਿਖਾਉਂਦਾ ਹੈ ਕਿ ਜਿੱਤ ਉਹ ਨਹੀਂ ਜੋ ਦੂਜੇ ਨੂੰ ਹਰਾ ਕੇ ਮਿਲੇ, ਸਗੋਂ ਉਹ ਹੈ ਜੋ ਸਭ ਦੇ ਦਿਲ ਜਿੱਤ ਲਵੇ। ਅੱਜ ਯੁੱਧ ਦਾ ਨਤੀਜਾ ਹੈ ਕਿ ਯੁੱਧ ਸਿਰਫ ਵਿਧਵਾਵਾਂ, ਅਨਾਥ ਬੱਚੇ ਅਤੇ ਉੱਜੜੀਆਂ ਬਸਤੀਆਂ ਪੈਦਾ ਕਰਦਾ ਹੈ। ਅਮਰੀਕਾ ਵਰਗੇ ਸੁਪਰ-ਪਾਵਰ ਦੇਸ਼ਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ 'ਗਲੋਬਲ ਚੌਧਰੀ' ਬਣਨ ਦੀ ਕੀਮਤ ਮਨੁੱਖਤਾ ਦੇ ਖੂਨ ਨਾਲ ਨਹੀਂ ਚੁਕਾਈ ਜਾਣੀ ਚਾਹੀਦੀ।

**ਅੱਜ ਸਾਂਝੀ ਜ਼ਿੰਮੇਵਾਰੀ:** ਇਹ ਸਿਰਫ ਅਮਰੀਕਾ ਜਾਂ ਈਰਾਨ ਦਾ ਮਸਲਾ ਨਹੀਂ ਹੈ। ਇਹ ਦੁਨੀਆ ਦੇ ਹਰ ਨਾਗਰਿਕ ਦਾ ਮਸਲਾ ਹੈ। ਜੇਕਰ ਅੱਜ ਅਸੀਂ ਚੁੱਪ ਰਹੇ, ਤਾਂ ਕੱਲ੍ਹ ਇਤਿਹਾਸ ਸਾਨੂੰ ਕਦੇ ਮੁਆਫ ਨਹੀਂ ਕਰੇਗਾ।

ਅੱਜ ਇਹ ਵੇਲਾ ਜਾਗਣ ਦਾ ਵੇਲਾ ਹੈ। ਅੱਜ ਸਾਨੂੰ ਇੱਕ ਅਜਿਹੀ ਦੁਨੀਆ ਸਿਰਜਣ ਦੀ ਲੋੜ ਹੈ, ਜਿੱਥੇ ਸਰਹੱਦਾਂ ਲਹੂ ਨਾਲ ਨਹੀਂ, ਸਗੋਂ ਵਪਾਰ ਅਤੇ ਪਿਆਰ ਨਾਲ ਜੁੜੀਆਂ ਹੋਣ। ਅਰਬਾਂ-ਖਰਬਾਂ ਡਾਲਰ ਜੋ ਮੌਤ ਦੇ ਸਮਾਨ (ਮਿਜ਼ਾਈਲਾਂ, ਬੰਬਾਂ) 'ਤੇ ਖਰਚ ਕੀਤੇ ਜਾ ਰਹੇ ਹਨ, ਜੇਕਰ ਉਹ ਵਾਤਾਵਰਣ ਨੂੰ ਬਚਾਉਣ ਅਤੇ ਭੁੱਖਮਰੀ ਖਤਮ ਕਰਨ 'ਤੇ ਲੱਗਣ ਤਾਂ ਇਹ ਧਰਤੀ ਸੱਚਮੁੱਚ ਸਵਰਗ ਬਣ ਸਕਦੀ ਹੈ।

ਅੱਜ ਸਮੇਂ ਦੀ ਪੁਕਾਰ ਹੈ ਕਿ ਅਸੀਂ ਨਫ਼ਰਤ ਦੇ ਬੋਲਾਂ ਨੂੰ ਵਿਰਾਮ ਦੇਈਏ ਅਤੇ ਸ਼ਾਂਤੀ ਦੇ ਰਾਗ ਨੂੰ ਅਲਾਪੀਏ। ਯੁੱਧ ਦੀ ਅੱਗ ਵਿੱਚ ਸਭ ਕੁਝ ਸੜ ਜਾਵੇਗਾ, ਪਰ ਬੁੱਧ ਦੇ ਗਿਆਨ ਦੀ ਰੌਸ਼ਨੀ ਵਿੱਚ ਹਰ ਕੋਈ ਪਲ ਸਕਦਾ ਹੈ। ਆਓ, ਅਸੀਂ 'ਯੁੱਧ' ਦੇ ਰਾਹ ਨੂੰ ਤਿਆਗ ਕੇ 'ਬੁੱਧ' ਦੇ ਮਾਰਗ 'ਤੇ ਚੱਲਣ ਦਾ ਪ੍ਰਣ ਕਰੀਏ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਇੱਕ ਕਾਤਲ ਸਭਿਅਤਾ ਵਜੋਂ ਨਹੀਂ, ਸਗੋਂ ਇੱਕ ਸਿਆਣੀ ਅਤੇ ਰਹਿਮ ਦਿਲ ਸਭਿਅਤਾ ਵਜੋਂ ਯਾਦ ਰੱਖਣਾ ਚਾਹੀਦਾ ਹੈ।

ਅੱਜ ਇਹ ਵਿਸ਼ਾ ਅਜੋਕੇ ਦੌਰ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਤੁਹਾਡੇ ਸੁਝਾਅ ਅਨੁਸਾਰ ਅਮਰੀਕਾ ਦੀ ਫੌਜੀ ਕਾਰਵਾਈ, ਨਸਲਘਾਤ (Genocide), ਸਭਿਅਤਾਵਾਂ ਦੇ ਵਿਨਾਸ਼ ਅਤੇ ਤੇਲ ਦੀਆਂ ਕੀਮਤਾਂ ਰਾਹੀਂ ਵਿਸ਼ਵਵਿਆਪੀ ਆਰਥਿਕ ਮੰਦੀ ਨੂੰ ਹੋਰ ਡੂੰਘਾਈ ਅਤੇ ਵਿਸਤਾਰ ਨਾਲ ਪੇਸ਼ ਕਰਨ ਦਾ ਯਤਨ ਕੀਤਾ ਹੈ ਅਤੇ ਮਨੁੱਖਤਾ ਦੀ ਸੂਲੀ, ਚੌਧਰ ਦੀ ਜੰਗ ਅਤੇ ਬੁੱਧ ਦਾ ਸੰਕਲਪ ਅਤੇ ਬਾਰੂਦ ਦੀ ਗੰਧ ਹੇਠ ਦੱਬੀ ਸਭਿਅਤਾ ਅੱਜ ਦੀ ਦੁਨੀਆ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ, ਜਿੱਥੇ ਵਿਗਿਆਨ ਨੇ ਤਰੱਕੀ ਤਾਂ ਬਹੁਤ ਕੀਤੀ, ਪਰ ਮਨੁੱਖੀ ਸੰਵੇਦਨਾਵਾਂ ਦਮ ਤੋੜ ਰਹੀਆਂ ਹਨ। ਅਮਰੀਕਾ ਅਤੇ ਈਰਾਨ ਵਿਚਾਲੇ ਮੁੜ ਤੋਂ ਪੈਦਾ ਹੋਇਆ ਜੰਗੀ ਮਾਹੌਲ ਸਿਰਫ ਦੋ ਦੇਸ਼ਾਂ ਦੀ ਸਰਹੱਦੀ ਲੜਾਈ ਨਹੀਂ ਹੈ, ਸਗੋਂ ਇਹ ਮਨੁੱਖੀ ਨਸਲ ਦੇ ਵਿਨਾਸ਼ ਦਾ ਇੱਕ ਨਵਾਂ ਅਧਿਆਏ ਹੈ।

ਅੱਜ ਡੋਨਾਲਡ ਟਰੰਪ ਵਰਗੇ ਨੇਤਾਵਾਂ ਦੀ ਤਬਾਹ ਕਰ ਦੇਣ ਦੀ ਭਾਸ਼ਾ ਅਤੇ ਈਰਾਨ ਦਾ ਮਹਾਂ-ਸ਼ੈਤਾਨ ਵਾਲਾ ਪ੍ਰਤੀਕਰਮ ਉਸ ਆਦਿਮ ਯੁੱਗ ਦੀ ਯਾਦ ਦਿਵਾਉਂਦਾ ਹੈ ਜਿੱਥੇ ਸੰਵਾਦ ਨਹੀਂ, ਸਿਰਫ ਸ਼ਕਤੀ ਦਾ ਪ੍ਰਦਰਸ਼ਨ ਅੰਤਿਮ ਫੈਸਲਾ ਹੁੰਦਾ ਸੀ। ਪਰ ਅੱਜ ਦੇ ਪਰਮਾਣੂ ਯੁੱਗ ਵਿੱਚ ਇਹ ਜ਼ਿੱਦ ਪੂਰੀ ਧਰਤੀ ਨੂੰ ਇੱਕ ਕਬਰਸਤਾਨ ਵਿੱਚ ਬਦਲਣ ਦੀ ਸਮਰੱਥਾ ਰੱਖਦੀ ਹੈ।

ਅੱਜ ਅਮਰੀਕੀ ਬੰਬਾਰੀ ਅਤੇ ਨਸਲਘਾਤ ਅਤੇ ਸਭਿਅਤਾਵਾਂ ਦਾ ਕਤਲੇਆਮ ਹੈ। ਜਦੋਂ ਅਮਰੀਕਾ ਵਰਗੀ ਮਹਾਂਸ਼ਕਤੀ ਕਿਸੇ ਖੇਤਰ 'ਤੇ ਬੰਬਾਰੀ ਕਰਦੀ ਹੈ, ਤਾਂ ਉਹ ਸਿਰਫ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਨਹੀਂ ਬਣਾਉਂਦੀ, ਸਗੋਂ ਹਜ਼ਾਰਾਂ ਸਾਲ ਪੁਰਾਣੀ ਸਭਿਅਤਾ ਦੀਆਂ ਜੜ੍ਹਾਂ ਵੱਢ ਦਿੰਦੀ ਹੈ। ਈਰਾਨ (ਪਰਸ਼ੀਆ) ਦੀ ਸਭਿਅਤਾ ਦੁਨੀਆ ਦੀਆਂ ਸਭ ਤੋਂ ਅਮੀਰ ਅਤੇ ਪੁਰਾਤਨ ਸਭਿਅਤਾਵਾਂ ਵਿੱਚੋਂ ਇੱਕ ਹੈ। ਬੰਬਾਂ ਦੀ ਗੂੰਜ ਵਿੱਚ ਉੱਥੋਂ ਦੀ ਕਲਾ, ਸਾਹਿਤ, ਇਤਿਹਾਸਕ ਇਮਾਰਤਾਂ ਅਤੇ ਮਨੁੱਖੀ ਵਿਰਾਸਤ ਸੁਆਹ ਹੋ ਜਾਂਦੀ ਹੈ।

ਅੱਜ ਇਸ ਨੂੰ 'ਨਸਲਘਾਤ' (Genocide) ਕਹਿਣਾ ਅਤਿਕਥਨੀ ਨਹੀਂ ਹੋਵੇਗਾ, ਕਿਉਂਕਿ ਜੰਗ ਵਿੱਚ ਸਿਰਫ ਸਿਪਾਹੀ ਨਹੀਂ ਮਰਦੇ, ਸਗੋਂ ਆਉਣ ਵਾਲੀਆਂ ਨਸਲਾਂ ਦਾ ਭਵਿੱਖ ਮਰਦਾ ਹੈ। ਬੰਬਾਰੀ ਕਾਰਨ ਫੈਲਣ ਵਾਲਾ ਪ੍ਰਦੂਸ਼ਣ, ਰੇਡੀਏਸ਼ਨ ਅਤੇ ਮਨੋਵਿਗਿਆਨਕ ਸਹਿਮ ਪੂਰੀ ਦੀ ਪੂਰੀ ਮਨੁੱਖੀ ਨਸਲ ਨੂੰ ਅਪਾਹਜ ਕਰ ਦਿੰਦਾ ਹੈ। ਕੀ ਇੱਕ ਦੇਸ਼ ਦੀ ਚੌਧਰ ਇੰਨੀ ਵੱਡੀ ਹੈ ਕਿ ਉਸ ਲਈ ਲੱਖਾਂ ਬੱਚਿਆਂ, ਔਰਤਾਂ ਅਤੇ ਬੇਗੁਨਾਹ ਨਾਗਰਿਕਾਂ ਦੀ ਬਲੀ ਦਿੱਤੀ ਜਾਵੇ ?

**ਅੱਜ ਤੇਲ ਦੀ ਰਾਜਨੀਤੀ ਅਤੇ ਵਿਸ਼ਵਵਿਆਪੀ ਆਰਥਿਕ ਰੁਕਾਵਟ**

ਈਰਾਨ-ਅਮਰੀਕਾ ਤਣਾਅ ਦਾ ਸਭ ਤੋਂ ਖਤਰਨਾਕ ਪਹਿਲੂ ਇਸ ਦਾ ਆਰਥਿਕ ਪ੍ਰਭਾਵ ਹੈ। ਈਰਾਨ ਅਤੇ ਉਸ ਦੇ ਆਲੇ-ਦੁਆਲੇ ਦਾ ਖੇਤਰ (ਹਰਮੁਜ਼ ਦਾ ਜਲਡਮਰੂ) ਦੁਨੀਆ ਦੀ 'ਲਾਈਫਲਾਈਨ' ਹੈ। ਵਿਸ਼ਵ ਦਾ ਲਗਭਗ 20% ਤੋਂ 30% ਕੱਚਾ ਤੇਲ ਇਸੇ ਰਸਤੇ ਰਾਹੀਂ ਗੁਜ਼ਰਦਾ ਹੈ।

**ਅੱਜ ਤੇਲ ਦੀਆਂ ਕੀਮਤਾਂ ਵਿੱਚ ਉਛਾਲ:** ਜੰਗ ਦੇ ਖਦਸ਼ੇ ਮਾਤਰ ਨਾਲ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਅਸਮਾਨੀ ਚੜ੍ਹ ਜਾਂਦੀਆਂ ਹਨ। ਜਦੋਂ ਤੇਲ ਮਹਿੰਗਾ ਹੁੰਦਾ ਹੈ, ਤਾਂ ਦੁਨੀਆ ਦੇ ਹਰ ਕੋਨੇ ਵਿੱਚ ਆਵਾਜਾਈ ਮਹਿੰਗੀ ਹੋ ਜਾਂਦੀ ਹੈ, ਜਿਸ ਨਾਲ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ—ਸਬਜ਼ੀਆਂ, ਅਨਾਜ ਅਤੇ ਦਵਾਈਆਂ—ਦੀਆਂ ਕੀਮਤਾਂ ਵਧ ਜਾਂਦੀਆਂ ਹਨ।

**ਅੱਜ ਇਹ ਗਰੀਬ ਦੇਸ਼ਾਂ 'ਤੇ ਮਾਰ:** ਅਮਰੀਕਾ ਵਰਗੇ ਅਮੀਰ ਦੇਸ਼ ਸ਼ਾਇਦ ਇਹ ਬੋਝ ਸਹਿ ਲੈਣ, ਪਰ ਭਾਰਤ, ਅਫਰੀਕਾ ਅਤੇ ਏਸ਼ੀਆ ਦੇ ਵਿਕਾਸਸ਼ੀਲ ਦੇਸ਼ਾਂ ਲਈ ਇਹ ਆਰਥਿਕ ਖੁਦਕੁਸ਼ੀ ਦੇ ਬਰਾਬਰ ਹੈ।

ਅੱਜ ਅਰਬਾਂ ਡਾਲਰਾਂ ਦਾ ਧੂੰਆਂ ਪੈਂਟਾਗਨ ਦੇ ਅੰਕੜੇ ਦੱਸਦੇ ਹਨ ਕਿ ਅਮਰੀਕਾ ਨੇ 25 ਬਿਲੀਅਨ ਡਾਲਰ ਤੋਂ ਵੱਧ ਸਿਰਫ ਇਸ ਖੇਤਰ ਵਿੱਚ ਆਪਣੀ ਫੌਜੀ ਮੌਜੂਦਗੀ 'ਤੇ ਖਰਚ ਦਿੱਤੇ ਹਨ। ਜੇਕਰ ਜੰਗ ਹੁੰਦੀ ਹੈ, ਤਾਂ ਇਹ ਖਰਚਾ ਅਰਬਾਂ-ਖਰਬਾਂ (Trillions) ਵਿੱਚ ਜਾਵੇਗਾ। ਇਹ ਉਹ ਪੈਸਾ ਹੈ ਜੋ ਗਲੋਬਲ ਵਾਰਮਿੰਗ ਨੂੰ ਰੋਕਣ ਜਾਂ ਕੈਂਸਰ ਵਰਗੀਆਂ ਬਿਮਾਰੀਆਂ ਦੇ ਇਲਾਜ ਲਈ ਵਰਤਿਆ ਜਾ ਸਕਦਾ ਸੀ।

**ਅੱਜ ਨਵਾਂ ਵਿਸ਼ਵ ਮਾਡਲ ਕੀ ਵਿਨਾਸ਼ ਜਾਂ ਵਿਕਾਸ ਲਈ ਹੈ ?**

ਕੀ ਇਹ ਮਨੁੱਖਤਾ ਦਾ ਘਾਣ ਇੱਕ ਨਵੇਂ ਕਿਸ ਮਾਡਲ ਵੱਲ ਇਸ਼ਾਰਾ ਕਰ ਰਿਹਾ ਹੈ ? ਅਫਸੋਸ ਦੀ ਗੱਲ ਹੈ ਕਿ ਅਸੀਂ ਹਥਿਆਰ-ਕੇਂਦ੍ਰਿਤ ਅਰਥਵਿਵਸਥਾ (Arms-driven Economy) ਵੱਲ ਵਧ ਰਹੇ ਹਾਂ। ਇਸ ਮਾਡਲ ਵਿੱਚ ਸ਼ਾਂਤੀ 'ਘਾਟੇ ਦਾ ਸੌਦਾ' ਹੈ ਅਤੇ ਜੰਗ 'ਮੁਨਾਫੇ ਦਾ ਧੰਦਾ'। ਵੱਡੀਆਂ ਹਥਿਆਰ ਬਣਾਉਣ ਵਾਲੀਆਂ ਕੰਪਨੀਆਂ ਚਾਹੁੰਦੀਆਂ ਹਨ ਕਿ ਦੁਨੀਆ ਲੜਦੀ ਰਹੇ ਤਾਂ ਜੋ ਉਨ੍ਹਾਂ ਦੇ ਗੋਲਾ-ਬਾਰੂਦ ਵਿਕਦੇ ਰਹਿਣ। ਇਹ ਮਾਡਲ ਮਨੁੱਖੀ ਜਾਨਾਂ ਦੀ ਕੀਮਤ 'ਤੇ ਖੜ੍ਹਾ ਹੈ।

**ਅੱਜ ਸ਼ਾਂਤੀ ਦੀ ਖੋਜ ਲਈ ਹੁਣ ਯੁੱਧ ਨਹੀਂ, ਬੁੱਧ ਚਾਹੀਦਾ ਹੈ।**

ਇਸ ਹਨੇਰੇ ਵਿੱਚ ਸਿਰਫ ਇੱਕ ਹੀ ਰੋਸ਼ਨੀ ਦੀ ਕਿਰਨ ਹੈ—ਭਗਵਾਨ ਬੁੱਧ ਦਾ ਮਾਰਗ। ਬੁੱਧ ਨੇ ਕਿਹਾ ਸੀ ਕਿ ਵੈਰ ਨਾਲ ਵੈਰ ਕਦੇ ਨਹੀਂ ਮਿਟਦਾ।

ਅੱਜ ਸੰਵਾਦ ਦੀ ਲੋੜ ਹੈ । ਅਮਰੀਕਾ ਨੂੰ ਆਪਣੀ 'ਚੌਧਰ' ਦਾ ਹੰਕਾਰ ਤਿਆਗ ਕੇ ਬਰਾਬਰੀ ਦੇ ਆਧਾਰ 'ਤੇ ਗੱਲ ਕਰਨੀ ਚਾਹੀਦੀ ਹੈ। ਅੱਜ ਅਹਿੰਸਾ ਦਾ ਹਥਿਆਰ: ਜੰਗ ਜਿੱਤਣਾ ਸੌਖਾ ਹੈ, ਪਰ ਸ਼ਾਂਤੀ ਬਣਾਏ ਰੱਖਣਾ ਔਖਾ। ਦੁਨੀਆ ਨੂੰ ਅੱਜ ਮਿਜ਼ਾਈਲਾਂ ਦੀ ਨਹੀਂ, ਸਗੋਂ ਅਜਿਹੇ ਵਿਚਾਰਾਂ ਦੀ ਲੋੜ ਹੈ ਜੋ ਸਰਹੱਦਾਂ ਨੂੰ ਮਿਟਾ ਸਕਣ। ਅੱਜ ਬੁੱਧ ਦਾ ਕਰੁਣਾ ਮਾਡਲ: ਜੇਕਰ ਅਸੀਂ ਚਾਹੁੰਦੇ ਹਾਂ ਕਿ ਤੇਲ ਦੀਆਂ ਕੀਮਤਾਂ ਸਥਿਰ ਰਹਿਣ ਅਤੇ ਦੁਨੀਆ ਦੀ ਆਰਥਿਕਤਾ ਵਧੇ, ਤਾਂ ਸਾਨੂੰ 'ਸਾਂਝੀ ਹੋਂਦ' (Co-existence) ਦੇ ਸਿਧਾਂਤ ਨੂੰ ਅਪਣਾਉਣਾ ਪਵੇਗਾ। ਅੱਜ ਇਤਿਹਾਸ ਦੀ ਅਦਾਲਤ ਵਿੱਚ ਸਾਡਾ ਗੁਨਾਹ ਇਹ ਹੈ ਕਿ ਜੇਕਰ ਅੱਜ ਅਸੀਂ ਚੁੱਪ ਰਹੇ ਅਤੇ ਅਮਰੀਕਾ-ਈਰਾਨ ਜੰਗ ਦੀ ਅੱਗ ਨੇ ਦੁਨੀਆ ਨੂੰ ਲਪੇਟ ਵਿੱਚ ਲੈ ਲਿਆ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਮੁਆਫ ਨਹੀਂ ਕਰਨਗੀਆਂ। ਇਹ ਜੰਗ ਸਿਰਫ ਈਰਾਨ ਦੀ ਤਬਾਹੀ ਨਹੀਂ ਹੋਵੇਗੀ, ਇਹ ਮਨੁੱਖੀ ਜ਼ਮੀਰ ਦੀ ਮੌਤ ਹੋਵੇਗੀ।

ਅੱਜ ਅਰਬਾਂ ਬਿਲੀਅਨ ਡਾਲਰਾਂ ਦਾ ਖਰਚਾ ਜੰਗ 'ਤੇ ਨਹੀਂ, ਸਗੋਂ ਜੀਵਨ 'ਤੇ ਹੋਣਾ ਚਾਹੀਦਾ ਹੈ। ਅੱਜ ਦੁਨੀਆ ਨੂੰ ਕਿਸੇ 'ਮਹਾਂ-ਸ਼ੈਤਾਨ' ਜਾਂ 'ਸੁਪਰ ਪਾਵਰ' ਦੀ ਨਹੀਂ, ਸਗੋਂ 'ਮਹਾਂ-ਮਾਨਵ' ਬੁੱਧ ਦੀ ਲੋੜ ਹੈ ਜੋ ਨਫਰਤ ਦੀ ਅੱਗ ਨੂੰ ਪ੍ਰੇਮ ਦੇ ਜਲ ਨਾਲ ਸ਼ਾਂਤ ਕਰ ਸਕੇ। ਅੱਜ ਹੁਣ ਵੇਲਾ ਹੈ ਕਿ ਬੰਬਾਂ ਦੇ ਧਮਾਕੇ ਬੰਦ ਹੋਣ ਅਤੇ ਬੁੱਧ ਦੇ ਸ਼ਾਂਤੀ ਮੰਤਰਾਂ ਦੀ ਗੂੰਜ ਸੁਣਾਈ ਦੇਵੇ।

# 2 ਮਈ 1994 ਦਾ ਅੰਮ੍ਰਿਤਸਰ ਐਲਾਨ-ਨਾਮਾ ਬਨਾਮ 2 ਦਸੰਬਰ-2024 ਦੇ ਇਤਿਹਾਸਕ ਫੈਸਲੇ

ਬਘੇਲ ਸਿੰਘ ਧਾਲੀਵਾਲ
99142-58142



**2** ਮਈ 1994 ਅਤੇ 2 ਦਸੰਬਰ 2024, ਇਹ ਦੋ ਤਰੀਖਾਂ ਸਿੱਖ ਪੰਥ ਲਈ ਵੱਡੀਆਂ ਇਤਿਹਾਸਕ ਘਟਨਾਵਾਂ ਹਨ, ਜਿਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਸਿੱਖ ਪੰਥ ਦੇ ਅੰਦਰੂਨੀ ਪਾਟੋਧਾੜ ਨੂੰ ਠੱਲਣ ਲਈ ਕਦਮ ਪੁੱਟੇ ਸਨ। 1994 ਵਾਲੇ ਹੁਕਮਨਾਮੇ ਤੋਂ 30 ਸਾਲ ਬਾਅਦ ਓਹੀ ਸੱਦਾ ਫਿਰ ਦੁਹਰਾਇਆ ਗਿਆ। ਪਰ ਇੱਥੇ ਸਵਾਲ 2 ਦਸੰਬਰ 2024 ਦੇ ਘਟਨਾਕ੍ਰਮ ਸਮੇਂ ਵੀ ਉੱਠਿਆ ਸੀ ਅਤੇ ਅੱਜ ਵੀ ਖੜ੍ਹਾ ਹੈ ਕਿ ਕੀ 2024 ਵਿੱਚ ਨਵਾਂ ਫੈਸਲਾ ਲੈਣਾ ਜ਼ਰੂਰੀ ਸੀ, ਜਾਂ 1994 ਦੇ ਹੁਕਮਨਾਮੇ ਨੂੰ ਲਾਗੂ ਕਰਵਾਉਣਾ ਚਾਹੀਦਾ ਸੀ । ਸ੍ਰੀ ਅਕਾਲ ਤਖਤ ਸਾਹਿਬ ਵੱਲੋਂ 1994 ਵਿੱਚ ਜਾਰੀ ਕੀਤਾ ਗਿਆ ਹੁਕਮ ਕੋਈ ਆਮ ਅਪੀਲ ਨਹੀਂ ਸੀ।

ਇਹ ਸਿੱਖਾਂ ਦੀ ਸਰਬ ਉੱਚ ਸੰਸਥਾ ਵੱਲੋਂ ਕੀਤਾ ਗਿਆ ਇੱਕ ਸਿੱਧਾ, ਸਪੱਸ਼ਟ ਅਤੇ ਲਾਗੂ ਕਰਨਯੋਗ ਹੁਕਮ ਸੀ, ਕਿ ਸਾਰੇ ਧੜੇ ਖਤਮ ਕਰੋ ਅਤੇ ਇੱਕ ਅਕਾਲੀ ਦਲ ਬਣਾਓ। ਕੌਮੀ ਪਾਰਟੀ ਦੀ ਸਥਾਪਨਾ ਅਤੇ ਤਿਆਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛੱਤਰ-ਛਾਇਆ ਹੇਠ ਹੋਵੇ। ਸਾਰੇ ਆਗੂਆਂ ਨੇ ਦਸਤਖ਼ਤ ਕੀਤੇ, ਇਹ ਗੱਲ ਬਹੁਤ ਅਹਿਮ ਹੈ। ਕਿਉਂਕਿ ਇਹ ਮਹਿਜ਼ ਰਾਜਨੀਤਿਕ ਸਹਿਮਤੀ ਨਹੀਂ ਸੀ, ਬਲਕਿ ਇਹ ਧਾਰਮਿਕ ਵਚਨਬੱਧਤਾ ਸੀ। ਪਰ ਅਫਸੋਸ ਨਾਲ ਲਿਖਣਾ ਪੈਂਦਾ ਹੈ ਕਿ ਦੁਨੀਆਂ ਦੇ ਅਜੇਤੂਆਂ ਨੂੰ ਜਿੱਤਣ ਵਾਲੀ ਕੌਮ ਦੇ ਮੌਜੂਦਾ ਅਤੇ ਤਤਕਾਲੀ ਆਗੂ ਕੁੱਝ ਕੇਂਦਰ ਦੀ ਮਿਲੀਭੁਗਤ ਅਤੇ ਕੁੱਝ ਘੁਰਕੀ ਤੋਂ ਬਾਅਦ ਸ. ਸਿਮਰਨਜੀਤ ਸਿੰਘ ਮਾਨ ਨੂੰ ਛੱਡ ਕੇ ਉਸ ਐਲਾਨਨਾਮੇ ਤੋਂ ਪਲਟ ਗਏ, ਜਿਸ ਦੇ ਫਲਸਰੂਪ ਉਸ ਤੋਂ ਬਾਅਦ ਸ. ਪ੍ਰਕਾਸ਼ ਸਿੰਘ ਬਾਦਲ ਨੂੰ 15 ਸਾਲ ਰਾਜ ਭਾਗ ਭੋਗਣ ਦਾ ਮੌਕਾ ਮਿਲਿਆ ਅਤੇ ਗਾਹੇ-ਬ-ਗਾਹੇ ਉਹ ਸਾਰੇ ਆਗੂ ਜੋ ਸ੍ਰੀ ਅੰਮ੍ਰਿਤਸਰ ਸਾਹਿਬ ਐਲਾਨਨਾਮੇ ਤੋਂ ਭਗੌੜੇ ਹੋਏ ਸਨ, ਉਹਨਾਂ ਸਭਨਾਂ ਨੂੰ ਕਿਸੇ ਨਾ ਕਿਸੇ ਰੂਪ ਵਿੱਚ ਸੱਤਾ-ਸੁੱਖ ਮਿਲਦਾ ਰਿਹਾ ਹੈ। 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੜ ਸਾਰੇ ਧੜਿਆਂ ਨੂੰ ਖਤਮ ਕਰਕੇ ਇੱਕ ਮਜ਼ਬੂਤ ਪੰਥਕ ਪਾਰਟੀ ਬਣਾਉਣ ਦੀ ਗੱਲ ਕੀਤੀ ਗਈ। ਸਿਧਾਂਤਕ ਤੌਰ 'ਤੇ ਇਹ ਫੈਸਲਾ ਗਲਤ ਨਹੀਂ ਸੀ।

ਪੰਥਕ ਏਕਤਾ ਦੀ ਲੋੜ ਅੱਜ ਵੀ ਉਤਨੀ ਹੀ ਹੈ ਜਿੰਨੀ 1994 ਵਿੱਚ ਸੀ, ਸ਼ਾਇਦ ਉਸ ਤੋਂ ਵੀ ਵੱਧ। ਪਰ ਇੱਥੇ ਇੱਕ ਬੁਨਿਆਦੀ ਗੱਲ ਨਜ਼ਰਅੰਦਾਜ਼ ਹੋ ਗਈ ਕਿ ਕੀ 1994 ਦਾ ਹੁਕਮ ਰੱਦ ਹੋ ਗਿਆ ਸੀ, ਜਾਂ ਕੀ ਉਹ ਅਪ੍ਰਸੰਗਿਕ ਹੋ ਗਿਆ ਸੀ, ਜਾਂ ਫਿਰ ਉਸਦੀ ਪੰਥਕ ਪ੍ਰਸੰਗਿਕਤਾ ਨੂੰ ਨਜ਼ਰਅੰਦਾਜ਼ ਕਰਕੇ ਨਵਾਂ ਫੈਸਲਾ ਲਿਆ ਗਿਆ । ਅਸਲ ਗਲਤੀ ਇੱਥੇ ਹੀ ਹੋਈ ਹੈ। ਸੱਚਾਈ ਇਹ ਹੈ ਕਿ 2024 ਦਾ ਫੈਸਲਾ ਇੱਕ ਨਵਾਂ ਰਾਹ ਨਹੀਂ ਸੀ, ਪਰ ਇਹ 1994 ਦੇ ਐਲਾਨਨਾਮੇ ਤੋਂ ਹੱਟ ਕੇ ਜ਼ਰੂਰ ਸੀ। ਪਰ ਫਰਕ ਇਹ ਸੀ ਕਿ ਇਸ ਵਾਰ ਵੀ ਉਸ ਅਧੂਰੇਪਣ ਨੂੰ ਸਵੀਕਾਰ ਕਰਨ ਦੀ ਬਜਾਏ, ਉਸਨੂੰ ਦੁਬਾਰਾ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ ਗਈ। ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਇਹ ਐਲਾਨ ਹੋ ਸਕਦਾ ਸੀ, 1994 ਦਾ ਹੁਕਮ ਅਜੇ ਵੀ ਲਾਗੂ ਹੈ, ਜਿਨ੍ਹਾਂ ਆਗੂਆਂ ਨੇ ਉਸਦੀ ਉਲੰਘਣਾ ਕੀਤੀ, ਉਹ ਪੰਥ ਅੱਗੇ ਜਵਾਬਦੇਹ ਹਨ ਅਤੇ ਹੁਣ ਸਮਾਂ ਹੈ, ਉਸ ਹੁਕਮਨਾਮੇ ਨੂੰ ਅਮਲ ਵਿੱਚ ਲਿਆਉਣ ਦਾ। ਇਹ ਸਿਰਫ਼ ਇੱਕ ਨਵਾਂ ਸੱਦਾ ਨਹੀਂ, ਸਗੋਂ ਪੰਥ ਦੇ ਵਡੇਰੇ ਹਿੱਤਾਂ ਦੇ ਮੱਦੇਨਜ਼ਰ ਸ੍ਰੀ ਅਕਾਲ ਤਖਤ ਸਾਹਿਬ ਦੇ ਪੁਰਾਣੇ ਹੁਕਮਾਂ ਨੂੰ ਲਾਗੂ ਕਰਵਾਉਣਾ ਬੇਹੱਦ ਜ਼ਰੂਰੀ ਹੈ। ਸੋ ਅਜਿਹਾ ਸੱਦਾ ਵਧੇਰੇ ਕਾਰਗਰ ਹੋ ਸਕਦਾ ਸੀ। 2024 ਦਾ ਫੈਸਲਾ ਭਾਵੇਂ ਨੀਅਤ ਦੇ ਪੱਖੋਂ ਸਹੀ ਹੋਵੇ, ਕਿਉਂਕਿ ਇਹ ਸਿੱਖ ਆਗੂਆਂ ਵੱਲੋਂ ਸੱਤਾ ਦੇ ਨਸ਼ੇ ਵਿੱਚ ਕੀਤੀਆਂ ਗਲਤੀਆਂ, ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਵਰਗੇ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕਰਨ ਅਤੇ ਪੰਥਕ ਏਕਤਾ ਲਈ ਜ਼ਰੂਰੀ ਸੀ।

ਪਰ ਰਣਨੀਤੀ ਦੇ ਪੱਖੋਂ ਇਹ ਅਧੂਰਾ ਸੀ, ਕਿਉਂਕਿ ਇਸਨੇ ਇਤਿਹਾਸਕ ਲਗਾਤਾਰਤਾ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਜਦੋਂ ਇੱਕ ਸੰਸਥਾ ਆਪਣੇ ਪਿਛਲੇ ਹੁਕਮਾਂ ਨੂੰ ਲਾਗੂ ਨਹੀਂ ਕਰਵਾ ਸਕਦੀ, ਤਾਂ ਨਵੇਂ ਹੁਕਮ ਕਿੰਨੇ ਕੁ ਪ੍ਰਭਾਵਸ਼ਾਲੀ ਰਹਿੰਦੇ ਹਨ, ਇਹ ਸਵਾਲ ਦੀ ਮਹੱਤਤਾ ਨੂੰ ਸਮਝੇ ਜਾਣ ਦੀ ਲੋੜ ਸੀ, ਪਰ ਅਜਿਹਾ ਕਰਨ ਵਿੱਚ ਚੂਕ ਰਹਿ ਗਈ। 1994 ਦੇ ਐਲਾਨਨਾਮੇ ਅਨੁਸਾਰ ਏਕਤਾ ਉਸ ਮੌਕੇ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਪ੍ਰੋਫੈਸਰ ਮਨਜੀਤ ਸਿੰਘ ਦਾ ਵੱਡਾ ਇਤਿਹਾਸਿਕ ਕਾਰਨਾਮਾ ਸੀ। ਪ੍ਰੰਤੂ ਦੋ ਦਸੰਬਰ 2024 ਦਾ ਸ੍ਰੀ ਅਕਾਲ ਤਖਤ ਸਾਹਿਬ ਦਾ ਘਟਨਾਕ੍ਰਮ ਵੀ ਭਾਵੇਂ ਪੰਥਕ ਏਕਤਾ ਲਈ ਚੁੱਕਿਆ ਗਿਆ ਕਦਮ ਸੀ, ਪਰ ਸਿੰਘ ਸਾਹਿਬਾਨ ਵੱਲੋਂ 1994 ਦੀ ਅਧੂਰੀ ਰਹਿ ਗਈ ਵੱਡੀ ਕੋਸ਼ਿਸ਼ ਨੂੰ ਦੁਬਾਰਾ ਰੂਪਮਾਨ ਕਰਨ ਵੱਲ ਗੌਰ ਨਹੀਂ ਫਰਮਾਇਆ ਗਿਆ ਹੈ। ਏਕਤਾ ਦੇ ਹੁਕਮ ਜਾਰੀ ਕਰਨਾ ਅਸਾਨ ਹੈ, ਪਰ ਉਸਦੀ ਪਾਲਣਾ ਕਰਵਾਉਣਾ ਸੰਸਥਾ ਦੀ ਮਜ਼ਬੂਤੀ 'ਤੇ ਨਿਰਭਰ ਕਰਦਾ ਹੈ, ਜੇਕਰ ਸ੍ਰੀ ਅਕਾਲ ਤਖਤ ਸਾਹਬ ਦੀ ਸੰਸਥਾ ਨੂੰ ਪਦਾਰਥਵਾਦ ਦੇ ਲਾਲਚਾਂ ਵਿੱਚ ਉਲਝਾ ਕੇ ਕਮਜ਼ੋਰ ਨਾ ਕੀਤਾ ਗਿਆ ਹੁੰਦਾ ਤਾਂ ਅੱਜ ਪੰਥ ਨੂੰ ਦੁਸ਼ਵਾਰੀਆਂ ਦਾ ਸਾਹਮਣਾ ਨਾ ਕਰਨਾ ਪੈਂਦਾ। ਅੱਜ ਸਵਾਲ ਇਹ ਨਹੀਂ ਕਿ 1994 ਸਹੀ ਸੀ ਜਾਂ 2024। ਸਵਾਲ ਇਹ ਹੈ ਕਿ ਕੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੋਏ ਕਿਸੇ ਵੀ ਫੁਰਮਾਨ ਨੂੰ ਲਾਗੂ ਹੋਣ ਵਿੱਚ ਮੁਸ਼ਕਲਾਂ ਕਿਉਂ ਆਉਂਦੀਆਂ ਹਨ ?

ਅਜਿਹੇ ਬਹੁਤ ਸਾਰੇ ਸਵਾਲ ਹਨ, ਜਿਨ੍ਹਾਂ ਦਾ ਜਵਾਬ ਪੰਥ ਨੂੰ ਕਿਸੇ ਤੋਂ ਨਹੀ ਮਿਲਣਾ, ਬਲਕਿ ਖੁਦ ਹੀ ਇਹਨਾਂ ਦੇ ਹੱਲ ਲਈ ਸੰਜੀਦਾ ਹੋਣਾ ਪਵੇਗਾ। ਇਹ ਸਿੱਖ ਕੌਮ ਲਈ ਚਿੰਤਨ ਦਾ ਵਿਸ਼ਾ ਹੈ ਕਿ ਜੇਕਰ ਕੌਮ 1994 ਦੇ ਐਲਾਨਨਾਮੇ ਨੂੰ ਭੁੱਲ ਜਾਂਦੀ ਹੈ ਤਾਂ ਸੁਭਾਵਿਕ ਹੈ ਕਿ ਦੋ ਦਸੰਬਰ 2024 ਨੂੰ ਵੀ ਕੁੱਝ ਸਮੇਂ ਬਾਅਦ ਵਿਸਾਰ ਦਿੱਤਾ ਜਾਵੇਗਾ, ਜੇਕਰ ਇੱਕ ਮਈ 1994 ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਲਾਗੂ ਕੀਤਾ ਜਾ ਸਕਿਆ ਹੁੰਦਾ, ਤਾਂ ਦੋ ਦਸੰਬਰ 2024 ਦੀ ਲੋੜ ਹੀ ਨਹੀਂ ਸੀ ਪੈਂਦੀ। ਇਸ ਲਈ ਸਹੀ ਰਾਹ ਸ਼ਾਇਦ ਦੋਹਾਂ ਨੂੰ ਜੋੜਨ ਵਿੱਚ ਸੀ, ਨਵਾਂ ਬਣਾਉਣ ਤੋਂ ਪਹਿਲਾਂ ਪੁਰਾਣੇ ਨੂੰ ਨਿਭਾਉਣਾ। ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਕਾਇਮ ਰੱਖਣਾ ਹੀ ਸੰਸਥਾ ਦੀ ਮਜ਼ਬੂਤੀ ਦਾ ਰਾਹ ਹੈ। ਪਦਾਰਥ, ਸੁਆਰਥ ਦੀ ਦਲਦਲ ਵਿੱਚ ਖੁਭਿਆ ਕੋਈ ਵੀ ਵਿਅਕਤੀ ਮਰਿਆਦਾ ਅਨੁਸਾਰ ਸਖਤ ਫੈਸਲੇ ਲੈਣ ਦੇ ਸਮਰੱਥ ਨਹੀਂ ਹੋ ਸਕਦਾ।

ਸਿੰਘ ਸਾਹਿਬ ਦਾ ਰੁਤਬਾ ਪਾਰਟੀਆਂ ਧੜੇਬੰਦੀਆਂ ਤੋਂ ਉਪਰ ਅਤੇ ਨਿਰਸੁਆਰਥ ਜੀਵਨ ਵਾਲੇ ਗੁਰਸਿੱਖ ਦੀ ਮੰਗ ਕਰਦਾ ਹੈ, ਜਿਹੜਾ ਗੁਰੂ ਹਰਿਗੋਬਿੰਦ ਸਾਹਿਬ ਦੇ ਸਿਧਾਂਤ 'ਤੇ ਖੁਦ ਪਹਿਰਾ ਦੇਣ ਦੇ ਸਮਰੱਥ ਹੋਵੇ, ਜਿਸ ਨੂੰ ਨਾ ਆਹੁਦਾ ਖੁੱਸਣ ਦੀ ਚਿੰਤਾ ਹੋਵੇ ਅਤੇ ਨਾ ਹੀ ਉਹ ਦਿੱਲੀ ਦੀਆਂ ਘੂਰੀਆਂ ਤੋਂ ਡਰਨ ਵਾਲੇ ਸਿੱਖ ਆਗੂਆਂ ਦਾ ਮੁਥਾਜ਼ ਹੋਵੇ। ਭਾਵ ਸਿੱਖ ਆਗੂਆਂ ਦੇ ਰਹਿਮੋ-ਕਰਮ ਨਾਲ ਚੱਲਦੀ ਜਥੇਦਾਰੀ ਕੌਮ ਦੇ ਹਿੱਤਾਂ ਨਾਲ ਨਿਆਂ ਕਰਨ ਦੇ ਸਮਰੱਥ ਹੋ ਹੀ ਨਹੀਂ ਸਕਦੀ। ਸੋ ਚਾਰ ਦਹਾਕਿਆਂ ਬਾਅਦ ਜਦੋਂ ਕੌਮ ਅੰਮ੍ਰਿਤਸਰ ਐਲਾਨਨਾਮੇ ਵਰਗੇ ਇਤਿਹਾਸਕ ਦਸਤਾਵੇਜ਼ਾਂ 'ਤੇ ਨਜ਼ਰਸਾਨੀ ਕਰੇਗੀ ਤਾਂ ਅਜਿਹੇ ਚਿੰਤਨ ਵਿੱਚੋਂ ਕੌਮ ਦੇ ਭਵਿੱਖ ਲਈ ਕੁੱਝ ਉਸਾਰੂ ਅਤੇ ਸਿਧਾਂਤਕ ਅਮਲਾਂ ਦਾ ਪਰਵਾਹ ਵੀ ਜ਼ਰੂਰ ਚੱਲੇਗਾ।

ਕਮਲਜੀਤ ਸਿੰਘ ਬਨਵੈਤ
98147 34035



# ਪੰਜਾਬ ਦੀ ਸਿੱਖ ਸਿਆਸਤ ਕਰਵਟ ਲੈਣ ਲੱਗੀ

- ☛ ਕੇਂਦਰੀ ਹਾਕਮ ਪੰਜਾਬ ਵਿਚ ਨਰਮ ਤੇ ਗਰਮ ਧਾਰਾਵਾਂ ਦੇ ਬਰਾਬਰ ਵਗਣ ਦੇ ਹੱਕ ਵਿੱਚ
- ☛ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਅਤੇ ਵਾਰਿਸ ਪੰਜਾਬ ਦੇ ਸਿਆਸੀ ਸਮਝੌਤੇ ਵੱਲ ਵਧਣ ਲੱਗੇ
- ☛ ਸੁਖਬੀਰ ਸਿੰਘ ਬਾਦਲ ਪੈਣ ਲੱਗੇ ਕਲਮ ਕੱਲੇ, ਬਾਪ ਦੀ ਤਰ੍ਹਾਂ ਨਰਮ ਧਿਰ ਦੇ ਹੱਕ ਵਿੱਚ

ਸਿੱਖ ਸਿਆਸਤ ਸ਼ੁਰੂ ਤੋਂ ਹੀ ਨਰਮ ਤੇ ਗਰਮ ਧਾਰਾਵਾਂ ਵਿੱਚ ਬਰਾਬਰੋ ਬਰਾਬਰੀ ਚੱਲਦੀ ਰਹੀ ਹੈ। ਸਾਲ 1708 ਤੋਂ ਲੈ ਕੇ 1984 ਤੱਕ ਠੰਡੀ ਤੇ ਤੱਤੀ ਸਿੱਖ ਸਿਆਸਤ ਇੱਕ ਦੂਜੇ ਦੇ ਪੂਰਕ ਹੋ ਕੇ ਚੱਲੀ। ਹੁਣ ਵੀ ਨਰਮ ਤੇ ਗਰਮ ਸਿੱਖ ਸਿਆਸਤ ਬਰਾਬਰ ਬਰਾਬਰੀ ਚੱਲ ਰਹੀ ਹੈ। ਵਾਰਿਸ ਪੰਜਾਬ ਦੇ ਅਤੇ ਪੁਨਰ ਸੁਰਜੀਤ ਅਕਾਲੀ ਦਲ ਦੇ ਨੇੜੇ ਹੋਣ ਨਾਲ ਤੱਤੀ ਤੇ ਠੰਡੀ ਧਾਰਾ ਦੇ ਮੁੜ ਬਰਾਬਰ ਬਰਾਬਰੀ ਚੱਲਣ ਦੇ ਆਸਾਰ ਬਣ ਗਏ ਹਨ।

ਮੀਡੀਆ ਸੰਤ ਜਰਨੈਲ ਸਿੰਘ ਭਿੰਡਰਾਂ ਵਾਲੇ ਅਤੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਜੋੜੀ ਦੀ ਤਰ੍ਹਾਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਅਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨਾਲ ਮੇਲਣ ਲੱਗਾ ਹੈ। ਹਾਲਾਂਕਿ ਇਹਨਾਂ ਦੋਹਾਂ ਦਾ ਕੱਦ ਕਾਠ ਸੰਤ ਭਿੰਡਰਾਂਵਾਲਾ ਅਤੇ ਸੰਤ ਲੌਂਗੋਵਾਲ ਦੇ ਬਰਾਬਰ ਨਹੀਂ ਹੈ।

ਭਾਈ ਅੰਮ੍ਰਿਤਪਾਲ ਸਿੰਘ ਆਪਣੇ ਸ਼ੁਰੂ ਦੇ ਸਫ਼ਰ ਦੌਰਾਨ ਖ਼ਾਲਿਸਤਾਨ ਦੇ ਹੱਕ 'ਚ ਬੋਲਦੇ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਦਮ ਚਾਹੇ ਆਪਣੇ ਘਰ ਦਾ ਭਰਦੇ ਹੋਣ ਪਰ ਉਹ ਖੁੱਲ੍ਹ ਕੇ ਅਨੰਦਪੁਰ ਸਾਹਿਬ ਦੇ ਮਤੇ ਦੀ ਗੱਲ ਕਰਦੇ ਹਨ। ਠੰਡੀ ਧਾਰਾ ਵਾਲੇ ਸੁਖਬੀਰ ਸਿੰਘ ਬਾਦਲ ਚਾਲੀ ਰੈਲੀਆਂ ਕਰਨ ਤੋਂ ਬਾਅਦ ਚੁੱਪ ਕਰ ਬੈਠੇ ਹਨ। ਭਾਈ ਅੰਮ੍ਰਿਤਪਾਲ ਸਿੰਘ ਅਤੇ ਗਿਆਨੀ ਹਰਪ੍ਰੀਤ ਸਿੰਘ ਦੀ ਪਈ ਕੁੰਜੜੀ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਕੁਝ ਖੱਟ ਕਮਾ ਜਾਂਦੀ ਹੈ ਤਾਂ ਠੰਡੀ ਧਾਰਾ ਦੇ ਮੂਹਰੇ ਨਿਕਲ ਕੇ ਨਾ ਸਹੀ ਬਰਾਬਰੋ ਬਰਾਬਰ ਹੀ ਤਾਂ ਤੁਹਾਨੂੰ ਲੱਗ ਪੈਣਗੇ। ਕੇਂਦਰੀ ਸੱਤਾ ਦੋਹਾਂ ਧਾਰਾਵਾਂ ਨੂੰ ਬਰਾਬਰ ਤੁਰਦਿਆਂ ਦੇਖ ਕੇ ਅੰਦਰੋਂ ਖੁਸ਼ ਹੈ ਪਰ ਰਲ ਕੇ ਤੁਰਨ ਲੱਗ ਪੈਣ ਇਹ ਵਾਰਾ ਨਹੀਂ ਖਾਂਦਾ ਹੈ। ਕੇਂਦਰੀ ਸੱਤਾ ਵਿੱਚ ਇੱਕ ਧੜਾ ਉਹ ਵੀ ਹੈ ਜਿਹੜਾ ਦੋਹਾਂ ਨੂੰ ਆਪਣੇ ਹਿੱਤਾਂ ਲਈ ਵਰਤ ਕੇ ਉਜਾੜਿਆ ਦੇਖਣਾ ਲੋਚਦਾ ਹੈ। ਸਿੱਖ ਸਿਆਸਤ ਇੱਕ ਨਵੀਂ ਕਰਵਟ ਲੈਂਦੀ ਦਿਸਣ ਲੱਗੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 25 ਵਾਰ ਪ੍ਰਧਾਨ ਰਹੇ ਮਰਹੂਮ ਗੁਰਚਰਨ ਸਿੰਘ ਟੌਹੜਾ ਦੇ ਸਦਾ ਲਈ ਵਿਛੜ ਜਾਣ ਤੋਂ ਬਾਅਦ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨਰਮ ਧਾਰਾ ਦੀ ਲਗਾਤਾਰ ਅਗਵਾਈ ਕਰਦੇ ਰਹੇ ਹਨ। ਪਿੱਛੇ ਜਿਹੇ ਪੰਜਾਬ ਦੀ ਸਿੱਖ ਸਿਆਸਤ ਨੇ ਮੋੜ ਕੱਟਿਆ ਹੈ। ਦੋਹਾਂ ਧਿਰਾਂ ਦੇ ਨੇੜੇ ਹੋ ਕੇ ਬੈਠਣ ਨਾਲ ਗਰਮ ਅਤੇ ਨਰਮ ਧਰਾਵਾਂ ਮੁੜ ਬਰਾਬਰ ਬਰਾਬਰੀ ਚੱਲ ਸਕਣਗੀਆਂ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਨਰਮ ਧਿਰ ਦੀ ਅਗਵਾਈ ਕਰਦੇ ਹਨ। ਪਰ ਉਹਨਾਂ ਨੂੰ ਆਪਣੇ ਬਾਪ ਦੀ ਤਰ੍ਹਾਂ ਸਿਆਸਤ ਖੇਡਣੀ ਨਹੀਂ ਆਈ। ਕਦੇ ਉਹ ਸ਼੍ਰੀ ਅਕਾਲ ਤਖ਼ਤ ਸਾਹਮਣੇ ਪੇਸ਼ ਹੋ ਕੇ ਸਾਰੇ ਗੁਨਾਹ ਆਪਣੀ ਝੋਲੀ ਪਵਾਉਂਦੇ ਹਨ ਅਤੇ ਕਦੇ ਅੱਧ ਵਿਚਾਲੇ ਪਿੱਠ ਦਿਖਾ ਜਾਂਦੇ ਹਨ। ਹੁਣ ਜਦੋਂ ਸ਼੍ਰੋਮਣੀ ਅਕਾਲੀ ਦਲ ਹਾਸ਼ੀਏ ਤੋਂ ਅੰਦਰ ਵਲ ਨੂੰ ਤੁਰਨ ਲੱਗਾ ਸੀ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਧੜੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਇੱਕ ਪੱਤਰ ਦੇ ਕੇ ਸੁਖਬੀਰ ਨੂੰ ਤਲਬ ਕਰਨ ਦੀ ਮੰਗ ਕਰ ਲਈ ਹੈ। ਸੁਖਬੀਰ ਨੇ ਪਿੱਛੇ ਜਿਹੇ ਕੀਤੀਆਂ 40 ਰੈਲੀਆਂ ਵੇਲੇ ਬੋਲਦਿਆਂ ਇਹ ਕਹਿ ਦਿੱਤਾ ਸੀ ਕਿ ਦੋ ਦਸੰਬਰ ਦਾ ਹੁਕਮਨਾਮਾ ਜਿਸ ਵਿੱਚ ਉਹਨਾਂ ਨੂੰ ਤਨਖਾਹ ਲਾਈ ਗਈ ਸੀ, ਇੱਕ ਸਾਜਿਸ਼ ਦੇ ਤਹਿਤ ਜਾਰੀ ਕੀਤਾ ਗਿਆ ਸੀ। ਉਹ ਤਾਂ ਇੱਥੋਂ ਤੱਕ ਵੀ ਕਹਿ ਗਏ ਸਨ ਕਿ ਤਨਖਾਹ ਭੁਗਤਣ ਵੇਲੇ ਉਨ੍ਹਾਂ ਨੂੰ ਮਰਵਾਉਣ ਦੀ ਵੀ ਸਾਜਿਸ਼ ਰਚੀ ਗਈ ਸੀ। ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਕੀਤੇ ਹੁਕਮਨਾਮੇ ਨੂੰ ਸਾਜਿਸ਼ ਦੱਸਣ ਦੇ ਦੋਸ਼ ਹੇਠ ਜਥੇਦਾਰ ਅਕਾਲ ਤਖ਼ਤ ਤੋਂ ਉਹਨਾਂ ਨੂੰ ਤਲਬ ਕਰਨ ਦੀ ਮੰਗ ਕੀਤੀ ਗਈ ਹੈ। ਹੋ ਸਕਦਾ ਹੈ ਕਿ ਜਥੇਦਾਰ ਸਾਹਿਬ 3 ਮਈ ਨੂੰ ਸਿੱਖ ਵਿਦਵਾਨਾਂ ਦੀ ਰੱਖੀ ਮੀਟਿੰਗ ਵਿੱਚ ਇਸ ਮਸਲੇ ਉੱਤੇ ਸੁਝਾਅ ਲੈਣ। ਸਾਡੀ ਜਾਚੇ ਉਹ ਇਸ ਵਿਵਾਦਿਤ ਮਸਲੇ ਉੱਤੇ ਖਿਲਾਰਾ ਪਾਉਣ ਤੋਂ ਗੁਰੇਜ਼ ਕਰਨਗੇ।

ਫ਼ਾਂਸੀ ਦੀ ਸਜ਼ਾ ਯਾਫਤਾ ਭਾਈ ਬਲਵੰਤ ਸਿੰਘ ਰਾਜੋਆਣਾ ਦਾ ਮਾਮਲਾ ਜ਼ਰੂਰ ਵਿਚਾਰਿਆ ਜਾਣਾ ਹੈ। ਪਿਛਲੇ 14 ਸਾਲਾਂ ਤੋਂ ਕਾਲ ਕੋਠੜੀ ਵਿੱਚ ਬੰਦ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦੀ ਸਜ਼ਾ ਨੂੰ ਨਰਮ ਕਰਨ ਲਈ ਮੁਲਕ ਦੇ ਰਾਸ਼ਟਰਪਤੀ ਕੋਲ ਦਾਇਰ ਕੀਤੀ ਪਟੀਸ਼ਨ ਕੇਂਦਰ ਸਰਕਾਰ ਦੇ ਦਫ਼ਤਰਾਂ ਵਿੱਚ ਚੱਕਰ ਕੱਢ ਰਹੀ ਹੈ। ਦੂਜੇ ਬੰਨੇ ਭਾਈ ਰਾਜੋਆਣਾ ਫਾਂਸੀ ਦਾ ਰੱਸਾ ਚੁੰਮਣ ਲਈ ਕਾਹਲੇ ਹਨ। ਉਹਨਾਂ ਨੇ ਸ਼੍ਰੋਮਣੀ ਗੁ. ਪ੍ਰਬੰਧਕ ਕਮੇਟੀ ਨੂੰ ਆਪਣੀ ਪਟੀਸ਼ਨ ਵਾਪਸ ਲੈਣ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਨੇ ਇਹ ਪੱਤਰ ਜਥੇਦਾਰ ਗੜਗੱਜ ਦੇ ਹਵਾਲੇ ਕਰ ਦਿੱਤਾ ਹੈ। ਕਮੇਟੀ ਪ੍ਰਧਾਨ ਦਾ ਕਹਿਣਾ ਹੈ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਉਸ ਵੇਲੇ ਦੇ ਜਥੇਦਾਰ ਕਹਿਣ 'ਤੇ ਹੀ ਇਹ ਪਟੀਸ਼ਨ ਪਾਈ ਗਈ ਸੀ। ਇਥੇ ਹੀ ਬਸ ਨਹੀਂ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਰੋਕਣ ਸਬੰਧੀ ਬਣਾਏ ਗਏ ਕਾਨੂੰਨ ਦੇ ਮਾਮਲੇ ਵਿੱਚ ਵੀ ਸ਼੍ਰੋਮਣੀ ਕਮੇਟੀ ਅਤੇ ਕਈ ਸਿੱਖ ਸੰਸਥਾਵਾਂ ਸੰਤੁਸ਼ਟ ਨਹੀਂ ਹਨ। ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਵਿੱਚ ਸਰਕਾਰ ਦੇ ਖਰੜੇ ਨੂੰ ਪ੍ਰਵਾਨ ਕਰਨ ਤੋਂ ਪਹਿਲਾਂ ਕਈ ਵਾਰ ਜਨਤਕ ਕਰਨ ਦੀ ਅਪੀਲ ਕੀਤੀ ਗਈ ਸੀ ਪਰ ਅੰਡੇਕਟ ਕੀਤਾ ਜਾਂਦਾ ਰਿਹਾ। ਸਿੱਖ ਸੰਸਥਾਵਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਬਣਾਏ ਕਾਨੂੰਨ ਵਿੱਚ ਕਈ ਖਾਮੀਆਂ ਹਨ ਅਤੇ ਇਹਨਾਂ ਨੂੰ ਦੂਰ ਕਰਨ ਦੀ ਲੋੜ ਹੈ। ਦੂਸਰਾ ਇਹ ਕਿ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿਲ 2026 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੰਨ ਲਿਆ ਗਿਆ ਹੈ। ਬਿੱਲ ਦੇ ਕਾਨੂੰਨ ਬਣਨ ਵੇਲੇ ਨਾ ਤਾਂ ਸ਼੍ਰੋਮਣੀ ਅਕਾਲੀ ਦਲ ਅਤੇ ਨਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੋਈ ਹੁੰਗਾਰਾ ਭਰਿਆ ਸੀ। ਕਮੇਟੀ ਦੀ ਸਾਬਕਾ ਜਰਨਲ ਸਕੱਤਰ ਬੀਬੀ ਕਿਰਨਜੋਤ ਕੌਰ ਨੇ ਜ਼ਰੂਰ ਹਾਅ ਦਾ ਨਾਅਰਾ ਮਾਰਿਆ ਸੀ।

ਸਿੱਖ ਸਿਆਸਤ ਵਿੱਚ ਵਗ ਰਹੀਆਂ ਦੋਵੇਂ ਧਰਾਵਾਂ ਦਾ ਟੀਚਾ 2026 ਵਿੱਚ ਪੰਜਾਬ ਨੂੰ ਸਰ ਕਰਨਾ ਹੈ। ਦੂਜੀਆਂ ਤਿੰਨ ਰਾਜਨੀਤਿਕ ਪਾਰਟੀਆਂ ਆਪ, ਕਾਂਗਰਸ ਅਤੇ ਭਾਜਪਾ ਵੀ ਇਹੋ ਸੁਪਨੇ ਲੈ ਰਹੀਆਂ ਹਨ। ਦੁੱਖ ਤਾਂ ਇਹੋ ਮਾਰਦਾ ਹੈ ਕਿ ਕੋਈ ਵੀ ਪਾਰਟੀ ਪੰਜਾਬ ਬਾਰੇ ਗੱਲ ਨਹੀਂ ਕਰ ਰਹੀ ਹੈ ਜਦੋਂ ਕਿ ਝਾਕ ਸਾਰੀਆਂ ਦੀ ਸਤਾ 'ਤੇ ਕਾਬਜ਼ ਹੋਣ ਦੀ ਹੈ।

# ਬਿਜਲੀ ਕੱਟਾਂ ਵਿਰੁੱਧ ਅਕਾਲੀ ਦਲ ਵੱਲੋਂ ਰਾਜਨਬੀਰ ਸਿੰਘ ਘੁਮਾਣ ਦੀ ਅਗਵਾਈ ਹੇਠ ਬਿਜਲੀ ਘਰ ਘੁਮਾਣ ਵਿਖੇ ਰੋਸ ਧਰਨਾ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 30 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਅੰਦਰ ਬੇਲੋੜੇ ਤੇ ਘੰਟਿਆਂ ਬੱਧੀ ਲਗਾਏ ਜਾ ਰਹੇ ਬਿਜਲੀ ਕੱਟਾਂ ਨੂੰ ਲੈ ਕੇ ਲੋਕਾਂ ਦਾ ਜਿਊਣਾ ਮੁਸ਼ਕਿਲ ਹੋਇਆ ਪਿਆ ਹੈ। ਅੱਜ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਐਲਾਨ ਮੁਤਾਬਿਕ ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਕਸਬਾ ਘੁਮਾਣ ਦੇ ਬਿਜਲੀ ਘਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਦੀ ਅਗਵਾਈ ਹੇਠ ਬਿਜਲੀ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਦੌਰਾਨ ਅਕਾਲੀ ਦਲ ਵਰਕਰ ਸਮੇਤ ਵੱਡੀ ਗਿਣਤੀ 'ਚ ਲੋਕ ਇਕੱਠੇ ਹੋਏ। ਇਸ ਰੋਸ ਧਰਨੇ ਨੂੰ ਰਾਜਨਬੀਰ ਸਿੰਘ ਘੁਮਾਣ ਸਮੇਤ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਆਖਿਆ ਕਿ ਮੌਜੂਦਾ ਸਰਕਾਰ ਨੇ ਸਖ਼ਤ ਗਰਮੀ ਦੌਰਾਨ ਪਿੰਡਾਂ ਸਮੇਤ ਸ਼ਹਿਰਾਂ ਨੂੰ ਪੂਰੀ ਬਿਜਲੀ ਨਾ ਦੇ ਕੇ ਤੰਗ-ਪ੍ਰੇਸ਼ਾਨ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲ ਦਲ ਵੱਲੋਂ ਪੰਜਾਬ ਨੂੰ ਬਿਜਲੀ ਪੱਖੋਂ ਸਰਪ੍ਰਸਤ ਸੂਬਾ ਬਣਾਇਆ ਗਿਆ ਸੀ, ਵਾਧੂ ਬਿਜਲੀ ਪੈਦਾ ਕਰਕੇ ਲੋਕਾਂ ਨੂੰ ਸਹੂਲਤ ਦਿੱਤੀ ਗਈ ਪਰ ਸਰਕਾਰ ਨੇ ਬਿਜਲੀ ਨਾ ਦੇ ਕੇ ਦੁਕਾਨਦਾਰਾਂ, ਵਰਕਸ਼ਾਪਾਂ, ਇੰਡਸਟਰੀਜ਼ ਤੇ ਜਿਨ੍ਹਾਂ ਲੋਕਾਂ ਦੇ ਕੰਮ ਬਿਜਲੀ ਦੀ ਸਪਲਾਈ ਨਾਲ ਚੱਲਦੇ




ਹਨ, ਉਨ੍ਹਾਂ ਨੂੰ ਕੰਗਾਲ ਬਣਾ ਕੇ ਰੱਖ ਦਿੱਤਾ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਕਿਸੇ ਵੀ ਵਰਗ ਦੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨ ਦਾ ਸਾਹਮਣਾ ਨਹੀਂ ਸੀ ਕਰਨਾ ਪੈਂਦਾ। ਉਨ੍ਹਾਂ ਆਖਿਆ ਕਿ ਮੌਜੂਦਾ ਸਰਕਾਰ ਨੇ ਲੋਕਾਂ ਉਪਰ ਕਰਜ਼ੇ ਦਾ ਬੋਝ ਵਧਾ ਦਿੱਤਾ। ਇਸ ਮੌਕੇ ਬੇਲੋੜੇ ਲੱਗ ਰਹੇ ਬਿਜਲੀ ਦੇ ਕੱਟਾਂ ਵਿਰੁੱਧ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਤੇ ਅਕਾਲੀ ਵਰਕਰਾਂ ਤੇ ਆਗੂਆਂ ਨੇ ਬਿਜਲੀ ਬੋਰਡ ਘੁਮਾਣ ਦੇ ਐਸਡੀਓ ਜਗਜੀਤ ਸਿੰਘ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਰਜੀਤ ਸਿੰਘ ਸੇਖਵਾਂ, ਸੰਜੋਗਦੀਪ ਸਿੰਘ ਘੁਮਾਣ, ਪ੍ਰਧਾਨ ਕੁਲਦੀਪ ਸਿੰਘ ਮੂੜ, ਪ੍ਰਧਾਨ ਵਿਨੋਦ ਕੁਮਾਰ ਘੁਮਾਣ, ਦਰਸ਼ਨ ਸਿੰਘ ਔਲਖ, ਸੀਨੀਅਰ ਆਗੂ ਸੂਬੇ. ਗੁਰਨਾਮ ਸਿੰਘ ਮਡਿਆਲਾ, ਸਰਪੰਚ ਗੁਰਮੇਜ ਸਿੰਘ ਮੰਡਿਆਲਾ, ਅਮਰੀਕ ਸਿੰਘ ਪ੍ਰਧਾਨ ਐਸਸੀ ਵਿੰਗ, ਨਿਰਮਲ ਸਿੰਘ ਮਹਿਮਦ, ਕੈਪਟਨ ਕੁਲਵਿੰਦਰ ਸਿੰਘ, ਧਰਮਿੰਦਰ ਸਿੰਘ ਪੰਜਗਰਾਈਂ, ਝਿਰਮਲ ਸਿੰਘ ਸਾਬਕਾ ਸਰਪੰਚ ਪੰਜਗਰਾਈਂ, ਦਿਲਬਾਗ ਸਿੰਘ ਕੋਟਲਾ, ਪਰਮਿੰਦਰ ਸਿੰਘ, ਮਨਜੀਤ ਸਿੰਘ ਮੋਕਲ, ਪ੍ਰਧਾਨ ਪ੍ਰੇਮ ਸਿੰਘ ਜੈਤੋਸਰਜਾ, ਦੌਲਤ ਸਿੰਘ ਭੰਬੋਈ, ਦਰਸ਼ਨ ਸਿੰਘ ਪੁਰੀਆ, ਬਲਬੀਰ ਸਿੰਘ ਸੇਖਵਾਂ, ਧਰਮਿੰਦਰ ਸਿੰਘ ਸਰਪੰਚ ਹਰਚੋਵਾਲ, ਸਾਬਕਾ ਸਰਪੰਚ ਹਰਜੀਤ ਸਿੰਘ ਪਰਮਾਰ, ਸੁਖਦੇਵ ਸਿੰਘ ਬੂੜੇ ਨੰਗਲ, ਸੂਬੇਦਾਰ ਹਰਜਿੰਦਰ ਸਿੰਘ ਟਾਂਡਾ, ਜ਼ਿਲ੍ਹਾ ਯੂਥ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਭੋਮਾ, ਜਥੇ. ਸੁਖਦੇਵ ਸਿੰਘ ਮੱਲੋਵਾਲੀ, ਜਸਬੀਰ ਸਿੰਘ ਕਬੱਡੀ ਕੋਚ, ਸੂਬੇ. ਗੁਰਨਾਮ ਸਿੰਘ ਚੀਮਾ, ਮਲਕੀਤ ਸਿੰਘ ਕੋਟ ਬਖਤਾਂ, ਹਰਜਿੰਦਰ ਸਿੰਘ ਗਿੱਲ ਗੰਨ ਹਾਊਸ, ਦਰਸ਼ਨ ਸਿੰਘ ਜੈਤੋਸਰਜਾ, ਨੰਬਰਦਾਰ ਤਰਸੇਮ ਸਿੰਘ ਮੰਡ, ਮੇਜਰ ਸਿੰਘ ਮੰਡ, ਹੇਮ ਸਿੰਘ ਮੰਡ, ਸਾਬਕਾ ਸਰਪੰਚ ਦਲਜੀਤ ਸਿੰਘ ਮੰਡ, ਪ੍ਰਗਾਸ ਸਿੰਘ ਮੰਡ, ਦਲਜੀਤ ਸਿੰਘ ਜੀਤਾ ਮੰਡ, ਮਨਜਿੰਦਰ ਸਿੰਘ ਛੈਲੋਵਾਲ, ਪ੍ਰੇਮ ਲਾਲ, ਹਰਜੀਤ ਸਿੰਘ ਘੁਮਾਣ ਸਮੇਤ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਤੇ ਆਗੂ ਹਾਜ਼ਰ ਸਨ।

# ਬਿਜਲੀ ਕੱਟਾਂ ਵਿਰੁੱਧ ਅਕਾਲੀ ਦਲ ਦਾ ਹੱਲਾ-ਬੋਲ
# ਸੰਜੀਵ ਤਲਵਾੜ ਦੀ ਅਗਵਾਈ 'ਚ ਐਸ.ਡੀ.ਐਮ. ਦਫ਼ਤਰ ਅੱਗੇ ਪ੍ਰਦਰਸ਼ਨ

ਹੁਸ਼ਿਆਰਪੁਰ, 30 ਅਪ੍ਰੈਲ (ਦੀਪਕ ਅਗਨੀਹੋਤਰੀ): ਪੰਜਾਬ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ 'ਤੇ ਸਰਕਾਰ ਵਿਰੁੱਧ ਵਿੱਚ ਅੱਜ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਸੰਜੀਵ ਤਲਵਾੜ ਦੀ ਅਗਵਾਈ ਹੇਠ ਐਸ.ਡੀ.ਐਮ. ਦਫ਼ਤਰ ਦੇ ਬਾਹਰ ਇੱਕ ਪ੍ਰਭਾਵਸ਼ਾਲੀ ਰੋਸ ਧਰਨਾ ਦਿੱਤਾ ਗਿਆ। ਇਸ ਪ੍ਰਦਰਸ਼ਨ ਦੌਰਾਨ ਅਕਾਲੀ ਦਲ ਦੇ ਵਰਕਰਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਲੋਕਾਂ ਨੂੰ ਪੱਖੇ ਵੰਡ ਕੇ ਆਪਣਾ ਵਿਰੋਧ ਦਰਜ ਕਰਵਾਇਆ। ਇਸ ਪ੍ਰੋਗਰਾਮ ਦੀ ਖਾਸ ਵਿਸ਼ੇਸ਼ਤਾ ਇਹ ਰਹੀ ਕਿ ਨੀਤੀ ਤਲਵਾੜ ਦੀ ਰਹਿਨੁਮਾਈ ਹੇਠ ਸੈਂਕੜਿਆਂ ਦੀ ਗਿਣਤੀ ਵਿੱਚ ਮਹਿਲਾਵਾਂ ਨੇ ਧਰਨੇ ਵਿੱਚ ਭਾਗ ਲਿਆ, ਜਿਸ ਨਾਲ ਇਹ ਸਪੱਸ਼ਟ ਹੋ ਗਿਆ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਸਮਾਜ ਦਾ ਹਰ ਵਰਗ ਨਾਰਾਜ਼ ਹੈ। ਧਰਨੇ



ਨੂੰ ਸੰਬੋਧਨ ਕਰਦਿਆਂ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਸਿੰਘ ਬਾਜਵਾ ਤੇ ਸਾਬਕਾ ਕੈਬਨਿਟ ਮੰਤਰੀ ਸੋਹਨ ਸਿੰਘ ਠੰਡਲ ਨੇ ਸਰਕਾਰ 'ਤੇ ਤਿੱਖੀ ਆਲੋਚਨਾ ਕੀਤੀ। ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਜਤਿੰਦਰ ਲਾਲੀ ਬਾਜਵਾ ਤੇ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਲਖਵਿੰਦਰ ਸਿੰਘ ਲੱਖੀ ਨੇ ਵੀ ਸਰਕਾਰ ਦੀਆਂ ਗਲਤ ਨੀਤੀਆਂ ਨੂੰ ਕਰੜੇ ਸ਼ਬਦਾਂ ਵਿੱਚ ਨਿਸ਼ਾਨਾ ਬਣਾਇਆ। ਬਿਜਲੀ ਪ੍ਰਬੰਧਨ ਵਿੱਚ ਲਾਪ੍ਰਵਾਹੀ ਕਾਰਨ ਇਹ ਹਾਲਾਤ ਪੈਦਾ ਹੋਏ ਹਨ। ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਧਰਨੇ ਵਿੱਚ ਪਹੁੰਚੇ ਸਾਰੇ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ, ਸ਼੍ਰੋਮਣੀ ਅਕਾਲੀ ਦਲ ਦੀ ਇੱਕਜੁਟਤਾ ਹੀ ਹੁਸ਼ਿਆਰਪੁਰ ਵਿੱਚ ਪਾਰਟੀ ਦਾ ਝੰਡਾ ਬੁਲੰਦ ਕਰੇਗੀ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪਾਰਟੀ ਹੁਣ ਪੂਰੇ ਜੋਸ਼ ਨਾਲ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਦੀ ਤਿਆਰੀ ਵਿੱਚ ਜੁੱਟ ਗਈ ਹੈ।

# ਚੇਅਰਮੈਨ ਜੋਬਨ ਰੰਧਾਵਾ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪ੍ਰਤਾਪਗੜ੍ਹ ਵਿਖੇ ਨਵੇਂ ਬਣੇ ਕਮਰੇ ਦਾ ਉਦਘਾਟਨ



ਬਟਾਲਾ, 30 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਸਰਕਾਰੀ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਤਹਿਤ ਸਕੂਲਾਂ ਵੱਡੇ ਪੱਧਰ 'ਤੇ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ ਤਾਂ ਜੋ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਸਕੇ। ਇਸੇ ਲੜੀ ਦੇ ਤਹਿਤ ਅੱਜ ਜੋਬਨ ਰੰਧਾਵਾ, ਚੇਅਰਮੈਨ ਯੋਜਨਾ ਬੋਰਡ ਗੁਰਦਾਸਪੁਰ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪ੍ਰਤਾਪਗੜ੍ਹ ਬਲਾਕ, ਬਟਾਲਾ-2 ਵਿਖੇ ਨਵੇਂ ਬਣੇ ਕਮਰੇ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਜੋਬਨ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਗੁਣਾਤਮਕ ਸਿੱਖਿਆ ਦੇਣ ਲਈ ਵਚਨਬੱਧ ਹੈ ਤੇ ਪਿਛਲੇ ਸਰਕਾਰ ਦੇ 04 ਸਾਲ ਦੇ ਕਾਰਜਕਾਲ ਦੌਰਾਨ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ ਤੇ ਸਰਕਾਰ ਵੱਲੋਂ ਸਕੂਲ ਆਫ਼ ਐਮੀਨੈਂਸ ਬਣਾਏ ਗਏ ਹਨ। ਜਿੱਥੋਂ ਵਿਦਿਆਰਥੀਆਂ ਵੱਲੋਂ ਵਿੱਦਿਆ ਹਾਸਲ ਕਰਕੇ ਨੀਟ ਵਰਗੇ ਇਮਤਿਹਾਨ ਪਾਸ ਕੀਤੇ ਹਨ। ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਹਰਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਪਰਮਜੀਤ ਦੀ ਅਗਵਾਈ ਹੇਠ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਬਟਾਲਾ 2 ਲਖਵਿੰਦਰ ਸਿੱਖਿਆ ਸੇਖੋਂ ਦੇ ਸਹਿਯੋਗ ਨਾਲ ਸਕੂਲ ਵਿਖੇ ਕਰਵਾਏ ਸਾਦੇ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਵਿੱਚ ਚੇਅਰਮੈਨ ਜੋਬਨ ਰੰਧਾਵਾ ਵੱਲੋਂ ਨਵੇਂ ਬਣੇ ਕਮਰੇ ਦਾ ਉਦਘਾਟਨ ਕੀਤਾ ਗਿਆ ਹੈ। ਇਸ ਮੌਕੇ ਅਮਰੀਕ ਸਿੰਘ, ਬੀ.ਐਨ.ਓ. ਮਨਪ੍ਰੀਤ ਸਿੰਘ, ਕੁਲਜਿੰਦਰ ਸਿੰਘ ਰਿਆੜ, ਮੀਡੀਆ ਕੋਆਰਡੀਨੇਟਰ ਗਗਨਦੀਪ ਸਿੰਘ, ਸਟਾਫ ਪਰਮਜੀਤ ਕੌਰ ਲਖਬੀਰ ਕੌਰ, ਤਪਿੰਦਰ ਕੌਰ, ਸੂਚੀ ਗੁਪਤਾ ਸਰਪੰਚ ਲਖਬੀਰ ਸਿੰਘ ਸਮੇਤ ਪੰਚਾਇਤ ਮੈਂਬਰ ਹਾਜ਼ਰ ਸਨ।

# ਅਕਾਲੀ ਦਲ ਵੱਲੋਂ ਪ੍ਰਦਰਸ਼ਨ, ਸਰਕਾਰ ਤੇ ਬਿਜਲੀ ਬੋਰਡ ਖ਼ਿਲਾਫ਼ ਨਾਅਰੇਬਾਜ਼ੀ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 30 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਇਲਾਕੇ ਵਿੱਚ ਅਣਮਿੱਥੇ ਲੰਬੇ ਕੱਟਾਂ ਤੇ ਚੱਲ ਰਹੇ ਲੋਅ ਵੋਲਟੇਜ ਤੇ ਬਿਜਲੀ ਸਪਲਾਈ ਦੀ ਸਮੱਸਿਆ ਨੂੰ ਲੈ ਕੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਇਲਾਕਾ ਵਾਸੀਆਂ ਵੱਲੋਂ ਬਿਜਲੀ ਵਿਭਾਗ ਦੇ ਦਫ਼ਤਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਤਰਲੋਕ ਸਿੰਘ ਬਾਠ ਤੇ ਐਡ. ਸਰਬਜੀਤ ਸਿੰਘ ਮਾਨ ਵੱਲੋਂ ਕੀਤੀ ਗਈ। ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਤੇ ਪੰਜਾਬ ਰਾਜ ਬਿਜਲੀ ਬੋਰਡ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟਾਇਆ। ਇਸ ਮੌਕੇ ਪ੍ਰਦਰਸ਼ਨਕਾਰੀਆਂ ਵੱਲੋਂ ਐਸ.ਡੀ.ਓ. ਸ੍ਰੀ ਹਰਿਗੋਬਿੰਦਪੁਰ ਦੇ ਨਾਮ ਮੰਗ ਪੱਤਰ ਵੀ ਸੌਂਪਿਆ ਗਿਆ। ਮੰਗ ਪੱਤਰ ਵਿੱਚ ਦਰਸਾਇਆ ਗਿਆ ਕਿ ਇਲਾਕੇ ਦੇ ਘਰਾਂ ਤੇ ਦੁਕਾਨਾਂ ਵਿੱਚ ਵੋਲਟੇਜ ਘੱਟ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ



ਸਾਹਮਣਾ ਕਰਨਾ ਪੈ ਰਿਹਾ ਹੈ। ਘੱਟ ਵੋਲਟੇਜ ਕਾਰਨ ਘਰੇਲੂ ਉਪਕਰਨ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੇ ਤੇ ਨੁਕਸਾਨ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਪ੍ਰਦਰਸ਼ਨਕਾਰੀਆਂ ਨੇ ਦੱਸਿਆ ਕਿ ਟਰਾਂਸਫਾਰਮਰਾਂ 'ਤੇ ਵੱਧ ਲੋਡ ਤੇ ਬਿਜਲੀ ਲਾਈਨਾਂ ਦੀ ਠੀਕ ਸੰਭਾਲ ਨਾ ਹੋਣ ਕਰਕੇ ਇਹ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਨਵੇਂ ਟਰਾਂਸਫਾਰਮਰ ਲਗਾਏ ਜਾਣ, ਪੁਰਾਣੀਆਂ ਲਾਈਨਾਂ ਦੀ ਮੁਰੰਮਤ ਕੀਤੀ ਜਾਵੇ ਤੇ ਬਿਜਲੀ ਸਪਲਾਈ ਵਿੱਚ ਸੁਧਾਰ ਲਿਆਇਆ ਜਾਵੇ। ਇਸ ਮੌਕੇ ਤਰਲੋਕ ਸਿੰਘ ਬਾਠ, ਐਡ. ਸਰਬਜੀਤ ਸਿੰਘ ਮਾਨ, ਚੇਅਰਮੈਨ ਮਲਕੀਤ ਸਿੰਘ ਮਧਰਾ, ਕਿਸਾਨ ਆਗੂ ਸੋਨੂੰ ਔਲਖ, ਬਲਰਾਜ ਸਿੰਘ ਭੱਡਾ, ਪਰਮਿੰਦਰ ਸਿੰਘ ਭੱਡਾ, ਮਨਜੀਤ ਸਿੰਘ ਭਿੰਡਰ, ਰਾਣਾ ਚੌਧਰੀ ਘੁਮਾਣ, ਦਲਬੀਰ ਸਿੰਘ ਘੁਮਾਣ (ਸਾਬਕਾ ਚੇਅਰਮੈਨ), ਹਰਦੀਪ ਸਿੰਘ, ਦਰਸ਼ਨ ਸਿੰਘ ਘੁਮਾਣ, ਸਰੂਪ ਸਿੰਘ (ਸਾਬਕਾ ਸਰਪੰਚ), ਕੈਪਟਨ ਅਮਰਿੰਦਰ ਸਿੰਘ, ਕੈਪਟਨ ਕੁਲਵੰਤ ਸਿੰਘ ਔਲਖ, ਅੰਮ੍ਰਿਤਪਾਲ ਸਿੰਘ ਰਿਆੜ, ਦਲਜੀਤ ਸਿੰਘ (ਸਰਪੰਚ), ਭਈ ਬਲਵਿੰਦਰ ਸਿੰਘ ਔਲਖ ਆਦਿ ਹਾਜ਼ਰ ਸਨ।

# ਬਿਜਲੀ ਦੇ ਲੱਗ ਰਹੇ ਕੱਟਾਂ ਨੂੰ ਲੈ ਕੇ ਐਸਡੀਐਮ ਦਫ਼ਤਰ ਅੱਗੇ ਧਰਨਾ

ਗੜ੍ਹਸ਼ੰਕਰ, 30 ਅਪ੍ਰੈਲ (ਅਜਮੇਰ ਸਿੰਘ ਭਨੋਟ): ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਗੜ੍ਹਸ਼ੰਕਰ ਤੋਂ ਹਲਕਾ ਇੰਚਾਰਜ ਤੇ ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਦੀ ਅਗਵਾਈ ਵਿੱਚ ਪਾਰਟੀ ਵਰਕਰਾਂ ਨੇ ਬਿਜਲੀ ਦੇ ਲੱਗ ਰਹੇ ਲੰਬੇ-ਲੰਬੇ ਕੱਟਾਂ ਨੂੰ



ਲੈ ਕੇ ਐਸਡੀਐਮ ਦਫ਼ਤਰ ਗੜ੍ਹਸ਼ੰਕਰ ਅੱਗੇ ਸਰਕਾਰ ਖ਼ਿਲਾਫ਼ ਧਰਨਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਸਾਬਕਾ ਵਿਧਾਇਕ ਨੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜੋ ਆਖਦੀ ਸੀ ਕਿ ਅਸੀਂ ਪੰਜਾਬ ਦੇ ਅੰਦਰ ਬਦਲਾਵ ਕਰਾਂਗੇ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਭਰ ਵਿੱਚ ਬਿਜਲੀ ਦੇ ਲੱਗ ਰਹੇ ਲੰਬੇ-ਲੰਬੇ ਕੱਟਾਂ ਦੇ ਕਾਰਨ ਹਾਹਾਕਾਰ ਮਚੀ ਹੋਈ ਹੈ। ਰਾਠਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮਹਿਲਾਵਾਂ ਨੂੰ ਇੱਕ ਹਜ਼ਾਰ ਤੇ 1500 ਰੁਪਏ ਦੇਣ ਦਾ ਐਲਾਨ ਕੀਤਾ ਹੈ ਪ੍ਰੰਤੂ ਮਿਲਣ ਦੀ ਵਜਾਏ ਸੁਵਿਧਾ ਕੇਂਦਰਾਂ ਵਿੱਚ ਔਰਤਾਂ ਨੂੰ ਧੱਕੇ ਖਾਣੇ ਪੈ ਰਹੇ ਹਨ।

# ਡੀ.ਸੀ. ਤੇ ਐਸ.ਐਸ.ਪੀ.ਨੇ ਕੀਤੀ ਮਰਦਮਸ਼ੁਮਾਰੀ-2027 ਤਹਿਤ ਸਵੈ-ਗਣਨਾ ਦੀ ਸ਼ੁਰੂਆਤ

ਸ਼ਹੀਦ ਭਗਤ ਸਿੰਘ ਨਗਰ, 30 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਤੇ ਐਸ.ਐਸ.ਪੀ. ਤੁਸ਼ਾਰ ਗੁਪਤਾ



ਵੱਲੋਂ ਅੱਜ ਮਰਦਮਸ਼ੁਮਾਰੀ-2027 ਤਹਿਤ ਆਨਲਾਈਨ ਪੋਰਟਲ https://se.census.gov.in ਉਤੇ ਜਾਣਕਾਰੀ ਸਾਂਝੀ ਲਈ ਸਵੈ-ਗਣਨਾ ਪ੍ਰਕਿਰਿਆ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ. ਤੇ ਹੋਰਨਾਂ ਸੀਨੀਅਰ ਅਧਿਕਾਰੀਆਂ ਵੱਲੋਂ ਸਵੈ-ਗਣਨਾ ਤਹਿਤ ਆਨਲਾਈਨ ਜਾਣਕਾਰੀ ਭਰੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਅਹਿਮ ਰਾਸ਼ਟਰੀ ਕਾਰਜ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਜੋ ਕਿ ਸਮਾਜਿਕ ਤੇ ਆਰਥਿਕ ਤੇ ਜਨਸੰਖਿਆ ਦੇ ਡਾਟਾ ਲਈ ਇੱਕ ਮਹੱਤਵਪੂਰਨ ਵਜੋਂ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਮਰਦਮਸ਼ੁਮਾਰੀ ਵਿਕਾਸ ਮੁਖੀ ਯੋਜਨਾਵਾਂ ਤੇ ਭਲਾਈ ਸਕੀਮਾਂ ਨੂੰ ਸੁਚੱਜੇ ਢੰਗ ਨਾਲ ਬਣਾਉਣ ਤੇ ਨਾਗਰਿਕ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਰਵਾਇਤੀ ਢੰਗ ਤੋਂ ਆਧੁਨਿਕ ਤਰੀਕੇ ਨਾਲ ਕੀਤੀ ਜਾਣ ਵਾਲੀ ਮਰਦਮਸ਼ੁਮਾਰੀ-2027 'ਤੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਔਲਖ ਨੇ ਦੱਸਿਆ ਕਿ ਮੋਬਾਈਲ ਐਪਲੀਕੇਸ਼ਨ ਜ਼ਰੀਏ ਪਹਿਲੀ ਵਾਰ ਸਵੈ-ਗਣਨਾ ਨਿਰਧਾਰਿਤ ਪੋਰਟਲ 'ਤੇ ਡਿਜੀਟਲ ਤਰੀਕੇ ਨਾਲ ਕਰਵਾਈ ਜਾ ਰਹੀ ਹੈ।

# ਪੱਛੜੀਆਂ ਸ਼੍ਰੇਣੀਆਂ ਨੂੰ ਭਲਾਈ ਸਕੀਮਾਂ ਦਾ ਬਣਦਾ ਲਾਭ ਦੇਣਾ ਯਕੀਨੀ ਬਣਾਇਆ ਜਾਵੇ: ਚੇਅਰਮੈਨ ਥਿੰਦ

ਗੁਰਦਾਸਪੁਰ, 30 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਮਲਕੀਤ ਸਿੰਘ ਥਿੰਦ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਅਧਿਕਾਰੀਆਂ ਤੇ ਪੱਛੜੀਆਂ ਸ਼੍ਰੇਣੀਆਂ ਭਲਾਈ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਿਲਾਂ



ਦਾ ਜਾਇਜ਼ਾ ਲਿਆ। ਚੇਅਰਮੈਨ ਮਲਕੀਤ ਸਿੰਘ ਥਿੰਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਲੋਕਾਂ ਦਾ ਜੀਵਨ ਪੱਧਰ ਉਚਾ ਚੁੱਕਣ ਲਈ ਵੱਖ-ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਤੇ ਇਨ੍ਹਾਂ ਸਕੀਮਾਂ ਬਾਰੇ ਲੋਕਾਂ ਨੂੰ ਜਾਣੂੰ ਕਰਵਾਉਣ ਲਈ ਵਿਭਾਗੀ ਪੱਧਰ 'ਤੇ ਵਧੇਰੇ ਜਾਗਰੂਕਤਾ ਕੈਂਪ ਲਗਾਏ ਜਾਣਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਪੱਛੜੀਆਂ ਸ਼੍ਰੇਣੀਆਂ ਨੂੰ ਭਲਾਈ ਯੋਜਨਾਵਾਂ ਦਾ ਬਣਦਾ ਲਾਭ ਦੇਣ ਵਿੱਚ ਢਿੱਲਮੱਠ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਭਲਾਈ ਯੋਜਨਾਵਾਂ ਲਈ ਜਨ ਜਾਗਰੂਕਤਾ ਕੀਤੀ ਜਾਵੇ ਤੇ ਲੋੜ ਪੈਣ 'ਤੇ ਵਿਸ਼ੇਸ਼ ਕੈਂਪ ਵੀ ਲਗਾਏ ਜਾਣ। ਮੀਟਿੰਗ ਦੌਰਾਨ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਪਿੰਟਾ, ਘੱਟ ਗਿਣਤੀ ਵਿੰਗ ਗੁਰਦਾਸਪੁਰ ਦੇ ਮੀਤ ਪ੍ਰਧਾਨ ਪੀਟਰ ਮੱਟੂ, ਬਲਜੀਤ ਸਿੰਘ ਫੌਜੀ ਸੋਸ਼ਲ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਦੀਨਾਨਗਰ, ਰਮੇਸ਼ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਪਵਨ ਕਮਾਰ ਜੁਆਇੰਟ ਸਕੱਤਰ, ਹਰਜਿੰਦਰ ਸਿੰਘ ਬਲਾਕ ਪ੍ਰਧਾਨ ਓ.ਬੀ.ਸੀ ਵਿੰਗ ਗੁਰਦਾਸਪੁਰ, ਅੰਗਰੇਜ਼ ਸਿੰਘ ਬਲਾਕ ਪ੍ਰਧਾਨ ਓ.ਬੀ.ਸੀ ਵਿੰਗ ਦੀਨਾਨਗਰ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਸੁਖਵਿੰਦਰ ਸਿੰਘ ਘੁੰਮਣ, ਨਵਨੀਤ ਕੌਰ ਡੀ.ਐਫ.ਐਸ.ਓ ਗੁਰਦਾਸਪੁਰ, ਰਮਨਦੀਪ ਸਿੰਘ ਐਸ.ਪੀ. ਬਟਾਲਾ, ਡੀ.ਐਸ.ਪੀ. ਸੀਮਾ, ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਇੰਸਪੈਕਟਰ ਲਵਪ੍ਰੀਤ ਸਿੰਘ, ਡੀ.ਐਸ.ਐਸ.ਓ. ਗੁਰਦਾਸਪੁਰ ਡਾ. ਕਿਰਤਪ੍ਰੀਤ ਕੌਰ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪਹਿਲੀ ਮਈ ਮਜ਼ਦੂਰ ਦਿਵਸ 'ਤੇ ਸਮੂਹ ਮਿਹਨਤਕਸ਼ ਕਿਰਤੀਆਂ ਨੂੰ ਸ਼ੁਭਕਾਮਨਾਵਾਂ: ਸੁਖਰਾਜ ਕਾਹਲੋਂ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 30 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪਹਿਲੀ ਮਈ ਸਮੁੱਚੇ ਸੰਸਾਰ ਭਰ ਵਿੱਚ ਮਜ਼ਦੂਰ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ, ਇਸਦਾ ਉਦੇਸ਼ ਮਜ਼ਦੂਰਾਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਇਹ ਸਮਾਜ ਤੇ ਆਰਥਿਕਤਾ ਵਿੱਚ ਕਿਰਤ ਦੀ ਮਹੱਤਤਾ ਦੀ ਯਾਦ ਦਿਵਾਉਣ ਦਾ ਵੀ ਕੰਮ ਕਰਦਾ ਹੈ। ਮਜ਼ਦੂਰ ਜਮਾਤ ਦੇਸ਼ ਦੀ ਸੰਚਾਲਕ ਸ਼ਕਤੀ ਹਨ। ਉਹ ਦੇਸ਼ ਦੇ ਬੁਨਿਆਦੀ ਢਾਂਚੇ, ਵਿਕਾਸ ਤੇ ਆਰਥਿਕਤਾ ਦਾ ਥੰਮ ਹਨ ਦੇਸ਼ ਤੇ ਦੁਨੀਆਂ ਵਿੱਚ ਸਰੀਰਕ ਕਿਰਤ ਸਭ ਤੋਂ ਮਹਿੰਗੀ ਹੋਣੀ ਚਾਹੀਦੀ ਹੈ ਤੇ ਮਜ਼ਦੂਰ ਨੂੰ ਪਸੀਨਾ ਸੁੱਕਣ ਤੋਂ ਪਹਿਲਾਂ ਉਜਰਤ ਦੇਣ ਦੇ ਸੰਕਲਪ 'ਤੇ ਪਹਿਰਾ ਦੇਣ ਦੀ ਲੋੜ ਹੈ। ਜਿਸ ਦੀ ਸਭ ਤੋਂ ਵੱਧ ਅਵੱਗਿਆ ਸਰਕਾਰ ਖੁਦ ਕਰਦੀ ਹੈ। ਨਰੇਗਾ ਵਰਕਰਾਂ ਨੂੰ ਘੱਟ ਮਜ਼ਦੂਰੀ ਵੀ ਮਹੀਨਿਆਂ ਬਾਅਦ ਮਿਲਦੀ ਹੈ। **ਸਾਡੇ ਦੇਸ਼ ਦੇ ਮਜ਼ਦੂਰਾਂ ਲਈ ਮਈ ਦਿਵਸ ਦਾ ਮਹੱਤਵ:** ਜਿਨ੍ਹਾਂ ਹਾਲਾਤਾਂ ਵਿੱਚ ਸਰਮਾਏਦਾਰਾ ਲੁੱਟ ਖ਼ਿਲਾਫ਼ ਮਈ



ਦਿਵਸ ਦੇ ਸ਼ਹੀਦਾਂ ਨੇ ਝੰਡਾ ਚੁੱਕਿਆ ਸੀ, ਉਨ੍ਹਾਂ ਹਾਲਾਤਾਂ ਵਿੱਚ ਹੀ ਅੱਜ ਸਾਡੇ ਦੇਸ਼ ਦੀ ਮਜ਼ਦੂਰ ਜਮਾਤ ਪਿਸ ਰਹੀ ਹੈ। 12-14 ਘੰਟੇ ਕੰਮ ਕਰਕੇ ਵੀ ਵੱਡੀ ਮਜ਼ਦੂਰ ਆਬਾਦੀ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਨਹੀਂ ਕਰ ਪਾਉਂਦੀ। ਸਰਮਾਏਦਾਰ ਮਾਲਕ ਦਿਨ ਦੁੱਗਣੀ-ਰਾਤ ਚੌਗੁਣੀ ਤਰੱਕੀ ਕਰ ਰਹੇ ਹਨ। ਸਰਮਾਏਦਾਰਾਂ ਦੇ ਪੈਸੇ ਦੇ ਜ਼ੋਰ 'ਤੇ ਬਣੀ ਕੇਂਦਰ ਸਰਕਾਰ ਮਜ਼ਦੂਰਾਂ ਦੀ ਲੁੱਟ ਹੋਰ ਵੀ ਤੇਜ਼ ਕਰਨ ਲਈ ਸਰਮਾਏਦਾਰਾਂ ਦੇ ਮੁਨਾਫੇ ਦੇ ਰਾਹ 'ਚੋਂ ਹਰ ਰੋੜਾ ਹਟਾ ਰਹੀ ਹੈ। ਮਜ਼ਦੂਰਾਂ ਲਈ ਜੋ ਥੋੜ੍ਹੇ ਕਿਰਤ ਕਾਨੂੰਨਾਂ ਦੇ ਹੱਕ ਸਨ (ਜਿਨ੍ਹਾਂ ਨੂੰ ਇੱਕ ਹੱਦ ਤੱਕ ਕਿਰਤ ਵਿਭਾਗ, ਈ.ਐਸ.ਆਈ. ਵਿਭਾਗ, ਈ.ਪੀ.ਐਫ. ਵਿਭਾਗ ਆਦਿ ਨੂੰ ਖਤਮ ਕਰਕੇ ਮਜ਼ਦੂਰ ਹੱਕਾਂ 'ਤੇ ਵੱਡੇ ਹਮਲੇ ਦੀ ਤਿਆਰੀ ਕੀਤੀ ਜਾ ਰਹੀ ਹੈ। ਕੇਂਦਰ ਸਰਕਾਰ ਨੇ 29 ਪੁਰਾਣੇ ਕਿਰਤ ਕਾਨੂੰਨਾਂ ਨੂੰ 4 ਨਵੇਂ ਕਿਰਤ ਕੋਡਾਂ ਵਿੱਚ ਬਦਲ ਦਿੱਤਾ ਹੈ, ਜਿਸ ਵਿੱਚ ਤਨਖਾਹ, ਕੰਮ ਦੇ ਘੰਟੇ, ਪੀ ਐਫ ਤੇ ਗ੍ਰੈਚੁਟੀ ਦੇ ਨਿਯਮ ਬਦਲਣ ਦੀ ਸੰਭਾਵਨਾ ਹੈ। ਸਰਕਾਰੀ ਸਨਅਤਾਂ ਤੇ ਸੇਵਾ ਖੇਤਰ ਨੂੰ ਕੌਡੀਆਂ ਦੇ ਭਾਅ ਦੇਸੀ-ਵਿਦੇਸ਼ੀ ਸਰਮਾਏਦਾਰਾਂ ਹਵਾਲੇ ਕੀਤਾ ਜਾ ਰਿਹਾ ਹੈ। ਰੁਜ਼ਗਾਰ ਦੀ ਕਿਧਰੇ ਕੋਈ ਗਰੰਟੀ ਨਹੀਂ ਹੈ, ਠੇਕਾ/ਪੀਸ ਰੇਟ ਪ੍ਰਣਾਲੀ ਨੂੰ ਜ਼ੋਰ-ਸ਼ੋਰ ਨਾਲ ਲਾਗੂ ਕੀਤਾ ਜਾ ਰਿਹਾ ਹੈ। ਕਿਸਾਨਾਂ ਦੀ ਜ਼ਮੀਨ ਜ਼ਬਰਦਸਤੀ ਖੋਹ ਕੇ ਸਰਮਾਏਦਾਰਾਂ ਨੂੰ ਦੇਣ ਲਈ ਜ਼ਾਬਰ ਕਾਨੂੰਨਾਂ ਨੂੰ ਹੋਰ ਵੀ ਸਖਤ ਕੀਤਾ ਜਾ ਰਿਹਾ ਹੈ।

# ਨਵੀਂ ਅਕ੍ਰੈਡੀਟੇਸ਼ਨ ਸੁਧਾਰ ਤੇ ਬਾਈਨਰੀ ਸਿਸਟਮ ਨਾਲ ਉਚ ਸਿੱਖਿਆ ਦੀ ਗੁਣਵੱਤਾ 'ਚ ਸੁਧਾਰ: ਡਾ. ਅਜੇ ਸ਼ਰਮਾ



ਗੁਰਦਾਸਪੁਰ, 30 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਸਰਕਾਰੀ ਕਾਲਜ ਵਿੱਚ ਚੱਲ ਰਹੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਚੌਥਾ ਦਿਨ ਬਹੁਤ ਹੀ ਪ੍ਰੇਰਣਾਦਾਇਕ ਰਿਹਾ। ਦਿਨ ਦੀ ਸ਼ੁਰੂਆਤ ਡਾ. ਪੂਨਮ ਸ਼ਰਮਾ ਵੱਲੋਂ ਡਾ. ਦੀਪਾ ਸਿਕੰਦ ਦੇ "Assessment and Evaluation" ਵਿਸ਼ੇ 'ਤੇ ਪੇਸ਼ ਕੀਤੇ ਗਏ, ਪੇਪਰ ਦੇ ਸੰਪੂਰਨ ਤੇ ਵਿਸ਼ਲੇਸ਼ਣਾਤਮਕ ਸਮੀਖਿਆਤਮਕ ਅਧਿਐਨ ਨਾਲ ਹੋਈ। ਇਸ ਤੋਂ ਬਾਅਦ ਪ੍ਰੋਗਰਾਮ ਦੀ ਅਗਵਾਈ ਕਰਦੇ ਹੋਏ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਮੁੱਖ ਰਿਸੋਰਸ ਪਰਸਨ ਡਾ. ਅਜੇ ਸ਼ਰਮਾ (ਪ੍ਰਿੰਸੀਪਲ, ਗੋਸਵਾਮੀ ਗਣੇਸ਼ ਦੱਤਾ ਸਨਾਤਨ ਧਰਮ ਕਾਲਜ, ਚੰਡੀਗੜ੍ਹ) ਦਾ ਸਨਮਾਨਿਤ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਵਿੱਚ ਗੁਣਾਤਮਕ ਸਿੱਖਿਆ ਸੱਭਿਆਚਾਰ ਦੇ ਵਿਕਾਸ ਤੇ ਸਮੇਂ ਦੀ ਲੋੜ ਅਨੁਸਾਰ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਲਿਆਂਦੇ ਜਾਣ ਦੀ ਅਹਿਮੀਅਤ ਉਤੇ ਜ਼ੋਰ ਦਿੱਤਾ। ਡਾ. ਅਜੇ ਸ਼ਰਮਾ ਨੇ ਆਪਣੇ ਵਿਸਤ੍ਰਿਤ ਲੈਕਚਰ ਵਿੱਚ "New Accreditation Reforms" "Binary Accreditation System" ਦੇ ਸੰਦਰਭ ਵਿੱਚ ਉੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਦੇ ਨਵੇਂ ਮਾਡਲ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਡਾ. ਸ਼ਰਮਾ ਨੇ ਆਪਣੇ ਸੰਬੋਧਨ ਵਿੱਚ Artificial Intelligenceਨਾਲ ਜੁੜੀਆਂ ਚੁਣੌਤੀਆਂ ਤੇ ਮੌਕਿਆਂ ਬਾਰੇ ਵੀ ਵਿਚਾਰ ਸਾਂਝੇ ਕੀਤੇ ਤੇ ਸਿੱਖਿਆ ਦੇ ਗੁਣਾਤਮਕ ਵਿਕਾਸ ਲਈ ਨਵੀਂ ਦਿਸ਼ਾਵਾਂ ਵੱਲ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ। ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਚੌਥਾ ਦਿਨ ਬਹੁਤ ਹੀ ਜਾਣਕਾਰੀਪ੍ਰਦ, ਚਿੰਤਨਸ਼ੀਲ ਤੇ ਪ੍ਰੇਰਣਾਦਾਇਕ ਰਿਹਾ, ਜਿਸ ਨੇ ਅਧਿਆਪਕਾਂ ਨੂੰ ਉਚ ਸਿੱਖਿਆ ਵਿੱਚ ਗੁਣਵੱਤਾ ਤੇ ਨਵੀਂਕਰਨ ਵੱਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਅਵਾਰਾ ਕੁੱਤਿਆਂ ਦੇ ਆਤੰਕ 'ਤੇ ਨਗਰ ਕੌਂਸਲ ਦੀ ਵੱਡੀ ਕਾਰਵਾਈ, ਲੋਕਾਂ ਨੂੰ ਮਿਲੀ ਵੱਡੀ ਰਾਹਤ

ਕਾਦੀਆਂ, 30 ਅਪ੍ਰੈਲ (ਤਾਰੀ/ਸੰਧੂ): ਸ਼ਹਿਰ ਵਿੱਚ ਲਗਾਤਾਰ ਵੱਧ ਰਹੇ ਅਵਾਰਾ ਕੁੱਤਿਆਂ ਦੇ ਆਤੰਕ ਨੂੰ ਦੇਖਦਿਆਂ ਨਗਰ ਕੌਂਸਲ ਕਾਦੀਆਂ ਵੱਲੋਂ ਅੱਜ ਇੱਕ ਵੱਡੀ ਕਾਰਵਾਈ ਕੀਤੀ ਗਈ। ਨਗਰ ਕੌਂਸਲ ਦੀ ਵਿਸ਼ੇਸ਼ ਟੀਮ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਅਵਾਰਾ ਕੁੱਤਿਆਂ ਨੂੰ ਕਾਬੂ ਕਰਦਿਆਂ ਲੋਕਾਂ ਨੂੰ ਇਸ ਮੁੱਦੇ ਤੋਂ ਵੱਡੀ ਰਾਹਤ ਦਿਵਾਈ। ਪਿਛਲੇ ਕਈ ਦਿਨਾਂ ਤੋਂ ਸ਼ਹਿਰ ਦੇ ਨਿਵਾਸੀ ਅਵਾਰਾ ਕੁੱਤਿਆਂ ਦੀ ਵੱਧ ਰਹੀ ਗਿਣਤੀ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਸਨ। ਖ਼ਾਸ ਕਰਕੇ ਸਵੇਰੇ ਤੇ ਸ਼ਾਮ ਦੇ ਸਮੇਂ ਇਹ ਕੁੱਤੇ ਟੋਲੀਆਂ ਵਿੱਚ ਘੁੰਮਦੇ ਹੋਏ ਲੋਕਾਂ 'ਤੇ ਹਮਲੇ ਕਰ ਰਹੇ ਸਨ। ਕਈ ਮਾਮਲਿਆਂ ਵਿੱਚ ਬੱਚਿਆਂ, ਬਜ਼ੁਰਗਾਂ ਤੇ ਔਰਤਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ, ਜਿਸ ਨਾਲ ਸ਼ਹਿਰ ਵਿੱਚ ਡਰ ਦਾ ਮਾਹੌਲ ਬਣ ਗਿਆ ਸੀ। ਸਥਾਨਕ ਵਸਨੀਕਾਂ ਨੇ ਦੱਸਿਆ ਕਿ ਸਕੂਲ ਜਾਣ ਵਾਲੇ ਬੱਚੇ ਸਭ ਤੋਂ ਜ਼ਿਆਦਾ ਪ੍ਰਭਾਵਿਤ ਹੋ ਰਹੇ ਸਨ, ਕਿਉਂਕਿ ਰਸਤੇ ਵਿੱਚ ਅਵਾਰਾ ਕੁੱਤਿਆਂ ਦੇ ਟੋਲੇ ਉਨ੍ਹਾਂ ਨੂੰ ਘੇਰ ਲੈਂਦੇ ਸਨ। ਕਈ ਬੱਚੇ ਕੁੱਤਿਆਂ ਦੇ ਹਮਲਿਆਂ ਕਾਰਨ ਜ਼ਖਮੀ ਵੀ ਹੋਏ, ਜਿਸ ਤੋਂ ਬਾਅਦ ਮਾਪਿਆਂ ਵਿੱਚ ਚਿੰਤਾ ਵੱਧ ਗਈ ਸੀ। ਇਸ ਤੋਂ ਇਲਾਵਾ ਰਾਤ ਦੇ ਸਮੇਂ ਵੀ ਇਹ ਕੁੱਤੇ ਗਲੀਆਂ ਵਿੱਚ ਭੌਂਕਦੇ ਤੇ ਦੌੜਦੇ ਹੋਏ ਲੋਕਾਂ ਲਈ ਖਤਰਾ ਬਣੇ ਰਹਿੰਦੇ ਸਨ। ਇਸ ਗੰਭੀਰ ਸਥਿਤੀ ਨੂੰ ਦੇਖਦਿਆਂ ਨਗਰ ਕੌਂਸਲ ਨੇ ਤੁਰੰਤ ਕਾਰਵਾਈ ਕਰਦਿਆਂ ਇੱਕ ਵਿਸ਼ੇਸ਼ ਟੀਮ ਤਾਇਨਾਤ ਕੀਤੀ। ਟੀਮ ਨੇ ਸ਼ਹਿਰ ਦੇ ਸੰਵੇਦਨਸ਼ੀਲ ਤੇ ਪ੍ਰਭਾਵਿਤ ਇਲਾਕਿਆਂ



ਵਿੱਚ ਜਾ ਕੇ ਅਵਾਰਾ ਕੁੱਤਿਆਂ ਨੂੰ ਸੁਰੱਖਿਅਤ ਢੰਗ ਨਾਲ ਕਾਬੂ ਕੀਤਾ। ਨਗਰ ਕੌਂਸਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਕੁੱਤੇ ਕਿਸੇ ਨੂੰ ਨੁਕਸਾਨ ਨਾ ਪਹੁੰਚਾਉਣ, ਇਸ ਲਈ ਉਨ੍ਹਾਂ ਨੂੰ ਕਾਬੂ ਕਰਕੇ ਉਚਿਤ ਸਥਾਨਾਂ 'ਤੇ ਭੇਜਿਆ ਜਾ ਰਿਹਾ ਹੈ, ਜਿੱਥੇ ਉਨ੍ਹਾਂ ਦੀ ਸੰਭਾਲ ਤੇ ਟੀਕਾਕਰਨ ਕੀਤਾ ਜਾਵੇਗਾ। ਇਸ ਮੌਕੇ ਗਗਨਦੀਪ ਸਿੰਘ ਤੇ ਸੈਬੀ, ਸਾਬਕਾ ਐਮ.ਸੀ. ਨੇ ਨਗਰ ਕੌਂਸਲ ਦੇ ਇਸ ਉਪਰਾਲੇ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।

# ਹਰੀ ਸਿੰਘ ਨਲੂਆ ਦੀ ਬਰਸੀ ਰਿਆੜਕੀ ਸੰਸਥਾਵਾਂ ਨੇ ਸ਼ਰਧਾ ਨਾਲ ਮਨਾਈ

ਕਾਹਨੂੰਵਾਨ, 30 ਅਪ੍ਰੈਲ (ਕੁਲਜੀਤ ਸਿੰਘ ਖੋਖਰ): ਖ਼ਾਲਸਾ ਰਾਜ ਦੇ ਮਹਾਨ ਜਰਨੈਲ, ਸਿੱਖ ਸਮਰਾਜ ਦੇ ਚੀਫ਼ ਇਨ ਕਮਾਂਡਰ ਤੇ ਕਾਬੁਲ-ਕੰਧਾਰ ਨੂੰ ਖ਼ਾਲਸਾ ਰਾਜ ਵਿੱਚ ਸ਼ਾਮਲ ਕਰਨ ਵਾਲੇ ਅਣਖੀਲੇ ਯੋਧੇ ਸ. ਹਰੀ ਸਿੰਘ ਨਲੂਆ ਦੀ ਬਰਸੀ ਇੰਟੈਕ ਪੰਜਾਬ ਤੇ ਰਿਆੜਕੀ ਸੰਸਥਾਵਾਂ ਨੇ ਇੰਟੈਕ ਅੰਮ੍ਰਿਤਸਰ ਦੇ ਸਹਿਯੋਗ ਨਾਲ ਰਿਆੜਕੀ



ਪਬਲਿਕ ਸਕੂਲ, ਤੁਗਲਵਾਲਾ ਦੇ ਡਾ. ਐਮ.ਐਸ. ਰੰਧਾਵਾ ਹਾਲ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ। ਸਿੱਖ ਰਹੁ-ਰੀਤਾਂ ਅਨੁਸਾਰ ਆਯੋਜਿਤ ਇਸ ਪ੍ਰਭਾਵਸ਼ਾਲੀ ਵਿਰਾਸਤੀ ਸਮਾਗਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਰਸਭਿੰਨੇ ਸ਼ਬਦ ਕੀਰਤਨ ਨਾਲ ਕੀਤੀ ਗਈ, ਜਿਸ ਵਿੱਚ ਮਹਾਨ ਜੋਧੇ ਦੀ ਸੂਰਬੀਰਤਾ ਦੇ ਸੋਹਲੇ ਗਾਏ ਗਏ। ਹਰ ਕਲਾਸ ਦੇ ਵਿਦਿਆਰਥੀਆਂ ਨੇ ਸਿੱਖ ਕੌਮ ਦੇ ਮਾਣਮੱਤੇ ਇਤਿਹਾਸ ਨੂੰ ਵੱਖ-ਵੱਖ ਸਿੱਖਿਆ-ਸੱਭਿਆਚਾਰਕ ਰੂਪਾਂ ਵਿੱਚ ਪੇਸ਼ ਕੀਤਾ। ਸਮਾਗਮ ਦੌਰਾਨ ਮੈਗਜ਼ੀਨ ਲੇਖਣ, ਬਲੈਕ ਬੋਰਡ ਲਿਖਣ, ਲੈਕਚਰ, ਕਵਿਤਾ ਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਮਾਨਤ ਕੌਰ, ਗੁਰਸਹਿਜਦੀਪ ਕੌਰ, ਹਰਲੀਨ ਕੌਰ, ਅਵਰੀਤ ਕੌਰ, ਕੀਰਤਦੀਪ ਕੌਰ, ਜਗਬੀਰ ਕੌਰ, ਰਸ਼ਲੀਨ ਕੌਰ, ਮਨਜਿੰਦਰ ਸਿੰਘ, ਜਸਮੀਤ ਸਿੰਘ ਅਤੇ ਸਹਿਜਪ੍ਰੀਤ ਕੌਰ ਨੂੰ ਸਨਮਾਨਿਤ ਕਰਦਿਆਂ ਹਰੀ ਸਿੰਘ ਨਲੂਆ ਜੀ ਦੀ ਤਸਵੀਰ ਭੇਂਟ ਕੀਤੀ ਗਈ।

# ਖੇਡਾਂ ਪ੍ਰਤੀ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਜਿੰਮ ਦਾ ਸਮਾਨ ਵੰਡਿਆ: ਗਗਨਦੀਪ ਸਿੰਘ



ਗੁਰਦਾਸਪੁਰ, 30 ਅਪ੍ਰੈਲ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗਗਨਦੀਪ ਸਿੰਘ ਯੂਥ ਪ੍ਰਧਾਨ ਗੁਰਦਾਸਪੁਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਖੇਡ ਜਵਾਨੀ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਅੱਜ ਖੇਡ ਮੈਦਾਨ ਨਾਲ ਜੋੜਨ ਦੀ ਮੁਹਿੰਮ ਤਹਿਤ ਅੱਜ ਪਿੰਡ ਭੁਕਰਾ ਵਿਖੇ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਲਈ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਜਿੰਮ ਦਾ ਸਮਾਨ ਵੰਡਿਆ ਗਿਆ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹੀ ਆਮ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਤੇ ਪੰਜਾਬ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ 'ਤੇ ਉਨ੍ਹਾਂ ਨਾਲ ਪਿੰਡ ਭੁੱਕਰਾ ਦੇ ਸਰਪੰਚ ਤੇ ਹੋਰ ਵੀ ਮੋਹਤਬਰ ਸੱਜਣ ਮਿੱਤਰ ਹਾਜ਼ਰ ਸਨ।

# ਮੌਜੂਦਾ ਸਮੇਂ 'ਚ ਮੀਡੀਆ ਕਰਮੀਆਂ ਨੂੰ ਨਿਰਪੱਖ ਪੱਤਰਕਾਰੀ ਲਈ ਕਰਨਾ ਪੈਂਦਾ ਹੈ ਗੰਭੀਰ ਚੁਣੌਤੀਆਂ ਦਾ ਸਾਹਮਣਾ: ਪ੍ਰਵੀਨ ਅਰੋੜਾ

ਨਵਾਂਸ਼ਹਿਰ, 30 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਪ੍ਰੈਸ ਕਲੱਬ ਸ਼ਹੀਦ ਭਗਤ ਸਿੰਘ ਨਗਰ ਦੇ ਅਹੁਦੇਦਾਰਾਂ ਦੀ ਮੀਟਿੰਗ ਇੱਕ ਹੋਟਲ ਵਿੱਚ ਹੋਈ। ਮੀਟਿੰਗ ਦੌਰਾਨ ਪੱਤਰਕਾਰਾਂ ਤੇ ਮੀਡੀਆ ਨੂੰ ਇਸ ਸਮੇਂ ਦਰਪੇਸ਼ ਚੁਣੌਤੀਆਂ ਤੇ ਨਿਰਪੱਖ ਰਿਪੋਰਟਿੰਗ ਦੇ ਮੁੱਦਿਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ। ਇਸ ਮੌਕੇ ਪ੍ਰੈਸ ਕਲੱਬ ਦੀ ਨਵੀਂ ਕਮੇਟੀ ਦਾ ਗਠਨ ਕਰਦੇ ਹੋਏ ਸੁਰਿੰਦਰ ਤ੍ਰਿਪਾਠੀ ਨੂੰ ਕਲੱਬ ਦਾ ਪ੍ਰਧਾਨ, ਜਸਵੀਰ ਸਿੰਘ ਨੂਰਪੁਰ ਨੂੰ ਚੇਅਰਮੈਨ, ਸੰਜੀਵ ਕੁਮਾਰ ਬੌਬੀ ਨੂੰ ਵਾਈਸ ਚੇਅਰਮੈਨ, ਸੁਖਜਿੰਦਰ ਸਿੰਘ ਭੰਗਲ ਨੂੰ ਸਕੱਤਰ ਜਨਰਲ, ਰਿਸ਼ੀ ਚੰਦਰ ਨੂੰ ਖਜ਼ਾਨਚੀ, ਸੁਖਦੇਵ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਹਰਵਿੰਦਰ ਸਿੰਘ ਨੂੰ ਪ੍ਰੈਸ ਸਕੱਤਰ, ਮਨੋਰੰਜਨ ਕਾਲਿਆ, ਵਾਸਦੇਵ ਪਰਦੇਸੀ, ਜਸਵਿੰਦਰ ਔਜਲਾ, ਯੋਵਨ ਭੰਗਲ ਤੇ ਯੋਗੇਸ਼ ਮਲਹੋਤਰਾ ਨੂੰ ਮੀਤ ਪ੍ਰਧਾਨ, ਜਗਤਾਰ ਸਿੰਘ ਜੱਬੋਵਾਲ,



ਮਨਦੀਪ ਦੁੱਗਲ, ਮਹੇਸ਼ ਸਾਜ ਤੇ ਬਲਕਾਰ ਸਿੰਘ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸ ਤੋਂ ਪਹਿਲਾਂ ਮੀਟਿੰਗ ਨੂੰ ਮਨੋਰੰਜਕ ਤੇ ਰੌਚਕ ਬਣਾਉਣ ਲਈ ਮੀਡੀਆ ਕਰਮੀਆਂ ਨੇ ਤੰਬੋਲਾ ਖੇਡ ਕੇ ਭਾਗ ਲਿਆ। ਜਿਸ ਵਿੱਚ ਜੇਤੂ ਪੱਤਰਕਾਰਾਂ ਨੂੰ ਵਿਜ਼ਨਵੇਅ ਆਈਲੈਟ ਐਂਡ ਇਮੀਗ੍ਰੇਸ਼ਨ ਪ੍ਰਾਈਵੇਟ ਲਿਮਟਿਡ ਵੱਲੋਂ ਆਕਰਸ਼ਕ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨੇ ਕਵਿਤਾਵਾਂ, ਗੀਤ ਤੇ ਸ਼ੇਅਰੋ-ਸ਼ਾਇਰੀ ਨਾਲ ਮਾਹੌਲ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਵਿਜ਼ਨਵੇਅ ਦੇ ਪ੍ਰਵੀਨ ਅਰੋੜਾ, ਲਾਲਾ ਖਰੈਤੀ ਲਾਲ ਤੇ ਡਾਇਰੈਕਟਰ ਅਰੁਣ ਕੁਮਾਰ ਅਰੋੜਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਪੱਤਰਕਾਰੀ ਚੁਣੌਤੀਆਂ ਨਾਲ ਭਰਿਆ ਇੱਕ ਪੇਸ਼ਾ ਹੈ, ਜਿਸ ਵਿੱਚ ਨਿਰਪੱਖ ਪੱਤਰਕਾਰੀ ਕਰਨ ਲਈ ਪੱਤਰਕਾਰ ਨੂੰ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਪੱਤਰਕਾਰਾਂ ਨੂੰ ਤਣਾਅ ਤੋਂ ਮੁਕਤ ਕਰਦੇ ਹਨ ਸਗੋਂ ਮਨੋਰੰਜਨ ਪ੍ਰਦਾਨ ਕਰਦੇ ਹਨ।

# ਲਾਰੈਂਸ ਇੰਟਰਨੈਸ਼ਨਲ ਸਕੂਲ ਦੀਆਂ ਬਾਸਕਿਟਬਾਲ ਟੀਮਾਂ ਨੇ ਜਿੱਤ ਦੇ ਝੰਡੇ ਗੱਡੇ

ਕਲਾਨੌਰ, 30 ਅਪ੍ਰੈਲ (ਇਕਬਾਲ ਵਾਲੀਆ ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਦੀਆਂ ਬਾਸਕਿਟਬਾਲ ਦੀਆਂ ਟੀਮਾਂ ਨੇ ਪ੍ਰਭਾਵਸ਼ਾਲੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ। ਇਹ ਖੇਡਾਂ ਨੌਵੀਂ ਓਪਨ ਨੈਸ਼ਨਲ ਚੈਂਪੀਅਨਸ਼ਿਪ 2026 ਦੇ ਬੈਨਰ ਹੇਠ ਯੂਥ ਐਂਡ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਇੰਡੀਆ ਵੱਲੋਂ ਕਰਵਾਏ ਗਏ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਭਾਰਤ ਦੇ ਵੱਖ-ਵੱਖ ਸਟੇਟਾਂ ਤੋਂ ਟੀਮਾਂ ਨੇ ਭਾਗ ਲਿਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਲਾਰੈਂਸ ਸਕੂਲ ਦੀਆਂ ਬਾਸਕਿਟਬਾਲ ਟੀਮਾਂ ਨੇ ਆਪਣੀ ਖੇਡ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ। ਸਕੂਲ ਦੀਆਂ ਅੰਡਰ-14 ਤੇ ਅੰਡਰ-17 ਲੜਕੀਆਂ ਦੀਆਂ ਦੋਵਾਂ ਟੀਮਾਂ ਨੇ ਵਿਰੋਧੀ ਟੀਮਾਂ ਨੂੰ ਮਾਤ ਦਿੰਦੇ ਹੋਏ ਟਰਾਫੀ ਆਪਣੇ



ਨਾਮ ਕੀਤੀ। ਪ੍ਰਿੰਸੀਪਲ ਡਾ. ਉਪਮਾ ਮਹਾਜਨ ਵੱਲੋਂ ਜੇਤੂ ਖਿਡਾਰੀਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ ਤੇ ਇਸ ਖੁਸ਼ੀ ਨੂੰ ਸਕੂਲ ਦੇ ਨਾਲ ਸਾਂਝਿਆਂ ਕਰਦਿਆਂ ਹੋਇਆਂ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਨੇ ਕਿਹਾ ਕਿ ਇਹ ਜਿੱਤ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਖੇਡ ਪ੍ਰਤੀ ਉਨ੍ਹਾਂ ਦੇ ਜਜ਼ਬੇ ਦਾ ਨਤੀਜਾ ਹੈ। ਲਾਰੈਂਸ ਇੰਟਰਨੈਸ਼ਨਲ ਸਕੂਲ ਹਮੇਸ਼ਾ ਹੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਬੱਚਿਆਂ ਨੂੰ ਅੱਗੇ ਵਧਣ ਲਈ ਉਤਸ਼ਾਹਿਤ ਕਰਦਾ ਰਿਹਾ ਹੈ। ਇਸ ਮੌਕੇ ਸਕੂਲ ਚੇਅਰਮੈਨ ਬਲਜਿੰਦਰ ਸਿੰਘ ਬੈਂਸ ਮੱਲਿਆਂਵਾਲ, ਵਾਈਸ ਚੇਅਰਮੈਨ ਕੁਲਦੀਪ ਸਿੰਘ ਬੈਂਸ, ਡਾਇਰੈਕਟਰ ਐਡਵਾਈਜ਼ਰ ਗੁਰਜੀਤ ਸਿੰਘ ਬੈਂਸ, ਡਾਇਰੈਕਟਰ ਡਾ. ਗੁਰਿੰਦਰ ਕੌਰ ਮਾਨ, ਪ੍ਰਿੰਸੀਪਲ ਡਾ. ਉਪਮਾ ਮਹਾਜਨ ਤੇ ਸਮੂਹ ਸਟਾਫ ਅਧਿਆਪਕ ਵਰਗ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵਧੀਆ ਖੇਡਣ ਲਈ ਉਤਸ਼ਾਹਿਤ ਕੀਤਾ।

# ਆੜ੍ਹਤੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਹੀ ਕੰਮ ਕਰਨ: ਚੇਅਰਮੈਨ ਸਹੋਤਾ



ਮੁਕੇਰੀਆਂ, 30 ਅਪ੍ਰੈਲ (ਧਰਮ ਚੰਦ): ਹਾੜੀ ਸੀਜ਼ਨ 2026 ਦੌਰਾਨ ਮਾਰਕੀਟ ਕਮੇਟੀ ਮੁਕੇਰੀਆਂ ਅਧੀਨ ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਕੰਮ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਰਕੀਟ ਕਮੇਟੀ ਮੁਕੇਰੀਆਂ ਦੇ ਚੇਅਰਮੈਨ ਹਰਜੀਤ ਸਿੰਘ ਸਹੋਤਾ ਨੇ ਦੱਸਿਆ ਕਿ ਹੁਣ ਤੱਕ ਮਾਰਕੀਟ ਕਮੇਟੀ ਦੀਆਂ ਮੰਡੀਆਂ ਵਿੱਚ 5 ਲੱਖ 80 ਹਜ਼ਾਰ ਕੁਇੰਟਲ ਕਣਕ ਦੀ ਖਰੀਦ ਹੋ ਚੁੱਕੀ ਹੈ ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸੀਜ਼ਨ ਦੌਰਾਨ ਵੱਖ-ਵੱਖ ਮੰਡੀਆਂ ਦਾ ਦੌਰਾ ਕੀਤਾ ਗਿਆ ਤੇ ਜਿਨ੍ਹਾਂ ਆੜ੍ਹਤੀਆਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਗਈ। ਉਨ੍ਹਾਂ ਆੜ੍ਹਤੀਆਂ ਨੂੰ ਬੇਨਿਯਮੀਆਂ ਕਰਨ ਕਰਕੇ ਕਾਨੂੰਨ ਅਨੁਸਾਰ ਜੁਰਮਾਨੇ ਪਾਏ ਗਏ। ਹੁਣ ਤੱਕ ਆੜ੍ਹਤੀਆਂ ਕੋਲੋਂ 1 ਲੱਖ 46 ਹਜ਼ਾਰ ਦਾ ਜੁਰਮਾਨਾ ਵਸੂਲ ਕੀਤਾ ਜਾ ਚੁੱਕਾ ਹੈ। ਉਨ੍ਹਾਂ ਮੰਡੀਆਂ ਦੇ ਸਮੂਹ ਆੜ੍ਹਤੀਆਂ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਤੇ ਮੰਡੀ ਬੋਰਡ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਅਨੁਸਾਰ ਹੀ ਕੰਮ ਕਰਨ। ਉਨ੍ਹਾਂ ਦੱਸਿਆ ਕਿ ਮੰਡੀਆਂ ਦੀ ਚੈਕਿੰਗ ਅਗਾਂਹ ਵੀ ਜਾਰੀ ਰਹੇਗੀ ਤੇ ਬੇਨਿਯਮੀ ਕਰਨ ਵਾਲਿਆਂ ਖ਼ਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਮੰਡੀ ਵਿੱਚ ਪੂਰੀ ਤਰ੍ਹਾਂ ਸੁਕਾ ਕੇ ਲਿਆਉਣ ਤੇ ਕਣਕ ਦੀ ਕਟਾਈ ਤੋਂ ਬਾਅਦ ਪ੍ਰਦੂਸ਼ਣ ਤੇ ਬਿਮਾਰੀਆਂ ਤੋਂ ਬਚਣ ਲਈ ਨਾੜ ਨੂੰ ਅੱਗ ਨਾ ਲਗਾਉਣ। ਇਸ ਮੌਕੇ 'ਤੇ ਅਕਾਸ਼ਦੀਪ ਸਿੰਘ ਸਕੱਤਰ ਮਾਰਕੀਟ ਕਮੇਟੀ, ਵਿਕਰਮ ਸਿੰਘ ਮੰਡੀ ਸੁਪਰਵਾਈਜ਼ਰ, ਗਰੀਸ਼ ਉਪ-ਮੰਡੀ ਸੁਪਰਵਾਈਜ਼ਰ, ਅਮਰਜੀਤ ਸਿੰਘ ਮੰਡੀ ਸੁਪਰਵਾਈਜ਼ਰ, ਰਜਨੀਸ਼ ਕੌਂਡਲ ਕਲਰਕ, ਵਿਕਾਸ ਤੇ ਸਮੂਹ ਮਾਰਕੀਟ ਕਮੇਟੀ ਸਟਾਫ ਹਾਜ਼ਰ ਰਿਹਾ।

# ਜ਼ਿਲ੍ਹਾ ਵਾਸੀ ਸਵੈ-ਜਨਗਣਨਾ 'ਚ ਪੁਖਤਾ ਜਾਣਕਾਰੀ ਦੇ ਕੇ ਦੇਸ਼ ਦੇ ਵਿਕਾਸ 'ਚ ਪਾਉਣ ਯੋਗਦਾਨ: ਡੀ.ਸੀ.




ਸ੍ਰੀ ਫਤਹਿਗੜ੍ਹ ਸਾਹਿਬ, 30 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ ਅਫਸਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜਨਗਣਨਾ-2027 ਤਹਿਤ ਅੱਜ ਤੋਂ ਆਨਲਾਈਨ ਸਵੈ-ਜਨਗਣਨਾ ਦੀ ਸ਼ੁਰੂਆਤ ਕਰਨ ਮੌਕੇ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ 2027 ਦੇਸ਼ ਦੇ ਵਿਕਾਸ ਲਈ ਬਹੁਤ ਜ਼ਰੂਰੀ ਹੈ। ਹਰੇਕ ਨਾਗਰਿਕ ਘਰਾਂ ਵਿੱਚ ਜਨਗਣਨਾ ਲਈ ਆਉਣ ਵਾਲੇ ਗਿਣਤੀਕਾਰਾਂ ਨੂੰ ਪੂਰਾ ਸਹਿਯੋਗ ਦੇਣ ਤਾਂ ਜੋ ਲੋਕਾਂ ਦੀ ਵੱਡਮੁੱਲੀ ਜਾਣਕਾਰੀ ਦੇ ਅੰਕੜਿਆਂ ਭਰਨ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਸਪੱਸ਼ਟ ਕੀਤਾ ਕਿ ਲੋਕਾਂ ਵੱਲੋਂ ਦਿੱਤੀ ਗਈ ਜਾਣਕਾਰੀ ਨੂੰ ਬਿਲਕੁੱਲ ਗੁਪਤ ਤੇ ਜਨਗਣਨਾ ਦੇ ਮੰਤਵ ਤੱਕ ਹੀ ਰੱਖਿਆ ਜਾਵੇਗਾ ਤੇ ਇਨ੍ਹਾਂ ਅੰਕੜਿਆਂ ਦੀ ਕਿਸੇ ਵੀ ਤਰ੍ਹਾਂ ਨਾਲ ਗਲਤ ਦੁਰਵਰਤੋਂ ਨਹੀਂ ਹੋ ਸਕਦੀ, ਜਿਸਦੇ ਲਈ ਪੋਰਟਲ ਨੂੰ ਸਰਕਾਰ ਵੱਲੋਂ ਪਾਰਦਰਸ਼ੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੋਰਟਲ ਵਿੱਚ ਸ਼ਾਮਲ ਸਵਾਲਾਂ ਤੋਂ ਬਾਹਰ ਕੋਈ ਵੀ ਗਿਣਤੀਕਾਰ ਵਾਧੂ ਸਵਾਲ ਨਹੀਂ ਪੁੱਛੇਗਾ, ਜਿਸਦੇ ਲਈ ਬਕਾਇਦਾ ਹਰੇਕ ਗਿਣਤੀਕਾਰ ਨੂੰ ਸਿਖਲਾਈ ਦਿੱਤੀ ਗਈ ਹੈ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਾਗਰਿਕ 14 ਮਈ ਤੱਕ se.census.gov.in ਪੋਰਟਲ 'ਤੇ ਸਵੈ-ਜਨਗਣਨਾ ਸਬੰਧੀ ਜਾਣਕਾਰੀ ਭਰ ਸਕਦੇ ਹਨ।ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੈ ਸਿੰਘ ਲਿਬੜਾ, ਜ਼ਿਲ੍ਹਾ ਸੈਂਸਜ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਮਾਨ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਉਪ-ਚਾਂਸਲਰ ਪ੍ਰਿਤਪਾਲ ਸਿੰਘ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਸੂਬਾ ਸਿੰਘ, ਐਸ.ਡੀ.ਐਮ. ਬੱਸੀ ਪਠਾਣਾ ਹਰਬੀਰ ਕੌਰ, ਐਸ.ਡੀ.ਐਮ. ਅਮਲੋਹ ਚਰਨਜੋਤ ਸਿੰਘ ਵਾਲੀਆ, ਦੀਦਾਰ ਸਿੰਘ ਭੱਟੀ, ਉਪ ਅਰਥ ਤੇ ਅੰਕੜਾ ਸਲਾਹਕਾਰ ਹਰਮਨਦੀਪ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਸਪ੍ਰੀਤ ਕੌਰ, ਜ਼ਿਲ੍ਹਾ ਕੋਆਰਡੀਨੇਟਰ ਵਿੱਕੀ ਕਟਾਰੀਆ ਤੇ ਹੋਰ ਅਧਿਕਾਰੀ ਤੇ ਆਗੂ ਹਾਜ਼ਰ ਸਨ।

# ਗੁ. ਸ੍ਰੀ ਗੁਰੂ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ 'ਚ ਗਿਆਨ ਸਿੰਘ ਪ੍ਰਧਾਨ ਬਣੇ



ਮੰਡੀ ਗੋਬਿੰਦਗੜ੍ਹ, 30 ਅਪ੍ਰੈਲ (ਸੂਦ): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮੁਹੱਲਾ ਸੰਗਤਪੁਰਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਨਗਰ ਨਿਵਾਸੀਆਂ ਤੇ ਸਾਬਕਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਈ ਗਈ, ਜਿਸ ਵਿੱਚ ਗਿਆਨ ਸਿੰਘ ਪ੍ਰਧਾਨ, ਅਜੈਬ ਸਿੰਘ ਮੀਤ ਪ੍ਰਧਾਨ, ਲਖਵਿੰਦਰ ਸਿੰਘ ਲੱਖਾ ਖਜ਼ਾਨਚੀ, ਭੁਪਿੰਦਰ ਸਿੰਘ ਸਕੱਤਰ, ਗੁਰਬਖਸ਼ ਸਿੰਘ ਆਡੀਟਰ, ਗੁਰਚਰਨ ਸਿੰਘ ਸਟੋਰ ਕੀਪਰ, ਗੁਰਮੁੱਖ ਸਿੰਘ, ਦਲਜੀਤ ਸਿੰਘ, ਪ੍ਰਮਿੰਦਰ ਸਿੰਘ ਭਿੰਦੀ, ਰਣਜੀਤ ਸਿਘ ਸਨੀ, ਭੁਪਿੰਦਰ ਸਿੰਘ ਤੇ ਭਾਨ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਸਾਬਕਾ ਕੌਂਸਲਰ ਸੁਖਵਿੰਦਰ ਕੌਰ, ਰਣਧੀਰ ਸਿੰਘ ਹੈਪੀ, ਸਾਬਕਾ ਪ੍ਰਧਾਨ ਅਜਮੇਰ ਸਿੰਘ, ਸੁਰਿੰਦਰ ਕੌਰ, ਹਰਮੇਸ਼ ਸਿੰਘ, ਜੱਸੀ ਧੀਮਾਨ, ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਦੇ ਪ੍ਰਧਾਨ ਕਰਮਜੀਤ ਸਿੰਘ ਬਿੱਟੂ, ਸੁਰਿੰਦਰ ਕੌਰ, ਚਰਨਜੀਤ ਸਿੰਘ, ਹਰਮੇਸ਼ ਸਿੰਘ, ਹਰਦੀਪ ਸਿੰਘ, ਭੁਪਿੰਦਰ ਸਿੰਘ ਲਾਡੀ, ਦਰਸ਼ਦੀਪ ਸਿੰਘ, ਉਲਵਿੰਦਰ ਸਿੰਘ, ਰਣਜੀਤ ਸਿੰਘ ਸਨੀ ਕੁਸਮ ਰਾਣੀ, ਕੁਲਜੀਤ ਕੌਰ, ਰਾਣੀ ਕੌਰ, ਲਖਵਿੰਦਰ ਸਿੰਘ, ਅਮਰੀਕ ਸਿੰਘ ਭੱਟੀ, ਬਲਦੇਵ ਸਿੰਘ, ਬਲਵਿੰਦਰ ਸਿੰਘ, ਤਰਸੇਮ ਸਿੰਘ, ਕਮਲਜੀਤ ਸਿਘ, ਪਰਮਜੀਤ ਸਿੰਘ ਤੇ ਰਣਜੀਤ ਸਿੰਘ ਹਾਜ਼ਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਮਲੇਰੀਆ ਦਿਵਸ ਮੌਕੇ ਪਿੰਡਾਂ 'ਚ ਜਾਗਰੂਕਤਾ ਮੁਹਿੰਮ ਚਲਾਈ




ਮੰਡੀ ਗੋਬਿੰਦਗੜ੍ਹ, 30 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਫਾਰਮੇਸੀ ਨੇ ਡਾਇਰੈਕਟਰ ਡਾ. ਪੂਜਾ ਗੁਲਾਟੀ ਦੀ ਅਗਵਾਈ ਹੇਠ ਪਿੰਡ ਚਹਿਲ ਵਿੱਚ ਕਮਿਊਨਿਟੀ ਜਾਗਰੂਕਤਾ ਪ੍ਰੋਗਰਾਮ ਰਾਹੀਂ ਵਿਸ਼ਵ ਮਲੇਰੀਆ ਦਿਵਸ ਮਨਾਇਆ। ਇਹ ਪ੍ਰੋਗਰਾਮ ਵਿਸ਼ਵ ਪੱਧਰੀ ਥੀਮ 'ਮਲੇਰੀਆ ਦੇ ਖਾਤਮੇ ਲਈ ਪ੍ਰੇਰਿਤ: ਹੁਣ ਅਸੀਂ ਕਰ ਸਕਦੇ ਹਾਂ, ਹੁਣ ਸਾਨੂੰ ਕਰਨਾ ਹੀ ਪਵੇਗਾ' ਦੇ ਅਨੁਸਾਰ ਕੀਤਾ ਗਿਆ। ਇਸ ਦਾ ਮਕਸਦ ਸਿੱਖਿਆ, ਬਚਾਅ ਤੇ ਭਾਗੀਦਾਰੀ ਰਾਹੀਂ ਸਾਂਝੀਆਂ ਕੋਸ਼ਿਸ਼ਾਂ ਨੂੰ ਉਤਸ਼ਾਹਿਤ ਕਰਨਾ ਸੀ ਤਾਂ ਜੋ ਮਲੇਰੀਏ ਦਾ ਖਾਤਮਾ ਕੀਤਾ ਜਾ ਸਕੇ। ਇਸ ਮੌਕੇ ਮਲੇਰੀਏ ਦੇ ਕਾਰਨ, ਲੱਛਣ ਤੇ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰੋਗਰਾਮ ਵਿੱਚ ਲੋਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਟੀਮ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਇਸ ਤਰ੍ਹਾਂ ਦੀਆਂ ਹੋਰ ਮੁਹਿੰਮਾਂ ਜਾਰੀ ਰੱਖਣ ਦਾ ਸੱਦਾ ਦਿੱਤਾ।

# ਅਰੋੜਾ ਵਿਕਾਸ ਮੰਚ ਨੇ ਫਾਜ਼ਿਲਕਾ ਤੋਂ ਇੱਕ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਮਹਿਲਾ ਦਾ ਕੀਤਾ ਸਫ਼ਲ ਰੈਸਕਿਊ ਆਪ੍ਰੇਸ਼ਨ



ਫਾਜ਼ਿਲਕਾ, 30 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫਾਜ਼ਿਲਕਾ ਵਿੱਚ ਅਰੋੜਾ ਵਿਕਾਸ ਮੰਚ ਵੱਲੋਂ ਇੱਕ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਮਹਿਲਾ ਦੇ ਰੈਸਕਿਊ ਨੂੰ ਅੰਜਾਮ ਦਿੱਤਾ ਗਿਆ ਹੈ। ਇਸ ਦੇ ਲਈ ਅਬੋਹਰ ਤੋਂ ਮੰਚ ਦੇ ਸੰਸਥਾਪਕ ਪ੍ਰਧਾਨ ਗਗਨ ਚੁੱਘ ਵਿਸ਼ੇਸ਼ ਤੌਰ 'ਤੇ ਫਾਜ਼ਿਲਕਾ ਪਹੁੰਚੇ ਤੇ ਮਹਿਲਾ ਨੂੰ ਸੁਰੱਖਿਅਤ ਰੂਪ ਵਿੱਚ ਸ੍ਰੀ ਗੰਗਾਨਗਰ ਦੇ ਤਪੋਵਨ ਆਸ਼ਰਮ ਭੇਜਣ ਦੀ ਸਾਰੀ ਕਾਨੂੰਨੀ ਕਾਰਵਾਈ ਪੂਰੀ ਕਰਵਾਈ। ਫਾਜ਼ਿਲਕਾ ਪਹੁੰਚੇ ਪ੍ਰਧਾਨ ਗਗਨ ਚੁੱਘ ਨੇ ਦੱਸਿਆ ਕਿ ਉਨ੍ਹਾਂ ਨੂੰ ਫਾਜ਼ਿਲਕਾ ਅਨਾਜ ਮੰਡੀ ਦੀ ਸਲੇਮਸ਼ਾਹ ਟਰੇਡਰਜ਼ ਆੜ੍ਹਤ ਫਰਮ ਦੇ ਸੰਚਾਲਕ ਸਰਪੰਚ ਸਲੇਮਸ਼ਾਹ ਸਾਹਿਲ ਕੰਬੋਜ ਤੇ ਉਨ੍ਹਾਂ ਦੇ ਸਾਥੀਆਂ ਰਾਹੀਂ ਸੂਚਨਾ ਮਿਲੀ ਸੀ ਕਿ ਇੱਕ ਅਧਖੜ ਉਮਰ ਦੀ ਮਹਿਲਾ ਬੇਸਹਾਰਾ ਹਾਲਤ ਵਿੱਚ ਪਿਛਲੇ ਕਰੀਬ 7 ਸਾਲਾਂ ਤੋਂ ਮੰਡੀ ਵਿੱਚ ਰਹਿ ਰਹੀ ਹੈ। ਮਹਿਲਾ ਦੀ ਮਾਨਸਿਕ ਹਾਲਤ ਠੀਕ ਨਹੀਂ ਹੈ। ਉਸ ਦੀ ਹਾਲਤ ਦੇ ਮੱਦੇਨਜ਼ਰ ਉਹ ਤੇ ਆਸ-ਪਾਸ ਦੇ ਹੋਰ ਆੜ੍ਹਤੀ ਤੇ ਦੁਕਾਨਦਾਰ ਮਹਿਲਾ ਨੂੰ ਖਾਣ-ਪੀਣ ਦਾ ਸਮਾਨ ਦੇ ਦਿੰਦੇ ਹਨ, ਪਰ ਸੀਜ਼ਨ ਦੇ ਦਿਨਾਂ ਵਿੱਚ ਇੱਥੇ ਬਾਹਰਲੇ ਰਾਜਾਂ ਤੋਂ ਮਜ਼ਦੂਰਾਂ ਦੇ ਆਉਣ ਕਾਰਨ ਖੁੱਲ੍ਹੇ ਵਿੱਚ ਰਹਿਣ ਵਾਲੀ ਮਹਿਲਾ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਬਣੀ ਰਹਿੰਦੀ ਹੈ। ਇਸ 'ਤੇ ਪ੍ਰਧਾਨ ਚੁੱਘ ਨੇ ਸ੍ਰੀ ਗੰਗਾਨਗਰ ਦੇ ਤਪੋਵਨ ਆਸ਼ਰਮ ਨਾਲ ਸੰਪਰਕ ਕੀਤਾ।ਚੁੱਘ ਨੇ ਦੱਸਿਆ ਕਿ ਤਪੋਵਨ ਆਸ਼ਰਮ ਸ੍ਰੀ ਗੰਗਾਨਗਰ ਦੇ ਮਹੇਸ਼ ਪੇੜੀਵਾਲ ਦੀ ਦੇਖ-ਰੇਖ ਵਿੱਚ ਇਸ ਤਰ੍ਹਾਂ ਦੇ ਮਾਨਸਿਕ ਪ੍ਰੇਸ਼ਾਨ ਲੋਕਾਂ, ਖਾਸ ਕਰਕੇ ਔਰਤਾਂ ਦੇ ਇਲਾਜ ਦੀ ਬਹੁਤ ਵਧੀਆ ਵਿਵਸਥਾ ਹੈ। ਹੁਣ ਜਿਸ ਮਹਿਲਾ ਨੂੰ ਰੈਸਕਿਊ ਕੀਤਾ ਗਿਆ ਹੈ, ਉਸ ਦੀ ਕਾਨੂੰਨੀ ਪ੍ਰਕਿਰਿਆ ਪੂਰੀ ਕਰਦੇ ਹੋਏ ਜ਼ਿਲ੍ਹਾ ਸੈਸ਼ਨ ਜੱਜ ਤੇ ਸਿਵਲ ਸਰਜਨ ਫਾਜ਼ਿਲਕਾ ਤੋਂ ਮਨਜ਼ੂਰੀ ਲਈ ਗਈ ਹੈ ਤੇ ਸਿਟੀ ਥਾਣੇ ਨੂੰ ਸੂਚਿਤ ਕਰਨ ਤੋਂ ਬਾਅਦ ਤਪੋਵਨ ਆਸ਼ਰਮ ਸ੍ਰੀਗੰਗਾਨਗਰ ਤੋਂ ਟੀਮ ਬੁਲਾ ਕੇ ਜਿਸ ਵਿੱਚ ਮਹਿਲਾ ਵਰਕਰ ਸੁਲੋਚਨਾ ਤੇ ਪ੍ਰੇਮ ਕੁਮਾਰ ਦੇ ਨਾਲ ਉਕਤ ਮਹਿਲਾ ਨੂੰ ਆਸ਼ਰਮ ਭੇਜਿਆ ਗਿਆ ਹੈ।

# ਏ.ਡੀ.ਸੀ. ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ



ਫ਼ਿਰੋਜ਼ਪੁਰ, 30 ਅਪ੍ਰੈਲ (ਤਿਵਾੜੀ): ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਫਿਰੋਜ਼ਪੁਰ ਡਾ. ਅਮਨਦੀਪ ਕੌਰ ਦੀ ਪ੍ਰਧਾਨਗੀ ਅਧੀਨ ਹੋਈ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ.), ਸਕੱਤਰ ਜ਼ਿਲ੍ਹਾ ਸੈਨਿਕ ਬੋਰਡ ਵੱਲੋਂ ਪ੍ਰਧਾਨ ਸਾਹਿਬ ਤੇ ਬਾਕੀ ਹਾਜ਼ਰੀਨ ਨੂੰ ਜੀ ਆਇਆਂ ਆਖਿਆ ਗਿਆ ਤੇ ਵਿਭਾਗ ਦੀਆਂ ਵੱਖ-ਵੱਖ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਮੌਜੂਦਾ ਵਿੱਤੀ ਸਾਲ ਦੌਰਾਨ ਵੱਖ-ਵੱਖ ਸਕੀਮਾਂ ਅਧੀਨ ਵਿਭਾਗ ਵੱਲੋਂ 48 ਲਾਭਪਾਤਰਾਂ ਨੂੰ ਕੀਤੀ ਗਈ ਕੁੱਲ 30,93,368 ਰੁਪਏ ਦੀ ਰਾਸ਼ੀ ਦੀ ਕੀਤੀ ਗਈ ਅਦਾਇਗੀ ਦਾ ਸਕੀਮ ਵਾਈਜ਼ ਵੇਰਵਾ ਦਿੱਤਾ ਤੇ ਵਿਭਾਗ ਵੱਲੋਂ ਹੋਰ ਕੀਤੇ ਗਏ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਉਪਰੰਤ ਮੀਟਿੰਗ ਵਿੱਚ ਸਾਬਕਾ ਸੈਨਿਕਾਂ ਸਬੰਧੀ ਉਠਾਏ ਗਏ ਮੁੱਦਿਆਂ 'ਤੇ ਵਿਚਾਰ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸਾਬਕਾ ਸੈਨਿਕਾਂ ਦੀਆਂ ਵਾਜਬ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਣ ਦਾ ਭਰੋਸਾ ਦਿੱਤਾ। ਹੋਰ ਮੁੱਦਿਆਂ ਤੇ ਸਬੰਧਤ ਵਿਭਾਗਾਂ/ ਅਦਾਰਿਆਂ ਨੂੰ ਜਲਦ ਬਨਦੀ ਕਾਰਵਾਈ ਕਰਨ ਲਈ ਵੀ ਨਿਰਦੇਸ਼ ਦਿੱਤੇ ਗਏ ਤੇ ਹਥਿਆਰਬੰਦ ਸੈਨਾ ਝੰਡਾ ਦਿਵਸ ਵਿੱਚ ਦਿੱਤਾ ਜਾਣ ਵਾਲਾ ਚੰਦਾ ਸਮੇਂ ਸਿਰ ਜਮ੍ਹਾਂ ਕਰਵਾਉਣ ਹਿੱਤ ਪ੍ਰੇਰਿਤ ਕੀਤਾ। ਉਨ੍ਹਾਂ ਸਰਕਾਰੀ ਦਫਤਰਾਂ ਵਿੱਚ ਸੈਨਿਕਾਂ ਦਾ ਕੰਮ ਪਹਿਲ ਦੇ ਆਧਾਰ 'ਤੇ ਕਰਨ ਲਈ ਹਦਾਇਤ ਕੀਤੀ। ਇਸ ਮੌਕੇ ਤਹਿਸੀਲਦਾਰ ਫ਼ਿਰੋਜ਼ਪੁਰ ਸੁਖਵੀਰ ਕੌਰ ਤੋਂ ਇਲਾਵਾ ਆਰਮੀ ਭਰਤੀ ਦਫ਼ਤਰ ਫਿਰੋਜ਼ਪੁਰ, ਪੁਲਿਸ ਤੇ ਵੈਟਰਨ ਸਹਾਇਤਾ ਕੇਂਦਰ ਫ਼ਿਰੋਜ਼ਪੁਰ ਦੇ ਅਧਿਕਾਰੀ ਸਾਹਿਬਾਨ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਫਿਰੋਜ਼ਪੁਰ ਦਾ ਸਮੂਹ ਸਟਾਫ ਤੇ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ /ਕਰਮਚਾਰੀ ਹਾਜ਼ਰ ਸਨ।

# ਆੜ੍ਹਤੀਆਂ ਨੇ ਟਰਾਂਸਪੋਰਟ ਠੇਕੇਦਾਰ ਤੋਂ ਦੁਖੀ ਹੋ ਕੇ ਕਣਕ ਦੀ ਢੋਆ-ਢੁਆਈ ਦਾ ਕੰਮ ਅਣਮਿੱਥੇ ਸਮੇਂ ਲਈ ਬੰਦ ਕੀਤਾ



ਕੋਟ ਈਸੇ ਖਾਂ, 30 ਅਪ੍ਰੈਲ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਦਾਣਾ ਮੰਡੀ ਕੋਟ ਇਸੇ ਖਾਂ ਦੇ ਸਮੂਹ ਆੜ੍ਹਤੀਆਂ ਦੀ ਇੱਕ ਜ਼ਰੂਰੀ ਮੀਟਿੰਗ ਦਾਣਾ ਮੰਡੀ ਕੋਟ ਈਸੇ ਖਾਂ ਵਿੱਚ ਹੋਈ, ਜਿਸ ਵਿੱਚ ਆੜ੍ਹਤੀ ਯੂਨੀਅਨ ਕੋਟ ਈਸੇ ਖਾਂ ਦੇ ਪ੍ਰਧਾਨ ਗੁਰਦੇਵ ਸਿੰਘ ਨਿਹਾਲਗੜ੍ਹ, ਮੀਤ ਪ੍ਰਧਾਨ ਜਗੀਰ ਸਿੰਘ ਛਾਬੜਾ, ਮੈਂਬਰ ਅਜੇ ਕਪੂਰ, ਮੈਂਬਰ ਕੁਲਦੀਪ ਸਿੰਘ ਮੂਸੇਵਾਲਾ, ਡਾ. ਸੁਰਿੰਦਰ ਪਾਲ ਸਿੰਘ ਲਾਡੀ, ਰਣਜੀਤ ਸਿੰਘ ਰਾਣਾ ਮਸੀਤਾਂ, ਕੁਲਵਿੰਦਰ ਸਿੰਘ ਮਹਿਲ, ਮੇਜਰ ਸਿੰਘ ਸ਼ਾਦੀ ਵਾਲਾ, ਸੰਦੀਪ ਜਨੇਜਾ, ਹੀਰਾ ਲਾਲ ਗਾਂਧੀ, ਉਮਰਦੀਪ ਸਿੰਘ ਕੋਟ ਸਦਰ ਖਾਂ, ਹਰਵਿੰਦਰ ਪਾਲ ਸਿੰਘ ਮਨੇਸ, ਐਸ.ਪੀ. ਸ਼ਰਮਾ, ਸੁਭਾਸ਼ ਚੰਦਰ ਛਾਬੜਾ, ਜਸਵੀਰ ਜੱਸਾ ਤੇ ਰਮੇਸ਼ ਕੁਮਾਰ ਬੱਬੂ ਆਦਿ ਸ਼ਾਮਲ ਹੋਏ। ਮੀਟਿੰਗ ਵਿੱਚ ਮੌਜੂਦ ਆੜ੍ਹਤੀਆਂ ਨੇ ਦੱਸਿਆ ਕਿ ਇਹ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਬੀਤੀ 12 ਅਪ੍ਰੈਲ ਤੋਂ ਸ਼ੁਰੂ ਕੀਤੀ ਗਈ ਸੀ, ਉਸ ਦਿਨ ਤੋਂ ਲੈ ਕੇ ਅੱਜ ਤੱਕ ਕਣਕ ਦੀ ਢੋਆ-ਢੁਆਈ ਦਾ ਠੇਕਾ ਲੈਣ ਵਾਲੇ ਠੇਕੇਦਾਰ ਨੇ ਸਾਡੇ ਨਾਲ ਕੋਈ ਤਾਲਮੇਲ ਨਹੀਂ ਕੀਤਾ ਨਾ ਹੀ ਉਸਨੇ ਕਣਕ ਦੀ ਢੋਆ-ਢੁਆਈ ਲਈ ਕੋਈ ਸਾਨੂੰ ਸਾਧਨ ਭੇਜਿਆ ਹੈ ਤੇ ਨਾ ਹੀ ਉਸ ਨੇ ਢੋਆ ਢੁਆਈ ਦੇ ਰੇਟਾਂ ਦੀ ਕੋਈ ਗੱਲ ਸਾਡੇ ਨਾਲ ਕੀਤੀ ਹੈ, ਸੋ ਅਸੀਂ ਅੱਜ ਮਜਬੂਰ ਹੋ ਕੇ ਆਪਣੇ ਵੱਲੋਂ ਕੀਤੀ ਜਾ ਰਹੀ ਕਣਕ ਦੀ ਢੋਆ-ਢੁਆਈ ਅਣਮਿੱਥੇ ਸਮੇਂ ਲਈ ਬੰਦ ਕਰਦੇ ਹਾਂ, ਸਾਡੀ ਇਸ ਕਣਕ ਦੀ ਢੋਆ-ਢੁਆਈ ਨਾ ਹੋਣ ਦੀ ਸੂਰਤ ਵਿੱਚ ਜੋ ਸ਼ੋਰਟੇਜ ਆਵੇਗੀ ਜਾਂ ਕੋਈ ਹੋਰ ਨੁਕਸਾਨ ਹੋਵੇਗਾ ਤਾਂ ਉਸਦਾ ਜ਼ਿੰਮੇਵਾਰ ਠੇਕੇਦਾਰ ਹੋਵੇਗਾ। ਆੜ੍ਹਤੀ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਵੱਲ ਧਿਆਨ ਦੇ ਕੇ ਸਾਡਾ ਠੱਪ ਹੋਇਆ ਕਾਰੋਬਾਰ ਚਾਲੂ ਕਰਵਾ ਕੇ ਸਾਨੂੰ ਬਣਦਾ ਹੱਕ ਦਿਵਾਇਆ ਜਾਵੇ।

# ਜੇ.ਈ.ਈ. ਪ੍ਰੀਖਿਆ ਪਾਸ ਕਰਨ ਵਾਲੇ 34 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਮੁੱਖ ਮੰਤਰੀ ਵੱਲੋਂ ਸਨਮਾਨ



ਫਿਰੋਜ਼ਪੁਰ, 30 ਅਪ੍ਰੈਲ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਇੱਕ ਪ੍ਰੇਰਨਾਦਾਇਕ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜੇ.ਈ.ਈ. ਪ੍ਰਤੀਯੋਗੀ ਪ੍ਰੀਖਿਆ ਪਾਸ ਕਰਨ ਵਾਲੇ ਸਰਕਾਰੀ ਸਕੂਲਾਂ ਦੇ 360 ਵਿਦਿਆਰਥੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਨਮਾਨਤ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਯੋਗਤਾ ਤੇ ਉਨ੍ਹਾਂ ਦੀ ਮਿਹਨਤ ਨੂੰ ਹੋਰ ਉਤਸ਼ਾਹਿਤ ਕਰਨਾ ਹੈ ਤਾਂ ਜੋ ਹੋਰ ਵਿਦਿਆਰਥੀ ਵੀ ਇਨ੍ਹਾਂ ਤੋਂ ਪ੍ਰੇਰਨਾ ਲੈ ਸਕਣ। ਇਸ ਮੌਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਚੁਣੇ ਗਏ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੇ ਕੁੱਲ 34 ਵਿਦਿਆਰਥੀ ਵੀ ਸ਼ਾਮਲ ਸਨ। ਇਹ ਵਿਦਿਆਰਥੀ ਵੱਖ-ਵੱਖ ਸਰਕਾਰੀ ਸਕੂਲਾਂ ਨਾਲ ਸਬੰਧਤ ਸਨ, ਜਿਨ੍ਹਾਂ ਵਿੱਚ ਸਭ ਤੋਂ ਵੱਧ ਸਾਰਾਗੜ੍ਹੀ ਮੈਮੋਰੀਅਲ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਦੇ 23 ਵਿਦਿਆਰਥੀ, ਸਕੂਲ ਆਫ ਐਮੀਨੈਂਸ ਫਿਰੋਜ਼ਪੁਰ ਸ਼ਹਿਰ ਦਾ 01, ਸਕੂਲ ਆਫ ਐਮੀਨੈਂਸ ਗੁਰੂਹਰਸਹਾਏ ਦੇ 02, ਸਕੂਲ ਆਫ ਐਮੀਨੈਂਸ ਮਮਦੋਟ ਦੇ 2, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਜੇ ਕੇ ਉਤਾੜ ਦਾ 1, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਕਣ ਖਾਂ ਵਾਲਾ 1, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਿਰੋਜ਼ਪੁਰ ਸ਼ਹਿਰ ਦਾ 1, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਠੱਠਾ ਕਿਸ਼ਨ ਸਿੰਘ ਵਾਲਾ ਦਾ 1 ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰੀਆਂ ਪਹਿਲਵਾਨ ਦਾ 1 ਵਿਦਿਆਰਥੀ ਸ਼ਾਮਲ ਸੀ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱਖਿਆ) ਫਿਰੋਜ਼ਪੁਰ ਮੁਨੀਲਾ ਅਰੋੜਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਨੇ ਸਨਮਾਨਤ ਵਿਦਿਆਰਥੀਆਂ, ਉਨ੍ਹਾਂ ਦੇ ਅਧਿਆਪਕਾਂ ਤੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਇਸ ਸਮਾਗਮ ਵਿੱਚ ਨੋਡਲ ਇੰਚਾਰਜ ਅਨਿਲ ਧਵਨ ਲੈਕਚਰਾਰ, ਅਮਨਦੀਪ ਕੌਰ ਲੈਕਚਰਾਰ, ਗੁਰਸੇਵਕ ਸਿੰਘ ਸਾਇੰਸ ਮਾਸਟਰ ਤੇ ਜਰਨੈਲ ਸਿੰਘ ਵਾਰਡਨ ਵਿਦਿਆਰਥੀਆਂ ਨਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦਿਆਲ ਪ੍ਰਤਾਪ ਰੰਧਾਵਾ ਦੇ ਬਾਰ ਕੌਂਸਲ ਮੈਂਬਰ ਚੁਣੇ ਜਾਣ 'ਤੇ ਹਰਪ੍ਰੀਤ ਸਿੰਘ ਵੱਲੋਂ ਵਧਾਈ



ਫਾਜ਼ਿਲਕਾ, 30 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਤੇ ਹਰਿਆਣਾ ਬਾਰ ਕੌਂਸਲ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ, ਸੀਨੀਅਰ ਐਡਵੋਕੇਟ ਦਿਆਲ ਪ੍ਰਤਾਪ ਰੰਧਾਵਾ ਨੇ ਸ਼ਾਨਦਾਰ ਜਿੱਤ ਦਰਜ ਕਰਦਿਆਂ 3317 ਵੋਟਾਂ ਦਾ ਕੋਟਾ ਪੂਰਾ ਕਰਕੇ ਮੈਂਬਰ ਪਦ ਹਾਸਲ ਕੀਤਾ। ਉਨ੍ਹਾਂ ਦੀ ਇਸ ਪ੍ਰਾਪਤੀ ਨਾਲ ਕਾਨੂੰਨੀ ਖੇਤਰ ਵਿੱਚ ਖੁਸ਼ੀ ਤੇ ਉਤਸ਼ਾਹ ਦੀ ਲਹਿਰ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਲੀਗਲ ਸੈਲ ਦੇ ਸਕੱਤਰ ਐਡਵੋਕੇਟ ਹਰਪ੍ਰੀਤ ਸਿੰਘ ਨੇ ਰੰਧਾਵਾ ਨੂੰ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦੀ ਇਹ ਜਿੱਤ ਨਿਆਂ ਪ੍ਰਣਾਲੀ ਵਿੱਚ ਸਕਾਰਾਤਮਕ ਬਦਲਾਅ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਐਡ. ਰੰਧਾਵਾ ਆਪਣੇ ਤਜਰਬੇ ਤੇ ਦ੍ਰਿੜਤਾ ਸਦਕਾ ਵਕੀਲਾਂ ਦੇ ਹਿੱਤਾਂ ਦੀ ਰਾਖੀ ਕਰਨਗੇ ਤੇ ਬਾਰ ਕੌਂਸਲ ਵਿੱਚ ਇੱਕ ਨਵੀਂ ਤੇ ਪਾਰਦਰਸ਼ੀ ਕਾਰਜ ਪ੍ਰਣਾਲੀ ਸਥਾਪਤ ਕਰਨਗੇ।ਚੰਡੀਗੜ੍ਹ ਵਿੱਚ ਇਸ ਮੌਕੇ 'ਤੇ ਮੌਜੂਦ ਅਬੋਹਰ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਸਮੇਤ ਕਈ ਸੀਨੀਅਰ ਤੇ ਨੌਜਵਾਨ ਵਕੀਲਾਂ ਨੇ ਵੀ ਰੰਧਾਵਾ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੀ ਜਿੱਤ ਦੀ ਖੁਸ਼ੀ ਵਿੱਚ ਐਡ. ਹਰਪ੍ਰੀਤ ਸਿੰਘ, ਐਡ. ਇੰਦਰਜੀਤ ਬਜਾਜ, ਐਡ. ਜੀਵਨਜੋਤ ਬਜਾਜ, ਐਡ. ਸਫਲ ਹਰਪ੍ਰੀਤ ਸਿੰਘ, ਰਾਜਾ ਮਿੱਢਾ, ਸੰਦੀਪ ਬਜਾਜ, ਆਨੰਦ ਗੁਪਤਾ, ਪ੍ਰਕਾਸ਼ ਮੱਕੜ, ਅਮਨਦੀਪ ਧਾਰੀਵਾਲ, ਅੰਮ੍ਰਿਤਪਾਲ, ਸਿਕੰਦਰ ਕਪੂਰ, ਜੈਸਮੀਨ, ਸ਼ਰੁਤੀ, ਸਿਮਰਨ ਸੋਢੀ, ਸੁਖਬੀਰ ਕੌਰ, ਨੇਹਾਸ਼੍ਰੀ, ਸੂਰਜ ਸੋਨੀ ਐਡ., ਨਰੋਤਮ, ਚਿਮਨ ਲਾਲ, ਸੁਖਵਿੰਦਰ ਸਿੰਘ, ਸਾਹਿਲ ਮਹਰਾ, ਰਾਹੁਲ ਸੋਮਾਨੀ, ਸੰਜੇ ਗੋਇਲ, ਅਮਿਤ ਅਸੀਜਾ ਬਾਵਾ, ਤੇਜਿੰਦਰ ਖ਼ਾਲਸਾ, ਸ਼ਰਵਣ ਕੁਮਾਰ, ਗੋਕਲ ਮਿੱਢਾ, ਨਿਧੀ ਬੇਰੀ, ਭੂਪਰਾਮ ਵਕੀਲਾਂ ਨੇ ਵਧਾਈ ਦਿੱਤੀ।

# ਸ੍ਰੀ ਸਿਰੜੀ ਸਾਈਂ ਬਾਬਾ ਮੰਦਰ ਕਮੇਟੀ ਨੇ 16ਵਾਂ ਸਾਲਾਨਾ ਸਾਈਂ ਮਹਾਂ ਉਤਸਵ ਕਰਵਾਇਆ



ਅਮਲੋਹ, 30 ਅਪ੍ਰੈਲ (ਜਸਵੰਤ ਸਿੰਘ): ਸ੍ਰੀ ਸਿਰੜੀ ਸਾਈਂ ਬਾਬਾ ਮੰਦਰ ਕਮੇਟੀ ਰਜਿ. ਅਮਲੋਹ ਵੱਲੋਂ ਸਾਈਂ ਮੰਦਰ ਅਮਲੋਹ ਵਿੱਚ 16ਵਾਂ ਸਾਲਾਨਾ ਸਾਈਂ ਮਹਾਂ-ਉਤਸਵ ਕਰਵਾਇਆ ਗਿਆ।ਇਸ ਮੌਕੇ ਵਿਸ਼ਾਲ ਸਾਈਂ ਭਜਨ ਸੰਧਿਆ ਕਰਵਾਈ ਗਈ, ਜਿਸ ਵਿੱਚ ਕੌਂਸਲਰ ਅਤੁਲ ਲੁਟਾਵਾ ਨੇ ਜੋਤੀ ਪ੍ਰਚੰਡ ਕੀਤੀ ਤੇ ਮੰਦਰ ਕਮੇਟੀ ਦੀ ਸ਼ਲਾਘਾ ਕਰਦਿਆਂ ਮਾਲੀ ਸਹਾਇਤਾ ਵੀ ਦਿੱਤੀ। ਇਸ ਮੌਕੇ ਵਿਸ਼ਾਲ ਭੰਡਾਰਾ ਵੀ ਕੀਤਾ ਗਿਆ ਤੇ ਸ਼ਿਵਾਂਗ ਬੇਟਾ ਲੁਧਿਆਣਾ ਵਾਲਿਆਂ ਨੇ ਭੇਟਾਂ ਦਾ ਗੁਣਗਾਨ ਕੀਤਾ। ਸਮਾਗਮ ਵਿੱਚ ਮੰਦਰ ਕਮੇਟੀ ਦੇ ਪ੍ਰਧਾਨ ਰਣਜੀਤਪਾਲ ਰਾਣਾ, ਉਪ-ਪ੍ਰਧਾਨ ਗੁਲਸ਼ਨ ਰਾਏ, ਸਕੱਤਰ ਵਿਪਨ ਕੁਮਾਰ, ਖਜ਼ਾਨਚੀ ਰਕੇਸ਼ ਗੋਇਲ, ਪ੍ਰੈਸ ਸਕੱਤਰ ਬਲਵੰਤ ਰਾਏ, ਨਵੀਨ ਧੀਮਾਨ, ਵਿਨੋਦ ਅਬਰੋਲ, ਸੰਜੀਵ ਗੋਇਲ, ਬੱਬੀ ਡੰਗ, ਸਵਿੰਦਰ ਵਰਮਾ, ਗਊ ਸੇਵਾ ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ, ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ, ਸਵਰਨਜੀਤ ਸਿੰਘ, ਰਾਮ ਮੰਦਰ ਕਮੇਟੀ ਦੇ ਪ੍ਰਧਾਨ ਸੋਹਨ ਲਾਲ ਅਬਰੋਲ, ਖਜ਼ਾਨਚੀ ਸ਼ਿਵ ਕੁਮਾਰ ਗੋਇਲ, ਕਾਂਗਰਸ ਆਗੂ ਗੰਗਾ ਪੁਰੀ, ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਦੇ ਪ੍ਰਧਾਨ ਸ਼ਿਵ ਕੁਮਾਰ ਗਰਗ, ਸੰਜੀਵ ਧਮੀ, ਰਜੀਵ ਵਰਮਾ, ਕੁਲਵੰਤ ਸੇਢਾ, ਰਜੀਵ ਵਰਮਾ, ਰਾਮ ਦਾਸ, ਰਜੀਵ ਗੋਲਡੀ, ਰਾਜ ਸ਼ਰਮਾ, ਵਿਕਰਮ ਸ਼ਰਮਾ, ਪੰਕਜ ਗੁਪਤਾ, ਐਡ. ਮੋਹਿਤ ਗਰਗ ਤੇ ਗੁਲਸ਼ਨ ਤੱਗੜ ਆਦਿ ਹਾਜ਼ਰ ਸਨ।ਇਸ ਮੌਕੇ ਕੌਂਸਲਰ ਅਤੁੱਲ ਲੁਟਾਵਾ ਤੇ ਹੋਰ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।

# ਸਿਲਵਰ ਓਕਸ ਸਕੂਲ ਸੇਵੇਵਾਲਾ ਵਿਖੇ ਇਨਵੈਸਟੀਚਰ ਸਮਾਰੋਹ



ਜੈਤੋ, 30 ਅਪ੍ਰੈਲ (ਸੰਜੀਵ ਗੋਇਲ ਸੰਜੂ): ਸਿਲਵਰ ਓਕਸ ਸਕੂਲ ਸੇਵੇਵਾਲਾ ਵਿਖੇ 30 ਅਪ੍ਰੈਲ ਸ਼ੁੱਕਰਵਾਰ ਨੂੰ ਇਨਵੈਸਟੀਚਰ ਸਮਾਰੋਹ ਕਰਵਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਪ੍ਰਿਅਕਾ ਮਹਿਤਾ ਦੀ ਅਗਵਾਈ ਵਿੱਚ ਕਰਵਾਏ ਸਮਾਗਮ ਦੀ ਸ਼ੁਰੂਆਤ ਮਹਿਮਾਨਾਂ ਦੇ ਸਵਾਗਤ ਤੇ ਪਰਮਾਤਮਾ ਨੂੰ ਯਾਦ ਕਰਦੇ ਹੋਏ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ 'ਤੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਸੁੰਦਰ ਤੇ ਮਨਮੋਹਕ ਨਾਚ ਪੇਸ਼ ਕੀਤੇ ਗਏ। ਵਿਦਿਆਰਥੀਆਂ ਦੁਆਰਾ ਮਾਰਚ-ਪਾਸਟ ਤੇ ਫਲੈਗ ਮਾਰਚ ਕੀਤਾ ਗਿਆ। ਸਕੂਲ ਦੇ ਹੈਡ ਬੁਆਏ, ਹੈਡ ਗਰਲ, ਪ੍ਰੀਫੈਕਟ ਬੁਆਏ, ਪ੍ਰੀਫੈਕਟ ਗਰਲ, ਅਨੁਸ਼ਾਸਨ ਇੰਚਾਰਜ ਬੁਆਏ, ਅਨੁਸ਼ਾਸਨ ਇੰਚਾਰਜ ਗਰਲ ਤੇ ਖੇਡ ਕਪਤਾਨ ਸਮੇਤ ਚਾਰ ਹਾਊਸਾਂ ਆਜ਼ਾਦ, ਭਗਤ, ਸੁਭਾਸ਼, ਊਧਮ ਦੇ ਕਪਤਾਨ ਤੇ ਮੀਤ ਕਪਤਾਨ ਦੀ ਚੋਣ ਕਰਨ ਲਈ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਵੋਟਾਂ ਪਵਾਈਆਂ ਗਈਆਂ। ਵੋਟਾਂ ਦੌਰਾਨ ਵਿਦਿਆਰਥੀਆਂ ਨੇ ਅਸ਼ਮੀਤ (ਦਸਵੀਂ ਏ) ਨੂੰ ਹੈਡ ਬੁਆਏ ਤੇ ਸਕੂਲ ਦੀ ਹੈਡ ਗਰਲ ਵਜੋਂ ਮਨਸੀਰਤ ਕੌਰ (ਦਸਵੀਂ ਬੀ) ਪ੍ਰੀਫੈਕਟ ਬੁਆਏ ਤੇ ਗਰਲ ਹਰਜੋਤ ਸਿੰਘ ਬਰਾੜ (ਦਸਵੀਂ ਏ) ਤੇ ਵਿਮਲਪ੍ਰੀਤ ਕੌਰ (ਦਸਵੀਂ ਬੀ) ਅਨੁਸ਼ਾਸਨ ਇੰਚਾਰਜ ਬੁਆਏ ਤੇ ਗਰਲ ਹਰਸ਼ (ਦਸਵੀਂ ਏ) ਤੇ ਅਵਨੀਤ ਕੌਰ (ਦਸਵੀਂ ਏ) ਖੇਡਾਂ ਦੇ ਕਪਤਾਨ ਵਜੋਂ ਕਰਨਵੀਰ ਸਿੰਘ (ਦਸਵੀਂ ਬੀ) ਤੇ ਸੁਖਮਨਜੋਤ ਕੌਰ (ਦਸਵੀਂ ਬੀ) ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਆਜ਼ਾਦ, ਭਗਤ, ਸੁਭਾਸ਼, ਊਧਮ ਦੇ ਕ੍ਰਮਵਾਰ ਕਪਤਾਨ ਨੰਦਨੀ, ਅਵਨੂਰ ਕੌਰ, ਨਿਮਿਸ਼ ਕੁਮਾਰ, ਸਨਾਇਆ ਗਰਗ ਤੇ ਮੀਤ ਕਪਤਾਨ ਮੌਲਿਕ ਸੇਠੀ, ਗੁਰਸਾਹਿਬ ਸਿੰਘ, ਉਦੈ ਸਿੰਘ, ਜਸਕੀਰਤ ਸਿੰਘ ਬਰਾੜ ਚੁਣੇ ਗਏ।ਇਸ ਸਮੇਂ ਪ੍ਰਿੰਸੀਪਲ ਦੁਆਰਾ ਸਾਰੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਗਈ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

# ਅਭਿਸ਼ੇਕ ਜਿੰਦਲ ਦਾ ਸਿੱਖਿਆ ਖੇਤਰ ਦੇ ਸ਼੍ਰਮਿਕਾਂ ਨੂੰ ਸਨਮਾਨ



ਮੋਗਾ, 30 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਸ਼੍ਰਮ ਦਿਵਸ ਦੇ ਮੌਕੇ 'ਤੇ ਅਭਿਸ਼ੇਕ ਜਿੰਦਲ ਨੇ ਸਿੱਖਿਆ ਖੇਤਰ ਦੇ ਅਧਿਆਪਕਾਂ ਤੇ ਸਹਾਇਤਾ ਸਟਾਫ਼ ਨੂੰ ਆਪਣਾ ਆਧੀਨ ਪ੍ਰਗਟ ਕੀਤਾ ਹੈ, ਜਿਨ੍ਹਾਂ ਨੇ ਨੌਜਵਾਨ ਦਿਮਾਗਾਂ ਨੂੰ ਆਪਣਾ ਆਧੀਨ ਕਰਨ ਤੇ ਰਾਸ਼ਟਰੀ ਪ੍ਰਗਤੀ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਅੱਜ, ਅਸੀਂ ਅਧਿਆਪਕਾਂ, ਪ੍ਰੋਫੈਸਰਾਂ ਤੇ ਸਹਾਇਤਾ ਸਟਾਫ਼ ਦੇ ਸਮਰਪਣ ਤੇ ਉਤਸ਼ਾਹ ਨੂੰ ਸਲਾਮ ਕਰਦੇ ਹਾਂ, ਜੋ ਗੁਣਵੱਤਾ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਆਪਣੇ ਕੰਮ ਤੋਂ ਅੱਗੇ ਵੱਧਦੇ ਹਨ। ਉਨ੍ਹਾਂ ਦੀ ਭੂਮਿਕਾ ਸਾਡੇ ਰਾਸ਼ਟਰ ਦੇ ਭਵਿੱਖ ਨੂੰ ਆਪਣਾ ਆਧੀਨ ਕਰਨ ਵਿੱਚ ਮਹੱਤਵਪੂਰਨ ਹੈ, ਅਭਿਸ਼ੇਕ ਜਿੰਦਲ ਕਹਿੰਦੇ ਹਨ ਸਿੱਖਿਆ ਖੇਤਰ ਨੂੰ ਅਪ੍ਰਤੱਖ ਸਰੋਤਾਂ, ਸਹਾਇਤਾ ਦੀ ਕਮੀ ਤੇ ਆਧੁਨਿਕ ਤਕਨਾਲੋਜੀ ਦੀ ਕਮੀ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਈਏ ਅਧਿਆਪਕਾਂ ਨੂੰ ਸ਼ਕਤੀਸ਼ਾਲੀ ਬਣਾਉਣ, ਸਰੋਤਾਂ ਨੂੰ ਅੱਪਗਰੇਡ ਕਰਨ ਤੇ ਸਹਾਇਤਾ ਸਟਾਫ਼ ਨੂੰ ਸਹਾਇਤਾ ਦੇਣ ਲਈ ਮਿਲ ਕੇ ਕਰੀਏ। ਅਭਿਸ਼ੇਕ ਜਿੰਦਲ ਜ਼ੋਰ ਦਿੰਦੇ ਹਨ ਤੁਹਾਡਾ ਯੋਗਦਾਨ ਨਜ਼ਰ-ਅੰਦਾਜ਼ ਨਹੀਂ ਕੀਤਾ ਜਾ ਸਕਦਾ। ਤੁਸੀਂ ਭਵਿੱਖ ਨੂੰ ਆਪਣਾ ਆਧੀਨ ਕਰਦੇ ਹੋ ਤੇ ਤੁਹਾਡੇ ਯਤਨਾਂ ਨੂੰ ਮਹੱਤਵ ਦਿੱਤਾ ਜਾਂਦਾ ਹੈ। ਸਾਨੂੰ ਸਿੱਖਿਆ ਨੂੰ ਹੋਰ ਸੁਲਭ, ਗੁਣਵੱਤਾ ਤੇ ਸਮਾਵੇਸ਼ੀ ਬਣਾਉਣ ਲਈ ਮਿਲ ਕੇ ਕੰਮ ਕਰਨਾ ਹੋਵੇਗਾ।ਉਨ੍ਹਾਂ ਨੇ ਅੱਗੇ ਕਿਹਾ ਕਿ ਸਿੱਖਿਆ ਹੀ ਉਹ ਮਾਧਿਅਮ ਹੈ ਜਿਸ ਨਾਲ ਅਸੀਂ ਆਪਣੇ ਸਮਾਜ ਨੂੰ ਬਦਲ ਸਕਦੇ ਹਾਂ ਤੇ ਇਹ ਸਾਡੇ ਬੱਚਿਆਂ ਦੇ ਭਵਿੱਖ ਨੂੰ ਰੋਸ਼ਨ ਕਰ ਸਕਦਾ ਹੈ। ਸਾਨੂੰ ਸਿੱਖਿਆ ਦੇ ਮਹੱਤਵ ਨੂੰ ਸਮਝਣਾ ਹੋਵੇਗਾ ਤੇ ਇਸ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਹੋਵੇਗਾ।ਸਿੱਖਿਆ ਦੇ ਖੇਤਰ ਵਿੱਚ ਕਈ ਚੁਣੌਤੀਆਂ ਹਨ, ਪਰ ਸਾਨੂੰ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਹੋਵੇਗਾ।ਸਾਨੂੰ ਅਧਿਆਪਕਾਂ ਨੂੰ ਤਿਆਰ ਕਰਨਾ ਹੋਵੇਗਾ, ਸਰੋਤਾਂ ਨੂੰ ਅੱਪਗਰੇਡ ਕਰਨਾ ਹੋਵੇਗਾ ਤੇ ਸਹਾਇਤਾ ਸਟਾਫ਼ ਨੂੰ ਸਹਾਇਤਾ ਦੇਣੀ ਹੋਵੇਗੀ।

# ਐਸ.ਐਫ.ਸੀ. ਪਬਲਿਕ ਸਕੂਲ ਨੇ ਵਿਦਿਆਰਥੀਆਂ ਨੂੰ ਸੁਰੱਖਿਆ ਤੇ ਸਿਹਤ ਪ੍ਰਤੀ ਜਾਗਰੂਕ ਕੀਤਾ




ਮੋਗਾ, 30 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਸ਼ਹਿਰ ਦੀ ਨਾਮਵਰ ਸੰਸਥਾ ਐਸ.ਐਫ.ਸੀ. ਪਬਲਿਕ ਸਕੂਲ ਵਿੱਚ 28 ਅਪ੍ਰੈਲ ਨੂੰ ਸੁਰੱਖਿਆ ਤੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ, ਇਸ ਮੌਕੇ 'ਤੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਸਿੱਖਿਆ ਦੇ ਵਿਸ਼ਵ ਸਿਹਤ ਦਿਵਸ ਪ੍ਰਤੀ ਜਾਗਰੂਤ ਕੀਤਾ ਗਿਆ, ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਸਕੂਲ ਵਿੱਚ ਸੁਰੱਖਿਆ ਤੇ ਅਨੁਸ਼ਾਸਨ ਰੱਖਣਾ ਬਹੁਤ ਜ਼ਰੂਰੀ ਹੈ, ਕਲਾਸ ਰੂਮ ਵਿੱਚ ਤੇ ਵਰਾਂਡੇ ਵਿੱਚ ਦੌੜਨਾ ਨਹੀਂ ਚਾਹੀਦਾ, ਖੇਡ ਦੇ ਮੈਦਾਨ ਤੇ ਕਲਾਸ ਰੂਮ ਵਿੱਚ ਅਧਿਆਪਕਾਂ ਦੀ ਨਿਗਰਾਨੀ ਹੇਠ ਤੇ ਦੱਸੇ ਅਨੁਸਾਰ ਹੀ ਚੱਲਣਾ ਚਾਹੀਦਾ ਹੈ, ਸਕੂਲ ਤੋਂ ਬਾਹਰ ਤੇ ਅੰਦਰ ਕਿਸੇ ਅਣਜਾਣ ਵਿਅਕਤੀ ਨਾਲ ਗੱਲਬਾਤ ਨਹੀਂ ਕਰਨੀ ਚਾਹੀਦੀ ਹੈ ਤੇ ਨਾ ਹੀ ਕੁਝ ਲੈ ਕੇ ਖਾਣਾ ਚਾਹੀਦਾ ਹੈ, ਜੇਕਰ ਕੋਈ ਵਿਅਕਤੀ ਖਾਣ ਲਈ ਦੇਵੇ ਤਾਂ ਨਹੀਂ ਖਾਣਾ ਚਾਹੀਦਾ, ਐਚ.ਐਮ. ਸਰੀਤਾ ਅਰੋੜਾ ਨੇ ਵਿਦਿਆਰਥੀਆਂ ਨੂੰ ਸੁਰੱਖਿਆ ਦੇ ਸਿਹਤ ਨਿਯਮਾਂ ਬਾਰੇ ਜਾਣਕਾਰੀ ਦਿੱਤੀ, ਉਨ੍ਹਾਂ ਨੇ ਆਪਣੇ ਆਲੇ-ਦੁਆਲੇ ਨੂੰ ਸਾਫ-ਸੁਥਰਾ ਰੱਖਣ ਦੀ ਸਲਾਹ ਦਿੱਤੀ। ਐਮ.ਡੀ. ਅਭਿਸ਼ੇਕ ਜਿੰਦਲ ਤੇ ਸਕੂਲ ਪ੍ਰਿੰਸੀਪਲ ਸੀਨਮ ਜਿੰਦਲ ਨੇ ਵਿਦਿਆਰਥੀਆਂ ਨੂੰ ਸਰੀਰਕ ਤੇ ਮਾਨਸਿਕ ਸੁਰੱਖਿਆ 'ਤੇ ਜ਼ੋਰ ਦਿੱਤਾ, ਉਨ੍ਹਾਂ ਵਿਦਿਆਰਥੀਆਂ ਨੂੰ ਤੇਜ਼ਧਾਰ ਵਾਲੀਆਂ ਤੇ ਬਿਜਲੀ ਉਪਕਰਨਾਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਰਚਿਆ ਇਤਿਹਾਸ



ਸ੍ਰੀ ਫਤਹਿਗੜ੍ਹ ਸਾਹਿਬ, 30 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਲਈ ਇਹ ਬੇਹੱਦ ਮਾਣ ਤੇ ਗੌਰਵ ਦੀ ਗੱਲ ਹੈ ਕਿ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਸ਼ਾਨਦਾਰ ਪ੍ਰਦਰਸ਼ਨ ਨਾਲ ਇਤਿਹਾਸਕ ਉਪਲਬਧੀਆਂ ਹਾਸਲ ਕੀਤੀਆਂ ਹਨ।ਸਰੀਰਕ ਸਿੱਖਿਆ ਤੇ ਖੇਡ ਟੈਕਨਾਲੋਜੀ ਵਿਭਾਗ ਦੇ ਐਮ.ਪੀ.ਐਡ. ਦੇ ਵਿਦਿਆਰਥੀ ਅੰਮ੍ਰਿਤ ਪਾਲ ਸਿੰਘ ਦੀ ਚੋਣ ਸੀਨੀਅਰ ਨੈਸ਼ਨਲ ਟੂਰਨਾਮੈਂਟ ਦੇ ਆਧਾਰ 'ਤੇ ਭਾਰਤੀ ਰਗਬੀ ਟੀਮ ਦੇ ਕੈਂਪ ਲਈ ਹੋਈ ਹੈ। ਇਹ ਉਪਲਬਧੀ ਉਸਦੀ ਲਗਾਤਾਰ ਮਿਹਨਤ, ਅਟੱਲ ਸੰਕਲਪ ਤੇ ਖੇਡ ਪ੍ਰਤੀ ਸਮਰਪਣ ਦਾ ਜੀਵੰਤ ਸਬੂਤ ਹੈ, ਜਿਸ ਨਾਲ ਉਸਨੇ ਨਾ ਸਿਰਫ ਆਪਣੇ ਵਿਭਾਗ, ਸਗੋਂ ਪੂਰੀ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ।ਇਸ ਦੇ ਨਾਲ ਹੀ ਅਮਨਦੀਪ ਕੌਰ ਨੇ ਵੀ ਇਤਿਹਾਸਕ ਮੰਜ਼ਿਲ ਹਾਸਲ ਕਰਦਿਆਂ ਪੰਜਾਬ ਦੀ ਪਹਿਲੀ ਮਹਿਲਾ ਖਿਡਾਰਨ ਹੋਣ ਦਾ ਮਾਣ ਪ੍ਰਾਪਤ ਕੀਤਾ ਹੈ ਜਿਸਨੇ ਏਸ਼ੀਆਈ ਖੇਡਾਂ ਵਿੱਚ ਭਾਰਤ ਦੀ ਰਗਬੀ ਟੀਮ ਦੀ ਨੁਮਾਇੰਦਗੀ ਕੀਤੀ। ਖ਼ਾਸ ਗੱਲ ਇਹ ਹੈ ਕਿ ਉਹ ਪਹਿਲਾਂ ਵੀ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਕਾਬਲੀਅਤ ਸਾਬਤ ਕਰ ਚੁੱਕੀ ਹੈ। ਫ਼ਤਹਿਗੜ੍ਹ ਸਾਹਿਬ ਦੇ ਪਿੰਡ ਧੀਰਪੁਰ ਦੀ ਰਹਿਣ ਵਾਲੀ ਤੇ ਮਲੂਕ ਸਿੰਘ ਦੀ ਧੀ ਅਮਨਦੀਪ ਕੌਰ ਨੇ ਏਸ਼ੀਆਈ ਰਗਬੀ ਐਮੀਰੇਟਸ ਲੀਗ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਦੇਸ਼ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ। ਉਸਦੀ ਇਹ ਲਗਾਤਾਰ ਕਾਮਯਾਬੀ ਉਸਦੀ ਕਠੋਰ ਮਿਹਨਤ, ਅਨੁਸ਼ਾਸਨ ਤੇ ਖੇਡ ਪ੍ਰਤੀ ਸਮਰਪਣ ਦੀ ਪ੍ਰਤੀਕ ਹੈ ਤੇ ਇਹ ਪੰਜਾਬ ਦੀਆਂ ਨੌਜਵਾਨ ਮਹਿਲਾ ਖਿਡਾਰੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਇਨ੍ਹਾਂ ਉਪਲਬਧੀਆਂ ਦੇ ਪਿੱਛੇ ਕੋਚ ਸੰਦੀਪ ਕੁਮਾਰ ਦੀ ਲਗਨ, ਮਿਹਨਤ ਤੇ ਮਾਰਗਦਰਸ਼ਨ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ, ਜਿਨ੍ਹਾਂ ਨੇ ਖਿਡਾਰੀਆਂ ਨੂੰ ਉਚ ਪੱਧਰੀ ਮੁਕਾਬਲਿਆਂ ਲਈ ਤਿਆਰ ਕੀਤਾ ਤੇ ਉਨ੍ਹਾਂ ਦੇ ਆਤਮਵਿਸ਼ਵਾਸ ਨੂੰ ਮਜ਼ਬੂਤ ਕੀਤਾ।ਇਸ ਮੌਕੇ 'ਤੇ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਪਰਿਤ ਪਾਲ ਸਿੰਘ ਨੇ ਖੁਸ਼ੀ ਜ਼ਾਹਿਰ ਕਰਦਿਆਂ ਖਿਡਾਰੀਆਂ, ਕੋਚ ਤੇ ਸਟਾਫ ਨੂੰ ਦਿਲੋਂ ਵਧਾਈ ਦਿੱਤੀ।

# ਐਸ.ਐਫ.ਸੀ. ਕਾਨਵੈਂਟ ਸਕੂਲ ਜਲਾਲਾਬਾਦ (ਪੂਰਬ), 'ਚ ਅੰਤਰਰਾਸ਼ਟਰੀ ਨਾਚ ਦਿਵਸ ਮਨਾਇਆ



ਮੋਗਾ, 30 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਇਲਾਕੇ ਦੀ ਮਸ਼ਹੂਰ ਸੰਸਥਾ ਐਸ.ਐਫ.ਸੀ. ਕਾਨਵੈਂਟ ਸਕੂਲ ਜਲਾਲਾਬਾਦ (ਪੂਰਬ), ਜੋ ਕਿ ਆਈਸੀਐਸਈ ਬੋਰਡ ਨਵੀਂ ਦਿੱਲੀ ਨਾਲ ਸਬੰਧਤ ਹੈ, ਵਿੱਚ ਅੱਜ ਅੰਤਰਰਾਸ਼ਟਰੀ ਨਾਚ ਦਿਵਸ ਮਨਾਇਆ ਗਿਆ। ਸਭ ਤੋਂ ਪਹਿਲਾਂ ਸਕੂਲ ਦੀ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਤੇ ਅਧਿਆਪਕਾਂ ਨੂੰ ਇਸ ਦਿਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਸਕੂਲ ਦੇ ਨਾਚ ਸਿਖਾਉਣ ਵਾਲੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸ਼ਾਸਤਰੀ ਨਾਚ ਦੀਆਂ ਵੱਖ-ਵੱਖ ਸ਼ੈਲੀਆਂ ਤੇ ਮੁਦਰਾਵਾਂ ਬਾਰੇ ਜਾਣੂੰ ਕਰਵਾਇਆ ਗਿਆ। ਇਸਦੇ ਨਾਲ ਹੀ ਬੱਚਿਆਂ ਵੱਲੋਂ ਕਲਾਸੀਕਲ ਤੇ ਭੰਗੜੇ ਦੀਆਂ ਝਲਕੀਆਂ ਵੀ ਪੇਸ਼ ਕੀਤੀਆਂ ਗਈਆਂ। ਬੱਚਿਆਂ ਨੇ ਬੜੇ ਧਿਆਨ ਨਾਲ ਇਹ ਨਾਚ ਸ਼ੈਲੀਆਂ ਤੇ ਮੁਦਰਾਵਾਂ ਸਿੱਖੀਆਂ ਤੇ ਇਸ ਦੌਰਾਨ ਉਹ ਆਪਣੇ-ਆਪ ਨੂੰ ਬਹੁਤ ਖੁਸ਼ ਤੇ ਉਤਸ਼ਾਹਿਤ ਮਹਿਸੂਸ ਕਰ ਰਹੇ ਸਨ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਕੌਸ਼ਿਕ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਅੰਤਰਰਾਸ਼ਟਰੀ ਨਾਚ ਦਿਵਸ ਹਰ ਸਾਲ 29 ਅਪ੍ਰੈਲ ਨੂੰ ਦੁਨੀਆਂ ਭਰ ਵਿੱਚ ਮਨਾਇਆ ਜਾਂਦਾ ਹੈ। ਯੂਨੈਸਕੋ ਦੀ ਸਹਿਯੋਗੀ ਅੰਤਰਰਾਸ਼ਟਰੀ ਰੰਗਮੰਚ ਸੰਸਥਾ ਦੀ ਅੰਤਰਰਾਸ਼ਟਰੀ ਨਾਚ ਕਮੇਟੀ ਵੱਲੋਂ ਇਸ ਦਿਨ ਨੂੰ ਆਧੁਨਿਕ ਬੈਲੇ ਦੇ ਪ੍ਰਮੁੱਖ ਚਿਹਰੇ ਜੀਂ ਜਾਰਜ ਨੋਵੇਰੇ ਦੀ ਯਾਦ ਵਿੱਚ ਸਮਰਪਿਤ ਕੀਤਾ ਗਿਆ ਹੈ। ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਨਾਚ ਪ੍ਰਤੀ ਜਾਗਰੂਕਤਾ ਵਧਾਉਣਾ ਤੇ ਇਸਨੂੰ ਸਿੱਖਿਆ ਦੇ ਇੱਕ ਮਹੱਤਵਪੂਰਨ ਹਿੱਸੇ ਵਜੋਂ ਪ੍ਰਸਤੁਤ ਕਰਨਾ ਹੈ।ਨਾਚ ਵੱਖ-ਵੱਖ ਸੰਸਕ੍ਰਿਤੀਆਂ ਨੂੰ ਇੱਕ ਮੰਚ 'ਤੇ ਲਿਆਉਂਦਾ ਹੈ, ਜਿਸ ਨਾਲ ਸੰਸਕ੍ਰਿਤਿਕ ਸਮਝ ਤੇ ਏਕਤਾ ਨੂੰ ਉਤਸ਼ਾਹ ਮਿਲਦਾ ਹੈ। ਇਸ ਮੌਕੇ 'ਤੇ ਸਕੂਲ ਦੇ ਸੀਐਮਡੀ ਅਭਿਸ਼ੇਕ ਜਿੰਦਲ, ਸੀਨਮ ਜਿੰਦਲ ਤੇ ਸਰੋਜ ਰਾਣੀ ਜਿੰਦਲ ਨੇ ਵੀ ਸਭ ਨੂੰ ਅੰਤਰਰਾਸ਼ਟਰੀ ਨਾਚ ਦਿਵਸ ਦੀਆਂ ਦਿਲੋਂ ਮੁਬਾਰਕਾਂ ਦਿੱਤੀਆਂ।

# ਸ਼ਿਵਾਲਿਕ ਮਾਡਲ ਸਕੂਲ ਵਿੱਚ ਮਜ਼ਦੂਰ ਦਿਵਸ 'ਤੇ ਕਰਮਚਾਰੀਆਂ ਦਾ ਕੀਤਾ ਸਨਮਾਨ



ਜਗਰਾਓਂ, 30 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸ਼ਿਵਾਲਿਕ ਮਾਡਲ ਸਕੂਲ ਕੰਪਲੈਕਸ ਵਿੱਚ ਵੀਰਵਾਰ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਮੂਹ ਕਰਮਚਾਰੀਆਂ ਨੂੰ ਉਨ੍ਹਾਂ ਦੀ ਲਗਨ, ਫਰਜ਼ ਪ੍ਰਤੀ ਵਫ਼ਾਦਾਰੀ ਅਤੇ ਅਣਥੱਕ ਮਿਹਨਤ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਸ੍ਰੀਮਤੀ ਨੀਲਮ ਸ਼ਰਮਾ ਦੇ ਸੰਬੋਧਨ ਨਾਲ ਹੋਈ। ਉਨ੍ਹਾਂ ਕਿਹਾ, 'ਸਾਡੇ ਕਰਮਚਾਰੀ ਇਸ ਸਕੂਲ ਪਰਿਵਾਰ ਦੇ ਮਜ਼ਬੂਤ ਥੰਮ੍ਹ ਹਨ। ਇਨ੍ਹਾਂ ਦੀ ਮਿਹਨਤ ਅਤੇ ਸਮਰਪਣ ਸਦਕਾ ਸਕੂਲ ਦਾ ਹਰ ਕੋਨਾ ਸਾਫ਼, ਸੁਰੱਖਿਅਤ ਅਤੇ ਵਿਵਸਥਿਤ ਰਹਿੰਦਾ ਹੈ। ਇਹ ਨਿਰਸਵਾਰਥ ਭਾਵਨਾ ਨਾਲ ਦਿਨ-ਰਾਤ ਸੇਵਾ ਕਰਦੇ ਹਨ ਅਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖਦੇ ਹਨ। ਇਨ੍ਹਾਂ ਦਾ ਯੋਗਦਾਨ ਕਿਸੇ ਅਧਿਆਪਕ ਤੋਂ ਘੱਟ ਨਹੀਂ ਹੈ।'

ਮਜ਼ਦੂਰ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਸ੍ਰੀਮਤੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਹਰ ਕੰਮ ਸਤਿਕਾਰਯੋਗ ਹੁੰਦਾ ਹੈ, ਚਾਹੇ ਉਹ ਛੋਟਾ ਹੋਵੇ ਜਾਂ ਵੱਡਾ। ਮਿਹਨਤ ਕਰਨ ਵਾਲਾ ਹਰ ਵਿਅਕਤੀ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ ਅਤੇ ਉਸ ਤੋਂ ਬਿਨਾਂ ਕਿਸੇ ਵੀ ਸੰਸਥਾ ਦੀ ਤਰੱਕੀ ਸੰਭਵ ਨਹੀਂ ਹੈ।

ਸਕੂਲ ਦੇ ਡਾਇਰੈਕਟਰ ਸ੍ਰੀ ਡੀ.ਕੇ. ਸ਼ਰਮਾ ਅਤੇ ਵਾਈਸ ਪ੍ਰੈਜ਼ੀਡੈਂਟ ਸ੍ਰੀਮਤੀ ਇਸ਼ਿਤਾ ਗੁਪਤਾ ਨੇ ਪ੍ਰਿੰਸੀਪਲ ਸਮੇਤ ਸਮੂਹ ਕਰਮਚਾਰੀਆਂ ਅਤੇ ਵਾਹਨ ਚਾਲਕਾਂ ਨੂੰ ਤੋਹਫ਼ੇ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਟੇਜ 'ਤੇ ਆ ਕੇ ਮਹਿਲਾ ਮੁਲਾਜ਼ਮਾਂ ਅਤੇ ਵਾਹਨ ਚਾਲਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ

# ਮੰਗਾਂ ਨੂੰ ਲਾਗੂ ਨਾ ਕਰਨ 'ਤੇ ਪਾਵਰਕਾਮ ਠੇਕਾ ਕਾਮਿਆਂ ਨੇ ਵਿੱਤ ਮੰਤਰੀ ਦਾ ਫੂਕਿਆ ਪੁਤਲਾ

ਲੁਧਿਆਣਾ, 30 ਅਪ੍ਰੈਲ (ਵਿਸ਼ਾਲ ਸ਼ਰਮਾ) : ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਪੰਜਾਬ ਦੇ ਵੱਲੋਂ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਝੁਲਸ ਗਏ ਕਾਮਿਆਂ ਅਤੇ ਮੌਤ ਦੇ ਮੂੰਹ ਪਏ ਕਾਮਿਆਂ ਦੇ ਵਾਰਸਾਂ ਨੂੰ ਪੱਕੀ ਨੌਕਰੀ ਪੱਕੀ ਪੈਨਸ਼ਨ ਦੀ ਗਰੰਟੀ ਕਰਨ ਅਤੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਵਾਉਣ ਦੇ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਲੁਧਿਆਣਾ ਸਰਕਲ ਪ੍ਰਧਾਨ ਅਵਤਾਰ ਸਿੰਘ, ਮੀਤ ਪ੍ਰਧਾਨ ਗਗਨਦੀਪ ਸਿੰਘ, ਜਨਰਲ ਸਕੱਤਰ ਜਤਿੰਦਰ ਨੇ ਦੱਸਿਆ ਪਿਛਲੇ ਦਿਨੇ 16 ਦਿਨ ਲਗਾਤਾਰ ਹੜਤਾਲ ਕਰ ਬਿਜਲੀ ਮੰਤਰੀ ਸਮੇਤ ਅਮਨ ਅਰੋੜਾ ਅਤੇ ਪਾਵਰਕੋਮ ਦੇ ਮੁੱਖ ਦਫਤਰ ਅੱਗੇ ਲਗਾਤਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਦੇ ਸਿੱਟੇ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਬਿਜਲੀ ਮੰਤਰੀ ਨਾਲ ਬੈਠਕ ਹੋਈ, ਜਿਸ ਵਿੱਚ ਮਿਤੀ 30 ਅਪ੍ਰੈਲ 2026 ਨੂੰ ਮੀਟਿੰਗ ਕਰ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਵਾਇਆ ਗਿਆ ਸੀ। ਪਰ ਅੱਜ ਪੰਜਾਬ ਸਰਕਾਰ ਵੱਲੋਂ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਅਤੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ। ਜਥੇਬੰਦੀ ਵੱਲੋਂ ਅੱਜ ਮੁਕੰਮਲ ਹੜਤਾਲ ਸ਼ੁਰੂ ਕਰ ਪੰਜਾਬ ਭਰ ਦੇ ਵਿੱਤ ਮੰਤਰੀ ਸਮੇਤ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ ਅਤੇ ਉਦੋਂ ਤੱਕ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ ਜਦੋਂ ਤੱਕ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ। ਮਿਤੀ 1 ਮਈ 2026 ਨੂੰ ਮਈ ਦਿਵਸ ਮੌਕੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਫੈਸਲਾ ਕੀਤਾ।

ਇਸ ਮੌਕੇ ਦਵਿੰਦਰ ਸਿੰਘ, ਹਰਮਿੰਦਰ ਸਿੰਘ, ਗੁਰਮਿੰਦਰ ਸਿੰਘ, ਜਸਵੀਰ ਕੁਮਾਰ, ਗੌਰਵ, ਸੁਲੇਸ਼, ਰਣਜੀਤ ਸਿੰਘ, ਭੁਪਿੰਦਰ ਸਿੰਘ ਸ਼ਾਮਲ ਹੋਏ।

# ਹਾਊਸਿੰਗ ਬੋਰਡ ਕਲੋਨੀ ਗੁ: ਸਾਹਿਬ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਧੰਨ ਧੰਨ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਤਿਸੰਗ ਸਭਾ ਹਾਊਸਿੰਗ ਬੋਰਡ ਕਲੋਨੀ ਭਾਈ ਰਣਧੀਣ ਸਿੰਘ ਨਗਰ ਲੁਧਿਆਣਾ ਵਿਖੇ ਬੜੀ ਸ਼ਰਧਾ ਸਤਿਕਾਰ ਸਹਿਤ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਬੀਬੀ ਕੁਲਦੀਪ ਕੌਰ ਭਾਟੀਆ ਨਿਸ਼ਕਾਮ ਜਥੇ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਹਜ਼ੂਰੀ ਰਾਗੀ ਗੁਰਦਆਰਾ ਸਾਹਿਬ ਭਾਈ ਗੁਰਦੇਵ ਸਿੰਘ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਗੁਰਸ਼ਬਦ ਨਾਲ ਜੋੜਿਆ। ਉਨ੍ਹਾਂ ਤੋਂ ਬਾਅਦ ਸਿੱਖ ਕੌਮ ਦੇ ਵਿਦਵਾਨ ਅਤੇ ਪੰਥ ਪ੍ਰਸਿੱਧ ਕਥਾ ਵਾਚਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਕੁਲਦੀਪ ਸਿੰਘ ਜੀ ਰੂਪ ਨਿਸ਼ਾਨ ਆਲਮਗੀਰ ਸਾਹਿਬ ਵਾਲਿਆਂ ਨੇ ਕਥਾ ਵਿਚਾਰਾਂ ਰਾਹੀ ਸਿੱਖ ਇਤਿਹਾਸ 'ਤੇ ਚਾਨਣਾ ਪਾਇਆ। ਇਸ ਸਮੇ ਭਾਈ ਅਵਤਾਰ ਸਿੰਘ ਜੀ ਵੱਲੋਂ ਅਰਦਾਸ ਕਰਨ ਉਪਰੰਤ ਸੰਗਤਾਂ ਨੂੰ ਹੁਕਮਨਾਮਾ ਸਰਵਣ ਕਰਵਾਇਆ। ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ। ਗੁਰਦਆਰਾ ਸਾਹਿਬ ਦੇ ਮੁੱਖ ਸਲਾਹਕਾਰ ਜਥੇਦਾਰ ਨਛੱਤਰ ਸਿੰਘ ਸਿੱਧੂ, ਮੁੱਖ ਸੇਵਾਦਾਰ ਗੁਰਦੀਪ ਸਿੰਘ ਲੀਲ ਅਤੇ ਜਨਰਲ ਸਕੱਤਰ ਗੁਰਦੀਪ ਸਿੰਘ ਘੁਮਾਣ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨੂੰ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ। ਇਸ ਸਮੇ ਮੁੱਖ ਸਲਾਹਕਾਰ ਜਥੇਦਾਰ ਨਛੱਤਰ ਸਿੰਘ ਸਿੱਧੂ, ਮੁੱਖ ਸੇਵਾਦਾਰ ਗੁਰਦੀਪ ਸਿੰਘ ਲੀਲ, ਜਨਰਲ ਸਕੱਤਰ ਗੁਰਦੀਪ ਸਿੰਘ ਘੁਮਾਣ, ਜਥੇਦਾਰ ਚਰਨ ਸਿੰਘ, ਦਵਿੰਦਰ ਸਿੰਘ ਮਾਨ, ਜਗਦੀਪ ਸਿੰਘ ਭੌਂਠਲ, ਮਾਸਟਰ ਬਲਰਾਜ ਸਿੰਘ, ਗੁਰਮੀਤ ਸਿੰਘ ਕੋਚਰ, ਸਰਦੂਲ ਸਿੰਘ, ਕੁਲਵਿੰਦਰ ਸਿੰਘ ਯੂਐਸ ਏ, ਅਵਤਾਰ ਸਿੰਘ ਨਿਰਬਾਣ, ਬੂਟਾ ਸਿੰਘ, ਬਲਵੀਰ ਸਿੰਘ ਗਰੇਵਾਲ, ਰਤਨ ਚੋਪੜਾ, ਕਮਲਜੀਤ ਸਿੰਘ ਕੋਚਰ, ਕੁਲਜੀਤ ਸਿੰਘ ਕਾਕਾ, ਜਗਦੀਸ ਸਿੰਘ ਬਿੱਟੂ, ਜਗਤਾਰ ਸਿੰਘ ਐਤੀਆਣਾ, ਗੁਰਚਰਨ ਸਿੰਘ ਚੜਿੱਕ, ਕੁਲਦੀਪ ਸਿੰਘ ਖਾਲਸਾ, ਡਾਕਟਰ ਗੁਰਦੀਪ ਸਿੰਘ ਧਵਨ, ਅਡੀਟਰ ਗੁਰਦੇਵ ਸਿੰਘ, ਹਰਮਿੰਦਰ ਸਿੰਘ ਜੇ ਬਲਾਕ, ਅਮਿਤਵੀਰ ਸਿੰਘ ਬਖਸੀ, ਗੁਰਚਰਨ ਸਿੰਘ ਭਾਟੀਆ, ਬਲਰਾਜ ਸਿੰਘ ਖਾਲਸਾ, ਭੁਪਿੰਦਰ ਸਿੰਘ ਕਾਕਾ, ਇਕਬਾਲ ਕੌਰ, ਤੇਜਿੰਦਰ ਕੌਰ, ਗੁਰਵਿੰਦਰ ਕੌਰ, ਪ੍ਰਿਤਪਾਲ ਕੌਰ ਘੁਮਾਣ, ਦਲਜੀਤ ਕੌਰ, ਸੁਰਿੰਦਰ ਕੌਰ, ਜਸਵਿੰਦਰ ਕੌਰ ਸਿੱਧੂ, ਚਰਨਜੀਤ ਕੌਰ, ਪਰਮਜੀਤ ਕੌਰ, ਕੁਲਦੀਪ ਕੌਰ ਭਾਟੀਆ, ਰਵਨੀਤ ਕੌਰ, ਸੁਰਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾ ਨੇ ਸੰਗਤੀ ਰੂਪ ਹਾਜ਼ਰੀ ਭਰੀ।

# ਬਲੌਸਮਜ਼ ਕਾਨਵੈਂਟ ਸਕੂਲ ਵਿਖੇਮਜ਼ਦੂਰ ਦਿਵਸਮਨਾਇਆ



ਜਗਰਾਓਂ, 30 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਮਜ਼ਦੂਰ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੂੰ ਇਸ ਦਿਨ ਪ੍ਰਤੀ ਜਾਗਰੂਕ ਕੀਤਾ ਗਿਆ ਸਕੂਲ ਵੱਲੋਂ ਉਹਨਾਂ ਲਈ ਵਿਸ਼ੇਸ਼ ਤੌਰ 'ਤੇ ਖਾਣ-ਪੀਣ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ.ਨਵਨੀਤ ਕੌਰ ਨੇ ਇਸ ਦਿਨ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਮਜ਼ਦੂਰ-ਵਰਗ ਸਾਡੇ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ, ਜਿਸ ਬਿਨ੍ਹਾ ਅਸੀਂ ਕਿਸੇ ਵੀ ਕਾਰਜ ਨੂੰ ਨੇਪਰੇ ਨਹੀਂ ਚੜ੍ਹਾ ਸਕਦੇ। ਅਸੀਂ ਆਪਣੇ ਸਕੂਲ ਦੇ ਇਸ ਵਰਗ ਨੂੰ ਹਰ ਸਮੇਂ ਖੁਸ਼ੀ ਦਾ ਮਹੌਲ ਮੁਹੱਈਆ ਕਰਵਾਉਂਦੇ ਹਾਂ। ਬੱਚਿਆਂ ਨੂੰ ਵੀ ਇਹੀ ਸਿਖਾਇਆ ਜਾਂਦਾ ਹੈ ਕਿ ਹਰ ਇਕ ਮਜ਼ਦੂਰ ਦਾ ਸਨਮਾਨ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਹਨਾਂ ਨਾਲ ਹੀ ਕਿਹਾ ਕਿ ਮਜ਼ਦੂਰ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਹਰ ਇਕ ਇਮਾਰਤ, ਸੜਕ, ਸਕੂਲ ਤੇ ਸਮਾਜ ਦੀ ਤਰੱਕੀ ਦੇ ਪਿੱਛੇ ਮਜ਼ਦੂਰਾਂ ਦੀ ਮਿਹਨਤ ਅਤੇ ਸਮਰਪਣ ਹੁੰਦਾ ਹੈ। ਅਸੀਂ ਜੋ ਵੀ ਸੁਵਿਧਾਵਾਂ ਭੋਗ ਰਹੇ ਹਾਂ, ਉਹਨਾਂ ਦੇ ਪਿੱਛੇ ਕਿਸੇ ਨਾ ਕਿਸੇ ਮਜ਼ਦੂਰ ਦੀ ਕਠਿਨ ਮਿਹਨਤ ਦਾ ਰਾਜ ਲੁਕਿਆ ਹੋਇਆ ਹੈ। ਇਸ ਮੌਕੇ ਸਕੂਲ ਦੇ ਪ੍ਰੈਜੀਡੈਂਟ ਸ.ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਅਸੀਂ ਇਸ ਵਰਗ ਲਈ ਹਮੇਸ਼ਾਂ ਇਹਨਾਂ ਦੇ ਨਾਲ ਖੜ੍ਹੇ ਹਾਂ।

# ਗਿ: ਜ਼ੈਲ ਸਿੰਘ ਦੇ ਜਨਮ ਦਿਨ 'ਤੇ ਸੂਬਾ ਪੱਧਰੀ ਸਮਾਗਮ 5 ਮਈ ਨੂੰ : ਬਾਵਾ, ਬੱਬੂ



ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸਵ. ਗਿਆਨੀ ਜੈਲ ਸਿੰਘ ਸਾਬਕਾ ਰਾਸ਼ਟਰਪਤੀ ਭਾਰਤ ਸਰਕਾਰ ਅਤੇ ਸਾਬਕਾ ਮੁੱਖ ਮੰਤਰੀ ਪੰਜਾਬ ਦੇ ਜਨਮਦਿਨ 'ਤੇ ਓ.ਬੀ.ਸੀ/ ਬੀ.ਸੀ/ ਐੱਸ.ਸੀ ਵੱਲੋਂ ਵਿਸ਼ਾਲ ਸਮਾਗਮ ਦਾ ਆਯੋਜਨ 5 ਮਈ ਨੂੰ ਗੁਰੂ ਨਾਨਕ ਭਵਨ ਲੁਧਿਆਣਾ ਵਿਖੇ ਹੋਵੇਗਾ। ਇਹ ਜਾਣਕਾਰੀ ਕੁੱਲ ਹਿੰਦ ਕਾਂਗਰਸ ਓ.ਬੀ.ਸੀ ਵਿਭਾਗ ਦੇ ਵਾਈਸ ਪ੍ਰਧਾਨ ਇੰਦਰਜੀਤ ਬੱਬੂ ਅਤੇ ਕੁੱਲ ਹਿੰਦ ਕਾਂਗਰਸ ਦੇ ਓ.ਬੀ.ਸੀ ਦੇ ਕੋਆਰਡੀਨੇਟਰ ਕ੍ਰਿਸ਼ਨ ਕੁਮਾਰ ਬਾਵਾ ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਦਿੱਤੀ।ਬੱਬੂ ਅਤੇ ਬਾਵਾ ਨੇ ਕਿਹਾ ਕਿ ਪੰਜਾਬ ਵਿੱਚ ਪੱਛੜੀਆਂ ਸ਼੍ਰੇਣੀਆਂ ਨਾਲ ਸੰਬੰਧਿਤ 71 ਜਾਤੀਆਂ ਹਨ ਅਤੇ ਤਕਰੀਬਨ 40 ਫੀਸਦੀ ਵੋਟ ਹੈ ਪਰ ਸਿਆਸੀ ਖੇਤਰ ਵਿੱਚ ਆਬਾਦੀ ਦੇ ਆਧਾਰ 'ਤੇ ਨੁਮਾਇੰਦਗੀ ਨਾ ਮਿਲਣਾ ਲੋਕਤੰਤਰ ਵਿੱਚ ਬੇਇਨਸਾਫੀ ਹੈ।ਉਹਨਾਂ ਕਿਹਾ ਕਿ ਰਾਹੁਲ ਗਾਂਧੀ ਨੇ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ) ਨੂੰ ਆਬਾਦੀ ਦੇ ਆਧਾਰ 'ਤੇ ਸਿਆਸੀ ਨੁਮਾਇੰਦਗੀ ਦੇਣ ਦਾ ਭਾਰਤ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਅਤੇ ਪਾਰਟੀ ਅੰਦਰ ਉਹ ਇਸ ਸੰਦਰਭ ਵਿੱਚ ਉਸਾਰੂ ਫੈਸਲੇ ਲੈ ਰਹੇ ਹਨ।

# ਹਰੀ ਸਿੰਘ ਨਲੂਆ ਦਾ ਸੂਰਮਗਤੀ ਦਿਵਸ ਮਨਾਇਆ



ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸਿੱਖ ਕੌਮ ਦੇ ਮਹਾਨ ਸੂਰਬੀਰ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਜੀ ਦੇ ਸੂਰਮਗਤੀ ਦਿਵਸ ਨੂੰ ਅੱਜ ਪੰਜਾਬੀ ਵਿਰਸਾ ਫਾਊਂਡੇਸ਼ਨ ਦੇ ਵੱਲੋਂ ਰਾਮਗੜ੍ਹੀਆ ਗਰਲਜ਼ ਸੀਨੀ. ਸੈਕੰਡਰੀ ਸਕੂਲ ਮਿਲਰ ਗੰਜ ਵਿਖੇ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਸਬੰਧੀ ਸਕੂਲ ਦੇ ਕੈਂਪਸ ਵਿਖੇ ਆਯੋਜਿਤ ਕੀਤੇ ਗਏ ਪ੍ਰਭਾਵਸ਼ਾਲੀ ਸਮਾਗਮ ਅੰਦਰ ਪੰਜਾਬੀ ਵਿਰਸਾ ਫਾਊਂਡੇਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਖਾਲਸਾ ਨੇ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਦਰਜ ਦਸ ਮਹਾਨ ਸੂਰਬੀਰ ਜਰਨੈਲਾਂ ਦੀ ਸੂਚੀ ਵਿੱਚੋਂ ਪ੍ਰਥਮ ਸਥਾਨ ਪ੍ਰਾਪਤ ਕਰਨ ਵਾਲਾ ਮਹਾਨ ਸੂਰਬੀਰ ਸਿੱਖ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਕੇਵਲ ਇੱਕ ਯੋਧਾ ਹੀ ਨਹੀਂ ਸੀ ਬਲਕਿ ਪੰਥ ਦਾ ਨਿਸ਼ਕਾਮ ਸੇਵਕ ਅਤੇ ਖਾਲਸਾ ਰਾਜ ਦਾ ਨਿਰਛਲ ਰੱਖਿਅਕ ਤੇ ਨਿਸ਼ਠਾਵਾਨ ਅਹਿਲਕਾਰ ਵੀ ਸੀ।ਉਨ੍ਹਾਂ ਕਿਹਾ ਕਿ ਸਕੂਲ ਦੀ ਪ੍ਰਿੰਸੀਪਲ ਮਨਦੀਪ ਕੌਰ ਦੇ ਸਹਿਯੋਗ ਨਾਲ ਕਰਵਾਏ ਗਏ ਅੱਜ ਦੇ ਸਮਾਗਮ ਦਾ ਮੁੱਖ ਮਨੋਰਥ ਵਿਦਿਆਰਥੀ ਵਰਗ ਨੂੰ ਆਪਣੇ ਗੌਰਵਮਈ ਵਿਰਸੇ ,ਇਤਿਹਾਸ ਨਾਲ ਜੋੜਨਾ ਤੇ ਮਹਾਨ ਵਿਅਕਤੀਆਂ ਦੀਆਂ ਕੁਰਬਾਨੀਆਂ ਨੂੰ ਸਦੀਵੀ ਤੌਰ 'ਤੇ ਯਾਦ ਰੱਖਣਾ ਹੈ। ਰਾਮਗੜ੍ਹੀਆ ਗਰਲਜ਼ ਸੀਨੀ. ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਜੋਸ਼ੀਲੀਆਂ ਕਵਿਤਾਵਾਂ ਸੁਣਾ ਕੇ ਹਰੀ ਸਿੰਘ ਨਲੂਆ ਨੂੰ ਸਤਿਕਾਰ ਅਰਪਿਤ ਕੀਤਾ! ਫਾਊਂਡੇਸ਼ਨ ਦੇ ਅਹੁਦੇਦਾਰਾਂ ਵੱਲੋਂ ਸਕੂਲ ਦੀਆਂ ਵਿਦਿਆਰਥਣਾਂ ਨੂੰ ਹਰੀ ਸਿੰਘ ਨਲੂਆ ਜੀ ਦੇ ਜੀਵਨ ਤੇ ਪ੍ਰਾਪਤੀਆਂ ਸਬੰਧੀ ਖੋਜ ਭਰਪੂਰ ਪੁਸਤਕਾਂ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਇਸ ਸਮੇਂ ਪ੍ਰਿੰਸੀਪਲ ਮਨਪ੍ਰੀਤ ਕੌਰ, ਰਜਵੰਤ ਕੌਰ, ਨਵਜੀਤ ਕੌਰ, ਪਲਵਿੰਦਰ ਕੌਰ। ਖੁਸ਼ਹਾਲਜੀਤ ਕੌਰ ਤੇ ਅਮਨਪ੍ਰੀਤ ਕੌਰ ਵੀ ਹਾਜ਼ਰ ਸਨ।

# ਰਾਸ਼ਨ ਵੰਡ ਨੇ ਮਨੁੱਖਤਾ ਦੀ ਸੇਵਾ ਦਾ ਦਿੱਤਾ ਸੰਦੇਸ਼ : ਨੈਬਸਨ



ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਰਾਸ਼ਨ ਵੰਡ ਸਮਾਰੋਹ ਸੰਸਥਾ ਦੇ ਮੁੱਖ ਸਲਾਹਕਾਰ ਅਤੇ ਕੌਂਸਲਰ ਸੋਹਣ ਸਿੰਘ ਗੋਗਾ ਦੀ ਅਗਵਾਈ ਵਿਚ ਗੁਰਦੁਆਰਾ ਅਕਾਲ ਸਾਹਿਬ, ਪ੍ਰਤਾਪ ਨਗਰ ਵਿਖੇ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ ਗਿਆ। ਰਾਸ਼ਨ ਵੰਡਣ ਉਪਰੰਤ ਵਿਸ਼ੇਸ਼ ਤੌਰ 'ਤੇ ਪੁੱਜੇ ਸੁਰਜੀਤ ਸਿੰਘ ਨੈਬਸਨ ਨੇ ਕਿਹਾ ਕਿ ਸਮਾਜ ਸੇਵਾ ਸਭ ਤੋਂ ਵੱਡੀ ਸੇਵਾ ਹੈ ਅਤੇ ਲੋੜਵੰਦਾਂ ਦੀ ਮੱਦਦ ਕਰਨਾ ਹਰ ਇਨਸਾਨ ਦਾ ਫਰਜ਼ ਬਣਦਾ ਹੈ। ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰੂਪ ਸਿੰਘ ਮਠਾੜੂ ਨੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਦੇ ਹਨ। 'ਆਪ' ਦੇ ਸੀਨੀਅਰ ਆਗੂ ਮਨਜੀਤ ਸਿੰਘ ਹਰਮਨ ਨੇ ਕਿਹਾ ਕਿ ਸੰਸਥਾ ਵੱਲੋਂ ਨਿਰੰਤਰ ਕੀਤੀ ਜਾ ਰਹੀ ਸੇਵਾ ਕਾਬਿਲ-ਏ-ਤਾਰੀਫ਼ ਹੈ। ਇਸ ਮੌਕੇ ਸੰਸਥਾ ਦੇ ਮੁੱਖ ਸਲਾਹਕਾਰ ਅਤੇ ਕੌਂਸਲਰ ਸੋਹਣ ਸਿੰਘ ਗੋਗਾ, ਚੇਅਰਪਰਸਨ ਕੁਲਵਿੰਦਰ ਕੌਰ ਗੋਗਾ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਹਮੇਸ਼ਾਂ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਵਚਨਬੱਧ ਰਹੇਗੀ ਅਤੇ ਅੱਗੇ ਵੀ ਇਸ ਤਰ੍ਹਾਂ ਦੇ ਸਮਾਜ ਭਲਾਈ ਕਾਰਜ ਜਾਰੀ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜੀ ਕੌਰ, ਇਕਬਾਲ ਕੌਰ, ਬਲਜੀਤ ਕੌਰ, ਜਨਕ ਮਹਾਜਨ, ਬਲਵਿੰਦਰ ਕੌਰ, ਸਰਿਤਾ ਠਾਕੁਰ, ਮਨਪ੍ਰੀਤ ਕੌਰ ਗਿੱਲ, ਪ੍ਰੀਤੀ, ਪ੍ਰੇਮ ਸਿੰਘ, ਸਰੂਪ ਸਿੰਘ ਮਠਾੜੂ, ਰਣਜੀਤ ਸਿੰਘ, ਕੁੰਦਨ ਸਿੰਘ ਨਾਗੀ, ਸੁਖਵਿੰਦਰ ਸਿੰਘ ਦਹੇਲਾ, ਕਸ਼ਮੀਰ ਸਿੰਘ ਸਰਾਭਾ, ਆਕਾਸ਼ ਵਰਮਾ, ਕਮਲਜੀਤ ਸਿੰਘ, ਮਹਿੰਦਰ ਸਿੰਘ, ਜੱਗਾ ਸਿੰਘ, ਬਲਵਿੰਦਰ ਸਿੰਘ, ਗੁਰਜੀਤ ਸਿੰਘ, ਚਰਨਦੀਪ ਸਿੰਘ, ਦਵਿੰਦਰ ਸ਼ਰਮਾ, ਹਰਦੀਪ ਸਿੰਘ, ਸੁਰਜੀਤ ਸਿੰਘ, ਗੁਰਦੀਪ ਸਿੰਘ ਮਲਕਪੁਰ ਵੀ ਹਾਜ਼ਰ ਸਨ।

# ਅਕਾਲੀ ਦਲ ਕੋਲ ਕੋਈ ਹੋਰ ਮੁੱਦਾ ਨਾ ਹੋਣ ਕਰਕੇ ਬਿਜਲੀ ਕੱਟਾਂ ਦੀ ਆੜ ਵਿੱਚ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹੈ : ਬਿੱਟਾ ਪਨੇਸਰ

ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਬਾਬਾ ਵਿਸ਼ਵਕਰਮਾ ਕਿਰਤੀ ਸਮਾਜ ਸਭਾ ਦੇ ਚੇਅਰਮੈਨ ਕੁਲਦੀਪ ਸਿੰਘ ਪਨੇਸਰ (ਬਿੱਟਾ) ਨੇ ਆਖਿਆ ਹੈ ਕਿ ਅਕਾਲੀ ਦਲ ਕੋਲ ਕੋਈ ਮੁੱਦਾ ਨਹੀਂ ਹੈ, ਜਿਸ ਦੇ ਆਧਾਰ 'ਤੇ ਉਹ ਲੋਕਾਂ ਵਿੱਚ ਜਾ ਸਕੇ। ਕਿਉਂਕਿ ਜਦੋਂ ਵੀ ਪੰਜਾਬ ਵਿੱਚ ਅਕਾਲੀ ਦਲ ਦਾ ਰਾਜ ਆਇਆ ਹੈ ਪੰਜਾਬੀਆਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਹੈ। ਬੇਸ਼ੱਕ ਅਕਾਲੀ ਦਲ ਨੇ ਆਪਣੇ ਵੱਲੋਂ ਪੰਥਕ ਪਾਰਟੀ ਹੋਣ ਦਾ ਢੌਂਗ ਰਚਿਆ ਹੋਇਆ ਹੈ। ਪ੍ਰੰਤੂ ਪੰਜਾਬ ਦੇ ਲੋਕ ਜਾਣਦੇ ਹਨ ਕਿ ਪੰਥ ਦਾ ਜਿੰਨਾ ਨੁਕਸਾਨ ਅਕਾਲੀ ਦਲ ਨੇ ਕੀਤਾ ਹੈ ਉਤਨਾ ਕਿਸੇ ਹੋਰ ਨੇ ਨਹੀਂ ਕੀਤਾ। ਬਿੱਟਾ ਪਨੇਸਰ ਨੇ ਆਖਿਆ ਕਿ ਹੁਣ ਅਕਾਲੀ ਦਲ ਪੰਜਾਬ ਵਿੱਚ ਬਿਜਲੀ ਕੱਟਾਂ ਦਾ ਬੇਵਜ੍ਹਾ ਢੰਡੋਰਾ ਪਿੱਟ ਕੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਣ ਦੀ ਕੋਸ਼ਿਸ਼ ਕਰ ਰਿਹਾ ਹੈ, ਜਿਸ ਵਿੱਚ ਕਿ ਉਹ ਬੁਰੀ ਤਰ੍ਹਾਂ ਅਸਫਲ ਹੋਵੇਗਾ। ਕਿਉਂਕਿ ਪੰਜਾਬ ਦੇ ਲੋਕ ਜਾਣਦੇ ਹਨ ਕਿ ਵਿਧਾਨ ਸਭਾ ਚੋਣਾਂ ਨੇੜੇ ਹੋਣ ਕਰਕੇ ਅਕਾਲੀ ਦਲ ਆਪਣੀ ਖੋ ਚੁੱਕੀ ਸਿਆਸੀ ਜ਼ਮੀਨ ਲੱਭਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਹਨਾਂ ਆਖਿਆ ਕਿ ਅਕਾਲੀ ਦਲ ਵੱਲੋਂ ਬਿਜਲੀ ਦਫਤਰਾਂ ਅੱਗੇ ਲਗਾਏ ਜਾ ਰਹੇ ਧਰਨੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਇੱਕ ਚਾਲ ਹੈ ਜਿਸ ਵਿੱਚ ਕਿ ਪੰਜਾਬੀ ਹਰਗਿਜ਼ ਨਹੀਂ ਫਸਣਗੇ। ਉਹਨਾਂ ਆਖਿਆ ਕਿ ਅਕਾਲੀ ਦਲ ਦੇ ਇੱਕ ਧੜੇ ਵੱਲੋਂ ਹੁਣ ਅਗਲੇ ਹਫਤੇ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਖੂਬ ਪ੍ਰਚਾਰ ਕੀਤਾ ਜਾ ਰਿਹਾ ਹੈ। ਜਦੋਂ ਕਿ ਪਿਛਲੇ ਚਾਰ ਪੰਜ ਸਾਲਾਂ ਵਿੱਚ ਅਕਾਲੀ ਦਲ ਨੂੰ ਜੱਸਾ ਸਿੰਘ ਰਾਮਗੜ੍ਹੀਆ ਦੀ ਰੱਤੀ ਭਰ ਵੀ ਯਾਦ ਨਹੀਂ ਆਈ। ਉਹਨਾਂ ਕਿਹਾ ਕਿ ਅਕਾਲੀ ਦਲ ਜਿੰਨਾ ਮਰਜ਼ੀ ਜ਼ੋਰ ਲਾ ਲਵੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਸਦਾ ਹਾਲ ਪਿਛਲੀਆਂ ਚੋਣਾਂ ਵਰਗਾ ਹੀ ਹੋਵੇਗਾ।


[ਦੇਖੋ ਨਿਯਮਾਂਵਲੀ-33 (2)]

**ਵਸੂਲੀ ਅਧਿਕਾਰੀ ਦਾ ਦਫਤਰ-1/2**
**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)**
ਦੂਜੀ ਮੰਜ਼ਿਲ ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਆਮਦਨ ਟੈਕਸ ਐਕਟ, 1961 ਦੇ ਦੂਜੇ ਸ਼ਡਿਊਲ ਦੇ ਨਿਯਮ 53 ਦੇ ਤਹਿਤ ਵਿਕਰੀ ਐਲਾਨ ਦਾ ਨਿਪਟਾਰਾ ਕਰਨ ਲਈ ਨੋਟਿਸ, ਜੋ ਕਿ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਨ ਐਕਟ, 1993 ਦੇ ਨਾਲ ਪੜ੍ਹਿਆ ਜਾਂਦਾ ਹੈ।
ਕੋਟਕ ਮਹਿੰਦਰਾ ਬੈਂਕ ਲਿਮਟਿਡ
ਬਨਾਮ
ਜਤਿੰਦਰ ਸਿੰਘ

ਈਐਕਸਐਚ . ਨੰਬਰ: 1475 29-04-2026 **RC**/1754/2019

(ਸੀਡੀ 1) ਜਤਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪਿੰਡ ਅਤੇ ਡਾਕਖਾਨਾ ਮਹਿਰਾਮਪੁਰ, ਤਹਿਸੀਲ ਅਤੇ ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ।
(ਸੀਡੀ 2) ਗੁਰਦੀਪ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਮਹਿਰਮਪੁਰ, ਤਹਿਸੀਲ ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ।
(ਸੀਡੀ 3) ਮਨਜਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਮਹਿਰਮਪੁਰ, ਤਹਿਸੀਲ ਅਤੇ ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ।
(ਸੀਡੀ 4) ਹਰਜਿੰਦਰ ਸਿੰਘ ਪੁੱਤਰ ਮਹਾਂ ਸਿੰਘ, ਵਾਸੀ ਪਿੰਡ ਬਜੀਦਪੁਰ, ਤਹਿਸੀਲ ਅਤੇ ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ।

ਜਦੋਂ ਕਿ ਤੁਹਾਨੂੰ ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (DRT 3) ਦੇ ਪ੍ਰੀਜ਼ਾਈਡਿੰਗ ਅਫ਼ਸਰ ਦੁਆਰਾ OA/1763/2018 ਵਿੱਚ 19/12/2019 ਨੂੰ ਰਿਕਵਰੀ ਸਰਟੀਫਿਕੇਟ ਜਾਰੀ ਕਰਨ ਦਾ ਆਦੇਸ਼ ਦਿੱਤਾ ਗਿਆ ਸੀ। ਬਿਨੈਕਾਰ ਦਾ ਨਾਮ, 1,15,98,305.00 **ਰੁਪਏ (ਇੱਕ ਕਰੋੜ ਪੰਦਰਾਂ ਲੱਖ ਅਠਾਨਵੇਂ ਹਜ਼ਾਰ ਤਿੰਨ ਸੌ ਪੰਜ ਰੁਪਏ)** ਦੇ ਨਾਲ ਅਦਾ ਕਰਨ ਦਾ ਆਦੇਸ਼ ਦਿੱਤਾ ਗਿਆ ਸੀ, ਅਤੇ ਜਦੋਂ ਕਿ ਉਕਤ ਰਕਮ ਦਾ ਭੁਗਤਾਨ ਨਹੀਂ ਕੀਤਾ ਗਿਆ ਹੈ, ਤਾਂ ਹੇਠਾਂ ਹਸਤਾਖਰ ਕਰਨ ਵਾਲੇ ਨੇ ਹੇਠਾਂ ਦੱਸੀ ਗਈ ਚੱਲ / ਅਚੱਲ ਜਾਇਦਾਦ ਦੀ ਵਿਕਰੀ ਦਾ ਆਦੇਸ਼ ਦਿੱਤਾ ਹੈ।
2. ਤੁਹਾਨੂੰ ਸੂਚਿਤ ਕੀਤਾ ਜਾਂਦਾ ਹੈ ਕਿ **01/06/2026 ਨੂੰ ਸਵੇਰੇ 10.30 ਵਜੇ** ਵਿਕਰੀ ਦੀ ਘੋਸ਼ਣਾ ਤਿਆਰ ਕਰਨ ਅਤੇ ਇਸ ਦੀਆਂ ਸ਼ਰਤਾਂ ਦਾ ਨਿਪਟਾਰਾ ਕਰਨ ਲਈ ਨਿਰਧਾਰਤ ਕੀਤਾ ਗਿਆ ਹੈ। ਤੁਹਾਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਜਾਇਦਾਦਾਂ ਜਾਂ ਇਸਦੇ ਕਿਸੇ ਵੀ ਹਿੱਸੇ ਨਾਲ ਜੁੜੇ ਕਿਸੇ ਵੀ ਬੋਝ, ਖਰਚੇ, ਦਾਅਵਿਆਂ ਜਾਂ ਦੇਣਦਾਰੀਆਂ ਨੂੰ ਹੇਠ ਹਸਤਾਖਰ ਕਰਨ ਵਾਲੇ ਦੇ ਧਿਆਨ ਵਿੱਚ ਲਿਆਓ।

ਜਾਇਦਾਦ ਦਾ ਵੇਰਵਾ
ਖੇਤੀਬਾੜੀ, ਜ਼ਮੀਨ 12 ਏਕੜ, ਖਾਤਾ/ਖਸਰਾ ਨੰਬਰ 130, 182, 183, 69/96, 181, 254, 130, 182, 183, 68/95, 69, 96, 181/254। 130, 182, 183, 68/95, 69/96, 181/254, ਪਿੰਡ ਕਮਾਮ, ਗੁਰਦੁਆਰਾ ਸਾਹਿਬ ਤਹਿ ਅਤੇ ਜ਼ਿਲ੍ਹਾ ਨਵਾਂਸ਼ਹਿਰ ਦੇ ਨੇੜੇ, ਪੰਜਾਬ।
ਮੇਰੇ ਦਸਤਖ਼ਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ, ਇਸ ਮਿਤੀ: 29/04/2026 ਨੂੰ ਦਿੱਤਾ ਗਿਆ।

**ਵਸੂਲੀ ਅਫ਼ਸਰ**
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)**



SHRIRAM Finance

**ਸ਼੍ਰੀਰਾਮ ਫਾਈਨੈਂਸ ਲਿਮਟਿਡ**
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਐਸਸੀਓ 109, ਪਹਿਲੀ ਮੰਜ਼ਿਲ, ਉਪਰ ਮਾਹੌਲ ਰੈਸਟੋਰੈਂਟ ਸਾਹਮਣੇ ਐਸਡੀਐਮ ਕੋਰਟ ਸਰਹਾਲੀ ਰੋਡ, ਤਰਨ ਤਾਰਨ 143401 ਪੰਜਾਬ

**ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8(1)) (ਅਚੱਲ ਸੰਪੱਤੀ ਲਈ)**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **24 ਅਪ੍ਰੈਲ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਮੈਸਰਜ਼ ਪੱਟੂ ਖੇਤ ਸਟੋਰ ਇਸ ਦੇ ਪ੍ਰੋਪਰ ਦੁਆਰਾ ਗੁਰਭੇਜ ਸਿੰਘ ਪੁੱਤਰ ਬੋਹੜ ਸਿੰਘ ਵਪਾਰਕ ਪਤਾ ਕਸੂਰ ਰੋਡ ਖੇਮਕਰਨ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ-143419। ਇਸ ਤੋਂ ਇਲਾਵਾ ਸ੍ਰੀ ਗੁਰਭੇਜ ਸਿੰਘ ਪੁੱਤਰ ਬੋਹੜ ਸਿੰਘ ਵਾਸੀ ਪਿੰਡ ਮੀਆਂਵਾਲਾ ਹਠਾੜ, ਮੀਆਂਵਾਲਾ, ਜ਼ਿਲ੍ਹਾ ਤਰਨਤਾਰਨ-1434192) ਸ੍ਰੀ ਬੋਹੜ ਸਿੰਘ ਪੁੱਤਰ ਸ੍ਰੀ ਜੋਗਿੰਦਰ। ਸਿੰਘ, ਵਾਸੀ ਪਿੰਡ ਮੀਆਂਵਾਲਾ ਹਠਾੜ, ਮੀਆਂਵਾਲਾ, ਜ਼ਿਲ੍ਹਾ ਤਰਨਤਾਰਨ-143419 | ਮਕਾਨ ਨੰਬਰ ਨੀਲ ਜਿਸਦੀ ਮਾਪ 1 ਕਨਾਲ 10 ਮਰਲੇ ਹੈ, ਖਸਰਾ ਨੰਬਰ 37//12/2, 19, 20/2, 21, 22, 38//16/3, 4/2, 25 ਖੱਟਾ ਖਤੌਣੀ ਨੰਬਰ 194/539 ਕੁੱਲ 41 ਕਨਾਲ 8 ਮਰਲੇ ਹਿੱਸਾ 30/828 ਕਿੱਟ 8 ਦੀ ਹੱਦ ਤੱਕ ਭਾਵ ਸਾਲ 2015-16 ਲਈ ਜਮ੍ਹਾਂਬੰਦੀ ਅਨੁਸਾਰ 1, ਕਨਾਲ 10 ਮਰਲੇ ਦੀ ਜ਼ਮੀਨ ਪਿੰਡ ਮੀਆਂਵਾਲਾ ਉਪ ਤਹਿਸੀਲ, ਖੇਮਕਰਨ ਅਤੇ ਜ਼ਿਲ੍ਹਾ ਤਰਨਤਾਰਨ ਦੇ ਖੇਤਰ ਵਿੱਚ ਸਥਿਤ ਹੈ। ਪੂਰਬ ਵੱਲ: ਸੜਕ, ਪੱਛਮ ਵੱਲ: ਕਾਬਲ ਸਿੰਘ ਸਰਪੰਚ ਦੀ ਜਾਇਦਾਦ, ਉੱਤਰ ਵੱਲ: ਗੁਰਮੇਲ ਸਿੰਘ ਦੀ ਜਾਇਦਾਦ, ਦੱਖਣ ਵੱਲ ਅਮਰਜੀਤ ਸਿੰਘ ਦੀ ਜਾਇਦਾਦ। | 5659884/- (ਰੁਪਏ ਛਪੰਜਾ ਲੱਖ ਉਨਾਹਠ ਹਜ਼ਾਰ ਅੱਠ ਸੌ ਚੁਰਾਸੀ ਰੁਪਏ ਸਿਰਫ਼) ਖਾਤਾ ਨੰਬਰ: **TARAMT** 1808290024, ਮੰਗ ਨੋਟਿਸ ਮਿਤੀ 05.02.2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 24.04.2026 ਸਥਾਨ : ਤਰਨ ਤਾਰਨ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



SHRIRAM Finance

**ਸ਼੍ਰੀਰਾਮ ਫਾਈਨੈਂਸ ਲਿਮਟਿਡ**
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਦੁਕਾਨ ਨੰ. ਈਐਸ-30/33, ਪਹਿਲੀ ਮੰਜ਼ਿਲ ਸਾਹਮਣੇ ਟਾਊਨ ਹਾਲ ਵਿਜੇਯਾ ਬੈਂਕ, ਮਾਲ ਰੋਡ ਫਿਰੋਜ਼ਪੁਰ-152001 ਪੰਜਾਬ

**ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8(1)) (ਅਚੱਲ ਸੰਪੱਤੀ ਲਈ)**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **27 ਅਪ੍ਰੈਲ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਸ਼੍ਰੀ ਸਰਬਜੀਤ ਸਿੰਘ ਸਪੁੱਤਰ ਸ਼੍ਰੀ ਮੋਹਨ ਸਿੰਘ ਪ੍ਰਤੀਨਿਧੀ ਇਸ ਦੇ ਪ੍ਰੋਪ ਗੁਰੂ ਕ੍ਰਿਪਾ ਟਰੇਡਿੰਗ ਕੰਪਨੀ, ਪਿੰਡ ਸੋਢੇਵਾਲਾ ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ-152002 ਇਸ ਤੋਂ ਇਲਾਵਾ ਸ਼੍ਰੀ ਸਰਬਜੀਤ ਸਿੰਘ ਪੁੱਤਰ ਸ਼੍ਰੀ ਮੋਹਨ ਸਿੰਘ, ਥਾਣਾ ਨੰਬਰ-86 ਪਿੰਡ ਸੋਢੇਵਾਲਾ ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ-152002 2) ਸ਼੍ਰੀਮਤੀ ਬਲਜਿੰਦਰ ਕੌਰ ਨਾਲ ਸ਼੍ਰੀ ਸਰਬਜੀਤ ਸਿੰਘ ਵਾਸੀ ਪਿੰਡ ਸੋਢੇਵਾਲਾ ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ-152002 | ਉਸ ਫੈਕਟਰੀ ਦੀ ਇਮਾਰਤ ਦੀ ਉਸਾਰੀ 11 ਮਰਲੇ ਦੀ ਹੈ ਜੋ ਕੁੱਲ ਜਾਇਦਾਦ ਵਿੱਚੋਂ 11 ਮਰਲੇ ਹੈ, ਜੋ ਕਿ 3k-8m ਦੇ ਖੇਤਰਫਲ ਵਿੱਚ ਹੈ। ਇਹ ਸਾਲ 2012-13 ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 16//10/1, ਖਾਤਾ ਨੰਬਰ 11/11 ਵਿੱਚ ਸ਼ਾਮਲ ਹੈ, ਪਿੰਡ ਸੋਢੇਵਾਲਾ ਐਚਬੀ ਨੰਬਰ 50, ਮੱਲਾਂਵਾਲਾ ਰੋਡ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਹੈ। ਵਿਕਰੀ ਡੀਡ ਬੇਅਰਿੰਗ ਵਾਸਿਕਾ ਨੰਬਰ 1306 ਮਿਤੀ 21-05-2010 ਵੇਖੋ ਅਤੇ ਹੇਠਾਂ ਦਿੱਤੀ ਗਈ ਹੈ। ਪੂਰਬ ਵੱਲ: ਪੱਛਮ ਵੱਲ 15 ਫੁੱਟ ਚੌੜੀ ਗਲੀ: ਉੱਤਰ ਵੱਲ ਗੁਰਬਖਸ਼ ਸਿੰਘ ਦੀ ਖੇਤੀਬਾੜੀ ਜ਼ਮੀਨ: ਦੱਖਣ ਵੱਲ: ਵਿਕਰਮਜੀਤ ਸਿੰਘ ਦੀ ਖੇਤੀਬਾੜੀ ਜ਼ਮੀਨ: ਵਿਕਰਮਜੀਤ ਸਿੰਘ ਦਾ ਮਕਾਨ। | 4969184/- (ਰੁਪਏ ਉਨੰਜਾ ਲੱਖ ਉਨੱਤਰ ਹਜ਼ਾਰ ਇਕ ਸੌ ਚੁਰਾਸੀ ਸਿਰਫ਼) ਖਾਤਾ ਨੰਬਰ: **CDFERTF**1502240001 - ਮੰਗ ਨੋਟਿਸ ਮਿਤੀ 15.01.2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 27.04.2026 ਸਥਾਨ : ਫਿਰੋਜ਼ਪੁਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



pnb **ਪੰਜਾਬ ਨੈਸ਼ਨਲ ਬੈਂਕ** ....ਬਿਹਤਰੀ ਲਈ ਸਾਂਝ
ਅਸੈਟ ਰਿਕਵਰੀ ਮੈਨੇਜਮੈਂਟ ਸ਼ਾਖਾ, ਸਿਵਲ ਲਾਈਨ, ਜਲੰਧਰ (ਪੰਜਾਬ) 144001,

**[ਨਿਯਮ 8 (1)] ਕਬਜ਼ਾ ਸੂਚਨਾ (ਚੱਲ/ਅਚੱਲ ਸੰਪੱਤੀ (ਆਂ) ਦੇ ਲਈ)**

ਜਦੋਂ ਕਿ ਪੰਜਾਬ ਨੈਸ਼ਨਲ ਬੈਂਕ, ਸੰਪਤੀ ਰਿਕਵਰੀ ਪ੍ਰਬੰਧਨ ਸ਼ਾਖਾ, ਸਿਵਲ ਲਾਈਨਜ਼, ਜਲੰਧਰ (ਪੰਜਾਬ) 144001 ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਸਰਫਾਇਸੀ ਐਕਟ 2002 ਦੀ ਧਾਰਾ 13(2) ਦੇ ਤਹਿਤ ਇੱਕ ਮੰਗ ਨੋਟਿਸ ਜਾਰੀ ਕੀਤਾ ਹੈ ਜਿਸ ਵਿੱਚ ਹੇਠ ਲਿਖੇ ਕਰਜ਼ਦਾਰ (ਕਰਦਾਰਾਂ)/ਗਾਰੰਟਰਾਂ ਨੂੰ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਕਿਹਾ ਗਿਆ ਹੈ।
ਕਰਜ਼ਦਾਰ/ਗਾਰੰਟਰ, ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ/ਜ਼ਾਮਨ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਸੁਰੱਖਿਆ ਹਿੱਤ ਲਾਗੂ ਕਰਨ ਦੇ ਨਿਯਮ, 2002 ਦੇ ਨਿਯਮ 8 ਅਤੇ 9 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ ਦਿੱਤੀ ਗਈ ਸ਼ਕਤੀ ਦੀ ਵਰਤੋਂ ਵਿੱਚ ਹੇਠਾਂ ਦੱਸੀ ਗਈ ਜਾਇਦਾਦ ਦਾ ਪ੍ਰਤੀਕਾਤਮਕ ਕਬਜ਼ਾ ਲੈ ਲਿਆ ਹੈ।
ਖਾਸ ਕਰਕੇ ਕਰਜ਼ਦਾਰ/ਜ਼ਾਮਨ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਉਕਤ ਜਾਇਦਾਦ ਨਾਲ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਨਾਲ ਨਜਿੱਠਣਾ ਪੰਜਾਬ ਨੈਸ਼ਨਲ ਬੈਂਕ ਦੇ ਚਾਰਜ ਦੇ ਅਧੀਨ ਹੋਵੇਗਾ, ਹੇਠਾਂ ਦੱਸੇ ਗਏ ਰਕਮ ਦੇ ਵੇਰਵਿਆਂ ਲਈ।
**ਕਰਜ਼ਦਾਰ/ਜ਼ਾਮਨ, ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਧਿਆਨ ਖਿੱਚਦੇ ਹਨ, ਸੁਰੱਖਿਅਤ ਸੰਪਤੀ (ਸੰਪਤੀਆਂ) ਨੂੰ ਛੁਡਾਉਣ ਲਈ ਉਪਲਬਧ ਸਮੇਂ ਦੇ ਸੰਬੰਧ ਵਿੱਚ।**

| ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਦਾ ਨਾਮ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|
| ਕਰਜ਼ਦਾਰ: 1. ਮੈਸਰਜ਼ ਨਾਰੰਗ ਕੋਲਡ ਸਟੋਰੇਜ, ਪਤਾ: ਜੀ.ਟੀ. ਰੋਡ, ਪਰਾਗਪੁਰ, ਜਲੰਧਰ-144001 ਆਪਣੇ ਭਾਈਵਾਲਾਂ/ਜ਼ਾਮਨਾਂ ਰਾਹੀਂ 2. ਸ਼੍ਰੀ ਹੇਮੰਤ ਨਾਰੰਗ ਪੁੱਤਰ ਸ਼੍ਰੀ ਰਾਜਿੰਦਰ ਕੁਮਾਰ 3. ਸ਼੍ਰੀਮਤੀ ਸਿਮਰਨ ਨਾਰੰਗ ਪਤਨੀ ਸ਼੍ਰੀ ਹੇਮੰਤ ਨਾਰੰਗ, ਦੋਵੇਂ ਵਾਸੀ ਮਕਾਨ ਨੰਬਰ 47, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 4. ਸ਼੍ਰੀ ਪਾਰਸ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ। 5. ਸ਼੍ਰੀਮਤੀ ਸ਼ੀਲਜ਼ਾ ਨਾਰੰਗ ਪਤਨੀ ਸ਼੍ਰੀ ਪਾਰਸ ਨਾਰੰਗ। ਜ਼ਾਮਨਾਂ 6. ਸੁਧਾ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ, ਸਾਰੇ ਵਾਸੀ ਮਕਾਨ ਨੰਬਰ 48, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 | 23.02.2026 | 30.04.2026 | Rs. 5,65,20,513.03 (ਪੰਜ ਕਰੋੜ ਪੈਂਹਠ ਲੱਖ ਵੀਹ ਹਜ਼ਾਰ ਪੰਜ ਸੌ ਤੇਰਾਂ ਪੈਸੇ ਅਤੇ ਸਿਰਫ਼ ਤਿੰਨ ਪੈਸੇ) 31.01.2026 ਨੂੰ, ਭਵਿੱਖੀ ਵਿਆਜ ਅਤੇ ਉਸ 'ਤੇ ਹੋਣ ਵਾਲੇ ਖਰਚੇ ਸਮੇਤ, ਜੇਕਰ ਕੋਈ ਹੋਵੇ ਤਾਂ ਘੱਟ ਰਿਕਵਰੀ। |
| ਕਰਜ਼ਦਾਰ: 1. ਮੈਸਰਜ਼ ਨੀਲਕੰਠ ਮਾਰਕੀਟਿੰਗ, ਪਤਾ: ਐਸ.ਸੀ.ਐਫ 17, ਨਵੀਂ ਸਬਜ਼ੀ ਮੰਡੀ, ਜਲੰਧਰ-144001 ਆਪਣੇ ਭਾਈਵਾਲਾਂ/ਜ਼ਾਮਨਾਂ ਰਾਹੀਂ 2. ਸ਼੍ਰੀ ਹੇਮੰਤ ਨਾਰੰਗ ਪੁੱਤਰ ਸ਼੍ਰੀ ਰਾਜਿੰਦਰ ਕੁਮਾਰ। 3. ਸ਼੍ਰੀਮਤੀ ਸਿਮਰਨ ਨਾਰੰਗ ਪਤਨੀ ਸ਼੍ਰੀ ਹੇਮੰਤ ਨਾਰੰਗ, ਦੋਵੇਂ ਵਾਸੀ ਮਕਾਨ ਨੰਬਰ 47, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 4. ਸ਼੍ਰੀ ਪਾਰਸ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ। 5. ਸ਼੍ਰੀਮਤੀ ਸ਼ੀਲਜ਼ਾ ਨਾਰੰਗ ਪਤਨੀ ਸ਼੍ਰੀ ਪਾਰਸ ਨਾਰੰਗ ਅਤੇ ਜ਼ਾਮਨ 6. ਸੁਧਾ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ, ਸਾਰੇ ਵਾਸੀ ਮਕਾਨ ਨੰਬਰ 48, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 | 23.02.2026 | 30.04.2026 | Rs. 5,08,89,987.33 (ਪੰਜ ਕਰੋੜ ਅੱਠ ਲੱਖ ਉਣਾਸੀ ਹਜ਼ਾਰ ਨੌਂ ਸੌ ਸਤਾਸੀ ਅਤੇ ਤੇਤੀ ਪੈਸੇ ਕੇਵਲ) 31.01.2026 ਨੂੰ, ਭਵਿੱਖੀ ਵਿਆਜ ਅਤੇ ਉਸ 'ਤੇ ਹੋਣ ਵਾਲੇ ਖਰਚੇ ਸਮੇਤ, ਜੇਕਰ ਕੋਈ ਹੋਵੇ ਤਾਂ ਘੱਟ ਰਿਕਵਰੀ। |
| ਕਰਜ਼ਦਾਰ: 1. ਮੈਸਰਜ਼ ਨਾਰੰਗ ਸੰਨਜ਼, ਪਤਾ: ਐਸ.ਸੀ.ਐਫ 17, ਨਵੀਂ ਸਬਜ਼ੀ ਮੰਡੀ, ਜਲੰਧਰ-144001 ਆਪਣੇ ਭਾਈਵਾਲਾਂ/ਜ਼ਾਮਨਾਂ ਰਾਹੀਂ 2. ਸ਼੍ਰੀ ਹੇਮੰਤ ਨਾਰੰਗ ਪੁੱਤਰ ਸ਼੍ਰੀ ਰਾਜਿੰਦਰ ਕੁਮਾਰ। 3. ਸ਼੍ਰੀਮਤੀ ਸਿਮਰਨ ਨਾਰੰਗ ਪਤਨੀ ਸ਼੍ਰੀ ਹੇਮੰਤ ਨਾਰੰਗ, ਦੋਵੇਂ ਵਾਸੀ ਮਕਾਨ ਨੰਬਰ 47, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 4. ਸ਼੍ਰੀ ਪਾਰਸ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ। 5. ਸ਼੍ਰੀਮਤੀ ਸ਼ੀਲਜ਼ਾ ਨਾਰੰਗ ਪਤਨੀ ਸ਼੍ਰੀ ਪਾਰਸ ਨਾਰੰਗ। 6. ਸੁਧਾ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ, ਸਾਰੇ ਵਾਸੀ ਮਕਾਨ ਨੰਬਰ 48, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲਵ, ਫੇਜ਼-2, ਜਲੰਧਰ-1, ਜਲੰਧਰ-144003 | 23.02.2026 | 30.04.2026 | Rs. 11,14,44,362.26 (ਗਿਆਰਾਂ ਕਰੋੜ ਚੌਦਾਂ ਲੱਖ ਚੌਤਾਲੀ ਹਜ਼ਾਰ ਤਿੰਨ ਸੌ ਬਾਹਠ ਅਤੇ ਸਿਰਫ਼ ਛੱਬੀ ਪੈਸੇ) 31.01.2026 ਨੂੰ ਭਵਿੱਖੀ ਵਿਆਜ ਅਤੇ ਉਸ 'ਤੇ ਹੋਣ ਵਾਲੇ ਖਰਚੇ ਸਮੇਤ, ਜੇਕਰ ਕੋਈ ਹੋਵੇ ਤਾਂ ਰਿਕਵਰੀ ਘਟਾਓ। |
| ਕਰਜ਼ਦਾਰ: 1. ਮੈਸਰਜ਼ ਆਰ ਐਸ ਟ੍ਰੇਡਰ, ਐਸ.ਸੀ.ਐਫ 17, ਨਵੀਂ ਸਬਜ਼ੀ ਮੰਡੀ, ਜਲੰਧਰ-144001 ਦੂਜਾ ਪਤਾ: 42, ਪਹਿਲੀ ਮੰਜ਼ਿਲ, ਨਵੀਂ ਅਨਾਜ ਮੰਡੀ, ਜਲੰਧਰ-144008 ਰਾਹੀਂ ਇਸਦੇ ਮਾਲਕ 2. ਸ਼੍ਰੀ ਪਾਰਸ ਨਾਰੰਗ ਪੁੱਤਰੀ ਸ਼੍ਰੀ ਰਾਜਿੰਦਰ ਕੁਮਾਰ। ਜ਼ਾਮਨਾਂ: 3. ਸ਼੍ਰੀਮਤੀ ਸ਼ੀਲਜ਼ਾ ਨਾਰੰਗ ਪਤਨੀ ਸ਼੍ਰੀ ਪਾਰਸ ਨਾਰੰਗ। 4. ਸੁਧਾ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ, ਸਾਰੇ ਵਾਸੀ ਮਕਾਨ ਨੰਬਰ 48, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 5. ਸ਼੍ਰੀਮਤੀ ਸਿਮਰਨ ਨਾਰੰਗ ਪਤਨੀ ਸ਼੍ਰੀ ਹੇਮੰਤ ਨਾਰੰਗ। 6. ਸ਼੍ਰੀ ਹੇਮੰਤ ਨਾਰੰਗ ਪੁੱਤਰੀ ਸ਼੍ਰੀ ਰਜਿੰਦਰ ਕੁਮਾਰ (ਗਿਰਵੀਕਾਰ/ਜ਼ਾਮਨ) ਦੋਵੇਂ ਵਾਸੀ ਮਕਾਨ ਨੰ. 47, ਲੇਨ ਨੰ. 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ 1-144003 | 23.02.2026 | 30.04.2026 | Rs. 7,69,56,481.27 (ਸੱਤ ਕਰੋੜ ਉਨਾਹਠ ਲੱਖ ਛਪੰਜਾਹ ਹਜ਼ਾਰ ਚਾਰ ਸੌ ਇਕਾਸੀ ਅਤੇ ਸਤਾਈ ਪੈਸੇ ਸਿਰਫ਼) 31.01.2026 ਨੂੰ, ਭਵਿੱਖੀ ਵਿਆਜ ਅਤੇ ਉਸ 'ਤੇ ਹੋਣ ਵਾਲੇ ਖਰਚੇ ਸਮੇਤ, ਜੇਕਰ ਕੋਈ ਹੋਵੇ ਤਾਂ ਘੱਟ ਰਿਕਵਰੀ। |
| ਕਰਜ਼ਦਾਰ: 1. ਮੈਸਰਜ਼ ਐਮਐਚ ਟਰੇਡਰਜ਼, ਐਸਸੀਐਫ 17, ਨਵੀਂ ਸਬਜ਼ੀ ਮੰਡੀ, ਜਲੰਧਰ-144001 ਆਪਣੇ ਭਾਈਵਾਲਾਂ/ਜ਼ਾਮਨਾਂ ਰਾਹੀਂ 2. ਸ਼੍ਰੀ ਹੇਮੰਤ ਨਾਰੰਗ ਪੁੱਤਰ ਸ਼੍ਰੀ ਰਾਜਿੰਦਰ ਕੁਮਾਰ। 3. ਸ਼੍ਰੀਮਤੀ ਸਿਮਰਨ ਨਾਰੰਗ ਪਤਨੀ ਸ਼੍ਰੀ ਹੇਮੰਤ ਨਾਰੰਗ, ਦੋਵੇਂ ਵਾਸੀ ਮਕਾਨ ਨੰਬਰ 47, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 4. ਸ਼੍ਰੀ ਪਾਰਸ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ। 5. ਸ਼੍ਰੀਮਤੀ ਸ਼ੀਲਜ਼ਾ ਨਾਰੰਗ ਪਤਨੀ ਸ਼੍ਰੀ ਪਾਰਸ ਨਾਰੰਗ ਅਤੇ ਜ਼ਾਮਨ 6. ਸੁਧਾ ਨਾਰੰਗ ਪਤਨੀ ਸ਼੍ਰੀ ਰਾਜਿੰਦਰ ਕੁਮਾਰ, ਸਾਰੇ ਵਾਸੀ ਮਕਾਨ ਨੰਬਰ 48, ਲੇਨ ਨੰਬਰ 2, ਰੋਜ਼ ਵੁੱਡ ਡਰਾਈਵ ਟਾਵਰ ਐਨਕਲੇਵ, ਫੇਜ਼-2, ਜਲੰਧਰ-1, ਜਲੰਧਰ-144003 | 23.02.2026 | 30.04.2026 | Rs. 4,09,28,972.02 (ਚਾਰ ਕਰੋੜ ਨੌਂ ਲੱਖ ਅਠਾਈ ਹਜ਼ਾਰ ਨੌਂ ਸੌ ਬਹੱਤਰ ਅਤੇ ਸਿਰਫ਼ ਦੋ ਪੈਸੇ) 31.01.2026 ਨੂੰ ਜਮ੍ਹਾ ਭਵਿੱਖੀ ਵਿਆਜ ਅਤੇ ਉਸ 'ਤੇ ਇਤਫਾਕੀਆ ਖਰਚੇ, ਜੇਕਰ ਕੋਈ ਹੋਵੇ ਤਾਂ ਘੱਟ ਰਿਕਵਰੀ।) |

**ਸਾਰੇ ਖਾਤਿਆਂ ਵਿਚ ਸੁਰੱਖਿਅਤ ਸੰਪੱਤੀ ਦਾ ਵੇਰਵਾ**

ਵਪਾਰਕ ਜ਼ਮੀਨ ਅਤੇ ਇਮਾਰਤ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਕੋਲਡ ਸਟੋਰੇਜ, ਹੋਟਲ ਅਤੇ 11 ਕਨਾਲ 19 ਮਰਲੇ ਦਾ ਸ਼ੋਅਰੂਮ ਸ਼ਾਮਲ ਹੈ, ਜੋ ਕਿ ਜੀ.ਟੀ. ਰੋਡ, ਪਿੰਡ ਪਰਾਗਪੁਰ, NH-1, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ, ਹੱਦਬਸਤ ਨੰਬਰ 225 ਵਿਖੇ ਸਥਿਤ ਹੈ, ਜੋ ਕਿ ਸਾਲ 2017-18 ਲਈ ਜਮ੍ਹਾਂਬੰਦੀ ਦੇ ਅਨੁਸਾਰ ਖਾਤਾ ਨੰਬਰ 292/371, ਖੇਵਟ ਨੰਬਰ 291/292, ਖਤੌਣੀ ਨੰਬਰ 359/360, ਖਸਰਾ ਨੰਬਰ 241 (9-8), 948/242 (2-11), ਸਾਲ 2022-23 ਲਈ ਜਮ੍ਹਾਂਬੰਦੀ ਦੇ ਅਨੁਸਾਰ, ਸ਼੍ਰੀ ਹੇਮੰਤ ਨਾਰੰਗ ਅਤੇ ਪਾਰਸ ਨਾਰੰਗ ਦੇ ਨਾਮ 'ਤੇ ਹਨ:-
ੳ. ਟ੍ਰਾਂਸਫਰ ਡੀਡ ਵਸੀਕਾ ਨੰਬਰ 2020-21/186/1/2258 ਮਿਤੀ 26.08.2020, (ਪਾਰਸ ਨਾਰੰਗ ਅਤੇ ਹੇਮੰਤ ਨਾਰੰਗ ਦੇ ਨਾਮ ਤੇ 5K-19.50M ਮਾਪ ਵਾਲੀ ਜਾਇਦਾਦ ਲਈ)
ਅ. ਟ੍ਰਾਂਸਫਰ ਡੀਡ ਵਸੀਕਾ ਨੰ. 2022-23/186/1/12710 ਮਿਤੀ 24.02.2023, (ਹੇਮੰਤ ਨਾਰੰਗ ਦੇ ਨਾਮ 'ਤੇ 2K-19.75M ਮਾਪ ਵਾਲੀ ਜਾਇਦਾਦ ਲਈ)
ੲ. ਟ੍ਰਾਂਸਫਰ ਡੀਡ ਵਸੀਕਾ ਨੰ. 2022-23/186/1/12711 ਮਿਤੀ 24.02.2023, (2K-19.75M ਮਾਪ ਵਾਲੀ ਜਾਇਦਾਦ ਲਈ ਪਾਰਸ ਨਾਰੰਗ ਦੇ ਨਾਮ 'ਤੇ)। ਹੱਦਬੰਦੀ: ਪੂਰਬ: ਨੰਗਲ ਕਾਰਾ ਖਾਨ ਰੋਡ 138'-09", ਪੱਛਮ: ਮੈਸਰਜ਼ ਨੰਦ ਲਾਲ-ਸੋਹਨ ਲਾਲ ਆਦਿ। 138'-02", ਉੱਤਰ: ਜੀ.ਟੀ. ਰੋਡ 226'-00", ਦੱਖਣ: ਅਸ਼ੋਕ ਕੁਮਾਰ-ਤ੍ਰਿਭੁਵਨ ਕੁਮਾਰ 247'-06"
**ਨੋਟ: ਇਹ ਜਾਇਦਾਦ ਮੁੱਖ ਤੌਰ 'ਤੇ ਮੈਸਰਜ਼ ਨਾਰੰਗ ਕੋਲਡ ਸਟੋਰੇਜ ਦੇ ਕਰਜ਼ ਖਾਤੇ ਵਿੱਚ ਗਿਰਵੀ ਰੱਖੀ ਗਈ ਹੈ ਅਤੇ ਮੈਸਰਜ਼ ਆਰ.ਐਸ. ਟਰੇਡਰਜ਼, ਮੈਸਰਜ਼ ਨਾਰੰਗ ਸੰਨਜ਼, ਮੈਸਰਜ਼ ਐਮ.ਐਚ. ਟਰੇਡਰਜ਼ ਅਤੇ ਮੈਸਰਜ਼ ਨੀਲਕੰਠ ਮਾਰਕੀਟਿੰਗ ਵਿੱਚ ਚਾਰਜ ਵਧਾਇਆ ਗਿਆ ਹੈ।**

ਮਿਤੀ : 30.04.2026 ਸਥਾਨ :ਜਲੰਧਰ ਅਧਿਕਾਰਤ ਅਧਿਕਾਰੀ



SHRIRAM Finance

**ਸ਼੍ਰੀਰਾਮ ਫਾਈਨੈਂਸ ਲਿਮਟਿਡ**
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਐਸਸੀਓ 109, ਪਹਿਲੀ ਮੰਜ਼ਿਲ, ਉਪਰ ਮਾਹੌਲ ਰੈਸਟੋਰੈਂਟ ਸਾਹਮਣੇ ਐਸਡੀਐਮ ਕੋਰਟ ਸਰਹਾਲੀ ਰੋਡ, ਤਰਨ ਤਾਰਨ 143401 ਪੰਜਾਬ

**ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8(1)) (ਅਚੱਲ ਸੰਪੱਤੀ ਲਈ)**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **24 ਅਪ੍ਰੈਲ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਸ਼੍ਰੀ ਰਣਜੋਧ ਸਿੰਘ ਪੁੱਤਰ ਵਰਿਆਮ ਸਿੰਘ ਵਾਸੀ ਪਹੂਵਿੰਡ ਰੋਡ, ਭਿੱਖੀਵਿੰਡ ਜ਼ਿਲ੍ਹਾ ਤਰਨਤਾਰਨ-143303 ਵੀ ਸ਼੍ਰੀ ਰਣਜੋਧ ਸਿੰਘ ਪੁੱਤਰ ਵਰਿਆਮ ਸਿੰਘ ਵਾਸੀ ਪਹੂਵਿੰਡ ਰੋਡ, ਭਿੱਖੀਵਿੰਡ ਜ਼ਿਲ੍ਹਾ ਤਰਨਤਾਰਨ-143303 2) ਸ਼੍ਰੀਮਤੀ ਗੁਰਜੀਤ ਕੌਰ ਪਤਨੀ ਵਾਸੀ ਪਹੂਵਿੰਡ ਰੋਡ, ਭਿੱਖੀਵਿੰਡ ਜ਼ਿਲ੍ਹਾ ਤਰਨਤਾਰਨ-143303 | 5 ਮਰਲੇ ਦੀ ਜ਼ਮੀਨ ਦੇ ਪਲਾਟ ਦੇ ਰੂਪ ਵਿੱਚ ਜਾਇਦਾਦ, ਜਿਸ ਵਿੱਚ ਖਸਰਾ ਨੰਬਰ 74//20/1, ਖਾਤਾ ਖਤੌਣੀ ਨੰਬਰ 66/223, ਕਿੱਤੇ 1, ਕੁੱਲ ਰਕਬਾ 6 ਕਨਾਲ 1/24 ਹਿੱਸੇ ਦੀ ਹੱਦ ਤੱਕ ਭਾਵ ਸਾਲ 2011-12 ਲਈ ਜਮ੍ਹਾਂਬੰਦੀ ਅਨੁਸਾਰ 5 ਮਰਲੇ ਸ਼ਾਮਲ ਹਨ, ਭਿਖੀਵਿੰਡ, ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੇ ਖੇਤਰ ਵਿੱਚ ਸਥਿਤ ਹੈ। ਪੂਰਬ ਵੱਲ: ਵਿਕਰੇਤਾ ਦੀ ਜਾਇਦਾਦ, ਪੱਛਮ ਵੱਲ: ਕੁਲਦੀਪ ਚੋਪੜਾ ਦੀ ਜਾਇਦਾਦ ਉੱਤਰ ਵੱਲ: ਪਹੂਵਿੰਡ ਦੀ ਜਾਇਦਾਦ, ਦੱਖਣ ਵੱਲ : ਪਹੂਵਿੰਡ ਦੀ ਜਾਇਦਾਦ। | 2237468/- (ਰੁਪਏ ਬਾਈ ਲੱਖ ਸੈਂਤੀ ਹਜ਼ਾਰ ਚਾਰ ਸੌ ਅਠੱਤੀ ਸਿਰਫ਼) ਖਾਤਾ ਨੰਬਰ: **TARAMTF**1903290002, ਮੰਗ ਨੋਟਿਸ ਮਿਤੀ 19.01.2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 24.04.2026 ਸਥਾਨ : ਤਰਨ ਤਾਰਨ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ




ਭਾਰਤੀ ਸੰਵਿਧਾਨ ਦੀ ਧਾਰਾ 345 ਅਨੁਸਾਰ ਕਿਸੇ ਵੀ ਰਾਜ ਦਾ ਵਿਧਾਨ-ਮੰਡਲ, ਕਾਨੂੰਨ ਬਣਾ ਕੇ ਉਸ ਰਾਜ ਵਿਚ ਵਰਤੀ ਜਾਣ ਵਾਲੀ ਕਿਸੇ ਵੀ ਹਰਮਨ-ਪਿਆਰੀ ਭਾਸ਼ਾ ਨੂੰ, ਰਾਜ-ਕਾਜ ਦੇ ਸਾਰੇ ਜਾਂ ਕੁਝ ਕੰਮਾਂ ਵਾਸਤੇ ਸਰਕਾਰੀ ਕਾਰ-ਵਿਹਾਰ ਦੀ ਭਾਸ਼ਾ ਕਰਾਰ ਦੇ ਸਕਦਾ ਹੈ। ਪੰਜਾਬ ਦੇ ਸਪੂਤਾਂ ਨੇ ਆਪਣੀ ਮਾਤ-ਭਾਸ਼ਾ ਦੀ ਹਿਫ਼ਾਜ਼ਤ ਅਤੇ ਇਸ ਨੂੰ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਬੇਮਿਸਾਲ ਘਾਲਣਾ ਘਾਲੀ ਹੈ। ਉਨ੍ਹਾਂ ਨੇ ਯੂਨਾਨੀਆਂ,ਅਰਬਾਂ,ਤੁਰਕਾਂ,ਸਿਥੀਅਨਾਂ,ਹੂਨਾਂ, ਮੁਗਲਾਂ ਅਤੇ ਗੋਰਿਆਂ ਦੇ ਭਾਸ਼ਾਈ ਹਮਲਿਆਂ ਤੋਂ ਆਪਣੀ ਪਛਾਣ ਨੂੰ ਬਚਾਉਂਦੇ ਹੋਏ ਕੁਰਬਾਨੀਆਂ ਦਿੱਤੀਆਂ ਅਤੇ ਦੁਨੀਆਨੂੰਦਰਸਾ ਦਿੱਤਾ ਕਿ ਪੰਜਾਬੀ ਕੌਮ ਦੀ ਭਾਸ਼ਾ ਅਤੇ ਸਭਿਆਚਾਰ ਦੀ ਲਟ-ਲਟ ਬਲਦੀ ਜੋਤ ਨੂੰ ਬੁਝਾਉਣਾ ਮੁਮਕਿਨ ਨਹੀਂ ਹੈ। ਆਪਣੀ ਮਾਂ ਬੋਲੀ, ਭਾਸ਼ਾ, ਸਿੱਖਿਆ, ਸਾਹਿਤ ਅਤੇ ਸਥਾਨਕ-ਸਾਂਸਕ੍ਰਿਤਕ ਪੂੰਜੀ ਨੂੰ ਬਚਾਉਣ ਦਾ ਇਕ ਖ਼ੂਬਸੂਰਤ ਉਪਰਾਲਾ 30 ਅਪ੍ਰੈਲ 1962 ਨੂੰ ਸਾਹਮਣੇ ਆਇਆ। ਇਹ ਉਪਰਾਲਾ ਸੀ, 1961 ਦੇ ਪੰਜਾਬ ਐਕਟ ਨੰਬਰ 35 ਤਹਿਤ, ਪਟਿਆਲਾ-ਰਾਜਪੁਰਾ ਰੋਡ 'ਤੇ ਪਟਿਆਲਾ ਸ਼ਹਿਰ ਤੋਂ 8 ਕਿਲੋਮੀਟਰ ਦੀ ਦੂਰੀ 'ਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ ਸਥਾਪਨਾ ਕਰਨਾ।ਹਾਲਾਂਕਿ ਕੁਝ ਰਾਜਨੀਤਕ ਪੈਂਤੜੇਬਾਜ਼ੀਆਂ ਅਤੇ ਸਾਜ਼ਿਸ਼ੀ-ਰੰਗਣ ਤਹਿਤ ਇਸ ਉਚ ਅਕਾਦਮਿਕ ਅਦਾਰੇ ਨੂੰ ਪਹਿਲਾਂ ਕਿਧਰੇ ਹੋਰ ਸਥਾਪਤ ਕਰਨ ਦੀ ਯੋਜਨਾ ਵੀ ਚਲਾਈ ਗਈ ਸੀ ਪਰੰਤੂ 5 ਅਗਸਤ,1960 ਨੂੰ ਇਸ ਯੂਨੀਵਰਸਿਟੀ ਦੀ ਸਥਾਪਨਾ ਲਈ ਬਣੇ ਕਮਿਸ਼ਨ ਦੇ ਚੇਅਰਮੈਨ ਮਹਾਰਾਜਾ ਯਾਦਵਿੰਦਰ ਸਿੰਘ ਪਟਿਆਲਾ ਅਤੇ ਕੁਝ ਹੋਰ ਪੰਜਾਬੀ ਹਿਤੈਸ਼ੀਆਂ ਦੀ ਰਿਪੋਰਟ ਆਧਾਰ ਤੇ ਵਿਰੋਧੀਆਂ ਦੀ ਗੁੱਥੀ ਨੂੰ ਉਲਝਣ ਨਾ ਦਿੱਤਾ।ਅੰਤ ਪੰਜਾਬ,ਪੰਜਾਬੀ ਅਤੇ ਪੰਜਾਬੀਅਤ ਦੇ ਹਿਤੈਸ਼ੀ ਤਤਕਾਲੀਨ ਮੁੱਖ ਮੰਤਰੀ, ਪੰਜਾਬ ਸ. ਪ੍ਰਤਾਪ ਸਿੰਘ ਕੈਰੋਂ ਵੱਲੋਂ ਇਹ ਯੂਨੀਵਰਸਿਟੀ ਪਟਿਆਲਾ ਵਿਖੇ ਹੀ ਸਥਾਪਿਤ ਕਰਨ ਦਾ ਭਰਪੂਰ ਸਮਰਥਨ ਕੀਤਾ ਗਿਆ।ਇਸ ਯੂਨੀਵਰਸਿਟੀ ਦਾ ਉਦਘਾਟਨੀ ਸਮਾਰੋਹ ਪਟਿਆਲਾ ਦੀ ਬਾਰਾਂਦਰੀ ਨਾਲ ਲੱਗਦੇ ਜਿਮਖ਼ਾਨਾ ਗਰਾਊਂਡ ਵਿਚ ਹੋਇਆ ਜਿਸ ਦੀ ਪ੍ਰਧਾਨਗੀ ਕਰਨ ਲਈ ਭਾਰਤ ਦੇ ਤਤਕਾਲੀਨ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਪਧਾਰੇ ਸਨ। ਉਪਰੰਤ ਬਾਕਾਇਦਗੀ ਨਾਲ ਇਹ ਯੂਨੀਵਰਸਿਟੀ ਬਾਰਾਂਦਰੀ ਵਿਚਲੇ ਪੈਲੇਸ (ਰਾਜਿੰਦਰਾ ਕੋਠੀ) ਵਿਚ ਇਹ ਯੂਨੀਵਰਸਿਟੀ ਆਪਣਾ ਕਾਰਜ ਕਰਨ ਲੱਗੀ। ਇਉਂ ਝੱਖੜਾਂ-ਤੂਫ਼ਾਨਾਂ ਤੇ ਮੁਸੀਬਤਾਂ ਦੀਆਂ ਦੁਸ਼ਵਾਰ ਘਾਟੀਆਂ ਪਾਰ ਕੇ ਇਹ ਯੂਨੀਵਰਸਿਟੀ ਆਪਣੇ ਮੌਜੂਦਾ ਸਥਾਨ 'ਤੇ ਤਬਦੀਲ ਹੋ ਗਈ।ਇਸ ਨਾਲ ਪੰਜਾਬ ਦੇ ਪੱਛੜੇ ਹੋਏ ਮਲਵਈ ਜ਼ਿਲ੍ਹਿਆਂ ਦੇ ਸੈਂਕੜੇ ਵਿਦਿਆਰਥੀਆਂ ਦੀ ਉਚੇਰੀ ਸਿੱਖਿਆ-ਪ੍ਰਾਪਤ ਕਰਨ ਦੀ ਤਮੰਨਾ ਦੇ ਬੂਟੇ ਨੂੰ ਬੂਰ ਪੈਣ ਲੱਗ ਪਿਆ। ਮਾਤ-ਭਾਸ਼ਾ ਦੇ ਨਾਂ 'ਤੇ ਸਥਾਪਿਤ ਵਿਸ਼ਵ ਦੀ ਇਸ ਦੂਜੀ ਯੂਨੀਵਰਸਿਟੀ, ਜਿਸ ਨੂੰ ਪੰਜਾਬ ਦੇ 'ਸ਼ਾਂਤੀ ਨਿਕੇਤਨ' ਨਾਲ ਤੁਲਨਾ ਦਿਤੀ ਜਾਂਦੀ ਹੈ, ਦੇ ਬਾਨੀ ਵਾਈਸ ਚਾਂਸਲਰ ਡਾ. ਭਾਈ ਜੋਧ ਸਿੰਘ ਦੀ ਸੁਚੱਜੀ ਸਰਪ੍ਰਸਤੀ ਹੇਠ ਯੂਨੀਵਰਸਿਟੀ ਵੱਲੋਂ ਪੰਜਾਬੀ ਭਾਸ਼ਾ ਨੂੰ ਸਿੱਖਿਆ ਅਤੇ ਪ੍ਰੀਖਿਆ ਦਾ ਮਾਧਿਅਮ ਬਣਾਇਆ ਗਿਆ ਜੋ 1970 ਦੌਰਾਨ ਪ੍ਰੀ-ਯੂਨੀਵਰਸਿਟੀ ਦੇ ਮੁੱਢਲੇ ਦਾਖਲੇ ਸਮੇਂ ਤੋਂ ਹੀ ਚਾਲੂ ਕੀਤਾ ਗਿਆ ਸੀ।ਜਿਉਂ-ਜਿਉਂ ਸਮਾਂ ਗੁਜ਼ਰਦਾ ਗਿਆ,ਇਹ ਅਕਾਦਮਿਕ-ਅਦਾਰਾ ਬਹੁ-ਫੈਕਲਟੀ ਅਕਾਦਮਿਕ ਅਦਾਰੇ ਦੇ ਤੌਰ ਤੇ ਵਿਕਸਿਤ ਹੁੰਦਾ ਗਿਆ। ਇਸ ਯੂਨੀਵਰਸਿਟੀ ਵਿਚ ਸਾਲ 1973 ਤੱਕ ਬੀ.ਏ. ਬੀ.ਐੱਸ.ਸੀ, ਬੀ.ਐੱਡ, ਬੀ.ਪੀ.ਈ, ਇੰਜੀਨੀਅਰਿੰਗ, ਮੈਡੀਕਲ ਅਤੇ ਕਾਨੂੰਨ ਵਿਭਾਗ ਵਿਚ ਵੀ ਪੰਜਾਬੀ ਭਾਸ਼ਾ ਨੂੰ ਸਿੱਖਿਆ ਦਾ ਮਾਧਿਅਮ ਬਣਾਉਣ ਦੀ ਤਜਵੀਜ਼ ਨੂੰ ਅਮਲੀ ਰੂਪ ਦਿੱਤਾ ਗਿਆ।ਪੰਜਾਬੀ ਯੂਨੀਵਰਸਿਟੀ ਵਿਚ ਜਿਉਂ-ਜਿਉਂ ਵੱਖ-ਵੱਖ ਮਾਨਵਿਕੀ ਵਿਸ਼ਿਆਂ ਨਾਲ ਸੰਬੰਧਤ ਨਵੇਂ ਦਾਖ਼ਲੇ ਚਾਲੂ ਹੁੰਦੇ ਗਏ, ਤਿਉਂ-ਤਿਉਂ ਯੂਨੀਵਰਸਿਟੀ ਦੇ ਪ੍ਰਸ਼ਾਸਨਿਕ, ਅਧਿਆਪਨ, ਗ਼ੈਰ-ਅਧਿਆਪਨ ਅਤੇ ਖੋਜ ਅਮਲੇ ਵਿਚ ਇਜ਼ਾਫ਼ਾ ਹੁੰਦਾ ਗਿਆ।ਪ੍ਰਬੰਧਕੀ ਬਲਾਕਾਂ ਤੋਂ ਇਲਾਵਾ, ਮੇਨ ਲਾਇਬ੍ਰੇਰੀ (ਵਰਤਮਾਨ ਨਾਂ : ਭਾਈ ਕਾਨ੍ਹ ਸਿੰਘ ਨਾਭਾ ਲਾਇਬ੍ਰੇਰੀ, ਜਿਸ ਵਿਚ ਲਗਭਗ ਪੰਜ ਲੱਖ ਪੁਸਤਕਾਂ,ਰਿਸਾਲੇ,ਜਰਨਲ,ਖੋਜ-ਪੱਤਰ,ਹੱਥ ਲਿਖਤਾਂ ਅਤੇ ਪੁਰਾਣੀਆਂ ਅਖ਼ਬਾਰਾਂ ਦੀਆਂ ਜਿਲਦਾਂ ਮੌਜੂਦ ਹਨ) ਤੋਂ ਇਲਾਵਾ ਪ੍ਰਬੰਧਕੀ, ਆਰਟਸ ਅਤੇ ਸਾਇੰਸ ਬਲਾਕਾਂ ਦੀਆਂ ਇਮਾਰਤਾਂ ਨਾਲ ਗੋਲ ਮਾਰਕੀਟ, ਗੈਸਟ ਹਾਊਸ ਅਤੇ ਵਾਰਿਸ ਭਵਨ ਅਤੇ ਵੱਖ-ਵੱਖ ਵਰਗਾਂ ਦੇ ਕਰਮਚਾਰੀਆਂ ਲਈ ਮਕਾਨ ਬਣਵਾਏ ਗਏ ਜਿਸ ਨਾਲ ਯੂਨੀਵਰਸਿਟੀ ਦੀ ਅਨੋਖੀ ਦਿੱਖ ਨੇ ਦੂਰੋਂ-ਦੂਰੋਂ ਵਿਦਿਆਰਥੀ ਅਤੇ ਵਿਦਵਾਨ-ਵਰਗਨੂੰਆਪਣੇ ਵੱਲ ਖਿਚਣਾ ਆਰੰਭ ਕੀਤਾ।


ਦਰਸ਼ਨ ਸਿੰਘ 'ਆਸ਼ਟ' (ਡਾ.)
9814423703

ਪਿਛਲੇ ਕੁਝ ਸਮੇਂ ਤੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਆਪਣਾ ਕੋਈ ਰੈਗੂਲਰ ਵਾਈਸ-ਚਾਂਸਲਰ ਨਸੀਬ ਨਾ ਹੋਣ ਕਾਰਨ ਵੀ ਅਨਿਸਚਤਤਾ ਵਾਲੀ ਸਥਿਤੀ ਬਣੀ ਰਹੀ ਹੈ। ਕਦੇ ਕਿਸੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਨੂੰ ਤੇ ਕਦੇ ਕਿਸੇ ਆਈ.ਏ.ਐਸ. ਅਧਿਕਾਰੀ ਜਾਂ ਸਕੱਤਰ ਪੱਧਰ ਦੇ ਕਿਸੇ ਹੋਰ ਅਧਿਕਾਰੀ ਨੂੰ ਦੋ-ਦੋ ਚਾਰ ਮਹੀਨਿਆਂ ਲਈ ਡੰਗ-ਟਪਾਊ ਮੌਕੇ ਦਿੱਤੇ ਗਏ ਪਰੰਤੂ ਵੱਖ ਵੱਖ ਵਿਭਾਗਾਂ ਦੇ ਉਚ ਅਹੁਦਿਆਂ ਤੇ ਕਾਰਜਸ਼ੀਲ ਰਹਿ ਚੁੱਕੇ ਉਚ-ਤਾਲੀਮਯਾਫ਼ਤਾ ਡਾ. ਜਗਦੀਪ ਸਿੰਘ ਵੱਲੋਂ 21 ਮਈ, 2025 ਨੂੰ ਵਾਈਸ-ਚਾਂਸਲਰ ਦਾ ਅਹੁਦਾ ਸੰਭਾਲਣ ਨਾਲ ਇਸ ਯੂਨੀਵਰਸਿਟੀ ਦੀ ਕਾਰਗੁਜ਼ਾਰੀ ਨਿਯਮਤ ਰੂਪ ਵਿਚ ਸਾਹਮਣੇ ਆਉਣ ਲੱਗੀ ਹੈ।

ਇੱਥੇ ਪੰਜਾਬੀ ਯੂਨੀਵਰਸਿਟੀ ਦੀ ਵਿੱਤੀ ਸਥਿਤੀ ਦਾ ਜ਼ਿਕਰ ਕਰਨਾ ਅਨਿਵਾਰੀ ਹੈ। ਕਰੋੜਾਂ ਰੁਪਏ ਦੀਆਂ ਦੇਣਦਾਰੀਆਂ ਅਤੇ ਕਰਜ਼ੇ ਹੇਠ ਸਹਿਕ ਰਹੀ ਇਸ ਯੂਨੀਵਰਸਿਟੀ ਵੱਲੋਂ ਆਪਣੇ ਅਧਿਆਪਨ, ਗ਼ੈਰ-ਅਧਿਆਪਨ ਅਤੇ ਖੋਜ-ਅਮਲੇ ਦੇ ਕਰਮਚਾਰੀਆਂ ਦੇ ਨਾਲ ਨਾਲ ਸੇਵਾਮੁਕਤ ਕਰਮਚਾਰੀਆਂ ਦੇ ਗ੍ਰੈਚੂਇਟੀ, ਲੀਵ-ਇਨਕੈਸ਼ਮੈਂਟ, ਫਰਲੋ, ਮਹਿੰਗਾਈ ਭੱਤੇ ਆਦਿ ਦੇ ਬਕਾਇਆਂ ਅਤੇ ਹੋਰ ਭੱਤਿਆਂ ਦੀ ਸਮੇਂ ਸਿਰ ਅਦਾਇਗੀ ਨਾ ਹੋਣਾ ਇਸ ਦੀ ਮਜਬੂਰੀ ਦੀ ਇੰਤਹਾ ਹੈ। ਯੂਨੀਵਰਸਿਟੀ ਦੇ ਸਾਲ 2025-26 ਲਈ ਯੂਨੀਵਰਸਿਟੀ ਦਾ 732 ਕਰੋੜ ਰੁਪਏ ਦਾ ਬਜਟ ਪਾਸ ਕੀਤਾ ਗਿਆ ਸੀ ਜਿਸ ਵਿਚ 89 ਕਰੋੜ ਰੁਪਏ ਦੇ ਘਾਟਾ ਦਰਸਾਇਆ ਗਿਆ ਸੀ। ਹੁਣ ਸਾਲ 2026-27 ਦੇ ਸਾਲਾਨਾ ਬਜਟ ਨੂੰ ਪ੍ਰਵਾਨਗੀ ਦਿੰਦੇ ਹੋਏ ਵਿੱਤ ਕਮੇਟੀ ਵੱਲੋਂ 125 ਕਰੋੜ ਰੁਪਏ ਦੇ ਘਾਟੇ ਵਾਲਾ ਬਜਟ ਪੇਸ਼ ਕੀਤਾ ਗਿਆ ਹੈ।ਯੂਨੀਵਰਸਿਟੀ ਨੂੰ 631 ਕਰੋੜ ਰੁਪਏ ਦੀ ਸਾਲਾਨਾ ਆਮਦਨ ਦੀ ਉਮੀਦ ਦੇ ਮੱਦੇਨਜ਼ਰ ਹੋਣ ਵਾਲਾ ਖ਼ਰਚਾ 756 ਕਰੋੜ ਰੁਪਏ ਤੱਕ ਪੁੱਜਣ ਦਾ ਅਨੁਮਾਨ ਹੈ।ਇਸ ਦੇ ਬਾਵਜੂਦ ਵਾਈਸ-ਚਾਂਸਲਰ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਹਿੱਤ ਬਜਟ ਵਿਚ ਵੱਡਾ ਵਾਧਾ ਕਰਦਿਆਂ 16 ਕਰੋੜ ਰੁਪਏ ਤੋਂ 20 ਕਰੋੜ ਸਾਲਾਨਾ ਕਰਨ ਦਾ ਸਾਰਥਿਕ ਕਦਮ ਪੁੱਟਿਆ ਗਿਆ ਹੈ।ਇਨ੍ਹਾਂ ਆਰਥਿਕ ਸੰਕਟਾਂ ਦੇ ਬਾਵਜੂਦ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਨਿਰੰਤਰ ਅੰਤਰਰਾਸ਼ਟਰੀ,ਰਾਸ਼ਟਰੀ ਅਤੇ ਪ੍ਰਾਂਤਕ ਪੱਧਰ ਦੀਆਂ ਕਾਨਫ਼ਰੰਸਾਂ,ਸੈਮੀਨਾਰ,ਵਰਕਸ਼ਾਪਾਂ, ਸਾਹਿਤ-ਉਤਸਵ ਅਤੇ ਸਭਿਆਚਾਰਕ ਮੇਲਿਆਂ ਦਾ ਆਯੋਜਨ ਨਿਰੰਤਰ ਜਾਰੀ ਹੈ ਜਿਸ ਨਾਲ ਅਕਾਦਮਿਕ ਖੋਜ ਖੇਤਰ ਦੀਆਂ ਨਵੀਨ ਸੰਭਾਵਨਾਵਾਂ ਉਜਾਗਰ ਹੋ ਰਹੀਆਂ ਹਨ।ਇਸ ਸੰਦਰਭ ਵਿਚ 30 ਮਾਰਚ ਤੋਂ 3 ਅਪ੍ਰੈਲ, 2026 ਤੱਕ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਪਬਲੀਕੇਸ਼ਨ ਬਿਊਰੋ ਦੇ ਸਹਿਯੋਗ ਨਾਲ ਆਯੋਜਿਤ ਗਿਆ '12ਵਾਂ ਪੰਜ-ਰੋਜ਼ਾ ਸਾਹਿਤ ਉਤਸਵ' ਜ਼ਿਕਰਯੋਗ ਹੈ ਜਿਸ ਵਿਚ 25 ਤੋਂ ਵੱਧ ਵੱਖ ਵੱਖ ਬੈਠਕਾਂ ਵਿਚ ਵਿਸ਼ਵ ਦੀਆਂ ਨਾਮੀ ਸ਼ਖ਼ਸੀਅਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਦੌਰਾਨ ਪੰਜਾਬ, ਚੰਡੀਗੜ੍ਹ, ਹਰਿਆਣਾ, ਦਿੱਲੀ, ਉਤਰ-ਪ੍ਰਦੇਸ਼ ਅਤੇ ਹਿਮਾਚਲ ਪ੍ਰਦੇਸ਼ ਦੇ 111 ਪ੍ਰਕਾਸ਼ਕਾਂ ਅਤੇ ਪੁਸਤਕ-ਵਿਕ੍ਰੇਤਾਂ ਵੱਲੋਂ ਇਕ ਕਰੋੜ ਰੁਪਏ ਤੋਂ ਵੱਧ ਦੀਆਂ ਪੁਸਤਕਾਂ ਦੀ ਵਿਕਰੀ ਹੋਈ। ਅਜਿਹਾ ਅਮਲ ਤਸਦੀਕ ਕਰਦਾ ਹੈ ਕਿ ਪੁਸਤਕ-ਸਭਿਆਚਾਰ ਖ਼ਤਮ ਨਹੀਂ ਹੋ ਰਿਹਾ ਅਤੇ ਪੰਜਾਬੀ ਯੂਨੀਵਰਸਿਟੀ ਜਿਸ ਮਕਸਦ ਲਈ ਸਥਾਪਤ ਹੋਈ ਸੀ, ਉਸ ਉਪਰ ਆਪਣੇ ਸੀਮਤ ਵਿੱਤੀ ਸਾਧਨਾਂ ਦੇ ਬਾਵਜੂਦ ਵੀ ਡੱਟ ਕੇ ਪਹਿਰਾ ਦਿੰਦੀ ਹੋਈ ਆਪਣੀ ਮੰਜਿਲ ਵੱਲ ਅਗਰਸਰ ਹੈ।

ਮੌਜੂਦਾ ਸਰਕਾਰ ਨੂੰ ਫ਼ਰਾਖ਼ਦਿਲੀ ਨਾਲ ਇਸ ਯੂਨੀਵਰਸਿਟੀ ਦੀ ਬਾਂਹ ਫੜਨ ਦੀ ਜ਼ਰੂਰਤ ਹੈ ਤਾਂ ਜੋ ਪੰਜਾਬ ਦੇ ਪੌਣੇ ਤਿੰਨ ਸੌ ਕਾਲਜਾਂ, ਰਿਜਨਲ ਸੈਂਟਰਾਂ,ਨੇਬਰਹੁੱਡ ਕੈਂਪਾਂ ਅਤੇ ਕਾਂਸਟੀਚੁਐਂਟ ਕਾਲਜਾਂ ਨੂੰ ਕਲਾਵੇ ਵਿਚ ਲੈ ਕੇ ਬੈਠੀ ਇਹ ਕਰੋੜਾਂ ਰੁਪਏ ਦੇ ਕਰਜ਼ੇ ਤੋਂ ਮੁਕਤ ਹੋ ਸਕੇ। ਮਾਕਾ ਟਰਾਫ਼ੀ ਦੀ ਨਿਰੰਤਰ ਜੇਤੂ ਬਣ ਸਕੇ,ਵਿਦਵਾਨਾਂ-ਲਿਖਾਰੀਆਂ ਦੀਆਂ ਫੈਲੋਸ਼ਿੱਪਾਂ ਦਾ ਅਮਲ ਮੁੜ ਆਰੰਭ ਕਰ ਸਕੇ, ਪੁਸਤਕ-ਪ੍ਰਕਾਸ਼ਨ ਅਤੇ ਯੁਵਕ ਭਲਾਈ ਵਿਭਾਗ ਦੇ ਸਭਿਆਚਾਰਕ ਮਾਹੌਲ ਦੀ ਖ਼ੁਸ਼ਬੋਈ ਦੂਰ ਤੱਕ ਫੈਲਾ ਸਕੇ।

ਅੱਜ ਯੂਨੀਵਰਸਿਟੀ ਆਪਣਾ 64ਵਾਂ ਸਥਾਪਨਾ ਦਿਵਸ ਮਨਾਉਂਦੀ ਹੋਈ ਅਜਿਹੀ ਹੀ ਉਮੀਦ ਰੱਖ ਰਹੀ ਹੈ ਤਾਂ ਜੋ ਆਪਣੇ ਮਕਸਦ ਦੀ ਪੂਰਤੀ ਲਈ ਵਿਸ਼ਵ-ਪੱਧਰ ਤੇ ਆਪਣੀ ਸ਼ਨਾਖ਼ਤ ਅਤੇ ਗੌਰਵ ਬਰਕਰਾਰ ਰੱਖ ਸਕੇ।

# ਯੂਏਈ ਦੇ ਓਪੇਕ ਤੋਂ ਹਟਣ ਵਿੱਚ ਪਾਕਿਸਤਾਨ ਵੀ ਹੈ ਇੱਕ ਕਾਰਕ, ਖਾੜੀ ਦੇਸ਼ ਕਿਉਂ ਹਟਿਆ?



ਸੰਯੁਕਤ ਅਰਬ ਅਮੀਰਾਤ (ਯੂਏਈ) ਨੇ ਲਗਭਗ 50 ਸਾਲਾਂ ਬਾਅਦ ਪੈਟਰੋਲੀਅਮ ਨਿਰਯਾਤ ਕਰਨ ਵਾਲੇ ਦੇਸ਼ਾਂ ਦੇ ਸੰਗਠਨ (ਓਪੇਕ) ਤੋਂ ਹਟਣ ਦਾ ਫੈਸਲਾ ਕੀਤਾ ਹੈ। ਇਹ ਹੁਣ 1 ਮਈ ਤੋਂ ਸੰਗਠਨ ਦਾ ਮੈਂਬਰ ਨਹੀਂ ਰਹੇਗਾ। ਯੂਏਈ ਦਾ ਇਹ ਕਦਮ ਕੂਟਨੀਤਕ ਅਤੇ ਵਪਾਰਕ ਦੋਵੇਂ ਹੈ।

ਯੂਏਈ ਦਾ ਫੈਸਲਾ ਨਾ ਸਿਰਫ਼ ਓਪੇਕ ਮੈਂਬਰਾਂ ਲਈ ਸਗੋਂ ਇਸਦੇ ਨੇਤਾ, ਸਾਊਦੀ ਅਰਬ ਲਈ ਵੀ ਇੱਕ ਮਹੱਤਵਪੂਰਨ ਝਟਕਾ ਹੈ। ਇਹ ਫੈਸਲਾ ਸਾਊਦੀ ਅਰਬ ਦੇ ਨਜ਼ਦੀਕੀ ਰੱਖਿਆ ਭਾਈਵਾਲ, ਪਾਕਿਸਤਾਨ ਨੂੰ ਵੀ ਨੁਕਸਾਨ ਪਹੁੰਚਾ ਸਕਦਾ ਹੈ।

**ਪਾਕਿਸਤਾਨ ਨੇ ਵੀ ਯੂਏਈ ਦੇ ਹਟਣ ਵਿੱਚ ਭੂਮਿਕਾ ਨਿਭਾਈ**

ਸਾਊਦੀ ਅਰਬ ਅਤੇ ਯੂਏਈ ਵਿਚਕਾਰ ਤਣਾਅ ਲੰਬੇ ਸਮੇਂ ਤੋਂ ਚੱਲ ਰਿਹਾ ਸੀ, ਪਰ ਈਰਾਨ ਦੇ ਹਮਲਿਆਂ ਨੇ ਇਸ ਮੁੱਦੇ ਨੂੰ ਹੋਰ ਵਧਾ ਦਿੱਤਾ। ਯੂਰੇਸ਼ੀਆ ਸਮੂਹ ਦੇ ਮੱਧ ਪੂਰਬ ਨਿਰਦੇਸ਼ਕ ਫਿਰਾਸ ਮਕਸਾਦ ਨੇ ਫਾਈਨੈਂਸ਼ੀਅਲ ਟਾਈਮਜ਼ ਨੂੰ ਦੱਸਿਆ ਕਿ ਯੂਏਈ ਆਪਣੇ ਆਪ ਨੂੰ ਸੀਮਤ ਨਹੀਂ ਕਰਨਾ ਚਾਹੁੰਦਾ ਸੀ, ਖਾਸ ਕਰਕੇ ਜਦੋਂ ਉਹ ਤੇਲ ਉਤਪਾਦਨ ਸਮਰੱਥਾ ਵਧਾਉਣਾ ਚਾਹੁੰਦਾ ਸੀ ਅਤੇ ਸਾਊਦੀ ਅਰਬ ਇਸਨੂੰ ਘੱਟ ਰੱਖਣਾ ਚਾਹੁੰਦਾ ਸੀ।

ਕਹਾਣੀਆਂ ਜੋ ਤੁਹਾਨੂੰ ਪਸੰਦ ਆ ਸਕਦੀਆਂ ਹਨ

ਯੂਏਈ ਪਾਕਿਸਤਾਨ ਨਾਲ ਵੀ ਨਾਰਾਜ਼ ਹੈ, ਅੰਸ਼ਕ ਤੌਰ 'ਤੇ ਸਾਊਦੀ ਅਰਬ ਨਾਲ ਆਪਣੇ ਹਾਲੀਆ ਸਬੰਧਾਂ ਕਾਰਨ, ਪਰ ਇਸ ਤੋਂ ਵੀ ਮਹੱਤਵਪੂਰਨ ਇਸ ਲਈ ਕਿਉਂਕਿ ਪਾਕਿਸਤਾਨ ਨੇ ਈਰਾਨ ਅਤੇ ਅਮਰੀਕਾ ਵਿਚਕਾਰ ਵਿਚੋਲੇ ਵਜੋਂ ਕਮਜ਼ੋਰ ਭੂਮਿਕਾ ਨਿਭਾਈ ਹੈ ਅਤੇ ਯੁੱਧ ਦੌਰਾਨ ਖਾੜੀ ਦੇਸ਼ਾਂ 'ਤੇ ਹਮਲਿਆਂ ਲਈ ਈਰਾਨ ਨੂੰ ਦੋਸ਼ੀ ਨਹੀਂ ਠਹਿਰਾਇਆ ਹੈ।

ਚੈਥਮ ਹਾਊਸ ਦੇ ਇੱਕ ਐਸੋਸੀਏਟ ਫੈਲੋ ਨੀਲ ਕੁਇਲੀਅਮ ਨੇ ਯੂਕੇ-ਅਧਾਰਤ ਵਿੱਤੀ ਰੋਜ਼ਾਨਾ ਨੂੰ ਦੱਸਿਆ, "ਯੂਏਈ ਪਾਕਿਸਤਾਨ ਦੀ ਵਿਚੋਲੇ ਦੀ ਭੂਮਿਕਾ ਤੋਂ ਨਾਰਾਜ਼ ਹੈ ਕਿਉਂਕਿ ਇਹ ਚੀਜ਼ਾਂ ਨੂੰ ਸਹੀ ਢੰਗ ਨਾਲ ਪੇਸ਼ ਨਹੀਂ ਕਰ ਰਿਹਾ ਹੈ।"

ਓਪੇਕ ਤੋਂ ਯੂਏਈ ਦੇ ਬਾਹਰ ਜਾਣ ਦੇ ਫਾਇਦੇ

ਯੂਏਈ ਓਪੇਕ ਦਾ ਤੀਜਾ ਸਭ ਤੋਂ ਵੱਡਾ ਤੇਲ ਉਤਪਾਦਕ ਮੈਂਬਰ ਸੀ, 1967 ਵਿੱਚ ਸਮੂਹ ਵਿੱਚ ਸ਼ਾਮਲ ਹੋਇਆ ਸੀ। ਹਾਲਾਂਕਿ, ਸਾਊਦੀ ਅਰਬ ਨੇ ਲੰਬੇ ਸਮੇਂ ਤੋਂ ਸਮੂਹ ਦੀ ਉਤਪਾਦਨ ਸਮਰੱਥਾ ਨੂੰ ਨਿਯੰਤਰਿਤ ਕੀਤਾ ਸੀ, ਇਸਨੂੰ ਆਪਣੀ ਉਤਪਾਦਨ ਸਮਰੱਥਾ ਵਧਾਉਣ ਤੋਂ ਰੋਕਿਆ ਸੀ।

ਯੂਏਈ ਦੇ ਇਸ ਫੈਸਲੇ ਨੇ ਸਾਊਦੀ ਅਰਬ ਦੀ ਸਾਖ ਨੂੰ ਇੱਕ ਵੱਡਾ ਝਟਕਾ ਦਿੱਤਾ ਹੈ, ਤੇਲ ਦੀਆਂ ਕੀਮਤਾਂ ਨੂੰ ਨਿਯੰਤਰਿਤ ਕਰਨ ਦੀ ਉਸਦੀ ਯੋਗਤਾ ਨੂੰ ਕਮਜ਼ੋਰ ਕੀਤਾ ਹੈ। ਇਹ ਯੂਏਈ ਨੂੰ ਅਮਰੀਕਾ ਦੇ ਨੇੜੇ ਆਉਣ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ, ਕਿਉਂਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਲੰਬੇ ਸਮੇਂ ਤੋਂ ਓਪੇਕ ਦੇ ਆਲੋਚਕ ਰਹੇ ਹਨ।

**ਸਾਊਦੀ ਅਰਬ ਲਈ ਇੱਕ ਝਟਕਾ**

ਯੂਏਈ ਦੀ ਸਰਕਾਰੀ ਮਾਲਕੀ ਵਾਲੀ ਕੰਪਨੀ ਏਡੀਐਨਓਸੀ ਦੇ ਅਨੁਸਾਰ, ਯੂਏਈ ਦੇ ਓਪੇਕ ਤੋਂ ਹਟਣ ਨਾਲ ਈਰਾਨ ਯੁੱਧ ਤੋਂ ਪਹਿਲਾਂ ਕੱਚੇ ਤੇਲ ਦਾ ਉਤਪਾਦਨ 3.4 ਮਿਲੀਅਨ ਬੈਰਲ ਪ੍ਰਤੀ ਦਿਨ ਤੋਂ ਵੱਧ ਕੇ 2027 ਤੱਕ 5 ਮਿਲੀਅਨ ਬੈਰਲ ਹੋ ਜਾਵੇਗਾ।

ਦੁਬਈ ਸਥਿਤ ਅਮੀਰਾਤ ਨੀਤੀ ਕੇਂਦਰ ਦੇ ਪ੍ਰਧਾਨ ਡਾ. ਇਬਤੇਸਮ ਅਲ-ਕੇਤਬੀ ਨੇ ਦ ਗਾਰਡੀਅਨ ਨੂੰ ਦੱਸਿਆ ਕਿ ਇਹ ਕਦਮ ਇੱਕ ਸਵਾਰਥੀ ਕਾਰਵਾਈ ਹੈ। ਉਨ੍ਹਾਂ ਅੱਗੇ ਕਿਹਾ, "ਯੂਏਈ ਬਲਾਕ ਦੇ ਅੰਦਰ ਇੱਕ ਉਤਪਾਦਕ ਭੂਮਿਕਾ ਤੋਂ ਇੱਕ ਸੰਤੁਲਿਤ ਉਤਪਾਦਕ ਵੱਲ ਬਦਲ ਰਿਹਾ ਹੈ ਜੋ ਆਪਣੀਆਂ ਸੰਚਾਲਨ ਸਮਰੱਥਾਵਾਂ ਰਾਹੀਂ ਮਾਰਕੀਟ ਸਥਿਰਤਾ ਵਿੱਚ ਯੋਗਦਾਨ ਪਾਉਂਦਾ ਹੈ। ਜਦੋਂ ਕਿ ਇਹ ਕਦਮ ਹੌਲੀ-ਹੌਲੀ ਓਪੇਕ ਦੀ ਏਕਤਾ ਨੂੰ ਕਮਜ਼ੋਰ ਕਰ ਸਕਦਾ ਹੈ, ਇਹ ਯੂਏਈ ਨੂੰ ਇੱਕ ਦੇਸ਼ ਵਜੋਂ ਵੀ ਮਜ਼ਬੂਤ ਕਰਦਾ ਹੈ ਜੋ ਸਿੱਧੇ ਤੌਰ 'ਤੇ ਵਿਸ਼ਵਵਿਆਪੀ ਸਪਲਾਈ ਨੂੰ ਪ੍ਰਭਾਵਿਤ ਕਰਨ ਦੇ ਸਮਰੱਥ ਹੈ।"

**ਪਾਕਿਸਤਾਨ ਵੀ ਇੱਕ ਕਾਰਕ ਹੈ**

ਓਪੇਕ ਤੋਂ ਹਟਣ ਤੋਂ ਪਹਿਲਾਂ, ਯੂਏਈ ਨੇ ਆਪਣਾ ਗੁੱਸਾ ਪਾਕਿਸਤਾਨ ਉਤੇ ਕੱਢਿਆ। ਯੂਏਈ ਨੇ ਪਾਕਿਸਤਾਨ 'ਤੇ 3.5 ਬਿਲੀਅਨ ਡਾਲਰ ਦੀ ਜਮ੍ਹਾਂ ਰਕਮ ਵਾਪਸ ਕਰਨ ਲਈ ਦਬਾਅ ਪਾਇਆ, ਜੋ ਕਿ ਪਾਕਿਸਤਾਨ ਦੇ ਵਿਦੇਸ਼ੀ ਮੁਦਰਾ ਭੰਡਾਰ ਦਾ ਪੰਜਵਾਂ ਹਿੱਸਾ ਹੈ। ਯੂਏਈ ਦੇ ਇਸ ਕਦਮ ਨੂੰ ਈਰਾਨ ਮੁੱਦੇ 'ਤੇ ਆਪਣੀ ਨਿਰਪੱਖਤਾ ਨਾਲ ਪਾਕਿਸਤਾਨ ਦੀ ਨਾਰਾਜ਼ਗੀ ਦੇ ਸੰਕੇਤ ਵਜੋਂ ਦੇਖਿਆ ਜਾਂਦਾ ਹੈ, ਜਿਸ ਕਾਰਨ ਸਾਊਦੀ ਅਰਬ ਨੂੰ ਪਾਕਿਸਤਾਨ ਦੀ ਮਦਦ ਲਈ ਕਦਮ ਚੁੱਕਣ ਲਈ ਪ੍ਰੇਰਿਆ ਗਿਆ।

ਦੋਵਾਂ ਖਾੜੀ ਦੇਸ਼ਾਂ ਵਿਚਕਾਰ ਇੱਕ ਦਰਾਰ, ਜੋ ਸਾਲਾਂ ਤੋਂ ਚੱਲ ਰਹੀ ਸੀ, ਦਸੰਬਰ ਅਤੇ ਜਨਵਰੀ ਵਿੱਚ ਯਮਨ ਵਿੱਚ ਜੰਗ ਦੌਰਾਨ ਸਾਹਮਣੇ ਆਈ, ਜਿੱਥੇ ਉਹ ਦੋ ਵੱਖ-ਵੱਖ ਧੜਿਆਂ ਦਾ ਸਮਰਥਨ ਕਰ ਰਹੇ ਸਨ।

ਮਾਹਿਰਾਂ ਦੇ ਅਨੁਸਾਰ, ਇਸ ਦਰਾਰ ਦਾ ਇੱਕ ਹੋਰ ਕਾਰਨ ਇਹ ਹੈ ਕਿ ਸਾਊਦੀ ਅਰਬ ਆਪਣੇ ਖਾੜੀ ਗੁਆਂਢੀ ਨਾਲੋਂ ਪਾਕਿਸਤਾਨ, ਤੁਰਕੀ ਅਤੇ ਮਿਸਰ ਦੇ ਨੇੜੇ ਜਾ ਰਿਹਾ ਹੈ।

**ਭਾਰਤ ਨੂੰ ਫਾਇਦਾ ਹੋ ਸਕਦਾ ਹੈ**

ਓਪੇਕ ਤੋਂ ਯੂਏਈ ਦੇ ਬਾਹਰ ਨਿਕਲਣ ਨਾਲ ਭਾਰਤ ਨੂੰ ਫਾਇਦਾ ਹੋਣ ਦੀ ਸੰਭਾਵਨਾ ਹੈ ਕਿਉਂਕਿ ਇਸ ਨਾਲ ਲਾਗਤਾਂ ਘਟਾਉਣ ਅਤੇ ਸਪਲਾਈ ਤੱਕ ਪਹੁੰਚ ਵਿੱਚ ਸੁਧਾਰ ਹੋਣ ਦੀ ਉਮੀਦ ਹੈ। ਯੂਏਈ ਆਪਣੇ ਆਪ ਨੂੰ ਓਪੇਕ ਕੋਟੇ ਤੋਂ ਮੁਕਤ ਕਰਕੇ ਆਪਣੀ ਉਤਪਾਦਨ ਸਮਰੱਥਾ ਵਧਾਉਣਾ ਚਾਹੁੰਦਾ ਹੈ ਅਤੇ ਮੰਗ ਬਣੀ ਰਹਿਣ 'ਤੇ ਆਪਣੇ ਭੰਡਾਰ ਵੇਚਣਾ ਜਾਰੀ ਰੱਖਣਾ ਚਾਹੁੰਦਾ ਹੈ। ਜੇਕਰ ਭਾਰਤ ਯੂਏਈ ਤੋਂ ਹੋਰ ਤੇਲ ਖਰੀਦਦਾ ਹੈ ਤਾਂ ਭਾਰਤ ਦੀਆਂ ਆਯਾਤ ਲਾਗਤਾਂ ਘੱਟ ਸਕਦੀਆਂ ਹਨ। "ਓਪੇਕ ਤੋਂ ਯੂਏਈ ਦੇ ਬਾਹਰ ਨਿਕਲਣ ਨਾਲ ਮੱਧਮ ਸਮੇਂ ਵਿੱਚ ਵਿਸ਼ਵਵਿਆਪੀ ਤੇਲ ਸਪਲਾਈ ਵਧਣ ਦੀ ਸੰਭਾਵਨਾ ਹੈ, ਜਿਸ ਨਾਲ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਨਰਮੀ ਆ ਸਕਦੀ ਹੈ। ਇਸ ਲਈ, ਇਹ ਭਾਰਤ ਦੇ ਆਯਾਤ ਬਿੱਲ ਅਤੇ ਮਹਿੰਗਾਈ ਲਈ ਲਾਭਦਾਇਕ ਹੋ ਸਕਦਾ ਹੈ," ਗ੍ਰਾਂਟ ਥੋਰਨਟਨ ਇੰਡੀਆ ਦੇ ਤੇਲ ਅਤੇ ਗੈਸ ਦੇ ਸਾਥੀ ਸੌਰਵ ਮਿੱਤਰਾ ਨੇ ਫਾਈਨੈਂਸ਼ੀਅਲ ਐਕਸਪ੍ਰੈਸ ਨੂੰ ਦੱਸਿਆ।




ਨਵੀਂ ਦਿੱਲੀ,-ਭਾਰਤ ਮਹਿੰਗਾਈ ਵਧਣ ਦਾ ਖ਼ਤਰਾ ਹੈ। ਮਾਹਿਰਾਂ ਨੇ ਚਿੰਤਾ ਪ੍ਰਗਟ ਕੀਤੀ ਹੈ ਕਿ ਦੇਸ਼ ਦੀ ਮਹਿੰਗਾਈ ਦਰ RBI ਦੇ 5% ਦੇ ਟੀਚੇ ਤੋਂ ਵੱਧ ਹੋ ਸਕਦੀ ਹੈ। ਅਮਰੀਕਾ-ਈਰਾਨ ਯੁੱਧ ਨੇ ਕਈ ਦੇਸ਼ਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ, ਕੁਝ 'ਤੇ ਹਮਲਾ ਹੋਇਆ, ਅਤੇ ਇਸ ਯੁੱਧ ਕਾਰਨ ਸਪਲਾਈ ਚੇਨ ਵਿੱਚ ਵਿਘਨ ਪੈਣ ਕਾਰਨ ਕਈ ਦੇਸ਼ਾਂ ਵਿੱਚ ਮਹਿੰਗਾਈ ਵਧ ਗਈ। ਭਾਰਤ ਨੂੰ ਤੇਲ ਅਤੇ LPG ਦੀ ਵੀ ਕਮੀ ਦਾ ਸਾਹਮਣਾ ਕਰਨਾ ਪਿਆ, ਪਰ ਮਹਿੰਗਾਈ ਇੰਨੀ ਗੰਭੀਰ ਨਹੀਂ ਸੀ। ਹੁਣ, ਇੱਕ ਰਿਪੋਰਟ ਸਾਹਮਣੇ ਆਈ ਹੈ ਜੋ ਸੁਝਾਅ ਦਿੰਦੀ ਹੈ ਕਿ ਭਾਰਤ ਵਿੱਚ ਮਹਿੰਗਾਈ ਵਧ ਸਕਦੀ ਹੈ। ਮੁੱਖ ਨੁਕਤਾ ਇਹ ਹੈ ਕਿ ਮਹਿੰਗਾਈ ਦਾ ਹਮਲਾ ਅਮਰੀਕਾ-ਈਰਾਨ ਯੁੱਧ ਕਾਰਨ ਨਹੀਂ, ਸਗੋਂ ਗਰਮੀ ਅਤੇ ਗਰਮੀ ਦੀਆਂ ਲਹਿਰਾਂ ਕਾਰਨ ਹੈ।

ਸਖ਼ਤ ਗਰਮੀ ਨੇ ਦੇਸ਼ ਨੂੰ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ ਹੈ, ਅਤੇ ਅਪ੍ਰੈਲ ਵਿੱਚ ਹੀ, ਬਹੁਤ ਸਾਰੇ ਭਾਰਤੀ ਰਾਜ "ਅੱਗ ਦੀ ਭੱਠੀ" ਬਣ ਗਏ ਹਨ। ਬਲੂਮਬਰਗ ਦੀ ਇੱਕ ਰਿਪੋਰਟ ਦੇ ਅਨੁਸਾਰ, ਭਾਰਤ ਨੂੰ ਇਸ ਸਾਲ ਗਰਮੀ ਦੀਆਂ ਲਹਿਰਾਂ ਅਤੇ ਆਮ ਨਾਲੋਂ ਘੱਟ ਬਾਰਿਸ਼ ਕਾਰਨ ਮਹਿੰਗਾਈ ਦੇ ਜੋਖਮ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਹ ਦੋਹਰਾ ਹਮਲਾ ਪਹਿਲਾਂ ਹੀ ਵਧ ਰਹੇ ਊਰਜਾ ਲਾਗਤ ਸੰਕਟ ਦੇ ਵਿਚਕਾਰ ਨਵੇਂ ਆਰਥਿਕ ਦਬਾਅ ਪੈਦਾ ਕਰ ਰਿਹਾ ਹੈ। ਇਸ ਹਫ਼ਤੇ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਤਾਪਮਾਨ 47 ਡਿਗਰੀ ਸੈਲਸੀਅਸ (117 ਡਿਗਰੀ ਫਾਰਨਹੀਟ) ਤੱਕ ਪਹੁੰਚ ਗਿਆ, ਅਤੇ ਘਰਾਂ ਨੂੰ ਠੰਡਾ ਕਰਨ ਲਈ ਏਅਰ ਕੰਡੀਸ਼ਨਰਾਂ ਅਤੇ ਪੱਖਿਆਂ ਦੀ ਵਧਦੀ ਵਰਤੋਂ ਨੇ ਦੇਸ਼ ਵਿੱਚ ਊਰਜਾ ਦੀ ਮੰਗ ਨੂੰ ਰਿਕਾਰਡ ਉੱਚ ਪੱਧਰ 'ਤੇ ਪਹੁੰਚਾ ਦਿੱਤਾ ਹੈ।

ਸਰਕਾਰ ਨੇ ਜੂਨ-ਸਤੰਬਰ ਦੇ ਮਾਨਸੂਨ ਸੀਜ਼ਨ ਦੌਰਾਨ ਆਮ ਤੋਂ ਘੱਟ ਬਾਰਿਸ਼ ਦੀ ਭਵਿੱਖਬਾਣੀ ਵੀ ਕੀਤੀ ਹੈ, ਜੋ ਕਿ ਖੇਤੀਬਾੜੀ ਗਤੀਵਿਧੀਆਂ ਲਈ ਜ਼ਰੂਰੀ ਹੈ। ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਬੈਂਕਿੰਗ ਗਰੁੱਪ ਦੇ ਅਰਥਸ਼ਾਸਤਰੀ ਧੀਰਜ ਨਿਮ ਦਾ ਕਹਿਣਾ ਹੈ ਕਿ ਲਗਾਤਾਰ ਗਰਮੀ ਦੀ ਲਹਿਰ ਅਤੇ ਅਨਿਯਮਿਤ ਮਾਨਸੂਨ ਨੇ ਭੋਜਨ ਦੀਆਂ ਕੀਮਤਾਂ ਵਿੱਚ ਵਾਧੇ ਦਾ ਜੋਖਮ ਵਧਾ ਦਿੱਤਾ ਹੈ, ਜੋ ਕਿ ਹੁਣ ਤੱਕ ਸਥਿਰ ਰਿਹਾ ਹੈ। ਬਾਰਿਸ਼ ਦੀ ਭਵਿੱਖਬਾਣੀ, ਊਰਜਾ ਦੀਆਂ ਕੀਮਤਾਂ ਵਿੱਚ ਵਾਧੇ ਅਤੇ ਖੇਤੀਬਾੜੀ ਲਾਗਤਾਂ ਦੇ ਨਾਲ, ਭਵਿੱਖ ਵਿੱਚ ਭੋਜਨ ਦੀਆਂ ਕੀਮਤਾਂ ਵਿੱਚ ਗੰਭੀਰ ਵਾਧਾ ਕਰ ਸਕਦੀ ਹੈ।

ਗਰਮੀ ਦੀ ਲਹਿਰ, ਇੱਕ ਕਮਜ਼ੋਰ ਮਾਨਸੂਨ, ਅਤੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਨੇ ਭਾਰਤ ਵਿੱਚ ਮਹਿੰਗਾਈ ਦਾ ਡਰ ਪੈਦਾ ਕੀਤਾ ਹੈ। ਧੀਰਜ ਨਿਮ ਦਾ ਕਹਿਣਾ ਹੈ ਕਿ ਇਸ ਵਿੱਤੀ ਸਾਲ ਲਈ ਔਸਤ ਮਹਿੰਗਾਈ ਦਰ, ਜੋ ਕਿ 1 ਅਪ੍ਰੈਲ ਤੋਂ ਸ਼ੁਰੂ ਹੋਈ ਸੀ, ਲਗਭਗ 5% (ਭਾਰਤ ਮਹਿੰਗਾਈ) ਹੋਵੇਗੀ, ਜੋ ਕਿ ਭਾਰਤੀ ਰਿਜ਼ਰਵ ਬੈਂਕ (RBI) ਦੇ 4.6% ਦੇ ਅਨੁਮਾਨ ਤੋਂ ਵੱਧ ਹੈ। ਪਿਛਲੇ ਸਾਲ ਦੇ ਜ਼ਿਆਦਾਤਰ ਸਮੇਂ ਲਈ, ਭਾਰਤ ਵਿੱਚ ਮਹਿੰਗਾਈ ਰਿਜ਼ਰਵ ਬੈਂਕ ਦੇ 4% ਟੀਚੇ ਤੋਂ ਹੇਠਾਂ ਰਹੀ, ਮੁੱਖ ਤੌਰ 'ਤੇ ਸਬਜ਼ੀਆਂ ਦੀਆਂ ਕੀਮਤਾਂ ਵਿੱਚ ਗਿਰਾਵਟ ਕਾਰਨ। ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਇਸ ਵਾਰ, ਇਹ ਪ੍ਰਤੀਕੂਲ ਮੌਸਮੀ ਸਥਿਤੀਆਂ ਕਾਰਨ ਵਧ ਸਕਦੀ ਹੈ।

ਇਹ ਧਿਆਨ ਦੇਣ ਯੋਗ ਹੈ ਕਿ ਖੁਰਾਕੀ ਉਤਪਾਦਾਂ ਦਾ ਖਪਤਕਾਰ ਮੁੱਲ ਸੂਚਕਾਂਕ (CPI) ਵਿੱਚ 37% ਯੋਗਦਾਨ ਹੈ ਅਤੇ ਮਹਿੰਗਾਈ ਸ਼੍ਰੇਣੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤੀ ਆਬਾਦੀ ਦਾ 60% ਤੋਂ ਵੱਧ ਪੇਂਡੂ ਖੇਤਰਾਂ ਵਿੱਚ ਰਹਿੰਦਾ ਹੈ ਅਤੇ ਆਪਣੀ ਰੋਜ਼ੀ-ਰੋਟੀ ਲਈ ਸਿੱਧੇ ਤੌਰ 'ਤੇ ਖੇਤੀਬਾੜੀ ਅਤੇ ਸੰਬੰਧਿਤ ਗਤੀਵਿਧੀਆਂ 'ਤੇ ਨਿਰਭਰ ਕਰਦਾ ਹੈ। ਮਾੜੀ ਫ਼ਸਲ ਆਮਦਨ ਨੂੰ ਪ੍ਰਭਾਵਤ ਕਰ ਸਕਦੀ ਹੈ, ਪੇਂਡੂ ਖੇਤਰਾਂ ਵਿੱਚ ਮੰਗ ਘਟਾ ਸਕਦੀ ਹੈ, ਅਤੇ ਆਰਥਿਕ ਵਿਕਾਸ ਨੂੰ ਨਕਾਰਾਤਮਕ ਤੌਰ 'ਤੇ ਪ੍ਰਭਾਵਤ ਕਰ ਸਕਦੀ ਹੈ।

ਰਿਪੋਰਟ ਵਿੱਚ ਇਹ ਵੀ ਚੇਤਾਵਨੀ ਦਿੱਤੀ ਗਈ ਹੈ ਕਿ ਭੋਜਨ ਦੀਆਂ ਕੀਮਤਾਂ ਵਿੱਚ ਵਾਧੇ ਅਤੇ ਵਧਦੀਆਂ ਊਰਜਾ ਕੀਮਤਾਂ ਦਾ ਝਟਕਾ RBI ਦੀ ਮੁਦਰਾ ਨੀਤੀ ਨੂੰ ਗੁੰਝਲਦਾਰ ਬਣਾ ਦੇਵੇਗਾ। ਇਸ ਮਹੀਨੇ ਦੇ ਸ਼ੁਰੂ ਵਿੱਚ, ਕੇਂਦਰੀ ਬੈਂਕ ਦੇ ਗਵਰਨਰ ਸੰਜੇ ਮਲਹੋਤਰਾ ਨੇ ਸੰਕੇਤ ਦਿੱਤਾ ਸੀ ਕਿ RBI ਮਹਿੰਗਾਈ ਅਤੇ ਵਿਕਾਸ ਜੋਖਮਾਂ ਦਾ ਮੁਲਾਂਕਣ ਕਰਨ ਲਈ ਕੁਝ ਸਮੇਂ ਲਈ ਸਥਿਤੀ ਨੂੰ ਬਰਕਰਾਰ ਰੱਖੇਗਾ। ਇਹ ਅਨੁਮਾਨ ਲਗਾਇਆ ਗਿਆ ਸੀ ਕਿ ਭਾਰਤੀ ਅਰਥਵਿਵਸਥਾ ਇਸ ਵਿੱਤੀ ਸਾਲ ਵਿੱਚ 6.9% ਦੀ ਦਰ ਨਾਲ ਵਧੇਗੀ। ਅਮਰੀਕਾ-ਈਰਾਨ ਜੰਗ, ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤਣਾਅ ਵਧਿਆ

ਬਲੂਮਬਰਗ ਦੇ ਅਰਥਸ਼ਾਸਤਰੀ ਅਭਿਸ਼ੇਕ ਗੁਪਤਾ ਦਾ ਅਨੁਮਾਨ ਹੈ ਕਿ ਜੇਕਰ ਮੌਨਸੂਨ ਬਾਰਿਸ਼ ਆਮ ਨਾਲੋਂ ਘੱਟ ਹੁੰਦੀ ਹੈ, ਤਾਂ ਇਸ ਵਿੱਤੀ ਸਾਲ ਵਿੱਚ ਮਹਿੰਗਾਈ 5.8% ਤੱਕ ਪਹੁੰਚ ਸਕਦੀ ਹੈ। ਉਨ੍ਹਾਂ ਨੇ 2023 ਦੇ ਸਾਲ ਨੂੰ ਯਾਦ ਕੀਤਾ, ਜਦੋਂ ਬਾਰਿਸ਼ ਆਮ ਨਾਲੋਂ 5.4% ਘੱਟ ਸੀ। ਫਸਲਾਂ ਦੇ ਉਤਪਾਦਨ ਵਿੱਚ 3.5% ਦੀ ਗਿਰਾਵਟ ਆਈ, ਜਦੋਂ ਕਿ ਔਸਤ ਖੁਰਾਕ ਮਹਿੰਗਾਈ 8% ਤੱਕ ਵਧ ਗਈ।

ਉਨ੍ਹਾਂ ਅੱਗੇ ਕਿਹਾ ਕਿ ਘੱਟ ਬਾਰਿਸ਼ ਕਾਰਨ, ਕਿਸਾਨਾਂ ਨੂੰ ਆਪਣੇ ਖੇਤਾਂ ਦੀ ਸਿੰਚਾਈ ਲਈ ਡੀਜ਼ਲ ਨਾਲ ਚੱਲਣ ਵਾਲੇ ਸਿੰਚਾਈ ਪ੍ਰਣਾਲੀਆਂ ਦੀ ਵਰਤੋਂ ਕਰਨ ਲਈ ਮਜਬੂਰ ਕੀਤਾ ਜਾ ਸਕਦਾ ਹੈ। ਇਸ ਨਾਲ ਖੇਤੀਬਾੜੀ ਦੀ ਲਾਗਤ ਵਧੇਗੀ। ਜਦੋਂ ਕਿ ਅਮਰੀਕਾ ਅਤੇ ਈਰਾਨ (ਅਮਰੀਕਾ-ਈਰਾਨ ਜੰਗ)

# ਵਿਦੇਸ਼ ਵਿੱਚ ਪੜ੍ਹਾਈ ਕਰਨਾ ਸੁਪਨਾ ਹੈ ਜਾਂ ਸੰਘਰਸ਼?



ਕੈਨੇਡਾ ਵਿੱਚ ਇੱਕ ਭਾਰਤੀ ਵਿਦਿਆਰਥਣ ਜੋਤੀ ਖਰਾਇਤ ਦਾ ਇੱਕ ਵੀਡੀਓ ਵਾਇਰਲ ਹੋ ਰਿਹਾ ਹੈ। ਕਾਲਜ ਤੋਂ ਸਿੱਧਾ ਨੌਕਰੀ ਕਰਨ ਦੀ ਉਸਦੀ ਮਜਬੂਰੀ ਵਿਦੇਸ਼ ਵਿੱਚ ਪੜ੍ਹਾਈ ਦੀ ਅਸਲ ਹਕੀਕਤ ਨੂੰ ਉਜਾਗਰ ਕਰਦੀ ਹੈ। ਸੋਸ਼ਲ ਮੀਡੀਆ 'ਤੇ ਲੋਕ ਕਹਿ ਰਹੇ ਹਨ ਕਿ ਇਹ ਸਿਰਫ਼ ਇੱਕ ਸੁਪਨਾ ਨਹੀਂ ਹੈ, ਇਹ ਇੱਕ ਰੋਜ਼ਾਨਾ ਸੰਘਰਸ਼ ਹੈ। ਵਿਦੇਸ਼ ਵਿੱਚ ਪੜ੍ਹਾਈ ਕਰਨ ਦਾ ਸੁਪਨਾ ਅਕਸਰ ਗੁਲਾਬੀ ਤਸਵੀਰਾਂ ਨਾਲ ਦੇਖਿਆ ਜਾਂਦਾ ਹੈ - ਵੱਡੇ ਕੈਂਪਸ, ਇੱਕ ਨਵੀਂ ਜ਼ਿੰਦਗੀ, ਅਤੇ ਬਿਹਤਰ ਮੌਕੇ। ਪਰ ਇਸ ਸੁਪਨੇ ਦੇ ਪਿੱਛੇ ਇੱਕ ਹਕੀਕਤ ਹੈ ਜਿੱਥੇ ਰੁਟੀਨ ਕਦੇ ਨਹੀਂ ਰੁਕਦੀ। ਕੈਨੇਡਾ ਵਿੱਚ ਇੱਕ ਭਾਰਤੀ ਵਿਦਿਆਰਥਣ ਜੋਤੀ ਖਰਾਇਤ ਦੁਆਰਾ ਇੱਕ ਵੀਡੀਓ ਨੇ ਇਸ ਹਕੀਕਤ ਨੂੰ ਉਜਾਗਰ ਕੀਤਾ ਹੈ ਅਤੇ ਹਜ਼ਾਰਾਂ ਲੋਕਾਂ ਨੂੰ ਸੋਚਣ ਲਈ ਪ੍ਰੇਰਿਤ ਕੀਤਾ ਹੈ। ਜੋਤੀ ਨੇ ਆਪਣੀ ਰੋਜ਼ਾਨਾ ਜ਼ਿੰਦਗੀ ਦੀ ਇੱਕ ਸੱਚੀ ਝਲਕ ਸਾਂਝੀ ਕੀਤੀ। ਵੀਡੀਓ ਵਿੱਚ, ਉਹ ਕਾਲਜ ਤੋਂ ਬਾਅਦ ਸਿੱਧੇ ਸਟਾਰਬਕਸ ਵਿੱਚ ਆਪਣੀ ਸ਼ਿਫਟ ਵਿੱਚ ਜਾਂਦੀ ਦਿਖਾਈ ਦੇ ਰਹੀ ਹੈ। ਉਸ ਕੋਲ ਆਰਾਮ ਕਰਨ ਲਈ ਲਗਭਗ ਕੋਈ ਸਮਾਂ ਨਹੀਂ ਹੈ। ਇਹੀ ਕਾਰਨ ਹੈ ਕਿ ਵੀਡੀਓ ਸੋਸ਼ਲ ਮੀਡੀਆ 'ਤੇ ਲੋਕਾਂ ਨਾਲ ਇੰਨੀ ਗੂੰਜਿਆ। ਵੀਡੀਓ ਵਿੱਚ, ਜੋਤੀ ਦੱਸਦੀ ਹੈ ਕਿ ਉਹ ਇੱਕ ਅਜਿਹੇ ਚੱਕਰ ਵਿੱਚ ਫਸੀ ਹੋਈ ਹੈ ਜਿੱਥੇ ਪੜ੍ਹਾਈ ਅਤੇ ਕੰਮ ਅਟੁੱਟ ਹਨ। ਉਹ ਕਹਿੰਦੀ ਹੈ ਕਿ ਸਕੂਲ ਜਾਣ ਲਈ ਫੀਸਾਂ ਦੀ ਲੋੜ ਹੁੰਦੀ ਹੈ, ਅਤੇ ਫੀਸਾਂ ਦੇਣ ਲਈ ਨੌਕਰੀ ਦੀ ਲੋੜ ਹੁੰਦੀ ਹੈ। ਇਹ ਚੱਕਰ ਉਸਦੀ ਜ਼ਿੰਦਗੀ ਨੂੰ ਹਰ ਰੋਜ਼ ਨਿਰਦੇਸ਼ਤ ਕਰਦਾ ਹੈ: ਕਲਾਸ, ਕੰਮ, ਯਾਤਰਾ, ਅਤੇ ਫਿਰ ਉਹੀ ਰੁਟੀਨ। ਇਹ ਰੁਝੇਵੇਂ ਵਾਲਾ ਸਮਾਂ-ਸਾਰਣੀ ਰੁਕਣ ਲਈ ਬਹੁਤ ਘੱਟ ਜਗ੍ਹਾ ਦਿੰਦੀ ਹੈ, ਫਿਰ ਵੀ ਉਹ ਲਗਾਤਾਰ ਕੰਮ ਕਰਦੀ ਰਹਿੰਦੀ ਹੈ। ਜੋਤੀ ਦਾ ਅਨੁਭਵ ਸਿਰਫ਼ ਉਸਦੀ ਆਪਣੀ ਕਹਾਣੀ ਨਹੀਂ ਹੈ, ਸਗੋਂ ਵਿਦੇਸ਼ਾਂ ਵਿੱਚ ਪੜ੍ਹ ਰਹੇ ਬਹੁਤ ਸਾਰੇ ਵਿਦਿਆਰਥੀਆਂ ਦੀ ਹਕੀਕਤ ਹੈ।

ਅਜਿਹੇ ਵਿਦਿਆਰਥੀਆਂ ਲਈ, ਪਾਰਟ-ਟਾਈਮ ਨੌਕਰੀਆਂ ਸਿਰਫ਼ ਵਾਧੂ ਆਮਦਨ ਦਾ ਸਰੋਤ ਨਹੀਂ ਹਨ, ਸਗੋਂ ਇੱਕ ਜ਼ਰੂਰਤ ਹਨ। ਟਿਊਸ਼ਨ, ਕਿਰਾਏ ਅਤੇ ਰੋਜ਼ਾਨਾ ਖਰਚਿਆਂ ਨੂੰ ਪੂਰਾ ਕਰਨ ਲਈ ਉਹਨਾਂ ਨੂੰ ਪੜ੍ਹਾਈ ਦੌਰਾਨ ਲੰਬੇ ਘੰਟੇ ਕੰਮ ਕਰਨਾ ਪੈਂਦਾ ਹੈ। ਹਰ ਦਿਨ ਇੱਕ ਸੰਤੁਲਨ ਵਾਲਾ ਕੰਮ ਬਣ ਜਾਂਦਾ ਹੈ। ਹਾਲਾਂਕਿ, ਇਹ ਵੀਡੀਓ ਨਾ ਸਿਰਫ਼ ਸੰਘਰਸ਼ ਨੂੰ ਦਰਸਾਉਂਦਾ ਹੈ, ਸਗੋਂ ਇੱਕ ਸਕਾਰਾਤਮਕ ਦ੍ਰਿਸ਼ਟੀਕੋਣ ਨੂੰ ਵੀ ਦਰਸਾਉਂਦਾ ਹੈ। ਥਕਾਵਟ ਅਤੇ ਦਬਾਅ ਦੇ ਬਾਵਜੂਦ, ਜੋਤੀ ਯਾਤਰਾ ਵਿੱਚ ਖੁਸ਼ੀ ਲੱਭਣ ਬਾਰੇ ਗੱਲ ਕਰਦੀ ਹੈ। ਇਹ ਦ੍ਰਿਸ਼ਟੀਕੋਣ ਜ਼ਿਆਦਾਤਰ ਲੋਕਾਂ ਨਾਲ ਗੂੰਜਦਾ ਹੈ ਅਤੇ ਉਹਨਾਂ ਨੂੰ ਇਸ ਕਹਾਣੀ ਨਾਲ ਜੋੜਦਾ ਹੈ।ਵੀਡੀਓ ਨੇ ਸੋਸ਼ਲ ਮੀਡੀਆ 'ਤੇ ਹਮਦਰਦੀ ਪ੍ਰਾਪਤ ਕੀਤੀ ਹੈ। ਬਹੁਤ ਸਾਰੇ ਉਪਭੋਗਤਾਵਾਂ ਨੇ ਇਸਨੂੰ ਆਪਣੇ ਜੀਵਨ ਨਾਲ ਸੰਬੰਧਿਤ ਦੱਸਿਆ, ਜਦੋਂ ਕਿ ਦੂਜਿਆਂ ਨੇ ਇਸਨੂੰ ਵਿਦੇਸ਼ ਵਿੱਚ ਵਿਦਿਆਰਥੀ ਜੀਵਨ ਦੀ ਇੱਕ ਸੱਚੀ ਤਸਵੀਰ ਕਿਹਾ। ਲੋਕਾਂ ਨੇ ਖਾਸ ਤੌਰ 'ਤੇ ਇਸ ਤੱਥ ਦੀ ਸ਼ਲਾਘਾ ਕੀਤੀ ਕਿ ਇਸਨੂੰ ਬਿਨਾਂ ਕਿਸੇ ਦਿਖਾਵੇ ਦੇ ਪੇਸ਼ ਕੀਤਾ ਗਿਆ ਸੀ।

# ਪਾਕਿਸਤਾਨ ਵਿੱਚ 1 ਕਰੋੜ ਲੋਕ ਭੁੱਖਮਰੀ ਦਾ ਸ਼ਿਕਾਰ

ਇਸਲਾਮਾਬਾਦ—ਪਾਕਿਸਤਾਨ ਨੂੰ ਗੰਭੀਰ ਭੁੱਖਮਰੀ ਦਾ ਸਾਹਮਣਾ ਕਰ ਰਹੇ 10 ਦੇਸ਼ਾਂ ਵਿੱਚ ਸੂਚੀਬੱਧ ਕੀਤਾ ਗਿਆ ਹੈ। 2026 ਦੀ ਗਲੋਬਲ ਰਿਪੋਰਟ ਆਨ ਫੂਡ ਕਰਾਈਸਿਸ ਵਿੱਚ ਇਸਨੂੰ ਅਫਗਾਨਿਸਤਾਨ, ਨਾਈਜੀਰੀਆ ਅਤੇ ਯਮਨ ਵਰਗੇ ਦੇਸ਼ਾਂ ਦੇ ਨਾਲ-ਨਾਲ ਭੋਜਨ ਅਸੁਰੱਖਿਆ ਦੇ ਪ੍ਰਮੁੱਖ ਕੇਂਦਰਾਂ ਵਿੱਚੋਂ ਇੱਕ ਵਜੋਂ ਸੂਚੀਬੱਧ ਕੀਤਾ ਗਿਆ ਹੈ। ਸ਼ੁੱਕਰਵਾਰ ਨੂੰ ਜਾਰੀ ਕੀਤੀ ਗਈ ਸੰਯੁਕਤ ਰਾਸ਼ਟਰ ਦੀ ਇੱਕ ਰਿਪੋਰਟ ਦੇ ਅਨੁਸਾਰ, ਪਾਕਿਸਤਾਨ ਵਿਸ਼ਵ ਪੱਧਰ 'ਤੇ ਭੋਜਨ ਦੀ ਕਮੀ ਦੇ ਸਭ ਤੋਂ ਵੱਧ ਪੱਧਰ ਵਾਲੇ 10 ਸਭ ਤੋਂ ਕਮਜ਼ੋਰ ਦੇਸ਼ਾਂ ਵਿੱਚੋਂ ਇੱਕ ਬਣਿਆ ਹੋਇਆ ਹੈ। ਸਖ਼ਤ ਜਲਵਾਯੂ ਪਰਿਵਰਤਨ ਅਤੇ ਨਿਰੰਤਰ ਆਰਥਿਕ ਚੁਣੌਤੀਆਂ ਦੇਸ਼ 'ਤੇ ਦਬਾਅ ਪਾ ਰਹੀਆਂ ਹਨ।

2026 ਦੀ ਗਲੋਬਲ ਰਿਪੋਰਟ ਆਨ ਫੂਡ ਕਰਾਈਸਿਸ ਵਿੱਚ ਪਾਕਿਸਤਾਨ ਨੂੰ ਅਫਗਾਨਿਸਤਾਨ, ਬੰਗਲਾਦੇਸ਼, ਕਾਂਗੋ ਲੋਕਤੰਤਰੀ ਗਣਰਾਜ, ਮਿਆਂਮਾਰ, ਨਾਈਜੀਰੀਆ, ਦੱਖਣੀ ਸੁਡਾਨ, ਸੁਡਾਨ, ਸੀਰੀਆ ਅਤੇ ਯਮਨ ਦੇ ਨਾਲ-ਨਾਲ ਗੰਭੀਰ ਭੁੱਖਮਰੀ ਦੇ ਪ੍ਰਮੁੱਖ ਕੇਂਦਰਾਂ ਵਿੱਚੋਂ ਇੱਕ ਵਜੋਂ ਸੂਚੀਬੱਧ ਕੀਤਾ ਗਿਆ ਹੈ। ਰਿਪੋਰਟ ਦੇ ਅਨੁਸਾਰ, 2025 ਵਿੱਚ, ਪਾਕਿਸਤਾਨ ਦੁਨੀਆ ਦੇ ਸਭ ਤੋਂ ਵੱਧ ਭੋਜਨ ਦੀ ਕਮੀ ਵਾਲੇ 10 ਦੇਸ਼ਾਂ ਵਿੱਚ ਸ਼ਾਮਲ ਸੀ, ਲਗਭਗ 11 ਮਿਲੀਅਨ ਲੋਕ ਗੰਭੀਰ ਭੋਜਨ ਦੀ ਕਮੀ ਦਾ ਸਾਹਮਣਾ ਕਰ ਰਹੇ ਸਨ। ਪਾਕਿਸਤਾਨ ਵਿੱਚ ਪ੍ਰਭਾਵਿਤ ਲੋਕਾਂ ਵਿੱਚੋਂ, 9.3 ਮਿਲੀਅਨ ਸੰਕਟ ਦੀ ਸਥਿਤੀ ਵਿੱਚ ਸਨ, ਅਤੇ 1.7 ਮਿਲੀਅਨ ਗੰਭੀਰ ਭੋਜਨ ਅਸੁਰੱਖਿਆ ਵਿੱਚ ਸਨ, ਜੋ ਉਦੋਂ ਵਾਪਰਦਾ ਹੈ ਜਦੋਂ ਭੋਜਨ ਤੱਕ ਪਹੁੰਚ ਇੰਨੀ ਸੀਮਤ ਹੋ ਜਾਂਦੀ ਹੈ ਕਿ ਇਹ ਬਚਾਅ ਲਈ ਖ਼ਤਰਾ ਬਣ ਜਾਂਦੀ ਹੈ। ਰਿਪੋਰਟ ਵਿੱਚ ਪਾਕਿਸਤਾਨ ਵਿੱਚ ਭੋਜਨ ਅਸੁਰੱਖਿਆ ਦੇ ਬਣੇ ਰਹਿਣ ਦੇ ਇੱਕ ਵੱਡੇ ਕਾਰਨ ਵਜੋਂ ਅਤਿਅੰਤ ਮੌਸਮੀ ਤਬਦੀਲੀਆਂ ਦਾ ਹਵਾਲਾ ਦਿੱਤਾ ਗਿਆ ਹੈ।

ਇਹ ਖਾਸ ਤੌਰ 'ਤੇ ਭਾਰੀ ਬਾਰਿਸ਼ ਅਤੇ ਹੜ੍ਹਾਂ ਦਾ ਹਵਾਲਾ ਦਿੰਦਾ ਹੈ, ਜਿਸ ਨੇ ਕੁਝ ਖੇਤਰਾਂ ਵਿੱਚ ਫਸਲਾਂ ਨੂੰ ਕਾਫ਼ੀ ਨੁਕਸਾਨ ਪਹੁੰਚਾਇਆ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ, "2025 ਵਿੱਚ, ਦੁਨੀਆ ਭਰ ਵਿੱਚ ਗੰਭੀਰ ਹੜ੍ਹ ਦਰਜ ਕੀਤੇ ਗਏ, ਜਿਸ ਨਾਲ ਲੋਕਾਂ ਦੀ ਰੋਜ਼ੀ-ਰੋਟੀ ਅਤੇ ਭੋਜਨ ਸੁਰੱਖਿਆ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਪਾਕਿਸਤਾਨ ਵਿੱਚ, ਭਾਰੀ ਮਾਨਸੂਨ ਬਾਰਿਸ਼ ਅਤੇ ਅਚਾਨਕ ਹੜ੍ਹਾਂ ਨੇ 60 ਲੱਖ ਤੋਂ ਵੱਧ ਲੋਕਾਂ ਨੂੰ ਪ੍ਰਭਾਵਿਤ ਕੀਤਾ, ਖੇਤੀਬਾੜੀ ਜ਼ਮੀਨ ਅਤੇ ਬੁਨਿਆਦੀ ਢਾਂਚੇ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ।" ਤਾਜ਼ਾ ਰਿਪੋਰਟ ਦੇ ਪੋਸ਼ਣ ਵਿਸ਼ਲੇਸ਼ਣ ਵਿੱਚ ਪਾਕਿਸਤਾਨ ਦਾ ਵੀ ਜ਼ਿਕਰ ਕੀਤਾ ਗਿਆ ਹੈ, ਜਿਸ ਨੇ ਬਲੋਚਿਸਤਾਨ, ਖੈਬਰ ਪਖਤੂਨਖਵਾ ਅਤੇ ਸਿੰਧ ਨੂੰ ਚਿੰਤਾ ਦੇ ਖੇਤਰਾਂ ਵਜੋਂ ਪਛਾਣਿਆ ਹੈ। ਵਿਸ਼ਵਵਿਆਪੀ ਟਕਰਾਅ, ਸੋਕਾ ਅਤੇ ਮਨੁੱਖੀ ਸਹਾਇਤਾ ਦੀ ਘਾਟ ਇਸ ਸਾਲ ਭੁੱਖਮਰੀ ਦੇ ਪੱਧਰ ਨੂੰ ਉੱਚਾ ਰੱਖਣ ਦੀ ਉਮੀਦ ਹੈ, ਜਿਸ ਨਾਲ 2026 ਲਈ ਇੱਕ ਨਿਰਾਸ਼ਾਜਨਕ ਸੰਭਾਵਨਾ ਹੈ।




## ਜਨਗਣਨਾ-2027 ਤਹਿਤ ਜ਼ਿਲ੍ਹੇ 'ਚ ਸਵੈ-ਗਣਨਾ ਦੀ ਹੋਈ ਸ਼ੁਰੂਆਤ

ਅੰਮ੍ਰਿਤਸਰ, 30 ਅਪ੍ਰੈਲ ( ਬਬਲੂ ਮਹਾਜਨ) : ਜਨਗਣਨਾ-2027 ਦੇ ਪਹਿਲੇ ਪੜਾਅ ਤਹਿਤ ਅੱਜ ਅੰਮ੍ਰਿਤਸਰ ਜ਼ਿਲ੍ਹੇ ਵਿਚ ਸਵੈ-ਗਣਨਾ ਪ੍ਰਕਿਰਿਆ ਸ਼ੁਰੂ ਹੋ ਗਈ ਹੈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਨਲਾਈਨ ਸਵੈ-ਗਣਨਾ ਐਸ.ਈ ਪੋਰਟਲ ਉੱਤੇ 30 ਅਪ੍ਰੈਲ ਤੋਂ 14 ਮਈ ਤੱਕ ਕੀਤੀ ਜਾ ਸਕਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਵੈ-ਗਣਨਾ ਇਕ ਅਜਿਹੀ ਸਹੂਲਤ ਹੈ, ਜਿਸ ਰਾਹੀਂ ਜ਼ਿਲ੍ਹਾ ਵਾਸੀ ਖ਼ੁਦ ਹੀ ਆਪਣੀ ਜਾਣਕਾਰੀ ਸਰਕਾਰੀ ਪੋਰਟਲ 'ਤੇ ਦਰਜ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਲਈ ਨਾਗਰਿਕਾਂ ਨੂੰ ਸਰਕਾਰ ਦੇ ਅਧਿਕਾਰਤ ਜਨਗਣਨਾ ਪੋਰਟਲ 'ਤੇ ਜਾਣਾ ਹੋਵੇਗਾ। ਆਪਣੇ ਮੋਬਾਈਲ ਨੰਬਰ ਅਤੇ ਬੇਸਿਕ ਜਾਣਕਾਰੀ ਦੀ ਵਰਤੋਂ ਕਰਕੇ ਪੋਰਟਲ 'ਤੇ ਲਾਗਇਨ ਕਰਨਾ ਹੋਵੇਗਾ। ਇਸ ਤੋਂ ਬਾਅਦ ਪੋਰਟਲ 'ਤੇ ਮੰਗੇ ਗਏ ਵੇਰਵੇ ਦਰਜ ਕਰਨੇ ਹੋਣਗੇ। ਜਿਵੇਂ ਹੀ ਸਫ਼ਲਤਾਪੂਰਵਕ ਫਾਰਮ ਸਬਮਿਟ ਹੋਵੇਗਾ ਤਾਂ ਪੋਰਟਲ ਨਾਗਰਿਕ ਨੂੰ ਇਕ ਸੈਲਫ-ਐਨੂਮਰੇਸ਼ਨ ਆਈ.ਡੀ (ਐਸ.ਈ.ਆਈ.ਡੀ) ਜਨਰੇਟ ਕਰਕੇ ਦੇਵੇਗਾ, ਜਦੋਂ ਜਨਗਣਨਾ ਮੁਲਾਜ਼ਮ ਘਰ ਆਵੇਗਾ ਤਾਂ ਨਾਗਰਿਕ ਨੂੰ ਸਿਰਫ਼ ਇਹ ਆਈ.ਡੀ. ਦਿਖਾਉਣੀ ਹੋਵੇਗੀ। ਇਸ ਨਾਲ ਜਾਣਕਾਰੀ ਦੀ ਤਸਦੀਕ ਹੋ ਜਾਵੇਗੀ ਅਤੇ ਦੁਬਾਰਾ ਫਾਰਮ ਭਰਨ ਦੀ ਲੋੜ ਨਹੀਂ ਪਵੇਗੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ ਵਿਭਾਗ ਵੱਲੋਂ ਪਹਿਲੀ ਵਾਰ ਆਪਣੀ ਜਨਗਣਨਾ ਆਪ ਕਰਨ ਦਾ ਇਹ ਵਿਕਲਪ ਰੱਖਿਆ ਗਿਆ ਹੈ, ਜਿਸ ਦਾ ਨਾਗਰਿਕਾਂ ਨੂੰ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਵੈ-ਗਣਨਾ ਵਿਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਜਨਗਣਨਾ ਵਿਭਾਗ ਦਾ ਪੋਰਟਲ 14 ਮਈ ਤੱਕ ਖੁੱਲ੍ਹਾ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਗਿਣਤੀਕਾਰਾਂ ਵੱਲੋਂ 15 ਮਈ ਤੋਂ 13 ਜੂਨ ਤੱਕ ਫੀਲਡ ਸਰਵੇ ਸ਼ੁਰੂ ਕੀਤਾ ਜਾਵੇਗਾ, ਜਿਸ ਦੌਰਾਨ ਗਿਣਤੀਕਾਰ ਘਰ-ਘਰ ਜਾ ਕੇ ਡਾਟਾ ਇੰਦਰਾਜ ਕਰਨਗੇ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਜਨਗਣਨਾ ਲਈ ਇਕੱਤਰ ਕੀਤੀ ਗਈ ਸੂਚਨਾ ਸਰਕਾਰ ਵੱਲੋਂ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜਨਗਣਨਾ ਦਾ ਕੰਮ ਅਤਿ ਮਹੱਤਵਪੂਰਨ ਹੈ ਅਤੇ ਇਹ ਸਰਕਾਰ ਵੱਲੋਂ ਨਵੀਆਂ ਵਿਕਾਸ ਯੋਜਨਾਵਾਂ ਉਲੀਕਣ ਵਿਚ ਸਹਾਇਕ ਹੋਵੇਗਾ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਰਾਸ਼ਟਰੀ ਮਹੱਤਵ ਦੇ ਇਸ ਕਾਰਜ ਵਿਚ ਸਰਕਾਰ ਅਤੇ ਪ੍ਰਸ਼ਾਸਨ ਨੂੰ ਆਪਣਾ ਸਹਿਯੋਗ ਦੇਣ ਅਤੇ ਸਹੀ ਅਤੇ ਸਪੱਸ਼ਟ ਜਾਣਕਾਰੀ ਮੁਹੱਈਆ ਕਰਵਾਉਣ।

## ਖ਼ਾਲਸਾ ਐਜੂਕੇਸ਼ਨ ਕਾਲਜ ਵੱਲੋਂ ਵਿਦਿਆਰਥੀਆਂ ਦਾ 'ਇਕੋਲੋਜੀ ਵਾਚ' ਵਿੱਦਿਅਕ ਦੌਰਾ ਕਰਵਾਇਆ ਗਿਆ



ਅੰਮ੍ਰਿਤਸਰ, 30 ਅਪ੍ਰੈਲ (ਬਬਲੂ ਮਹਾਜਨ):ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਵਿਖੇ ਖਾਲਸਾ ਕਾਲਜ ਆਫ਼ ਐਜੂਕੇਸ਼ਨ ਜੀ. ਟੀ. ਰੋਡ ਵੱਲੋਂ ਬੀ. ਏ., ਬੀ.ਐੱਸਸੀ., ਬੀ.ਐਡ. ਸਮੈਸਟਰ ਚੌਥਾ ਦੇ ਵਿਦਿਆਰਥੀਆਂ ਲਈ 'ਇਕੋਲੋਜੀ ਵਾਚ' ਵਿਸ਼ੇ 'ਤੇ ਵਿੱਦਿਅਕ ਦੌਰਾ ਕਰਵਾਇਆ ਗਿਆ। ਇਸ ਵਿੱਦਿਅਕ ਫ਼ੇਰੀ ਦਾ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਣ ਸੰਤੁਲਨ, ਜਾਨਵਰਾਂ ਦੀ ਸਿਹਤ ਅਤੇ ਜਨਤਕ ਸਿਹਤ ਦੀ ਰੱਖਿਆ 'ਚ ਵੈਟਰਨਰੀ ਸਾਇੰਸ ਦੀ ਭੂਮਿਕਾ ਬਾਰੇ ਚਾਨਣਾ ਪਾਉਣਾ ਸੀ। ਇਸ ਸਬੰਧੀ ਵਾਤਾਵਰਣ ਅਧਾਰਿਤ ਸੈਸ਼ਨ ਦੇ ਉਦਘਾਟਨੀ ਭਾਸ਼ਣ ਦੀ ਸ਼ੁਰੂਆਤ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਨੇ ਵਾਤਾਵਰਣ, ਪਸ਼ੂ ਜਗਤ ਅਤੇ ਮਨੁੱਖ (ਹੋਮੋ ਸੇਪੀਅਨਸ) ਦਰਮਿਆਨ ਸੰਤੁਲਨ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ ਤਾਂ ਜੋ ਸਥਾਈ ਵਿਕਾਸ ਅਤੇ ਸਿਹਤਮੰਦ ਜੀਵਨ ਸੰਭਵ ਹੋ ਸਕੇ। ਇਸ ਮੌਕੇ ਵੀ. ਏ. ਐੱਚ. ਈ. ਈ. ਵਿਭਾਗ ਮੁੱਖੀ ਡਾ. ਐਸ.ਕੇ. ਕਾਂਸਲ ਨੇ ਕਿਹਾ ਕਿ ਅਧਿਆਪਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਆਪਣੇ ਆਸ-ਪਾਸ ਦੇ ਵਾਤਾਵਰਣ ਅਤੇ ਉਸਦੇ ਰੋਜ਼ਾਨਾ ਜੀਵਨ 'ਤੇ ਪੈਣ ਵਾਲੇ ਅਸਰਾਂ ਸਬੰਧੀ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ। ਇਸ ਤੋਂ ਇਲਾਵਾ ਡਾ. ਵਰਮਾ ਨੇ ਗੁਣਵੱਤਾ ਵਾਲੇ ਪਸ਼ੂ ਉਤਪਾਦਾਂ ਦੀ ਵੱਧਦੀ ਮੰਗ ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਦੀ ਪੂਰਤੀ ਲਈ ਜਾਨਵਰਾਂ, ਕੁਦਰਤ, ਪਾਣੀ, ਹਵਾ ਅਤੇ ਪੌਦਿਆਂ ਦੀ ਸੰਭਾਲ ਕਰਨੀ ਬਹੁਤ ਹੀ ਅਹਿਮ ਹੈ। ਇਸ ਮੌਕੇ ਡਾ. ਵਰਮਾ ਨੇ ਕਿਹਾ ਕਿ ਉਕਤ ਫੇਰੀ ਦੌਰਾਨ ਕਾਲਜ ਫੈਕਲਟੀ ਵੱਲੋਂ ਐਕਸਟੈਂਸ਼ਨ ਲੈਕਚਰ ਦਿੱਤੇ ਗਏ, ਜਿਸ ਦੌਰਾਨ ਵੈਟਰਨਰੀ ਅਤੇ ਪਸ਼ੂ ਪਾਲਣ ਵਿਸਥਾਰ ਸਿੱਖਿਆ ਵਿਭਾਗ ਤੋਂ ਸਹਾਇਕ ਪ੍ਰੋਫੈਸਰ ਡਾ. ਸਨੋਬਰ ਰਸੂਲ ਨੇ 'ਐਂਟੀਮਾਈਕ੍ਰੋਬਾਇਲ ਬਿਮਾਰੀਆਂ ਦਾ ਮੁਕਾਬਲਾ ਕਰਨ ਲਈ ਵੈਟਰਨਰੀ ਐਕਸਟੈਂਸ਼ਨ ਟੂਲਸ ਦਾ ਏਕੀਕ੍ਰਿਤ: ਵਨ ਹੈਲਥ ਐਪ੍ਰੋਚ' ਵਿਸ਼ੇ 'ਤੇ ਭਾਸ਼ਣ ਦਿੱਤਾ। ਉਨ੍ਹਾਂ ਨੇ ਐਂਟੀਮਾਈਕ੍ਰੋਬਾਇਲ ਪ੍ਰਤੀਰੋਧ ਨੂੰ ਹੱਲ ਕਰਨ ਅਤੇ ਟਿਕਾਊ ਪਸ਼ੂ ਪਾਲਣ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਵੈਟਰਨਰੀ, ਮੈਡੀਕਲ ਅਤੇ ਵਾਤਾਵਰਣ ਖੇਤਰਾਂ 'ਚ ਤਾਲਮੇਲ ਵਾਲੇ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਜਦਕਿ ਇਸੇ ਵਿਭਾਗ ਤੋਂ ਸਹਾਇਕ ਪ੍ਰੋਫੈਸਰ ਡਾ. ਮਨਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜ਼ੂਨੋਟਿਕ ਬਿਮਾਰੀਆਂ ਦੇ ਸੰਕਲਪ ਨਾਲ ਜਾਣੂ ਕਰਵਾਇਆ। ਉਨ੍ਹਾਂ ਨੇ ਇਸ ਦੀ ਫੈਲਾਵਟ ਦੇ ਤਰੀਕੇ, ਰੋਕਥਾਮ ਅਤੇ ਜਾਗਰੂਕਤਾ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਇਸ ਮੌਕੇ ਡਾ. ਵਰਮਾ ਨੇ ਕਿਹਾ ਕਿ ਇਹ ਪ੍ਰੋਗਰਾਮ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਇੰਟਰਐਕਟਿਵ ਸਾਬਤ ਹੋਇਆ। ਇਸ ਨਾਲ ਦੋਵੇਂ ਅਦਾਰਿਆਂ ਦਰਮਿਆਨ ਅਕਾਦਮਿਕ ਸਹਿਯੋਗ ਹੋਰ ਮਜ਼ਬੂਤ ਹੋਇਆ ਅਤੇ ਭਵਿੱਖ ਦੇ ਅਧਿਆਪਕਾਂ 'ਚ ਵਾਤਾਵਰਣ ਸਬੰਧੀ ਜ਼ਿੰਮੇਵਾਰੀ ਅਤੇ 'ਵਨ ਹੈਲਥ' ਦੇ ਸਿਧਾਂਤਾਂ ਸਬੰਧੀ ਜਾਗਰੂਕਤਾ ਨੂੰ ਉਤਸ਼ਾਹਿਤ ਕੀਤਾ।

## ਖ਼ਾਲਸਾ ਕਾਲਜ ਐਜੂਕੇਸ਼ਨ ਵਿਖੇ ਸਿਹਤ ਪ੍ਰਤੀ ਜਾਗਰੂਕਤਾ ਸਬੰਧੀ ਦੋ ਰੋਜ਼ਾ ਕੈਂਪ ਲਗਾਇਆ



ਅੰਮ੍ਰਿਤਸਰ, 30 ਅਪ੍ਰੈਲ (ਬਬਲੂ ਮਹਾਜਨ) : ਖਾਲਸਾ ਕਾਲਜ ਆਫ ਐਜੂਕੇਸ਼ਨ, ਜੀ.ਟੀ. ਰੋਡ ਵਿਖੇ ਸਿਹਤ ਪ੍ਰਤੀ ਜਾਗਰੂਕਤਾ ਸਬੰਧੀ ਦੋ ਰੋਜ਼ਾ ਕੈਂਪ ਲਗਾਇਆ ਗਿਆ। ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ 'ਚ ਖਾਲਸਾ ਕਾਲਜ ਆਫ਼ ਨਰਸਿੰਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ।ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਵਰਤਮਾਨ ਸਮੇਂ 'ਚ ਹਰੇਕ ਵਿਅਕਤੀ ਆਪਣੀ ਰੋਜ਼ਮਰਾ ਦੀ ਜ਼ਿੰਦਗੀ 'ਚ ਐਨਾ ਜਿਆਦਾ ਵਿਅਸਤ ਹੈ ਕਿ ਆਪਣੀ ਖੁਰਾਕ ਅਤੇ ਸਿਹਤ ਪੱਖੋਂ ਅਵੇਸਲ੍ਹਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਮੁਕਾਬਲੇ ਦੀ ਦੌੜ 'ਚ ਤਣਾਅ ਦਾ ਸ਼ਿਕਾਰ ਹੋ ਜਾਂਦਾ ਹੈ, ਜਿਸ ਸਦਕਾ ਸਿਹਤ ਦੇ ਪੱਧਰ 'ਚ ਦਿਨ-ਬ-ਦਿਨ ਗਿਰਾਵਟ ਆ ਰਹੀ ਹੈ ਤੇ ਜਿਆਦਾਤਰ ਵਿਅਕਤੀ ਵੱਖ-ਵੱਖ ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਇਸ ਲਈ ਸਮੇਂ-ਸਮੇਂ 'ਤੇ ਸਰੀਰ ਦਾ ਚੈਕਅੱਪ ਕਰਵਾਉਣਾ ਜ਼ਰੂਰੀ ਹੈ।ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਅਸਿਸਟੈਂਟ ਪ੍ਰੋਫੈਸਰ ਡਾ. ਜਸਪ੍ਰੀਤ ਕੌਰ ਨੇ ਨਰਸਿੰਗ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਦਿੱਤੇ ਗਏ ਸਹਿਯੋਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੈਂਪ 'ਚ 115 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਜਿਆਦਾਤਰ ਬੱਚਿਆਂ ਦਾ ਬਾਡੀ ਮਾਸ ਇੰਡੈਕਸ ਅਤੇ ਬਲੱਡ ਪ੍ਰੈਸ਼ਰ ਨਾਰਮਲ ਸੀ। ਇਸ ਕੈਂਪ ਉਪਰੰਤ ਡਾ. ਕੁਮਾਰ ਨੇ ਡਾ. ਜਸਪ੍ਰੀਤ ਕੌਰ ਨਾਲ ਮਿਲ ਕੇ ਸਟੂਡੈਂਟ ਵਲੰਟੀਅਰਜ਼ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ।

## ਸੁਖਦੇਵ ਸਿੰਘ ਕਾਦੀਆਂ ਯੂਥ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੇ ਪੰਜਾਬ ਪ੍ਰਧਾਨ ਨਿਯੁਕਤ



ਅੰਮ੍ਰਿਤਸਰ, 30 ਅਪ੍ਰੈਲ (ਬਬਲੂ ਮਹਾਜਨ) : ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਉਦੇਸ਼ ਨਾਲ ਅਹਿਮ ਫੈਸਲਾ ਲੈਂਦਿਆਂ ਸ੍ਰ ਸੁਖਦੇਵ ਸਿੰਘ ਕਾਦੀਆਂ ਨੂੰ ਯੂਥ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਭੇਜੇ ਗਏ ਪ੍ਰੈਸ ਨੋਟ ਰਾਹੀਂ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਦੇ ਦਸਤਖਤਾਂ ਹੇਠ ਪਾਰਟੀ ਲੈਟਰ ਹੈੱਡ ਦੁਆਰਾ ਇਹ ਜਾਣਕਾਰੀ ਸਾਂਝੀ ਕੀਤੀ ਗਈ। ਪਾਰਟੀ ਪ੍ਰਧਾਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਨਵੇਂ ਨਿਯੁਕਤ ਕੀਤੇ ਸੇਵਾਦਾਰਾਂ ਦੀਆਂ ਲੰਬੇ ਸਮੇਂ ਤੋਂ ਪੰਥਕ ਸੇਵਾਵਾਂ, ਜਜ਼ਬੇ ਅਤੇ ਨੌਜਵਾਨਾਂ ਵਿੱਚ ਮਜ਼ਬੂਤ ਪਕੜ ਨੂੰ ਧਿਆਨ ਵਿੱਚ ਰੱਖਦਿਆਂ ਇਹ ਜ਼ਿੰਮੇਵਾਰੀ ਸੌਂਪੀ ਹੈ। ਪਾਰਟੀ ਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਆਪਣੀ ਡਿਊਟੀ ਨੂੰ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਯੂਥ ਵਿੰਗ ਨੂੰ ਨਵੇਂ ਮੁਕਾਮਾਂ 'ਤੇ ਲੈ ਕੇ ਜਾਣਗੇ। ਇਸ ਦੇ ਨਾਲ ਹੀ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਪਕੜ ਮਜ਼ਬੂਤ ਕਰਨ ਲਈ ਇੱਕ 15 ਮੈਂਬਰੀ ਕਾਰਜਕਾਰੀ ਕਮੇਟੀ, ਚਾਰ ਜ਼ਿਲ੍ਹਾ ਪ੍ਰਧਾਨਾਂ ਅਤੇ ਤਿੰਨ ਮੁੱਖ ਬੁਲਾਰਿਆਂ ਦੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਜਿਨ੍ਹਾਂ ਵਿੱਚ ਸ੍ਰ ਕਾਬਲ ਸਿੰਘ, ਬੀਬੀ ਸਤਨਾਮ ਕੌਰ, ਬੀਬੀ ਸੰਦੀਪ ਕੌਰ, ਐਡਵੋਕੇਟ ਹਰਪਾਲ ਸਿੰਘ ਖਾਰਾ, ਸ੍ਰ ਪ੍ਰਿਥੀਪਾਲ ਸਿੰਘ ਬਟਾਲਾ, ਸ੍ਰ ਚਰਨਦੀਪ ਸਿੰਘ ਭਿੰਡਰ, ਸ੍ਰ ਗੁਰਲਾਲ ਸਿੰਘ ਸਖੀਰਾ, ਸ੍ਰ ਜਸਵਿੰਦਰ ਸਿੰਘ ਬਾਦਲ, ਸ੍ਰ ਅਵਤਾਰ ਸਿੰਘ ਜਵਾਹਰਕੇ, ਸ੍ਰ ਜਸਕਰਨ ਸਿੰਘ ਲੋਪੋਕੇ, ਐਡਵੋਕੇਟ ਗਗਨਦੀਪ ਸਿੰਘ ਗੋਰਾਇਆ, ਸ੍ਰ ਜਸ਼ਨਦੀਪ ਸਿੰਘ, ਡਾਕਟਰ ਮੇਹਰਦੀਨ ਸਿੰਘ ਮਲੇਰਕੋਟਲਾ, ਸ੍ਰ ਜਗਰੂਪ ਸਿੰਘ ਅਤੇ ਸ੍ਰ ਕਰਮ ਸਿੰਘ ਭੋਈਆਂ ਨੂੰ ਕਾਰਜਕਾਰੀ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸ੍ਰ ਜਗਦੀਪ ਸਿੰਘ ਕੰਸਾਲਾ (ਐਸ.ਏ.ਐਸ. ਨਗਰ ਮੋਹਾਲੀ), ਸ੍ਰ ਦਲਜੀਤ ਸਿੰਘ ਸੋਢੀ (ਰੂਪਨਗਰ), ਸ੍ਰ ਮਨਜਿੰਦਰ ਸਿੰਘ ਬੱਲ (ਬਟਾਲਾ) ਅਤੇ ਸ੍ਰ ਸਤਿੰਦਰਜੀਤ ਸਿੰਘ (ਗੁਰਦਾਸਪੁਰ) ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਅਗਲੇ ਤੌਰ 'ਤੇ ਸ੍ਰ ਨਰਿੰਦਰ ਸਿੰਘ ਭਿੰਡਰ, ਸ੍ਰ ਸੁਖਬੀਰ ਸਿੰਘ ਬਲਬੇਹੜਾ ਅਤੇ ਸ੍ਰ ਜਸ਼ਨਦੀਪ ਸਿੰਘ ਨੂੰ ਪਾਰਟੀ ਦੇ ਮੁੱਖ ਬੁਲਾਰਿਆਂ ਵੱਜੋਂ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵ-ਨਿਯੁਕਤ ਸਮੂਹ ਅੱਹੁਦੇਦਾਰਾਂ ਨੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਅਤੇ ਬੇਰੁਜ਼ਗਾਰੀ ਤੋਂ ਬਚਾਉਣ ਲਈ ਅਗਵਾਈ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਪੰਜਾਬ, ਪੰਥ ਅਤੇ ਜਵਾਨੀ ਦੇ ਹੱਕਾਂ ਲਈ ਲੜਦਾ ਆਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਸਰਕਾਰੀ ਐਲੀਮੈਂਟਰੀ ਸਕੂਲ 'ਚ ਬਣੇ ਕਲਾਸ ਰੂਮ ਦਾ ਉਦਘਾਟਨ ਪ੍ਰਮਜੀਤ ਕੌਰ ਵੱਲੋਂ ਕੀਤਾ ਗਿਆ



ਚੋਗਾਵਾਂ, 30 ਅਪ੍ਰੈਲ (ਸੁਬੇਗ ਸਿੰਘ ਸੋਨਾ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਤਹਿਤ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਯਤਨਾਂ ਸਦਕਾ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਕਲਾਸ ਰੂਮ ਸਥਾਪਿਤ ਕੀਤੇ ਜਾ ਰਹੇ ਹਨ। ਜਿਸ ਤਹਿਤ ਅੱਜ ਰਾਮਤੀਰਥ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ ਲੱਖਾਂ ਰੁਪਏ ਦੀ ਲਾਗਤ ਨਾਲ ਬਣੇ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਹਲਕਾ ਇੰਚਾਰਜ ਸੋਨੀਆ ਮਾਨ ਦੀ ਸਤਿਕਾਰਯੋਗ ਮਾਤਾ ਪ੍ਰਮਜੀਤ ਕੌਰ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ। ਉਹਨਾਂ ਕਿਹਾ ਕਿ ਹਲਕਾ ਰਾਜਾਸਾਂਸੀ ਦੇ ਸਰਕਾਰੀ ਸਕੂਲਾਂ ਨੂੰ ਹੋਰ ਵੀ ਸੁੰਦਰਗਰਾਮ ਬਣਾਇਆ ਜਾਵੇਗਾ, ਇਸ ਮੌਕੇ ਤੇ ਸਕੂਲ ਦੇ ਛੋਟੇ ਛੋਟੇ ਪਿਆਰੇ ਵਿਦਿਆਰਥੀਆਂ ਵੱਲੋਂ ਇੱਕ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਕੇ ਆਏ ਹੋਏ ਮਹਿਮਾਨਾਂ ਦਾ ਮਨ ਮੋਹ ਲਿਆ,

## ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਭੋਗ



ਅੰਮ੍ਰਿਤਸਰ, 30 ਅਪ੍ਰੈਲ(ਗੁਰਦਿਆਲ ਸਿੰਘ) : ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਪ੍ਰੀਤ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ।ਅਰਦਾਸ ਭਾਈ ਸਰਵਣ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨਾਲ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਮਰਦਾਸ ਜੀ ਦੁਆਰਾ ਗੁਰੂ ਦਰਬਾਰ ਵਿਚ ਨਿਮਰਤਾ ਭਾਵ ਨਾਲ ਨਿਭਾਈ ਸੇਵਾ ਹਰ ਸਿੱਖ ਲਈ ਪ੍ਰੇਰਨਾਮਈ ਹੈ।ਉਨ੍ਹਾਂ ਕਿਹਾ ਕਿ ਤੀਸਰੇ ਪਾਤਸ਼ਾਹ ਵੱਲੋਂ ਲੰਗਰ ਪ੍ਰਥਾ ਨੂੰ ਹੋਰ ਮਜ਼ਬੂਤ ਕਰਦਿਆਂ ਪਹਿਲਾਂ ਪੰਗਤ ਫਿਰ ਸੰਗਤ ਦਾ ਉਪਦੇਸ਼ ਦੇ ਕੇ ਜਾਤ ਪਾਤ ਦੇ ਭੇਦਭਾਵ ਨੂੰ ਖ਼ਤਮ ਕੀਤਾ।ਉਨ੍ਹਾਂ ਨੌਜਆਨੀ ਨੂੰ ਅਪੀਲ ਕੀਤੀ ਕਿ ਉਹ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਬਾਣੀ ਬਾਣੇ ਦੇ ਧਾਰਨੀ ਹੋਣ।ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਜਰਨੈਲ ਸ. ਹਰੀ ਸਿੰਘ ਨਲੂਆ ਦੇ ਸ਼ਹੀਦੀ ਦਿਹਾੜੇ ਸਬੰਧੀ ਵੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸ. ਹਰੀ ਸਿੰਘ ਨਲੂਆ ਦੇ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸਿੱਖ ਰਾਜ ਦੀ ਸਥਾਪਤੀ 'ਚ ਵਿਸ਼ੇਸ਼ ਯੋਗਦਾਨ ਸੀ।

## ਮਜ਼ਦੂਰ ਦਿਵਸ ਮੌਕੇ ਸਟਾਫ਼ ਦਾ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ



ਜੰਡਿਆਲਾ ਗੁਰੂ 30 ਅਪ੍ਰੈਲ (ਰਾਮ ਸ਼ਰਨਜੀਤ ਸਿੰਘ) ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵਿਖੇ ਮਜ਼ਦੂਰ ਦਿਵਸ ਬੜੇ ਹੀ ਸਨਮਾਨ, ਉਤਸ਼ਾਹ ਅਤੇ ਆਪਣੇਪਣ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਡਰਾਈਵਰ ਸਾਹਿਬਾਨ, ਹੈਲਪਰਾਂ ਅਤੇ ਸਹਾਇਕ ਸਟਾਫ ਦਾ ਨਿੱਘੇ ਦਿਲੋਂ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਸੁੰਦਰ ਕਾਰਡ ਤਿਆਰ ਕਰਕੇ ਉਨ੍ਹਾਂ ਪ੍ਰਤੀ ਧੰਨਵਾਦ, ਸਤਿਕਾਰ ਅਤੇ ਕ੍ਰਿਤਜਤਾ ਪ੍ਰਗਟਾਈ।ਸਕੂਲ ਵੱਲੋਂ ਸਹਾਇਕ ਸਟਾਫ ਦੇ ਸਨਮਾਨ ਲਈ ਇੱਕ ਖੁਸ਼ਗਵਾਰ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰਿਫ੍ਰੈਸ਼ਮੈਂਟ, ਮਨੋਰੰਜਕ ਖੇਡਾਂ ਅਤੇ ਖੁਸ਼ੀਆਂ ਭਰੇ ਪਲ ਸਾਂਝੇ ਕੀਤੇ ਗਏ। ਇਸ ਮੌਕੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਅਤੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਕਾਰਡ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਚੇਅਰਮੈਨ ਸਰਦਾਰ ਜਗਬੀਰ ਸਿੰਘ ਨੇ ਸਮੂਹ ਸਹਾਇਕ ਸਟਾਫ ਦੀ ਨਿਰੰਤਰ ਸੇਵਾ, ਮਿਹਨਤ ਅਤੇ ਵਫ਼ਾਦਾਰੀ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਆਪਣੇ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਹਰ ਮਿਹਨਤਕਸ਼ ਵਰਗ ਪ੍ਰਤੀ ਸਤਿਕਾਰ, ਧੰਨਵਾਦ ਅਤੇ ਮਨੁੱਖਤਾ ਦੇ ਅਸਲ ਸੰਸਕਾਰ ਵੀ ਪ੍ਰਦਾਨ ਕਰਦੀ ਹੈ।

## ਖ਼ਾਲਸਾ ਕਾਲਜ ਦੇ ਗਣਿਤ ਵਿਭਾਗ ਵੱਲੋਂ ਕਾਰਨੀਵਲ-2026 ਪ੍ਰੋਗਰਾਮ ਕਰਵਾਇਆ ਗਿਆ



ਅੰਮ੍ਰਿਤਸਰ, 30 ਅਪ੍ਰੈਲ (ਬਬਲੂ ਮਹਾਜਨ) :ਖ਼ਾਲਸਾ ਕਾਲਜ ਦੇ ਗਣਿਤ ਵਿਭਾਗ ਵੱਲੋਂ 'ਕੇ. ਸੀ. ਏ. ਮੈਥਮੈਟਿਕਸ ਕਾਰਨੀਵਲ-2026' ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਅਗਵਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਡੈਕਲੇਮੇਸ਼ਨ, ਪੋਸਟਰ ਮੇਕਿੰਗ ਅਤੇ ਰੰਗੋਲੀ ਵੱਖ-ਵੱਖ ਮੁਕਾਬਲੇ ਕਰਵਾਏ ਗਏ, ਜਿਸ ਦੌਰਾਨ 150 ਦੇ ਕਰੀਬ ਵਿਦਿਆਰਥੀਆਂ ਅਤੇ ਵੱਖ-ਵੱਖ ਸੰਸਥਾਵਾਂ ਦੇ ਅਧਿਆਪਕਾਂ ਨੇ ਭਾਗ ਲਿਆ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਭਾਗ ਮੁੱਖੀ ਡਾ. ਰਜਿੰਦਰ ਪਾਲ ਕੌਰ ਅਤੇ ਆਯੋਜਕ ਟੀਮ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਹਾਈ ਸਿੱਧ ਹੁੰਦੇ ਹਨ। ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਮੌਕੇ ਕਰਵਾਏ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਆਪਣੇ ਬੌਧਿਕ ਹੁਨਰਾਂ ਦੇ ਨਾਲ-ਨਾਲ ਆਪਣੀ ਪ੍ਰਤਿਭਾ ਦਾ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਕਾਰਨੀਵਲ-2026 ਵਿਦਿਆਰਥੀਆਂ 'ਚ ਅਕਾਦਮਿਕ ਉਤਕ੍ਰਿਸ਼ਟਤਾ, ਰਚਨਾਤਮਕਤਾ ਅਤੇ ਸਹਿਯੋਗਾਤਮਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਇਕ ਯਾਦਗਾਰ ਪਹਿਲ ਸਾਬਿਤ ਹੋਇਆ ਹੈ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਯੂਨੀਵਰਸਿਟੀ ਬਿਜ਼ਨਸ ਸਕੂਲ ਦੇ ਪ੍ਰੋਫੈਸਰ ਅਤੇ ਮੁੱਖੀ ਡਾ. ਵਿਕਰਮ ਸੰਧੂ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਹੌਂਸਲੇ ਲਈ ਮੁਬਾਰਕਬਾਦ ਦਿੱਤੀ। ਉਨ੍ਹਾਂ ਸੰਬੋਧਨ ਕਰਦਿਆਂ ਸਟਾਰਟ-ਅਪ ਕਾਰੋਬਾਰਾਂ ਲਈ ਗਣਿਤਕ ਸੋਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਗਣਿਤ ਨੂੰ ਇਕ ਗਤੀਸ਼ੀਲ ਅਤੇ ਪ੍ਰਯੋਗਿਕ ਵਿਸ਼ੇ ਵਜੋਂ ਧਾਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਡਾ. ਰਜਿੰਦਰ ਪਾਲ ਕੌਰ ਨੇ ਪ੍ਰਿੰ: ਡਾ. ਰੰਧਾਵਾ ਵੱਲੋਂ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਦਿੱਤੇ ਗਏ ਸਹਿਯੋਗ ਸਬੰਧੀ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਤੀਯੋਗਤਾ ਦੇ ਵਿਸ਼ੇ ਜੀਵਨ 'ਚ ਗਣਿਤ ਦੀ ਮਹੱਤਤਾ ਅਤੇ ਸੁੰਦਰਤਾ 'ਤੇ ਕੇਂਦਰਿਤ ਸਨ, ਜਿਸ ਨਾਲ ਵਿਦਿਆਰਥੀਆਂ ਨੂੰ ਰਵਾਇਤੀ ਸੋਚ ਤੋਂ ਪਰੇ ਸੋਚਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਆਪਣੀ ਕਲਾ ਦਾ ਸ਼ਾਨਦਾਰ ਮੁਜ਼ਾਹਰਾ ਕੀਤਾ, ਜਿਸ 'ਚ ਜੇਤੂ ਵਿਦਿਆਰਥੀਆਂ ਨੂੰ ਪ੍ਰਿੰ: ਡਾ. ਰੰਧਾਵਾ ਨੇ ਡਾ. ਤਮਿੰਦਰ ਸਿੰਘ ਭਾਟੀਆ ਨਾਲ ਮਿਲ ਕੇ ਇਨਾਮ ਤਕਸੀਮ ਕੀਤੇ।

## ਸ਼੍ਰੋਮਣੀ ਕਮੇਟੀ ਨੇ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਮਈ ਤੀਕ ਰੋਕੀ

ਅੰਮ੍ਰਿਤਸਰ, 30 ਅਪ੍ਰੈਲ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤ ਅਤੇ ਗੁਰਦੁਆਰਾ ਸਾਹਿਬਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਮਈ ਤੀਕ ਰੋਕਣ ਦਾ ਫੈਸਲਾ ਕੀਤਾ ਹੈ। ਪੰਜਾਬ ਸਰਕਾਰ ਵੱਲੋਂ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਪਾਸ ਕਰਨ ਮਗਰੋਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ਨ ਅਤੇ ਸੰਗਤ ਦੀ ਮੰਗ ਅਨੁਸਾਰ ਸਰੂਪ ਦੇਣ ਦੇ ਨਿਯਮਾਂ ਵਿੱਚ ਕੀਤੀ ਜਾ ਰਹੀ ਤਬਦੀਲੀ ਦੇ ਮੱਦੇਨਜ਼ਰ ਇਹ ਨਿਰਣਾ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਬਲੀਕੇਸ਼ਨ ਵਿਭਾਗ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਪੂਰੀ ਮਰਿਆਦਾ ਅਤੇ ਸਤਿਕਾਰ ਨਾਲ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਕਰਕੇ ਸੰਗਤ ਦੀ ਮੰਗ ਅਨੁਸਾਰ ਦੇਸ਼ ਦੁਨੀਆ ਅੰਦਰ ਗੁਰਦੁਆਰਾ ਸਾਹਿਬਾਨ ਵਿਖੇ ਮੁਹੱਈਆ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸੇਵਾ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਮੌਕੇ ਪੁਰ ਜਾ ਕੇ ਮਰਿਆਦਾ ਸੰਬੰਧੀ ਰਿਪੋਰਟ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਦੀ ਸਿਫਾਰਿਸ਼ ਨਾਲ ਪ੍ਰਕਿਰਿਆ ਪੂਰੀ ਕੀਤੀ ਜਾਂਦੀ ਹੈ। ਸ. ਕਾਹਲਵਾਂ ਨੇ ਦੱਸਿਆ ਕਿ ਭਾਵੇਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਹਿਲਾਂ ਤੋਂ ਹੀ ਮੁਕੰਮਲ ਰਿਕਾਰਡ ਰੱਖਿਆ ਜਾਂਦਾ ਹੈ ਲੇਕਿਨ ਹੁਣ ਇਹ ਕਾਰਜ ਨਵੀਆਂ ਤਰਜੀਹਾਂ ਅਤੇ ਸੇਧਾਂ ਅਨੁਸਾਰ ਕੀਤਾ ਜਾਵੇਗਾ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਨਵੀਂ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ।ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਸ ਨਵੀਂ ਨੀਤੀ ਨੂੰ ਲਾਗੂ ਕਰਨ ਤੀਕ ਸੰਗਤ ਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਨਹੀਂ ਕਰਵਾਏ ਜਾ ਸਕਣਗੇ। ਇਸ ਲਈ 20 ਮਈ ਤੋਂ ਬਾਅਦ ਹੀ ਸੰਗਤਾਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰ ਸਕਣਗੀਆਂ।ਉਨ੍ਹਾਂ ਜਾਣਕਾਰੀ ਦਿੱਤੀ ਕਿ ਨਵੀਂ ਯੋਜਨਾ ਅਨੁਸਾਰ ਸੰਗਤ ਦੀ ਮੰਗ 'ਤੇ ਦਿੱਤੇ ਜਾਣ ਵਾਲੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਡਿਜੀਟਲ ਰਿਕਾਰਡ ਸਿਸਟਮ ਤਿਆਰ ਕਰਨ ਅਤੇ ਉਸ ਨੂੰ ਵੈਬਸਾਈਟ 'ਤੇ ਪ੍ਰਕਾਸ਼ਿਤ ਕਰਨ ਲਈ ਤਕਨੀਕੀ ਅਤੇ ਪ੍ਰਬੰਧਕੀ ਤਬਦੀਲੀਆਂ ਜਾਰੀ ਹਨ, ਜੋ ਆਉਂਦੇ ਕੁਝ ਦਿਨਾਂ ਤੱਕ ਲਾਗੂ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਸੰਗਤ ਵੱਲੋਂ ਮੰਗ ਆਉਣ 'ਤੇ ਹੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਹੋਵੇਗਾ ਅਤੇ ਇਸ ਸਾਰੀ ਪ੍ਰਕਿਰਿਆ ਲਈ ਸੰਗਤ ਨੂੰ ਕੁਝ ਸਮਾਂ ਇੰਤਜ਼ਾਰ ਕਰਨਾ ਪਵੇਗਾ। ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰਨ ਮੌਕੇ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਦੀ ਪਛਾਣ ਫੋਟੋ ਸਮੇਤ ਡਿਜੀਟਲ ਮਾਧਿਅਮ ਨਾਲ ਸੰਭਾਲੀ ਜਾਵੇਗੀ ਅਤੇ ਉਨ੍ਹਾਂ ਨੂੰ ਮੌਕੇ ਪੁਰ ਇੱਕ ਪ੍ਰਮਾਣ ਪੱਤਰ ਦਿੱਤਾ ਜਾਵੇਗਾ, ਜਿਸ ਦੀ ਇੱਕ ਕਾਪੀ ਸੰਗਤ ਨੂੰ ਦਿੱਤੀ ਜਾਵੇਗੀ ਅਤੇ ਇੱਕ ਕਾਪੀ ਪਬਲੀਕੇਸ਼ਨ ਵਿਭਾਗ ਵਿੱਚ ਮੌਜੂਦ ਰਹੇਗੀ।

## ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਦੇ ਦੋ ਕਰਮਚਾਰੀ ਸੇਵਾ ਮੁਕਤ



ਦੀਨਾਨਗਰ, 30 ਅਪ੍ਰੈਲ ( ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ ) : ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਤੋਂ ਆਪਣੀ 31 ਸਾਲਾਂ ਦੀ ਲੰਬੀ ਸੇਵਾ ਉਪਰੰਤ ਡਿਪਟੀ ਕਮਿਸ਼ਨਰ ਦੇ ਡਰਾਈਵਰ ਸ੍ਰੀ ਗੁਰਨਾਮ ਸਿੰਘ ਅਤੇ 40 ਸਾਲਾਂ ਦੀ ਸੇਵਾ ਪੂਰੀ ਕਰਨ ਉਪਰੰਤ ਸੀਨੀਅਰ ਸਹਾਇਕ ਸ਼੍ਰੀ ਚਰਨ ਦਾਸ ਨੂੰ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਪਾਰਟੀ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਚਰਨ ਦਾਸ ਅਤੇ ਸ੍ਰੀ ਗੁਰਨਾਮ ਸਿੰਘ ਨੇ ਆਪਣੇ ਸੇਵਾ ਕਾਲ ਦੌਰਾਨ ਵਿਭਾਗ ਨੂੰ ਬਹੁਤ ਹੀ ਇਮਾਨਦਾਰੀ ਅਤੇ ਲਗਨ ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ 30 ਅਪ੍ਰੈਲ ਨੂੰ ਆਪਣੀ ਸਰਕਾਰੀ ਸੇਵਾ ਤੋਂ ਸਨਮਾਨ ਨਾਲ ਸੇਵਾ ਮੁਕਤੀ ਪ੍ਰਾਪਤ ਕੀਤੀ ਹੈ।ਉਨ੍ਹਾਂ ਹੋਰ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ ਕਦੇ ਵੀ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਅਤੇ ਹਮੇਸ਼ਾਂ ਆਪਣੀਆਂ ਨਿੱਜੀ ਜ਼ਿੰਮੇਵਾਰੀਆਂ ਤੋਂ ਉਪਰ ਉੱਠ ਕੇ ਦਫ਼ਤਰੀ ਕੰਮ ਨੂੰ ਤਰਜੀਹ ਦਿੱਤੀ। ਜਦੋਂ ਵੀ ਇਨ੍ਹਾਂ ਨੂੰ ਕੋਈ ਜ਼ਿੰਮੇਵਾਰੀ ਵਾਲਾ ਕੰਮ ਸੌਂਪਿਆ ਗਿਆ, ਉਨ੍ਹਾਂ ਨੇ ਉਸਨੂੰ ਬਖ਼ੂਬੀ ਨਿਭਾਇਆ।ਇਸ ਮੌਕੇ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਦੋਨਾਂ ਸੇਵਾ ਮੁਕਤ ਕਰਮਚਾਰੀਆਂ ਨੂੰ ਸ਼ਾਨਦਾਰ ਵਿਦਾਇਗੀ ਪਾਰਟੀ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਸੁਖਮਈ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਧਰਤੀ 'ਤੇ ਮਨੁੱਖ ਦਾ ਹੀ ਨਹੀਂ ਪੰਛੀਆਂ ਦਾ ਵੀ ਬਰਾਬਰ ਅਧਿਕਾਰ : ਪ੍ਰਿੰਸੀਪਲ

ਤਰਸਿੱਕਾ, 30 ਅਪ੍ਰੈਲ (ਮਨਪ੍ਰੀਤ ਸਿੰਘ ਗਿੱਲ) :ਸਟਰਗਲਿੰਗ ਟੀਨਜ ਪਬਲਿਕ ਸਕੂਲ ਵਰਿਆਮ ਨੰਗਲ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ । ਇਸ ਦੀ ਸ਼ੁਰੂਆਤ ਸਕੂਲ ਦੇ ਸਕਾਊਟ ਐਂਡ ਗਾਈਡ ਸੈਕਸ਼ਨ ਦੇ ਵਿਦਿਆਰਥੀਆਂ ਅਤੇ ਪ੍ਰਿੰਸੀਪਲ ਮੈਡਮ ਅਮਰਜੀਤ ਕੌਰ ਸ਼ੈਲੀ ਰੰਧਾਵਾ ਨੇ ਪੌਦਾ ਲਾ ਕੇ ਕੀਤੀ ਤੇ ਧਰਤੀ ਦੇ ਵੱਧ ਰਹੇ ਤਾਪਮਾਨ ਨੂੰ ਰੋਕਣ ਦਾ ਹੋਕਾ ਦਿੱਤਾ।ਇਸ ਮੌਕੇ ਅਮਰਜੀਤ ਕੌਰ ਨੇ ਕਿਹਾ ਕਿ ਧਰਤੀ ਕੇਵਲ ਮਨੁੱਖ ਦੀ ਹੀ ਨਹੀਂ, ਬਲਕਿ ਜੀਵਾਂ ਤੇ ਪੰਛੀਆਂ ਦੀ ਵੀ ਹੈ ਪਰ ਧਰਤੀ ਦੇ ਵੱਧ ਰਹੇ ਤਾਪਮਾਨ ਅਤੇ ਪ੍ਰਦੂਸ਼ਣ ਲਈ ਕੇਵਲ ਮਨੁੱਖ ਹੀ ਜ਼ਿੰਮੇਵਾਰ ਹੈ। ਧਰਤੀ ਦੇ ਉੱਪਰ ਅਤੇ ਹੇਠਾਂ ਵੱਧ ਰਹੇ ਪਲਾਸਟਿਕ ਦੇ ਖਤਰੇ ਕਾਰਨ ਮਨੁੱਖ ਤੇ ਜੀਵਾਂ ਦੇ ਜੀਵਨ ਲਈ ਗੰਭੀਰ ਖਤਰਾ ਪੈਦਾ ਹੋ ਰਿਹਾ ਹੈ। ਪਲਾਸਟਿਕ ਸੈਂਕੜੇ ਸਾਲਾਂ ਤਕ ਨਹੀਂਗਲਦਾ, ਜਿਸ ਕਾਰਨ ਮਿੱਟੀ ਦੀ ਉਪਜਾਊ ਸ਼ਕਤੀ ਦਿਨ-ਬ-ਦਿਨ ਘੱਟਦੀ ਜਾ ਰਹੀ ਹੈ। ਲੋੜ ਤੋਂ ਵੱਧ ਪੈਸਟੀਸਾਈਡ ਦੀ ਵਰਤੋਂ ਕਾਰਨ ਧਰਤੀ ਬੀਮਾਰ ਅਤੇ ਬੰਜਰ ਹੋ ਰਹੀ ਹੈ। ਪਲਾਸਟਿਕ ਕਾਰਨ ਧਰਤੀ ਰੀ-ਚਾਰਜ ਨਹੀਂ ਹੁੰਦੀ। ਦੁਨੀਆ ਦਾ ਹਰ ਵਿਅਕਤੀ ਧਰਤੀ ਤੋਂ ਪੈਦਾ ਕੀਤੇ ਹੋਏ ਅਨਾਜ ਨਾਲ ਹੀ ਜਿਉਂਦਾ ਹੈ।ਇਸ ਲਈ ਹਰ ਵਿਅਕਤੀ ਨੂੰ ਧਰਤੀ ਦੀ ਸਾਂਭ-ਸੰਭਾਲ ਲਈ ਬੂਟੇਲਾਉਣੇ ਚਾਹੀਦੇ ਹਨ। ਪਲਾਸਟਿਕ ਅਤੇ ਕੀਟਨਾਸ਼ਕਾਂ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਵੇ ਅਤੇ ਵਾਤਾਵਰਨ ਅਤੇ ਤਾਪਮਾਨ ਸੰਤੁਲਨ ਰੱਖਣ ਲਈ ਵਾਤਾਵਰਨ ਸ਼ੁੱਧ ਰੱਖਿਆ ਜਾਵੇ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਅਸੀਂ ਚੰਗਾ ਜੀਵਨ ਅਤੇ ਵਾਤਾਵਰਨ ਛੱਡ ਸਕੀਏ। ਇਸ ਮੌਕੇ 'ਤੇ ਪ੍ਰਿੰਸੀਪਲ ਮੈਡਮ ਅਮਰਜੀਤ ਕੌਰ (ਸ਼ੈਲੀ ਰੰਧਾਵਾ), ਕੈਪਟਨ ਬਲਵੰਤ ਸਿੰਘ,ਮੈਡਮ ਅੰਮ੍ਰਿਤਪ੍ਰੀਤ ਕੌਰ ,ਅਮਰਜੀਤ ਕੌਰ, ਮਮਤਾ ਮੈਡਮ, ਕੁਲਬੀਰ ਕੌਰ, ਮੈਡਮ ਜੋਤੀ ਹਰਪ੍ਰੀਤ ਕੌਰ, ਸੁਖਰਾਜ ਕੌਰ, ਰਮਨਦੀਪ ਕੌਰ, ਰਾਜਵਿੰਦਰ ਕੌਰ ਮੈਡਮ ਚਰਨਜੀਤ ਕੌਰ, ਹਰਮਨਦੀਪ ਕੌਰ, ਭੁਪਿੰਦਰ ਕੌਰ ਹਰਿੰਦਰ ਕੌਰ, ਸੰਦੀਪ ਕੌਰ ,ਕੋਚ ਗੁਰਵਿੰਦਰ ਸਿੰਘ ,ਸਵਿੰਦਰ ਸਿੰਘ ਮਨਿੰਦਰ ਸਿੰਘ ਆਦਿ ਸਟਾਫ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

## ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦਾ ਪਰਦਾਫਾਸ਼; 4 ਕਿੱਲੋ ਹੈਰੋਇਨ ਤੇ ਚਾਰ ਪਿਸਤੌਲਾਂ ਸਮੇਤ ਦੋ ਕਾਬੂ



ਅਮ੍ਰਿਤਸਰ, 30 ਅਪ੍ਰੈਲ (ਬਬਲੂ ਮਹਾਜਨ) :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥ ਅਤੇ ਹਥਿਆਰ ਤਸਕਰੀ ਮਾਡਿਊਲ ਨਾਲ ਸਬੰਧਤ ਦੋ ਮੁਲਜ਼ਮਾਂ ਨੂੰ 4.108 ਕਿੱਲੋਗ੍ਰਾਮ ਹੈਰੋਇਨ ਅਤੇ ਚਾਰ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਰਸ਼ਦੀਪ ਸਿੰਘ ਉਰਫ਼ ਅਰਸ਼ (21) ਵਾਸੀ ਪਿੰਡ ਲਹੂਕਾ, ਤਰਨ ਤਾਰਨ ਅਤੇ ਤਰਸੇਮ ਸਿੰਘ ਉਰਫ਼ ਕੈਰੋਂ ਉਰਫ਼ ਪਹਿਲਵਾਨ (31) ਵਾਸੀ ਮੁਹੱਲਾ ਜਸਵੰਤ ਸਿੰਘ ਨਗਰ, ਤਰਨ ਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ 9 ਐਮਐਮ ਗਲੌਕ (ਆਸਟਰੀਆ ਦੇ ਬਣੇ ਹੋਏ) ਅਤੇ ਦੋ .30 ਬੋਰ ਦੇ ਪਿਸਤੌਲ (ਚੀਨ ਦੇ ਬਣੇ ਹੋਏ) ਅਤੇ ਪੰਜ ਜ਼ਿੰਦਾ ਕਾਰਤੂਸ ਸ਼ਾਮਲ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਖੇਪ ਡਰੋਨ ਰਾਹੀਂ ਭੇਜੀ ਜਾਂਦੀ ਸੀ, ਜਿਸ ਨੂੰ ਬਾਅਦ ਵਿੱਚ ਉਕਤ ਮੁਲਜ਼ਮਾਂ ਵੱਲੋਂ ਪ੍ਰਾਪਤ ਕਰਕੇ ਅੱਗੇ ਸਪਲਾਈ ਕੀਤਾ ਜਾਂਦਾ ਸੀ।ਡੀਜੀਪੀ ਨੇ ਦੱਸਿਆ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ।ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਆਪਰੇਸ਼ਨ ਦੌਰਾਨ, ਮੁਲਜ਼ਮ ਅਰਸ਼ਦੀਪ ਉਰਫ਼ ਅਰਸ਼ ਨੂੰ 2.6 ਕਿੱਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਅਗਲੇਰੀ ਕਾਰਵਾਈ ਦੌਰਾਨ ਅਤੇ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਤੋਂ ਪੁੱਛਗਿੱਛ ਉਪਰੰਤ ਸਹਿ-ਮੁਲਜ਼ਮ ਤਰਸੇਮ ਉਰਫ਼ ਕੈਰੋਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ ਦੇ ਕਬਜ਼ੇ ਵਿੱਚੋਂ 1.5 ਕਿੱਲੋਗ੍ਰਾਮ ਹੈਰੋਇਨ ਅਤੇ ਚਾਰ ਪਿਸਤੌਲ ਬਰਾਮਦ ਕੀਤੇ ਗਏ।ਸੀਪੀ ਨੇ ਦੱਸਿਆ ਕਿ ਜਾਂਚ ਮੁਤਾਬਕ ਮੁਲਜ਼ਮ ਤਰਸੇਮ ਉਰਫ਼ ਕੈਰੋਂ ਵਿਰੁੱਧ ਐਨਡੀਪੀਐਸ ਐਕਟ, ਆਰਮਜ਼ ਐਕਟ, ਜੇਲ੍ਹ ਐਕਟ ਅਤੇ ਇਰਾਦਾ ਕਤਲ ਤਹਿਤ 16 ਅਪਰਾਧਿਕ ਮਾਮਲੇ ਦਰਜ ਹਨ ਅਤੇ ਉਹ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਕ੍ਰਿਸ਼ਨ ਜੰਡਿਆਲਾ, ਜੋ ਇਸ ਸਮੇਂ ਵਿਦੇਸ਼ ਵਿੱਚ ਰਹਿ ਰਿਹਾ ਹੈ, ਦਾ ਸਾਥੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਹ ਵੀ ਖੁਲਾਸਾ ਹੋਇਆ ਹੈ ਕਿ ਗੈਂਗਸਟਰ ਗੁਰਪ੍ਰੀਤ ਉਰਫ਼ ਕ੍ਰਿਸ਼ਨ ਜੰਡਿਆਲਾ ਨੇ ਤਰਸੇਮ ਨੂੰ ਜਾਅਲੀ ਪਾਸਪੋਰਟ ਬਣਵਾਉਣ ਅਤੇ ਉਸਨੂੰ ਵਿਦੇਸ਼ ਭੇਜਣ ਦਾ ਲਾਲਚ ਦੇ ਕੇ ਆਪਣੇ ਲਈ ਕੰਮ ਕਰਨ ਲਈ ਕਿਹਾ ਸੀ।ਇਸ ਸਬੰਧੀ, ਐਫਆਈਆਰ ਨੰਬਰ 68 ਮਿਤੀ 26-04-2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21-ਬੀ, 21-ਸੀ ਅਤੇ 29 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਖੇ ਦਰਜ ਕੀਤੀ ਗਈ ਹੈ।

## ਦਸਮੇਸ਼ ਤਰਨਾ ਦਲ ਨੇ ਖਾਲਸੇ ਦੀ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ



ਤਰਸਿੱਕਾ, 30 ਅਪ੍ਰੈਲ (ਮਨਪ੍ਰੀਤ ਸਿੰਘ ਗਿੱਲ ) :ਗੁਰਦੁਆਰਾ ਸੰਗਤਸਰ ਜੇਠੂਵਾਲ ਵਿਖੇ ਦਸਮੇਸ਼ ਤਰਨਾ ਦਲ ਵੱਲੋਂ ਬਾਬਾ ਮੇਜਰ ਸਿੰਘ ਸੋਢੀ ਦੀ ਰਹਿਨੁਮਾਈ ਹੇਠ ਖਾਲਸੇ ਦੀ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਕੀਰਤਨੀ ਜਥਾ ਭਾਈ ਤੇਜਬੀਰ ਸਿੰਘ, ਭਾਈ ਗੁਰਦੇਵ ਸਿੰਘ ਅਤੇ ਢਾਡੀ ਜਥਾ ਭਾਈ ਪਰਮਜੀਤ ਸਿੰਘ ਵੱਲੋਂ ਕੀਰਤਨ ਤੇ ਸੂਰਬੀਰ ਜੋਧਿਆਂ ਦੀਆਂ ਵਾਰਾਂ ਬੋਲ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਸਮਾਗਮ 'ਚ ਪੁੱਜੀਆਂ ਸ਼ਖ਼ਸੀਅਤਾਂ ਵਿਚ ਦਸਮੇਸ਼ ਤਰਨਾ ਦਲ ਦੇ ਮੁਖੀ ਬਾਬਾ ਮੇਜਰ ਸਿੰਘ ਸੋਢੀ, ਬਾਬਾ ਅਮਰੀਕ ਸਿੰਘ ਸੁਧਾਰਪੁਰੀ ਵਾਲੇ ਜਥੇਦਾਰ ਕਸ਼ਮੀਰ ਸਿੰਘ, ਬਾਬਾ ਬਲਦੇਵ ਸਿੰਘ ਵੱਲੋਂ ਸਮੇਤ ਹੋਰ ਸ਼ਖ਼ਸੀਅਤਾਂ ਨੂੰ ਬਾਬਾ ਦਲਬੀਰ ਸਿੰਘ ਸੋਢੀ ਜੇਠੂਵਾਲ ਵੱਲੋਂ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨਿਤ ਕੀਤਾ ਗਿਆ । ਇਸ ਸਮਾਗਮ 'ਚ ਬਾਬਾ ਹਰਜਿੰਦਰ ਸਿੰਘ ਮੱਤੇਵਾਲ, ਬਾਬਾ ਧਰਮ ਸਿੰਘ, ਬਾਬਾ ਕਸ਼ਮੀਰ ਸਿੰਘ ਬਿਜਲੀ ਘਰ, ਬਾਬਾ ਗੁਰਦਿੱਤ ਸਿੰਘ, ਪ੍ਰਧਾਨ ਗੱਜਣ ਸਿੰਘ ਔਲਖ, ਕਰਮ ਸਿੰਘ ਗਿੱਲ, ਬਲਜਿੰਦਰ ਸਿੰਘ ਜੇਠੂਵਾਲ, ਗੁਰਸੇਵਕ ਸਿੰਘ, ਬਾਬਾ ਬਲਕਾਰ ਸਿੰਘ ਦਿੱਲੀ ਵਾਲੇ, ਚੇਅਰਮੈਨ ਜਸਬੀਰ ਸਿੰਘ, ਗੁਰਦੇਵ ਸਿੰਘ ਸੰਗਤਪੁਰਾ, ਗੁਰਪ੍ਰੀਤ ਸਿੰਘ ਗੋਪੀ ਜੇਠੂਵਾਲ ਆਦਿ ਹਾਜ਼ਰ ਸਨ।

# ਜਨਗਣਨਾ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੈਰਾਥਨ ਕਰਵਾਈ




ਫਤਹਿਗੜ੍ਹ ਸਾਹਿਬ, 30 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) ਜ਼ਲ੍ਹਾ ਪ੍ਰਸ਼ਾਸ਼ਨ ਵੱਲੋਂ ਜਨਗਣਨਾ 2027 ਤਹਿਤ ਚਲੋ ਨਿਭਾਈਏ ਆਪਣੀ ਜਿੰਮੇਵਾਰੀ, ਕਰੀਏ ਜਨਗਣਨਾ ਵਿੱਚ ਭਾਗੀਦਾਰੀ ਵਿੱਚ ਆਮ ਲੋਕਾਂ ਨੂੰ ਜਾਗਰੂਕ ਕਰਨ ਅਤੇ ਜਨਗਣਨਾ ਵਿੱਚ ਯਕੀਨੀ ਭਾਗੀਦਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰਿੰਗ ਕਾਲਜ ਤੋਂ ਵਿਸ਼ੇਸ਼ ਮੈਰਾਥਨ ਦਾ ਆਯੋਜਨ ਕੀਤਾ ਗਿਆ, ਜਿਸ ਨੂੰ ਐਸ.ਡੀ.ਐਮ. ਸੂਬਾ ਸਿੰਘ ਨੇ ਹਰੀ ਝੰਡੀ ਵਿਖਾਈ। ਨੌਜਵਾਨ ਵਰਗ ਨੇ ਮੈਰਾਥਨ ਵਿੱਚ ਸ਼ਮੂਲੀਅਤ ਕਰਕੇ ਹਰ ਵਰਗ ਦੇ ਲੋਕਾਂ ਨੂੰ ਜਨਗਣਨਾ 'ਮੇਰੀ ਭਾਗੀਦਾਰ-ਮੇਰਾ ਮਾਣ' ਦਾ ਸੁਨੇਹਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਸੂਬਾ ਸਿੰਘ ਨੇ ਦੱਸਿਆ ਕਿ ਸਵੈ ਗਣਨਾ 30 ਅਪ੍ਰੈਲ ਤੋਂ 14 ਮਈ, 2026 ਤੱਕ ਹੋਵੇਗੀ। ਜਿਸ ਦੇ ਵਿੱਚ ਹਰੇਕ ਨਾਗਰਿਕ ਨੂੰ ਆਪਣੀ ਭਾਗੀਦਾਰੀ ਯਕੀਨੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿੱਚ ਮਕਾਨ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ 15 ਮਈ ਤੋਂ 13 ਜੂਨ 2026 ਤੱਕ ਹੋਵੇਗੀ। ਉਨ੍ਹਾਂ ਦੱਸਿਆ ਕਿ ਜਨਗਣਨਾ ਅਧਿਨਿਯਮ 1948 ਦੇ ਤਹਿਤ ਹਰੇਕ ਨਾਗਰਿਕ ਲਈ ਇਹ ਜਰੂਰੀ ਹੈ ਕਿ ਉਹ ਗਿਣਤੀਕਾਰਾਂ ਨੂੰ ਆਪਣੀ ਸਹੀ ਜਾਣਕਾਰੀ ਮੁਹੱਈਆ ਕਰਵਾਏ। ਇਸ ਵਿੱਚ ਹਰ ਘਰ ਮਾਈਨੇ ਰੱਖਦਾ ਹੈ। ਐਸ ਡੀ ਐਮ ਨੇ ਦੱਸਿਆ ਕਿ ਪਹਿਲੀ ਵਾਰ ਜਨਗਣਨਾ ਡਿਜੀਟਲ ਢੰਗ ਨਾਲ ਹੋ ਰਹੀ ਹੈ। ਉਹਨਾਂ ਕਿਹਾ ਕਿ ਸਵੈ ਗਣਨਾ ਕਰਨ ਨਾਲ ਜਿੱਥੇ ਵਿਅਕਤੀ ਆਪਣੀ ਸਹੀ ਜਾਣਕਾਰੀ ਦਰਜ ਕਰ ਸਕੇਗਾ ਉਥੇ ਹੀ ਘਰਾਂ ਵਿੱਚ ਆਉਣ ਵਾਲੇ ਗਿਣਤੀਕਾਰਾਂ ਦਾ ਸਮਾਂ ਵੀ ਬਚੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਾਗਰਿਕਾਂ ਨੂੰ ਦਿੱਤੇ ਗਏ ਇਸ ਮੌਕੇ ਦਾ ਹਰੇਕ ਨਾਗਰਿਕ ਨੂੰ ਲਾਭ ਉਠਾਉਣਾ ਚਾਹੀਦਾ ਹੈ ਅਤੇ ਜਨਗਣਨਾ 2027 ਵਿੱਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾ ਕੇ ਆਪਣੀ ਜਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਉਨ੍ਹਾ ਦੱਸਿਆ ਕਿ ਜਨਗਣਨਾ ਭਵਿੱਖ ਦੀਆਂ ਨੀਤੀਆਂ, ਸਹੀ ਯੋਜਨਾਵਾਂ, ਵਧੀਆ ਸਕੂਲ, ਹਸਪਤਾਲਾਂ ਅਤੇ ਸੜ੍ਹਕਾਂ, ਹਰ ਵਰਗ ਅਤੇ ਖੇਤਰ ਦੇ ਸਹੀ ਵਿਕਾਸ ਲਈ ਅਤਿ ਜਰੂਰੀ ਹੈ।ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਮਨਦੀਪ ਕੌਂਸਲ, ਕੋਚ ਰਾਹੁਲਦੀਪ ਸਿੰਘ ਸਮੇਤ ਖਿਡਾਰੀ ਅਤੇ ਨੌਜਵਾਨ ਹਾਜ਼ਰ ਸਨ

# ਮਾਨ ਸਰਕਾਰ ਵਲੋਂ ਸੂਬੇ 'ਚ ਹੜ੍ਹ ਰੋਕੂ ਪ੍ਰਬੰਧਾਂ 'ਤੇ ਖ਼ਰਚੇ ਜਾ ਰਹੇ 600 ਕਰੋੜ ਰੁਪਏ: ਬਰਿੰਦਰ ਕੁਮਾਰ ਗੋਇਲ

## ਅਧਿਕਾਰੀਆ ਨੂੰ ਹੜ੍ਹ ਰੋਕੂ ਕੰਮ ਸਮੇਂ ਸਿਰ ਨੇਪਰੇ ਚਾੜ੍ਹਨ ਦੇ ਸਖ਼ਤ ਨਿਰਦੇਸ਼; ਅਣਗਹਿਲੀ ਵਰਤਣ ਤੇ ਹੋਵੇਗੀ ਅਨੁਸ਼ਾਸਨੀ ਕਾਰਵਾਈ*



*ਸ਼ਹੀਦ ਭਗਤ ਸਿੰਘ ਨਗਰ, 30 ਅਪ੍ਰੈਲ:*ਸੁਖਦੇਵ ਸਿੰਘ ਉੜਾਪੜਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਮਾਨਸੂਨ ਤੋਂ ਪਹਿਲਾਂ-ਪਹਿਲਾਂ ਸੂਬੇ ਵਿੱਚ ਹੜ੍ਹ ਰੋਕਥਾਮ ਕਾਰਜਾਂ ਨੂੰ ਮੁਕੰਮਲ ਕਰਾਉਣ ਦੇ ਮੱਦੇਨਜ਼ਰ ਸੂਬੇ ਦਾ ਦੌਰਾ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਅੱਜ ਲਗਾਤਾਰ ਤੀਸਰੇ ਦਿਨ ਜਲ ਸਰੋਤ ਮੰਤਰੀ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚੋਂ ਲੰਘਦੇ ਸਤਲੁਜ ਦਰਿਆ ਦੇ ਕੰਢੇ ਚਲ ਰਹੇ ਮਜ਼ਬੂਤੀਕਰਨ ਦੇ ਕੰਮਾਂ ਦਾ ਜਾਇਜ਼ਾ ਲਿਆ।ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਬੁਰਜ ਟਹਿਲ ਦਾਸ ਵਿਖੇ ਹੜ੍ਹਾਂ ਦੀ ਰੋਕਥਾਮ ਦੇ ਕੰਮਾਂ ਦਾ ਜਾਇਜ਼ਾ ਲੈਣ ਪਿੱਛੋਂ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸੂਬੇ ਵਿੱਚ ਹੜ੍ਹਾਂ ਦੀ ਰੋਕਥਾਮ ਸਬੰਧੀ ਕੰਮਾਂ ਉਤੇ 600 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ ਅਤੇ 30 ਜੂਨ ਤੋਂ ਪਹਿਲਾਂ-ਪਹਿਲਾਂ ਸਾਰੇ ਹੜ੍ਹ ਰੋਕੂ ਪ੍ਰਬੰਧਾਂ ਨੂੰ ਮੁਕੰਮਲ ਕਰ ਲਿਆ ਜਾਵੇਗਾ।ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵਲੋਂ ਪਿਛਲੇ ਤਿੰਨ ਦਿਨਾਂ ਤੋਂ ਵੱਖ-ਵੱਖ ਜ਼ਿਲ੍ਹਿਆਂ ਦੇ ਦੌਰੇ ਤੇ ਹਨ। ਜ਼ਿਲ੍ਹਾ ਅੰਮ੍ਰਿਤਸਰ ਅਤੇ ਜਲੰਧਰ ਤੋਂ ਬਾਅਦ ਅੱਜ ਉਨ੍ਹਾਂ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੜ੍ਹ ਰੋਕੂ ਪ੍ਰਬੰਧਾਂ ਦਾ ਨਿਰੀਖਣ ਕੀਤਾ।ਸ੍ਰੀ ਗੋਇਲ ਨੇ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਮੌਜੂਦਾ ਸੂਬਾ ਸਰਕਾਰ ਵਲੋਂ ਹੜ੍ਹਾਂ ਦੀ ਰੋਕਥਾਮ ਲਈ ਸੰਜੀਦਾ ਉਪਰਾਲੇ ਕਰਦਿਆਂ ਏਨੀ ਵੱਡੀ ਰਕਮ ਦਰਿਆਵਾਂ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਲਈ ਖ਼ਰਚ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ ਦੀਆਂ ਸਰਕਾਰ ਸਿਰਫ਼ ਹੜ੍ਹ ਰੋਕੂ ਕਾਰਜਾਂ ਦੀ ਖਾਨਾਪੂਰਤੀ ਲਈ ਹੀ ਕੰਮ ਕਰਦੀਆਂ ਸਨ, ਜਿਸ ਦਾ ਸੂਬਾ ਵਾਸੀਆਂ ਨੂੰ ਬਹੁਤ ਵੱਡਾ ਖ਼ਾਮਿਆਜ਼ਾ ਭੁਗਤਨਾ ਪੈਂਦਾ ਸੀ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਗਾਮੀ ਮਾਨਸੂਨ ਤੋਂ ਪਹਿਲਾਂ-ਪਹਿਲਾਂ ਹੜ੍ਹਾਂ ਦੀ ਰੋਕਥਾਮ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੇ ਵਰ੍ਹੇ ਆਏ ਹੜ੍ਹਾਂ ਪਿੱਛੋਂ ਵਿਭਾਗ ਦੇ ਦੋ ਸੁਪਰੀਡੈਂਟਿੰਗ ਇੰਜੀਨੀਅਰਾਂ ਦੀ ਅਗਵਾਈ ਹੇਠ ਬਣਾਈ ਗਈ ਵਿਸ਼ੇਸ਼ ਕਮੇਟੀ ਵੱਲੋਂ ਪੰਜਾਬ ਦੇ ਦਰਿਆਵਾਂ ਚ ਕੁੱਲ 132 ਸੰਵੇਦਨਸ਼ੀਲ ਥਾਵਾਂ ਦੀ ਸ਼ਨਾਖ਼ਤ ਕੀਤੀ ਗਈ ਹੈ ਅਤੇ ਸਾਰੀਆਂ ਥਾਵਾਂ ਨੂੰ ਜੰਗੀ ਪੱਧਰ ਤੇ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਹੜ੍ਹ ਵਰਗੇ ਹਲਾਤਾਂ ਦੌਰਾਨ ਲੋਕਾਂ ਦੀ ਜਾਨ ਤੇ ਮਾਲ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਅਧਿਕਾਰੀਆ ਨੂੰ ਸਖ਼ਤੀ ਨਾਲ ਕਿਹਾ ਕਿ ਹੜ੍ਹ ਰੋਕੂ ਕੰਮਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ ਅਤੇ ਇਸ ਕੰਮ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ***ਪਿੰਡ ਢੱਕ ਮਜ਼ਾਰਾ ਅਤੇ ਮੰਡੀ ਵਿਖੇ ਪਾਈਪਾਂ ਰਾਹੀਂ ਖੇਤਾਂ ਤੱਕ ਪਾਣੀ ਪਹੁੰਚਾਉਣ ਦੇ ਕੰਮ ਦਾ ਵੀ ਲਿਆ ਜਾਇਜ਼ਾ***ਕੈਬਨਿਟ ਮੰਤਰੀ ਨੇ ਹਲਕਾ ਬੰਗਾ ਦੇ ਪਿੰਡ ਢੱਕ ਮਜਾਰਾ ਤੇ ਮੰਡੀ ਵਿਖੇ ਪਾਈਪਾਂ ਰਾਹੀਂ ਖੇਤਾਂ ਨੂੰ ਪਾਣੀ ਦੇਣ ਦੇ ਚੱਲ ਰਹੇ ਕੰਮ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਵਲੋਂ 1030 ਏਕੜ ਜ਼ਮੀਨ ਨੂੰ ਪਾਈਪਲਾਈਨ ਰਾਹੀਂ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ ਜਦਕਿ ਪਹਿਲਾਂ ਸਿਰਫ਼ 33 ਏਕੜ ਨੂੰ ਹੀ ਪਾਣੀ ਦਿੱਤਾ ਜਾ ਰਿਹਾ ਸੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਡੀ ਸਰਕਾਰ ਵਲੋਂ ਲੋਕਾਂ ਨੂੰ ਲੋੜੀਂਦੀ ਮਾਤਰਾ ਵਿੱਚ ਨਹਿਰੀ ਪਾਣੀ ਮੁਹੱਈਆ ਕਰਵਾਕੇ ਸੋਕੇ ਤੋਂ ਬਚਾਉਣ ਲਈ ਔੜ ਹੈਡਵਰਕਸ ਉਤੇ ਸੰਜੀਦੇ ਉਪਰਾਲੇ ਕੀਤੇ ਗਏ ਹਨ ਅਤੇ ਇਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਨਵਾਂ ਸ਼ਹਿਰ ਬਰਾਂਚ ਤੇ ਮੌਜੂਦ ਔੜ ਹੈਡ ਉਪਰ ਸਾਲ 2023 ਵਿੱਚ ਗੇਟ ਗੇਅਰਿੰਗ ਸਿਸਟਮ ਇੰਸਟਾਲ ਕੀਤਾ ਗਿਆ ਸੀ ਜਿਸ ਉਪਰੰਤ ਅਪਰਾ ਰਜਵਾਹਾ, ਲਸਾੜਾ ਰਜਵਾਹਾ ਅਤੇ ਬਖਲੌਰ ਡਿੱਚ ਨੂੰ ਲੋੜ ਅਨੁਸਾਰ ਪੂਰਾ ਪਾਣੀ ਮਿਲਣਾ ਸ਼ੁਰੂ ਹੋਇਆ। ਹੁਣ ਬਖਲੌਰ ਡਿੱਚ ਦੀ ਟੇਲ ਐਂਡ 'ਤੇ ਪਾਣੀ ਦੀ ਕੁਸ਼ਲ ਵਰਤੋਂ ਨੂੰ ਯਕੀਨੀ ਬਣਾਉਣ ਲਈ ਟੇਲ ਫਰੰਟ ਅਤੇ ਟੇਲ ਲੈਫਟ ਦੇ ਖੇਤਾਂ ਵਿੱਚ ਕੁੱਲ 16,829 ਫੁੱਟ ਦੀ ਪਾਈਪਲਾਈਨ ਪਾਈ ਜਾ ਰਹੀ ਹੈ। ਇਸ ਨਾਲ ਸਿੰਚਾਈ ਅਧੀਨ ਰਕਬਾ ਮੌਜੂਦਾ 33 ਏਕੜ ਤੋਂ ਵਧ ਕੇ 1,030 ਏਕੜ ਤੱਕ ਵਧੇਗਾ। ਇਸ ਪ੍ਰਾਜੈਕਟ ਦੇ ਪੂਰਾ ਹੋਣ ਨਾਲ ਤਹਿਸੀਲ ਫਿਲੌਰ ਦੇ ਪਿੰਡ ਮੰਡੀ ਅਤੇ ਢੱਕ ਮਜ਼ਾਰਾ ਨੂੰ ਨਹਿਰੀ ਪਾਣੀ ਦੀ ਸੁਚਾਰੂ ਸਪਲਾਈ ਮਿਲ ਸਕੇਗੀ।ਉਨ੍ਹਾਂ ਦੱਸਿਆ ਕਿ ਸਰਕਾਰ ਦੇ ਇਨ੍ਹਾਂ ਯਤਨਾਂ ਸਦਕਾ ਹੁਣ ਇਸ ਹੈਡ ਵਰਕਸ ਤੋਂ ਕਿਤੇ ਪਾਣੀ ਨਾਲ ਨੁਕਸਾਨ ਨਹੀਂ ਹੁੰਦਾ ਅਤੇ ਨਾ ਹੀ ਕਿਤੇ ਸੋਕਾ ਪੈਂਦਾ ਹੈ।

# ਧਾਰੀਵਾਲ ਪੁਲਿਸ ਵੱਲੋਂ ਗਸ਼ਤ ਦੌਰਾਨ ਚਾਰ ਵਿਅਕਤੀ ਮਾਰੂ ਹਥਿਆਰਾਂ ਸਮੇਤ ਕਾਬੂ

ਧਾਰੀਵਾਲ 30 ਅਪ੍ਰੈਲ (ਅਸ਼ੋਕ ਕੁਮਾਰ) ਥਾਣਾ ਧਾਰੀਵਾਲ ਪੁਲਿਸ ਵੱਲੋਂ ਗਸ਼ਤ ਦੌਰਾਨ ਚਾਰ ਵਿਅਕਤੀਆਂ ਨੂੰ ਮਾਰੂ ਹਥਿਆਰਾਂ ਸਮੇਤ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਏ ਐਸ ਆਈ ਸੁਰਜੀਤ ਸਿੰਘ ਸਮੇਤ ਪੁਲਿਸ ਪਾਰਟੀ ਰਪਟ ਨੰਬਰ 35 ਤਹਿਤ ਸਰਕਾਰੀ ਗੱਡੀ ਵਿੱਚ ਇਲਾਕੇ ਦੀ ਗਸ਼ਤ ਅਤੇ ਭੈੜੇ ਪੁਰਸ਼ਾਂ ਦੀ ਤਲਾਸ਼ ਸਬੰਧੀ ਰਵਾਨਾ ਹੋਈ ਸੀ। ਪੁਲਿਸ ਪਾਰਟੀ ਗੁਰਦੁਆਰਾ ਬੁਰਜ ਸਾਹਿਬ ਤੋਂ ਫੱਜੂਪੁਰ ਚੌਂਕ ਹੁੰਦੀ ਹੋਈ ਮਿਸ਼ਨ ਹਸਪਤਾਲ ਵਾਲੇ ਪਾਸੇ ਤੋਂ ਵਾਪਸ ਆ ਰਹੀ ਸੀ ਤਾਂ ਰਸਤੇ ਵਿੱਚ ਚਾਰ ਵਿਅਕਤੀ ਸ਼ੱਕੀ ਹਾਲਤ ਵਿੱਚ ਖੜੇ ਦਿਖਾਈ ਦਿੱਤੇ।ਪੁਲਿਸ ਮੁਤਾਬਕ ਤਿੰਨ ਨੌਜਵਾਨ ਮੋਨੇ ਅਤੇ ਇੱਕ ਸਰਦਾਰ ਵਿਅਕਤੀ ਆਪਣੇ ਹੱਥਾਂ ਵਿੱਚ ਕਿਰਚਾਂ ਅਤੇ ਹਾਕੀਆਂ ਵਰਗੇ ਮਾਰੂ ਹਥਿਆਰ ਫੜ ਕੇ ਸੜਕ 'ਤੇ ਹੱਲਾ-ਗੁੱਲਾ ਕਰ ਰਹੇ ਸਨ। ਪੁਲਿਸ ਪਾਰਟੀ ਵੱਲੋਂ ਉਨ੍ਹਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਉਹ ਆਪਣੀਆਂ ਹਰਕਤਾਂ ਤੋਂ ਬਾਜ ਨਾ ਆਏ। ਇਸ ਦੌਰਾਨ ਏ ਐਸ ਆਈ ਸੁਰਜੀਤ ਸਿੰਘ ਨੇ ਸ਼ੱਕ ਜਤਾਇਆ ਕਿ ਚਾਰੇ ਵਿਅਕਤੀ ਆਪਸ ਵਿੱਚ ਮਿਲ ਕੇ ਕਿਸੇ ਅਣਸੁਖਾਵੀਂ ਘਟਨਾ ਨੂੰ ਅੰਜਾਮ ਦੇ ਸਕਦੇ ਹਨ, ਜਿਸ ਨਾਲ ਕਾਨੂੰਨ ਅਤੇ ਅਮਨ-ਸ਼ਾਂਤੀ ਭੰਗ ਹੋਣ ਦਾ ਖਤਰਾ ਪੈਦਾ ਹੋ ਸਕਦਾ ਸੀ। ਇਸ ਤੋਂ ਬਾਅਦ ਪੁਲਿਸ ਵੱਲੋਂ ਸਲਾਮਤ ਮਸੀਹ ਪੁੱਤਰ ਸੱਤਾ ਮਸੀਹ ਵਾਸੀ ਫੱਤੋਨੰਗਲ, ਸੁਰਜੀਤ ਸਿੰਘ ਪੁੱਤਰ ਸ਼ਰਮ ਸਿੰਘ, ਅਕਾਸ਼ਦੀਪ ਸਿੰਘ ਪੁੱਤਰ ਗੁਰਮੀਤ ਸਿੰਘ ਅਤੇ ਵਿਕਾਸ ਮਹਿਰਾ ਪੁੱਤਰ ਬਾਲ ਕ੍ਰਿਸ਼ਨ ਵਾਸੀਆਨ ਸ਼ੈਲੀ ਕੁਲੀਆ ਪਠਾਨਕੋਟ ਨੂੰ ਕਾਬੂ ਕਰਕੇ ਧਾਰਾ 126/170 2 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਦੋਸ਼ੀਆਂ ਨੂੰ ਬਾਅਦ ਜਾਮਾ ਤਲਾਸ਼ੀ ਹਵਾਲਾਤ ਵਿੱਚ ਬੰਦ ਕਰ ਦਿੱਤਾ ਗਿਆ ਅਤੇ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਦੀ ਮੰਗ ਕੀਤੀ ਗਈ, ਤਾਂ ਬਰੀਕੀ ਨਾਲ ਜਾਂਚ ਕੀਤੀ ਜਾਵੇ। ਜੋ ਕਿ ਭਵਿੱਖ ਵਿੱਚ ਕੋਈ ਸੰਗੀਨ ਘਟਨਾ ਨਾ ਵਾਪਰੇ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਕਾਇਮ ਰਹੇ।

# ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ



ਗੜ੍ਹਦੀਵਾਲਾ 30 ਅਪ੍ਰੈਲ ਗੌਰਵ ਲਾਲਾ ਜਗਤ ਨਾਰਾਇਣ ਡੀ.ਏ.ਵੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਤਾਈਕਵਾਡੋ ਖੇਡ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਪੇਸ਼ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸ ਮੁਕਾਬਲੇ ਵਿੱਚ ਵਿਦਿਆਰਥੀ ਪਾਰੀਕਾ ਅਤੇ ਯਸ਼ਮੀਤਾ ਨੇ ਆਪਣੀ ਬੇਹਤਰੀਨ ਖੇਡ ਕਲਾ ਅਤੇ ਜਬਰਦਸਤ ਹੁਨਰ ਨਾਲ ਸਭ ਨੂੰ ਪ੍ਰਭਾਵਿਤ ਕੀਤਾ। ਇਹ ਖੇਡ ਆਲ ਇੰਡੀਆ ਓਪਨ ਇੰਟਰ ਸਕੂਲ ਅਕੈਡਮੀ ਦੇ ਅੰਤਰਗਤ ਨੈਸ਼ਨਲ ਤਾਈਕਵਾਡੋ ਚੈਂਪੀਅਨਸ਼ਿਪ 2026 ਕਰਵਾਈ ਜਾ ਰਹੀ ਸੀ, ਮਿਤੀ 26/04/26 ਨੂੰ ਸਕਾਲਰਸ ਪਬਲਿਕ ਸਕੂਲ ਰਾਜਪੁਰਾ ਵਿੱਚ ਸਾਡੇ ਸਕੂਲ ਦੀਆਂ ਦੇ ਹੋਣਹਾਰ ਵਿਦਿਆਰਥਣਾਂ ਪਾਰੀਕਾ ਸ਼ਰਮਾ ਨੇ ਕੈਂਡਲ ਵਿੱਚ ਫਸਟ ਪੁਜੀਸ਼ਨ ਹਾਸਲ ਕੀਤੀ ਅਤੇ ਯਸ਼ਮੀਤਾ ਨੇ ਸਬ ਜੂਨੀਅਰ ਦੇ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਇਹਨਾਂ ਦੋਨਾਂ ਵੱਲੋਂ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਇਹ ਖੇਡ ਖੇਡੀ ਗਈ ਸੀ।ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ ਅਤੇ ਉਸ ਦੀ ਹੌਂਸਲਾ ਅਫਜਾਈ ਕੀਤੀ। ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ, ਤਾਂ ਜੋ ਉਹ ਹਰ ਖੇਤਰ ਵਿੱਚ ਅੱਗੇ ਵਧ ਸਕਣ।

# ਅੱਖਾਂ ਦਾਨ ਕਰਨ ਨਾਲ ਹੀ ਕਾਰਨੀਅਲ ਅੰਨ੍ਹੇਪਣ ਨੂੰ ਖਤਮ ਕੀਤਾ ਜਾ ਸਕੇਗਾ: ਅਸ਼ੋਕ ਮੋਂਗਾ



ਫਾਜ਼ਿਲਕਾ 30 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਬੀਤੇ ਦਿਨੀਂ ਸਥਾਨਕ ਸੈਕਰਡ ਹਾਰਟ ਕਾਨਵੈਂਟ ਸਕੂਲ ਦੇ ਨੇੜੇ ਰਹਿਣ ਵਾਲੀ ਅੰਜੂ ਰਾਣੀ ਕਮਰਾ (58) ਦਾ ਦਿਹਾਂਤ ਹੋਣ ਤੇ ਉਨ੍ਹਾਂ ਦੇ ਪਤੀ ਸਤਪਾਲ ਕਮਰਾ, ਦਿਓਰ ਸੰਦੀਪ ਕਮਰਾ, ਸਪੁੱਤਰ ਸੁਮੇਰ ਕਮਰਾ, ਨੂੰਹ ਨਵਜੋਤ ਕਮਰਾ ਅਤੇ ਦੂਜੇ ਅਣਵਿਆਹੇ ਪੁੱਤਰ ਵਿਸ਼ਾਲ ਕਮਰਾ ਨੇ ਸਵਰਗੀ ਅੰਜੂ ਰਾਣੀ ਦੀਆਂ ਅੱਖਾਂ ਦਾਨ ਕਰਨ ਦੀ ਇੱਛਾ ਪ੍ਰਗਟਾਈ। ਇਸ ਤੇ ਉਨ੍ਹਾਂ ਦੇ ਰਿਸ਼ਤੇਦਾਰ ਸਿਵਲ ਸਰਜਨ ਫਾਜ਼ਿਲਕਾ ਦਫਤਰ ਦੇ ਸੀਨੀਅਰ ਕਰਮਚਾਰੀ ਸੰਦੀਪ ਕੁਮਾਰ ਖੁਰਾਣਾ ਨੇ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਸ਼ੀਕਾਂਤ ਨਾਲ ਸੰਪਰਕ ਕੀਤਾ। ਇਸ ਤੋਂ ਬਾਅਦ ਸੁਸਾਇਟੀ ਦੇ ਵਫਦ ਨੇ ਉਨ੍ਹਾਂ ਦੀਆਂ ਅੱਖਾਂ ਪੁਨਰਜੋਤ ਆਈ ਬੈਂਕ ਸੁਸਾਇਟੀ ਲੁਧਿਆਣਾ ਨੂੰ ਕਾਰਨੀਆ ਟ੍ਰਾਂਸਪਲਾਂਟ ਲਈ ਭੇਜ ਦਿੱਤੀਆਂ। ਉਹ ਸੁਸਾਇਟੀ ਦੀ 448ਵੀਂ ਨੇਤਰਦਾਨੀ ਬਣੀ।ਅੱਜ ਉਨ੍ਹਾਂ ਦੀ ਅੰਤਿਮ ਅਰਦਾਸ ਦੇ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਸ਼ਸ਼ੀਕਾਂਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਸਾਇਟੀ ਦੇ ਵਫਦ ਜਿਸ ਵਿੱਚ ਸਰਪ੍ਰਸਤ ਅਸ਼ੋਕ ਮੋਂਗਾ ਦੀ ਅਗਵਾਈ ਹੇਠ ਨੇਤਰਦਾਨ ਪ੍ਰੋਜੈਕਟ ਚੇਅਰਮੈਨ ਰਵੀ ਜੁਨੇਜਾ, ਉਪ ਪ੍ਰਧਾਨ ਨਰੇਸ਼ ਜੁਨੇਜਾ, ਜਨਰਲ ਸਕੱਤਰ ਰਾਕੇਸ਼ ਗਿਲਹੋਤਰਾ, ਸਕੱਤਰ ਮੋਹਨ ਲਾਲ ਦਾਮੜੀ, ਅਵਨੀਸ਼ ਸਚਦੇਵਾ ਅਤੇ ਗ੍ਰੰਥੀ ਗੁਰਵਿੰਦਰ ਸਿੰਘ ਸ਼ੇਰੀ ਬਾਬਾ ਅਤੇ ਸੰਦੀਪ ਕੁਮਾਰ ਖੁਰਾਣਾ ਦੀ ਹਾਜ਼ਰੀ ਵਿੱਚ ਸਵਰਗੀ ਅੰਜੂ ਰਾਣੀ ਕਮਰਾ ਦੇ ਪਰਿਵਾਰ ਨੂੰ ਨੇਤਰਦਾਤਾ ਦਾ ਸਨਮਾਨ ਚਿੰਨ੍ਹ ਭੇਂਟ ਕੀਤਾ ਗਿਆ। ਇਸ ਮੌਕੇ ਵਿਛੜੀ ਨੇਤਰਦਾਨੀ ਪੁੰਨ-ਆਤਮਾ ਨੂੰ ਸ਼ਰਧਾਂਜਲੀ ਭੇਂਟ ਕਰਦੇ ਹੋਏ ਅਸ਼ੋਕ ਮੋਂਗਾ ਨੇ ਕਿਹਾ ਕਿ ਅੱਖਾਂ ਦਾਨ ਕਰਨਾ ਬਹੁਤ ਹੀ ਪੁੰਨ ਦਾ ਕਾਰਜ ਹੈ ਅਤੇ ਸਮਾਜ ਦੇ ਸਾਰੇ ਵਰਗਾਂ ਨੂੰ ਨੇਤਰਦਾਨ ਲਈ ਅੱਗੇ ਆਉਣਾ ਚਾਹੀਦਾ ਹੈ ਕਿਉਂਕਿ ਸਿਰਫ਼ ਅੱਖਾਂ ਦਾਨ ਕਰਨ ਨਾਲ ਹੀ ਕਾਰਨੀਅਲ ਅੰਨ੍ਹੇਪਣ ਨੂੰ ਦੂਰ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਪੁਨਰਜੋਤ ਆਈ ਬੈਂਕ ਦੇ ਸੂਤਰਾਂ ਅਨੁਸਾਰ ਸਵਰਗੀ ਅੰਜੂ ਰਾਣੀ ਦਾ ਕਾਰਨੀਆ ਏ ਗ੍ਰੇਡ ਦਾ ਸੀ ਅਤੇ ਕਿੰਨ੍ਹੀਆਂ ਦੋ ਨੇਤਰਹੀਣਾਂ ਨੂੰ ਲਗਾਇਆ ਜਾ ਰਿਹਾ ਹੈ ਜਿਸ ਨਾਲ ਉਹ ਇਸ ਸੁੰਦਰ ਸੰਸਾਰ ਨੂੰ ਦੇਖ ਸਕਣਗੇ। ਸੁਸਾਇਟੀ ਦੇ ਸਰਪ੍ਰਸਤ ਅਸ਼ੋਕ ਮੋਂਗਾ ਨੇ ਕਿਹਾ ਕਿ ਕਿਸੇ ਵੀ ਉਮਰ ਦੇ ਵਿਅਕਤੀ ਦੇ ਸਵਰਗਵਾਸ ਹੋਣ ਤੋਂ ਬਾਅਦ 6 ਘੰਟਿਆਂ ਦੇ ਅੰਦਰ ਅੱਖਾਂ ਦਾਨ ਕੀਤੀਆਂ ਜਾ ਸਕਦੀਆਂ ਹਨ। ਸੋਸ਼ਲ ਵੈਲਫੇਅਰ ਸੁਸਾਇਟੀ ਦੇ ਮੈਂਬਰ ਨੇਤਰਦਾਨ ਕਰਵਾਉਣ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਹੁਣ ਤੱਕ ਅੰਜੂ ਰਾਣੀ ਕਮਰਾ ਦੇ ਨੇਤਰਦਾਨ ਤੋਂ ਪਹਿਲਾਂ 447 ਅੱਖਾਂ ਦੇ ਜੋੜੇ ਦਾਨ ਕੀਤੇ ਜਾ ਚੁੱਕੇ ਹਨ ਜਿਸ ਨਾਲ 894 ਨੇਤਰਹੀਣ ਇਸ ਸੰਸਾਰ ਨੂੰ ਦੇਖਣ ਦੇ ਯੋਗ ਹੋਏ ਹਨ, ਹੁਣ ਇਹ ਗਿਣਤੀ ਵਧ ਕੇ 896 ਹੋ ਗਈ ਹੈ।

# ਲਿੰਕ ਸੜਕ ਕਿਨਾਰੇ ਖੜ੍ਹੇ ਖਤਰਨਾਕ ਸਫੇਦੇ, ਹਾਦਸੇ ਦਾ ਵੱਡਾ ਖਤਰਾ

ਤਲਵਾੜਾ, 30 ਅਪ੍ਰੈਲ (ਜਗਮੋਹਨ ਸ਼ਰਮਾ) :ਪਿੰਡ ਘਗਵਾਲ ਹਾਰ ਨੂੰ ਜਾਣ ਵਾਲੀ ਲਿੰਕ ਸੜਕ ਦੇ ਦੋਨੋਂ ਪਾਸਿਆਂ ਲੱਗੇ ਸਫੇਦੇ ਦੇ ਦਰੱਖਤ ਕਾਫੀ ਪੁਰਾਣੇ ਅਤੇ ਬਹੁਤ ਉੱਚੇ ਹੋ ਚੁੱਕੇ ਹਨ, ਜੋ ਹੁਣ ਲੋਕਾਂ ਦੀ ਜਾਨ ਲਈ ਖਤਰਾ ਬਣਦੇ ਜਾ ਰਹੇ ਹਨ। ਸਥਾਨਕ ਵਸਨੀਕਾਂ ਨੇ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਕਿਸੇ ਵੀ ਸਮੇਂ ਵੱਡਾ ਹਾਦਸਾ ਵਾਪਰ ਸਕਦਾ ਹੈ।ਪਿੰਡ ਘਗਵਾਲ ਹਾਰ ਅਤੇ ਗੱਗੜ ਦੇ ਵਸਨੀਕਾਂ ਜਿਵੇਂ ਕਿ ਸਤਪਾਲ ਸਿੰਘ, ਸ਼ਿੰਗਾਰਾ ਸਿੰਘ, ਬਲਵੀਰ ਸਿੰਘ, ਰੇਖਾ ਕੁਮਾਰੀ, ਨੀਲਮ ਕੁਮਾਰੀ, ਨਿਰਮਲਾ ਦੇਵੀ, ਸੋਮਰਾਜ, ਕੁਲਦੀਪ ਸਿੰਘ, ਸੀਟੂ ਆਦਿ ਨੇ ਦੱਸਿਆ ਕਿ ਇਹ ਸੜਕ ਹਾਜੀਪੁਰ ਤੋਂ ਲੈ ਕੇ ਨਿਕੂ ਚੱਕ, ਗੱਗੜ, ਘਗਵਾਲ, ਘਗਵਾਲ ਹਾਰ ਅਤੇ ਜੁਗਿਆਲ ਸਮੇਤ ਕਈ ਪਿੰਡਾਂ ਨੂੰ ਜੋੜਦੀ ਹੈ। ਹਰ ਰੋਜ਼ ਸੈਂਕੜਿਆਂ ਲੋਕ ਇਸ ਰਾਹੋਂ ਗੁਜ਼ਰਦੇ ਹਨ।ਉਨ੍ਹਾਂ ਨੇ ਦੱਸਿਆ ਕਿ ਜਦੋਂ ਵੀ ਤੇਜ਼ ਹਵਾਵਾਂ ਜਾਂ ਝੱਖੜ ਚਲਦਾ ਹੈ ਤਾਂ ਇਹ ਸਫੇਦੇ ਦੇ ਦਰੱਖਤ ਡਿੱਗਣ ਦਾ ਖਤਰਾ ਬਣ ਜਾਂਦਾ ਹੈ ਅਤੇ ਪਹਿਲਾਂ ਵੀ ਕਈ ਵਾਰ ਨੁਕਸਾਨ ਹੋ ਚੁੱਕਾ ਹੈ। ਹਾਲ ਹੀ ਵਿੱਚ ਬੀਤੇ ਦਿਨਾਂ ਦੌਰਾਨ ਆਏ ਝੱਖੜ ਕਾਰਨ ਇੱਕ ਵੱਡਾ ਸਫੇਦਾ ਦਰੱਖਤ ਘਗਵਾਲ ਹਾਰ ਦੇ ਇੱਕ ਮੁਹੱਲੇ ਵਿੱਚ ਡਿੱਗ ਪਿਆ। ਗਨੀਮਤ ਇਹ ਰਹੀ ਕਿ ਕਿਸੇ ਵੀ ਵਿਅਕਤੀ ਨੂੰ ਸੱਟ ਨਹੀਂ ਲੱਗੀ, ਨਹੀਂ ਤਾਂ ਵੱਡਾ ਹਾਦਸਾ ਹੋ ਸਕਦਾ ਸੀ।ਲੋਕਾਂ ਨੇ ਹੋਰ ਦੱਸਿਆ ਕਿ ਲਗਭਗ 8 ਮਹੀਨੇ ਪਹਿਲਾਂ ਇਲਾਕੇ ਦੇ 4-5 ਪਿੰਡਾਂ ਦੇ ਸਰਪੰਚਾਂ ਅਤੇ ਵਸਨੀਕਾਂ ਵੱਲੋਂ ਦਸੂਹਾ ਵਿੱਚ ਬਣ ਵਿਭਾਗ ਦੇ ਡੀਐਫਓ ਨੂੰ ਮਿਲ ਕੇ ਇਨ੍ਹਾਂ ਖਤਰਨਾਕ ਦਰੱਖਤਾਂ ਨੂੰ ਕੱਟਣ ਲਈ ਮੰਗ ਪੱਤਰ ਵੀ ਦਿੱਤਾ ਗਿਆ ਸੀ, ਪਰ ਅੱਜ ਤੱਕ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਨਹੀਂ ਕੀਤੀ ਗਈ।ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਸੰਬੰਧਿਤ ਵਿਭਾਗਾਂ ਨੂੰ ਅਪੀਲ ਕੀਤੀ ਹੈ ਕਿ ਜਲਦ ਤੋਂ ਜਲਦ ਸੜਕ ਕਿਨਾਰੇ ਲੱਗੇ ਇਨ੍ਹਾਂ ਖਤਰਨਾਕ ਸਫੇਦੇ ਦੇ ਦਰੱਖਤਾਂ ਨੂੰ ਕਟਵਾ ਕੇ ਸੰਭਾਵਿਤ ਹਾਦਸਿਆਂ ਨੂੰ ਰੋਕਿਆ ਜਾਵੇ ਅਤੇ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ 'ਯੁੱਧ ਸਰਕਾਰ ਵਿਰੁੱਧ' ਦਾ ਐਲਾਨ ਕੀਤਾ

## ਮਜ਼ਦੂਰ ਦਿਵਸ ਨੂੰ ਪੰਜਾਬ ਸਰਕਾਰ ਵਿਰੋਧ ਦਿਵਸ ਵਜੋਂ ਮਨਾਇਆ ਜਾਵੇਗਾ :ਸਾਂਝਾ ਫਰੰਟ

ਤਲਵਾੜਾ, 30 ਅਪ੍ਰੈਲ (ਜਗਮੋਹਨ ਸ਼ਰਮਾ) :ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਨੇ 'ਯੁੱਧ ਸਰਕਾਰ ਵਿਰੁੱਧ' ਆਰੰਭਣ ਦਾ ਐਲਾਨ ਕੀਤਾ ਹੈ। ਜਿਸ ਦੀ ਵਿਧੀਵਤ ਸ਼ੁਰੂਆਤ ਪਹਿਲੀ ਮਈ ਨੂੰ ਮਜ਼ਦੂਰ ਦਿਵਸ 'ਤੇ ਪੰਜਾਬ ਸਰਕਾਰ ਵਿਰੋਧ ਦਿਵਸ ਵਜੋਂ ਮਨਾ ਕੇ ਕੀਤੀ ਜਾਵੇਗੀ। ਇਹ ਜਾਣਕਾਰੀ ਸਾਂਝੇ ਫਰੰਟ ਦੇ ਸੂਬਾਈ ਆਗੂ ਜਸਵੀਰ ਤਲਵਾੜ੍ਹਾ, ਸ਼ਿਵ ਕੁਮਾਰ ਅਮਰੋਹੀ ਅਤੇ ਕੇਹਰ ਸਿੰਘ ਨੇ ਦਿੱਤੀ। ਇੱਥੇ ਦੇਸ਼ ਭਗਤ ਪੰਡਤ ਕਿਸ਼ੋਰੀ ਲਾਲ ਯਾਦਗਾਰ ਕਮੇਟੀ ਦਫ਼ਤਰ ਵਿਖੇ ਇੱਕ ਲਾਮਬੰਦੀ ਮੀਟਿੰਗ ਕੀਤੀ ਗਈ। ਆਗੂਆਂ ਨੇ ਦਸਿਆ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਇੱਕ ਵੀ ਚੋਣ ਵਾਅਦਾ ਪੂਰਾ ਨਹੀਂ ਕੀਤਾ। ਉਲਟਾ 'ਬਦਲਾਅ' ਦੇ ਨਾਅਰੇ ਨਾਲ ਸੱਤਾ 'ਚ ਆਈ 'ਆਪ' ਸਰਕਾਰ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨਾਲ ਮੀਟਿੰਗਾਂ ਦਾ ਸਮਾਂ ਦੇ ਕੇ ਇੱਕ ਵਾਰ ਮੀਟਿੰਗ ਨਹੀਂ ਕਰ ਸਕੀ। ਮੁਲਾਜ਼ਮਾਂ ਦੀਆਂ ਮੰਗਾਂ 'ਤੇ ਅਜੇ ਤੱਕ ਸਰਕਾਰ ਨੇ ਕੋਈ ਹੁੰਗਾਰਾ ਨਹੀਂ ਭਰਿਆ, ਨਿਗੂਣੇ ਮਾਣ ਭੱਤੇ 'ਤੇ ਕੰਮ ਕਰਦੇ ਆਸ਼ਾ ਆਂਗਣਬਾੜ੍ਹੀ ਮਿਡ ਡੇ ਮੀਲ ਵਰਕਰਾਂ ਅਤੇ ਆਊਟ ਸੋਰਸ 'ਤੇ ਕੰਮ ਕਰਦੇ ਮੁਲਾਜ਼ਮਾਂ ਤੇ ਕੱਚੇ ਕਾਮਿਆਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ। ਐਨਪੀਐਸ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤ । ਬਜ਼ੁਰਗ ਪੈਨਸ਼ਨਰਾਂ ਦੇ ਬਣਦੇ ਹੱਕ ਦੇਣ ਤੋਂ ਸਰਕਾਰ ਨੇ ਪੂਰੀ ਤਰ੍ਹਾਂ ਟਾਲਾ ਵੱਟ ਵੱਟਿਆ ਹੋਇਆ ਹੈ। ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਚ ਸਰਕਾਰ ਖ਼ਿਲਾਫ਼ ਜਬਰਦਸਤ ਰੋਹ ਹੈ। ਤਲਵਾੜ੍ਹਾ 'ਚ ਵੱਡੀ ਗਿਣਤੀ ਮੁਲਾਜ਼ਮ ਅਤੇ ਪੈਨਸ਼ਨਰ ਸਥਾਨਕ ਸਬਜ਼ੀ ਮੰਡੀ ਚੌਂਕ 'ਤੇ ਪਹਿਲੀ ਮਈ ਨੂੰ ਇਕੱਤਰ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰਨਗੇ।

# ਗੁਰਦਾਸਪੁਰ ਪੁਲਿਸ ਵੱਲੋਂ ਸ਼ਰਾਬ ਨਜ਼ਾਇਜ ਸਮੇਤ 4 ਦੋਸ਼ੀ ਗ੍ਰਿਫਤਾਰ




ਕਾਹਨੂੰਵਾਨ/ਗੁਰਦਾਸਪੁਰ 30 ਅਪ੍ਰੈਲ ਜਗੀਰ ਸਿੰਘ ਮੰਡ/ਕੁਲਜੀਤ ਸਿੰਘ ਖੋਖਰ ਮਾਨਯੋਗ ਮੁੱਖ ਮੰਤਰੀ, ਪੰਜਾਬ ਜੀ ਵੱਲੋਂ ਐਲਾਨੇ ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਤਹਿਤ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਅਤੇ ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਜੀ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾ ਅਨੁਸਾਰ ਥਾਣਾ ਦੀਨਾਨਗਰ ਵਿਖੇ ਬਲਵਿੰਦਰ ਕੁਮਾਰ ਨੂੰ ਸਕੂਟਰੀ ਸਮੇਤ ਗ੍ਰਿਫਤਾਰ ਕਰਕੇ ਉਸ ਪਾਸੋਂ 37500 ਐਮ.ਐਲ. ਸ਼ਰਾਬ ਨਜ਼ਾਇਜ ਬ੍ਰਾਮਦ ਕੀਤੀ ਗਈ, ਜਿਸ ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 61/78(2)-1-14 ਆਬਕਾਰੀ ਐਕਟ ਥਾਣਾ ਦੀਨਾਨਗਰ ਵਿਖੇ ਦਰਜ ਰਜਿਸਟਰ ਕੀਤਾ ਗਿਆ। ਥਾਣਾ ਤਿੱਬੜ ਵਿਖੇ ਸੁਰਜਾਨ ਮਸੀਹ ਅਤੇ ਲਵਲੀ ਨੂੰ ਸਕੂਟਰੀ ਸਮੇਤ ਗ੍ਰਿਫਤਾਰ ਕਰਕੇ ਉਹਨਾਂ 60000 ਐਮ.ਐਲ. ਸ਼ਰਾਬ ਨਜ਼ਾਇਜ ਬ੍ਰਾਮਦ ਕੀਤੀ ਗਈ, ਜਿਸ ਤੇ ਦੋਸ਼ੀਆਂ ਦੇ ਖਿਲਾਫ ਮੁਕੱਦਮਾ ਬਾ-ਜੁਰਮ 61-1-14 ਆਬਕਾਰੀ ਐਕਟ ਥਾਣਾ ਤਿੱਬੜ ਵਿਖੇ ਦਰਜ ਰਜਿਸਟਰ ਕੀਤਾ ਗਿਆ। ਥਾਣਾ ਕਾਹਨੂੰਵਾਨ ਵਿਖੇ ਰਫੀਕ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 15000 ਐਮ.ਐਲ. ਸ਼ਰਾਬ ਨਜ਼ਾਇਜ ਬ੍ਰਾਮਦ ਕੀਤੀ ਗਈ, ਜਿਸ ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 61-1-14 ਆਬਕਾਰੀ ਐਕਟ ਥਾਣਾ ਕਾਹਨੂੰਵਾਨ ਵਿਖੇ ਦਰਜ ਰਜਿਸਟਰ ਕੀਤਾ ਗਿਆ।ਸ੍ਰੀ ਆਦਿੱਤਯ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ਨਸ਼ਿਆ ਦਾ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਦੇ ਖਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਨਸ਼ਿਆ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਜਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।

# ਵਿਸ਼ਵ ਮਲੇਰੀਆ ਦਿਵਸ ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਵਿਖੇ ਮਨਾਇਆ

ਕਾਹਨੂੰਵਾਨ 30 ਅਪ੍ਰੈਲ ਕੁਲਜੀਤ ਸਿੰਘ ਖੋਖਰ : ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਪ੍ਰਭਾਕਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਐਚਸੀ ਕਾਹਨੂੰਵਾਨ ਐਸਐਮਓ ਡਾਕਟਰ ਗੁਰਦੀਪ ਸਿੰਘ ਦੀ ਯੋਗ ਅਗਵਾਈ ਹੇਠ ਵਿਸ਼ਵ ਮਲੇਰੀਆ ਦਿਵਸ ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਵਿਖੇ ਮਨਾਇਆ ਗਿਆ ।ਇਸ ਵਿੱਚ ਡਾਕਟਰ ਸੁਰਿੰਦਰ ਪਾਲ ,ਹੈਲਥ ਇੰਸਪੈਕਟਰ ਮਨਜੀਤ ਰਾਜ ਨੇ ਸਕੂਲੀ ਬੱਚਿਆਂ ਨੂੰ ਦੱਸਿਆ ਕਿ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ ।ਇਹ ਮਾਦਾ ਐਨੋਫਲੀਜ ਮੱਛਰ ਦੇ ਕੱਟਣ ਨਾਲ ਹੁੰਦਾ ਹੈ।ਇਸ ਵਿੱਚ ਤੇਜ ਬੁਖਾਰ, ਸਿਰ ਦਰਦ, ਠੰਡ ਲੱਗਣਾ ,ਉਲਟੀ ਆਉਣਾ ਅਤੇ ਪਸੀਨਾ ਆ ਕੇ ਬੁਖਾਰ ਉਤਰਨਾ ਸ਼ਰੀਰ ਨੂੰ ਕਮਜ਼ੋਰੀ ਮਹਿਸੂਸ ਹੋਣਾ ਇਹਦੇ ਲੱਛਣ ਹਨ । ਡਾ ਸੁਰਿੰਦਰਪਾਲ ਨੇ ਦੱਸਿਆ ਕਿ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜਾ ਨਾ ਹੋਣ ਦਿਓ ,ਕੂਲਰਾਂ ਨੂੰ ਹਫਤੇ ਵਿੱਚ ਇੱਕ ਵਾਰੀ ਸਾਫ ਕਰੋ ਅਤੇ ਕੁਆਰ ਦੇ ਸਮਾਨ ਵਿੱਚ ਬਰਸਾਤੀ ਪਾਣੀ ਜਮਾ ਨਾ ਹੋਣ ਦਿਓ, ਪੀਣ ਵਾਲਾ ਪਾਣੀ ਢੱਕ ਕੇ ਰੱਖੋ, ਪੂਰੀਆਂ ਬਾਹਾਂ ਦੇ ਕੱਪੜੇ ਪਾ ਕੇ ਰੱਖੋ, ਮੱਛਰਦਾਨੀ ਦੀ ਵਰਤੋਂ ਕਰੋ ,ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੋ ,ਮਲੇਰੀਆ ਦਾ ਇਲਾਜ ਅਤੇ ਟੈਸਟ ਸਰਕਾਰ ਵੱਲੋਂ ਫਰੀ ਕੀਤੇ ਜਾਂਦੇ ਹਨ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਹਤ ਕਰਮਚਾਰੀ ਰਣਜੀਤ ਸਿੰਘ ਅਤੇ ਅਧਿਆਪਕ ਪ੍ਰਗਟ ਸਿੰਘ ਅਜੇ ਕੁਮਾਰ ਆਦਿ ਹਾਜ਼ਰ ਸਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਹਤ ਕਰਮਚਾਰੀ ਰਣਜੀਤ ਸਿੰਘ ਅਤੇ ਅਧਿਆਪਕ ਪ੍ਰਗਟ ਸਿੰਘ ਅਜੇ ਕੁਮਾਰ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ ਬੀ.ਐੱਸ.ਸੀ. ਨਰਸਿੰਗ ਦੂਜੇ ਸਮੈਸਟਰ ਦਾ ਸ਼ਾਨਦਾਰ ਨਤੀਜਾ



ਬਟਾਲਾ,30 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ) - ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ, ਪੰਧੇਰ, ਅੰਮ੍ਰਿਤਸਰ ਦੇ ਬੀ.ਐੱਸ.ਸੀ. ਨਰਸਿੰਗ ਦੂਜੇ ਸਮੈਸਟਰ ਦੇ ਨਤੀਜੇ ਘੋਸ਼ਿਤ ਹੋਣ ਉਪਰੰਤ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੰਸਥਾ ਦਾ ਨਾਮ ਰੌਸ਼ਨ ਕੀਤਾ। ਕੁੱਲ ਨਤੀਜਾ ਬਹੁਤ ਹੀ ਪ੍ਰਸ਼ੰਸਨੀਯ ਰਿਹਾ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਵਧੀਆ ਅੰਕਾਂ ਨਾਲ ਕਾਮਯਾਬੀ ਹਾਸਲ ਕੀਤੀ।ਨਤੀਜਿਆਂ ਵਿੱਚ ਵਰਿੰਦਰਜੀਤ ਕੌਰ ਨੇ 8.2% ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਜਸ਼ਨਪ੍ਰੀਤ ਸਿੰਘ ਅਤੇ ਵਿਜੇਤਾ ਨੇ 7.9% ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਲਵਪ੍ਰੀਤ ਕੌਰ, ਪਰਨੀਤ ਕੌਰ ਅਤੇ ਜੋਤੀ ਨੇ 7.8% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਹੋਰ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦੀ ਸ਼ਾਨ ਵਧਾਈ।ਇਸ ਮੌਕੇ ਸੰਸਥਾ ਦੀ ਪ੍ਰਿੰਸੀਪਲ ਸ੍ਰੀਮਤੀ ਹਰਜਿੰਦਰਪਾਲ ਕੌਰ ਕੰਗ ਨੇ ਕਾਮਯਾਬ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਕਠਿਨ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਲਗਨ ਦਾ ਪਰਿਣਾਮ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਨਰਸਿੰਗ ਖੇਤਰ ਵਿੱਚ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਰਹਿਣ ਦੀ ਪ੍ਰੇਰਣਾ ਦਿੱਤੀ।ਇਸ ਮੌਕੇ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਅਵਤਾਰ ਸਿੰਘ ਕੰਗ ਨੇ ਆਪਣੇ ਸੰਦੇਸ਼ ਵਿੱਚ ਕਿਹਾ,ਸਾਨੂੰ ਆਪਣੇ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਮਾਣ ਹੈ। ਇੰਸਟੀਚਿਊਟ ਹਮੇਸ਼ਾ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਪ੍ਰੈਕਟੀਕਲ ਟ੍ਰੇਨਿੰਗ ਦੇਣ ਲਈ ਵਚਨਬੱਧ ਹੈ, ਤਾਂ ਜੋ ਵਿਦਿਆਰਥੀ ਭਵਿੱਖ ਵਿੱਚ ਕਾਬਲ ਅਤੇ ਸਮਰਪਿਤ ਹੋ ਕਿ ਚੰਗੇ ਇਨਸਾਨ ਬਣ ਸਕਨ ਬਣ ਸਕਣ।ਅਖੀਰ ਵਿੱਚ ਮੈਨੇਜਮੈਂਟ ਅਤੇ ਅਧਿਆਪਕ ਵਰਗ ਵੱਲੋਂ ਸਾਰੇ ਸਫਲ ਵਿਦਿਆਰਥੀਆਂ ਨੂੰ ਭਵਿੱਖ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# 65 ਕਰੋੜ ਰੁਪਏ ਦੀ ਲਾਗਤ ਨਾਲ ਬਣੇਗੀ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਨਵੀਂ ਇਮਾਰਤ




ਬਟਾਲਾ, 30 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਵਾਸੀਆਂ ਨੂੰ ਇਕ ਹੋਰ ਤੋਹਫਾ ਦਿੰਦਿਆਂ ਪੁਲਿਸ ਲਾਈਨ ਬਟਾਲਾ ਵਿਖੇ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਨਵੀਂ ਇਮਾਰਤ ਬਣਾਉਣ ਦੀ ਰਸਮੀ ਸ਼ੁਰੂਆਤ ਕੀਤੀ ਗਈ । ਇਸ ਮੁਬਾਰਕ ਮੌਕੇ ਸ਼੍ਰੀ ਸੰਦੀਪ ਗੋਇਲ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਬਾਰਡਰ ਰੇਂਜ ਅੰਮ੍ਰਿਤਸਰ ਅਤੇ ਡਾ. ਮਹਿਤਾਬ ਸਿੰਘ ਐੱਸ.ਐੱਸ.ਪੀ.ਬਟਾਲਾ ਵੀ ਮੌਜੂਦ ਸਨ।ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਵੱਡ ਅਕਾਰੀ ਨਵੀਂ ਇਮਾਰਤ ਬਣਾਉਣ ਦੀ ਸ਼ੁਰੂਆਤ ਮੌਕੇ ਪੱਤਰਕਾਰਾਂ ਸਾਥੀਆਂ ਨਾਲ ਗੱਲ ਕਰਦਿਆ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵੱਲੋਂ 16 ਅਪ੍ਰੈਲ ਨੂੰ ਬਟਾਲਾ ਫੇਰੀ ਮੌਕੇ ਦੌਰਾਨ ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਰਫਤਾਰ ਦਿੰਦਿਆਂ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਨਵੀਂ ਇਮਾਰਤ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਸੀ, ਜਿਸ ਦੀ ਅੱਜ ਰਸਮੀ ਸ਼ੁਰੂਆਤ ਕਰ ਦਿੱਤੀ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਦੇ ਇਤਿਹਾਸ ਵਿੱਚ ਵਿਕਾਸ ਦਾ ਇੱਕ ਹੋਰ ਪੰਨਾ ਜੋੜਦਿਆਂ ਦੱਸਿਆ ਕਿ 65 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਪੁਲਿਸ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਵਿੱਚ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ 5 ਮੰਜਿਲਾ ਇਮਾਰਤ ਦੀ ਉਸਾਰੀ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆਂ ਕਿ 15 ਏਕੜ 1 ਕਨਾਲ ਅਤੇ 10 ਮਰਲੇ ਵਿੱਚ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਇਮਾਰਤ ਲਈ ਪਹਿਲੇ ਪੜਾਅ ਵਿੱਚ 14 ਕਰੋੜ 81 ਲੱਖ ਰੁਪਏ ਦਾ ਫੰਡ ਅਲਾਟ ਹੋ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਇਸ ਸ਼ਾਨਦਾਰ ਜਿਲ੍ਹਾ ਪੁਲਿਸ ਦਫਤਰ ਬਟਾਲਾ ਵਿੱਚ ਦਫਤਰ ਐੱਸ.ਐੱਸ.ਪੀ. ਐੱਸ.ਪੀਜ਼., ਡੀ.ਐੱਸ.ਪੀਜ਼, ਸਾਈਬਰ ਥਾਣਾ, ਆਰ.ਟੀ.ਆਈ ਸੈੱਲ, ਟਰੈਫਿਕ ਦਫਤਰ, ਵੋਮੈਨਸੈੱਲ, ਵੇਟਿੰਗ ਰੂਮ, ਪਾਰਕਿੰਗ ਅਤੇ ਪੁਲਿਸ ਵਿਭਾਗ ਦੀਆਂ ਵੱਖ-ਵੱਖ ਸ਼ਖਾਵਾਂ ਦੇ ਦਫਤਰ ਬਣਨਗੇ, ਜਿਸ ਨਾਲ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਪੁਲਿਸ ਵਿਭਾਗ ਨਾਲ ਸਾਰੀਆਂ ਸੇਵਾਵਾਂ ਮਿਲਣਗੀ। ਇਸ ਨਾਲ ਸ਼ਹਿਰ ਵਿੱਚ ਆਵਾਜਾਈ ਹੋਰ ਸੁਖਾਲੀ ਹੋਵੇਗੀ ਅਤੇ ਲੋਕਾਂ ਨੂੰ ਆਉਣ ਜਾਣ ਵਿੱਚ ਵੱਡੀ ਰਾਹਤ ਮਿਲੇਗੀ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਜਿਸ ਤਰ੍ਹਾਂ ਪੁਲਿਸ ਲਾਇਨ ਵਿਖੇ ਨਵੇਂ ਤਹਿਸੀਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ ਅਤੇ ਬਟਾਲਾ ਵਾਸੀ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਉਠਾ ਰਹੇ ਹਨ ਅਤੇ ਇਸੇ ਤਰ੍ਹਾਂ ਹੁਣ ਇੱਥੇ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਇਮਾਰਤ ਬਣਨ ਨਾਲ ਬਟਾਲਾ ਹਲਕੇ ਸਮੇਤ ਵੱਖ-ਵੱਖ ਪਿੰਡਾਂ ਦੇ ਵਾਸੀਆਂ ਨੂੰ ਆਪਣੇ ਕੰਮਕਾਜ ਕਰਵਾਉਣ ਵਿੱਚ ਵੱਡੀ ਸਹੂਲਤ ਮਿਲੇਗੀ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਹ ਬਟਾਲਾ ਵਾਸੀਆਂ ਦੀ ਸਹੂਲਤ ਅਤੇ ਬਟਾਲਾ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ ਅਤੇ ਪਿਛਲੇ ਚਾਰ ਸਾਲਾਂ ਵਿੱਚ ਬਟਾਲੇ ਹਲਕੇ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ ਅਤੇ ਉਹ ਬਟਾਲਾ ਹਲਕੇ ਦੇ ਵਿਕਾਸ ਲਈ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਇਸ ਮੌਕੇ ਡੀ.ਆਈ.ਜੀ ਬਾਰਡਰ ਰੇਂਜ ਸ਼੍ਰੀ ਸੰਦੀਪ ਗੋਇਲ ਨੇ ਕਿਹਾ ਕਿ ਪੁਲਿਸ ਵਿਭਾਗ ਹਮੇਸ਼ਾ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੈ ਅਤੇ ਜਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਨਵੀਂ ਇਮਾਰਤ ਬਣਨ ਨਾਲ ਬਟਾਲਾ ਅਤੇ ਇਸ ਦੇ ਆਸ-ਪਾਸ ਦੇ ਸੈਂਕੜੇ ਪਿੰਡਾਂ ਦੇ ਲੋਕਾਂ ਨੂੰ ਲਾਭ ਮਿਲੇਗਾ। ਇਸ ਮੌਕੇ ਐੱਸ.ਪੀ.(ਡੀ)ਸੰਦੀਪ ਵਡੇਰਾ, ਐੱਸ.ਪੀ (ਐੱਚ) ਮੈਡਮ ਖੁਸ਼ਬੀਰ ਕੌਰ, ਡੀ.ਐੱਸ.ਪੀ. ਤੇਜਿੰਦਰਪਾਲ ਸਿੰਘ ਗੋਰਾਇਆ, ਡੀ.ਐੱਸ.ਪੀ.( ਸਿਟੀ) ਸੁਖਇੰਦਰ ਸਿੰਘ ਕਾਹਲੋਂ, ਡੀ.ਐੱਸ.ਪੀ. ਗੁਰਮੀਤ ਸਿੰਘ, ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ ਅਤੇ ਵੱਖ-ਵੱਖ ਸ਼ਖਸੀਅਤਾਂ ਮੌਜੂਦ ਸਨ।

# ਵਿਧਾਇਕ ਰਾਜਾ ਨੇ ਅੰਮ੍ਰਿਤਸਰ ਲਈ ਦੋ ਬੱਸਾਂ ਕੀਤੀਆਂ ਰਵਾਨਾ




ਟਾਂਡਾ ਉੜਮੁੜ 30 ਅਪ੍ਰੈਲ (ਅਰਜੁਨ ਜੈਨ) , ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਕਾਰਡ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਅਤੇ ਉਨ੍ਹਾਂ ਦੀ ਪਤਨੀ ਰਮਨਦੀਪ ਕੌਰ ਗਿੱਲ ਦੀ ਅਗਵਾਈ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਦੋ ਬੱਸਾਂ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ । ਇਹ ਬੱਸ ਸ਼ਰਧਾਲੂਆਂ ਨੂੰ ਲੈ ਕੇ ਪਵਿੱਤਰ ਸ਼ਹਿਰ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਇਸਦੇ ਆਲੇ ਦੁਆਲੇ ਦੇ ਇਤਿਹਾਸਕ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ । ਇਸ ਮੌਕੇ ਬੱਸ ਰਵਾਨਾ ਕਰਦੇ ਹੋਏ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਹੇਠ ਸ਼ੁਰੂ ਕੀਤੀ ਗਈ ਇਸ ਯੋਜਨਾ ਦਾ ਉਦੇਸ਼ ਸੰਗਤਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣੇ ਤਾਂ ਜੋਂ ਸ਼ਰਧਾਲੂ ਆਪਣਾ ਜੀਵਨ ਸਫ਼ਲ ਕਰ ਸਕਣ । ਇਹ ਯਾਤਰਾ ਸ੍ਰੀ ਹਰਿਮੰਦਰ ਸਾਹਿਬ , ਦੁਰਗਿਆਣਾ ਮੰਦਿਰ ਅਤੇ ਭਗਵਾਨ ਵਾਲਮੀਕਿ ਤੀਰਥ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦੌਰੇ ਸ਼ਾਮਲ ਹਨ। ਇਸ ਮੌਕੇ ਬੋਲਦਿਆਂ ਵਿਧਾਇਕ ਦੀ ਪਤਨੀ ਰਮਨਦੀਪ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਯਾਤਰਾ ਦੇ ਸਾਰੇ ਖਰਚੇ ਚੁੱਕ ਰਹੀ ਹੈ, ਜਿਸ ਵਿੱਚ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਮੁਫ਼ਤ ਭੋਜਨ ਅਤੇ ਆਰਾਮਦਾਇਕ ਰਿਹਾਇਸ਼ ਸ਼ਾਮਲ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਕੋਈ ਮੁਸ਼ਕਲ ਨਾ ਆਵੇ। ਸ਼ਰਧਾਲੂਆਂ ਦੀ ਸੁਰੱਖਿਅਤ ਅਤੇ ਖੁਸ਼ਹਾਲ ਯਾਤਰਾ ਦੀ ਕਾਮਨਾ ਕਰਦੇ ਹੋਏ, ਉਨ੍ਹਾਂ ਨੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਵਾਅਦਾ ਕੀਤਾ ਕਿ ਅਜਿਹੀਆਂ ਲੋਕ ਭਲਾਈ ਯੋਜਨਾਵਾਂ ਭਵਿੱਖ ਵਿੱਚ ਵੀ ਚੱਲਦੀਆਂ ਰਹਿਣਗੀਆਂ। ਇਸ ਮੌਕੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਆਪ ਨੇਤਾ ਸੋਨੂੰ ਖੰਨਾ, ਸ਼ਹਿਰ ਪ੍ਰਧਾਨ ਟਾਂਡਾ ਜਸਪ੍ਰੀਤ ਜੱਸੀ, ਅਨਿਲ ਗੋਰਾ, ਰਾਜਨ ਸੋਂਧੀ, ਅਮਨ ਗੁਮਾਨ, ਸੇਠ ਰਾਮ ਸੇਠੀ, ਚੰਦਰ ਮੋਹਨ ਲਾਡੀ, ਬਲਜੀਤ ਸੈਣੀ ਆਦਿ ਦੇ ਨਾਲ ਵੱਡੀ ਗਿਣਤੀ ਵਿੱਚ ਇਲਾਕੇ ਦੇ ਵਸਨੀਕ ਮੌਜੂਦ ਸਨ।

## ਚੋਣਾਂ ਦਾ ਬਿਗਲ ਵੱਜ ਚੁੱਕਿਐ, ਕਾਂਗਰਸ ਹਾਈ ਕਮਾਨ ਤੁਰੰਤ ਸਰਗਰਮੀਆਂ ਆਰੰਭੇ : ਕ੍ਰਿਸਟਲ



ਲੁਧਿਆਣਾ 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਸੀਨੀਅਰ ਕਾਂਗਰਸੀ ਨੇਤਾ ਭੁਪਿੰਦਰ ਸਿੰਘ ਕ੍ਰਿਸਟਲ ਨੇ ਆਖਿਆ ਹੈ ਕਿ ਪੰਜਾਬ ਵਿੱਚ ਚੋਣਾਂ ਦਾ ਬਿਗਲ ਵੱਜ ਚੁੱਕਿਆ ਹੈ ਇਸੇ ਕਰਕੇ ਬਾਕੀ ਪਾਰਟੀਆਂ ਨੇ ਆਪਣੀਆਂ ਸਰਗਰਮੀਆਂ ਸ਼ੁਰੂ ਕਰ ਦਿੱਤੀਆਂ ਹਨ। ਉਹਨਾਂ ਕਿਹਾ ਕਿ ਕਾਂਗਰਸ ਹਾਈ ਕਮਾਂਡ ਇਸ ਮਸਲੇ ਵਿੱਚ ਕਾਫੀ ਪਿੱਛੇ ਨਜ਼ਰ ਆ ਰਹੀ ਹੈ ਕਿਉਂਕਿ ਕਾਂਗਰਸ ਦੇ ਅਹੁਦੇਦਾਰਾਂ ਵੱਲੋਂ ਇਸ ਸਬੰਧੀ ਕੀਤੀ ਜਾ ਰਹੀ ਕੋਈ ਵੀ ਕਾਰਵਾਈ ਸਾਹਮਣੇ ਨਹੀਂ ਆ ਰਹੀ। ਉਹਨਾਂ ਆਖਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਤੋਂ ਤਾਂ ਅੱਕ ਹੀ ਚੁੱਕੇ ਹਨ, ਉਹ ਅਕਾਲੀ ਦਲ ਅਤੇ ਭਾਜਪਾ ਨੂੰ ਵੀ ਮੁੜ ਸੱਤਾ ਨਹੀਂ ਸੌਂਪਣਾ ਚਾਹੁੰਦੇ ਕਿਉਂਕਿ ਉਹਨਾਂ ਦੇ ਦਿਮਾਗਾਂ ਵਿੱਚੋਂ ਅਕਾਲੀ ਦਲ ਦੇ ਰਾਜ ਵਿੱਚ ਹੋਈਆਂ ਬੇਅਦਬੀਆਂ ਅਤੇ ਪੈਦਾ ਹੋਏ ਮਾਫੀਆ ਗ੍ਰੂਹ ਅਜੇ ਤੱਕ ਨਹੀਂ ਭੁੱਲੇ। ਜਿਥੋਂ ਤੱਕ ਭਾਜਪਾ ਦਾ ਸਵਾਲ ਹੈ ਪੰਜਾਬ ਦੇ ਲੋਕ ਜਾਣਦੇ ਹਨ ਕਿ ਇਹ ਪਾਰਟੀ ਘੱਟ ਗਿਣਤੀਆਂ ਦੀ ਖੈਰ ਖਵਾਹ ਨਹੀਂ ਹੈ। ਪਿਛਲੇ ਸਮੇਂ ਤੋਂ ਇਸ ਗੱਲ ਦੇ ਅਨੇਕਾਂ ਸਬੂਤ ਮਿਲ ਸਕਦੇ ਹਨ। ਕ੍ਰਿਸਟਲ ਨੇ ਆਖਿਆ ਕਿ ਪੰਜਾਬ ਦੇ ਲੋਕ ਸਮਝਦੇ ਹਨ ਕਿ ਕਾਂਗਰਸ ਧਰਮ ਨਿਰਪੱਖ ਪਾਰਟੀ ਹੈ ਅਤੇ ਪੰਜਾਬ ਦੀ ਤਰੱਕੀ ਲਈ ਬੇਹੱਦ ਲਾਹੇਵੰਦ ਸਾਬਤ ਹੋ ਸਕਦੀ ਹੈ। ਪ੍ਰੰਤੂ ਕਾਂਗਰਸ ਹਾਈ ਕਮਾਂਡ ਵੱਲੋਂ ਦਿਖਾਈ ਜਾ ਰਹੀ ਢਿੱਲ ਪਾਰਟੀ ਲਈ ਨੁਕਸਾਨ ਦਾਇਕ ਹੋਵੇਗੀ। ਉਹਨਾਂ ਕਿਹਾ ਕਿ ਹਾਈ ਕਮਾਂਡ ਨੂੰ ਚਾਹੀਦਾ ਹੈ ਕਿ ਪੰਜਾਬ ਕਾਂਗਰਸ ਦੇ ਸਾਰੇ ਅਹੁਦੇਦਾਰਾਂ, ਜ਼ਿਲ੍ਹਾ ਪ੍ਰਧਾਨਾਂ, ਬਲਾਕ ਪ੍ਰਧਾਨਾਂ, ਵਾਰਡ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਸਮੇਤ ਸਭ ਦੀਆਂ ਡਿਊਟੀਆਂ ਲਗਾਈਆਂ ਜਾਣ ਤਾਂ ਕਿ ਘਰ ਘਰ ਜਾ ਕੇ ਲੋਕਾਂ ਨੂੰ ਜਿੱਥੇ ਕਾਂਗਰਸ ਦੀਆਂ ਨੀਤੀਆਂ ਤੋਂ ਜਾਣੂੰ ਕਰਵਾਇਆ ਜਾਵੇ ਉੱਥੇ ਇਹ ਵੀ ਦੱਸਿਆ ਜਾਵੇ ਕਿ ਆਪ, ਅਕਾਲੀ ਦਲ ਅਤੇ ਭਾਜਪਾ ਦੇ ਰਾਜ ਵਿੱਚ ਪੰਜਾਬ ਦੀ ਆਰਥਿਕਤਾ ਨੂੰ ਕਿੱਡੀ ਵੱਡੀ ਸੱਟ ਵੱਜੀ ਹੈ ਅਤੇ ਇਹਨਾਂ ਪਾਰਟੀਆਂ ਦੁਆਰਾ ਪੰਜਾਬ ਨੂੰ ਕਿੰਨਾ ਬਰਬਾਦ ਕੀਤਾ ਜਾ ਚੁੱਕਿਆ ਹੈ। ਉਹਨਾਂ ਕਿਹਾ ਕਿ ਜੇਕਰ ਅੱਜ ਪੰਜਾਬ ਦੇ ਲੋਕਾਂ ਨੂੰ ਇਸ ਸਬੰਧੀ ਹੋਰ ਜਾਗਰੂਕ ਨਾ ਕੀਤਾ ਅਤੇ ਜੇਕਰ ਪੰਜਾਬ ਵਿੱਚ ਕੋਈ ਹੋਰ ਪਾਰਟੀ ਸੱਤਾ ਵਿੱਚ ਆ ਗਈ ਤਾਂ ਬਰਬਾਦੀ ਦੇ ਰਾਹ ਪਏ ਪੰਜਾਬ ਦੀ ਆਰਥਿਕਤਾ ਦਾ ਚੰਗੀ ਤਰ੍ਹਾਂ ਮਲੀਆ ਮੇਟ ਕਰ ਦੇਵੇਗੀ। ਕ੍ਰਿਸਟਲ ਨੇ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਵੱਡੇ ਫਰਕ ਨਾਲ ਜਿਤਾ ਕੇ ਸੱਤਾ ਸੌਂਪਣ ਤਾਂ ਜੋ ਪੰਜਾਬ ਨੂੰ ਆਰਥਿਕ ਸਮਾਜਿਕ ਅਤੇ ਹੋਰ ਹਰ ਖੇਤਰ ਦੇ ਵਿੱਚ ਤਰੱਕੀ ਦੇ ਰਾਹ ਤੇ ਲਿਜਾਇਆ ਜਾ ਸਕੇ।

## ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਅਕਾਲੀ ਦਲ ਵੱਲੋਂ ਐਕਸ਼ੀਅਨ ਦਫ਼ਤਰ ਦਾ ਘਿਰਾਓ

### ਬਿਜਲੀ ਸਪਲਾਈ ਦਾ ਪ੍ਰਬੰਧ ਸੁੰਚਾਰੂ ਨਾਂ ਕੀਤਾ ਤਾਂ ਵੱਡਾ ਸ਼ੰਘਰਸ਼ ਵਿੱਢਾਂਗੇ : ਕਲੇਰ, ਗਰੇਵਾਲ, ਡੱਲਾ



ਜਗਰਾਉਂ, 30 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਪੰਜਾਬ ਵਿੱਚ ਲਗਾਤਾਰ ਬਿਜਲੀ ਸਪਲਾਈ ਪ੍ਰਭਾਵਿਤ ਹੋਣ ਅਤੇ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਿਜਲੀ ਬੋਰਡ ਦੇ ਐਕਸੀਅਨ ਦਫ਼ਤਰ ਅੱਗੇ ਜ਼ੋਰਦਾਰ ਧਰਨਾ ਦਿੱਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਸ਼ਾਮਲ ਹੋਏ। ਧਰਨੇ ਦੌਰਾਨ ਲੋਕਾਂ ਨੇ ਬਿਜਲੀ ਵਿਭਾਗ ਅਤੇ ਸਰਕਾਰ ਖ਼ਿਲਾਫ਼ ਨਾਰੇਬਾਜ਼ੀ ਕਰਦਿਆਂ ਤੁਰੰਤ ਬਿਜਲੀ ਸਪਲਾਈ ਸੁਚਾਰੂ ਕਰਨ ਦੀ ਮੰਗ ਕੀਤੀ।ਧਰਨੇ ਦੌਰਾਨ ਸੰਬੋਧਨ ਕਰਦਿਆਂ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਨੇ ਕਿਹਾ ਕਿ ਪੰਜਾਬ ਵਿੱਚ ਬਿਜਲੀ ਪ੍ਰਬੰਧਨ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੱਕ ਬਿਜਲੀ ਨਾ ਆਉਣ ਕਾਰਨ ਕਿਸਾਨਾਂ ਦੀਆਂ ਫਸਲਾਂ ਪ੍ਰਭਾਵਿਤ ਹੋ ਰਹੀਆਂ ਹਨ, ਖੇਤਾਂ ਵਿੱਚ ਲੱਗੇ ਟਿਊਬਵੈੱਲ ਬੰਦ ਪਏ ਹਨ ਅਤੇ ਸਿੰਚਾਈ ਦਾ ਕੰਮ ਰੁਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਬਿਲਕੁਲ ਅਹਿਸਾਸ ਨਹੀਂ।ਇਸ ਮੌਕੇ ਐਸ.ਜੀ.ਪੀ.ਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਬਿਜਲੀ ਕੱਟਾਂ ਕਾਰਨ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਦਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਗਰਮੀ ਦੇ ਮੌਸਮ ਵਿੱਚ ਫ੍ਰਿਜ, ਕੂਲਰ ਅਤੇ ਹੋਰ ਬਿਜਲੀ ਉਪਕਰਣ ਬੰਦ ਹੋਣ ਕਾਰਨ ਦੁਕਾਨਦਾਰਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਹਾਲਾਤ ਜਲਦ ਨਾ ਸੁਧਰੇ ਤਾਂ ਲੋਕ ਸੜਕਾਂ 'ਤੇ ਉਤਰਣ ਲਈ ਮਜਬੂਰ ਹੋਣਗੇ। ਇਸ ਮੌਕੇ ਸਿਵਰਾਜ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਜ਼ਦੂਰ ਵਰਗ ਵੀ ਬਿਜਲੀ ਕੱਟਾਂ ਕਾਰਨ ਬਹੁਤ ਪ੍ਰੇਸ਼ਾਨ ਹੈ। ਛੋਟੇ ਉਦਯੋਗ ਅਤੇ ਕਾਰਖਾਨਿਆਂ ਵਿੱਚ ਕੰਮ ਰੁਕਣ ਕਾਰਨ ਦਿਹਾੜੀਦਾਰ ਮਜ਼ਦੂਰਾਂ ਦੀ ਰੋਜ਼ੀ-ਰੋਟੀ 'ਤੇ ਅਸਰ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਇਸ ਸੰਕਟ ਦਾ ਹੱਲ ਕਰਨਾ ਚਾਹੀਦਾ ਹੈ।ਧਰਨੇ ਦੌਰਾਨ ਹਾਜ਼ਰ ਆਗੂਆਂ ਨੇ ਆਖਿਆ ਕਿ ਬਿਜਲੀ ਕੱਟਾਂ ਕਾਰਨ ਘਰੇਲੂ ਜੀਵਨ ਵੀ ਪ੍ਰਭਾਵਿਤ ਹੋ ਰਿਹਾ ਹੈ। ਬੱਚਿਆਂ ਦੀ ਪੜ੍ਹਾਈ, ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਰੋਜ਼ਾਨਾ ਦੇ ਕੰਮਾਂ ਵਿੱਚ ਵੱਡੀ ਰੁਕਾਵਟ ਪੈ ਰਹੀ ਹੈ। ਲੋਕਾਂ ਨੇ ਮੰਗ ਕੀਤੀ ਕਿ ਬਿਜਲੀ ਸਪਲਾਈ ਦਾ ਪੱਕਾ ਸ਼ਡਿਊਲ ਜਾਰੀ ਕੀਤਾ ਜਾਵੇ ਅਤੇ ਬਿਨਾਂ ਕਾਰਨ ਲੱਗ ਰਹੇ ਕੱਟ ਤੁਰੰਤ ਬੰਦ ਕੀਤੇ ਜਾਣ। ਚੰਦ ਡੱਲਾ, ਕਮਲ ਮੱਲ੍ਹਾ ਤੇ ਦੀਦਾਰ ਮਲਕ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਅਤੇ ਬਿਜਲੀ ਵਿਭਾਗ ਨੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਇਸ ਮੌਕੇ ਹਾਜ਼ਰ ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਾਬਕਾ ਸੀਨੀਅਰ ਮੀਤ ਪ੍ਰਧਾਨ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, SC ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬਸੂਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲਾ, ਲਖਵੀਰ ਸਿੰਘ ਚਕਰ ਯੂਥ ਆਗੂ, ਯੂਥ ਆਗੂ ਸੁਖੂ ਜਗਰਾਓਂ, ਯੂਥ ਆਗੂ ਹਰਕੀਰਤ ਸਿੰਘ ਸਿੱਧਵਾਂ ਖੁਰਦ,ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬਸੂਵਾਲ ,ਸਾਬਕਾ ਸਰਪੰਚ ਜੋਰਾ ਸਿੰਘ ਸਵੱਦੀ ਖੁਰਦ, ਸੀਨੀਅਰ ਅਕਾਲੀ ਆਗੂ ਮਿੰਟੂ ਸਵੱਦੀ, ਪ੍ਰਧਾਨ ਜਸਵੰਤ ਕੋਠੇ ਖਜੂਰਾਂ, ਪ੍ਰਧਾਨ ਪਰਮਿੰਦਰ ਕੋਂਥੋ ਹਠੂਰ, ਬਲਵੰਤ ਸਿੰਘ ਬਾਦਲ ਹਠੂਰ, ਤਾਰੀ ਕੋਠੇ ਅੱਠ ਚੱਕ, ਜਗਤਾਰ ਸਿੰਘ ਕੋਠੇ ਚੱਕ, ਮਨਦੀਪ ਸਿੰਘ ਸਿੱਧਵਾਂ, ਸਰਦਾਰ ਭਜਨ ਸਿੰਘ ਦੇੜਕਾ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਜੀਵਨ ਸਿੰਘ ਬਰਸਾਲ, ਨੰਬਰਦਾਰ ਗੋਪਾਲ ਸਿੰਘ ਭਮੀਪੁਰਾ, ਯੂਥ ਆਗੂ ਪ੍ਰਿਤਪਾਲ ਸਿੰਘ ਮੱਲ੍ਹਾ, ਜਸਵੰਤ ਸਿੰਘ ਪੱਤੀ ਮੁਲਤਾਨੀ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ, ਯੂਥ ਆਗੂ ਅਮਨਾ ਡੱਲਾ, ਸੀਨੀਅਰ ਅਕਾਲੀ ਆਗੂ ਬਿੱਟੂ ਡੱਲਾ, ਕੁਲਵੀਰ ਸਿੰਘ ਬਹਾਦਰਕੇ, ਪ੍ਰਧਾਨ ਜਤਿੰਦਰ ਸਿੱਧਵਾਂ, ਗੁਰਮੀਤ ਸਿੰਘ ਜਗਰਾਓਂ, ਸਾਬਕਾ ਸਰਪੰਚ ਸੁਖਬੀਰ ਸਿੰਘ ਰਾਜੂ ਡਾਂਗੀਆ, ਦਵਿੰਦਰ ਸਿੰਘ ਖੇਲਾ, ਵਿਕੀ ਜਗਰਾਓਂ, ਯੂਥ ਆਗੂ ਰਿੰਕੂ ਅਮਰਗੜ੍ਹ ਕਲੇਰਾਂ, ਯੂਥ ਆਗੂ ਮਨਪ੍ਰੀਤ ਸਿੰਘ ਕਲੇਰਾਂ , ਸਤਨਾਮ ਸਿੰਘ ਵਾਰਡ ਨੰਬਰ ਨੌ ਜਗਰਾਉਂ, ਸ਼ੰਕਰ ਵਾਰਡ ਨੰਬਰ ਅੱਠ ਜਗਰਾਉਂ, ਸਾਬਕਾ ਸਰਪੰਚ ਪਰਮਿੰਦਰ ਸਿੰਘ ਫਤਿਹਗੜ੍ਹ ਫਤਿਹਦੀਨ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰ ਜੰਗ, ਸਾਬਕਾ ਸਰਪੰਚ ਜਸਦੇਵ ਸਿੰਘ ਲੀਲਾ, ਬਲਰਾਜ ਸਿੰਘ ਗਰੇਵਾਲ, ਸਾਬਕਾ ਸਰਪੰਚ ਮਨਜਿੰਦਰ ਸਿੰਘ ਮਨੀ ਕਾਉਂਕੇ, ਪ੍ਰਧਾਨ ਜਗਜੀਤ ਸਿੰਘ ਡੱਲਾ, ਗੁਰਪ੍ਰੀਤ ਸਿੰਘ ਕਾਉਂਕੇ,ਰੂਪ ਸਿੰਘ ਬਾਠ, ਮਹਿੰਦਰ ਸਿੰਘ ਚਕਰ, ਝਰਮਣ ਸਿੰਘ ਬਾਠ ,ਗੁਰਪ੍ਰੀਤ ਸਿੰਘ ਕਾਲਾ ਚਕਰ, ਗੁਰਦੀਪ ਥਿੰਦ ਚੱਕਰ, ਕੇਵਲ ਸਿੰਘ ਚਕਰ, ਹਰਜਿੰਦਰ ਸਿੰਘ ਚਕਰ ਤੋਂ ਇਲਾਵਾ ਹੋਰ ਕਈ ਮੋਹਤਵਾਰ ਤੇ ਪਿੰਡਾਂ ਦੇ ਅਕਾਲੀ ਆਗੂ ਹਾਜ਼ਰ ਸਨ।

## ਕੌਂਸਲਰ ਵੱਲੋਂ ਲੋਕਾਂ ਨੂੰ ਸਵੈ-ਗਣਨਾ ਰਾਹੀਂ ਜਨਗਣਨਾ 'ਚ ਹਿੱਸਾ ਲੈਣ ਦੀ ਅਪੀਲ



ਲੁਧਿਆਣਾ,30 ਅਪ੍ਰੈਲ (ਵਿਸ਼ਾਲ ਸ਼ਰਮਾ) ਵਾਰਡ ਨੰ. 19 ਤੋਂ ਕੌਂਸਲਰ ਅਤੇ ਆਮ ਆਦਮੀ ਪਾਰਟੀ ਲੁਧਿਆਣਾ ਸ਼ਹਿਰੀ ਦੇ ਸਕੱਤਰ ਨਿਧੀ ਗੁਪਤਾ ਨੇ ਲੋਕਾਂ ਨੂੰ ਜਨਗਣਨਾ 2027 ਲਈ ਸਵੈ-ਗਣਨਾ ਵਾਸਤੇ ਆਨਲਾਈਨ ਜਾਣਕਾਰੀ ਦਰਜ ਕਰਵਾਉਣ ਦੀ ਅਪੀਲ ਕੀਤੀ ਹੈ। ਨਿਧੀ ਗੁਪਤਾ ਨੇ ਕਿਹਾ ਕਿ ਅੱਜ ਸਵੇਰੇ ਉਹਨਾਂ ਦੇ ਘਰ ਆਈ ਨਗਰ ਨਿਗਮ ਜੋਨ- ਬੀ ਦੀ ਇੱਕ ਟੀਮ ਵੱਲੋਂ ਸਵੈ-ਗਣਨਾ ਲਈ ਜਾਣਕਾਰੀ ਦਰਜ ਕੀਤੀ ਗਈ ਅਤੇ ਲੋਕ ਆਪਣੇ ਘਰ ਬੈਠੇ ਵੀ ਆਪਣੀ ਜਾਣਕਾਰੀ ਆਨਲਾਈਨ ਦਰਜ ਕਰਵਾ ਸਕਦੇ ਹਨ। ਇਸ ਬਾਰੇ ਨਿਧੀ ਗੁਪਤਾ ਨੇ ਆਪਣੇ ਸੋਸ਼ਲ ਮੀਡੀਆ ਪੇਜ ਉੱਪਰ ਜਾਣਕਾਰੀ ਸਾਂਝਾ ਕਰਦਿਆਂ ਦੱਸਿਆ ਕਿ ਇਹ ਆਨਲਾਈਨ ਫਾਰਮ 30 ਅਪ੍ਰੈਲ ਤੋਂ ਲੈ ਕੇ 14 ਮਈ ਤੱਕ ਭਰੇ ਜਾ ਸਕਣਗੇ, ਜਿਨ੍ਹਾਂ ਰਾਹੀਂ ਲੋਕ ਬਿਨਾਂ ਕਿਸੇ ਪਰੇਸ਼ਾਨੀ ਤੋਂ ਆਪਣੀ ਘਰੇਲੂ ਜਨਗਣਨਾ ਸਬੰਧੀ ਵੇਰਵੇ ਸਾਂਝੇ ਕਰ ਸਕਦੇ ਹਨ। ਇਸ ਲਈ ਲੋਕਾਂ ਨੂੰ ਸਿਰਫ਼ ਆਪਣੇ ਮੋਬਾਈਲ ਨੰਬਰ ਅਤੇ ਓ.ਟੀ.ਪੀ ਦੀ ਵਰਤੋਂ ਕਰਕੇ ਅਧਿਕਾਰਤ ਪੋਰਟਲ se.census.gov.in ਰਾਹੀਂ ਆਪਣੇ ਘਰ ਤੋਂ ਆਪਣੇ ਘਰੇਲੂ ਜਨਗਣਨਾ ਵੇਰਵੇ ਆਨਲਾਈਨ ਜਮ੍ਹਾਂ ਕਰਾਉਣ ਦੀ ਸੁਵਿਧਾ ਮਿਲੇਗੀ। ਉਨ੍ਹਾਂ ਨੇ ਕਿਹਾ ਕਿ 14 ਅਪ੍ਰੈਲ ਤੋਂ ਬਾਅਦ ਸਰਕਾਰੀ ਮੁਲਾਜ਼ਮ ਘਰ ਘਰ ਜਾ ਕੇ ਵੇਰਵੇ ਹਾਸਲ ਕਰਨਗੇ, ਲੇਕਿਨ ਜੇਕਰ ਤੁਸੀਂ ਆਨਲਾਈਨ ਜਾਣਕਾਰੀ ਪਹਿਲਾਂ ਹੀ ਮੁਹਈਆ ਕਰਵਾ ਦਿੱਤੀ ਹੈ, ਤਾਂ ਤੁਹਾਨੂੰ ਦਿੱਕਤਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਵਾਸਤੇ ਲੋਕਾਂ ਨੂੰ ਅਧਿਕਾਰਿਤ ਪੋਰਟਲ ਤੇ ਜਾ ਕੇ ਆਪਣਾ ਮੋਬਾਈਲ ਨੰਬਰ ਰਜਿਸਟਰ ਕਰਕੇ ਲੌਗਇਨ ਕਰਨਾ ਪਵੇਗਾ। ਫਿਰ ਤੁਹਾਡੇ ਮੋਬਾਈਲ ਨੰਬਰ ਉੱਪਰ ਆਏ ਓਟੀਪੀ ਰਾਹੀ ਤਸਦੀਕ ਹੋਵੇਗੀ। ਇਸ ਤੋਂ ਬਾਅਦ ਘਰ ਅਤੇ ਪਰਿਵਾਰ ਦੇ ਵੇਰਵੇ ਦੇਣੇ ਪੈਣਗੇ। ਜੇਕਰ ਲੋੜ ਹੋਵੇ ਤਾਂ ਨਕਸ਼ੇ ਤੇ ਆਪਣੇ ਘਰ ਦੀ ਸਥਿਤੀ ਨੂੰ ਵੀ ਚਿਨ੍ਹਿਤ ਕੀਤਾ ਜਾ ਸਕਦਾ ਹੈ। ਇਸ ਤਰ੍ਹਾਂ, ਫਾਰਮ ਫਰਕ ਜਮਾਂ ਕਰਨਾ ਚਾਹੀਦਾ ਹੈ ਅਤੇ ਮਿਲੀ ਐਸ.ਈ.ਆਈ.ਡੀ ਨੂੰ ਭਵਿੱਖ ਵਾਸਤੇ ਸੁਰੱਖਿਤ ਰੱਖਣਾ ਚਾਹੀਦਾ ਹੈ।

ਉਹਨਾਂ ਨੇ ਲੋਕਾਂ ਨੂੰ ਆਪਣੇ ਜਾਣਕਾਰਾਂ ਨਾਲ ਵੀ ਇਹ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਕੀਤੀ ਹੈ।

## ਲੋੜਵੰਦ ਬੱਚਿਆਂ ਨੂੰ ਸਿੱਖਿਆ ਦੇ ਮੌਕੇ ਦੇਣਾ ਮਨੁੱਖਤਾ ਦੀ ਸੱਚੀ ਸੇਵਾ: ਰਾਜਪਾਲ ਕਟਾਰੀਆ



ਲੁਧਿਆਣਾ,30 ਅਪ੍ਰੈਲ (ਵਿਸ਼ਾਲ ਸ਼ਰਮਾ) ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵੀਰਵਾਰ ਨੂੰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਰਥਿਕ ਤੌਰ 'ਤੇ ਪਛੜੇ ਬੱਚਿਆਂ ਨੂੰ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ ਮਨੁੱਖਤਾ ਦੀ ਸੱਚੀ ਸੇਵਾ ਹੈ। ਗੁਰੂ ਨਾਨਕ ਦੇਵ ਭਵਨ, ਲੁਧਿਆਣਾ ਦੇ ਆਡੀਟੋਰੀਅਮ ਵਿੱਚ ਨੋਬਲ ਫਾਊਂਡੇਸ਼ਨ ਟਰੱਸਟ ਦੁਆਰਾ ਆਯੋਜਿਤ ਸਵਾਭਿਮਾਨ ਪੁਰਸਕਾਰ ਸਮਾਰੋਹ ਦੀ ਪ੍ਰਧਾਨਗੀ ਕਰਦੇ ਹੋਏ ਗੁਲਾਬ ਚੰਦ ਕਟਾਰੀਆ ਨੇ ਸੰਸਥਾ ਦੇ ਸੰਸਥਾਪਕਾਂ ਅਤੇ ਦਾਨੀਆਂ ਦੀ ਲੋੜਵੰਦ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਸ਼ਲਾਘਾ ਕੀਤੀ। ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਸਿੱਖਿਆ ਰਾਸ਼ਟਰ ਦੇ ਵਿਕਾਸ ਦੀ ਨੀਂਹ ਪੱਥਰ ਹੈ ਅਤੇ ਸਮਾਜ ਦੇ ਸਾਰੇ ਵਰਗਾਂ ਲਈ ਮਿਆਰੀ ਸਿੱਖਿਆ ਤੱਕ ਪਹੁੰਚ ਯਕੀਨੀ ਬਣਾਉਣਾ ਸਮਾਵੇਸ਼ੀ ਵਿਕਾਸ ਲਈ ਜ਼ਰੂਰੀ ਹੈ। ਉਨ੍ਹਾਂ ਕਿਹਾ, 'ਲੋੜਵੰਦ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸਿਰਫ਼ ਦਾਨ ਦਾ ਕੰਮ ਨਹੀਂ ਹੈ ਸਗੋਂ ਸਮਾਜ ਦੀ ਤਰੱਕੀ ਵਿੱਚ ਇੱਕ ਸਾਰਥਕ ਯੋਗਦਾਨ ਹੈ।' ਉਨ੍ਹਾਂ ਅੱਗੇ ਟਿੱਪਣੀ ਕਰਦਿਆਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਵਿਅਕਤੀਆਂ ਨੂੰ ਸਮਾਜ ਅਤੇ ਰਾਸ਼ਟਰ ਲਈ ਕੀਮਤੀ ਯੋਗਦਾਨ ਪਾਉਣ ਲਈ ਸਸ਼ਕਤ ਬਣਾਉਣਾ ਹੈ। ਸੰਪੂਰਨ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਰਾਜਪਾਲ ਪੰਜਾਬ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਰਹਿਣ, ਨੈਤਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਸਮਾਜ ਦੀ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਚਰਿੱਤਰ ਨਿਰਮਾਣ ਜ਼ਿੰਮੇਵਾਰ ਨਾਗਰਿਕਾਂ ਨੂੰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਮਾਵੇਸ਼ ਦੀ ਜ਼ਰੂਰਤ ਨੂੰ ਉਜਾਗਰ ਕਰਦੇ ਹੋਏ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸੱਚੀ ਰਾਸ਼ਟਰੀ ਤਰੱਕੀ ਉਦੋਂ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ ਜਦੋਂ ਜ਼ਮੀਨੀ ਪੱਧਰ 'ਤੇ ਵਿਅਕਤੀਆਂ ਨੂੰ ਬਰਾਬਰ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ। ਉਨ੍ਹਾਂ ਅੱਗੇ ਕਿਹਾ, ਜੇਕਰ ਸਮਾਜ ਦੇ ਆਖਰੀ ਬਿੰਦੂ 'ਤੇ ਖੜ੍ਹਾ ਵਿਅਕਤੀ ਮਿਆਰੀ ਸਿੱਖਿਆ ਪ੍ਰਾਪਤ ਕਰਦਾ ਹੈ, ਤਾਂ ਹੀ ਦੇਸ਼ ਇੱਕ ਅਰਥਪੂਰਨ ਤਰੀਕੇ ਨਾਲ ਅੱਗੇ ਵਧ ਸਕਦਾ ਹੈ। ਗੁਲਾਬ ਚੰਦ ਕਟਾਰੀਆ ਨੇ ਪਦਮ ਸ਼੍ਰੀ ਓਂਕਾਰ ਸਿੰਘ ਪਾਹਵਾ, ਪੁਰਾਤੱਤਵ ਵਿਗਿਆਨੀ ਡਾ. ਨਾਰਾਇਣ ਵਤਸ, ਵਿਗਿਆਨੀ ਡਾ. ਸੁਰਿੰਦਰ ਪਾਲ ਸ਼ਰਮਾ, ਐਨ.ਆਰ.ਆਈ ਸਾਹਿਬ ਸਿੰਘ ਥਿੰਦ ਅਤੇ ਭਾਰਤੀ ਸ਼ਾਸਤਰੀ ਗਾਇਕਾ ਸੁਚੇਤਾ ਭੱਟਾਚਾਰਜੀ ਨੂੰ ਵੀ ਪੁਰਸਕਾਰ ਸੌਂਪੇ। ਇਸ ਮੌਕੇ 'ਤੇ ਮੌਜੂਦ ਪ੍ਰਮੁੱਖ ਵਿਅਕਤੀਆਂ ਵਿੱਚ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਅਤੇ ਹੋਰ ਵੀ ਅਹਿਮ ਸ਼ਖ਼ਸੀਅਤਾਂ ਮੌਜੂਦ ਸਨ।

## ਗੁਰਬਾਣੀ ਸਾਨੂੰ ਅਸਲ ਜੀਵਨ ਜਿਊਣ ਦੀ ਜਾਂਚ ਦੱਸਦੀ ਹੈ : ਜਥੇਦਾਰ ਦਾਦੂਵਾਲ

### ਸੁਰਿੰਦਰ ਸਿੰਘ ਸੋਢੀ ਨੂੰ ਧਾਰਮਿਕ ਅਤੇ ਸਮਾਜਿਕ ਹਸਤੀਆਂ ਨੇ ਦਿੱਤੀ ਸ਼ਰਧਾਂਜਲੀ



ਲੁਧਿਆਣਾ 30 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਅੱਜ ਸਥਾਨਕ ਗੁਰਦੁਆਰਾ ਸਿੰਘ ਸਭਾ, ਸਰਾਭਾ ਨਗਰ ਵਿਖੇ ਉੱਘੇ ਕਾਰੋਬਾਰੀ ਸ੍ਰ: ਸੁਰਿੰਦਰ ਸਿੰਘ ਸੋਢੀ ਜੀ ਦੀ ਅੰਤਿਮ ਅਰਦਾਸ ਤੇ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਹਸਤੀਆਂ ਨੇ ਪਹੁੰਚ ਕੇ ਸ਼ਰਧਾਂਜਲੀ ਭੇਂਟ ਕੀਤੀ । ਭੋਗ ਸਮਾਗਮ ਦੀ ਸ਼ੁਰੂਆਤ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਨੇ ਵੈਰਾਗਮਈ ਕੀਰਤਨ ਕਰਕੇ ਕੀਤੀ ਅਤੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ । ਭੋਗ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਸੰਬੋਧਨ ਦੌਰਾਨ ਆਖਿਆ ਕਿ ਗੁਰਬਾਣੀ ਸਾਨੂੰ ਸਭ ਨੂੰ ਅਸਲ ਮਾਅਨਿਆਂ 'ਚ ਜੀਵਨ ਜੀਣ ਦੀ ਜਾਂਚ ਦੱਸਦੀ ਹੈ । ਉਹਨਾਂ ਦੱਸਿਆ ਕਿ ਗੁਰੂ ਸਾਹਿਬ ਨੇ ਉਪਦੇਸ਼ ਵਿੱਚ ਕਿਸ ਤਰ੍ਹਾਂ ਸਮਾਜ ਵਿੱਚ ਮਾੜੇ ਵਰਗ ਨੂੰ ਉੱਪਰ ਚੁੱਕਣਾ ਹੈ ਅਤੇ ਆਪਣੇ ਬਰਾਬਰ ਖੜ੍ਹਾ ਕਰਨਾ ਹੈ, ਇਹ ਬਰਾਬਰਤਾ ਦਾ ਸੰਦੇਸ਼ ਗੁਰਬਾਣੀ ਹਮੇਸ਼ਾਂ ਹੀ ਦਿੰਦੀ ਹੈ । ਗੁਰੂ ਸਾਹਿਬ ਨੇ ਆਪਣੇ ਜੀਵਨ ਕਾਲ ਦੌਰਾਨ ਇਸ ਦੀਆਂ ਪ੍ਰਤੱਖ ਮਿਸਾਲਾਂ ਦਿੱਤੀਆਂ ਹਨ । ਗੁਰਬਾਣੀ ਸਾਨੂੰ ਵੰਡ ਕੇ ਛਕਣਾ ਅਤੇ ਆਪਣੀ ਕਿਰਤ ਵਿੱਚੋਂ ਦਸਵੰਧ ਕੱਢਣਾ ਅਤੇ ਆਪਣੇ ਸਮੇਂ ਵਿੱਚੋਂ ਨਾਮ ਦੀ ਕਮਾਈ ਗੁਰੂ ਲਈ ਦਸਵੰਧ ਕੱਢਣਾ ਹਮੇਸ਼ਾਂ ਹੀ ਦੱਸਦੀ ਹੈ। ਵਿਛੜੀ ਆਤਮਾ ਸ੍ਰ: ਸੁਰਿੰਦਰ ਸਿੰਘ ਸੋਢੀ ਬਾਰੇ ਜਥੇਦਾਰ ਦਾਦੂਵਾਲ ਨੇ ਚਾਨਣਾ ਪਾਇਆ ।

## ਵਿਧਾਇਕ ਬੱਗਾ ਨੇ ਗਲ਼ੀਆਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ



ਲੁਧਿਆਣਾ,30 ਅਪ੍ਰੈਲ (ਵਿਸ਼ਾਲ ਸ਼ਰਮਾ) ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਦੇ ਵਾਰਡ ਨੰਬਰ 8 ਅਧੀਨ ਕਬੀਰ ਨਗਰ ਵਿੱਚ ਬਣਨ ਜਾ ਰਹੀਆਂ ਗਲੀਆਂ ਦਾ ਉਦਘਾਟਨ ਹਲਕਾ ਵਿਧਾਇਕ ਮਦਨ ਲਾਲ ਬੱਗਾ ਵੱਲੋਂ ਕੀਤਾ ਗਿਆ। ਗਲੀਆਂ ਦਾ ਉਦਘਾਟਨ ਕਰਦਿਆਂ ਵਿਧਾਇਕ ਬੱਗਾ ਨੇ ਕਿਹਾ ਕਿ ਕਰੀਬ 56 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਨੂੰ ਤੈਅ ਸਮਾਂ ਸੀਮਾਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਵਿਧਾਇਕ ਬੱਗਾ ਨੇ ਦੱਸਿਆ ਕਿ ਹਲਕਾ ਉੱਤਰੀ ਅੰਦਰ ਵਿਕਾਸ ਪੱਖੋਂ ਕਿਸੇ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ, ਹਲਕੇ ਅੰਦਰ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਜਾ ਚੁੱਕੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਕਰੋੜਾਂ ਰੁਪਏ ਦੇ ਹੋਰ ਨਵੇਂ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇੱਕੋ ਇੱਕ ਮਿਸ਼ਨ ਸੂਬਾ ਵਾਸੀਆਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਦੇ ਨਾਲ ਨਾਲ ਸੂਬੇ ਅੰਦਰ ਰਿਕਾਰਡ ਤੋੜ ਵਿਕਾਸ ਕਾਰਜ ਕਰਵਾ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਵੀ ਮੌਜੂਦ ਸਨ।

## ਬੱਚਿਆਂ ਨੂੰ ਪਾਠ ਸਮੱਗਰੀ ਅਤੇ ਹੋਰ ਸਮਾਨ ਵੰਡਿਆ




ਲੁਧਿਆਣਾ, 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਗਿਫਟਿੰਗ ਸਮਾਈਲਜ਼: ਖੁਸ਼ੀਆਂ ਦਾ ਕਾਰਵਾਂ ਪ੍ਰੋਜੈਕਟ ਹੇਠ ਡੀਸੀਐਮ ਗਰੁੱਪ ਆਫ ਸਕੂਲਜ਼ ਵੱਲੋਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸ਼ਹਿਰ ਦੇ ਕਈ ਸਥਾਨਾਂ 'ਤੇ ਬੱਚਿਆਂ ਨੂੰ ਪਾਠ ਸਮੱਗਰੀ, ਪਾਣੀ ਦੀਆਂ ਬੋਤਲਾਂ, ਟਿਫ਼ਿਨ ਅਤੇ ਹੋਰ ਜ਼ਰੂਰੀ ਸਮਾਨ ਵੰਡਿਆ ਗਿਆ।ਡੀਸੀਐਮ ਪ੍ਰੇਜ਼ੀਡੈਂਸੀ ਸਕੂਲ ਦੀ ਪ੍ਰਿੰਸੀਪਲ ਰਜਨੀ ਕਾਲਰਾ ਅਤੇ ਡੀਸੀਐਮ ਪ੍ਰੈਜ਼ੀਡੈਂਸੀ ਐਲੀਮੈਂਟਰੀ ਸਕੂਲ ਦੀ ਮੁਖੀ ਰੂਬਨ ਚਾਹਲ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਭਾਰਤ ਵਿਕਾਸ ਪਰਿਸ਼ਦ ਅਤੇ ਹੈਲਪਿੰਗ ਹੈਂਡਜ਼ ਕਲੱਬ ਦੇ ਨਾਲ ਮਿਲ ਕੇ ਅਤੇ ਮਿਸ਼ਨ ਸਮਾਈਲ ਐਨਜੀਓ ਦੇ ਸਹਿਯੋਗ ਨਾਲ ਲੋੜਵੰਦ ਬੱਚਿਆਂ ਨੂੰ ਇਹ ਸਮਾਨ ਵੰਡਿਆ ਗਿਆ ਹੈ।

## ਡਿਜੀਟਲ ਜਨਗਣਨਾ 2027 : ਮੇਅਰ ਇੰਦਰਜੀਤ ਕੌਰ ਵੱਲੋਂ ਸ਼ਹਿਰ ਵਿੱਚ ਸਵੈ-ਗਣਨਾ ਦੀ ਸ਼ੁਰੂਆਤ



ਲੁਧਿਆਣਾ,30 ਅਪ੍ਰੈਲ (ਵਿਸ਼ਾਲ ਸ਼ਰਮਾ) ਸ਼ਹਿਰ ਦੇ ਪਹਿਲੇ ਨਾਗਰਿਕ ਵਜੋਂ ਅਗਵਾਈ ਕਰਦੇ ਹੋਏ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਵੀਰਵਾਰ ਨੂੰ ਸਰਾਭਾ ਨਗਰ ਸਥਿਤ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਪਹਿਲੀ ਡਿਜੀਟਲ ਜਨਗਣਨਾ 2027 ਦੇ ਤਹਿਤ ਸ਼ਹਿਰ ਵਿੱਚ ਸਵੈ-ਗਣਨਾ ਮੁਹਿੰਮ ਦੀ ਸ਼ੁਰੂਆਤ ਕੀਤੀ। ਡਿਜੀਟਲ ਜਨਗਣਨਾ 2027 - ਦੇ ਪਹਿਲੇ ਪੜਾਅ (ਮਕਾਨ ਸੂਚੀਕਰਨ ਅਤੇ ਰਿਹਾਇਸ਼ੀ ਜਨਗਣਨਾ) ਦੇ ਤਹਿਤ, ਰਾਜ ਵਿੱਚ ਸਵੈ-ਗਣਨਾ ਵੀਰਵਾਰ (30 ਅਪ੍ਰੈਲ) ਨੂੰ ਸ਼ੁਰੂ ਹੋਈ ਅਤੇ ਇਹ 14 ਮਈ, 2026 ਤੱਕ ਜਾਰੀ ਰਹੇਗੀ। ਵਸਨੀਕ ਸਵੈ-ਇੱਛਾ ਨਾਲ ਆਪਣੇ ਘਰਾਂ ਵਿੱਚ ਬੈਠ ਕੇ ਸਵੈ-ਗਣਨਾ ਰਾਹੀਂ ਰਿਹਾਇਸ਼ੀ ਵੇਰਵਿਆਂ (33 ਸਵਾਲ) ਦੀ ਜਾਣਕਾਰੀ ਔਨਲਾਈਨ ਜਮ੍ਹਾਂ ਕਰਵਾ ਸਕਦੇ ਹਨ। ਮੇਅਰ ਇੰਦਰਜੀਤ ਕੌਰ ਅਤੇ ਹੋਰ ਭਾਗੀਦਾਰਾਂ ਨੇ ਪਹਿਲੇ ਦਿਨ ਸਵੈ-ਗਣਨਾ ਰਾਹੀਂ ਆਪਣੀ ਜਾਣਕਾਰੀ ਵੀ ਦਰਜ ਕਰਵਾਈ। ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਕੌਂਸਲਰ ਇੰਦੂ ਮੁਨੀਸ਼ ਸ਼ਾਹ, ਸੁਪਰਡੈਂਟ ਤਰੁਣ ਗੋਇਲ, ਜ਼ਿਲ੍ਹਾ ਬਾਰ ਐਸੋਸੀਏਸ਼ਨ ਲੁਧਿਆਣਾ ਦੇ ਪ੍ਰਧਾਨ ਐਡਵੋਕੇਟ ਵਿਪਿਨ ਸੱਗੜ, ਵੱਖ-ਵੱਖ ਐਨ.ਜੀ.ਓ ਦੇ ਮੈਂਬਰ ਜਿਨ੍ਹਾਂ ਵਿੱਚ ਸੰਸਥਾਪਕ ਸਿਟੀਨੀਡਜ਼ ਮਨੀਤ ਦੀਵਾਨ, ਸਨੇਹ ਵੈਲਫੇਅਰ ਤੋਂ ਕ੍ਰਿਤੀ ਗਰੋਵਰ, ਐਸ.ਬੀ ਪਾਂਧੀ, ਰਾਧਿਕਾ ਜੈਤਵਾਨੀ ਆਦਿ ਲਾਂਚਿੰਗ ਸਮਾਰੋਹ ਦੌਰਾਨ ਮੌਜੂਦ ਸਨ।

ਨਿਵਾਸੀਆਂ ਨੂੰ ਸਵੈ-ਗਣਨਾ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦੇ ਹੋਏ, ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਇਹ ਸਰਕਾਰ ਦੁਆਰਾ ਕੀਤੀ ਗਈ ਇੱਕ ਵੱਡੀ ਪਹਿਲ ਹੈ। ਵਸਨੀਕ ਸਿਰਫ਼ ਆਪਣੇ ਮੋਬਾਈਲ ਨੰਬਰ ਅਤੇ ਓ.ਟੀ.ਪੀ ਦੀ ਵਰਤੋਂ ਕਰਕੇ ਅਧਿਕਾਰਤ ਪੋਰਟਲ https://se.census.gov.in/ ਰਾਹੀਂ ਆਪਣੇ ਘਰਾਂ ਦੀ ਜਨਗਣਨਾ ਦੇ ਵੇਰਵੇ ਆਸਾਨੀ ਨਾਲ ਔਨਲਾਈਨ ਜਮ੍ਹਾਂ ਕਰਵਾ ਸਕਦੇ ਹਨ।

ਸਵੈ-ਗਣਨਾ 30 ਅਪ੍ਰੈਲ ਤੋਂ 14 ਮਈ ਤੱਕ ਕੀਤੀ ਜਾ ਸਕਦੀ ਹੈ। ਜੇਕਰ ਕੋਈ ਪਰਿਵਾਰ ਸਵੈ-ਗਣਨਾ ਨੂੰ ਔਨਲਾਈਨ ਪੂਰਾ ਨਹੀਂ ਕਰਦਾ ਹੈ, ਤਾਂ ਇੱਕ ਅਧਿਕਾਰਤ ਗਣਨਾਕਾਰ 15 ਮਈ, 2026 ਤੋਂ ਸ਼ੁਰੂ ਹੋਣ ਵਾਲੇ ਅਗਲੇ ਫੀਲਡ ਗਣਨਾ ਪੜਾਅ ਦੌਰਾਨ ਉਨ੍ਹਾਂ ਦੇ ਘਰਾਂ/ਜਾਇਦਾਦਾਂ ਦਾ ਦੌਰਾ ਕਰਕੇ ਜਾਣਕਾਰੀ ਹਾਸਲ ਕਰਨਗੇ। ਸਵੈ-ਗਣਨਾ ਦੌਰਾਨ ਵਸਨੀਕਾਂ ਨੂੰ ਸਹੀ ਜਾਣਕਾਰੀ ਜਮ੍ਹਾਂ ਕਰਾਉਣ ਦੀ ਅਪੀਲ ਕਰਦੇ ਹੋਏ, ਮੇਅਰ ਇੰਦਰਜੀਤ ਕੌਰ ਨੇ ਵਸਨੀਕਾਂ ਨੂੰ ਜਲਦੀ ਤੋਂ ਜਲਦੀ ਜਾਣਕਾਰੀ ਜਮ੍ਹਾਂ ਕਰਾਉਣ ਦੀ ਅਪੀਲ ਕੀਤੀ।

## ਖੰਨਾ ਪੁਲਿਸ ਦੀ ਦਿਹਾਤੀ ਦੌਰਾ ਪ੍ਰਣਾਲੀ ਨਾਲ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਿਲੀ ਨਵੀਂ ਰਫ਼ਤਾਰ : ਐਸ.ਐਸ.ਪੀ ਡਾ.ਦਰਪਣ ਆਹਲੂਵਾਲੀਆ




ਖੰਨਾ, 30 ਅਪ੍ਰੈਲ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਨਵੀਂ ਤਾਕਤ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਪੁਲਿਸ ਜ਼ਿਲ੍ਹਾ ਖੰਨਾ ਵਿੱਚ ਪ੍ਰੰਪਰਾਗਤ ਦਿਹਾਤੀ ਦੌਰਾ ਪ੍ਰਣਾਲੀ ਦੀ ਮੁੜ ਸ਼ੁਰੂਆਤ ਦੇ ਵਧੀਆ ਨਤੀਜੇ ਸਾਹਮਣੇ ਆਏ ਹਨ। ਇਹ ਕਦਮ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਜ਼ਮੀਨੀ ਪੱਧਰ 'ਤੇ ਸ਼ਾਸਨ ਅਤੇ ਲੋਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਦੀ ਸੋਚ ਨੂੰ ਦਰਸਾਉਂਦਾ ਹੈ।

ਡਾ. ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਲੰਬੇ ਸਮੇਂ ਬਾਅਦ ਮੁੜ ਸ਼ੁਰੂ ਕੀਤੀ ਗਈ ਦਿਹਾਤੀ ਦੌਰਾ ਪ੍ਰਣਾਲੀ ਜੋ ਬ੍ਰਿਟਿਸ਼ ਦੌਰ ਤੋਂ ਚੱਲਦੀ ਆ ਰਹੀ ਸੀ ਨੂੰ ਹੁਣ ਮਾਨ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦੁਬਾਰਾ ਲਾਗੂ ਕੀਤੀ ਗਈ ਹੈ ਤਾਂ ਜੋ ਮੈਦਾਨੀ ਪੱਧਰ 'ਤੇ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਜਾ ਸਕੇ। ਇਸ ਤਹਿਤ ਪੁਲਿਸ ਅਧਿਕਾਰੀ ਪਿੰਡਾਂ ਵਿੱਚ ਰਹਿ ਕੇ ਲੋਕਾਂ ਨਾਲ ਸਿੱਧੀ ਗੱਲਬਾਤ ਕਰਦੇ ਹਨ, ਸਥਾਨਕ ਸਮੱਸਿਆਵਾਂ ਦਾ ਹੱਲ ਕਰਦੇ ਹਨ ਅਤੇ ਭਰੋਸਾ ਬਣਾਉਂਦੇ ਹਨ।

ਐਸ.ਐਸ.ਪੀ ਖੰਨਾ ਦੇ ਅਨੁਸਾਰ, ਇਹ ਕਦਮ ਮਾਨ ਸਰਕਾਰ ਦੀ ਉਸ ਰਣਨੀਤੀ ਦਾ ਹਿੱਸਾ ਹੈ ਜਿਸ ਵਿੱਚ ਸਖ਼ਤ ਕਾਰਵਾਈ ਦੇ ਨਾਲ ਲੋਕ ਭਾਗੀਦਾਰੀ ਨੂੰ ਜੋੜ ਕੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੁਲਿਸ ਜ਼ਿਲ੍ਹਾ ਖੰਨਾ ਵਿੱਚ ਅਧਿਕਾਰੀ ਸਥਾਨਕ ਪ੍ਰਸ਼ਾਸਨ ਦੇ ਨਾਲ ਮਿਲ ਕੇ ਨਿਯਮਿਤ ਤੌਰ ਤੇ ਪਿੰਡਾਂ ਦੇ ਦੌਰੇ ਕਰ ਰਹੇ ਹਨ, ਆਪਣੀ ਮੌਜੂਦਗੀ ਵਧਾ ਰਹੇ ਹਨ ਅਤੇ ਲੋਕਾਂ ਨੂੰ ਇਸ ਮੁਹਿੰਮ ਵਿੱਚ ਸਰਗਰਮ ਭਾਗੀਦਾਰ ਬਣਨ ਲਈ ਪ੍ਰੇਰਿਤ ਕਰ ਰਹੇ ਹਨ।

ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਇਸ ਮੁਹਿੰਮ ਦੇ ਨਤੀਜੇ ਵੀ ਸਾਹਮਣੇ ਆ ਰਹੇ ਹਨ, ਜਿੱਥੇ ਪਿੰਡ ਵਾਸੀ ਖੁਦ ਹੀ ਨਸ਼ਾ ਤਸਕਰਾਂ ਅਤੇ ਅਸਮਾਜਿਕ ਤੱਤਾਂ ਬਾਰੇ ਖੁੱਲ੍ਹ ਕੇ ਜਾਣਕਾਰੀ ਸਾਂਝੀ ਕਰ ਰਹੇ ਹਨ। ਲੋਕ ਸ਼ੱਕੀ ਗਤੀਵਿਧੀਆਂ ਦੀ ਸੂਚਨਾ ਦੇ ਰਹੇ ਹਨ ਅਤੇ ਪੁਲਿਸ ਦੀ ਮਦਦ ਕਰ ਰਹੇ ਹਨ ਤਾਂ ਜੋ ਨਸ਼ਿਆਂ ਦੇ ਸਥਾਨਕ ਜਾਲ ਨੂੰ ਤੋੜਿਆ ਜਾ ਸਕੇ।

ਐਸ.ਐਸ.ਪੀ ਨੇ ਦੱਸਿਆ ਕਿ ਇਸ ਦੇ ਨਾਲ ਹੀ, ਪਿੰਡਾਂ ਵਿੱਚ ਸਾਂਝੀ ਸੱਥ ਮੀਟਿੰਗਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿੱਥੇ ਖੁੱਲ੍ਹੀ ਚਰਚਾ ਰਾਹੀਂ ਸਮੱਸਿਆਵਾਂ 'ਤੇ ਗੱਲਬਾਤ ਹੁੰਦੀ ਹੈ। ਹਾਲ ਹੀ ਵਿੱਚ ਖੰਨਾ ਦੇ ਪਿੰਡ ਕੌੜੀ ਵਿੱਚ ਮੀਟਿੰਗ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ ਅਤੇ ਨਸ਼ਿਆਂ ਨਾਲ ਸੰਬੰਧਿਤ ਚੁਣੌਤੀਆਂ 'ਤੇ ਆਪਣੇ ਸੁਝਾਅ ਵੀ ਦਿੱਤੇ।

ਡਾ. ਦਰਪਣ ਆਹਲੂਵਾਲੀਆ ਦੀ ਇਹ ਪਹਿਲ ਸੁਧਾਰਕ ਰਵੱਈਏ ਨੂੰ ਵੀ ਹੱਲਾਸ਼ੇਰੀ ਦੇ ਰਹੀ ਹੈ। ਲੋਕ ਹੁਣ ਸਿਰਫ਼ ਦੋਸ਼ੀਆਂ ਦੀ ਪਛਾਣ ਹੀ ਨਹੀਂ ਕਰ ਰਹੇ, ਸਗੋਂ ਉਨ੍ਹਾਂ ਨੂੰ ਮੁੜ ਸਧਾਰਨ ਜ਼ਿੰਦਗੀ ਵੱਲ ਲੈ ਜਾਣ ਲਈ ਸੁਝਾਅ ਵੀ ਦੇ ਰਹੇ ਹਨ। ਕਈ ਮਾਮਲਿਆਂ ਵਿੱਚ ਪਿੰਡ ਵਾਸੀਆਂ ਨੇ ਅਜਿਹੇ ਲੋਕਾਂ ਦੀ ਜ਼ਿੰਮੇਵਾਰੀ ਵੀ ਲਈ ਹੈ ਅਤੇ ਉਨ੍ਹਾਂ ਦੇ ਸੁਧਾਰ ਲਈ ਉਨ੍ਹਾਂ ਨੂੰ ਭਰੋਸਾ ਵੀ ਦਿੱਤਾ ਹੈ।

ਐਸ.ਐਸ.ਪੀ ਨੇ ਦੱਸਿਆ ਕਿ ਲੋਕ ਭਾਗੀਦਾਰੀ ਦੇ ਨਾਲ-ਨਾਲ ਕਾਨੂੰਨੀ ਕਾਰਵਾਈ ਵੀ ਜਾਰੀ ਹੈ। ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਏ ਜਾ ਰਹੇ ਓਪਰੇਸ਼ਨ ਪ੍ਰਹਾਰ-1 ਅਤੇ ਪ੍ਰਹਾਰ-2 ਦੇ ਅਧੀਨ ਖੰਨਾ ਪੁਲਿਸ ਨੇ ਵੱਡੀਆਂ ਕਾਮਯਾਬੀਆਂ ਹਾਸਲ ਕੀਤੀਆਂ ਹਨ। ਇਨ੍ਹਾਂ ਵਿੱਚ ਜਾਲੀ ਪਾਸਪੋਰਟ ਗਿਰੋਹਾਂ ਦਾ ਭੰਡਾਫੋੜ, ਨਸ਼ਾ ਤਸਕਰੀ ਜਾਲਾਂ ਨੂੰ ਤੋੜਨਾ ਅਤੇ ਹੈਰੋਇਨ ਅਤੇ ਮੈਥਐਮਫੈਟਾਮੀਨ (ਆਈਸ) ਸਮੇਤ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਸ਼ਾਮਲ ਹੈ।

ਡਾ. ਦਰਪਣ ਅਹਲੂਵਾਲੀਆ ਨੇ ਕਿਹਾ ਕਿ ਦਿਹਾਤੀ ਦੌਰਾ ਦੀ ਮੁੜ ਸ਼ੁਰੂਆਤ ਬਹੁਤ ਪ੍ਰਭਾਵਸ਼ਾਲੀ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ, ਮਾਨ ਸਰਕਾਰ ਦੇ ਲਗਾਤਾਰ ਸਮਰਥਨ ਅਤੇ ਸਪਸ਼ਟ ਦਿਸ਼ਾ-ਨਿਰਦੇਸ਼ਾਂ ਨਾਲ ਅਸੀਂ ਨਸ਼ਿਆਂ ਦੀ ਗਤੀਵਿਧੀਆਂ 'ਤੇ ਕਾਫ਼ੀ ਹੱਦ ਤੱਕ ਕਾਬੂ ਪਾਇਆ ਹੈ। ਹੁਣ ਨਸ਼ਾ ਤਸਕਰਾਂ ਵਿੱਚ ਪੁਲਿਸ ਦਾ ਡਰ ਹੈ ਅਤੇ ਲੋਕਾਂ ਦੀ ਭਾਗੀਦਾਰੀ ਕਈ ਗੁਣਾ ਵਧੀ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਇਹ ਮੁਹਿੰਮ ਅੱਗੇ ਵੀ ਸਖ਼ਤ ਕਾਰਵਾਈ ਅਤੇ ਲੋਕਾਂ ਦੇ ਸਹਿਯੋਗ ਨਾਲ ਜਾਰੀ ਰਹੇਗੀ ਤਾਂ ਜੋ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੇ ਨਸ਼ਾ-ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ।

## ਸਪਰਿੰਗ ਡੇਲ ਸਕੂਲ ਵਿਖੇ ਮਜ਼ਦੂਰ ਦਿਵਸ ਮਨਾਇਆ




ਲੁਧਿਆਣਾ 30 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਸਪਰਿੰਗ ਡੇਲ ਪਬਲਿਕ ਸਕੂਲ ਵਿਖੇ (ਮਜ਼ਦੂਰ ਦਿਵਸ) ਲੇਬਰ-ਡੇ ਬੜੇ ਜੋਸ਼ ਅਤੇ ਉਤਸ਼ਾਹ ਦੇ ਨਾਲ਼ ਮਨਾਇਆ ਗਿਆ। ਇਸ ਸਬੰਧ ਵਿੱਚ ਸਵੇਰ ਦੀ ਪ੍ਰਾਰਥਨਾ ਸਭਾ ਦੇ ਵਿੱਚ ਬੱਚਿਆਂ ਨੇ ਮਜ਼ਦੂਰ ਦਿਵਸ @ਤੇ ਜੋਸ਼ੀਲੀਆਂ ਕਵਿਤਾਵਾਂ ਸੁਣਾ ਕੇ ਸਭ ਨੂੰ ਮੰਤਰ-ਮੁਗਧ ਕਰ ਦਿੱਤਾ। ਇਸ ਦੇ ਨਾਲ਼ ਹੀ ਬੱਚਿਆਂ ਦੁਆਰਾ ਗਾਏ ਗਏ ਗੀਤ ÷ਕਾਮ ਕੀ ਪੂਜਾ ਕਰਤੇ ਹੈ, ਹਮਾਰਾ ਸਲਾਮ ਆਪਕੋ÷ ਨੇ ਤਾਂ ਸਭ ਨੂੰ ਕੀਲ ਕੇ ਹੀ ਰੱਖ ਦਿੱਤਾ। ਇਸ ਤੋਂ ਇਲਾਵਾ ਸਕੂਲ ਦੇ ਬੱਚਿਆਂ ਨੇ @ਮਜ਼ਦੂਰ ਦਿਵਸ@ @ਤੇ ਸਕੂਲ ਦੇ ਸਾਰੇ ਸਹਾਇਕ ਕਰਮਚਾਰੀਆਂ ਦੁਆਰਾ ਕੀਤੇ ਜਾਂਦੇ ਕੰਮਾਂ ਦੀ ਅਹਿਮੀਅਤ ਨੂੰ ਪੇਸ਼ ਕਰਦਿਆਂ ਇੱਕ ਸਕਿੱਟ ਵੀ ਪੇਸ਼ ਕੀਤੀ । ਸਕੂਲ ਦੇ ਬੱਚਿਆਂ ਨੇ ਸਾਰੇ ਹੀ ਸਕੂਲ ਦੇ ਸਹਾਇਕ ਕਰਮਚਾਰੀਆਂ ਨੂੰ ਆਪਣੇ ਹੱਥਾਂ ਨਾਲ਼ ਬਣਾਏ ਹੋਏ ਸ਼ੁਭ ਇੱਛਾਵਾਂ ਵਾਲ਼ੇ ਕਾਰਡ ਵੀ ਭੇਂਟ ਕੀਤੇ। ਸਕੂਲ ਦੇ ਚੇਅਰਪਰਸਨ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ ਨੇ ਸਾਰੇ ਹੀ ਸਹਾਇਕ ਕਰਮਚਾਰੀਆਂ ਨੂੰ ਮਜ਼ਦੂਰ ਦਿਵਸ ਦੀਆਂ ਬਹੁਤ- ਬਹੁਤ ਵਧਾਈਆਂ ਦਿੱਤੀਆਂ ਤੇ ਨਾਲ਼ ਹੀ ਸਕੂਲ ਦੇ ਥੰਮ ਬਣੇ ਰਹਿਣ ਦੇ ਲਈ ਉਹਨਾਂ ਨੂੰ ਖ਼ੂਬ ਹੱਲਾਸ਼ੇਰੀ ਵੀ ਦਿੱਤੀ। ਡਾਇਰੈਕਟਰਜ਼ ਮਨਦੀਪ ਵਾਲੀਆ, ਸ਼੍ਰੀਮਤੀ ਕਮਲਪ੍ਰੀਤ ਕੌਰ, ਡਿਪਟੀ-ਡਾਇਰੈਕਟਰ ਸੋਨੀਆ ਵਰਮਾ ਅਤੇ ਪ੍ਰਿੰਸੀਪਲ ਅਨਿਲ ਸ਼ਰਮਾ ਨੇ ਵੀ ਸਾਰੇ ਹੀ ਸਹਾਇਕ ਕਰਮਚਾਰੀਆਂ ਨੂੰ ਆਪਣੀਆਂ ਸ਼ੁਭ ਇੱਛਾਵਾਂ ਦਿੱਤੀਆਂ ਤੇ ਨਾਲ਼ ਹੀ ਭਵਿੱਖ ਵਿੱਚ ਵੀ ਆਪਣੀ ਅਣਥੱਕ ਮਿਹਨਤ ਦਾ ਮੁਜ਼ਾਹਰਾ ਕਰਨ ਦੇ ਲਈ ਪ੍ਰੇਰਿਆ।

## ਜਨਗਣਨਾ-2027 ਲਈ ਸਵੈ-ਗਣਨਾ ਲੁਧਿਆਣਾ 'ਚ ਹੋ ਰਹੀ ਹੈ ਸ਼ੁਰੂ : ਡੀ.ਸੀ.

ਲੁਧਿਆਣਾ,30 ਅਪ੍ਰੈਲ (ਵਿਸ਼ਾਲ ਸ਼ਰਮਾ) ਆਗਾਮੀ ਜਨਗਣਨਾ 2027 ਲਈ ਸਵੈ-ਗਣਨਾ ਲੁਧਿਆਣਾ ਵਿੱਚ ਸ਼ੁਰੂ ਹੋ ਗਈ ਹੈ, ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਧਿਕਾਰੀ ਹਿਮਾਂਸ਼ੂ ਜੈਨ ਨੇ ਵੀਰਵਾਰ ਨੂੰ ਆਪਣੇ ਵੇਰਵੇ ਔਨਲਾਈਨ ਰਜਿਸਟਰ ਕਰਕੇ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਨਿਵਾਸੀਆਂ ਨੂੰ ਅਪੀਲ ਕਰਦੇ ਹੋਏ, ਜੈਨ ਨੇ ਜ਼ੋਰ ਦੇ ਕੇ ਕਿਹਾ ਕਿ ਸਵੈ-ਗਣਨਾ ਪਹਿਲਕਦਮੀ ਨਾਗਰਿਕਾਂ ਨੂੰ ਮੋਬਾਈਲ ਨੰਬਰ ਅਤੇ OTP ਤਸਦੀਕ ਦੀ ਵਰਤੋਂ ਕਰਕੇ ਅਧਿਕਾਰਤ ਪੋਰਟਲ se.census.gov.in ਰਾਹੀਂ ਆਪਣੀ ਘਰੇਲੂ ਜਾਣਕਾਰੀ ਆਸਾਨੀ ਨਾਲ ਜਮ੍ਹਾਂ ਕਰਾਉਣ ਦੀ ਆਗਿਆ ਦਿੰਦੀ ਹੈ। ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਇਹ ਪ੍ਰਕਿਰਿਆ ਸਰਲ, ਸੁਰੱਖਿਅਤ ਹੈ, ਅਤੇ ਘਰ ਦੇ ਆਰਾਮ ਤੋਂ ਪੂਰੀ ਕੀਤੀ ਜਾ ਸਕਦੀ ਹੈ, ਜਿਸ ਨਾਲ ਗਣਨਾਕਾਰ ਦੀ ਉਡੀਕ ਕਰਨ ਦੀ ਜ਼ਰੂਰਤ ਖਤਮ ਹੋ ਜਾਂਦੀ ਹੈ। ਇਸ ਪੜਾਅ ਦੇ ਤਹਿਤ, ਨਿਵਾਸੀਆਂ ਨੂੰ ਆਪਣੇ ਘਰ ਅਤੇ ਪਰਿਵਾਰਕ ਮੈਂਬਰਾਂ ਬਾਰੇ ਵਿਆਪਕ ਵੇਰਵੇ ਪ੍ਰਦਾਨ ਕਰਨ ਦੀ ਲੋੜ ਹੁੰਦੀ ਹੈ, ਜਿਸ ਵਿੱਚ ਹਾਊਸ ਲਿਸਟਿੰਗ ਓਪਰੇਸ਼ਨ (HLO) ਸਵਾਲਾਂ ਦੇ ਜਵਾਬ ਸ਼ਾਮਲ ਹਨ। ਇਹ ਮੁੱਖ ਪਹਿਲੂਆਂ ਨੂੰ ਕਵਰ ਕਰਦੇ ਹਨ ਜਿਵੇਂ ਕਿ ਘਰ ਦੀ ਕਿਸਮ, ਸਹੂਲਤਾਂ ਦੀ ਉਪਲਬਧਤਾ, ਸੰਪਤੀਆਂ ਅਤੇ ਹੋਰ ਬੁਨਿਆਦੀ ਸਹੂਲਤਾਂ - ਜਾਣਕਾਰੀ ਜੋ ਵਿਕਾਸ ਨੀਤੀਆਂ ਅਤੇ ਭਲਾਈ ਯੋਜਨਾਵਾਂ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਜੈਨ ਨੇ ਨਿਵਾਸੀਆਂ ਨੂੰ ਸਵੈ-ਗਣਨਾ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸੋਸ਼ਲ ਮੀਡੀਆ ਅਤੇ ਸਥਾਨਕ ਨੈੱਟਵਰਕਾਂ ਰਾਹੀਂ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਜਾਗਰੂਕਤਾ ਫੈਲਾਉਣ ਦੀ ਅਪੀਲ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਰਿਹਾਇਸ਼, ਪਾਣੀ ਸਪਲਾਈ, ਸੈਨੀਟੇਸ਼ਨ, ਸਿੱਖਿਆ, ਸਿਹਤ ਸੰਭਾਲ ਅਤੇ ਰੁਜ਼ਗਾਰ ਵਰਗੇ ਖੇਤਰਾਂ ਵਿੱਚ ਪ੍ਰਭਾਵਸ਼ਾਲੀ ਯੋਜਨਾਬੰਦੀ ਲਈ ਸਹੀ ਜਨਗਣਨਾ ਡੇਟਾ ਬਹੁਤ ਜ਼ਰੂਰੀ ਹੈ।



ਰਿਧਿਮਾ ਸਾਹਨੀ ਨੇ 'ਸੈਕਰਡ ਹਾਰਟ ਕਾਨਵੈਂਟ ਸੀਨੀਅਰ ਸੈਕੰਡਰੀ' ਸਕੂਲ, ਭੱਟੀਆਂ, ਲੁਧਿਆਣਾ ਤੋਂ 10+2 ਕਾਮਰਸ ਵਿੱਚ 91% ਅੰਕ ਪ੍ਰਾਪਤ ਕੀਤੇ। (ਵੇਰਵਾ ਵਿਸ਼ਾਲ ਸ਼ਰਮਾ)

# ਕੂੜੇ ਦੇ ਢੇਰ ਨੂੰ ਲੱਗੀ ਅੱਗ ਨੇ ਧਾਰਿਆ ਭਿਆਨਕ ਰੂਪ, ਦੋ ਕਾਰਾਂ ਸੜ ਕੇ ਹੋਈਆਂ ਸਵਾਹ

ਬਠਿੰਡਾ, 30 ਅਪ੍ਰੈਲ (ਦੀਪਕ ਸ਼ਰਮਾ): ਸ਼ਹਿਰ ਦੀ ਪੁਰਾਣੀ ਇਨਕਮ ਟੈਕਸ ਕਾਲੋਨੀ ਦੇ ਬਾਹਰ ਉਸ ਸਮੇਂ ਭਾਜੜਾਂ ਪੈ ਗਈਆਂ, ਜਦੋਂ ਉੱਥੇ ਖੜ੍ਹੀਆਂ ਦੋ ਕਾਰਾਂ ਅਚਾਨਕ ਅੱਗ ਦੀਆਂ ਲਪਟਾਂ ਵਿੱਚ ਘਿਰ ਗਈਆਂ। ਵੀਰਵਾਰ ਦੁਪਹਿਰ ਕਰੀਬ ਢਾਈ ਤੋਂ ਪੌਣੇ ਤਿੰਨ ਵਜੇ ਦੇ ਦਰਮਿਆਨ ਵਾਪਰੀ ਇਸ ਘਟਨਾ ਨੇ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਦੇਖਦਿਆਂ ਹੀ ਦੇਖਦਿਆਂ ਦੋਵੇਂ ਵਾਹਨ ਪੂਰੀ ਤਰ੍ਹਾਂ ਸੜ ਕੇ ਕੋਲਾ ਹੋ ਗਏ। ਖ਼ੁਸ਼ਕਿਸਮਤੀ ਇਹ ਰਹੀ ਕਿ ਨੇੜੇ ਖੜ੍ਹੀਆਂ ਹੋਰ ਗੱਡੀਆਂ ਇਸ ਦੀ ਲਪੇਟ ਵਿੱਚ ਆਉਣ ਤੋਂ ਬਚ ਗਈਆਂ, ਜਿਸ ਕਾਰਨ ਇੱਕ ਹੋਰ ਵੱਡਾ ਨੁਕਸਾਨ ਹੋਣੋਂ ਟਲ ਗਿਆ।



ਮੌਕੇ 'ਤੇ ਮੌਜੂਦ ਲੋਕਾਂ ਮੁਤਾਬਕ ਜਿਸ ਜਗ੍ਹਾ 'ਤੇ ਇਹ ਕਾਰਾਂ ਖੜ੍ਹੀਆਂ ਸਨ, ਉਸ ਦੇ ਬਿਲਕੁਲ ਕੋਲ ਕੂੜੇ ਦਾ ਇੱਕ ਵੱਡਾ ਢੇਰ ਲੱਗਿਆ ਹੋਇਆ ਸੀ। ਸ਼ੱਕ ਜਤਾਇਆ ਜਾ ਰਿਹਾ ਹੈ ਕਿ ਕਿਸੇ ਅਣਪਛਾਤੇ ਵਿਅਕਤੀ ਨੇ ਇਸ ਕੂੜੇ ਨੂੰ ਅੱਗ ਲਗਾ ਦਿੱਤੀ ਸੀ, ਜੋ ਹੌਲੀ-ਹੌਲੀ ਫੈਲਦੀ ਹੋਈ ਇਨ੍ਹਾਂ ਕਾਰਾਂ ਤੱਕ ਪਹੁੰਚ ਗਈ। ਕੁੱਝ ਹੀ ਪਲਾਂ ਵਿੱਚ ਅੱਗ ਨੇ ਵਿਕਰਾਲ ਰੂਪ ਧਾਰ ਲਿਆ ਅਤੇ ਦੋਵੇਂ ਵਾਹਨ ਅੱਗ ਦੇ ਗੋਲੇ ਵਿੱਚ ਤਬਦੀਲ ਹੋ ਗਏ।

ਘਟਨਾ ਦੀ ਜਾਣਕਾਰੀ ਮਿਲਦੇ ਸਾਰ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਸਖ਼ਤ ਮੁਸ਼ਕਲ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ, ਪਰ ਉਦੋਂ ਤੱਕ ਦੋਵੇਂ ਕਾਰਾਂ ਦਾ ਭਾਰੀ ਨੁਕਸਾਨ ਹੋ ਚੁੱਕਾ ਸੀ। ਹਾਲਾਂਕਿ ਮੁੱਢਲੀ ਜਾਂਚ ਵਿੱਚ ਅੱਗ ਲੱਗਣ ਦਾ ਕਾਰਨ ਕੂੜੇ ਦੇ ਢੇਰ ਦੀ ਅੱਗ ਨੂੰ ਹੀ ਮੰਨਿਆ ਜਾ ਰਿਹਾ ਹੈ, ਪਰ ਪੁਲਿਸ ਅਤੇ ਫਾਇਰ ਵਿਭਾਗ ਹਰ ਪਹਿਲੂ ਤੋਂ ਮਾਮਲੇ ਦੀ ਜਾਂਚ ਕਰ ਰਹੇ ਹਨ। ਇਸ ਘਟਨਾ ਤੋਂ ਬਾਅਦ ਸਥਾਨਕ ਲੋਕਾਂ ਨੇ ਪ੍ਰਸ਼ਾਸਨ ਕੋਲੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਰਿਹਾਇਸ਼ੀ ਇਲਾਕਿਆਂ ਵਿੱਚ ਲੱਗੇ ਕੂੜੇ ਦੇ ਢੇਰਾਂ ਨੂੰ ਸਮੇਂ ਸਿਰ ਹਟਾਇਆ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਅਣਸੁਖਾਵੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

# ਸੰਤ ਕਬੀਰ ਕਾਨਵੈਂਟ ਸੀਨੀ. ਸੈਕੰ. ਸਕੂਲ ਵਿਖੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾਇਆ



ਭੁੱਚੋ ਮੰਡੀ ਨਥਾਣਾ, 30 ਅਪ੍ਰੈਲ (ਹਰਬੰਸ ਸਿੰਘ ਭੋਲਾ): ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਇਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਮਜ਼ਦੂਰਾਂ ਦਾ ਹੌਸਲਾ ਵਧਾਇਆ। ਵਿਦਿਆਰਥੀਆਂ ਦੇ ਇੱਕ ਸਮੂਹ ਨੇ ਮਜ਼ਦੂਰਾਂ ਲਈ ਇੱਕ ਕਵਿਤਾ ਵੀ ਗਾਈ। ਬਾਲ ਮਜ਼ਦੂਰੀ ਦੀ ਰੋਕਥਾਮ ਨਾਲ ਸਬੰਧਤ ਇੱਕ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਪ੍ਰੋਗਰਾਮ ਦੇ ਅੰਤ ਵਿੱਚ, ਹਰੇਕ ਕਰਮਚਾਰੀ ਨੂੰ ਸਨਮਾਨ ਦੇ ਪ੍ਰਤੀਕ ਵਜੋਂ ਤੋਹਫ਼ੇ ਦਿੱਤੇ ਗਏ।

ਸਕੂਲ ਦੇ ਐਮ.ਡੀ ਪ੍ਰੋਫੈਸਰ ਐਮ ਐਲ ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ, ਸੋਨੀਆ ਧਵਨ, ਰਚਨਾ ਜਿੰਦਲ ਨੇ ਸਾਰੇ ਮਜ਼ਦੂਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਜ਼ਦੂਰ ਵਰਗ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਵਿਦਿਆਰਥੀਆਂ ਨੂੰ ਕਿਰਤ ਦੀ ਸ਼ਾਨ ਨੂੰ ਪਛਾਣਨ ਲਈ ਵੀ ਉਤਸ਼ਾਹਿਤ ਕੀਤਾ।

# ਸੰਗਰੂਰ ਪੁਲਿਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 22 ਤੋਂ 28 ਅਪ੍ਰੈਲ ਤੱਕ 55 ਦੋਸ਼ੀ ਕੀਤੇ ਕਾਬੂ : ਐਸ.ਐਸ.ਪੀ

ਸੰਗਰੂਰ, 30 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸੰਗਰੂਰ ਦੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਹੈ ਕਿ ਸਬ ਡਵੀਜਨ ਭਵਾਨੀਗੜ੍ਹ ਦੀ ਪੁਲਿਸ ਨੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਚਲਾਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 22 ਅਪ੍ਰੈਲ 2026 ਤੋਂ ਅੱਜ ਤੱਕ ਕੁੱਲ 55 ਦੋਸ਼ੀਆਂ ਨੂੰ ਵੱਖ ਵੱਖ ਮੁਕੱਦਮਿਆਂ ਵਿੱਚ ਗ੍ਰਿਫਤਾਰ ਕੀਤਾ ਹੈ। ਪੁਲਿਸ ਦੀ ਕਾਰਗੁਜ਼ਾਰੀ ਦੱਸਦਿਆਂ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਡੀ.ਐਸ.ਪੀ ਰਾਹੁਲ ਕੌਸ਼ਲ ਦੀ ਨਿਗਰਾਨੀ ਹੇਠ ਥਾਣਾ ਭਵਾਨੀਗੜ੍ਹ ਦੇ ਏਰੀਆ ਵਿੱਚ ਪੁਲਿਸ ਨੇ ਕੌਂਸਲਿੰਗ ਕਰਕੇ ਨਸ਼ਾ ਛੱਡਣ ਦਾ ਮਨ ਬਣਾ ਚੁੱਕੇ ਨਸ਼ਿਆਂ ਦੇ ਆਦੀ 4 ਵਿਅਕਤੀਆਂ ਨੂੰ ਉਹਨਾ ਦੇ ਪਰਿਵਾਰਕ ਮੈਂਬਰਾਂ ਦੀ ਸਲਾਹ ਨਾਲ ਨਸ਼ਾ ਛੁਡਾਉ ਕੇਂਦਰ ਵਿੱਚ ਲਿਜਾ ਕੇ ਨਸ਼ਾ ਛੱਡਣ ਦੀ ਦਵਾਈ ਦਿਵਾਈ ਹੈ। ਜ਼ਿਲ੍ਹਾ ਪੁਲਿਸ ਮੁਖੀ ਨੇ ਅੱਗੇ ਦੱਸਿਆ ਕਿ ਇਸ ਅਰਸੇ ਦੌਰਾਨ 3 ਮੁਕਦਮੇ ਐਨ.ਡੀ.ਪੀ.ਐਸ.ਐਕਟ ਤਹਿਤ ਦਰਜ ਕਰਕੇ 5 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਜਿਹਨਾ ਪਾਸੋਂ 900 ਨਸ਼ੀਲੀਆਂ ਗੋਲੀਆਂ ਤੇ 10 ਗ੍ਰਾਮ ਹੈਰੋਇਨ ਚਿੱਟਾ ਬ੍ਰਾਮਦ ਕਰਵਾਇਆ ਗਿਆ।



ਥਾਣਾ ਭਵਾਨੀਗੜ੍ਹ ਨੇ ਇਸ ਦੌਰਾਨ 1 ਮੁਕਦਮਾ ਆਬਕਾਰੀ ਐਕਟ ਤਹਿਤ ਦਰਜ ਕਰਕੇ 1 ਦੋਸ਼ੀ ਨੂੰ ਗ੍ਰਿਫਤਾਰ ਕੀਤਾ, ਜਿਸ ਪਾਸੋਂ 24 ਬੋਤਲਾਂ ਸਰਾਬ ਠੇਕਾ ਦੇਸੀ ਮਾਰਕਾ (ਹਰਿਆਣਾ) ਬ੍ਰਾਮਦ ਕਰਵਾਈ ਗਈ। ਸਰਤਾਜ ਸਿੰਘ ਚਾਹਲ ਨੇ ਹੋਰ ਕਿਹਾ ਕਿ ਭਵਾਨੀਗੜ੍ਹ ਪੁਲਿਸ ਨੇ ਇਲਾਕੇ ਵਿੱਚ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੌਰਾਨ 43 ਵਿਅਕਤੀਆਂ ਨੂੰ ਚੈੱਕ ਕਰਨ ਉਪਰੰਤ ਜੇਰ ਧਾਰਾ 172 ਬੀ.ਐਨ.ਐਸ.ਐਸ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਦਿਨ ਅਤੇ ਰਾਤ ਸਮੇਂ ਗਸ਼ਤ ਦੌਰਾਨ ਟ੍ਰੈਫਿਕ ਦੇ ਨਿਯਮਾ ਦੀ ਉਲੰਘਣਾ ਕਰਨ ਵਾਲਿਆਂ 68 ਵਹੀਕਲਾਂ ਦੇ ਚਲਾਣ ਕੀਤੇ ਗਏ ਹਨ। ਇਸ ਤੋਂ ਇਲਾਵਾ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਣ ਉਪਰੰਤ 27 ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਟਰੈਫਿਕ ਨਿਯਮਾਂ ਤੋਂ ਜਾਣੂ ਕਰਵਾਉਣ, ਨਸ਼ੇ ਦੇ ਬੁਰੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਸਬੰਧੀ ਉਪ ਕਪਤਾਨ ਪੁਲਿਸ ਭਵਾਨੀਗੜ੍ਹ ਰਾਹੁਲ ਕੌਸ਼ਲ ਤੇ ਮੁੱਖ ਅਫਸਰ ਥਾਣਾ ਭਵਾਨੀਗੜ੍ਹ ਵੱਲੋਂ ਜਾਗਰੂਕ ਮੀਟਿੰਗਾਂ ਵੀ ਲਗਾਤਾਰ ਕੀਤੀਆਂ ਜਾ ਰਹੀਆਂ ਹਨ। ਐਸ ਐਸ ਪੀ ਨੇ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਸਬੰਧੀ ਅਪੀਲ ਕੀਤੀ ਤੇ ਕਿਹਾ ਕਿ ਥਾਣਾ ਭਵਾਨੀਗੜ੍ਹ ਦੇ ਵੱਖ ਵੱਖ ਥਾਵਾਂ ਵਿੱਚ ਪਿੰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਰਾਹੀਂ ਪਬਲਿਕ ਮਿਲਣੀਆਂ ਕੀਤੀਆਂ ਗਈਆਂ ਹਨ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ, ਸਪੋਰਟਸ ਕਲੱਬਾਂ, ਮੋਹਤਬਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹ ਦੇਣ ਲਈ ਪਬਲਿਕ ਨੂੰ ਜਾਗਰੂਕ ਕੀਤਾ ਗਿਆ ਤਾਂ ਜੋ ਨਸ਼ੇ ਦੇ ਇਸ ਕੋਹੜ ਨੂੰ ਜੜ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਨਸ਼ੇ ਦਾ ਧੰਦਾ ਕਰਨ ਵਾਲਿਆਂ ਤੇ ਮਾੜੇ ਅਨਸਰਾਂ ਖਿਲਾਫ਼ ਸੰਗਰੂਰ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

# ਟਰੱਕ ਡਿਵਾਈਡਰ ਨਾਲ ਟਕਰਾਇਆ, ਜਾਨੀ ਨੁਕਸਾਨ ਤੋਂ ਬਚਾਅ



ਬੁਢਲਾਡਾ, 30 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਬੁਢਲਾਡਾ ਦੇ ਆਈਟੀਆਈ ਰੋਡ 'ਤੇ ਸਵੇਰੇ ਕਰੀਬ 4 ਵਜੇ ਇੱਕ ਟਰੱਕ ਡਿਵਾਈਡਰ 'ਤੇ ਚੜ੍ਹ ਜਾਣ ਦੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਗਲਤ ਸਾਈਡ ਤੋਂ ਆ ਰਹੀ ਇੱਕ ਕਾਰ ਨੂੰ ਬਚਾਉਂਦੇ ਹੋਏ ਟਰੱਕ ਡਰਾਈਵਰ ਨੇ ਆਪਣਾ ਵਾਹਨ ਮੋੜਿਆ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ।ਇਸ ਦੌਰਾਨ ਟਰੱਕ ਦਾ ਟਾਇਰ ਫੱਟ ਗਿਆ ਤੇ ਵਾਹਨ ਨੂੰ ਨੁਕਸਾਨ ਪਹੁੰਚਿਆ। ਹਾਲਾਂਕਿ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਮਿਲੀ।

ਟਰੱਕ ਡਰਾਈਵਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸਥਾਨ 'ਤੇ ਸਪੀਡ ਬ੍ਰੇਕਰ ਬਣਾਇਆ ਜਾਵੇ ਜਾਂ ਦੂਜੇ ਪਾਸੇ ਵੀ ਡਿਵਾਈਡਰ ਤਿਆਰ ਕੀਤਾ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

# ਜਾਇਦਾਦਾਂ ਫ੍ਰੀਜ਼ ਕਰਨ ਮਗਰੋਂ ਹੁਣ ਇਮਾਰਤਾਂ 'ਤੇ ਚੱਲਿਆ ਪੀਲਾ ਪੰਜਾ; ਤਸਕਰੀ ਦੇ ਮੁਲਜ਼ਮ ਦਾ ਨਿਰਮਾਣ ਜ਼ਮੀਨਦੋਜ਼

ਬਠਿੰਡਾ, 30 ਅਪ੍ਰੈਲ (ਦੀਪਕ ਸ਼ਰਮਾ): ਸਿਵਲ ਪ੍ਰਸ਼ਾਸਨ ਅਤੇ ਪੁਲਿਸ ਦੀ ਸਾਂਝੀ ਕਾਰਵਾਈ ਨੇ ਵੀਰਵਾਰ ਨੂੰ ਧੋਬੀਆਣਾ ਬਸਤੀ ਵਿੱਚ ਕਮਲ ਗਰਗ ਨਾਮ ਦੇ ਵਿਅਕਤੀ ਦੀ ਗੈਰ-ਕਾਨੂੰਨੀ ਇਮਾਰਤ ਨੂੰ ਮਿੱਟੀ ਵਿੱਚ ਮਿਲਾ ਦਿੱਤਾ ਗਿਆ। ਪ੍ਰਸ਼ਾਸਨਿਕ ਰਿਕਾਰਡ ਮੁਤਾਬਕ ਇਹ ਕਾਰਵਾਈ ਲੰਬੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਪ੍ਰਕਿਰਿਆ ਅਤੇ ਕਈ ਨੋਟਿਸਾਂ ਦੇ ਜਵਾਬ ਨਾ ਮਿਲਣ ਦਾ ਨਤੀਜਾ ਹੈ। ਵਿਰੁੱਧ ਜਾਰੀ ਇਸ ਮੁਹਿੰਮ ਦੇ ਅੰਕੜੇ ਦੱਸਦੇ ਹਨ ਕਿ ਸਾਲ 2023 ਤੋਂ ਹੁਣ ਤੱਕ 87 ਮੁਲਜ਼ਮਾਂ ਦੀ 14.21 ਕਰੋੜ ਰੁਪਏ ਦੀ ਜਾਇਦਾਦ ਕਾਨੂੰਨੀ ਤੌਰ 'ਤੇ ਜ਼ਬਤ (ਫ੍ਰੀਜ਼) ਕੀਤੀ ਜਾ ਚੁੱਕੀ ਹੈ। ਮਾਰਚ 2025 ਤੋਂ ਹੁਣ ਤੱਕ 3458 ਮੁਲਜ਼ਮ ਫੜੇ ਗਏ ਹਨ, ਜਿਨ੍ਹਾਂ ਵਿੱਚੋਂ 89 ਸ਼੍ਰੇਣੀਬੱਧ ਤਸਕਰ ਹਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ 16ਵੀਂ ਅਜਿਹੀ ਇਮਾਰਤ ਹੈ ਜਿਸ ਨੂੰ ਨਾਜਾਇਜ਼ ਕਬਜ਼ੇ ਹੇਠ ਹੋਣ ਕਾਰਨ ਢਾਹਿਆ ਗਿਆ ਹੈ। ਪੁਲਿਸ ਵੱਲੋਂ ਜਨਤਕ ਤੌਰ 'ਤੇ ਜਾਰੀ ਐਂਟੀ-ਡਰੱਗ ਹੈਲਪਲਾਈਨ ਨੰਬਰਾਂ (97791-00200, 91155-02252) ਰਾਹੀਂ ਲੋਕਾਂ ਨੂੰ ਅਜਿਹੇ ਅਨਸਰਾਂ ਬਾਰੇ ਗੁਪਤ ਜਾਣਕਾਰੀ ਦੇਣ ਲਈ ਕਿਹਾ ਗਿਆ ਹੈ ਤਾਂ ਜੋ ਸਮਾਜਿਕ ਬੁਰਾਈ ਵਿਰੁੱਧ ਸਖ਼ਤ ਕਦਮ ਚੁੱਕੇ ਜਾ ਸਕਣ।



ਮੁਲਜ਼ਮ ਵਿਰੁੱਧ ਨਸ਼ਾ ਤਸਕਰੀ ਦੇ ਚਾਰ ਗੰਭੀਰ ਮਾਮਲੇ ਦਰਜ ਹੋਣ ਕਾਰਨ ਉਸ ਦੀਆਂ ਗਤੀਵਿਧੀਆਂ ਲਗਾਤਾਰ ਨਿਗਰਾਨੀ ਹੇਠ ਸਨ। ਜ਼ਿਲ੍ਹੇ ਵਿੱਚ ਨਸ਼ਿਆਂ

# ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਸੰਗੀਤਕ ਬੈਂਡ ਹਾਰਮੋਨਿਕਸ ਦੀ ਸ਼ਾਨਦਾਰ ਸ਼ੁਰੂਆਤ ਨਾਲ ਨਵਾਂ ਮੀਲ ਪੱਥਰ

ਤਲਵੰਡੀ ਸਾਬੋ, 30 ਅਪ੍ਰੈਲ (ਸੰਦੀਪ ਜੋਸ਼ੀ): ਗੁਰੂ ਕਾਸ਼ੀ ਯੂਨੀਵਰਸਿਟੀ ਨੇ ਇੱਕ ਸ਼ਾਨਦਾਰ ਸਮਾਗਮ ਦੌਰਾਨ ਹਾਰਮੋਨਿਕ ਬੈਂਡ ਦੀ ਸ਼ੁਰੂਆਤ ਕਰਕੇ ਇਤਿਹਾਸਿਕ ਮੀਲ ਸਥਾਪਿਤ ਕੀਤਾ। ਇਹ ਬੈਂਡ ਯੁਵਾ ਤੇ ਸੱਭਿਆਚਾਰਕ ਮਾਮਲਿਆਂ ਦੇ ਡਾਇਰੈਕਰ ਡਾ. ਕੰਵਲਜੀਤ ਕੌਰ ਵੱਲੋਂ ਐਂਪਲੀਫਾਈ-26 ਦੇ ਤਹਿਤ ਸ਼ਾਨਦਾਰ ਤਰੀਕੇ ਤੇ ਚਾਵਾਂ ਮੁਲਾਰ੍ਹਾਂ ਨਾਲ ਕੀਤਾ ਗਿਆ। ਇਸ ਮੌਕੇ ਆਯੋਜਿਤ ਕੀਤੇ ਗਏ ਸਮਾਰੋਹ ਵਿੱਚ ਨਾਮਵਰ ਭੰਗੜਾ ਕੋਚ ਅਮਰਿੰਦਰ ਸੰਧੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦ ਕਿ ਡਾ. ਜੀ.ਐਸ, ਚਹਿਲ ਅਤੇ ਜੁਝਾਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਿਰ ਹੋਏ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਤੇ ਸੂਖਮ ਕਲਾਵਾਂ ਨਾਲ ਜੋੜਨ ਲਈ ਵਰਸਿਟੀ ਵਲੋਂ ਕਈ ਉਪਰਾਲੇ ਕੀਤੇ ਜਾਂਦੇ ਹਨ ਜਿੰਨ੍ਹਾਂ ਵਿੱਚੋਂ ਇਹ ਬੈਂਡ ਦੀ ਸ਼ੁਰੂਆਤ ਪ੍ਰਮੁੱਖ ਹੈ। ਉਹਨਾਂ ਇਹ ਵੀ ਕਿਹਾ ਕਿ ਬੈਂਡ ਦੇ ਸ਼ੁਰੂ ਹੋਣ ਨਾਲ ਵਿਦਿਆਰਥੀਆਂ ਨੂੰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਲਈ ਮੰਚ ਮਿਲੇਗਾ, ਜੋ ਉਹਨਾਂ ਦੀ ਸ਼ਖ਼ਸੀਅਤ ਨੂੰ ਨਿਖਾਰਣ ਵਿੱਚ ਸਹਾਈ ਹੋਵੇਗਾ। ਵਾਈਸ-ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਖਮ ਕਲਾਵਾਂ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਨੂੰ ਨਿਖਾਰਦੀਆਂ ਹਨ ਤੇ ਵਿਦਿਆਰਥੀਆਂ ਦੇ ਮਨੋਬਲ ਨੂੰ ਉੱਚਾ ਚੁੱਕਣ ਵਿੱਚ ਯੋਗਦਾਨ ਪਾਉਂਦੀਆਂ ਹਨ। ਇਹ ਮਾਨਸਿਕ ਤਣਾਅ ਨੂੰ ਘੱਟ ਕਰਨ ਵਿੱਚ ਸਹਾਈ ਹੁੰਦੀਆਂ ਹਨ। ਉਹਨਾਂ ਹਾਜ਼ਿਰ ਦਰਸ਼ਕਾਂ ਤੇ ਵਿਦਿਆਰਥੀਆਂ ਨੂੰ ਸੰਗੀਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।



ਮੁੱਖ ਮਹਿਮਾਨ ਅਮਰਿੰਦਰ ਸੰਧੂ ਨੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਹੁਨਰ ਦੀ ਸ਼ਲਾਘਾ ਕੀਤੀ ਅਤੇ ਸੁਨਹਿਰੀ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ। ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੌਰ ਨੇ ਦੱਸਿਆ ਕਿ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨਾਂ ਵੱਲੋਂ ਪੰਜਾਬੀ ਲੋਕ-ਨਾਚ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਨੇ ਦਰਸ਼ਕਾਂ ਦੀ ਖ਼ੂਬ ਵਾਹ-ਵਾਹ ਖੱਟੀ ਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਭੰਗੜਾ ਵੀ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਰਿਹਾ। ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗਏ ਪੰਜਾਬੀ ਤੇ ਹਿੰਦੀ ਗੀਤਾਂ ਦੇ ਫ਼ਿਊਜ਼ਨ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਸਮਾਰੋਹ ਵਿੱਚ ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਆਯੋਜ਼ਕਾਂ ਵਲੋਂ ਮਹਿਮਾਨਾਂ ਨੂੰ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਵਿਧਾਇਕ ਬਲਕਾਰ ਸਿੱਧੂ ਦੇ ਯਤਨਾਂ ਸਦਕਾ ਸਿਧਾਣਾ ਤੋਂ ਕਾਲੋਕੇ ਪਿੰਡਾਂ ਦੀ ਸਾਲਾਂ ਪੁਰਾਣੀ ਮੰਗ ਹੋਈ ਪੂਰੀ



ਰਾਮਪੁਰਾ ਫੂਲ, 30 ਅਪ੍ਰੈਲ (ਮਨਪ੍ਰੀਤ ਮਿੰਟੂ): ਪਿੰਡ ਸਿਧਾਣਾ ਤੋਂ ਕਾਲੋਕੇ ਪਿੰਡ ਨੂੰ ਜੋੜਨ ਵਾਲੇ ਕੱਚੇ ਰਸਤੇ ਉੱਪਰ ਪੱਕੀ ਸੜਕ ਬਣਾਉਣ ਦਾ ਰਾਹ ਪੱਧਰਾ ਹੋ ਗਿਆ ਹੈ। ਮਾਲ ਵਿਭਾਗ ਦੇ ਅਧਿਕਾਰੀਆਂ ਅਤੇ ਦੋਵਾਂ ਪਿੰਡਾਂ ਦੀ ਆਪਸੀ ਸਹਿਮਤੀ ਨਾਲ ਇਸ ਰਸਤੇ ਦੀ ਨਿਸ਼ਾਨਦੇਹੀ ਦਾ ਕੰਮ ਸਫਲਤਾਪੂਰਵਕ ਨੇਪਰੇ ਚੜ੍ਹ ਗਿਆ ਹੈ। ਦੱਸਣਯੋਗ ਹੈ ਕਿ ਇਹ ਰਸਤਾ ਦੋਵਾਂ ਪਿੰਡਾਂ ਨੂੰ ਜੋੜਨ ਵਾਲਾ ਇੱਕ ਅਹਿਮ ਸ਼ਾਰਟਕਟ ਰਸਤਾ ਹੈ, ਜਿਸਦਾ ਕੰਮ ਲੰਬੇ ਸਮੇਂ ਤੋਂ ਲਟਕਿਆ ਹੋਇਆ ਸੀ। ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਨਿੱਜੀ ਯਤਨਾਂ ਸਦਕਾ ਇਸ ਪ੍ਰੋਜੈਕਟ ਨੂੰ ਮੁੜ ਹੁਲਾਰਾ ਮਿਲਿਆ ਹੈ।

**ਨਿਸ਼ਾਨਦੇਹੀ ਦੀ ਪ੍ਰਕਿਰਿਆ ਦੌਰਾਨ:** ਕਾਨੂੰਨਗੋ ਉਪਜਿੰਦਰ ਸਿੰਘ ਬਰਾੜ ਦੀ ਅਗਵਾਈ ਵਿੱਚ ਮਾਲ ਵਿਭਾਗ ਦੀ ਟੀਮ ਨੇ ਬਹੁਤ ਹੀ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਕੰਮ ਨੂੰ ਨੇਪਰੇ ਚਾੜ੍ਹਿਆ। ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਦਰਸ਼ਨ ਸਿੰਘ ਸਿਧਾਣਾ ਦੀ ਕਾਰਗੁਜ਼ਾਰੀ ਦੀ ਵੀ ਸ਼ਲਾਘਾ ਕੀਤੀ ਗਈ, ਜਿਨ੍ਹਾਂ ਨੇ ਦੋਵਾਂ ਪਿੰਡਾਂ ਵਿੱਚ ਤਾਲਮੇਲ ਬਿਠਾਉਣ ਅਤੇ ਪ੍ਰਸ਼ਾਸਨਿਕ ਕਾਰਵਾਈ ਨੂੰ ਤੇਜ਼ ਕਰਵਾਉਣ ਵਿੱਚ ਦਿਨ-ਰਾਤ ਇੱਕ ਕੀਤਾ।ਪਿੰਡ ਵਾਸੀਆਂ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਸ ਰਸਤੇ ਦੇ ਪੱਕੇ ਹੋਣ ਨਾਲ ਜਿੱਥੇ ਆਉਣ-ਜਾਣ ਵਿੱਚ ਸਮੇਂ ਦੀ ਬਚਤ ਹੋਵੇਗੀ, ਉੱਥੇ ਹੀ ਕਿਸਾਨਾਂ ਅਤੇ ਆਮ ਲੋਕਾਂ ਨੂੰ ਭਾਰੀ ਦਿੱਕਤਾਂ ਤੋਂ ਨਿਜਾਤ ਮਿਲੇਗੀ। ਦੋਵਾਂ ਪਿੰਡਾਂ ਦੇ ਮੋਹਤਬਰਾਂ ਨੇ ਵਿਧਾਇਕ ਬਲਕਾਰ ਸਿੱਧੂ ਅਤੇ ਸਮੁੱਚੀ ਟੀਮ ਦਾ ਇਸ ਇਤਿਹਾਸਕ ਕੰਮ ਲਈ ਤਹਿ ਦਿਲੋਂ ਸ਼ੁਕਰੀਆ ਅਦਾ ਕੀਤਾ।

# ਅਗਰਵਾਲ ਮਾਰਵਾੜੀ ਸੇਵਾ ਸੰਘ ਦੀ ਚੋਣ, ਡਾ. ਐਸ.ਪੀ. ਮੰਗਲਾ ਚੇਅਰਮੈਨ ਤੇ ਰਾਧੇ ਸ਼ਿਆਮ ਗਰਗ ਪ੍ਰਧਾਨ ਨਿਯੁਕਤ



ਭਗਤਾ ਭਾਈ ਕਾ, 30 ਅਪ੍ਰੈਲ (ਸਵਰਨ ਸਿੰਘ ਭਗਤਾ): ਅਗਰਵਾਲ ਮਾਰਵਾੜੀ ਸੇਵਾ ਸੰਘ (ਰਜਿ.) ਰਾਮਪੁਰਾ ਫੂਲ ਦੀ ਸਾਲਾਨਾ ਚੋਣ ਸੰਸਥਾ ਦੇ ਸੰਸਥਾਪਕ ਸੁਭਾਸ਼ ਮੰਗਲਾ ਦੀ ਅਗਵਾਈ ਹੇਠ ਸਰਵਸੰਮਤੀ ਨਾਲ ਹੋਈ। ਜਿਸ ਵਿੱਚ ਚੇਅਰਮੈਨ ਡਾ.ਸਤਪ੍ਰਕਾਸ਼ ਮੰਗਲਾ, ਪ੍ਰਧਾਨ ਰਾਧੇ ਸ਼ਿਆਮ ਗਰਗ, ਉਪ-ਪ੍ਰਧਾਨ ਜੋਗਿੰਦਰ ਸਿੰਗਲਾ ਅਤੇ ਵਿਵੇਕ ਗਰਗ, ਸਚਿਵ ਸੰਜੀਵ ਕੁਮਾਰ, ਸਹਿ-ਸਚਿਵ ਸੁਧੀਰ ਗੋਯਲ, ਖਜ਼ਾਨਚੀ ਰਾਜੇਸ਼ ਗਰਗ ਤੇ ਅਸ਼ੋਕ ਬਾਂਸਲ, ਪੀ.ਆਰ.ਓ. ਸੰਨੀ ਮੰਗਲਾ ਅਤੇ ਵਿਵੇਕ ਕੁਮਾਰ ਚੁਣੇ ਗਏ। ਡਾਇਰੈਕਟਰ ਵਜੋਂ ਸੁਨੀਲ ਮੰਗਲਾ, ਹਰਵੰਸ਼ ਸਿੰਗਲਾ ਅਤੇ ਯੋਗੇਸ਼ ਸਿੰਗਲਾ ਨੂੰ ਨਿਯੁਕਤ ਕੀਤਾ ਗਿਆ। ਐਡਵਾਈਜ਼ਰ ਵਜੋਂ ਸਤਪਾਲ ਸਿੰਗਲਾ, ਸੁਰੇਂਦਰ ਕੁਮਾਰ, ਮਨੁ ਮੰਗਲਾ, ਸੁਨੀਲ ਸਿੰਗਲਾ, ਭਾਰਤ ਭੂਸ਼ਣ ਬੰਟੀ, ਰਾਜਿੰਦਰ ਗੋਯਲ ਅਤੇ ਵਿਨੋਦ ਗੁਪਤਾ ਨੂੰ ਸਰਵਸੰਮਤੀ ਨਾਲ ਚੁਣਿਆ ਗਿਆ। ਕਾਨੂੰਨੀ ਸਲਾਹਕਾਰ ਵਜੋਂ ਸੀ. ਵੀ. ਗੋਇਲ ਨੂੰ ਐਲਾਨਿਆ ਗਿਆ।

ਇਸ ਮੌਕੇ ਤੇ ਪ੍ਰਧਾਨ ਰਾਧੇ ਸ਼ਿਆਮ ਗਰਗ ਨੇ ਵਿਸ਼ਵਾਸ ਦਿਵਾਇਆ ਕਿ ਉਹ ਸੇਵਾ ਕਾਰਜਾਂ ਰਾਹੀਂ ਸੰਘ ਦਾ ਨਾਮ ਰੌਸ਼ਨ ਕਰਨ ਦੀ ਕੋਸ਼ਿਸ਼ ਕਰਨਗੇ। ਪਿਛਲੇ 17 ਸਾਲਾਂ ਤੋਂ ਮਾਰਵਾੜੀ ਸੇਵਾ ਸੰਘ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਂਦਾ ਆ ਰਿਹਾ ਹੈ। ਸੰਘ ਦੇ ਸੰਸਥਾਪਕ ਸੁਭਾਸ਼ ਮੰਗਲਾ ਦੇ ਸਹਿਯੋਗ ਨਾਲ ਸਾਰੇ ਅਹੁਦੇਦਾਰਾਂ ਨੇ ਸਮਾਜਿਕ ਕਾਰਜਾਂ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ।ਮੀਟਿੰਗ ਦੌਰਾਨ ਸ਼ਹਿਰ ਵਿੱਚ ਅਗਰਵਾਲ ਮਾਰਵਾੜੀ ਭਵਨ ਦੇ ਨਿਰਮਾਣ ਦਾ ਮਤਾ ਵੀ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

# ਖ਼ੂਨ ਹੋਇਆ ਸਫ਼ੈਦ: ਭਾਣਜੇ ਨੇ ਮਾਮੇ 'ਤੇ ਕੀਤਾ ਕਾਤਲਾਨਾ ਹਮਲਾ

ਬਠਿੰਡਾ, 30 ਅਪ੍ਰੈਲ (ਦੀਪਕ ਸ਼ਰਮਾ): ਜ਼ਿਲ੍ਹਾ ਬਠਿੰਡਾ ਦੇ ਪਿੰਡ ਮਿਰਜੇਆਣਾ ਵਿੱਚੋਂ ਇੱਕ ਅਜਿਹੀ ਖ਼ਬਰ ਸਾਹਮਣੇ ਆਈ ਹੈ ਜਿਸ ਨੇ ਰਿਸ਼ਤਿਆਂ ਨੂੰ ਤਾਰ-ਤਾਰ ਕਰ ਦਿੱਤਾ ਹੈ। ਇੱਥੇ ਇੱਕ ਭਾਣਜੇ ਵੱਲੋਂ ਆਪਣੇ ਸਕੇ ਮਾਮੇ 'ਤੇ ਗੋਲੀ ਚਲਾ ਕੇ ਉਸ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਗਿਆ। ਵਾਰਦਾਤ ਉਸ ਵੇਲੇ ਵਾਪਰੀ ਜਦੋਂ ਮਾਮਾ ਆਪਣੇ ਭਾਣਜੇ ਨੂੰ ਗਲਤ ਰਾਹ ਤੋਂ ਵਰਜਣ ਅਤੇ ਉਸ ਦੀ ਮਾਂ ਨੂੰ ਤੰਗ-ਪ੍ਰੇਸ਼ਾਨ ਨਾ ਕਰਨ ਦੀ ਨਸੀਹਤ ਦੇਣ ਆਇਆ ਸੀ। ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਪੀੜਤ ਅਮਰਜੀਤ ਸਿੰਘ ਵਾਸੀ ਪਿੰਡ ਪੇਰੋ ਜ਼ਿਲ੍ਹਾ ਮਾਨਸਾ ਨੇ ਦੱਸਿਆ ਕਿ ਉਸ ਦਾ ਭਾਣਜਾ ਬਲਜਿੰਦਰ ਸਿੰਘ ਅਕਸਰ ਆਪਣੀ ਮਾਂ ਨੂੰ ਤੰਗ-ਪ੍ਰੇਸ਼ਾਨ ਕਰਦਾ ਰਹਿੰਦਾ ਸੀ। ਪਰਿਵਾਰਕ ਮੈਂਬਰਾਂ ਦੇ ਕਹਿਣ 'ਤੇ ਅਮਰਜੀਤ ਸਿੰਘ ਆਪਣੇ ਭਾਣਜੇ ਨੂੰ ਸਮਝਾਉਣ ਲਈ ਪਿੰਡ ਮਿਰਜੇਆਣਾ ਪਹੁੰਚਿਆ ਹੋਇਆ ਸੀ। ਜਦੋਂ ਉਹ ਆਪਣੀ ਭੈਣ ਦੇ ਘਰ ਦਾਖਲ ਹੋਇਆ ਤਾਂ ਉਸ ਨੇ ਦੇਖਿਆ ਕਿ ਉਸ ਦਾ ਭਾਣਜਾ ਬਲਜਿੰਦਰ ਸਿੰਘ ਆਪਣੇ ਦੋ ਹੋਰ ਸਾਥੀਆਂ, ਬਲਕਰਨ ਸਿੰਘ ਉਰਫ਼ ਕਾਲਾ ਅਤੇ ਧੱਲੂ ਸਿੰਘ ਵਾਸੀ ਪਿੰਡ ਮੈਨੂੰਆਣਾ ਨਾਲ ਬੈਠ ਕੇ ਸ਼ਰਾਬ ਪੀ ਰਿਹਾ ਸੀ।



ਪੀੜਤ ਅਨੁਸਾਰ ਜਦੋਂ ਉਸ ਨੇ ਬਲਜਿੰਦਰ ਨੂੰ ਸ਼ਰਾਬ ਪੀਣ ਤੋਂ ਰੋਕਿਆ ਅਤੇ ਆਪਣੀ ਮਾਂ ਨੂੰ ਪ੍ਰੇਸ਼ਾਨ ਨਾ ਕਰਨ ਦੀ ਗੱਲ ਕਹੀ, ਤਾਂ ਬਲਜਿੰਦਰ ਨੇ ਤੈਸ਼ ਵਿੱਚ ਆ ਕੇ ਆਪਣੇ 32 ਬੋਰ ਦੇ ਪਿਸਟਲ ਨਾਲ ਅਮਰਜੀਤ ਸਿੰਘ ਉੱਪਰ ਸਿੱਧੀ ਗੋਲੀ ਚਲਾ ਦਿੱਤੀ। ਇਹ ਗੋਲੀ ਅਮਰਜੀਤ ਸਿੰਘ ਦੇ ਸੱਜੇ ਪੱਟ ਵਿੱਚ ਲੱਗੀ, ਜਿਸ ਕਾਰਨ ਉਹ ਲਹੂ-ਲੁਹਾਨ ਹੋ ਕੇ ਉੱਥੇ ਹੀ ਡਿੱਗ ਪਿਆ। ਵਾਰਦਾਤ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ।

ਥਾਣਾ ਤਲਵੰਡੀ ਸਾਬੋ ਦੇ ਸਹਾਇਕ ਥਾਣੇਦਾਰ ਬਲਵੰਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੀੜਤ ਅਮਰਜੀਤ ਸਿੰਘ ਦੀ ਹਾਲਤ ਗੰਭੀਰ ਹੈ ਅਤੇ ਉਸ ਦੇ ਬਿਆਨਾਂ ਦੇ ਆਧਾਰ 'ਤੇ ਮੁੱਖ ਮੁਲਜ਼ਮ ਬਲਜਿੰਦਰ ਸਿੰਘ ਸਮੇਤ ਉਸ ਦੇ ਦੋ ਸਾਥੀਆਂ ਬਲਕਰਨ ਸਿੰਘ ਅਤੇ ਧੱਲੂ ਸਿੰਘ ਖ਼ਿਲਾਫ਼ ਕਾਤਲਾਨਾ ਹਮਲਾ ਕਰਨ ਅਤੇ ਅਸਲਾ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।

# ਬਠਿੰਡਾ 'ਚ ਠੱਗੀ ਦਾ ਵੱਡਾ ਜਾਲ: ਤਿੰਨ ਮਾਮਲਿਆਂ 'ਚ ਸਵਾ ਕਰੋੜ ਉਡਾਏ

ਬਠਿੰਡਾ, 30 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਸ਼ਹਿਰ ਵਿੱਚ ਧੋਖਾਧੜੀ ਅਤੇ ਵਿਸ਼ਵਾਸਘਾਤ ਦੇ ਤਿੰਨ ਵੱਡੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਵੱਖ-ਵੱਖ ਲੋਕਾਂ ਨੂੰ ਸਵਾ ਕਰੋੜ ਰੁਪਏ ਤੋਂ ਵੱਧ ਦਾ ਚੂਨਾ ਲਗਾਇਆ ਗਿਆ ਹੈ। ਪਹਿਲੇ ਅਤੇ ਸਭ ਤੋਂ ਵੱਡੇ ਮਾਮਲੇ ਵਿੱਚ, ਥਾਣਾ ਸਿਵਲ ਲਾਈਨ ਵਿਖੇ ਦਰਜ ਸ਼ਿਕਾਇਤ ਵਿੱਚ ਬੀਬੀ ਵਾਲਾ ਰੋਡ ਦੇ ਵਾਸੀ ਮਨੀਸ਼ ਮਿੱਤਲ ਨੇ ਦੱਸਿਆ ਹੈ ਕਿ ਉਸ ਦੇ ਇੱਕ ਜਾਣਕਾਰ ਆਸ਼ੀਸ਼ ਕੁਮਾਰ ਨੇ ਉਸ ਨੂੰ ਫਲਿੱਪਕਾਰਟ ਦਾ ਬਿਜ਼ਨਸ ਚਲਾਉਣ ਅਤੇ ਘਰੇਲੂ ਲੋੜਾਂ ਦਾ ਹਵਾਲਾ ਦੇ ਕੇ ਮਦਦ ਮੰਗੀ ਸੀ। ਮਨੀਸ਼ ਨੇ ਆਪਣੇ ਦੋਸਤ ਦੀ ਮਦਦ ਕਰਨ ਦੇ ਮਕਸਦ ਨਾਲ ਵੱਖ-ਵੱਖ ਸਮਿਆਂ 'ਤੇ 37 ਲੱਖ ਰੁਪਏ ਨਕਦ ਅਤੇ ਕਰੀਬ 22 ਤੋਲੇ ਸੋਨਾ ਉਸ ਨੂੰ ਵਰਤਣ ਲਈ ਦੇ ਦਿੱਤਾ। ਜਦੋਂ ਮਨੀਸ਼ ਨੇ ਆਪਣੀ ਰਕਮ ਅਤੇ ਸੋਨਾ ਵਾਪਸ ਮੰਗਿਆ, ਤਾਂ ਆਸ਼ੀਸ਼ ਨੇ ਬੜੀ ਬੇਸ਼ਰਮੀ ਨਾਲ ਜਵਾਬ ਦਿੱਤਾ ਕਿ ਉਸ ਨੇ ਸਿਰਫ਼ ਠੱਗੀ ਮਾਰਨੀ ਸੀ ਅਤੇ ਹੁਣ ਕੁਝ ਵਾਪਸ ਨਹੀਂ ਮਿਲੇਗਾ। ਮਨੀਸ਼ ਅਨੁਸਾਰ ਉਸ ਨਾਲ ਕੁੱਲ 70 ਲੱਖ ਰੁਪਏ ਤੋਂ ਵੱਧ ਦੀ ਧੋਖਾਧੜੀ ਹੋਈ ਹੈ।

ਦੂਜੀ ਘਟਨਾ ਮੈਡੀਕਲ ਸਾਜ਼ੋ-ਸਾਮਾਨ ਦੀ ਸਪਲਾਈ ਨਾਲ ਜੁੜੀ ਹੋਈ ਹੈ। ਥਾਣਾ ਥਰਮਲ ਵਿਖੇ ਦਰਜ ਕਰਵਾਏ ਬਿਆਨ ਵਿੱਚ ਗ੍ਰੀਨ ਐਵੇਨਿਊ ਦੇ ਰਹਿਣ ਵਾਲੇ ਸਤੀਸ਼ ਕੁਮਾਰ ਬਾਂਸਲ ਨੇ ਦੱਸਿਆ ਕਿ ਦਿੱਲੀ ਸਥਿਤ 'ਮੇਘ ਪ੍ਰਕਾਸ਼ ਮੈਡੀਕਲ ਪ੍ਰਾਈਵੇਟ ਲਿਮਟਿਡ' ਦੇ ਮਾਲਕ ਮੇਘ ਪ੍ਰਕਾਸ਼ ਨੇ ਉਸ ਨਾਲ ਸੰਪਰਕ ਕਰਕੇ ਸਸਤੇ ਰੇਟਾਂ 'ਤੇ ਵਧੀਆ ਗੁਣਵੱਤਾ ਵਾਲੇ ਮੈਡੀਕਲ ਉਪਕਰਨ ਦੇਣ ਦਾ ਲਾਲਚ ਦਿੱਤਾ। ਮੁਲਜ਼ਮ ਦੇ ਝਾਂਸੇ ਵਿੱਚ ਆ ਕੇ ਸਤੀਸ਼ ਨੇ ਮਾਈਕਰੋਸਕੋਪ ਅਤੇ ਡਰਿੱਲ ਮਸ਼ੀਨਾਂ ਖਰੀਦਣ ਲਈ 55 ਲੱਖ ਰੁਪਏ ਉਸ ਦੇ ਖਾਤੇ ਵਿੱਚ ਪਵਾ ਦਿੱਤੇ। ਪੈਸੇ ਮਿਲਣ ਤੋਂ ਬਾਅਦ ਨਾ ਤਾਂ ਸਾਮਾਨ ਭੇਜਿਆ ਗਿਆ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ।

ਤੀਜੇ ਮਾਮਲੇ ਵਿੱਚ, ਮਿੰਨੀ ਸਕੱਤਰੇਤ ਰੋਡ ਦੀ ਵਸਨੀਕ ਸੁਧਾ ਨਾਮੀ ਮਹਿਲਾ ਨੇ ਥਾਣਾ ਕੋਤਵਾਲੀ ਵਿੱਖੇ ਦਰਜ ਕਰਵਾਏ ਬਿਆਨ ਬਿਆਨ ਵਿੱਚ ਦੱਸਿਆ ਕਿ ਉਸ ਨੇ ਆਪਣਾ 36 ਗ੍ਰਾਮ ਸੋਨਾ ਮਨਦੀਪ ਸਿੰਘ (ਨਾਟੀ ਜਵੈਲਰਸ) ਕੋਲ ਬਤੌਰ ਅਮਾਨਤ ਰੱਖ ਕੇ ਇੱਕ ਲੱਖ 5 ਹਜ਼ਾਰ ਰੁਪਏ ਵਿਆਜ 'ਤੇ ਉਧਾਰ ਲਏ ਸਨ। ਪਰ ਜਦੋਂ ਉਹ ਪੈਸੇ ਵਾਪਸ ਕਰਕੇ ਆਪਣਾ ਸੋਨਾ ਲੈਣ ਪਹੁੰਚੀ, ਤਾਂ ਸੁਨਿਆਰੇ ਨੇ ਸੋਨਾ ਵਾਪਸ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਪੁਲਿਸ ਨੇ ਇਨ੍ਹਾਂ ਤਿੰਨੋਂ ਮਾਮਲਿਆਂ ਵਿੱਚ ਮੁਲਜ਼ਮਾਂ ਖ਼ਿਲਾਫ਼ ਧੋਖਾਧੜੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਏ ਹਨ ਅਤੇ ਉਹਨਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ 'ਚ ਸੰਸਾਰ ਪੱਧਰੀ ਕਿਤਾਬ ਦਿਵਸ ਮਨਾਇਆ



ਭਗਤਾ ਭਾਈ ਕਾ, 30 ਅਪ੍ਰੈਲ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਧੀਨ ਚੱਲ ਰਹੀ ਮਾਲਵੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿਖੇ ਪ੍ਰਿੰਸੀਪਲ ਗੁਰਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਸਾਰ ਪੱਧਰੀ ਕਿਤਾਬ ਦਿਵਸ ਮਨਾਇਆ ਗਿਆ।ਸਕੂਲ ਦੇ ਲਾਇਬ੍ਰੇਰੀਅਨ ਕੁਲਦੀਪ ਸਿੰਘ ਨੇ ਕਿਤਾਬਾਂ ਦੀ ਹੋਂਦ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਸਲਾਨਾ ਰਿਪੋਰਟ ਪੜ੍ਹੀ ਕਿ ਸਾਲ ਵਿੱਚ ਕਿਸ ਵਿਦਿਆਰਥੀ,ਕਿਸ ਜਮਾਤ,ਕਿਸ ਅਧਿਆਪਕ ਨੇ ਕਿੰਨੀਆਂ ਕਿਤਾਬਾਂ ਲਾਇਬ੍ਰੇਰੀ ਵਿੱਚੋ ਜਾਰੀ ਕਰਵਾਈਆਂ।ਇਸ ਮੌਕੇ ਵਿਦਿਆਰਥੀਆਂ ਦੇ ਸੁੰਦਰ ਲਿਖਾਈ ਲੇਖ ਮੁਕਾਬਲੇ ਕਰਵਾਏ ਗਏ। ਸਾਲ ਵਿੱਚ ਸਭ ਤੋਂ ਵੱਧ ਕਿਤਾਬਾਂ ਪੜ੍ਹਨ ਵਾਲੇ ਵਿਦਿਆਰਥੀਆਂ ਨਵਰੋਜਵੀਰ ਕੌਰ ਛੇਵੀਂ ਲਿਲੀ ਅਤੇ ਅਧਿਆਪਕਾਂ ਰਾਜਵੀਰ ਕੌਰ ਅਤੇ ਚਰਨਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਮਹੱਤਤਾਂ ਬਾਰੇ ਦੱਸਦਿਆ ਹੋਇਆ ਆਖਿਆ ਕਿ ਚੰਗੀਆਂ ਕਿਤਾਬਾਂ ਚੰਗੇ ਅਧਿਆਪਕ ਤੋਂ ਵੱਧ ਹੋ ਨਿੱਬੜਦੀਆ ਹਨ, ਕਿਤਾਬਾਂ ਪੜ੍ਹਨ ਨਾਲ ਜਿੰਦਗੀ ਦਾ ਮਿਆਰ ਉੱਚਾ ਹੁੰਦਾ ਹੈ।ਹਰ ਦੋਸਤ,ਰਿਸ਼ਤੇਦਾਰ ਅਤੇ ਦਵਾਈ ਬੇਵਫਾ ਹੋ ਸਕਦਾ ਹੈ,ਪਰ ਚੰਗੀਆਂ ਕਿਤਾਬਾਂ ਵਰਗਾ ਹੋਰ ਕੋਈ ਦੋਸਤ ਨਹੀ ਤੁਹਾਡਾ ਇਹ ਦੋਸਤ (ਕਿਤਾਬਾਂ) ਤੁਹਾਡੇ ਤੋ ਕਿਸੇ ਚੀਜ਼ ਦੀ ਮੰਗ ਨਾ ਕਰਦਿਆਂ ਹੋਇਆ,ਤੁਹਾਡੀ ਜਾਣਕਾਰੀ ਵਿੱਚ ਵਾਧਾ ਕਰਦੀਆਂ ਹਨ।ਇਸ ਕਰਕੇ ਕਿਤਾਬਾਂ ਨਾਲ ਦੋਸਤੀ ਕਰਨੀ ਚਾਹੀਦੀ ਹੈ ਜੋ ਸਾਨੂੰ ਬੁਰੇ ਦਿਨ੍ਹਾਂ ਵਿੱਚ ਹੌਸਲਾ ਅਤੇ ਰਾਹ ਦੱਸਦੀਆਂ ਹਨ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਸੰਸਕਾਰ ਵੈਲੀ ਸਮਾਰਟ ਸਕੂਲ 'ਚ ਵਿਦਿਆਰਥੀਆਂ ਦਾ ਸਨਮਾਨ

ਭਵਾਨੀਗੜ੍ਹ, 30 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਸੰਸਕਾਰ ਵੈਲੀ ਸਮਾਰਟ ਸਕੂਲ, ਭਵਾਨੀਗੜ੍ਹ ਵਿੱਚ ਕਲਾਸ ਪਹਿਲੀ ਤੋਂ ਨੌਵੀਂ ਤੱਕ ਸਲਾਨਾ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਤੇ ਪੂਰੇ ਸਾਲ ਦੌਰਾਨ 100 ਫੀਸਦੀ ਹਾਜ਼ਰੀ ਲਗਾਉਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਮਾਪਿਆਂ ਸਮੇਤ ਸਕੂਲ ਵਿੱਚ ਸਨਮਾਨਿਤ ਕੀਤਾ ਗਿਆ। ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਪਟਿਆਲਾ ਦੇ ਪ੍ਰਸਿੱਧ ਡਾਕਟਰ ਡਾ. ਰਾਜੀਵ ਜਿੰਦਲ (ਸੀਨੀਅਰ ਕਨਸਲਟੈਂਟ, ਐਨੇਸਥੀਸੀਆ ਤੇ ਕ੍ਰਿਟੀਕਲ ਕੇਅਰ, ਅਮਰ ਹਸਪਤਾਲ) ਤੇ ਡਾ. ਸ਼ਾਲੂ ਜਿੰਦਲ (ਈਐਨਟੀ ਵਿਸ਼ੇਸ਼ਗਿਆ ਅਤੇ ਹੈਡ-ਨੈਕ ਸਰਜਨ, ਫੁੱਲ ਹਸਪਤਾਲ) ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਮਾਪਿਆਂ ਤੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ।



ਮੁੱਖ ਮਹਿਮਾਨ ਡਾ. ਰਾਜੀਵ ਜਿੰਦਲ ਨੇ ਸਕੂਲ ਦੇ ਕੰਮਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਬੱਚਿਆਂ ਵਿੱਚ ਚੰਗੇ ਸੰਸਕਾਰ ਵਿਕਸਿਤ ਕਰਨ ਵਿੱਚ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਦਾ ਵੀ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਇਸ ਮੌਕੇ ਸਕੂਲ ਦੇ ਚੇਅਰਮੈਨ ਧਰਮਵੀਰ ਗਰਗ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਈਸ਼ਵਰ ਬਾਂਸਲ ਆਪਣੇ ਪਰਿਵਾਰ ਸਮੇਤ ਮੌਜੂਦ ਰਹੇ। ਚੇਅਰਮੈਨ ਧਰਮਵੀਰ ਗਰਗ ਨੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਹਰ ਬੱਚੇ ਵਿੱਚ ਕੋਈ ਨਾ ਕੋਈ ਖ਼ਾਸ ਪ੍ਰਤਿਭਾ ਜ਼ਰੂਰ ਹੁੰਦੀ ਹੈ। ਜੇਕਰ ਉਸਨੂੰ ਸਹੀ ਦਿਸ਼ਾ ਤੇ ਮਾਰਗਦਰਸ਼ਨ ਮਿਲੇ ਤਾਂ ਉਹ ਹਰ ਖੇਤਰ ਵਿੱਚ ਸਫ਼ਲਤਾ ਹਾਸਲ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਆਈ.ਸੀ.ਐੱਸ.ਈ ਬੋਰਡ ਨਾਲ ਸਬੰਧਤ ਸੰਸਕਾਰ ਵੈਲੀ ਸਮਾਰਟ ਸਕੂਲ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਤੇ ਵਿਕਾਸ ਲਈ ਸ਼ੁਰੂ ਤੋਂ ਹੀ ਸੰਕਲਪਬੱਧ ਹੈ। ਸਕੂਲ ਦੇ ਮੁੱਖ ਅਧਿਆਪਕਾ ਅਮਨ ਨਿੱਝਰ ਨੇ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਅਤੇ ਸਭ ਲਈ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਪ੍ਰੈੱਸ ਕਲੱਬ ਦੇ ਚੇਅਰਮੈਨ ਨੂੰ ਸਦਮਾ, ਮਾਤਾ ਦਾ ਦੇਹਾਂਤ

ਲਹਿਰਾਗਾਗਾ, 30 ਅਪ੍ਰੈਲ (ਗੁਰਦੀਪ ਸਿੰਘ): ਲਹਿਰਾ ਪ੍ਰੈਸ ਕਲੱਬ ਲਹਿਰਾ ਦੇ ਚੇਅਰਮੈਨ ਅਤੇ ਨਾਮਵਰ ਪੱਤਰਕਾਰ ਸ਼ੰਭੂ ਗੋਇਲ ਤੇ ਰਾਮ ਲਾਲ ਗੋਇਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਹਨਾਂ ਦੇ ਮਾਤਾ ਬਿਮਲਾ ਦੇਵੀ ਪਿਛਲੇ ਦਿਨੀਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ, ਉਹ ਲਗਭਗ 95 ਵਰਿਆਂ ਦੇ ਸਨ। ਉਨ੍ਹਾਂ ਦੇ ਅਕਾਲ ਚਲਾਣੇ ਤੇ ਪਰਮਿੰਦਰ ਸਿੰਘ ਢੀਂਡਸਾ, ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ, ਗਗਨਦੀਪ ਸਿੰਘ ਖੰਡੇਬਾਦ, ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ, ਗੁਰਵਿੰਦਰ ਸਿੰਘ ਸਰਾਓ ਰਿਟਾਇਰਡ ਏਡੀਸੀ, ਗੁਰਤੇਜ ਸਿੰਘ ਭਟਾਲ ਰਿਟਾਇਰਡ ਡੀ ਐਸ ਪੀ, ਗੁਰਦੀਪ ਸਿੰਘ ਕੋਟੜਾ ਸਾਬਕਾ ਚੇਅਰਮੈਨ, ਚਮਕੌਰ ਸਿੰਘ ਬਾਦਲਗੜ੍ਹ ਸਾਬਕਾ ਚੇਅਰਮੈਨ, ਗੁਰਸੰਤ ਸਿੰਘ ਭਟਾਲ ਸਾਬਕਾ ਚੇਅਰਮੈਨ, ਨਰੇਸ਼ ਗਰਗ ਪ੍ਰੈੱਸ ਰਿਪੋਰਟਰ, ਅਸ਼ੋਕ ਗਰਗ ਪੱਤਰਕਾਰ, ਪਾਲ ਸਿੰਘ ਗੇਹਲਾ ਸਾਬਕਾ ਚੇਅਰਮੈਨ, ਛੱਜੂ ਸਿੰਘ ਸਰਾਓ ਕਲਵੰਜਾਰਾ, ਚੇਅਰਮੈਨ ਸੰਜੇ ਸਿੰਗਲਾ ਵਾਈਸ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਪੰਜਾਬ, ਦਵਿੰਦਰ ਕੁਮਾਰ ਨੀਟੂ, ਜਸਵੰਤ ਸਿੰਘ ਹੈਪੀ, ਨੀਟੂ ਸ਼ਰਮਾ, ਸੁਰਜੀਤ ਸਿੰਘ ਲਹਿਲ ਖੁਰਦ, ਗੁਲਜਾਰ ਸਿੰਘ ਜਵੰਦਾ, ਜਗਦੀਪ ਸਿੰਘ ਨੰਗਲਾ, ਹਰਵਿੰਦਰ ਸਿੰਘ ਕਾਲੀਆ, ਛੱਜੂ ਸਿੰਘ ਧਾਲੀਵਾਲ, ਅੰਮ੍ਰਿਤ ਪਾਲ ਸਿੰਘ ਕਾਲੀਆ, ਬਾਬਰਜੀਤ ਸਿੰਘ ਗਰੇਵਾਲ, ਜੁਗਰਾਜ ਸਿੰਘ ਭਟਾਲ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਹਮਦਰਦੀ ਦਾ ਪ੍ਰਗਟਾਵਾ ਕੀਤਾ।



# ਭਾਰੀ ਬਿਜਲੀ ਕੱਟਾਂ ਵਿਰੁੱਧ ਰੋਸ, ਲੋਕਾਂ ਨੇ ਪ੍ਰਸ਼ਾਸਨ ਨੂੰ ਦਿੱਤੀ ਚੇਤਾਵਨੀ

ਸੁਨਾਮ, ਊਧਮ ਸਿੰਘ ਵਾਲਾ, 30 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ਼੍ਰੋਮਣੀ ਅਕਾਲੀ ਦਲ ਹਲਕਾ ਸੁਨਾਮ ਵੱਲੋਂ ਹਲਕੇ ਅੰਦਰ ਲੱਗ ਰਹੇ ਭਾਰੀ ਬਿਜਲੀ ਕੱਟਾਂ ਦੇ ਖਿਲਾਫ ਅੱਜ ਸਵੇਰੇ ਦਸ ਵਜੇ ਐਸ ਡੀ ਐਮ ਦਫਤਰ ਸੁਨਾਮ ਦੇ ਬਾਹਰ ਰੋਸ ਧਰਨਾ ਲਗਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਹਲਕਾ ਇੰਚਾਰਜ ਇੰਜੀਨੀਅਰ ਵਿਨਰਜੀਤ ਸਿੰਘ ਗੋਲਡੀ ਖਡਿਆਲ ਨੇ ਕਿਹਾ ਕਿ ਇਲਾਕੇ ਵਿੱਚ ਲਗਾਤਾਰ ਬਿਜਲੀ ਕੱਟਾਂ ਕਾਰਨ ਆਮ ਜਨਤਾ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਵਧਦੇ ਤਾਪਮਾਨ ਵਿੱਚ ਜਦੋਂ ਲੋਕ ਆਪਣੇ ਦਿਨ ਭਰ ਦੇ ਕੰਮ ਤੋਂ ਬਾਅਦ ਘਰ ਆ ਕੇ ਅਰਾਮ ਕਰਨਾ ਚਾਹੁੰਦੇ ਹਨ ਤਾਂ ਉਸ ਸਮੇਂ ਵੀ ਬਿਜਲੀ ਗਾਇਬ ਹੋ ਜਾਂਦੀ ਹੈ। ਰਾਤ ਦੇ ਸਮੇਂ ਅਤੇ ਦਿਨ ਦੇ ਕੰਮਕਾਜ ਦੌਰਾਨ ਵੀ ਬਿਜਲੀ ਕੱਟ ਲੋਕਾਂ ਲਈ ਵੱਡੀ ਸਮੱਸਿਆ ਬਣੇ ਹੋਏ ਹਨ। ਉਨ੍ਹਾਂ ਅੱਗੇ ਕਿਹਾ ਕਿ ਬਿਜਲੀ ਕੱਟਾਂ ਕਾਰਨ ਪਾਣੀ ਦੀ ਸਪਲਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ, ਜਿਸ ਦਾ ਸਿੱਧਾ ਅਸਰ ਆਮ ਲੋਕਾਂ ਦੀ ਦਿਨਚਰੀ ਉੱਤੇ ਪੈ ਰਿਹਾ ਹੈ। ਇਸ ਲਈ ਲੋਕਾਂ ਦੀ ਇਸ ਗੰਭੀਰ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਅੱਜ ਇਹ ਰੋਸ ਧਰਨਾ ਲਗਾਇਆ ਗਿਆ ਹੈ ਤੇ ਪ੍ਰਸ਼ਾਸਨ ਕੋਲੋਂ ਤੁਰੰਤ ਹੱਲ ਦੀ ਮੰਗ ਕੀਤੀ ਗਈ ਹੈ।



ਧਰਨੇ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਆਗੂਆਂ ਤੇ ਆਮ ਲੋਕਾਂ ਨੇ ਸ਼ਮੂਲੀਅਤ ਕਰਕੇ ਆਪਣਾ ਰੋਸ ਪ੍ਰਗਟਾਇਆ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਕੱਟਾਂ ਦੀ ਸਮੱਸਿਆ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਹਾਜ਼ਰ ਕੇਸਰ ਸਿੰਘ ਢੋਟ,ਰਮਨਦੀਪ ਸਿੰਘ ਰਾਣਾ, ਕਮਲਜੀਤ ਸਿੰਘ ਬਰਾੜ, ਬਲਵਿੰਦਰ ਸਿੰਘ ਅਕਬਰਪੁਰ, ਸਰਕਲ ਪ੍ਰਧਾਨ ਦਰਸ਼ਨ ਸਿੰਘ, ਪਰਮਜੀਤ ਸਿੰਘ ਨਿੱਕਾ, ਕੁਲਦੀਪ ਸਿੰਘ ਰਿਟਾਇਰ, ਪ੍ਰਿੰਸੀਪਲ ਜਗਮੇਲ ਸਿੰਘ ਛਾਜਲਾ, ਮਨਜੋਤ ਸਿੰਘ ਜ਼ਿਲ੍ਹਾ ਪ੍ਰਧਾਨ ਐਸ.ਓ.ਆਈ., ਰਾਜਵਿੰਦਰ ਸਿੰਘ, ਸਤਿਗੁਰੂ ਸਿੰਘ, ਜੁਝਾਰ ਸਿੰਘ, ਗੁਰਦੀਪ ਸਿੰਘ ਨੰਬਰਦਾਰ ਟਿੱਬੀ, ਬਲਵੀਰ ਸਿੰਘ, ਇੰਦਰ ਸੁਨਾਮ, ਦਿਲਬਾਗ ਸਿੰਘ, ਮਨਪ੍ਰੀਤ ਸਿੰਘ ਯੂਥ ਆਗੂ, ਚਮਕੌਰ ਸਿੰਘ, ਸੁਖਵਿੰਦਰ ਸਿੰਘ, ਭਜਨ ਸਿੰਘ, ਹਰਦੇਵ ਸਿੰਘ, ਜਸਵਿੰਦਰ ਸਿੰਘ, ਬਿੱਲਾ ਰੰਧਾਵਾ, ਹਾਕਮ ਸਿੰਘ, ਹਰਬੰਸ ਸਿੰਘ, ਜਗਦੇਵ ਸਿੰਘ ਦੁਲਟ, ਨਿਰਵੈਰ ਸਿੰਘ ਚੱਠੇ ਸੇਖਵਾਂ, ਚਮਕੌਰ ਸਿੰਘ, ਅੰਗਰੇਜ਼ ਸਿੰਘ, ਹਮੀਰ ਸਿੰਘ, ਸੁਖਦੇਵ ਸਿੰਘ, ਹਰਭਜਨ ਸਿੰਘ ਜਖੇਪਲ, ਸਤਿਨਾਮ ਸਿੰਘ ਸ਼ੇਰੋ, ਅਵਤਾਰ ਸਿੰਘ ਸ਼ੇਰੋ, ਮਨਜੀਤ ਕੌਰ ਸੁਨਾਮ, ਜੀਵਨ ਸਿੰਘ, ਹਰਦੀਪ ਸਿੰਘ, ਹਰਪਾਲ ਸਿੰਘ, ਸੁਖਬੀਰ ਸਿੰਘ, ਨਿਰਭੈ ਸਿੰਘ, ਹਾਕਮ ਸਿੰਘ, ਪਰਮਿੰਦਰ ਸਿੰਘ ਨਮੋਲ ਜਸਵੀਰ ਸਿੰਘ ਲੋਹਾ ਖੇੜਾ, ਭੁਪਿੰਦਰ ਸਿੰਘ ਚੱਠਾ ਗੁਰਸੇਵਕ ਸਿੰਘ ਬਿਗੜਵਾਲ, ਹਰਪਾਲ ਸਿੰਘ, ਕੁਲਦੀਪ ਸਿੰਘ ਕਾਲਾ, ਤਰਸੇਮ ਸਿੰਘ,ਵਿਕਰਮ ਸਿੰਘ, ਹਰਮੇਲ ਸਿੰਘ ਸਾਬਕਾ ਸਰਪੰਚ ਮਿਸ਼ਰਾ ਸਿੰਘ, ਨਛੱਤਰ ਸਿੰਘ, ਸੁਰਿੰਦਰ ਕੌਰ, ਗੁਰਬੇਜ ਸਿੰਘ ਲਾਡੀ, ਕੁਲਦੀਪ ਸਿੰਘ, ਮਨਦੀਪ ਸਿੰਘ,ਕੁਲਦੀਪ ਸਿੰਘ ਸੰਘੇਗੜ੍ਹੀ,ਪਰਮਿੰਦਰ ਸਿੰਘ, ਜਗਦੀਪ ਸਿੰਘ, ਮੇਜਰ ਸਿੰਘ ਨਮੋਲ ਆਦੀ ਅਕਾਲੀ ਆਗੂ ਹਾਜ਼ਰ ਸਨ।

# ਏਕ ਸ਼ਾਮ ਰਾਧਾ ਰਾਣੀ ਦੇ ਨਾਮ ਭਲਕੇ

ਧੂਰੀ, 30 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਸ੍ਰੀ ਸੰਤ ਕੁੱਟੀਆ ਸ਼ਿਵ ਮੰਦਿਰ ਮਹੇਸ਼ ਨਗਰ ਧੂਰੀ ਦੇ ਪ੍ਰਧਾਨ ਮੋਹਣ ਲਾਲ ਗੁਪਤਾ ਤੇ ਟਰੱਸਟੀਆਂ, ਵਿਜੈ ਮਿੱਤਲ, ਰਾਜੀਵ ਗੁਪਤਾ, ਰਾਜੇਸ਼ ਸਿੰਗਲਾ ਸ਼ੈਂਟੀ, ਤਰਸੇਮ ਲਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵਾਮੀ ਵਿਵੇਕਾਨੰਦ ਜੀ ਦੇ ਆਸ਼ੀਰਵਾਦ ਅਤੇ ਸਵਾਮੀ ਸੱਤਿਆਨੰਦ ਜੀ ਮਹਾਰਾਜ ਦੀ ਅਗਵਾਈ ਹੇਠ 2 ਮਈ ਸ਼ਨੀਵਾਰ ਨੂੰ ਸ੍ਰੀ ਸੰਤ ਕੁੱਟੀਆ ਮਹੇਸ਼ ਨਗਰ ਧੂਰੀ ਵਿਖੇ ਕਰਵਾਈ ਜਾ ਰਹੀ ਹੈ। ਇਸ ਸਮਾਗਮ 'ਚ ਪੂਜਾ ਸਖੀ ਆਪਣੇ ਸੁੰਦਰ ਸੁੰਦਰ ਭਜਨਾਂ ਰਾਹੀਂ ਸ਼ਰਧਾਲੂਆਂ ਨੂੰ ਨਿਹਾਲ ਕਰਨਗੇ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ।

# ਬਿਜਲੀ ਦੇ ਕੱਟਾਂ ਵਿਰੁੱਧ ਅਕਾਲੀ ਦਲ ਵੱਲੋਂ ਪਾਵਰਕਾਮ ਦਫ਼ਤਰ ਅੱਗੇ ਧਰਨਾ

ਧੂਰੀ, 30 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਧੂਰੀ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋਂ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਦੀ ਅਗਵਾਈ ਹੇਠ ਸਥਾਨਕ ਪਾਵਰਕਾਮ ਦਫ਼ਤਰ ਵਿਖੇ ਬਿਜਲੀ ਦੇ ਕੱਟਾਂ ਦੇ ਵਿਰੋਧ 'ਚ ਧਰਨਾ ਦਿੰਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ ਭਲਵਾਨ ਨੇ ਕਿਹਾ ਕਿ 'ਆਪ' ਸਰਕਾਰ ਸੂਬੇ ਦੇ ਲੋਕਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਆਪਣੇ ਵਾਅਦੇ ਤੋਂ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਬਿਜਲੀ ਦੇ ਕੱਟਾਂ ਕਾਰਨ ਜਿੱਥੇ ਆਮ ਜਨਤਾ ਅੱਤ ਦੀ ਗਰਮੀ ਵਿੱਚ ਹਾਲੋਂ-ਬੇਹਾਲ ਹੈ।

ਅਕਾਲੀ ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਨੂੰ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਦੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਅਤੇ ਇਹ ਗ਼ੈਰ-ਐਲਾਨੇ ਕੱਟ ਬੰਦ ਨਾ ਹੋਏ, ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਤੱਕ ਸੀਮਤ ਹੈ, ਜਦਕਿ ਜ਼ਮੀਨੀ ਪੱਧਰ 'ਤੇ ਲੋਕ ਬਿਜਲੀ ਅਤੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਲਈ ਤਰਸ ਰਹੇ ਹਨ। ਬੁਲਾਰਿਆ ਨੇ ਮੰਗ ਕੀਤੀ ਕਿ ਬਿਜਲੀ ਸੰਕਟ ਦਾ ਤੁਰੰਤ ਹੱਲ ਕੱਢਿਆ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

# ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਾਜਪਾ ਵੱਲੋਂ ਮੀਟਿੰਗ

ਸੁਨਾਮ ਊਧਮ ਸਿੰਘ ਵਾਲਾ, 30 ਅਪ੍ਰੈਲ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ): ਭਾਜਪਾ ਨੇ ਨਗਰ ਕੌਂਸਲ ਚੋਣਾਂ ਲਈ ਰਣਨੀਤੀ ਬਣਾਉਣ ਲਈ ਮੀਟਿੰਗ ਕੀਤੀ। ਜੀਵਨ ਗਰਗ, ਦਮਨ ਥਿੰਦ ਬਾਜਵਾ ਨੇ ਕਿਹਾ ਕਿ ਚੋਣਾਂ ਪੂਰੀ ਤਾਕਤ ਨਾਲ ਲੜੀਆਂ ਜਾਣਗੀਆਂ। ਸੁਨਾਮ ਰਿਪੋਰਟਰ ਸ਼ੰਕਰ ਦਾਸ ਭਾਜਪਾ ਸੁਨਾਮ ਦੇ ਸੀਨੀਅਰ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਦਮਨ ਥਿੰਦ ਬਾਜਵਾ ਦੀ ਅਗਵਾਈ ਹੇਠ ਵੀਵੀ ਗ੍ਰੈਂਡ ਵਿਖੇ ਹੋਈ। ਨਗਰ ਕੌਂਸਲ ਚੋਣਾਂ ਦੇ ਇੰਚਾਰਜ ਜੀਵਨ ਗਰਗ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੰਡਲ ਪ੍ਰਧਾਨ ਰਾਜੀਵ ਮੱਖਣ ਨੇ ਮੀਟਿੰਗ ਦੀ ਸ਼ੁਰੂਆਤ ਕੀਤੀ। ਸਾਰੇ ਮੌਜੂਦ ਮੈਂਬਰਾਂ ਨੇ ਨਗਰ ਕੌਂਸਲ ਚੋਣਾਂ ਲਈ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਆਪਣਾ ਜਾਣ-ਪਛਾਣ ਕਰਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜੀਵਨ ਗਰਗ, ਦਮਨ ਥਿੰਦ ਬਾਜਵਾ ਅਤੇ ਹਰਮਨ ਦੇਵ ਬਾਜਵਾ ਨੇ ਕਿਹਾ ਕਿ ਭਾਜਪਾ ਨਗਰ ਕੌਂਸਲ ਚੋਣਾਂ ਪੂਰੀ ਤਾਕਤ ਨਾਲ ਲੜੇਗੀ ਕਿਉਂਕਿ ਭਾਜਪਾ ਆਮ ਆਦਮੀ ਪਾਰਟੀ ਦੀ ਮੁੱਖ ਵਿਰੋਧੀ ਪਾਰਟੀ ਹੈ। ਸੁਨਾਮ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਦਾ ਹਲਕਾ ਹੈ, ਇਸ ਲਈ ਇਹ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣ ਜਾਂਦੀ ਹੈ। ਸੀਨੀਅਰ ਆਗੂਆਂ ਨੂੰ ਉਨ੍ਹਾਂ ਨੂੰ ਚੁਣੌਤੀ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਉਹ ਜਾਣ ਸਕਣ ਕਿ ਸਿਰਫ਼ ਭਾਜਪਾ ਹੀ ਸਾਨੂੰ ਚੁਣੌਤੀ ਦੇ ਸਕਦੀ ਹੈ। ਮੌਜੂਦ ਇੱਕ ਦਰਜਨ ਦੇ ਕਰੀਬ ਵਰਕਰਾਂ ਨੇ ਚੋਣਾਂ ਲੜਨ ਦੀ ਇੱਛਾ ਪ੍ਰਗਟਾਈ। ਜ਼ਿਲ੍ਹਾ ਪ੍ਰਧਾਨ ਦਮਨ ਥਿੰਦ ਬਾਜਵਾ ਨੇ ਕਿਹਾ ਕਿ ਪਾਰਟੀ ਸਾਰੇ ਵਾਰਡਾਂ ਵਿੱਚ ਚੋਣ ਲੜੇਗੀ। ਉਸ ਕੋਲ ਚੋਣ ਲੜਨ ਦੀ ਤਾਕਤ ਹੈ। ਜੋ ਵੀ ਚੋਣ ਲੜੇਗਾ ਪਾਰਟੀ ਉਸ ਨੂੰ ਹਰ ਤਰ੍ਹਾਂ ਦੀ ਮਦਦ ਦੇਵੇਗੀ। ਇਸ ਮੌਕੇ ਮੰਡਲ ਪ੍ਰਧਾਨ ਰਾਜੀਵ ਮੱਖਣ, ਸਾਬਕਾ ਜ਼ਿਲ੍ਹਾ ਪ੍ਰਧਾਨ ਰਿਸ਼ੀ ਖਹਿਰਾ, ਅਮਰਤਰਾਜਵੀਰ ਸਿੰਘ ਚੱਠਾ, ਪਰੇਮ ਗੁਗਨਾਨੀ, ਮੋਨਿਕਾ ਗੋਇਲ, ਸੁਮਨ ਸਿੰਗਲਾ, ਮਾਨਸ਼ੀ ਜਿੰਦਲ, ਸੀਮਾ ਰਾਣੀ, ਸ਼ੰਕਰ ਬਾਂਸਲ, ਡਾ: ਜਗਮਹਿੰਦਰ ਸੈਣੀ, ਰਾਜੀਵ ਗਰਗ, ਸ਼ਕਤੀ ਗਰਗ, ਸ਼ੰਕਰ ਗਰਗ, ਅਸ਼ੋਕ ਗੋਇਲ, ਸੰਦੀਪ ਭਗਵਾਨ ਸਿੰਘ ਮਾਹਟੂ, ਸੰਦੀਪ ਭਗਵਾਨ ਸਿੰਘ ਮਾਹਟੂ, ਇੰਦਰਜੀਤ ਸਿੰਘ ਡੀ. ਰਾਜੀਵ ਮਿੰਟਾ, ਰਜਤ ਸ਼ਰਮਾ, ਜੌਨੀ ਸ਼ਰਮਾ, ਹਰੀਭਗਤ, ਦਿਨੇਸ਼ ਗਰਗ, ਧੀਰਜ ਗੋਇਲ, ਦੀਪਕ ਗਰਗ, ਅਸ਼ੋਕ ਬਾਂਸਲ ਘੋਗਾ, ਅਨਿਲ ਗਰਗ, ਅੰਕਿਤ ਕਾਂਸਲ, ਨਵਾਬ ਖਾਨ, ਸੰਦੀਪ ਜਿੰਦਲ, ਰਿਸ਼ੀ ਅਰੋੜਾ ਅਤੇ ਸਮੂਹ ਮੈਂਬਰ ਹਾਜ਼ਰ ਸਨ।



# ਐੱਸ.ਐੱਸ.ਪੀ., ਅਦਾਕਾਰਾ ਰੁਪਿੰਦਰ ਰੂਪੀ ਸਮੇਤ ਹੋਰ ਹਸਤੀਆਂ ਨੇ ਕੀਤੀ ਸਵੈ-ਗਣਨਾ



ਬਰਨਾਲਾ, 30 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਮਰਦਮਸ਼ੁਮਾਰੀ 2027 ਦੇ ਪਹਿਲੇ ਪੜਾਅ ਤਹਿਤ ਅੱਜ ਸੂਬੇ ਵਿਚ ਸਵੈ ਗਣਨਾ ਦੀ ਸ਼ੁਰੂਆਤ ਹੋ ਗਈ ਹੈ। ਜ਼ਿਲ੍ਹਾ ਬਰਨਾਲਾ ਵਿੱਚ ਡਿਪਟੀ ਕਮਿਸ਼ਨਰ, ਐੱਸ ਐੱਸ ਪੀ, ਉੱਘੀ ਅਦਾਕਾਰਾ ਰੁਪਿੰਦਰ ਰੂਪੀ, ਭੁਪਿੰਦਰ ਸਿੰਘ ਬਰਨਾਲਾ ਸਮੇਤ ਹੋਰ ਹਸਤੀਆਂ ਨੇ ਆਪਣੀ ਗਣਨਾ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਜ਼ਿਲ੍ਹਾ ਵਾਸੀਆਂ ਨੂੰ ਸਵੈ ਗਣਨਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਸਵੈ ਗਣਨਾ ਪੋਰਟਲ ਖੁੱਲ ਗਿਆ ਹੈ। ਅੱਜ ਓਹਨਾਂ ਨੇ ਆਪਣੀ ਗਣਨਾ ਖੁਦ ਕਰਕੇ ਜ਼ਿਲ੍ਹਾ ਵਾਸੀਆਂ ਨੂੰ ਮਰਦਮਸ਼ੁਮਾਰੀ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਮੁਹੰਮਦ ਸਰਫਰਾਜ਼ ਆਲਮ ਨੇ ਵੀ ਪੋਰਟਲ ਉੱਤੇ ਸਵੈ ਗਣਨਾ ਕੀਤੀ ਅਤੇ ਜ਼ਿਲ੍ਹੇ ਦੇ ਵਾਸੀਆਂ ਨੂੰ ਵੀ ਸੱਦਾ ਦਿੱਤਾ ਕਿ ਉਹ ਇਸ ਮੁਹਿੰਮ ਵਿਚ ਅੱਗੇ ਆਉਣ। ਇਸ ਮੌਕੇ ਅਦਾਕਾਰਾ ਰੁਪਿੰਦਰ ਰੂਪੀ, ਅਦਾਕਾਰ/ਡਾਇਰੈਕਟਰ ਭੁਪਿੰਦਰ ਸਿੰਘ ਬਰਨਾਲਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਮੋਦੀ, ਐੱਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ, ਕੌਮਾਂਤਰੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ (ਮੁੱਕੇਬਾਜ਼), ਲੇਖਕ ਤੇਜਾ ਸਿੰਘ ਤਿਲਕ, ਗੁਰਜੰਟ ਸਿੰਘ, ਤਰਸੇਮ, ਸੇਵਾਮੁਕਤ ਕਰਨਲ ਲਾਭ ਸਿੰਘ, ਸੂਬੇਦਾਰ ਮੇਜਰ ਜਰਨੈਲ ਸਿੰਘ ਸਮੇਤ ਹੋਰ ਹਸਤੀਆਂ ਨੇ ਆਪਣੀ ਸਵੈ ਗਿਣਤੀ ਪੋਰਟਲ ਉੱਤੇ ਕੀਤੀ। ਇਸ ਮੌਕੇ ਖੋਜ ਅਫ਼ਸਰ ਸਹਿਤ ਵਧੀਕ ਜ਼ਿਲ੍ਹਾ ਜਨਗਣਨਾ ਅਫ਼ਸਰ ਚਰਨਜੀਤ ਕੌਰ ਨੇ ਦੱਸਿਆ ਕਿ ਜਨ ਗਣਨਾ ਤਹਿਤ ਟੌਲ ਫਰੀ ਨੰਬਰ 1855 ਜਾਰੀ ਕੀਤਾ ਗਿਆ ਹੈ। ਓਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਸੈਂਸਜ਼ ਸੈੱਲ ਵੀ ਬਣਾਇਆ ਗਿਆ ਹੈ। ਓਹਨਾਂ ਦਸਿਆ ਕਿ 15 ਮਈ ਤੋਂ 13 ਜੂਨ ਤੱਕ ਘਰਾਂ ਦੀ ਸੂਚੀਕਰਨ (HLO) ਦਾ ਪਹਿਲਾ ਪੜਾਅ ਸ਼ੁਰੂ ਹੋਵੇਗਾ । ਇਸ ਮੌਕੇ ਸੈਂਸਜ਼ ਸੈੱਲ ਇੰਚਾਰਜ ਹਰਜੀਤ ਸਿੰਘ, ਡਾਇਰੈਕਟੋਰੇਟ ਆਫ ਸੈਂਸਜ਼ ਤੋਂ ਲਵਦੀਪ ਸਿੰਘ ਤੇ ਸੁਨੀਲ ਕੁਮਾਰ, ਨਗਰ ਨਿਗਮ ਤੋਂ ਗੋਬਿੰਦ ਬਾਂਸਲ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਸਫ਼ਾਈ ਸੇਵਕਾਂ ਦੀ ਹੜਤਾਲ ਗਿਆਰਵੇਂ ਦਿਨ ਵੀ ਰਹੀ ਜਾਰੀ



ਭਦੌੜ, 30 ਅਪ੍ਰੈਲ (ਸੁਖਵਿੰਦਰ ਪਲਾਹਾ) : ਭਦੌੜ ਵਿਖੇ ਆਪਣੀਆਂ ਬਕਾਇਆ ਤਨਖਾਹਾਂ ਨੂੰ ਲੈ ਕੇ ਸਫ਼ਾਈ ਸੇਵਕਾਂ ਵੱਲੋਂ ਵਿੱਢਿਆ ਗਿਆ ਸੰਘਰਸ਼ ਅੱਜ ਗਿਆਰਵੇਂ ਦਿਨ ਵੀ ਜਾਰੀ ਰਿਹਾ, ਜਿਸ ਕਾਰਨ ਨਗਰ ਕੌਂਸਲ ਦੇ ਮੁੱਖ ਗੇਟ ਅੱਗੇ ਇੱਕ ਵਾਰ ਫਿਰ ਕੂੜੇ ਦਾ ਵੱਡਾ ਢੇਰ ਲੱਗ ਗਿਆ ਹੈ। ਜ਼ਿਕਰਯੋਗ ਹੈ ਕਿ ਬੀਤੇ ਸ਼ਨੀਵਾਰ ਨੂੰ ਐਸ.ਡੀ.ਐਮ. ਤਪਾ ਅਤੇ ਕਾਰਜ ਸਾਧਕ ਅਫ਼ਸਰ ਭਦੌੜ ਵੱਲੋਂ ਸੋਮਵਾਰ ਜਾਂ ਮੰਗਲਵਾਰ ਤੱਕ ਤਨਖਾਹਾਂ ਦੇਣ ਦੇ ਦਿੱਤੇ ਗਏ ਭਰੋਸੇ ਤੋਂ ਬਾਅਦ ਸਫ਼ਾਈ ਸੇਵਕਾਂ ਨੇ ਨਰਮੀ ਵਰਤਦਿਆਂ ਗੇਟ ਅੱਗਿਓਂ ਕੂੜਾ ਚੁੱਕ ਕੇ ਟਰਾਲੀ ਹਟਾ ਲਈ ਸੀ, ਪਰ ਮੰਗਲਵਾਰ ਦਾ ਦਿਨ ਲੰਘਣ ਦੇ ਬਾਵਜੂਦ ਵੀ ਤਨਖਾਹਾਂ ਨਾ ਮਿਲਣ ਕਾਰਨ ਗੁੱਸੇ ਵਿੱਚ ਆਏ ਕਰਮਚਾਰੀਆਂ ਨੇ ਮੁੜ ਨਗਰ ਕੌਂਸਲ ਦੇ ਗੇਟ ਅੱਗੇ ਖਾਲੀ ਟਰਾਲੀ ਖੜ੍ਹੀ ਕਰ ਦਿੱਤੀ ਜਿਸ ਵਿੱਚ ਸ਼ਹਿਰ ਵਾਸੀਆਂ ਵੱਲੋਂ ਕੂੜਾ ਸੁੱਟੇ ਜਾਣ ਕਾਰਨ ਹੁਣ ਉੱਥੇ ਫਿਰ ਤੋਂ ਗੰਦਗੀ ਨੇ ਆਪਣਾ ਫਿਰ ਤੋਂ ਰੁਦਰ ਰੂਪ ਧਾਰ ਲਿਆ ਹੈ। ਇਸ ਸਥਿਤੀ ਕਾਰਨ ਨੇੜਲੇ ਦੁਕਾਨਦਾਰਾਂ ਅਤੇ ਉੱਥੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਅਤੇ ਬਦਬੂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਸਫ਼ਾਈ ਸੇਵਕ ਜਸਵੀਰ ਸਿੰਘ, ਮੁਕੇਸ਼ ਕੁਮਾਰ ਅਤੇ ਪੁਸ਼ਪਾ ਰਾਣੀ ਨੇ ਪ੍ਰਸ਼ਾਸਨਿਕ ਰਵੱਈਏ ਦੀ ਨਿਖੇਧੀ ਕਰਦਿਆਂ ਕਿਹਾ ਕਿ ਨਗਰ ਕੌਂਸਲ ਹਰ ਵਾਰ ਉਨ੍ਹਾਂ ਦੀਆਂ ਕਈ ਮਹੀਨਿਆਂ ਦੀਆਂ ਤਨਖਾਹਾਂ ਰੋਕ ਲੈਂਦਾ ਹੈ ਜਿਸ ਕਾਰਨ ਉਨ੍ਹਾਂ ਦੇ ਘਰਾਂ ਦਾ ਰਾਸ਼ਨ ਲੈਣਾ ਵੀ ਮੁਸ਼ਕਲ ਹੋ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵੇਲੇ ਉਨ੍ਹਾਂ ਦੀ ਤਿੰਨ ਮਹੀਨਿਆਂ ਦੀ ਤਨਖਾਹ ਬਕਾਇਆ ਹੈ ਪਰ ਕਾਰਜ ਸਾਧਕ ਅਫ਼ਸਰ ਵੱਲੋਂ ਸਿਰਫ਼ ਇੱਕ ਮਹੀਨੇ ਦੀ ਤਨਖਾਹ ਲੈ ਕੇ ਕੰਮ ਸ਼ੁਰੂ ਕਰਨ ਲਈ ਦਬਾਅ ਪਾਇਆ ਜਾ ਰਿਹਾ ਹੈ ਜਿਸ ਲਈ ਉਹ ਕਦੇ ਵੀ ਸਹਿਮਤ ਨਹੀਂ ਹੋਣਗੇ। ਦੂਜੇ ਪਾਸੇ ਕਾਰਜ ਸਾਧਕ ਅਫ਼ਸਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਫ਼ਾਈ ਸੇਵਕਾਂ ਦੀਆਂ ਬਕਾਇਆ ਤਨਖਾਹਾਂ ਦਾ ਜਲਦ ਨਿਪਟਾਰਾ ਕਰ ਦਿੱਤਾ ਜਾਵੇਗਾ ਤਾਂ ਜੋ ਸ਼ਹਿਰ ਨਿਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

# ਅੰਤਰਰਾਸ਼ਟਰੀ ਡਾਂਸ ਦਿਵਸ ਉਤਸ਼ਾਹ ਅਤੇ ਸੱਭਿਆਚਾਰਕ ਰੰਗਾਂ ਨਾਲ ਮਨਾਇਆ



ਬਰਨਾਲਾ, 30 ਅਪ੍ਰੈਲ (ਹਮੀਰ ਸਿੰਘ) : ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਵਿੱਚ ਅੰਤਰਰਾਸ਼ਟਰੀ ਡਾਂਸ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਨਰਸਰੀ ਤੋਂ 12ਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮਕਸਦ ਡਾਂਸ ਨੂੰ ਸਮੀਕਰਨ, ਸੱਭਿਆਚਾਰ ਅਤੇ ਖੁਸ਼ਹਾਲ ਸਿੱਖਿਆ ਦੇ ਸਾਧਨ ਵਜੋਂ ਉਭਾਰਨਾ ਸੀ। ਪ੍ਰੋਗਰਾਮ ਦਾ ਖਾਸ ਆਕਰਸ਼ਣ ਓਪਨ ਡਾਂਸ ਸੈਸ਼ਨ ਰਿਹਾ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਕੱਠੇ ਨੱਚ ਕੇ ਖੁਸ਼ੀ, ਸਾਂਝ ਅਤੇ ਉਤਸਵ ਦਾ ਮਾਹੌਲ ਬਣਾਇਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਭਾਗੀਦਾਰੀ, ਆਤਮਵਿਸ਼ਵਾਸ ਅਤੇ ਕਲਾ ਪ੍ਰਤੀ ਸਨਮਾਨ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ, 'ਡਾਂਸ ਇੱਕ ਵਿਸ਼ਵ ਭਾਸ਼ਾ ਹੈ ਜੋ ਦਿਲਾਂ ਨੂੰ ਜੋੜਦੀ ਹੈ, ਸੱਭਿਆਚਾਰ ਨੂੰ ਸੰਭਾਲਦੀ ਹੈ ਅਤੇ ਆਤਮਵਿਸ਼ਵਾਸ ਵਧਾਉਂਦੀ ਹੈ। ਅਜਿਹੇ ਆਯੋਜਨ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਟੀਮਵਰਕ ਅਤੇ ਸਾਡੀਆਂ ਵਿਭਿੰਨ ਪਰੰਪਰਾਵਾਂ ਪ੍ਰਤੀ ਸਤਿਕਾਰ ਪੈਦਾ ਕਰਦੇ ਹਨ।' ਇਹ ਪ੍ਰੋਗਰਾਮ ਖੁਸ਼ਗਵਾਰ ਮਾਹੌਲ ਵਿੱਚ ਸੰਪੰਨ ਹੋਇਆ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਸਕੂਲ ਦੀ ਸੱਭਿਆਚਾਰਕ ਅਤੇ ਮੁੱਲ ਅਧਾਰਿਤ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ।

# ਜੈ ਵਾਟਿਕਾ ਪਬਲਿਕ ਸਕੂਲ ਵੱਲੋਂ ਮਜ਼ਦੂਰ ਦਿਵਸ 'ਤੇ ਸਫ਼ਾਈ ਕਰਮਚਾਰੀਆਂ ਦਾ ਸਨਮਾਨ



ਬਰਨਾਲਾ, 30 ਅਪ੍ਰੈਲ (ਹਮੀਰ ਸਿੰਘ) : ਜੈ ਵਾਟਿਕਾ ਪਬਲਿਕ ਸਕੂਲ ਵਿਖੇ ਮਜ਼ਦੂਰ ਦਿਵਸ ਬਹੁਤ ਉਤਸ਼ਾਹ, ਸਤਿਕਾਰ ਅਤੇ ਪ੍ਰੇਰਨਾਦਾਇਕ ਮਾਹੌਲ ਨਾਲ ਮਨਾਇਆ ਗਿਆ। ਇਸ ਮੌਕੇ ਨੂੰ ਮਨਾਉਣ ਲਈ ਸਕੂਲ ਵਿੱਚ ਇੱਕ ਵਿਸ਼ੇਸ਼ ਸਵੇਰ ਦੀ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਦਾ ਸੰਚਾਲਨ ਚੈਂਪਸ ਹਾਊਸ ਦੇ ਵਿਦਿਆਰਥੀਆਂ ਦੁਆਰਾ ਕੀਤਾ ਗਿਆ। ਸਭਾ ਦਾ ਮੁੱਖ ਉਦੇਸ਼ ਸਕੂਲ ਦੇ ਮਿਹਨਤੀ ਕਰਮਚਾਰੀਆਂ ਪ੍ਰਤੀ ਸਤਿਕਾਰ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨਾ ਸੀ। ਸਭਾ ਦੌਰਾਨ, ਸਕੂਲ ਦੇ ਸਫਾਈ ਕਰਮਚਾਰੀਆਂ ਅਤੇ ਹੋਰ ਸਹਾਇਕ ਸਟਾਫ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਨ੍ਹਾਂ ਨੂੰ ਤਾੜੀਆਂ ਦੀ ਗੂੰਜ ਨਾਲ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਕੰਮ ਲਈ ਧੰਨਵਾਦ ਪ੍ਰਗਟ ਕੀਤਾ। ਸਭਾ ਨੂੰ ਸੰਬੋਧਨ ਕਰਦੇ ਹੋਏ, ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਕਿਹਾ, ਸਾਡੇ ਸਕੂਲ ਵਿੱਚ ਹਰ ਕਰਮਚਾਰੀ ਦਾ ਯੋਗਦਾਨ ਅਨਮੋਲ ਹੈ। ਅੱਜ ਸਾਨੂੰ ਸਿਖਾਉਂਦਾ ਹੈ ਕਿ ਹਰ ਕੰਮ ਮਹੱਤਵਪੂਰਨ ਹੈ ਅਤੇ ਹਰ ਕਰਮਚਾਰੀ ਸਤਿਕਾਰ ਦੇ ਯੋਗ ਹੈ। ਇਹ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਕਿਰਤ ਦੀ ਮਹੱਤਤਾ ਨੂੰ ਸਮਝਣ ਅਤੇ ਸਾਰੇ ਕੰਮ ਲਈ ਸਤਿਕਾਰ ਪੈਦਾ ਕਰਨ ਵਿੱਚ ਬਹੁਤ ਸਫਲ ਰਿਹਾ। ਇਸ ਪ੍ਰੋਗਰਾਮ ਨੇ ਸਾਰਿਆਂ ਨੂੰ ਕਾਮਿਆਂ ਪ੍ਰਤੀ ਸਤਿਕਾਰ ਅਤੇ ਕਦਰਦਾਨੀ ਦਾ ਸਕਾਰਾਤਮਕ ਸੰਦੇਸ਼ ਦਿੱਤਾ।

# ਡੇਂਗੂ ਵਿਰੁੱਧ ਮੁਹਿੰਮ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਜਾਰੀ



ਬਰਨਾਲਾ, 30 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਹੁਕਮਾਂ ਅਨੁਸਾਰ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਸਿਹਤ ਵਿਭਾਗ ਬਰਨਾਲਾ ਦੀਆਂ ਟੀਮਾਂ ਵੱਲੋਂ ਪਿਛਲੇ ਸਾਲ ਜਿਨ੍ਹਾਂ ਪੇਂਡੂ, ਸ਼ਹਿਰੀ ਇਲਾਕਿਆਂ ਵਿੱਚ ਡੇਂਗੂ ਦੇ ਕੇਸ ਸਨ ਉਨ੍ਹਾਂ ਇਲਾਕਿਆਂ ਵਿੱਚ ਘਰ-ਘਰ ਜਾ ਕੇ ਡੇਂਗੂ ਤੋਂ ਬਚਾਅ ਲਈ ਗਤੀਵਿਧੀਆਂ ਕੀਤੀਆਂ ਗਈਆਂ ਤਾਂ ਜੋ ਡੇਂਗੂ ਦੀ ਪਹਿਲਾਂ ਹੀ ਰੋਕਥਾਮ ਕੀਤੀ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ.ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਡਾ. ਹਰੀਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਡੇਂਗੂ ਮਲੇਰੀਆ ਦੀ ਰੋਕਥਾਮ ਲਈ ਬਰਨਾਲਾ ਜ਼ਿਲ੍ਹਾ ਨਿਵਾਸੀ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਸਹਿਯੋਗ ਦੇਣ ਤਾਂ ਜੋ ਇਨ੍ਹਾਂ ਬਿਮਾਰੀਆਂ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ । ਡਾ. ਮੁਨੀਸ਼ ਜ਼ਿਲ੍ਹਾ ਐਪੀਡਿਮਾਲੋਜਿਸਟ ਨੇ ਦੱਸਿਆ ਕਿ ਜੇਕਰ ਕਿਸੇ ਵਿਆਕਤੀ ਨੂੰ ਤੇਜ਼ ਬੁਖਾਰ,ਮਾਸ ਪੇਸ਼ੀਆਂ 'ਚ ਦਰਦ,ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ, ਸਰੀਰ ਤੇ ਲਾਲ ਰੰਗ ਦੇ ਧੱਫੜ, ਨੱਕ ਜਾਂ ਮਸੂੜਿਆਂ 'ਚੋਂ ਖੂਨ ਆਉਣਾ ਆਦਿ ਲੱਛਣ ਮਹਿਸੂਸ ਹੋਣ ਤਾਂ ਤੁਰੰਤ ਡਾਕਟਰੀ ਸਲਾਹ ਅਨੁਸਾਰ ਇਲਾਜ ਕਰਵਾਉਣਾ ਚਾਹੀਦਾ ਹੈ। ਗਰਮੇਲ ਸਿੰਘ ਢਿੱਲੋਂ , ਗੁਰਪ੍ਰੀਤ ਸਿੰਘ ਸਹਿਣਾ ਅਤੇ ਸੁਰਿੰਦਰ ਸਿੰਘ ਹੈਲਥ ਇੰਸਪੈਕਟਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬਰਨਾਲਾ ਜ਼ਿਲ੍ਹੇ ਦੇ ਡੇਂਗੂ ਪ੍ਰਭਾਵਿਤ ਖੇਤਰ, ਸਲੱਮ ਖੇਤਰ ਅਤੇ ਘਰਾਂ ਵਿੱਚ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ ਅਤੇ ਜਿਸ ਜਗ੍ਹਾ ਲਾਰਵਾ ਮਿਲਿਆ ਨੂੰ ਨਸ਼ਟ ਕਰਵਾਇਆ ਗਿਆ । ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਹਰਜੀਤ ਸਿੰਘ ਜਿਲਾ ਬੀ.ਸੀ.ਸੀ. ਕੋਆਰਡੀਨੇਟਰ ਨੇ ਦੱਸਿਆ ਕਿ ਡੇਂਗੂ ਮਲੇਰੀਆ ਦੀ ਰੋਕਥਾਮ ਲਈ ਹਰ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਪੂਰਾ ਸਹਿਯੋਗ ਦੇਣ ਅਤੇ ਜੇਕਰ ਕੋਈ ਲੱਛਣ ਦਿਖਾਈ ਦੇਣ ਤਾਂ ਬਿਨ੍ਹਾਂ ਕਿਸੇ ਦੇਰੀ ਤੋਂ ਨੇੜਲੇ ਸਰਕਾਰੀ ਸਿਹਤ ਕੇਂਦਰ ਜਾਂ ਹਸਪਤਾਲ ਵਿੱਚ ਜਾਂਚ ਅਤੇ ਡਾਕਟਰੀ ਸਲਾਹ ਅਨੁਸਾਰ ਇਲਾਜ ਕਰਵਾਉਣਾ ਚਾਹੀਦਾ ਹੈ।

# ਤਪਾ 'ਚ ਸਵੱਛ ਭਾਰਤ ਮਿਸ਼ਨ ਤਹਿਤ ਵਿਸ਼ਾਲ ਸਫ਼ਾਈ ਮੁਹਿੰਮ ਅਤੇ ਜਾਗਰੂਕਤਾ ਮਾਰਚ



ਤਪਾ, 30 ਅਪ੍ਰੈਲ (ਰਾਜੂ ਮਹਿਰਾ) : ਉੱਪ ਮੰਡਲ ਮੈਜਿਸਟਰੇਟ ਤਪਾ ਸ੍ਰੀ ਆਯੂਸ਼ ਗੋਇਲ ਦੀ ਅਗਵਾਈ ਵਿੱਚ ਅੱਜ ਤਪਾ ਸ਼ਹਿਰ ਵਿੱਚ ਸਵੱਛ ਭਾਰਤ ਮਿਸ਼ਨ ਤਹਿਤ ਇੱਕ ਸਫਾਈ ਅਭਿਆਨ ਅਤੇ ਜਾਗਰੂਕਤਾ ਮਾਰਚ ਕੀਤਾ ਗਿਆ। ਇਸ ਮੁਹਿੰਮ ਦਾ ਮੁੱਖ ਉਦੇਸ਼ ਸ਼ਹਿਰ ਵਾਸੀਆਂ ਨੂੰ ਆਲੇ-ਦੁਆਲੇ ਦੀ ਸਫਾਈ ਪ੍ਰਤੀ ਜਾਗਰੂਕ ਕਰਨਾ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣਾ ਸੀ। ਲੋਕਾਂ ਨੂੰ ਜਾਗਰੂਕ ਕਰਨ ਲਈ ਕੱਢਿਆ ਗਿਆ ਇਹ ਵਿਸ਼ਾਲ ਮਾਰਚ ਸ਼ਹਿਰ ਦੇ ਮੁੱਖ ਸਥਾਨਾਂ ਤੋਂ ਹੋ ਕੇ ਗੁਜ਼ਰਿਆ। ਮਾਰਚ ਦੀ ਸ਼ੁਰੂਆਤ ਡਾਕਖਾਨਾ ਤਪਾ ਮੰਡੀ ਤੋਂ ਹੋਈ, ਜਿਸ ਤੋਂ ਬਾਅਦ ਇਹ ਵਾਲਮੀਕਿ ਚੌਂਕ, ਅੰਦਰਲਾ ਬੱਸ ਅੱਡਾ ਅਤੇ ਸਕੂਲ ਰੋਡ ਤੋਂ ਹੁੰਦਾ ਹੋਇਆ ਅੱਗਰਵਾਲ ਧਰਮਸ਼ਾਲਾ ਵਿਖੇ ਜਾ ਕੇ ਸਮਾਪਤ ਹੋਇਆ। ਬੱਚਿਆਂ ਨੇ ਹੱਥਾਂ ਵਿੱਚ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਆਲੇ-ਦੁਆਲੇ ਦੀ ਸਾਫ਼-ਸਫਾਈ ਸਬੰਧੀ ਬੈਨਰ, ਪੋਸਟਰ ਅਤੇ ਤਖ਼ਤੀਆਂ ਫੜੀਆਂ ਹੋਈਆਂ ਸਨ। ਬੱਚਿਆਂ ਵੱਲੋਂ ਸ਼ਹਿਰ ਵਾਸੀਆਂ ਅਤੇ ਦੁਕਾਨਦਾਰਾਂ ਨੂੰ ਖਾਸ ਤੌਰ 'ਤੇ ਅਪੀਲ ਕੀਤੀ ਗਈ ਕਿ ਕੂੜਾ ਹਮੇਸ਼ਾ ਕੂੜਾਦਾਨ ਵਿੱਚ ਹੀ ਪਾਇਆ ਜਾਵੇ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਵਿੱਚ ਪ੍ਰਸ਼ਾਸਨ ਦਾ ਸਾਥ ਦਿੱਤਾ ਜਾਵੇ। ਇਸ ਮੌਕੇ ਪੁਲਿਸ ਪ੍ਰਸ਼ਾਸਨ ਤਪਾ, ਸੀਨੀਅਰ ਮੈਡੀਕਲ ਅਫਸਰ ਤਪਾ, ਕਾਰਜ ਸਾਧਕ ਅਫਸਰ ਨਗਰ ਕੌਂਸਲ ਤਪਾ ਉੱਪ ਮੰਡਲ ਮੈਜਿਸਟਰੇਟ ਦਫ਼ਤਰ ਅਤੇ ਤਹਿਸੀਲ ਤਪਾ ਦਾ ਸਮੂਹ ਸਟਾਫ ਵੀ ਹਾਜ਼ਰ ਰਿਹਾ।

# ਮਿਹਨਤ ਨੂੰ ਸਲਾਮ : ਨੰਨ੍ਹੇ ਬੱਚਿਆਂ ਵੱਲੋਂ ਮਈ ਦਿਵਸ ਦਾ ਉਤਸ਼ਾਹ ਭਰਿਆ ਜਸ਼ਨ




ਬਰਨਾਲਾ, 30 ਅਪ੍ਰੈਲ (ਇਸ਼ੇਨ ਕੰਗ) : ਐਮਟੀਐਸ ਬਰਨਾਲਾ ਦੇ ਕਿੰਡਰਗਾਰਟਨ ਤੋਂ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਮਈ ਦਿਵਸ ਨੂੰ ਕਲਾਸਰੂਮ ਗਤੀਵਿਧੀਆਂ ਰਾਹੀਂ ਬੜੇ ਉਤਸ਼ਾਹ ਅਤੇ ਅਰਥਪੂਰਨ ਢੰਗ ਨਾਲ ਮਨਾਇਆ। ਇਸ ਮੌਕੇ 'ਤੇ ਬੱਚਿਆਂ ਨੇ ਸਮਾਜ ਦੇ ਵੱਖ-ਵੱਖ ਕਮਿਊਨਿਟੀ ਹੈਲਪਰਾਂ ਜਿਵੇਂ ਸਫਾਈ ਕਰਮਚਾਰੀ, ਮਾਲੀ, ਡਰਾਈਵਰ ਅਤੇ ਹੋਰ ਸੇਵਾਦਾਰਾਂ ਨੂੰ ਸਤਿਕਾਰ ਭਾਵ ਨਾਲ ਨਮਨ ਕੀਤਾ । ਬੱਚਿਆਂ ਨੇ ਰੋਲ-ਪਲੇ, ਚਿੱਤਰਕਾਰੀ, ਛੋਟੇ ਭਾਸ਼ਣ ਅਤੇ ਧੰਨਵਾਦ ਕਾਰਡਾਂ ਰਾਹੀਂ ਆਪਣਾ ਧੰਨਵਾਦ ਪ੍ਰਗਟਾਇਆ। ਅਧਿਆਪਕਾਂ ਨੇ ਬੱਚਿਆਂ ਨੂੰ ਮਿਹਨਤ ਦੀ ਇੱਜ਼ਤ ਅਤੇ ਹਰ ਕੰਮ ਦੀ ਮਹੱਤਤਾ ਬਾਰੇ

ਸਧਾਰਨ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਾਣੂ ਕਰਵਾਇਆ। ਕਲਾਸਾਂ ਵਿੱਚ ਰਚਨਾਤਮਕਤਾ, ਉਤਸ਼ਾਹ ਅਤੇ ਸੰਵੇਦਨਸ਼ੀਲਤਾ ਦਾ ਸੁਹਾਵਾਂ ਮਾਹੌਲ ਦੇਖਣ ਨੂੰ ਮਿਲਿਆ। ਇਹ ਸਮਾਰੋਹ ਨਾ ਸਿਰਫ਼ ਖੁਸ਼ੀਭਰਿਆ ਰਿਹਾ, ਸਗੋਂ ਬੱਚਿਆਂ ਵਿੱਚ ਸਤਿਕਾਰ, ਹਮਦਰਦੀ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਵੀ ਸਹਾਇਕ ਸਾਬਤ ਹੋਇਆ।

# ਐਸ.ਬੀ.ਐਸ. ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਮਜ਼ਦੂਰ ਦਿਵਸ ਮਨਾਇਆ




ਬਰਨਾਲਾ, 30 ਅਪ੍ਰੈਲ (ਹਮੀਰ ਸਿੰਘ) : ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੇ ਉਤਸ਼ਾਹ, ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵੱਲੋਂ ਸਵੇਰ ਦੀ ਸਭਾ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਦੇ ਸਹਾਇਕ ਕਰਮਚਾਰੀਆਂ ਨੇ ਹਾਜ਼ਰੀ ਲਗਾਈ। ਸਮਾਗਮ ਦਾ ਮੁੱਖ ਉਦੇਸ਼ ਮਜ਼ਦੂਰਾਂ ਦੀ ਮਿਹਨਤ ਨੂੰ ਸਲਾਮ ਕਰਨਾ ਅਤੇ ਵਿਦਿਆਰਥੀਆਂ ਵਿੱਚ ਉਨ੍ਹਾਂ ਪ੍ਰਤੀ ਸਤਿਕਾਰ ਅਤੇ ਸਹਾਨਭੂਤੀ ਦੀ ਭਾਵਨਾ ਪੈਦਾ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ, ਜਿਸ ਤੋਂ ਬਾਅਦ ਅਧਿਆਪਕਾ ਰਜਿੰਦਰ ਕੌਰ ਜੀ ਨੇ ਮਜ਼ਦੂਰ ਦਿਵਸ ਦਾ ਇਤਿਹਾਸ ਅਤੇ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ 1 ਮਈ ਨੂੰ ਮਨਾਇਆ ਜਾਣ ਵਾਲਾ ਇਹ ਦਿਵਸ ਦੁਨੀਆ ਭਰ ਦੇ ਮਜ਼ਦੂਰਾਂ ਦੇ ਹੱਕਾਂ ਅਤੇ ਉਨ੍ਹਾਂ ਦੀ ਮਿਹਨਤ ਨੂੰ ਸਨਮਾਨ ਦੇਣ ਲਈ ਸਮਰਪਿਤ ਹੈ। ਇਸ ਤੋਂ ਬਾਅਦ ਅਧਿਆਪਕ ਗੁਰਮੇਲ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਸਮਾਗਮ ਦੌਰਾਨ ਸਕੂਲ ਦੇ ਸਫਾਈ ਕਰਮਚਾਰੀਆਂ, ਮਾਲੀਆਂ ਅਤੇ ਹੋਰ ਸਹਾਇਕ ਸਟਾਫ ਨੂੰ ਖ਼ਾਸ ਤੌਰ 'ਤੇ ਸਟੇਜ 'ਤੇ ਸਨਮਾਨਿਤ ਕੀਤਾ ਗਿਆ। ਇਹ ਪਲ ਸਭ ਲਈ ਬਹੁਤ ਹੀ ਭਾਵੁਕ ਅਤੇ ਪ੍ਰੇਰਨਾਦਾਇਕ ਸਾਬਤ ਹੋਇਆ। ਅੰਤ ਵਿੱਚ ਵਾਈਸ ਪ੍ਰਿੰਸੀਪਲ ਡਾ. ਸੰਜੈ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਾਨੂੰ ਹਰ ਵਰਗ ਦੇ ਲੋਕਾਂ ਦੀ ਮਿਹਨਤ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਆਪਣੇ ਜੀਵਨ ਵਿੱਚ ਮਿਹਨਤ ਨੂੰ ਅਪਣਾਉਣਾ ਚਾਹੀਦਾ ਹੈ। ਇਸ ਤੋਂ ਬਾਅਦ ਪ੍ਰਿੰਸੀਪਲ ਕਮਲਜੀਤ ਕੌਰ ਨੇ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਜ਼ਦੂਰਾਂ ਦੀ ਮਿਹਨਤ ਨਾਲ ਹੀ ਸਮਾਜ ਵਿੱਚ ਤਰੱਕੀ ਅਤੇ ਖੁਸ਼ਹਾਲੀ ਆਉਂਦੀ ਹੈ, ਇਸ ਲਈ ਸਾਨੂੰ ਉਨ੍ਹਾਂ ਦੀ ਕਦਰ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਨਾਲ ਸਹਿਯੋਗ ਕਰਨਾ ਚਾਹੀਦਾ ਹੈ।

# ਰਾਮਬਾਗ਼ ਬਰਨਾਲਾ 'ਚ ਛੋਟੇ ਇੱਕਠਾਂ ਲਈ ਬਣਾਇਆ 'ਮਿੰਨੀ ਸ਼ਾਂਤੀ ਹਾਲ'



ਬਰਨਾਲਾ, 30 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਭਗਤ ਮੋਹਨ ਲਾਲ ਸੇਵਾ ਸੰਮਤੀ ਬਰਨਾਲਾ ਵੱਲੋਂ ਸ਼ਹਿਰ ਵਾਸੀਆਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਅੱਜ ਰਾਮਬਾਗ ਬਰਨਾਲਾ ਵਿੱਚ ਮਿੰਨੀ ਸ਼ਾਂਤੀ ਹਾਲ (ਮੰਜੂ ਮੈਮੋਰੀਅਲ ਹਾਲ) ਨੂੰ ਲੋਕ ਅਰਪਣ ਕੀਤਾ ਗਿਆ ਹੈ। ਇਸ ਸਮੇਂ ਸਭ ਤੋਂ ਪਹਿਲਾਂ ਭਗਤ ਮੋਹਨ ਲਾਲ ਸੇਵਾ ਸੰਮਤੀ ਦੇ ਆਹੁਦੇਦਾਰਾਂ ਅਤੇ ਮੈਂਬਰਾਨ ਵੱਲੋਂ ਸਨਾਤਨੀ ਮਰਿਯਾਦਾ ਮੁਤਾਬਿਕ ਹਵਨ ਕੀਤਾ ਗਿਆ। ਇੱਥੇ ਵਰਨਣਯੋਗ ਹੈ ਵਿਨੋਦ ਸਿੰਗਲ ਬੰਗਲੌਰ ਵਾਲਿਆਂ ਵੱਲੋਂ ਆਪਣੀ ਸਵ: ਧਰਮਪਤਨੀ ਮੰਜੂ ਸਿੰਗਲ ਦੀ ਯਾਦ ਵਿੱਚ ਇਸ ਮਿੰਨੀ ਸ਼ਾਂਤੀ ਹਾਲ ਦੀ ਉਸਾਰੀ ਲਈ ਵੱਡਾ ਸਹਿਯੋਗ ਦਿੱਤਾ ਗਿਆ ਹੈ, ਜਦੋਂ ਕਿ ਇਸ ਮਿੰਨੀ ਹਾਲ ਦੀ ਉਸਾਰੀ ਲਈ ਅਸ਼ੋਕ ਜਿੰਦਲ ਦਿੱਲੀ ਵਾਲੇ ਤੇ ਸੁਭਾਸ਼ ਜਿੰਦਲ ਵੱਲੋਂ ਆਪਣੇ ਪਿਤਾ ਸਵ: ਸੋਮਨਾਥ ਜਿੰਦਲ ਅਤੇ ਸਵ: ਮਾਤਾ ਕ੍ਰਿਸ਼ਨਾ ਜਿੰਦਲ ਦੀ ਯਾਦ ਵਿੱਚ ਵਿਸ਼ੇਸ ਯੋਗਦਾਨ ਪਾਇਆ ਗਿਆ ਹੈ। ਭਗਤ ਮੋਹਨ ਲਾਲ ਸੇਵਾ ਸੰਮਤੀ ਬਰਨਾਲਾ ਦੇ ਪ੍ਰਧਾਨ ਲਾਜਪਤ ਰਾਏ ਚੋਪੜਾ ਅਤੇ ਜਨਰਲ ਸਕੱਤਰ ਕਮਲ ਜਿੰਦਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਬਰਨਾਲਾ ਵਾਸੀਆਂ ਦੀ ਚਿਰੋਕਣੀ ਮੰਗ ਸੀ ਕਿ ਰਾਮਬਾਗ ਬਰਨਾਲਾ ਵਿੱਚ ਵੱਡੇ ਸ਼ਾਂਤੀ ਹਾਲ ਅਤੇ ਪ੍ਰਾਰਥਨਾ ਹਾਲ ਦੀ ਤਰਜ਼ 'ਤੇ ਹੀ ਇੱਕ 'ਛੋਟਾ ਹਾਲ' ਤਾਮੀਰ ਕੀਤਾ ਜਾਵੇ ਤਾਂ ਕਿ ਗਰੀਬ ਅਤੇ ਲੋੜਵੰਦ ਲੋਕ ਇਸ ਦਾ ਫਾਇਦਾ ਲੈ ਸਕਣ। ਉਹਨਾਂ ਦੱਸਿਆ ਕਿ ਭਗਤ ਮੋਹਨ ਲਾਲ ਸੇਵਾ ਸੰਮਤੀ ਦੇ ਸਵ: ਪ੍ਰਧਾਨ ਭਾਰਤ ਮੋਦੀ ਵੱਲੋਂ ਇਸ ਛੋਟੇ ਸ਼ਾਂਤੀ ਹਾਲ ਨੂੰ ਬਣਾਉਣ ਲਈ ਵਿਨੋਦ ਸਿੰਗਲ ਅਤੇ ਅਸ਼ੋਕ ਜਿੰਦਲ ਤੇ ਸ਼ੁਭਾਸ ਜਿੰਦਲ ਹੋਰਾਂ ਨੂੰ ਪ੍ਰੇਰਿਆ ਗਿਆ, ਜਿਹਨਾਂ ਦੇ ਸਹਿਯੋਗ ਸਦਕਾ ਇਹ ਮਿੰਨੀ ਸ਼ਾਂਤੀ ਹਾਲ ਅੱਜ ਬਣ ਕੇ ਤਿਆਰ ਹੋਇਆ ਹੈ। ਇਹ ਮੰਜੂ ਮੈਮੋਰੀਅਲ ਹਾਲ ਪੂਰੀ ਤਰ੍ਹਾਂ ਏਅਰ ਕੰਡੀਸਨ ਹੈ ਅਤੇ ਇਸ ਹਾਲ ਵਿੱਚ 150 ਤੋਂ ਲੈ ਕੇ 200 ਤੱਕ ਬੰਦਿਆਂ ਦੇ ਬੈਠਣ ਦਾ ਪ੍ਰਬੰਧ ਹੈ ਅਤੇ ਇਸ ਦੀ ਵੱਖਰੀ ਰਸੋਈ ਅਤੇ ਵਾਸਰੂਮ ਬਣਾਏ ਗਏ। ਇਸ ਸਮੇਂ ਭਗਤ ਮੋਹਨ ਲਾਲ ਸੇਵਾ ਸੰਮਤੀ ਦੇ ਪ੍ਰਧਾਨ ਲਾਜਪਤ ਰਾਏ ਚੋਪੜਾ, ਜਨਰਲ ਸਕੱਤਰ ਕਮਲ ਜਿੰਦਲ, ਮੀਤ ਪ੍ਰਧਾਨ ਠੇਕੇਦਾਰ ਬੀਰਬਲ ਦਾਸ ਅਤੇ ਵਿਨੋਦ ਕਾਂਸਲ, ਖਜਾਨਚੀ ਵੇਦ ਪ੍ਰਕਾਸ਼, ਕੈਸੀਅਰ ਮੰਗਤ ਰਾਏ, ਜਥੇਬੰਦਕ ਸਕੱਤਰ ਨਰਿੰਦਰ ਚੋਪੜਾ, ਪ੍ਰੈਸ ਸਕੱਤਰ ਜਗਸੀਰ ਸਿੰਘ ਸੰਧੂ, ਕਾਰਜਕਾਰਨੀ ਮੈਂਬਰ ਦੀਪਕ ਸੋਨੀ, ਗੋਪਾਲ ਸ਼ਰਮਾ ਅਤੇ ਰਾਜਿੰਦਰ ਗਾਰਗੀ, ਮੋਤੀ ਰਾਮ ਭੱਠੇ ਵਾਲੇ, ਸੁਭਾਸ਼ ਜਿੰਦਲ, ਜੀਵਨ ਕੁਮਾਰ ਹੈਪੀ, ਰਾਕੇਸ਼ ਬਬਲੂ, ਸੰਦੀਪ ਸਿੰਗਲਾ, ਪ੍ਰਦੀਪ ਸਿੰਗਲਾ, ਰਾਮੇਸ਼ ਕੁਮਾਰ, ਗੁਰਮੀਤ ਬਾਵਾ, ਅਮਰਜੀਤ ਕਾਲੇਕੇ, ਮਨੋਹਰ ਸੋਰੀ, ਵਿਨੋਦ ਬੰਟੀ ਸੋਰੀ, ਸੁਰੇਸ ਦਾਦੂ, ਜੈ ਨਰਾਇਣ ਸ਼ਰਮਾ, ਜਸਪਾਲ ਕੁਮਾਰ, ਸਤਪਾਲ, ਅਰੁਣ ਮੋਦੀ, ਕਰਨ ਮੋਦੀ, ਜਗਦੀਸ਼ ਸਿੰਧਵਾਨੀ, ਰਾਕੇਸ਼ ਜਿੰਦਲ, ਸੰਦੀਪ ਗਰਗ, ਵਿਨੋਦ ਸਿੰਗਲਾ, ਧਰਮਪਾਲ ਸੰਟੀ ਆਦਿ ਮੈਂਬਰਾਨ ਹਾਜ਼ਰ ਸਨ।

# ਮਾਤਾ ਨੈਣਾ ਦੇਵੀ ਲੰਗਰ ਸੇਵਾ ਦਲ ਨੇ ਲੰਗਰ ਲਗਾਇਆ



ਬਰਨਾਲਾ, 30 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਮਾਤਾ ਨੈਣਾ ਦੇਵੀ ਲੰਗਰ ਸੇਵਾ ਦਲ ਬਰਨਾਲਾ ਵੱਲੋਂ ਨੈਣਾ ਦੇਵੀ, ਸੇਖਾ ਅਤੇ ਬਰਨਾਲਾ ਵਾਲਿਆਂ ਦੀ ਧਰਮਸ਼ਾਲਾ ਵਿਖੇ ਧਰਮਸ਼ਾਲਾ, ਨੇੜੇ ਕੌਲਾਂ ਵਾਲਾ ਟੋਭਾ, ਹਿਮਾਚਲ ਪ੍ਰਦੇਸ਼ ਵਿਖੇ ਮਹੀਨੇ ਦੇ ਆਖਰੀ ਸ਼ਨਿੱਚਰਵਾਰ ਅਤੇ ਐਤਵਾਰ ਨੂੰ ਸ਼ਰਧਾਲੂਆਂ ਲਈ ਲੰਗਰ ਲਗਾਇਆ ਗਿਆ। ਇਸ ਮੌਕੇ ਰਾਜੀਵ ਗੋਇਲ ਅਤੇ ਰਾਜੇਸ਼ ਗਰਗ ਨੇ ਦੱਸਿਆ ਕਿ ਪਿਛਲੇ ਲਗਭਗ 7-8 ਸਾਲਾਂ ਤੋਂ ਹਰ ਮਹੀਨੇ ਦੇ ਆਖਰੀ ਸ਼ਨਿੱਚਰਵਾਰ ਅਤੇ ਐਤਵਾਰ ਨੂੰ ਮਾਤਾ ਦੇ ਭਗਤਾਂ ਦੇ ਸਹਿਯੋਗ ਨਾਲ ਲੰਗਰ ਲਗਾਇਆ ਜਾਂਦਾ ਹੈ। ਲੰਗਰ ਚ ਪੌਸ਼ਟਿਕ ਭੋਜਨ ਤਿਆਰ ਕਰਕੇ ਭਗਤਾਂ ਨੂੰ ਛਕਾਇਆ ਜਾਂਦਾ ਹੈ। ਸਫ਼ਾਈ ਦਾ ਪੂਰਾ ਪ੍ਰਬੰਧ ਰੱਖਿਆ ਜਾਂਦਾ ਹੈ। ਇਸ ਮੌਕੇ ਸਤਪਾਲ ਬਾਂਸਲ, ਵਿਜੇ ਸਿੰਗਲਾ, ਬੁੱਧ ਰਾਮ, ਪ੍ਰਦੀਪ ਗਰਗ (ਮੰਗਾ), ਡਾ: ਅਮਨ, ਦੀਪਕ ਗਰਗ, ਸੰਜੀਵ ਕੁਮਾਰ, ਸ਼ਾਂਤੀ ਕਾਂਸਲ, ਮਹਾਵੀਰ ਪ੍ਰਸਾਦ, ਤੇਜਪਾਲ ਸਿੰਘ, ਲਾਡੀ, ਸਤਨਾਮ ਸਿੰਘ, ਜੀਵਨ ਸ਼ਰਮਾ, ਵਿੱਕਾ, ਰਜਿੰਦਰ ਸਿੰਘ, ਸ਼ਾਮ ਕਿਸ਼ੋਰ, ਜਗਤਾਰ ਸਿੰਘ ਖੁੱਡੀ, ਮਨਦੀਪ ਸਿੰਘ ਖੁੱਡੀ ਅਤੇ ਗੁਰਲਾਲ ਦਾਸ ਆਦਿ ਨੇ ਭਗਤਾਂ ਨੂੰ ਭੰਡਾਰਾ ਵਰਤਾਉਣ ਚ ਸੇਵਾ ਨਿਭਾਈ ।

# ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿੱਚ ਮਜ਼ਦੂਰ ਦਿਵਸ ਮਨਾਉਂਦਿਆ ਸਫ਼ਾਈ ਕਰਮਚਾਰੀਆਂ ਤੇ ਡਰਾਈਵਰਾਂ ਦਾ ਕੀਤਾ ਸਨਮਾਨ



ਬਰਨਾਲਾ, 30 ਅਪ੍ਰੈਲ ( ਇਸ਼ੇਨ ਕੰਗ) : ਬ੍ਰਿਲੀਐਂਟ ਸਕੂਲ ਪੱਖੋ ਕਲਾਂ, ਜੋ ਕਿ ਇਲਾਕੇ ਦੀ ਇੱਕ ਨਾਮਵਰ ਸਿੱਖਿਆ ਸੰਸਥਾ ਹੈ, ਵਿੱਚ ਮਜ਼ਦੂਰ ਦਿਵਸ ਬੜੀ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਹ ਸੰਸਥਾ ਐੱਮ.ਡੀ. ਮੈਡਮ ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਸਫਲਤਾਪੂਰਵਕ ਚੱਲ ਰਹੀ ਹੈ, ਜਿੱਥੇ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੀ ਸਰਬਾਂਗੀ ਵਿਕਾਸ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਇਸ ਮੌਕੇ 'ਤੇ ਵਿਸ਼ੇਸ਼ ਸਕੂਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਵੱਲੋਂ ਸਫਾਈ ਸੇਵਕਾਂ ਅਤੇ ਵੈਨ ਡਰਾਈਵਰਾਂ ਦੀਆਂ ਜ਼ਿੰਮੇਵਾਰੀਆਂ ਨੂੰ ਦਰਸਾਉਂਦੀ ਇੱਕ ਪ੍ਰੇਰਨਾਦਾਇਕ ਸਕਿੱਟ ਪੇਸ਼ ਕੀਤੀ ਗਈ। ਸਕਿੱਟ ਰਾਹੀਂ ਇਹ ਸੰਦੇਸ਼ ਦਿੱਤਾ ਗਿਆ ਕਿ ਕਿਸੇ ਵੀ ਸੰਸਥਾ ਦੀ ਸਫਲਤਾ ਲਈ ਹਰ ਇਕ ਵਿਅਕਤੀ ਦਾ ਯੋਗਦਾਨ ਮਹੱਤਵਪੂਰਨ ਹੁੰਦਾ ਹੈ ਅਤੇ ਸਾਨੂੰ ਮਜ਼ਦੂਰ ਵਰਗ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਮੌਕੇ ਪ੍ਰਿੰਸੀਪਲ ਸੁਮਨ ਸ਼ਰਮਾ ਅਤੇ ਐੱਮ.ਡੀ. ਮੈਡਮ ਕਰਮਜੀਤ ਕੌਰ ਦੇਵਾ ਵੱਲੋਂ ਸਕੂਲ ਦੇ ਸਫਾਈ ਕਰਮਚਾਰੀਆਂ ਅਤੇ ਡਰਾਈਵਰਾਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹਨਾਂ ਕਰਮਚਾਰੀਆਂ ਦਾ ਸੰਸਥਾ ਦੀ ਪ੍ਰਗਤੀ ਵਿੱਚ ਮਹੱਤਵਪੂਰਨ ਯੋਗਦਾਨ ਹੈ ਅਤੇ ਇਹ ਮਿਹਨਤੀ ਵਰਗ ਸਨਮਾਨ ਦੇ ਯੋਗ ਹੈ। ਜਸਪਾਲ ਸਿੰਘ ਦਿਓਲ ਵੱਲੋਂ ਵੀ ਸਮੂਹ ਹਾਜ਼ਰੀਨ ਨੂੰ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਕੋਆਰਡੀਨੇਟਰ ਨਰਿੰਦਰ ਕੌਰ ਅਤੇ ਸਮੂਹ ਸਟਾਫ਼ ਵੀ ਮੌਜੂਦ ਸਨ।

# ਦੋ ਨੌਜਵਾਨ ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ



ਟੱਲੇਵਾਲ, 30 ਅਪ੍ਰੈਲ (ਸੁਖਵਿੰਦਰ ਪਲਾਹਾ) : ਜ਼ਿਲ੍ਹਾ ਪੁਲਿਸ ਮੁਖੀ ਮੁਹੰਮਦ ਸਰਫ਼ਰਾਜ਼ ਆਲਮ ਦੀ ਅਗਵਾਈ ਹੇਠ ਅਪਰਾਧੀਆਂ ਖ਼ਿਲਾਫ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਤਹਿਤ ਥਾਣਾ ਟੱਲੇਵਾਲ ਪੁਲਿਸ ਨੇ ਨਹਿਰ ਦੇ ਪੁੱਲ ਟੱਲੇਵਾਲ ਨੇੜੇ ਵਿਧਾਤਾ ਲਿੰਕ ਸੜਕ 'ਤੇ ਨਾਕਾਬੰਦੀ ਦੌਰਾਨ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਹਾਸਿਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਟੱਲੇਵਾਲ ਦੇ ਮੁਖੀ ਇੰਸਪੈਕਟਰ ਸਰਬਜੀਤ ਸਿੰਘ ਅਤੇ ਤਫਤੀਸ਼ੀ ਸਬ ਇੰਸਪੈਕਟਰ ਜਸਮੇਲ ਸਿੰਘ ਹੁੰਦਲ ਨੇ ਦੱਸਿਆ ਕਿ ਉੱਪ ਪੁਲਿਸ ਕਪਤਾਨ ਮਹਿਲ ਕਲਾਂ ਜਸਪਾਲ ਸਿੰਘ ਦੀ ਰਹਿਨੁਮਾਈ ਹੇਠ ਪੁਲਿਸ ਪਾਰਟੀ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਜਾਂਚ ਕਰ ਰਹੀ ਸੀ। ਇਸ ਦੌਰਾਨ ਮੁਖਬਰ ਖਾਸ ਵਲੋਂ ਸੂਚਨਾ ਮਿਲੀ ਕਿ ਹਰਬੰਸ ਸਿੰਘ ਗੁਲਾਬੀ ਵਾਸੀ ਟੱਲੇਵਾਲ ਤੇ ਜਸ਼ਨਦੀਪ ਸਿੰਘ ਵਾਸੀ ਬੀਹਲਾ ਚੋਰੀ ਕੀਤਾ ਮੋਟਰਸਾਈਕਲ ਵੇਚਣ ਲਈ ਟੱਲੇਵਾਲ ਤੋਂ ਵਿਧਾਤਾ ਸੜਕ ਰਾਹੀਂ ਕਸਬਾ ਭਦੌੜ ਵੱਲ ਜਾ ਰਹੇ ਹਨ। ਚਾਲਕ ਮੋਟਰਸਾਈਕਲ ਦੀ ਮਾਲਕੀ ਸਬੰਧੀ ਕੋਈ ਦਸਤਾਵੇਜ਼ ਪੇਸ਼ ਨਾ ਕਰ ਸਕੇ ਅਤੇ ਪੁਲਿਸ ਜਾਂਚ ਦੌਰਾਨ ਮੋਟਰਸਾਈਕਲ ਚੋਰੀ ਦਾ ਹੋਣਾ ਸਾਹਮਣੇ ਆਇਆ ਹੈ। ਪੁਲਿਸ ਨੇ ਦੋਵਾਂ ਵਿਅਕਤੀਆਂ ਨੂੰ ਕਾਨੂੰਨੀ ਕਾਰਵਾਈ ਅਧੀਨ ਕਾਬੂ ਕਰਕੇ ਥਾਣਾ ਟੱਲੇਵਾਲ ਵਿਖੇ ਪਰਚਾ ਦਰਜ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਦੋਸ਼ੀ ਬਹੁਤ ਚਲਾਕ ਕਿਸਮ ਦੇ ਹਨ ਤੇ ਪੁੱਛਗਿੱਛ ਦੌਰਾਨ ਹੋਰ ਵਾਰਦਾਤਾਂ ਬਾਰੇ ਜਾਣਕਾਰੀ ਨਹੀਂ ਦੇ ਰਹੇ। ਉਹਨਾਂ ਕਿਹਾ ਕਿ ਉਕਤ ਦੋਵਾਂ ਨੌਜਵਾਨਾਂ ਨੂੰ ਅਦਾਲਤ 'ਚ ਪੇਸ਼ ਕਰਕੇ ਤਿੰਨ ਦਿਨਾਂ ਦਾ ਪੁਲਿਸ ਰਿਮਾਂਡ ਮੰਗਿਆ ਗਿਆ ਹੈ ਤਾਂ ਜੋ ਹੋਰ ਚੋਰੀਆਂ ਤੇ ਸੰਭਾਵਿਤ ਸਾਥੀਆਂ ਬਾਰੇ ਡੂੰਘੀ ਤਫਤੀਸ਼ ਕੀਤੀ ਜਾ ਸਕੇ। ਜ਼ਿਲ੍ਹਾ ਪੁਲਿਸ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਅਪਰਾਧ ਖ਼ਿਲਾਫ ਪੁਲਿਸ ਦਾ ਪੂਰਨ ਸਹਿਯੋਗ ਕਰਨ ਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਜਾਣਕਾਰੀ ਦੇਣ ਤਾਂ ਜੋ ਇਲਾਕੇ 'ਚ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਬਣੀ ਰਹੇ। ਇਸ ਮੌਕੇ ਕਾਂਸਟੇਬਲ ਗੁਰਦੀਪ ਸਿੰਘ ਤੇ ਹੋਰ ਕਰਮਚਾਰੀ ਵੀ ਹਾਜ਼ਰ ਸਨ।

# ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਨਗਰ ਕੌਂਸਲ ਭਦੌੜ ਨੇ ਆਪਣੀ ਮਾਲਕੀ ਜ਼ਮੀਨ ਦਾ ਕਬਜ਼ਾ ਲਿਆ



ਭਦੌੜ, 30 ਅਪ੍ਰੈਲ (ਸੁਖਵਿੰਦਰ ਪਲਾਹਾ) : ਨਗਰ ਕੌਂਸਲ ਭਦੌੜ ਵੱਲੋਂ ਅੱਜ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੇ ਕੇਸਾਂ ਤੋਂ ਬਾਅਦ ਅਤੇ ਲੰਬੇ ਸਮੇਂ ਦੀ ਮਿਹਨਤ ਤੋਂ ਬਾਅਦ ਅੱਜ ਨਗਰ ਕੌਂਸਲ ਭਦੌੜ ਵੱਲੋਂ ਆਪਣੀ ਮਾਲਕੀ ਜਮੀਨ 14 ਕਨਾਲਾ 'ਤੇ ਕਬਜ਼ਾ ਕਰ ਲਿਆ ਹੈ ।ਨਗਰ ਕੌਂਸਲ ਦੇ ਭਦੌੜ ਦੇ ਕਾਰਜ ਸਾਧਕ ਅਫਸਰ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਹ ਬਹੁਤ ਹੀ ਲੰਬੇ ਸਮੇਂ ਤੋਂ ਨਗਰ ਕੌਂਸਲ ਪ੍ਰਧਾਨ ਦਾ 14 ਕਨਾਲਾ ਨੂੰ ਲੈਕੇ ਸੁਖਵਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਨਾਲ ਝਗੜਾ ਚੱਲ ਰਿਹਾ ਸੀ ਅਤੇ ਹਰ ਵਾਰ ਸੁਖਵਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਸੈਸ਼ਨ ਕੋਰਟ ਤੋਂ ਲੈ ਕੇ ਮਾਣਯੋਗ ਹਾਈਕੋਰਟ ਤੱਕ ਹਰ ਕੇਸ ਹਾਰਦਾ ਰਿਹਾ ਹੈ ,ਜਿਸ 'ਤੇ ਮਾਨਯੋਗ ਹਾਈਕੋਰਟ ਵੱਲੋਂ ਨਗਰ ਕੌਂਸਲ ਭਦੌੜ ਦੇ ਹੱਕ ਵਿੱਚ ਇੱਕ ਇਤਿਹਾਸਕ ਫੈਸਲਾ ਦਿੱਤਾ ਗਿਆ ਹੈ ਅਤੇ ਮਾਣਯੋਗ ਹਾਈਕੋਰਟ ਵੱਲੋਂ ਵਾਰੰਟ ਕਬਜਾ ਨਗਰ ਕੌਂਸਲ ਭਦੌੜ ਦੇ ਹੱਕ ਵਿੱਚ ਦੇ ਦਿੱਤਾ ਗਿਆ ।

ਨਾਇਬ ਤਹਿਸੀਲਦਾਰ ਮੈਡਮ ਅਮ੍ਰਿਤਾ ਅੱਗਰਵਾਲ ਨੇ ਕਿਹਾ ਕਿ ਸਾਡੇ ਵੱਲੋਂ ਜੋ ਸਾਨੂੰ ਆਦੇਸ਼ ਦਿੱਤੇ ਗਏ ਸਨ ਅਸੀਂ ਉਹਨਾਂ ਦੀ ਪਾਲਣਾ ਕਰਦੇ ਹੋਏ ਪੁਲਿਸ ਪ੍ਰਸ਼ਾਸਨ ਦੀ ਮੱਦਦ ਨਾਲ ਨਗਰ ਕੌਂਸਲ ਭਦੌੜ ਦੀ ਮਾਲਕੀ ਵਾਲੀ ਜ਼ਮੀਨ 'ਤੇ ਕਬਜ਼ਾ ਕਰਵਾਇਆ ਗਿਆ ਹੈ ।ਅੱਜ ਨਗਰ ਕੌਂਸਲ ਭਦੌੜ ਅਤੇ ਸੁਖਵਿੰਦਰ ਸਿੰਘ ਵਿਚਕਾਰ ਕਿਸਾਨ ਜਥੇਬੰਦੀਆਂ ਦੀ ਹਾਜ਼ਰੀ ਵਿੱਚ ਇਸ ਸਮਝੌਤਾ ਹੋਇਆ ਹੈ ਕਿ ਇਸ ਜਗ੍ਹਾ ਦੇ ਵਿੱਚ ਇੱਕ ਪੀਰ ਖ਼ਵਾਜਾ ਵਲੀ ਦੀ ਜੋ ਮੂਰਤੀ ਲੱਗੀ ਹੋਈ ਹੈ ਉਸ ਨੂੰ ਇੱਕ ਖੂੰਜੇ ਵਿੱਚ ਸਥਾਪਿਤ ਕੀਤਾ ਜਾਵੇਗਾ ਤਾਂ ਜੋ ਸੁਖਵਿੰਦਰ ਸਿੰਘ ਅਤੇ ਹੋਰ ਲੋਕ ਇੱਥੇ ਆ ਕੇ ਆਪਣੀ ਪੂਜਾ ਪ੍ਰਾਰਥਨਾ ਕਰ ਸਕਣ । ਅੱਜ ਥਾਣਾ ਭਦੌੜ ਮੁਖੀ ਹਰਸਿਮਰਨਜੀਤ ਸਿੰਘ ਦੀ ਅਗਵਾਈ ਵਿੱਚ ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਨਗਰ ਕੌਂਸਲ ਭਦੌੜ ਨੇ ਮੁਕੰਮਲ ਤੌਰ 'ਤੇ 14 ਕਨਾਲਾਂ ਜਮੀਨ ਤੇ ਆਪਣਾ ਕਬਜ਼ਾ ਕਰ ਲਿਆ ਹੈ ਅਤੇ ਸ਼ਹਿਰ ਵਾਸੀਆਂ ਨੂੰ ਵੀ ਉਮੀਦ ਹੈ ਕਿ ਨਗਰ ਕੌਂਸਲ ਭਦੌੜ ਦੀ ਇਹ ਬੇਸ਼ਕੀਮਤੀ ਜਗ੍ਹਾ ਤੇ ਕੋਈ ਭਦੌੜ ਵਾਸੀਆਂ ਦੀ ਵਰਤੋਂ ਲਈ ਇਸ ਜਗ੍ਹਾ ਨੂੰ ਵਰਤੋਂ ਚ ਲਿਆਂਦਾ ਜਾਵੇਗਾ ਅਤੇ ਪਿੰਡ ਵਾਸੀਆਂ ਨੇ ਮਾਨਯੋਗ ਹਾਈਕੋਰਟ ਦੇ ਇਸ ਇਤਿਹਾਸਿਕ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਇਤਿਹਾਸ ਫੈਸਲਾ ਭਦੌੜ ਦੇ ਇਤਿਹਾਸ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗਾ ਇਸ ਮੌਕੇ ਹਲਕਾ ਭਦੌੜ ਦੇ ਤਹਿਸੀਲਦਾਰ ਮੈਡਮ ਅਮ੍ਰਿਤਾ ਅੱਗਰਵਾਲ,ਕੰਨਗੋ ਸਾਹਿਬ ਹਲਕੇ ਦੇ ਪਟਵਾਰੀ, ਥਾਣਾ ਮੁਖੀ ਭਦੌੜ ਹਰਸਿਮਰਨਜੀਤ ਸਿੰਘ, ਥਾਣਾ ਮੁਖੀ ਟੱਲੇਵਾਲ ਸਰਬਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੁਲਿਸ ਫੋਰਸ ਮੌਜੂਦ ਸੀ।

# ਅਧਿਆਪਕ ਦਲ ਪੰਜਾਬ ਜ਼ਿਲ੍ਹਾ ਬਰਨਾਲਾ ਇਕਾਈ ਦੀ ਚੋਣ



ਬਰਨਾਲਾ, 30ਅਪ੍ਰੈਲ, (ਸੁਖਵਿੰਦਰ ਸਿੰਘ ਭੰਡਾਰੀ) : ਅਧਿਆਪਕ ਦਲ ਪੰਜਾਬ ਇਕਾਈ ਜ਼ਿਲ੍ਹਾ ਬਰਨਾਲਾ ਦੀ ਚੋਣ ਬਾਜ ਸਿੰਘ ਖਹਿਰਾ ਸੂਬਾ ਪ੍ਰਧਾਨ, ਕਨਵੀਨਰ ਰਵਿੰਦਰਜੀਤ ਸਿੰਘ ਪਨੂੰ, ਸਤਨਾਮ ਸਿੰਘ ਰੰਧਾਵਾ ਦੀ ਨਿਗਰਾਨੀ ਹੇਠ ਸ ਸ ਸ ਸਕੂਲ (ਮੁੰਡੇ) ਬਰਨਾਲਾ ਵਿਖੇ ਹੋਈ ਜਿਸ ਵਿਚ ਅਮਰਜੀਤ ਸਿੰਘ ਰਾਏਪੁਰ ਜ਼ਿਲ੍ਹਾ ਪ੍ਰਧਾਨ ਅਤੇ ਸੁਖਦੇਵ ਸਿੰਘ ਠੀਕਰੀਵਾਲ ਜ਼ਿਲ੍ਹਾ ਜਨਰਲ ਸਕੱਤਰ ਚੁਣੇ ਗਏ। ਇਸ ਚੋਣ ਵਿਚ ਸਟੇਟ ਕਮੇਟੀ ਤੋਂ ਇਲਾਵਾ ਯਸ਼ਪਾਲ ਧਨੌਲਾ, ਮਹਿੰਦਰਪਾਲ ਗਰਗ, ਹਰਜਿੰਦਰ ਸਿੰਘ, ਬਲਦੇਵ ਸਿੰਘ ਧੌਲਾ, ਸੁਖਦੇਵ ਸਿੰਘ, ਰਮੇਸ਼ ਚੰਦ, ਤਜਿੰਦਰ ਜੰਡੂ, ਕੁਲਦੀਪ ਠੀਕਰੀਵਾਲ, ਕੁਲਦੀਪ ਬੀਹਲਾ, ਪ੍ਰਿੰਸੀਪਲ ਹਰੀਸ਼ ਕੁਮਾਰ ਐਮੀਨੈਸ ਬਰਨਾਲਾ, ਸੁਖਵਿੰਦਰ ਸਿੰਘ ਭੰਡਾਰੀ, ਸੁਖਵਿੰਦਰ ਸਿੰਘ ਰੰਗੀਆਂ, ਤਿਲਕ ਰਾਮ, ਭੋਲਾ ਸਿੰਘ ਕਾਲੇਕੇ, ਚੰਦ ਵਰਮਾ, ਪ੍ਰਿੰਸੀਪਲ, ਰਜਿੰਦਰਪਾਲ ਸਿੰਘ, ਹਾਕਮ ਸਿੰਘ ਆਦਿ ਸ਼ਾਮਲ ਸਨ। ਚੋਣ ਉਪਰੰਤ ਜ਼ਿਲ੍ਹਾ ਇਕਾਈ ਵੱਲੋਂ ਮਤਾ ਪਾਸ ਕਰਕੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਅਤੇ ਮਹਿੰਗਾਈ ਭੱਤੇ ਦੀਆਂ ਛੇ ਕਿਸ਼ਤਾਂ ਕੁੱਲ ਮਿਲਾ ਕੇ 18 ਪ੍ਰਤੀਸ਼ਤ ਡੀ ਏ ਨਾ ਦੇਣ ਦੀ ਸਖ਼ਤ ਸ਼ਬਦਾਂ ਚ ਨਿਖੇਧੀ ਕੀਤੀ ਗਈ। ਅਧਿਆਪਕ ਦਲ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੇ ਕਮਿਸ਼ਨ ਦਾ ਬਕਾਇਆ ਦੇਣ, 18 ਪ੍ਰਤੀਸ਼ਤ ਡੀ ਏ ਜਾਰੀ ਕਰਨ, ਪੁਰਾਣੀ ਪੈਨਸ਼ਨ (ਓ ਪੀ ਐਸ) ਬਹਾਲ ਕਰਨ, ਜਨਵਰੀ 2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਗੁਣਾਂਕ ਅਨੁਸਾਰ ਪੈਨਸ਼ਨ ਦੀ ਸੋਧ ਕਰਨ ਅਤੇ ਬੰਦ ਕੀਤੇ ਭੱਤੇ ਬਹਾਲ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।



# ਪਟਿਆਲਾ-ਆਸ/ਪਾਸ



## ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਕੂੜਾ ਸਾੜਨ ਤੋਂ ਰੋਕਣ ਤੇ ਹਵਾ ਗੁਣਵੱਤਾ ਦੇ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ ਜਾਗਰੂਕ ਕੀਤਾ

ਪਟਿਆਲਾ, 30 ਅਪ੍ਰੈਲ (ਰੁਪਾਣਾ/ਦੀਪਕ ਜੈਦਕਾ): ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਕਰਦਿਆਂ , ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਰਾਜ ਦੀਆਂ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,000 ਤੋਂ ਵੱਧ ਕੂੜਾ ਅਤੇ ਬਾਗਬਾਨੀ ਕਰਮਚਾਰੀਆਂ ਨੂੰ ਸਿਖਲਾਈ ਦੇ ਕੇ ਇੱਕ ਵਿਸ਼ਾਲ ਰਾਜ ਵਿਆਪੀ ਜਾਗਰੂਕਤਾ ਮੁਹਿੰਮ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ। ਇਹ ਹਵਾ ਦੀ ਗੁਣਵੱਤਾ ਅਤੇ ਵਾਤਾਵਰਣ ਪ੍ਰਬੰਧਨ ਵਿੱਚ ਸੁਧਾਰ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਸਿਖਲਾਈ ਦੀ ਸ਼ੁਰੂਆਤ ਨਵੰਬਰ 2025 ਵਿੱਚ ਪਟਿਆਲਾ ਵਿਖੇ 'ਮਿਸ਼ਨ ਕਲੀਨ ਏਅਰ ਪਟਿਆਲਾ' ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਸੀ, ਜਿਸਦਾ ਉਦਘਾਟਨ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ, ਮੈਂਬਰ ਸਕੱਤਰ ਲਵਨੀਤ ਦੂਬੇ ਅਤੇ ਪਟਿਆਲਾ ਦੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਕੀਤਾ ਸੀ। ਉਦੋਂ ਤੋਂ, 216 ਬੈਚਾਂ ਵਿੱਚ, ਪੰਜਾਬ ਦੇ ਸਾਰੀਆਂ 166 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,023 ਕੂੜਾ ਅਤੇ ਬਾਗਬਾਨੀ ਕਰਮਚਾਰੀਆਂ (ਨਿਯਮਤ ਅਤੇ ਗੈਰ-ਰਸਮੀ ਦੋਵੇਂ) ਨੂੰ ਜਾਗਰੂਕ ਕੀਤਾ ਗਿਆ।



ਇਹ ਪ੍ਰੋਗਰਾਮ ਵਿਗਿਆਨਕ ਕੂੜਾ ਪ੍ਰਬੰਧਨ, ਸਰੋਤ ਤੋਂ ਵੱਖਰਾ ਕਰਨਾ, ਕੂੜਾ ਸਾੜਨ ਤੋਂ ਰੋਕਣ ਅਤੇ ਕੁਸ਼ਲ ਨਿਪਟਾਰੇ ਦੇ ਤਰੀਕਿਆਂ 'ਤੇ ਕੇਂਦਰਿਤ ਸੀ। ਖੁੱਲ੍ਹੇ ਵਿੱਚ ਕੂੜਾ ਸਾੜਨ ਦੇ ਵਿਰੁੱਧ ਵਾਤਾਵਰਣ ਅਤੇ ਕਾਨੂੰਨੀ ਜਾਗਰੂਕਤਾ ਪ੍ਰਦਾਨਕਰਨ ਦੇ ਨਾਲ-ਨਾਲ, ਇਹ ਸਿਖਲਾਈ (ਸੈਂਟਰ ਫਾਰ ਸਟੱਡੀ ਆਫ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ ਦੁਆਰਾ ਤਿਆਰ ਕੀਤੀ ਗਈ) ਵਾਤਾਵਰਣ ਦੀ ਸੰਭਾਲਦੇ ਸੱਭਿਆਚਾਰਕ ਅਤੇ ਨੈਤਿਕ ਮਹੱਤਵ 'ਤੇ ਜ਼ੋਰ ਦੇਣ ਲਈ ਧਾਰਮਿਕ ਗ੍ਰੰਥਾਂ ਦੇ ਹਵਾਲਿਆਂ ਨੂੰ ਵਿਲੱਖਣ ਰੂਪ ਵਿੱਚ ਸ਼ਾਮਲ ਕੀਤਾ ਗਿਆ ਹੈ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਪੰਜਾਬ ਵਿੱਚ ਹਵਾ ਦੀ ਗੁਣਵੱਤਾ ਦੇ ਕਈ ਅਧਿਐਨਾਂ ਨੇ ਨਗਰ ਨਿਗਮ ਦੇ ਠੋਸ ਕੂੜੇ ਨੂੰ ਖੁੱਲ੍ਹੇ ਵਿੱਚ ਸਾੜਨ ਨੂੰ ਹਵਾ ਪ੍ਰਦੂਸ਼ਣ ਦਾ ਇੱਕ ਵੱਡਾ ਕਾਰਨ ਮੰਨਿਆ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਰੋਕਣ ਲਈ ਸਜ਼ਾ ਯੋਗ ਕਾਰਵਾਈਆਂ ਦੀ ਬਜਾਏ ਉਨ੍ਹਾਂ ਨੂੰ ਸ਼ਕਤੀ ਪ੍ਰਦਾਨ ਕਰਕੇ, ਬੋਰਡ ਨੇ ਸਾਫ਼ ਹਵਾ ਅਤੇ ਸਿਹਤਮੰਦ ਵਾਤਾਵਰਣ ਵਿੱਚ ਆਪਣੇ ਫਰੰਟਲਾਈਨ ਕਰਮਚਾਰੀਆਂ ਦੀ ਸਰਗਰਮ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਹੈ। ਰੀਨਾ ਗੁਪਤਾ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਾ ਸਾੜਨ ਅਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਤੋਂ ਰੋਕਣ। ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਨੂੰ 25,000 ਰੁਪਏ ਤੱਕ ਦੇ ਚਲਾਨ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੂੜਾ ਸਾੜਨ ਵਾਲਿਆਂ ਦੀ ਸਥਾਨਕ ਅਧਿਕਾਰੀਆਂ ਜਾਂ ਬੋਰਡ ਨੂੰ ਇਸ ਦੀ ਰਿਪੋਰਟ ਕਰਨੀ ਚਾਹੀਦੀ ਹੈ।

## ਗੁਰਦੁਆਰਾ ਨਥਾਣਾ ਸਾਹਿਬ ਵਿਖੇ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਗੁਰੂ ਘਰ ਹੋਈਆਂ ਨਤਮਸਤਕ

### ➢ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰਮਤਿ ਸਮਾਗਮ

ਘਨੌਰ, 30 ਅਪ੍ਰੈਲ (ਮਦਨ ਲਾਲ/ਰਾਜਿੰਦਰ ਕੰਬੋਜ) : ਨਿਮਰਤਾ ਦੇ ਪੁੰਜ ਧੰਨ -ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਮਨਾਇਆ ਗਿਆ ਅਤੇ ਗੁਰੂ ਅਮਰਦਾਸ ਜੀ ਦੀ ਚਰਨਛੋਹ ਧਰਤੀ ਇਤਿਹਾਸਕ ਅਸਥਾਨ ਗੁਰਦੁਆਰਾ ਨਥਾਣਾ ਸਾਹਿਬ ਵਿਖੇ ਪ੍ਰਕਾਸ਼ ਪੁਰਬ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਮੱਥਾ ਟੇਕ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਅਤੇ ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਜਿੱਥੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ, ਉੱਥੇ ਹੀ ਕਥਾਵਾਚਕ ਗਿਆਨੀ ਮਾਨ ਸਿੰਘ ਨੇ ਕਥਾ ਪ੍ਰਵਾਹ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਨਥਾਣਾ ਸਾਹਿਬ ਵਿਖੇ ਕਰਵਾਏ ਗੁਰਮਤਿ ਸਮਾਗਮ ਦੌਰਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਸਾਬਕਾ ਵਿਧਾਇਕ ਹਰਪ੍ਰੀਤ ਕੌਰ ਮੁਖਮੈਲਪੁਰ, ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ, ਸਾਬਕਾ ਚੇਅਰਮੈਨ ਤੇਜਿੰਦਰਪਾਲ ਸਿੰਘ ਸਿੱਧੂ ਸਮੇਤ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲੇ, ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਲਗਵਾਈ। ਇਸ ਮੌਕੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਅੰਤ੍ਰਿਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਜਥੇਦਾਰ ਜਸਮੇਰ ਸਿੰਘ ਲਾਲੜੂ ਦੀ ਅਗਵਾਈ ਵਿਚ ਉਲੀਕੇ ਗਏ ਧਾਰਮਿਕ ਸਮਾਗਮ ਦੌਰਾਨ ਢਾਡੀ ਕਵੀਸ਼ਰੀ ਜਥਿਆਂ ਨੂੰ ਇਲਾਵਾ ਕਥਾ ਪ੍ਰਵਾਹ ਚਲਾਇਆ ਗਿਆ, ਜਿਨ੍ਹਾਂ ਵਿਚ ਭਾਈ ਮਨਵਿੰਦਰ ਸਿੰਘ ਮਿੰਟੂ ਢਾਡੀ, ਭਾਈ ਸੁਖਜਿੰਦਰ ਸਿੰਘ ਚੰਗਿਆੜਾ, ਗਿਆਨੀ ਹਰਪ੍ਰੀਤ ਸਿੰਘ ਰਾਗੀ ਜਥੇ ਆਦਿ ਨੇ ਵੀ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਇਸ ਦੌਰਾਨ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਜਥੇਦਾਰ ਜਸਮੇਰ ਸਿੰਘ ਲਾਲੜੂ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ, ਉੱਥੇ ਸੰਗਤਾਂ ਦਾ ਧੰਨਵਾਦ ਵੀ ਕੀਤਾ, ਜਿਨ੍ਹਾਂ ਦੇ ਵਡਮੁੱਲੇ ਸਹਿਯੋਗ ਸਦਕਾ ਗੁਰੂ ਘਰ ਵਿਚ ਉਲੀਕੇ ਪ੍ਰੋਗਰਾਮ ਨੇਪਰੇ ਚੜ੍ਹ ਸਕੇ ਹਨ। ਇਸ ਮੌਕੇ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਕਿਹਾ ਕਿ ਗੁਰਦੁਆਰਾ ਨਥਾਣਾ ਸਾਹਿਬ ਗੁਰੂ ਅਮਰਦਾਸ ਜੀ ਦੀ ਚਰਨਛੋਹ ਧਰਤੀ ਹੈ, ਜਿੱਥੇ ਗੁਰੂ ਸਾਹਿਬ ਧਰਮ ਦੇ ਪ੍ਰਚਾਰ ਦੌਰਾਨ ਇਸ ਮਹਾਨ ਧਰਤੀ 'ਤੇ 22 ਵਾਰ ਦੇ ਕਰੀਬ ਪੁੱਜੇ ਅਤੇ ਸੰਗਤਾਂ ਨੂੰ ਪ੍ਰਮਾਤਮਾ ਨਾਲ ਜੋੜਨ ਦਾ ਮਹਾਨ ਕਾਰਜ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਗੁਰੂ ਘਰ ਦੀਆਂ ਖ਼ੁਸ਼ੀਆਂ ਲੈ ਰਹੀਆਂ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਸ਼ਬਦ ਗੁਰੂ ਨਾਲ ਜੁੜਨਾ ਕਰੀਏ ਅਤੇ ਗੁਰਬਾਣੀ ਦੇ ਫਲਸਫੇ ਅਨੁਸਾਰ ਗੁਰੂ ਆਸ਼ੇ ਦੇ ਧਾਰਨੀ ਬਣੀਏ ਤਾਂ ਹੀ ਜੀਵਨ ਸਫਲਾ ਹੋ ਸਕਦਾ। ਇਸ ਮੌਕੇ ਭਾਰਤੀ ਘੱਟ ਗਿਣਤੀ ਦਲਿਤ ਫ਼ਰੰਟ ਦੇ ਪ੍ਰਧਾਨ ਜੋਗਿੰਦਰ ਸਿੰਘ ਪੰਛੀ, ਜਥੇਦਾਰ ਲਾਲ ਸਿੰਘ ਮਰਦਾਂਪੁਰ, ਮੀਤ ਮੈਨੇਜਰ ਨਵਜਿੰਦਰ ਸਿੰਘ, ਪ੍ਰਬੰਧਕ ਰਣਸ਼ਰਨ ਸਿੰਘ ਮੁਲਤਾਨੀ, ਭਾਈ ਪਰਵਿੰਦਰ ਸਿੰਘ ਰਿਉਂਦ, ਅਵਤਾਰ ਸਿੰਘ ਬੱਲੋਪੁਰ, ਪਰਵਿੰਦਰ ਸਿੰਘ ਬਰਾੜਾਂ ਨੇ ਸਟੇਜ ਦਾ ਸੰਚਾਲਨ ਕੀਤਾ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਬਖਸ਼ਿਸ਼ ਕੀਤੀ।



## ਲੜਕੇ ਨੂੰ ਗ਼ੈਰ-ਕਾਨੂੰਨੀ ਤੌਰ 'ਤੇ ਹਿਰਾਸਤ 'ਚ ਰੱਖਣ ਦਾ ਸ਼ੱਕ

ਪਟਿਆਲਾ, 30 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਮੁਕੇਸ਼ ਰਾਮ ਪੁੱਤਰ ਮਹਿੰਦਰ ਰਾਮ ਵਾਸੀ ਪਿੰਡ ਹਰਦੀ ਅੰਚਲ ਜ਼ਿਲ੍ਹਾ ਸੂਪੋਲ ਬਿਹਾਰ ਹਾਲ ਕਿਰਾਏਦਾਰ ਮਕਾਨ ਨੰ. 17 ਗਲੀ ਨੰ. 4 ਨਾਨਕਸਰ ਕੁਟੀਆ ਮੜ੍ਹੀਆ ਰੋਡ ਤ੍ਰਿਪੜੀ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਉਸ ਦਾ ਲੜਕਾ ਸੂਰਜ ਕੁਮਾਰ ਉਮਰ ਕਰੀਬ 17 ਸਾਲ 8 ਮਹੀਨੇ, ਜੋ ਕਿ ਇਹ ਕਹਿ ਕੇ ਘਰੋਂ ਚਲਾ ਗਿਆ ਕਿ ਉਹ ਆਪਣੇ ਦੋਸਤ ਲੱਡੂ ਵਾਸੀ ਨੇੜੇ ਕਸ਼ਮੀਰੀ ਗੁਰਦੁਆਰਾ ਤ੍ਰਿਪੜੀ ਦੇ ਘਰ ਜਾ ਰਿਹਾ ਹੈ, ਪਰ ਸ਼ਾਮ ਤੱਕ ਸੂਰਜ ਕੁਮਾਰ ਘਰ ਵਾਪਿਸ ਨਹੀਂ ਆਇਆ ਅਤੇ ਕਾਫੀ ਭਾਲ ਕਰਨ ਪਰ ਵੀ ਨਹੀ ਮਿਲਿਆ। ਉਸ ਨੂੰ ਸ਼ੱਕ ਹੈ ਕਿ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸਦੇ ਲੜਕੇ ਨੂੰ ਗੈਰ-ਕਾਨੂੰਨੀ ਤੌਰ 'ਤੇ ਆਪਣੀ ਹਿਰਾਸਤ ਵਿੱਚ ਛੁਪਾ ਕੇ ਰੱਖ ਲਿਆ ਹੈ। ਪੁਲਿਸ ਨੇ ਧਾਰਾ 127(6) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਡਾ. ਨਰੇਸ਼ ਗਰਗ ਬੱਚਿਆਂ ਨਾਲ ਹੋਏ ਰੂਬਰੂ

ਪਟਿਆਲਾ, 30 ਅਪ੍ਰੈਲ (ਚ.ਨ.ਸ) : ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪਟਿਆਲਾ ਵਿਖੇ ਡਾ. ਨਰੇਸ਼ ਗਰਗ ਜੀ ਐਮਡੀ ਗਰਗ ਮਿਸ਼ਨ ਹਸਪਤਾਲ ਸਕੂਲ ਦੇ ਵਿਦਿਆਰਥੀਆਂ ਨਾਲ ਰੂਬਰੂ ਹੋਏ। ਸਭ ਤੋਂ ਪਹਿਲਾਂ ਸਕੂਲ ਦੇ ਚੇਅਰਮੈਨ ਅਤੁਲ ਮਲਹੋਤਰਾ ਜੀ ਸੈਕਟਰੀ ਸ. ਚਿਰਨਜੀਵ ਸਿੰਘ ਵਿਰਮਾਨੀ ਸਕੂਲ ਦੇ ਪ੍ਰਿੰਸੀਪਲ ਹਰਮਿੰਦਰ ਕੌਰ ਅਤੇ ਰਾਕੇਸ਼ ਠਾਕੁਰ ਰਾਸ਼ਟਰੀ ਜਯੋਤੀ ਕਲਾ ਮੰਚ ਨੇ ਬੁੱਕੇ ਦੇ ਕੇ ਉਹਨਾਂ ਦਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀਆਂ ਵਿਦਿਆਰਥਣਾਂ ਨੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰ ਕੇ ਕੀਤੀ।ਇਸ ਤੋਂ ਬਾਅਦ ਡਾ. ਨਰੇਸ਼ ਗਰਗ ਨੇ ਬੱਚਿਆਂ ਨਾਲ ਆਪਣੇ ਮੌਲਿਕ ਵਿਚਾਰ ਸਾਂਝੇ ਕੀਤੇ। ਉਹਨਾਂ ਬੱਚਿਆਂ ਨੂੰ ਉਦਾਹਰਣਾਂ ਦੇ ਕੇ ਦੱਸਿਆ ਕਿ ਉਹ ਕਿਸ ਤਰ੍ਹਾਂ ਚੰਗੇ ਨਾਗਰਿਕ ਬਣ ਸਕਦੇ ਹਨ। ਉਹਨਾਂ ਨੇ ਆਪਣੀਆਂ ਵਿਦੇਸ਼ੀ ਯਾਤਰਾਵਾਂ ਬਾਰੇ ਚਰਚਾ ਕਰਦੇ ਹੋਏ ਉੱਥੋਂ ਦੇ ਚੰਗੇ ਕਲਚਰ ਬਾਰੇ ਦੱਸਿਆ ਕਿ ਕਿਵੇਂ ਉਹ ਲੋਕ ਦੂਸਰਿਆਂ ਦੀ ਮੱਦਦ ਲਈ ਤਿਆਰ ਰਹਿੰਦੇ ਹਨ। ਉਹਨਾਂ ਬੱਚਿਆਂ ਨੂੰ ਦੱਸਿਆ ਕਿ ਤੁਸੀਂ ਕਿਸ ਤਰ੍ਹਾਂ ਇੱਕ ਚੰਗੇ ਸਮਾਜ ਦੀ ਸਿਰਜਣਾ ਕਰ ਸਕਦੇ ਹੋ। ਪ੍ਰੋਗਰਾਮ ਦੇ ਅਖੀਰ ਵਿਚ ਸਕੂਲ ਦੇ ਪ੍ਰਿੰਸੀਪਲ ਹਰਮਿੰਦਰ ਕੌਰ ਨੇ ਆਪਣੇ ਸ਼ਬਦਾਂ ਨਾਲ ਡਾ. ਨਰੇਸ਼ ਗਰਗ ਦਾ ਧੰਨਵਾਦ ਕੀਤਾ।



## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਘਨੌਰ, 30 ਅਪ੍ਰੈਲ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਸਿਮਰਨਜੀਤ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਗੁਰੂ ਨਾਨਕ ਮੁਹੱਲਾ ਰਾਜਪੁਰਾ ਨੇ ਚਾਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਭੋਗਲਾ ਰੋਡ 'ਤੇ ਦੋ ਮੋਟਰਸਾਇਕਲ 'ਤੇ ਸਵਾਰ ਚਾਰ ਵਿਅਕਤੀਆਂ ਨੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 118,115(2), 126(2), 351(2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕੂਲਰ ਦੇ ਪਾਣੀ ਨੂੰ ਹਫ਼ਤੇ 'ਚ ਇੱਕ ਵਾਰ ਜ਼ਰੂਰ ਸੁਕਾਇਆ ਜਾਵੇ : ਡਾ.ਸ਼ੈਲੀ ਜੇਤਲੀ

ਪਟਿਆਲਾ, 30 ਅਪ੍ਰੈਲ (ਰੁਪਾਣਾ) : ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ ਤੌਰ 'ਤੇ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ ਚਲਾਇਆ ਗਿਆ ਜਿਸ ਦੀ ਅਗਵਾਈ ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਨੇ ਕੀਤੀ। ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ/ਕਾਲਜ਼ਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰ ਦੇ ਸਹਿਯੋਗ ਨਾਲ ਡੇਂਗੂ ਲਾਰਵੇ ਦੀ ਜਾਂਚ ਲਈ ਲਾਰਵੇ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਲਈ ਜਿਲ੍ਹੇ ਭਰ ਵਿੱਚ ਸਪੈਸ਼ਲ ਕੰਪੇਨ ਚਲਾਈ ਗਈ , ਜਿਸ ਤਹਿਤ ਪਟਿਆਲਾ ਸ਼ਹਿਰ ਵਿੱਚ ਸਫਾਬਾਦੀ ਗੇਟ, ਗੁਰਬਕਸ਼ ਕਲੋਨੀ,ਦਰਸ਼ਨ ਸਿੰਘ ਨਗਰ, ਪ੍ਰਤਾਪ ਨਗਰ ਆਦਿ ਵਿੱਚ ਜਾ ਕੇ ਚੈਕਿੰਗ ਕੀਤੀ ਗਈ । ਇਸ ਮੌਕੇ ਘਰ-ਘਰ ਜਾ ਕੇ ਆਮ ਜਨਤਾ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਮੁਹਈਆ ਕਰਵਾਈ ਗਈ ਅਤੇ ਪਾਣੀ ਦੇ ਖੜੇ ਸਰੋਤਾਂ ਦੀ ਚੈਕਿੰਗ ਕੀਤੀ ਗਈ। ਜਿਨ੍ਹਾਂ ਘਰਾਂ ਅਤੇ ਥਾਵਾਂ ਵਿੱਚ ਡੇਂਗੂ ਦਾ ਲਾਰਵਾ ਮਿਲਿਆ, ਉਸ ਨੂੰ ਮੌਕੇ ਤੇ ਹੀ ਨਸ਼ਟ ਕੀਤਾ ਗਿਆ। ਲੋਕਾਂ ਨੂੰ ਦੱਸਿਆ ਗਿਆ ਕਿ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮਾਂ ਨਾ ਹੋਣ ਦਿੱਤਾ ਜਾਵੇ, ਆਲੇ ਦੁਆਲੇ ਦੀ ਸਾਫ-ਸਫਾਈ ਵੱਲ ਖਾਸ ਧਿਆਨ ਦਿੱਤਾ ਜਾਵੇ ਅਤੇ ਕੂਲਰਾਂ ਦੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸੁਕਾਇਆ ਜਾਵੇ। ਇਸ ਅਭਿਆਨ ਵਿੱਚ ਟੀਮਾਂ ਦਾ ਨਿਰੀਖਣ ਸਿਵਲ ਸਰਜਨ ਸਮੇਤ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਪਣੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ ਅਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ,ਪਾਣੀ ਦੀ ਨਿਕਾਸੀ ਕੀਤੀ ਜਾਵੇ। ਜ਼ਿਲ੍ਹਾ ਐਪੀਡੇਮਿਲੋਜਿਸਟ ਡਾ.ਸੁਮੀਤ ਸਿੰਘ ਨੇ ਦੱਸਿਆ ਕਿ ਡੇਂਗੂ ਵਿਰੋਧੀ ਚਲਾਏ ਡਰਾਈ ਡੇਅ ਅਭਿਆਨ ਅਧੀਨ ਸਟਾਫ ਦੀਆਂ ਟੀਮਾਂ ਨਾਲ ਨਰਸਿੰਗ ਵਿਦਿਆਰਥੀਆਂ ਵੱਲੋਂ ਜ਼ਿਲ੍ਹੇ ਭਰ ਦੇ 19919 ਘਰਾਂ ਵਿਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 41 ਥਾਵਾਂ 'ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ 'ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਖੁਸ਼ਕ ਦਿਵਸ ਮੁਹਿਮ ਤਹਿਤ 53038 ਤੋਂ ਵੱਧ ਘਰਾਂ ਦਾ ਸਰਵੇ ਕੀਤਾ ਜਾ ਚੁੱਕਾ ਹੈ, ਜਿਹਨਾਂ ਵਿੱਚ 75 ਥਾਂਵਾ 'ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ 'ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਹੈ ਅਤੇ ਸਬੰਧਿਤ ਪਰਿਵਾਰਾਂ ਨੂੰ ਅਗਾਂਹ ਲਈ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਬੁਖਾਰ ਹੋਣ ਦੀ ਸੂਰਤ ਵਿੱਚ ਪੈਰਾਸੀਟਾਮੋਲ ਦੀ ਗੋਲੀ ਹੀ ਲਈ ਜਾਵੇ, ਹੋਰ ਦਵਾਈ ਡਾਕਟਰੀ ਸਲਾਹ ਨਾਲ ਹੀ ਲਈ ਜਾਵੇ। ਲੋਕਾਂ ਨੂੰ ਰਿਪੈਲੈਂਟ ਵਰਤਣ ਦੀ ਸਲਾਹ ਦਿੱਤੀ ਜਾਂਦੀ ਹੈ। ਉਹਨਾਂ ਕਿਹਾ ਕਿ ਇਹ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।



## ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਵਿਖੇ 51 ਥੈਲੇ ਫੀਡ ਤੇ ਚਾਰ ਟਰਾਲੀ ਤੂੜੀ ਦਾਨ



ਘਨੌਰ, 30 ਅਪ੍ਰੈਲ (ਮਦਨ ਲਾਲ) : ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਵਿੱਚ ਤਕਰੀਬਨ 600 ਤੋਂ ਵੱਧ ਗਊਆਂ ਹਨ, ਜਿਨਾਂ ਦੀ ਦੇਖਰੇਖ ਅਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਾਂਦੀ ਹੈ। ਇਸ ਦੌਰਾਨ ਤੂੜੀ ਦਾ ਸੀਜ਼ਨ ਚੱਲ ਰਿਹਾ ਹੈ ਇਸ ਮੌਕੇ ਇੰਸਪੈਕਟਰ ਪ੍ਰੇਮ ਸਿੰਘ ਭੰਗੂ ਨੇ ਚਾਰ ਟਰਾਲੀਆਂ ਤੂੜੀ ਅਤੇ 51 ਥੈਲੇ ਫੀਡ ਦੇ ਦਾਨ ਕਰਨ ਮੌਕੇ ਕਿਹਾ ਕਿ ਬੇਜੁਬਾਨਾਂ ਦੀ ਸੇਵਾ ਕਰਨਾ ਬਹੁਤ ਵੱਡਾ ਪੁੰਨ ਦਾ ਕੰਮ ਮੰਨਿਆ ਗਿਆ ਹੈ। ਇਸ ਦੌਰਾਨ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਦੇ ਪ੍ਰਧਾਨ ਗੁਲਸ਼ਨ ਕੁਮਾਰ ਨੇ ਆਏ ਹੋਏ ਮਹਿਮਾਨਾਂ ਸਨਮਾਨ ਕੀਤਾ ਅਤੇ ਗਊਸ਼ਾਲਾ 51 ਥੈਲੇ ਫੀਡ ਅਤੇ ਚਾਰ ਟਰਾਲੀਆ ਤੂੜੀ ਦੀ ਦਾਨ ਕਰਨ 'ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਲਾਕਾ ਵਾਸੀਆਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਵਿੱਚ ਵੱਧ ਤੋਂ ਵੱਧ ਦਾਨ ਕਰਕੇ ਗਊਮਾਤਾ ਦਾ ਅਸ਼ੀਰਵਾਦ ਪ੍ਰਾਪਤ ਕਰੋ। ਇਸ ਮੌਕੇ ਦਲਜੀਤ ਕੌਰ ਭੰਗੂ ਸਾਬਕਾ ਸਰਪੰਚ ਸਲੇਮਪੁਰ ਸੇਖਾਂ, ਮੋਹਨ ਸਿੰਘ, ਹਰਮਨਜੋਤ ਸਿੰਘ ਭੰਗੂ ਅਤੇ ਗੁਰਪ੍ਰੀਤ ਸਿੰਘ ਗੁਰੀ ਨੇ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਵਿਖੇ ਸੇਵਾ ਬਾਖੂਬੀ ਨਿਭਾਈ।

## ਅਗਰਵਾਲ ਧਰਮਸ਼ਾਲਾ ਕਮੇਟੀ ਚੋਣਾਂ 'ਚ ਜੇਤੂ ਨਵੇਂ ਬਣੇ ਮੈਂਬਰ ਪ੍ਰਵੇਸ਼ ਗਰਗ ਨੇ ਸਹੁੰ ਚੁੱਕੀ

ਸਮਾਣਾ, 30 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ): ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਜ਼ੋਨ ਏ ਤੋਂ ਸ੍ਰੀ ਪ੍ਰਵੇਸ਼ ਗਰਗ ਸਰਬਸੰਮਤੀ ਨਾਲ ਮੈਂਬਰ ਚੁਣੇ ਗਏ। ਜਿਸ ਦੇ ਚਲਦਿਆਂ ਚੋਣ ਕਮੇਟੀ ਵੱਲੋਂ ਇੱਕ ਸ਼ਾਨਦਾਰ ਤਾਜਪੋਸ਼ੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਪ੍ਰਵੇਸ਼ ਗਰਗ ਨੇ ਆਪਣੀ ਨਵੀਂ ਜ਼ਿੰਮੇਵਾਰੀ ਸੰਭਾਲਦੇ ਹੋਏ ਸਹੁੰ ਚੁੱਕੀ। ਇਸ ਮੌਕੇ ਚੋਣ ਕਮੇਟੀ ਚੇਅਰਮੈਨ ਰਾਮ ਬਾਂਸਲ, ਵਾਇਸ ਚੇਅਰਮੈਨ ਵਿਜੇ ਮਿੱਤਲ, ਨਵੇਂ ਪ੍ਰਧਾਨ ਦਰਸ਼ਨ ਮਿੱਤਲ, ਬੀਕੇ ਗੁਪਤਾ ਅਤੇ ਵਿਨੋਦ ਸਿੰਗਲਾ ਆਦਿ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



## ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਤੀਰਥ ਯਾਤਰਾ ਯੋਜਨਾ ਨੂੰ ਲੋਕਾਂ ਦਾ ਭਰਪੂਰ ਹੁੰਗਾਰਾ : ਹਰਪ੍ਰੀਤ ਘੁੰਮਣ, ਗੁਰਪ੍ਰੀਤ ਸਿੰਘ

ਦੇਵੀਗੜ੍ਹ, 30 ਅਪ੍ਰੈਲ (ਗੁਰਜੀਤ ਸਿੰਘ ਢੋਟ) : ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ਰਧਾਲੂਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ ਅਤੇ ਇਸ ਦਾ ਹਾਂ ਪੱਖੀ ਹੁੰਗਾਰਾ ਮਿਲ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਲਾਕ ਸੰਮਤੀ ਸਨੌਰ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ ਅਤੇ ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਤੀਰਥ ਯਾਤਰੀਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਦੌਰਾਨ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਕੀਤਾ ਗਿਆ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ, ਜਿਸ ਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ ਘੁੰਮਣ ਵਾਈਸ ਚੇਅਰਮੈਨ ਬਲਾਕ ਸੰਮਤੀ ਸਨੌਰ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ, ਨਸੀਬ ਸਿੰਘ, ਬਲਕਾਰ ਸਿੰਘ, ਅਵਤਾਰ ਸਿੰਘ, ਲਾਭ ਸਿੰਘ, ਕੁਲਵੰਤ ਸਿੰਘ ਲੱਖਾ, ਮਲਕੀਤ ਸਿੰਘ ਅਤੇ ਕੁਲਵੰਤ ਕੌਰ ਆਦਿ ਹਾਜ਼ਰ ਸਨ।



## ਕ੍ਰਿਸ਼ੀ ਵਿਗਿਆਨ ਕੇਂਦਰ ਨੇ ਫੁੱਲਕਾਰੀ ਕਢਾਈ ਦੀ ਬਹੁਭਾਂਤੀ ਵਰਤੋਂ ਤੇ ਸਾਬਣ-ਸਰਫ ਬਣਾਉਣ ਬਾਰੇ ਕਿੱਤਾ-ਮੁਖੀ ਸਿਖ਼ਲਾਈ ਕੋਰਸ ਕਰਵਾਇਆ

ਪਟਿਆਲਾ, 30 ਅਪ੍ਰੈਲ (ਚ.ਨ.ਸ) : ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਮਿਤੀ 22 ਤੋਂ 28.04.2026 ਤੱਕ ਫੁੱਲਕਾਰੀ ਕਢਾਈ ਦੀ ਬਹੁਭਾਂਤੀ ਵਰਤੋਂ ਅਤੇ ਸਾਬਣ-ਸਰਫ ਬਣਾਉਣ ਬਾਰੇ ਪੰਜ ਰੋਜ਼ਾ ਸਿਖਲਾਈ ਕੋਰਸ ਦਾ ਆਯੋਜਨ ਕੀਤਾ ਗਿਆ। ਇਸ ਕੋਰਸ ਵਿਚ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਪਿੰਡਾਂ ਤੋਂ 48 ਪੇਂਡੂ ਔਰਤਾਂ, ਲੜਕੀਆਂ ਅਤੇ ਨੌਜੁਆਨਾਂ ਨੇ ਭਾਗ ਲਿਆ। ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਕੱਪੜਿਆਂ ਦੀ ਸਾਜ-ਸਜਾਵਟ ਲਈ ਫੁਲਕਾਰੀ ਕਢਾਈ ਕੱਢਣ ਦੇ ਗੁਰ ਦੱਸੇ ਅਤੇ ਵੱਖ-ਵੱਖ ਸਜਾਵਟੀ ਸਮਾਨ ਜਿਵੇਂ ਕਿ ਦੁਪੱਟੇ, ਪੋਟਲੀ ਪਰਸ, ਬਟੂਆ ਅਤੇ ਸੀਨਰੀਆਂ ਬਣਾਉਣ ਦੀ ਤਕਨੀਕੀ ਜਾਣਕਾਰੀ ਦਿੱਤੀ। ਘਰ ਵਿਚ ਸਾਬਣ ਅਤੇ ਸਰਫ ਬਣਾਉਣ ਬਾਰੇ ਵੀ ਸਿਖਿਆਰਥਣਾਂ ਨੇ ਬਹੁਤ ਉਤਸ਼ਾਹ ਨਾਲ ਸਿੱਖਿਆ। ਸਿਖਲਾਈ ਦੌਰਾਨ ਸਫਲ ਸਿਖਿਆਰਥਣਾਂ ਸ੍ਰੀਮਤੀ ਸੁਮਨ ਕੌਸ਼ਿਕ (ਹਾਰਵੇ ਸੈਲਫ-ਹੈਲਪ ਗਰੁੱਪ) ਅਤੇ ਸ੍ਰੀਮਤੀ ਭਿੰਦਰ ਕੌਰ (ਏਕਤਾ ਸੈਲਫ ਹੈਲਪ ਗਰੁੱਪ) ਨੇ ਨੇ ਸਵੈ-ਸਮੂਹਾਂ ਦੇ ਸ਼ਕਤੀਕਰਣ ਬਾਰੇ ਪ੍ਰੇਰਿਤ ਭਾਸ਼ਣ ਦਿੱਤਾ ਅਤੇ ਆਰਥਿਕ ਆਤਮ-ਨਿਰਭਰਤਾ ਬਾਰੇ ਆਪਣੇ ਤਜ਼ਰਬੇ ਸਾਂਝੇ ਕੀਤੇ। ਡਾ. ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ) ਨੇ ਔਰਤਾਂ ਨੂੰ ਘਰੇਲੂ ਬਗੀਚੀ ਅਤੇ ਫ਼ਲਦਾਰ ਬੂਟਿਆਂ ਦੀ ਕਾਸ਼ਤ ਬਾਰੇ ਦੱਸਿਆ । ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ) ਨੇ ਘਰ ਵਿੱਚ ਫ਼ਲਾਂ ਸਬਜ਼ੀਆਂ ਦੀ ਸਾਭ-ਸੰਭਾਲ ਬਾਰੇ ਜਾਣਕਾਰੀ ਦਿੱਤੀ। ਸਿਖਲਾਈ ਦੇ ਅਖੀਰਲੇ ਦਿਨ ਡਾ. ਹਰਦੀਪ ਸਿੰਘ ਸਭਿਖੀ, ਡਿਪਟੀ ਡਾਇਰੈਕਟਰ (ਸਿਖਲਾਈ)ਨੇ ਕਿਸਾਨ ਬੀਬੀਆਂ ਨੂੰ ਆਪਣਾ ਹੁਨਰ ਪਛਾਣ ਕੇ ਪੰਜਾਬ ਦੀ ਦਸਤਕਾਰੀ ਜਿਵੇਂ ਕਿ ਫੁਲਕਾਰੀ, ਕਰੋਸ਼ੀਆ, ਹੱਥ ਦੀ ਬੁਣਾਈ ਆਦਿ ਕੰਮਾਂ ਨੂੰ ਵਪਾਰਕ ਪੱਧਰ ਤੇ ਤੋਰਨ ਲਈ ਪ੍ਰੇਰਿਤ ਕੀਤਾ।




### ਅਗਰਵਾਲ ਧਰਮਸ਼ਾਲਾ ਕਮੇਟੀ ਚੋਣਾਂ

## ਨਵੇਂ ਮੈਂਬਰ ਬ੍ਰਿਸ਼ਭਾਨ ਨੇ ਸਹੁੰ ਚੁੱਕੀ

ਸਮਾਣਾ, 30 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ): ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਜ਼ੋਨ ਐੱਨ ਤੋਂ ਸ੍ਰੀ ਬ੍ਰਿਸ਼ਭਾਨ ਸਰਬਸੰਮਤੀ ਨਾਲ ਮੈਂਬਰ ਚੁਣੇ ਗਏ, ਜਿਸ ਦੇ ਚਲਦਿਆਂ ਚੋਣ ਕਮੇਟੀ ਵੱਲੋਂ ਇੱਕ ਸ਼ਾਨਦਾਰ ਤਾਜਪੋਸ਼ੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਬ੍ਰਿਸ਼ਭਾਨ ਨੇ ਆਪਣੀ ਨਵੀਂ ਜ਼ਿੰਮੇਵਾਰੀ ਸੰਭਾਲਦੇ ਹੋਏ ਸਹੁੰ ਚੁੱਕੀ। ਇਸ ਮੌਕੇ ਤੇ ਹਾਜ਼ਰ ਕਮੇਟੀ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਚੋਣ ਕਮੇਟੀ ਚੇਅਰਮੈਨ ਰਾਮ ਬਾਂਸਲ, ਵਾਇਸ ਚੇਅਰਮੈਨ ਵਿਜੇ ਮਿੱਤਲ, ਨਵੇਂ ਪ੍ਰਧਾਨ ਦਰਸ਼ਨ ਮਿੱਤਲ, ਬੀਕੇ ਗੁਪਤਾ ਅਤੇ ਵਿਨੋਦ ਸਿੰਗਲਾ ਆਦਿ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



## ਹੈਰੋਇਨ ਬ੍ਰਾਮਦ

ਨਾਭਾ, 30 ਅਪ੍ਰੈਲ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਬਿਮਲਾ ਵਾਸੀ ਪਿੰਡ ਰੋਹਟੀ ਛੰਨਾ ਵਿਰੁੱਧ ਧਾਰਾ 21,61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਮੁਸਕਾਨ ਸ਼ਰਮਾ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਰੋਹਟੀ ਪੁਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 4.5 ਗ੍ਰਾਮ ਚਿੱਟਾ-ਹੈਰੋਇਨ ਬ੍ਰਾਮਦ ਹੋਈ।

## ਡਾ. ਬੀ.ਐੱਸ. ਸੰਧੂ ਸਕੂਲ ਦੀ ਕ੍ਰਿਕਟ ਟੀਮ ਦਾ ਸਟੇਟ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ

ਦੇਵੀਗੜ੍ਹ 30 ਅਪ੍ਰੈਲ (ਗੁਰਜੀਤ ਸਿੰਘ ਢੋਟ) : ਡਾ. ਬੀ.ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੇ ਖਿਡਾਰੀਆਂ ਨੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਦਿਆਂ ਇੱਕ ਹੋਰ ਮੱਲ ਮਾਰੀ ਹੈ। 'ਯੂਥ ਐਂਡ ਸਪੋਰਟਸ ਪ੍ਰੋਮੋਸ਼ਨ ਐਸੋਸੀਏਸ਼ਨ ਆਫ ਪੰਜਾਬ' ਵੱਲੋਂ ਆਸਰਾ ਇੰਟਰਨੈਸ਼ਨਲ ਸਕੂਲ, ਚੰਨੋ (ਭਵਾਨੀਗੜ੍ਹ) ਵਿਖੇ ਕਰਵਾਈ ਗਈ ਸਟੇਟ ਚੈਂਪੀਅਨਸ਼ਿਪ-2026 ਦੌਰਾਨ ਸਕੂਲ ਦੀ ਕ੍ਰਿਕਟ ਟੀਮ ਨੇ ਦੂਸਰਾ ਸਥਾਨ ਹਾਸਲ ਕਰਕੇ ਟਰਾਫੀ 'ਤੇ ਕਬਜ਼ਾ ਕੀਤਾ। ਇਸ ਰਾਜ ਪੱਧਰੀ ਚੈਂਪੀਅਨਸ਼ਿਪ ਵਿੱਚ ਪੰਜਾਬ ਭਰ ਦੀਆਂ ਕਈ ਨਾਮੀ ਟੀਮਾਂ ਨੇ ਹਿੱਸਾ ਲਿਆ ਸੀ। ਡਾ. ਬੀ.ਐੱਸ. ਸੰਧੂ ਸਕੂਲ ਦੇ ਖਿਡਾਰੀਆਂ ਨੇ ਬਿਹਤਰੀਨ ਗੇਂਦਬਾਜ਼ੀ ਅਤੇ ਬੱਲੇਬਾਜ਼ੀ ਦਾ ਪ੍ਰਦਰਸ਼ਨ ਕਰਦਿਆਂ ਫਾਈਨਲ ਤੱਕ ਦਾ ਸਫ਼ਰ ਤੈਅ ਕੀਤਾ ਅਤੇ ਸੂਬੇ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਪਹੁੰਚਣ 'ਤੇ ਜੇਤੂ ਟੀਮ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਅਤੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਕੌਰ ਸੰਧੂ ਨੇ ਟੀਮ ਨੂੰ ਵਧਾਈ ਦਿੱਤੀ। ਸਕੂਲ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਅਤੇ ਸਪੋਰਟਸ ਕੋਆਰਡੀਨੇਟਰ ਅਵਤਾਰ ਸਿੰਘ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ।



## ਸਲਾਨਾ ਉਰਸ ਤੇ ਜੋੜ ਮੇਲਾ ਅੱਜ

ਦੇਵੀਗੜ੍ਹ, 30 ਅਪ੍ਰੈਲ (ਗੁਰਜੀਤ ਸਿੰਘ ਢੋਟ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਰਗਾਹ ਸ਼ਰੀਫ ਚੁੰਮ ਕਲਾਂ ਨਜ਼ਦੀਕ ਇਸਮਾਈਲਾਬਾਦ ਦੇ ਗੱਦੀ ਨਸ਼ੀਨ ਮੁਹੰਮਦ ਨਾਸੀਮ ਸਾਬਰੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਖਵਾਜਾ ਸਾਹਿਬ ਜੀ ਦਾ ਸਲਾਨਾ ਉਰਸ ਅਤੇ ਜੋੜ ਮੇਲਾ 1 ਮਈ 2026 ਦਿਨ ਸ਼ੁੱਕਰਵਾਰ ਨੂੰ ਮਨਾਇਆ ਜਾਵੇਗਾ, ਜਿਸ ਵਿੱਚ ਕਵਾਲੀ ਪ੍ਰੋਗਰਾਮ ਰਾਤ 9 ਵਜੇ ਤੋਂ ਸ਼ੁਰੂ ਹੋਵੇਗਾ, ਜਿਸ ਵਿੱਚ ਮਸ਼ਹੂਰ ਕਵਾਲੀ ਦੇ ਗਵਈਏ ਹਾਜ਼ਰੀ ਭਰਨਗੇ। ਇਸ ਸਲਾਨਾ ਉਰਸ ਜੋੜ ਮੇਲੇ ਵਿੱਚ ਦਰਬਾਰ ਬਾਬਾ ਸ੍ਰੀ ਚੰਦ ਜੀ ਮਹਾਰਾਜ ਪਿੰਡ ਮੋਹਲਗੜ੍ਹ ਦੇ ਗੱਦੀ ਨਸ਼ੀਨ ਸੰਤ ਬਾਬਾ ਗੁਰਪ੍ਰੀਤ ਦਾਸ ਜੀ ਉਦਾਸੀਨ ਮੋਹਲਗੜ੍ਹ ਵਾਲਿਆਂ ਵੱਲੋਂ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਉਨ੍ਹਾਂ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਜਾਵੇਗਾ। ਇਸ ਮੌਕੇ ਬਾਬਾ ਇਸਰਾਰ ਸੂਫੀ ਸਾਬਰੀ ਕਾਦਰੀ ਅਮਰੋਹਾ ਯੂਪੀ, ਭੁਪਿੰਦਰ ਸਿੰਘ ਚੁੰਮਕਲਾਂ, ਮੁਹੰਮਦ ਰਾਜੀਵ ਸਾਬਰੀ, ਵਕੀਲ ਦਿੱਲੀ ਅਨਵਰ ਸਾਬਰੀ ਤੋਂ ਇਲਾਵਾ ਹੋਰ ਵੀ ਸਾਧ ਸੰਗਤ ਹਾਜ਼ਰ ਸਨ।



## ਸੇਂਟ ਥੇਰੇਸਾ ਕਾਨਵੈਂਟ ਸਕੂਲ 'ਚ ਮਜ਼ਦੂਰ ਦਿਵਸ ਮਨਾਇਆ

ਸਮਾਣਾ, 30 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਸੇਂਟ ਥੇਰੇਸਾ ਕਾਨਵੈਂਟ ਸਕੂਲ, ਸਮਾਣਾ ਵਿੱਚ ਅੱਜ ਮਜ਼ਦੂਰ ਦਿਵਸ ਨੂੰ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਗ੍ਰੇਡ-ਡੀ ਕਰਮਚਾਰੀਆਂ ਦਾ ਸਨਮਾਨ ਕਰਕੇ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਕੀਤਾ ਗਿਆ। ਕਾਰਜਕ੍ਰਮ ਦੀ ਸ਼ੁਰੂਆਤ ਸਕੂਲ ਦੀ ਪ੍ਰਿੰਸੀਪਲ ਸਿਸਟਰ ਰੋਸ਼ਨੀ ਵੱਲੋਂ ਮਜ਼ਦੂਰ ਕਰਮਚਾਰੀਆਂ ਨੂੰ ਤਿਲਕ ਲਗਾ ਕੇ, ਉਪਹਾਰ ਅਤੇ ਫੁੱਲ ਭੇਟ ਕਰਕੇ ਸਨਮਾਨਿਤ ਕਰਨ ਨਾਲ ਹੋਈ। ਇਸ ਮੌਕੇ 'ਤੇ ਪ੍ਰਿੰਸੀਪਲ ਸਿਸਟਰ ਰੋਸ਼ਨੀ ਨੇ ਕਿਹਾ, ਮਜ਼ਦੂਰ ਦਿਵਸ ਉਹਨਾਂ ਮਿਹਨਤੀ ਹੱਥਾਂ ਨੂੰ ਸਲਾਮ ਕਰਨ ਦਾ ਦਿਨ ਹੈ, ਜੋ ਰਾਸ਼ਟਰ ਨਿਰਮਾਣ ਦੀ ਨੀਂਹ ਰੱਖਦੇ ਹਨ।



## ਮਿਲੇਨੀਅਮ ਵਰਲਡ ਸਕੂਲ ਵੱਲੋਂ ਲੇਬਰ ਡੇ ਮੌਕੇ ਖਾਸ ਅਸੈਂਬਲੀ



ਸਮਾਣਾ, 30 ਅਪ੍ਰੈਲ (ਵਿਜੇ ਕੁਮਾਰ/ਜਵੰਦਾ): ਮਿਲੇਨੀਅਮ ਵਰਲਡ ਸਕੂਲ, ਸਮਾਣਾ ਵਿੱਚ ਲੇਬਰ-ਡੇ ਬੜੀ ਇੱਜ਼ਤ ਅਤੇ ਧੰਨਵਾਦ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਖਾਸ ਅਸੈਂਬਲੀ ਕਰਵਾਈ ਗਈ। ਇਸ ਦਾ ਮਕਸਦ ਉਹਨਾਂ ਮਜ਼ਦੂਰਾਂ ਦੀ ਮਿਹਨਤ ਅਤੇ ਸਮਰਪਣ ਨੂੰ ਸਨਮਾਨ ਦੇਣਾ ਸੀ, ਜੋ ਸਕੂਲ ਦੀ ਸਹੀ ਚੱਲਣ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ।ਅਸੈਂਬਲੀ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਲੇਬਰ ਡੇ ਦੀ ਮਹੱਤਤਾ ਦੱਸ ਕੇ ਕੀਤੀ ਗਈ। ਉਹਨਾਂ ਦੱਸਿਆ ਕਿ ਇਹ ਦਿਨ ਮਜ਼ਦੂਰਾਂ ਦੀ ਮਿਹਨਤ ਨੂੰ ਸਨਮਾਨ ਦੇਣ ਅਤੇ ਹਰ ਕੰਮ ਦੀ ਇੱਜ਼ਤ ਕਰਨ ਲਈ ਮਨਾਇਆ ਜਾਂਦਾ ਹੈ। ਪ੍ਰਿੰਸੀਪਲ ਮੈਡਮ ਸ਼ਾਲਿਨੀ ਕਾਜਲਾ ਅਤੇ ਅਧਿਆਪਕਾਂ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ। ਉਹਨਾਂ ਨੇ ਮਿਹਨਤ, ਲਗਨ ਅਤੇ ਮਜ਼ਦੂਰਾਂ ਪ੍ਰਤੀ ਸਤਿਕਾਰ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਇਕ ਖਾਸ ਕਦਮ ਤਹਿਤ ਵਿਦਿਆਰਥੀਆਂ ਵੱਲੋਂ ਸਕੂਲ ਦੇ ਮਜ਼ਦੂਰਾਂ ਨੂੰ ਫਲਾਂ ਦੇ ਟੋਕਰੇ ਵੰਡੇ ਗਏ। ਚੇਅਰਮੈਨ ਡਾ. ਕੇ.ਕੇ. ਜੌਹਰੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਲੇਬਰ ਡੇ ਸਾਨੂੰ ਯਾਦ ਦਿਵਾਉਂਦਾ ਹੈ ਕਿ ਸਮਾਜ ਵਿੱਚ ਹਰ ਵਿਅਕਤੀ ਦੀ ਭੂਮਿਕਾ ਮਹੱਤਵਪੂਰਨ ਹੈ। ਸਾਨੂੰ ਹਰ ਇੱਕ ਦੀ ਮਿਹਨਤ ਦੀ ਕਦਰ ਕਰਨੀ ਚਾਹੀਦੀ ਹੈ।' ਪ੍ਰਿੰਸੀਪਲ ਮੈਡਮ ਸ਼ਾਲਿਨੀ ਕਾਜਲਾ ਨੇ ਕਿਹਾ ਕਿ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਮਿਹਨਤ ਦੀ ਇੱਜ਼ਤ ਕਰਨੀ ਸਿਖਾਉਣੀ ਬਹੁਤ ਜ਼ਰੂਰੀ ਹੈ।

## ਪਰਸ਼ੂ ਰਾਮ ਯੂਥ ਸਭਾ ਨੇ ਜ਼ਰੂਰਤਮੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਵਿਆਹ ਕਰਵਾਏ

ਸਮਾਣਾ, 30 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਪਿੰਡ ਬ੍ਰਾਹਮਣ ਮਾਜਰਾ ਵਿਖੇ ਪਹਿਲੀ ਵਾਰ ਗ਼ਰੀਬ ਜ਼ਰੂਰਤਮੰਦ ਧੀਆਂ ਦੇ ਵਿਆਹ ਪਰਸ਼ੂ ਰਾਮ ਯੂਥ ਸਭਾ ਬ੍ਰਾਹਮਣ ਮਾਜਰਾ ਵੱਲੋ ਮਹੱਤਵਪੂਰਨ ਪਹਿਲ ਕਰਦਿਆਂ ਪਹਿਲੀ ਵਾਰ ਗਰੀਬ ਅਤੇ ਜ਼ਰੂਰਤਮੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਕ ਵਿਆਹ ਕਰਵਾਏ ਗਏ। ਸਮਾਗਮ ਦੌਰਾਨ ਦੋ ਜੋੜਿਆਂ ਨੂੰ ਵਿਆਹ ਦੇ ਪਵਿੱਤਰ ਬੰਧਨ ਵਿੱਚ ਬੱਧਿਆ ਗਿਆ। ਵਿਆਹ ਸਾਦਗੀ ਨਾਲ ਅਤੇ ਰਵਾਇਤੀ ਧਾਰਮਿਕ ਰਸਮਾਂ ਅਨੁਸਾਰ ਕਰਵਾਏ ਗਏ, ਜਿਸ ਵਿੱਚ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਇਲਾਕੇ ਦੇ ਸਤਿਕਾਰ ਯੋਗ ਵਿਅਕਤੀ, ਸਮਾਜ ਸੇਵਕ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਸ਼ਾਮਿਲ ਹੋਏ।ਸਭਾ ਦੇ ਪ੍ਰਧਾਨ ਪਰਮਿੰਦਰ ਸ਼ਰਮਾ ਭਿੰਦਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਮਾਜ ਵਿੱਚ ਅਜੇ ਵੀ ਕਈ ਗਰੀਬ ਪਰਿਵਾਰ ਧੀਆਂ ਦੇ ਵਿਆਹ ਨੂੰ ਆਰਥਿਕ ਬੋਝ ਸਮਝਦੇ ਹਨ। ਉਨ੍ਹਾਂ ਦੱਸਿਆ ਕਿ ਸਭਾ ਵੱਲੋਂ ਵਿਆਹੇ ਗਏ ਜੋੜਿਆਂ ਨੂੰ ਘਰੇਲੂ ਵਰਤੋਂ ਦਾ ਸਾਮਾਨ, ਕੱਪੜੇ ਅਤੇ ਹੋਰ ਜ਼ਰੂਰੀ ਚੀਜ਼ਾਂ ਦਿੱਤੀਆਂ ਗਈਆਂ, ਤਾਂ ਜੋ ਉਹ ਆਪਣੀ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਆਤਮ-ਵਿਸ਼ਵਾਸ ਅਤੇ ਖੁਸ਼ਹਾਲੀ ਨਾਲ ਕਰ ਸਕਣ। ਇਸ ਮੌਕੇ ਮੌਜੂਦ ਮਹਿਮਾਨਾਂ ਨੇ ਪਰਸ਼ੂ ਰਾਮ ਯੂਥ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ।





# ਪਟਿਆਲਾ-ਆਸ/ਪਾਸ



# ਪੰਜਾਬੀ ਯੂਨੀਵਰਸਿਟੀ ਨੇ ਆਪਣਾ 65ਵਾਂ ਸਥਾਪਨਾ ਦਿਵਸ ਮਨਾਇਆ

## ਪੰਜਾਬੀ ਯੂਨੀਵਰਸਿਟੀ ਨੇ ਵਿਸ਼ਵ ਭਰ ਵਿੱਚ ਫੈਲੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਨਿਭਾਈ ਅਹਿਮ ਭੂਮਿਕਾ: ਡਾ. ਜਗਦੀਪ ਸਿੰਘ

ਪਟਿਆਲਾ, 30 ਅਪ੍ਰੈਲ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਨੇ ਦੁਨੀਆਂ ਭਰ ਵਿੱਚ ਪੰਜਾਬੀਅਤ ਦੀ ਮਹਿਕ ਬਿਖੇਰੀ ਹੈ। ਸਾਡੀ ਇਹ ਮਾਣਮੱਤੀ ਸੰਸਥਾ ਸਾਡੇ ਸਭ ਲਈ ਮਾਂ ਵਰਗਾ ਦਰਜਾ ਰੱਖਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਅੱਜ ਇੱਥੇ ਯੂਨੀਵਰਸਿਟੀ ਦੇ 65ਵੇਂ ਸਥਾਪਨਾ ਦਿਵਸ ਮੌਕੇ ਰੱਖੇ ਗਏ ਵਿਸ਼ੇਸ਼ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਸਿਰਫ਼ ਇੱਕ ਰਵਾਇਤੀ ਕਿਸਮ ਦਾ ਵਿਦਿਅਕ ਅਦਾਰਾ ਹੀ ਨਹੀਂ, ਸਗੋਂ ਪੰਜਾਬੀ ਭਾਸ਼ਾ, ਕਲਾ ਅਤੇ ਸੱਭਿਆਚਾਰ ਦਾ ਇੱਕ ਅਜਿਹਾ ਧੁਰਾ ਹੈ ਜਿਸ ਨੇ ਪਿਛਲੇ ਛੇ ਦਹਾਕਿਆਂ ਤੋਂ ਵੱਧ ਸਮੇਂ ਦੌਰਾਨ ਆਪਣੀ ਇੱਕ ਵਿਲੱਖਣ ਪਛਾਣ ਬਣਾਈ ਹੈ। ਉਨ੍ਹਾਂ ਨੇ ਯੂਨੀਵਰਸਿਟੀ ਦੇ ਸਫ਼ਰ ਨੂੰ ਯਾਦ ਕਰਦਿਆਂ ਕਿਹਾ ਕਿ ਇਸ ਸੰਸਥਾ ਨੇ ਵਿਸ਼ਵ ਭਰ ਵਿੱਚ ਫੈਲੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਪਿਛਲੇ ਇੱਕ ਸਾਲ ਦੌਰਾਨ ਯੂਨੀਵਰਸਿਟੀ ਵਿੱਚ ਹੋਈਆਂ ਵੱਖ ਵੱਖ ਗਤੀਵਿਧੀਆਂ ਅਤੇ ਉਪਲਬਧੀਆਂ ਦੇ ਵੇਰਵੇ ਸਾਂਝੇ ਕਰਦਿਆਂ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੋਜ ਦੇ ਖੇਤਰ ਵਿੱਚ ਨਵੀਆਂ ਪੁਲਾਂਘਾਂ ਪੁੱਟਣ ਤਾਂ ਜੋ ਯੂਨੀਵਰਸਿਟੀ ਦਾ ਨਾਮ ਕੌਮਾਂਤਰੀ ਪੱਧਰ ’ਤੇ ਹੋਰ ਰੌਸ਼ਨ ਹੋ ਸਕੇ। ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਮੌਜੂਦਾ ਸਮੇਂ ਵਿੱਤੀ ਚੁਣੌਤੀਆਂ ਦੇ ਬਾਵਜੂਦ, ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਇਸ ਮਾਣਮੱਤੀ ਸੰਸਥਾ ਦੇ ਰੁਤਬੇ ਨੂੰ ਬਰਕਰਾਰ ਰੱਖਿਆ ਜਾਵੇਗਾ। ਸਥਾਪਨਾ ਦਿਵਸ ਭਾਸ਼ਣ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਸਤਿਬੀਰ ਸਿੰਘ ਗੋਸਲ ਵੱਲੋਂ ਦਿੱਤਾ ਗਿਆ। ਡਾ. ਸਤਿਬੀਰ ਸਿੰਘ ਗੋਸਲ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਪੰਜਾਬੀ ਯੂਨੀਵਰਸਿਟੀ ਦੀਆਂ ਆਪਸੀ ਅਕਾਦਮਿਕ ਸਾਂਝਾਂ ਦੇ ਹਵਾਲੇ ਨਾਲ ਆਪਣੀ ਗੱਲ ਰੱਖੀ। ਡਾ. ਨਰਿੰਦਰ ਸਿੰਘ ਕਪੂਰ ਨੇ ਇਸ ਮੌਕੇ ਦਿੱਤੇ ਗਏ ਭਾਵਪੂਰਤ ਭਾਸ਼ਣ ਦੌਰਾਨ ਕਿਹਾ ਕਿ ਕਿਸੇ ਸਮੇਂ ਪੰਜਾਬ ਦੇ ਮਾਲਵਾ ਖਿੱਤੇ ਨੂੰ ਪਛੜਿਆ ਹੋਇਆ ਇਲਾਕਾ ਸਮਝਿਆ ਜਾਂਦਾ ਸੀ ਉਨ੍ਹਾਂ ਪੰਜਾਬੀ ਯੂਨੀਵਰਸਿਟੀ ਦੀ ਸ਼ੁਰੂਆਤ ਸਮੇਂ ਦੀਆਂ ਵੱਖ-ਵੱਖ ਯਾਦਾਂ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਕਿਵੇਂ ਆਪਣੇ ਸ਼ੁਰੂਆਤ ਸਮੇਂ ਜਦੋਂ ਯੂਨੀਵਰਸਿਟੀ ਕੋਲ ਕੋਈ ਕੈਂਪਸ ਨਹੀਂ ਹੁੰਦਾ ਸੀ ਤਾਂ ਸਰਕਾਰੀ ਮਹਿੰਦਰਾ ਕਾਲਜ ਅਤੇ ਥਾਪਰ ਕਾਲਜ ਵਿੱਚ ਇਸ ਦੀਆਂ ਜਮਾਤਾਂ ਲਗਦੀਆਂ ਸਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਖੁਦ ਵੀ ਆਪਣੀ ਐੱਮ. ਏ. ਅੰਗਰੇਜ਼ੀ ਦਾ ਪਹਿਲਾ ਸਾਲ ਸਰਕਾਰੀ ਮਹਿੰਦਰਾ ਕਾਲਜ ਦੀ ਇਮਾਰਤ ਵਿੱਚ ਪੂਰਾ ਕੀਤਾ। ਡਾ. ਕਪੂਰ ਨੇ ਕਿਹਾ ਕਿ ਹੁਣ ਜਦੋਂ ਵਿਸ਼ਵੀਕਰਨ ਦਾ ਦੌਰ ਹੈ, ਤਾਂ ਪੰਜਾਬੀ ਯੂਨੀਵਰਸਿਟੀ ਨੂੰ ਵੀ ਨਵੀਆਂ ਚੁਣੌਤੀਆਂ ਦਰਪੇਸ਼ ਹਨ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪਹਿਲੇ ਬੈਚ ਦੇ ਵਿਦਿਆਰਥੀ ਡਾ. ਤਰਲੋਕ ਸਿੰਘ ਅਨੰਦ, ਜੀਵ ਵਿਗਿਆਨ ਵਿਭਾਗ ਦੇ ਪਹਿਲੇ ਪੀਐੱਚ.ਡੀ. ਵਿਦਿਆਰਥੀ ਡਾ. ਮਲਕੀਤ ਸਿੰਘ ਸੈਣੀ ਅਤੇ ਹਾਲ ਹੀ ਵਿੱਚ ਨੇਪਾਲ ਦੀ ਐਮਾ ਡੈਬਲਮ ਚੋਟੀ ਨੂੰ ਸਰ ਕਰਦਿਆਂ ਪਹਿਲੀ ਪੰਜਾਬੀ ਮਹਿਲਾ ਦਾ ਮਾਣ ਹਾਸਿਲ ਕਰਨ ਵਾਲੀ ਸੁੱਖੀ ਬੱਲ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦਾ ਸਵਾਗਤੀ ਭਾਸ਼ਣ ਰਜਿਸਟਰਾਰ ਡਾ. ਦਵਿੰਦਰ ਪਾਲ ਸਿੰਘ ਸਿੱਧੂ ਨੇ ਦਿੱਤਾ ਜਦੋਂ ਕਿ ਧੰਨਵਾਦੀ ਸ਼ਬਦ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕਹੇ। ਸਮਾਗਮ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਧਿਆਪਕਾਂ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਯੂਨੀਵਰਸਿਟੀ ਦੇ ਬਹੁਤ ਸਾਰੇ ਸਾਬਕਾ ਅਧਿਆਪਕ ਸਾਹਿਬਾਨ ਵੀ ਇਸ ਸਮਾਗਮ ਵਿੱਚ ਹਾਜ਼ਰ ਰਹੇ।



# ਪੁਲਿਸ ਨੇ ਅੰਨੇ ਕਤਲ ਦੀ ਗੁੱਥੀ ਸੁਲਝਾਈ

## ਪਿਤਾ ਹੀ ਨਿਕਲਿਆ ਪੁੱਤ ਦਾ ਕਾਤਲ, ਦੋਸਤ ਨਾਲ ਮਿਲ ਕੇ ਰਚੀ ਸਾਜਿਸ਼



ਨਾਭਾ, 30 ਅਪ੍ਰੈਲ (ਬਲਜਿੰਦਰ ਮਾਨ) : ਦੋ ਦਿਨ ਪਹਿਲਾਂ ਨਾਭਾ ਬਲਾਕ ਦੇ ਪਿੰਡ ਧਾਰੋਕੀ ਵਿਖੇ 35 ਸਾਲਾ ਵਿਅਕਤੀ ਮੋਹਣ ਦਾਸ ਦਾ ਖੇਤਾਂ ਵਿੱਚ ਕਤਲ ਕਰ ਦਿੱਤਾ ਸੀ। ਇਸ ਅੰਨੇ ਕਤਲ ਨੂੰ ਗੁੱਥੀ ਸੁਲਝਾਉਣ ਲਈ ਪੁਲਿਸ ਨੇ ਦੋ ਦਿਨਾ ਦੇ ਅੰਦਰ ਅੰਦਰ ਸੁਲਝਾ ਲਿਆ ਅਤੇ ਦੋ ਕਾਤਲਾਂ ਨੂੰ ਗ੍ਰਿਫਤਾਰ ਕਰ ਲਿਆ। ਕਾਤਲ ਕੋਈ ਬਾਹਰੋਂ ਨਹੀਂ ਸੀ ਕਾਤਲ ਮ੍ਰਿਤਕ ਮੋਹਨਦਾਸ ਦਾ ਪਿਤਾ ਜਗਪਾਲ ਦਾਸ ਅਤੇ ਉਸ ਦਾ ਸਾਥੀ ਰਜਿੰਦਰ ਸਿੰਘ ਹੀ ਨਿਕਲਿਆ। ਡੀਐਸਪੀ ਗੁਰਿੰਦਰ ਬੱਲ ਨੇ ਦੱਸਿਆ ਕੀ ਮ੍ਰਿਤਕ ਮੋਹਨਦਾਸ ਅਕਸਰ ਹੀ ਘਰ ਵਿੱਚ ਲੜਾਈ ਝਗੜਾ ਕਰਦਾ ਰਹਿੰਦਾ ਸੀ ਅਤੇ ਉਹ ਆਪਣੀ ਪਤਨੀ ਨਾਲ ਵੀ ਕੁੱਟਮਾਰ ਕਰਦਾ ਸੀ। ਗੁੱਸੇ ਵਿੱਚ ਆਏ ਪਿਤਾ ਵੱਲੋਂ ਆਪਣੇ ਦੋਸਤ ਨਾਲ ਮਿਲ ਕੇ ਕਤਲ ਕਰਨ ਦੀ ਸਾਜਿਸ਼ ਰਚੀ ਅਤੇ ਹੁਣ ਮੋਹਨ ਦਾਸ ਨੂੰ ਖੇਤ ਵਿੱਚ ਬੁਲਾ ਕੇ ਉਸ ਦਾ ਰਾਡਾਂ ਮਾਰ ਕੇ ਅਤੇ ਬਾਅਦ ਵਿੱਚ ਗਲਾ ਦਬਾ ਕੇ ਉਸ ਦਾ ਕਤਲ ਕਰ ਦਿੱਤਾ। ਪੁਲਿਸ ਵੱਲੋਂ ਮ੍ਰਿਤਕ ਦੇ ਪਿਤਾ ਅਤੇ ਉਸਦੇ ਦੋਸਤ ਨੂੰ ਗ੍ਰਿਫਤਾਰ ਕਰਕੇ ਜੇਲ ਦੀਆਂ ਸਲਾਖਾਂ ਪਿੱਛੇ ਪਹੁੰਚਾ ਦਿੱਤਾ। ਤਾਜ਼ਾ ਮਾਮਲਾ ਸਾਹਮਣੇ ਆਇਆ ਨਾਭਾ ਬਲਾਕ ਦੇ ਪਿੰਡ ਧਾਰੋਕੀ ਵਿਖੇ ਜਿੱਥੇ ਦੋ ਦਿਨ ਪਹਿਲਾਂ ਪਿਤਾ ਵੱਲੋਂ ਆਪਣੇ ਦੋਸਤ ਦੀ ਮਦਦ ਨਾਲ ਆਪਣੇ ਹੀ ਪੁੱਤਰ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਅਤੇ ਕਤਲ ਕਰਕੇ ਆਪ ਘਰ ਚਲਾ ਗਿਆ। ਇਹ ਕਤਲ ਆਪਸੀ ਘਰ ਵਿੱਚ ਘਰੇਲੂ ਕਲੇਸ਼ ਦੇ ਚਲਦੇ ਪਿਤਾ ਵੱਲੋਂ ਇਹ ਖੌਫਨਾਕ ਕਦਮ ਚੁੱਕਿਆ ਗਿਆ। ਇਸ ਮੌਕੇ ’ਤੇ ਨਾਭਾ ਦੇ ਡੀਐਸਪੀ ਗੁਰਿੰਦਰ ਸਿੰਘ ਬੱਲ ਨੇ ਦੱਸਿਆ ਕਿ ਦੋ ਦਿਨ ਪਹਿਲਾਂ ਮੋਹਨ ਦਾਸ ਦਾ ਕਤਲ ਕਰ ਦਿੱਤਾ ਗਿਆ ਸੀ, ਅਤੇ ਇਸ ਅੰਨੇ ਕਤਲ ਦੀ ਗੁੱਥੀ ਸੁਲਝਾਉਣ ਲਈ ਪੁਲਿਸ ਵੱਲੋਂ ਹਰ ਪਹਿਲੂ ਵਰਤੇ ਗਏ ਅਤੇ ਜਦੋਂ ਕੋਈ ਕਲਿਊ ਨਾ ਮਿਲਿਆ ਤਾਂ ਮ੍ਰਿਤਕ ਦੇ ਫੋਨ ਦੀ ਡਿਟੇਲ ਕਢਵਾਈ ਗਈ ਅਤੇ ਮ੍ਰਿਤਕ ਦਾ ਪਿਤਾ ਜਗਪਾਲ ਦਾਸ ਵੱਲੋਂ ਮੋਹਣ ਦਾਸ ਨੂੰ ਲਾਸਟ ਕਾਲ ਕੀਤੀ ਗਈ ਸੀ ਜਿਸ ਤੋਂ ਬਾਅਦ ਪੁਲਿਸ ਵੱਲੋਂ ਰਜਿੰਦਰ ਸਿੰਘ ਨੂੰ ਕਬਜ਼ੇ ਵਿੱਚ ਲਿਆ ਗਿਆ ਅਤੇ ਉਸ ਤੋਂ ਬਾਅਦ ਅੰਨੇ ਕਤਲ ਦੀ ਗੁੱਥੀ ਸੁਲਝਾਉਣ ਲਈ ਪੁਲਿਸ ਵੱਲੋਂ ਪਹਿਲਾਂ ਮੋਹਨ ਦਾਸ ਦੇ ਪਿਤਾ ਨੂੰ ਵੀ ਗ੍ਰਿਫਤਾਰ ਕਰ ਲਿਆ। ਪੁਲਿਸ ਵੱਲੋਂ ਮ੍ਰਿਤਕ ਦੇ ਪਿਤਾ ਜਗਪਾਲ ਦਾਸ ਅਤੇ ਰਜਿੰਦਰ ਸਿੰਘ ਨੂੰ ਜੇਲ ਦੀਆਂ ਸਲਾਖਾਂ ਪਿੱਛੇ ਪਹੁੰਚਾ ਦਿੱਤਾ। ਡੀਐਸਪੀ ਨੇ ਦੱਸਿਆ ਕਿ ਮੋਹਨ ਦਾਸ ਘਰ ਵਿੱਚ ਹਰ ਰੋਜ਼ ਕਲੇਸ਼ ਕਰਦਾ ਸੀ ਜਿਸ ਤੋਂ ਤੰਗ ਆ ਕੇ ਪਿਤਾ ਵੱਲੋਂ ਆਪਣੇ ਦੋਸਤ ਨਾਲ ਮਿਲ ਕੇ ਇਹ ਖੌਫਨਾਕ ਕਦਮ ਚੁੱਕਿਆ ਗਿਆ।

# ਬਿਜਲੀ ਕੱਟਾਂ ਨੂੰ ਲੈ ਕੇ ਅਕਾਲੀ ਦਲ ਨੇ ਮੱਖਣ ਸਿੰਘ ਲਾਲਕਾ ਦੀ ਅਗਵਾਈ ’ਚ ਦਿੱਤਾ ਧਰਨਾ



ਨਾਭਾ, 30 ਅਪ੍ਰੈਲ (ਬਲਜਿੰਦਰ ਮਾਨ) : ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਵਿੱਚ ਐਕਸਨ ਦੇ ਦਫਤਰ ਨਾਭਾ ਵਿਖੇ ਬਿਜਲੀ ਕੱਟਾ ਨੂੰ ਲੈ ਕੇ ਰੋਸ ਧਰਨਾ ਦਿੱਤਾ ਗਿਆ । ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਬਿਜਲੀ ਦੇ ਲੱਗ ਰਹੇ ਲੰਮੇ ਲੰਮੇ ਕੱਟਾ ਕਾਰਨ ਜਿੱਥੇ ਕਿਸਾਨ ਪ੍ਰੇਸ਼ਾਨ ਹੋ ਰਹੇ ਹਨ ਉੱਥੇ ਅੰਤਾ ਦੀ ਪੈ ਰਹੀ ਗਰਮੀ ਕਾਰਨ ਆਮ ਜਨਤਾ ਦਾ ਜਿਉਣਾ ਦੁੱਭਰ ਹੋਇਆ ਪਿਆ ਹੈ ਪਰ ਸਰਕਾਰ ਦੇ ਕੰਨ ’ਤੇ ਜੂੰ ਨਹੀਂ ਸਰਕ ਰਹੀ। ਇਸ ਮੌਕੇ ਅਬਜਿੰਦਰ ਸਿੰਘ ਜੋਗੀ ਨਾਨੋਕੀ, ਸੰਜੀਵ ਕੁਮਾਰ ਹੈਪੀ ਦੁਲੱਦੀ ਸੰਮਤੀ ਮੈਂਬਰ, ਅਮਰੀਕ ਸਿੰਘ ਬੂਹੀ ਹਲਕਾ ਕੋਆਰਡੀਨੇਟਰ, ਗੁਰਸੇਵਕ ਸਿੰਘ ਗੋਲੂ ਸਹਿਰੀ ਪ੍ਰਧਾਨ,ਅਸ਼ੋਕ ਬਾਸਲ, ਮੋਹਣ ਸਿੰਘ ਰਾਮਗੜ੍ਹ, ਬਲਵਿੰਦਰ ਸਿੰਘ ਧਾਰਨੀ, ਰਣਜੀਤ ਸਿੰਘ ਘੁਡਰ, ਕਰਮ ਸਿੰਘ ਮਾਗੇਵਾਲ, ਸੁਖਵਿੰਦਰ ਸਿੰਘ ਛੀਂਟਾਂਵਾਲਾ,ਸ਼ਮਸ਼ੇਰ ਸਿੰਘ ਚੌਧਰੀ ਮਾਜਰਾ, ਗੁਰਤੇਜ ਸਿੰਘ ਖਨੌੜਾ, ਨਰਿੰਦਰ ਮੈਹਸ, ਪ੍ਰਿੰਸ ਤੁੰਗ, ਡਾਕਟਰ ਕਮੇਲੀ, ਲਖਵਿੰਦਰ ਸਿੰਘ, ਪੰਕਜ ਜਿੰਦਲ, ਕਾਲਾ ਢਿੰਗੀ, ਸੁਰਿੰਦਰ ਚੌਹਾਨ, ਪੱਪੀ ਦਲੱਦੀ, ਹੈਪੀ ਦੁਲੱਦੀ ਦੀਪਕ, ਬੱਬੂ ਵੈਦ, ਦਲਬੀਰ ਬੂਹੀ, ਇਰਫਾਨ,ਬਬਲੂ ਸੋਨੂ,ਕੌੜਾ, ਜੋਲੀ, ਬਾਬਲੂ ਚੌਹਾਨ, ਸਪਿੰਦਰ ਗਲਵੱਟੀ, ਰਣਜੀਤ ਸਰਪੰਚ, ਨਰੇਸ਼ ਗਰਗ, ਆਸ਼ੂ ਜਖਮੀ,ਪ੍ਰਗਟ ਹਰੀਗੜ, ਰਣਵੀਰ ਮਠਾੜੂ, ਰਣਧੀਰ ਅਲੋਹਰਾ, ਬਲਕਾਰ, ਜਗਜੀਤ ਸਿੰਘ,ਸਤਨਾਮ ਮੈਂਬਰ, ਸੁਨੀਲ ਬਾਸਲ,ਬਹਾਦਰ ਸਿੰਘ, ਮੇਜਰ ਸਿੰਘ ਸਕੋਹਾਂ, ਲੱਖੀ ਦੁਲੱਦੀ, ਹਰਨੈਬ ਸਿੰਘ ਭੜੀ, ਕੁਲਵੰਤ ਸਿੰਘ, ਵਰੁਣ, ਰਿੰਕੂ ਲਾਲਕਾ ਤੋਂ ਇਲਾਵਾ ਅਕਾਲੀ ਵਰਕਰ ਮੌਜੂਦ ਸਨ।

## ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਦੇ ਲਾਭਪਾਤਰੀ ਨੂੰ 2 ਲੱਖ ਦਾ ਚੈੱਕ ਭੇਟ

ਬਲਬੇੜ੍ਹਾ/ਡਕਾਲਾ, 30 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਪੰਜਾਬ ਐਂਡ ਸਿੰਧ ਬੈਂਕ ਦੀ ਸਿਊਨਾ ਬਰਾਂਚ ਵੱਲੋਂ ਜੀਵਨ ਜੋਤੀ ਬੀਮਾ ਯੋਜਨਾ ਦੀ ਖਾਤਾ ਧਾਰਕ ਰਣਜੀਤ ਕੌਰ ਨੂੰ ਜੀਵਨ ਜੋਤੀ ਬੀਮਾ ਯੋਜਨਾ ਤਹਿਤ 2 ਲੱਖ ਦਾ ਚੈੱਕ ਭੇਟ ਕੀਤਾ ਗਿਆ। ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਐਂਡ ਸਿੰਧ ਬੈਂਕ ਸਿਊਨਾ ਦੇ ਬਰਾਂਚ ਹੈਡ ਮੈਨੇਜਰ ਹਰਮਨ ਪੁਰੀ ਨੇ ਦੱਸਿਆ ਕਿ ਅੱਜ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਜੀਵਨ ਬੀਮਾ ਦਾਅਵੇ ਤਹਿਤ ਨਾਮਜ਼ਦ ਰਣਜੀਤ ਕੌਰ ਪਤਨੀ ਸਵ: ਹਰਪਾਲ ਸਿੰਘ ਨੂੰ ਦੋ ਲੱਖ ਰੁਪਏ ਦਾ ਚੈੱਕ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇਹ ਚੈੱਕ ਪਟਿਆਲਾ ਦੇ ਖੇਤਰੀ ਮੈਨੇਜਰ ਉਪਾਸਨਾ ਧਰ ਅਤੇ ਮੁੱਖ ਮੈਨੇਜਰ ਸੁਖਵਿੰਦਰਜੀਤ ਸਿੰਘ ਅਤੇ ਬ੍ਰਾਂਚ ਸਿਊਨਾ ਦੇ ਬ੍ਰਾਂਚ ਹੈਡ ਮੈਨੇਜਰ ਹਰਮਨ ਪੁਰੀ ਦੀ ਅਗਵਾਈ ਹੇਠ, ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਦੇ ਲਾਭਪਾਤਰੀ ਨੂੰ ਦਿੱਤਾ ਗਿਆ।



## ਘੇਰ ਕੇ ਕੀਤੀ ਕੁੱਟਮਾਰ

ਘਨੌਰ, 30 ਅਪ੍ਰੈਲ (ਮਦਨ ਲਾਲ) : ਥਾਣਾ ਘਨੌਰ ਪੁਲਿਸ ਕੋਲ ਯਾਇਦ ਖਾਨ ਪੁੱਤਰ ਜਸਵੀਰ ਖਾਨ ਵਾਸੀ ਪਿੰਡ ਹਰੀ ਮਾਜਰਾ ਨੇ ਕਥਿਤ ਦੋਸ਼ੀਆਂ ਰੱਜੀ, ਸਲਮਾ ਵਾਸੀ ਹਰੀਮਾਜਰਾ, ਮੰਗਲ ਸਿੰਘ ਵਾਸੀ ਬਘੌਰਾ ਅਤੇ 3-4 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੇ ਘਰ ਹਾਜ਼ਰ ਸੀ ਤਾਂ ਉਸਦੇ ਘਰ ਦੇ ਸਾਹਮਣੇ ਔਰਤਾਂ ਲੜ ਰਹੀਆਂ ਸਨ ਤਾਂ ਕਥਿਤ ਦੋਸ਼ੀ ਸਲਮਾ ਨੇ ਉਸ ਦੀ ਦਾਦੀ ਦੇ ਸਿਰ ਵਿੱਚ ਇੱਟ ਮਾਰੀ, ਜਦੋਂ ਉਹ ਆਪਣੀ ਦਾਦੀ ਨੂੰ ਲੈ ਕੇ ਹਸਪਤਾਲ ਜਾ ਰਿਹਾ ਸੀ ਤਾਂ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2), 118(1), 126(2), 351(2), 191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਵਿਧਾਇਕ ਜੌੜਾਮਾਜਰਾ ਵੱਲੋਂ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ

ਸਮਾਣਾ, 30 ਅਪ੍ਰੈਲ (ਵਿਜੇ ਕੁਮਾਰ) :ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ ਗੁਜਰਾਤ ਵਿਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਵਿਚ ਮਿਲੀ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਸੰਬੰਧਤ ਐਕਟ ਬਣਨ ’ਤੇ ਖੁਸ਼ੀ ਪ੍ਰਗਟ ਕਰਦਿਆਂ ਇਸ ਨੂੰ ਸਿੱਖ ਕੌਮ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਦੀ ਪੂਰਤੀ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਸਿੱਖ ਧਰਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਾ ਹੈ ਅਤੇ ਸਮਾਜ ਵਿਚ ਏਕਤਾ ਤੇ ਸਾਂਝ ਨੂੰ ਮਜ਼ਬੂਤ ਕਰੇਗਾ। ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਦੀ ਹੋਈ ਦੇਸ਼ ਭਰ ਵਿਚ ਨਵੀਂ ਰਾਜਨੀਤੀ ਦਾ ਮਜ਼ਬੂਤ ਮਾਡਲ ਪੇਸ਼ ਕਰ ਰਹੀ ਹੈ। ਗੁਜਰਾਤ ਦੀ ਇਹ ਜਿੱਤ ਲੋਕਾਂ ਦੇ ਭਰੋਸੇ ਅਤੇ ਪਾਰਟੀ ਦੀ ਨੀਤੀ ’ਤੇ ਮੋਹਰ ਲਗਾਉਂਦੀ ਹੈ। ਸ. ਜੌੜਾਮਾਜਰਾ ਨੇ ਕਿਹਾ ਕਿ ਆਪ ਮੁਖੀ ਅਰਵਿੰਦ ਕੇਜਰੀਵਾਲ ਦੀ ਸੋਚ ਪੰਜਾਬ ਲਈ ਲਾਹੇਵੰਦ ਸਾਬਤ ਹੋ ਰਹੀ ਹੈ, ਜਿਸ ਨਾਲ ਸਿੱਖਿਆ, ਬੁਨਿਆਦੀ ਢਾਂਚਾ ਅਤੇ ਪ੍ਰਸ਼ਾਸਨਿਕ ਢਾਂਚੇ ਵਿਚ ਚੋਖਾ ਸੁਧਾਰ ਹੋਇਆ ਹੈ।



## ਪੰਜਾਬ ਪੁਲਿਸ ਦੀ ਦਲੇਰੀ ਨੂੰ ਸਲਾਮ : ਐਡ. ਅਮਨ ਗਰਗ

ਪਟਿਆਲਾ, 30 ਅਪ੍ਰੈਲ (ਰੁਪਾਣਾ) : ਪਿਛਲੀ ਦਿਨੀਂ ਪਟਿਆਲਾ ਦੇ ਸ਼ੰਭੂ ਨੇੜੇ ਰੇਲਵੇ ਲਾਈਨ ਉੱਤੇ ਖਾਲਿਸਤਾਨੀ ਪੱਖੀ ਅੱਤਵਾਦੀਆਂ ਵੱਲੋਂ ਕਰਵਾਏ ਬੰਬ ਧਮਾਕੇ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਵੱਲੋਂ ਆਰੋਪੀਆਂ ਦੀ ਗ੍ਰਿਫਤਾਰੀ ਇਕ ਇਤਿਹਾਸਕ ਅਤੇ ਬੇਮਿਸਾਲ ਕਾਮਯਾਬੀ ਹੈ, ਜਿਸ ਨੇ ਨਾ ਸਿਰਫ਼ ਇੱਕ ਭਿਆਨਕ ਸਾਜ਼ਿਸ਼ ਨੂੰ ਨਾਕਾਮ ਕੀਤਾ ਹੈ, ਸਗੋਂ ਪੰਜਾਬ ਦੇ ਅਮਨ-ਚੈਨ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਦੇਸ਼ ਵਿਰੋਧੀ ਤਾਕਤਾਂ ਦੀ ਕਮਰ ਤੋੜ ਦਿੱਤੀ ਹੈ। ਆਲ ਇੰਡੀਆ ਐਂਟੀ ਟੈਰੋਰਿਸਟ ਫਰੰਟ ਦੇ ਰਾਸ਼ਟਰੀ ਪ੍ਰਮੁੱਖ ਅਤੇ ਸੀਨੀਅਰ ਹਿੰਦੂ ਨੇਤਾ ਅਮਨ ਗਰਗ ਸੂਲਰ ਨੇ ਪੰਜਾਬ ਪੁਲਿਸ ਦੀ ਇਸ ਦਿਲੇਰੀ ਭਰੀ ਕਾਰਵਾਈ ਨੂੰ ਸਲਾਮ ਕੀਤਾ। ਅਮਨ ਗਰਗ ਸੂਲਰ ਨੇ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਾਵਧਾਨ ਰਹਿਣ।



## ਪਟਿਆਲਾ ਵਾਸੀਆਂ ਲਈ ‘ਸਵੈ-ਗਣਨਾ’ ਪੋਰਟਲ ਅੱਜ ਤੋਂ ਸ਼ੁਰੂ

### ਘਰ ਬੈਠੇ ਡਿਜੀਟਲ ਤਰੀਕੇ ਨਾਲ ਦਰਜ ਕਰੋ ਆਪਣੇ ਵੇਰਵੇ

ਪਟਿਆਲਾ, 30 ਅਪ੍ਰੈਲ (ਰੁਪਾਣਾ) : ਭਾਰਤ ਸਰਕਾਰ ਦੇ ਜਨਗਣਨਾ ਵਿਭਾਗ ਵੱਲੋਂ ਜਨਗਣਨਾ 2026-27 ਦੇ ਕਾਰਜਾਂ ਨੂੰ ਡਿਜੀਟਲ ਰੂਪ ਦੇਣ ਲਈ ਅੱਜ ਤੋਂ ਪਟਿਆਲਾ ਸਮੇਤ ਪੂਰੇ ਪੰਜਾਬ ਵਿੱਚ ‘ਸਵੈ-ਗਣਨਾ’ ਮੁਹਿੰਮ ਦਾ ਆਗਾਜ਼ ਕਰ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਆਮ ਜਨਤਾ ਆਪਣੇ ਘਰਾਂ ਦੇ ਆਰਾਮ ਤੋਂ ਹੀ ਜਨਗਣਨਾ ਦੇ ਵੇਰਵੇ ਔਨਲਾਈਨ ਜਮ੍ਹਾਂ ਕਰਵਾ ਸਕਦੀ ਹੈ। ਐਮ ਐਲ ਏ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਪ੍ਰਕਿਰਿਆ ਸਮਾਂ ਬਚਾਉਣ ਵਾਲੀ ਅਤੇ ਬੇਹੱਦ ਸੁਵਿਧਾਜਨਕ ਹੈ। ਇਸ ਨਾਲ ਲੋਕ ਸਿੱਧੀ ਅਤੇ ਸਹੀ ਜਾਣਕਾਰੀ ਪ੍ਰਸ਼ਾਸਨ ਤੱਕ ਪਹੁੰਚਾ ਸਕਦੇ ਹਨ। ਇਹ ਸਿਸਟਮ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਪਾਰਦਰਸ਼ੀ ਹੈ, ਜੋ ‘ਡਿਜੀਟਲ ਇੰਡੀਆ’ ਪਹਿਲਕਦਮੀ ਨੂੰ ਮਜ਼ਬੂਤ ਕਰਦਾ ਹੈ। ਮੇਅਰ ਕੁੰਦਨ ਗੋਗੀਆ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ ਦੇ ਸਹੀ ਅੰਕੜੇ ਹੀ ਭਵਿੱਖ ਵਿੱਚ ਸਾਡੇ ਬੱਚਿਆਂ ਲਈ ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਰੁਜ਼ਗਾਰ ਦੀਆਂ ਯੋਜਨਾਵਾਂ ਬਣਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਅਨੁਸਾਰ ਜਿਹੜੇ ਨਾਗਰਿਕ 14 ਮਈ ਤੱਕ ਆਪਣੀ ਸਵੈ-ਗਣਨਾ ਔਨਲਾਈਨ ਪੂਰੀ ਨਹੀਂ ਕਰਨਗੇ, ਉਨ੍ਹਾਂ ਦੇ ਘਰਾਂ ਵਿੱਚ 15 ਮਈ ਤੋਂ 13 ਜੂਨ ਤੱਕ ‘ਹਾਊਸ ਲਿਸਟਿੰਗ’ ਦੇ ਕਾਰਜਾਂ ਲਈ ਗਣਨਾਕਾਰ ਅਤੇ ਸੁਪਰਵਾਈਜ਼ਰ ਖੁਦ ਆਉਣਗੇ। ਮਨਰੀਤ ਰਾਣਾ ਜੁਆਇੰਟ ਕਮਿਸ਼ਨਰ ਨਗਰ ਨਿਗਮ ਨੇ ਦੱਸਿਆ ਕਿ ਜਨਗਣਨਾ 2026 ਦੇ ਅਧੀਨ ‘ਸਵੈ-ਗਣਨਾ’ ਕਰਨਾ ਬੇਹੱਦ ਆਸਾਨ ਅਤੇ ਨਾਗਰਿਕ-ਅਨੁਕੂਲ ਡਿਜੀਟਲ ਪ੍ਰਕਿਰਿਆ ਹੈ। ਇਸ ਨੂੰ ਪੂਰਾ ਕਰਨ ਲਈ ਸਭ ਤੋਂ ਪਹਿਲਾਂ ਨਾਗਰਿਕਾਂ ਨੂੰ ਅਧਿਕਾਰਤ ਪੋਰਟਲ se.census.gov.in ’ਤੇ ਜਾਣਾ ਪਵੇਗਾ। ਇੱਥੇ ਆਪਣੇ ਮੋਬਾਈਲ ਨੰਬਰ ਰਾਹੀਂ ਰਜਿਸਟਰ ਜਾਂ ਲੌਗਇਨ ਕਰਨ ਤੋਂ ਬਾਅਦ, ਤੁਹਾਡੇ ਫ਼ੋਨ ’ਤੇ ਇੱਕ OTP ਪ੍ਰਾਪਤ ਹੋਵੇਗਾ, ਜਿਸ ਰਾਹੀਂ ਤੁਹਾਨੂੰ ਆਪਣੀ ਤਸਦੀਕ ਕਰਨੀ ਹੋਵੇਗੀ। ਇਸ ਤੋਂ ਬਾਅਦ ਪੋਰਟਲ ’ਤੇ ਦਿੱਤੇ ਗਏ ਫਾਰਮ ਵਿੱਚ ਆਪਣੇ ਘਰ ਅਤੇ ਪਰਿਵਾਰਕ ਮੈਂਬਰਾਂ ਦੇ ਜ਼ਰੂਰੀ ਵੇਰਵੇ ਧਿਆਨ ਨਾਲ ਭਰੋ।

## ਪਿੰਡ ਲੌਟ ਵਿਖੇ ਸੰਤ ਬਾਬਾ ਜੰਗ ਸਿੰਘ ਜੀ ਦੀ ਦੂਸਰੀ ਬਰਸੀ ਮਨਾਈ

ਭਾਦਸੋਂ, 30 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਡੇਰਾ ਬਾਬਾ ਸ੍ਰੀ ਚੰਦ ਜੀ ਪਿੰਡ ਲੌਟ ਵਿਖੇ ਸੇਵਾਦਾਰ ਬਾਬਾ ਰਾਜ ਸਿੰਘ ਵੱਲੋ ਸੱਚਖੰਡ ਵਾਸੀ ਸੰਤ ਬਾਬਾ ਜੰਗ ਸਿੰਘ ਜੀ ਕੂੱਪ ਕਲਾਂ ਵਾਲਿਆਂ ਦੀ ਦੂਜੀ ਸਾਲਾਨਾ ਬਰਸੀ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਜੀ ਦੇ 51 ਪਾਠਾਂ ਦੇ ਭੋਗ ਸਥਾਨ ਡੇਰਾ ਬਾਬਾ ਸ੍ਰੀ ਚੰਦ ਜੀ ਮਹਾਰਾਜ ਪਿੰਡ ਲੌਟ ਵਿਖੇ ਪਾਏ ਗਏ। ਭੋਗ ਉਪਰੰਤ ਕੀਰਤਨੀ ਜਥੇ ਭਾਈ ਕਰਮਜੀਤ ਸਿੰਘ ਸਾਹੀਵਾਲ, ਭਾਈ ਕੁਲਦੀਪ ਸਿੰਘ ਸਾਹਪੁਰ, ਭਾਈ ਗੁਰਸੇਵਕ ਸਿੰਘ ਦਨਗੇੜੀ ਵਾਲਿਆਂ ਵੱਲੋਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਜਿਸ ਵਿੱਚ ਸ਼ਾਮਲ ਬਾਬਾ ਜਰਨੈਟਰ ਪੁਰੀ ਜੀ ਖੇੜੀ ਜੱਟਾ, ਹਰਵਿੰਦਰ ਸਿੰਘ ਸੋਂਟੀ , ਬਲਜਿੰਦਰ ਸਿੰਘ ਕੰਨਗੋ, ਬਲਦੇਵ ਸਿੰਘ ਭੱਲਮਾਜਰਾ , ਭਾਈ ਸਤਨਾਮ ਦਾਸ, ਨਿਰਮਲ ਸਿੰਘ ਨੰਬਰਦਾਰ ਲੌਟ, ਜੋਤ ਸਿੰਘ, ਦਲਵੀਰ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਚਾਹਤ ਸਿੰਘ ਆਦਿ ਹਾਜ਼ਰ ਸਨ।



## ਆਸ਼ਾ ਵਰਕਰ ਦੀ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 30 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਰਿਪੀ ਰਾਣੀ ਪਤਨੀ ਸੁਰਿੰਦਰ ਸਿੰਘ ਵਾਸੀ ਚਰਨ ਬਾਗ ਪਟਿਆਲਾ ਨੇ ਕਥਿਤ ਦੋਸ਼ੀ ਲਖਵਿੰਦਰ ਸਿੰਘ ਵਾਸੀ ਬਾਬਾ ਜੀਵਨ ਸਿੰਘ ਬਸਤੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਸ਼ਾ ਵਰਕਰ ਹੈ, ਜੋ ਆਪਣੀ ਜਾਣਕਾਰ ਕਰਮਜੀਤ ਕੌਰ ਦੇ ਘਰ ਹੈਲਥ ਕਾਰਡ ਬਣਾਉਣ ਬਾਰੇ ਜਾਣਕਾਰੀ ਦੇਣ ਗਈ ਸੀ ਤਾ ਉਸਦੇ ਪਤੀ ਨੇ ਉਸ ਦੀ ਘਰ ਅੰਦਰ ਹੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ 115(2), 126(2), 351(2,3) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਚੇਅਰਮੈਨ ਲਾਡਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਕੀਤੀ ਰਵਾਨਾ

ਘਨੌਰ, 30 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਵਿੱਚ ਪੈਂਦੇ ਰਾਜਗੜ੍ਹ ਵਿੱਚੋਂ ਚੇਅਰਮੈਨ ਸਹਿਜਪਾਲ ਸਿੰਘ ਲਾਡਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਤੋਂ ਇਲਾਵਾ ਇਲਾਕੇ ਦੀਆਂ ਹੋਰ ਸਨਮਾਨਿਤ ਸ਼ਖ਼ਸੀਅਤਾਂ ਹਾਜ਼ਰ ਸਨ। ਚੇਅਰਮੈਨ ਸਹਿਜਪਾਲ ਸਿੰਘ ਲਾਡਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਤੀਰਥ ਯਾਤਰਾ ਸਕੀਮ ਆਮ ਲੋਕਾਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ, ਜਿਸ ਰਾਹੀਂ ਲੋਕ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਬਿਨਾਂ ਕਿਸੇ ਆਰਥਿਕ ਬੋਝ ਤੋਂ ਕਰ ਸਕਦੇ ਹਨ। ਇਸ ਮੌਕੇ ਮੌਜੂਦ ਆਗੂਆਂ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਚੇਅਰਮੈਨ ਸਹਿਜਪਾਲ ਸਿੰਘ ਲਾਡਾ ਪਰਗਟ ਸਿੰਘ ਗਿੱਲ ਸਰਪੰਚ ਰਾਜਗੜ੍ਹ , ਮਿੰਟੂ ਗਿੱਲ, ਗੁਰਪ੍ਰੀਤ ਸਿੰਘ ਬਾਜਵਾ , ਗੁਰਚੈਨ ਸਿੰਘ,ਸਾਹਿਬ ਸਿੰਘ ਆਦਿ ਹਾਜ਼ਰ ਸਨ।



## ਨਸ਼ੇ ਦਾ ਸੇਵਨ ਕਰਨ ’ਤੇ ਮਾਮਲਾ ਦਰਜ

ਪਟਿਆਲਾ, 30 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਕਰਨ ਕੁਮਾਰ ਵਾਸੀ ਮੋਰਾਂ ਵਾਲੇ ਕੋਠੇ ਪ੍ਰੇਮ ਨਗਰ ਗਲੀ ਨੰ. 5 ਬਰਨਾਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਐਸ.ਆਈ ਬਲਜਿੰਦਰ ਸਿੰਘ ਸਮੇਤ ਪੁਲਿਸ ਪੁੱਡਾ ਗਰਾਊਡ ਪਟਿਆਲਾ ਮੌਜੂਦ ਸੀ, ਜੋ ਦੋਸ਼ੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਕੋਈ ਕੋਈ ਗੋਲੀ ਨੁਮਾ ਚੀਜ਼ ਖਾ ਲਈ, ਜੋ ਕਾਬੂ ਕਰਨ ਪਰ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣੇ ਹੀ ਨਸ਼ੇ ਦੀ ਗੋਲੀ ਖਾਈ ਹੈ।

## ਡੀ. ਏ. ਵੀ. ਸਕੂਲ ਬਾਦਸ਼ਾਹਪੁਰ ਵਿਖੇ ਮਜ਼ਦੂਰ ਦਿਵਸ ਮਨਾਇਆ




ਬਾਦਸ਼ਾਹਪੁਰ, 30 ਅਪ੍ਰੈਲ (ਰਿਸ਼ੀਪਾਲ ਗੁਪਤਾ) : ਡੀ.ਏ.ਵੀ. ਬਾਦਸ਼ਾਹਪੁਰ ਵਿਖੇ ਮਜ਼ਦੂਰ ਦਿਵਸ ਅਤੇ ਪ੍ਰਿੰਸੀਪਲ ਡੇ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਪੂਨਮ ਸਿੰਘ ਨੇ ਆਪਣੇ ਸਕੂਲ ਵਿੱਚ ਕੰਮ ਕਰਦੇ ਦਰਜਾ ਚਾਰ ਮੁਲਾਜ਼ਮਾਂ ਦਾ ਮੂੰਹ ਮਿੱਠਾ ਕਰਵਾ ਕੇ ਉਹਨਾਂ ਨੂੰ ਉਪਹਾਰ ਦਿੱਤੇ ਤੇ ਬੱਚਿਆਂ ਨੂੰ ਕਿਹਾ ਕਿ ਸਾਨੂੰ ਆਪਣੀ ਜ਼ਿੰਦਗੀ ਵਿੱਚ ਹਰ ਤਰ੍ਹਾਂ ਦੇ ਕੰਮ ਅਤੇ ਉਸ ਨੂੰ ਕਰਨ ਵਾਲੇ ਦਾ ਸਤਿਕਾਰ ਕਰਨਾ ਚਾਹੀਦਾ ਹੈ, ਤਾਂ ਹੀ ਅਸੀਂ ਜ਼ਿੰਦਗੀ ਵਿੱਚ ਅੱਗੇ ਵੱਧ ਸਕਾਂਗੇ।

## ਬਿਜ਼ਨਸ ਬਲਾਸਟਰ ਪ੍ਰੋਗਰਾਮ ਤਹਿਤ ਅੰਤਿਮ ਉਤਪਾਦ ਪ੍ਰਦਰਸ਼ਨੀ

ਸਮਾਣਾ, 30 ਅਪ੍ਰੈਲ (ਵਿਜੇ ਕੁਮਾਰ) : ਪੀ.ਐਮ. ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਸਮਾਣਾ ਵਿਖੇ ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਚਲਾਏ ਜਾ ਰਹੇ ਬਿਜ਼ਨਸ ਬਲਾਸਟਰ ਯੰਗ ਐਂਟਰਪ੍ਰੀਨਿਓਰ ਪ੍ਰੋਗਰਾਮ’’ ਤਹਿਤ ਅੰਤਿਮ ਉਤਪਾਦ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਨੇ ਵੱਖ-ਵੱਖ ਟੀਮਾਂ ਵਿੱਚ ਵੰਡ ਕੇ ਆਪਣੇ ਵਪਾਰਕ ਵਿਚਾਰਾਂ ਨੂੰ ਅਮਲੀ ਰੂਪ ਦਿੱਤਾ ਅਤੇ ਆਪਣੇ ਅੰਤਿਮ ਉਤਪਾਦਾਂ ਦੇ ਸਟਾਲ ਲਗਾਏ। ਇਸ ਸਮਾਗਮ ਵਿੱਚ ਸਕੂਲ ਦੇ ਪ੍ਰਿੰਸੀਪਲ, ਸਮੂਹ ਅਧਿਆਪਕ ਸਟਾਫ ਅਤੇ ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ। ਮਹਿਮਾਨਾਂ ਨੇ ਵਿਦਿਆਰਥਣਾਂ ਦੇ ਸਟਾਲਾਂ ਦਾ ਦੌਰਾ ਕੀਤਾ, ਉਹਨਾਂ ਦੇ ਉਤਪਾਦ ਚੱਖੇ ਅਤੇ ਉਹਨਾਂ ਦੇ ਵਪਾਰਕ ਜਜ਼ਬੇ ਦੀ ਭਰਪੂਰ ਸ਼ਲਾਘਾ ਕੀਤੀ।



## ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨੇ ਲੋੜਵੰਦ ਵਿਦਿਆਰਥੀਆਂ ਨੂੰ ਵਰਦੀਆਂ ਦਿੱਤੀਆਂ

ਨਾਭਾ, 30 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ) : ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਹਮੇਸ਼ਾ ਹੀ ਲੋਕ ਭਲਾਈ ਦੇ ਕਾਰਜ ਵਧ ਚੜ ਕੇ ਕੀਤੇ ਜਾਂਦੇ ਹਨ। ਅੱਜ ਇਸ ਲੜੀ ਦੇ ਤਹਿਤ ਸੰਸਥਾ ਵੱਲੋਂ ਆਰੀਆ ਸੀਨੀਅਰ ਸੈਕੰਡਰੀ ਸਕੂਲ ਗਊਸ਼ਾਲਾ ਰੋਡ ਨਾਭਾ ਵਿਖੇ ਲੋੜਵੰਦ ਵਿਦਿਆਰਥੀਆਂ ਨੂੰ ਵਰਦੀਆਂ ਦਿੱਤੀਆਂ ਗਈਆਂ। ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਨੇ ਲੋਕਾਂ ਵੱਲੋਂ ਸਹਿਯੋਗ ਕਰਨ ’ਤੇ ਸਹਿਯੋਗੀ ਸੱਜਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ ਅਤੇ ਰਾਕੇਸ਼ ਕੁਮਾਰ, ਹਰਿੰਦਰ ਸਿੰਘ ਅਤੇ ਮੈਡਮ ਵੰਦਨਾ ਆਦਿ ਸਟਾਫ਼ ਦੇ ਮੈਂਬਰਾਂ ਨੇ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਸੁਨੀਲ ਗੁਪਤਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਲੋੜਵੰਦ ਵਿਦਿਆਰਥੀਆਂ ਨੂੰ ਵਰਦੀ ਨਾ ਹੋਣ ਕਾਰਨ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦੇ ਹੋਏ ਸੰਸਥਾ ਵੱਲੋਂ ਵਰਦੀਆਂ ਭੇਟ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜਿਸ ਨਾਲ ਵਿਦਿਆਰਥੀਆਂ ਨੂੰ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਸੰਸਥਾ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਵੱਧ ਚੜ ਕੇ ਕਰਦੀ ਰਹੇ ਅਤੇ ਸਮੂਹ ਮੈਂਬਰ ਚੜ੍ਹਦੀਕਲਾ ਵਿੱਚ ਰਹਿਣ।




## ਪਿੰਕਰਾਜ ਸਿੰਗਲਾ ਨੇ ਸਹਾਇਕ ਰਜਿਸਟਰਾਰ ਸਮਾਣਾ ਦਾ ਅਹੁਦਾ ਸੰਭਾਲਿਆ

ਸਮਾਣਾ, 30 ਅਪ੍ਰੈਲ (ਵਿਜੇ ਕੁਮਾਰ)-ਸਹਿਕਾਰੀ ਸਭਾਵਾਂ ਸਮਾਣਾ ਦੇ ਨਵੇਂ ਆਏ ਸਹਾਇਕ ਰਜਿਸਟਰਾਰ ਪਿੰਕਰਾਜ ਸਿੰਗਲਾ ਨੇ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਦਫ਼ਤਰ ਆਉਣ ’ਤੇ ਇੰਸਪੈਕਟਰ ਗੁਰਭੇਜ ਸਿੰਘ, ਇੰਸਪੈਕਟਰ ਮਨੂੰ ਸਿੰਗਲਾ, ਇੰਸਪੈਕਟਰ ਪੁਸ਼ਪਜੀਤ ਸ਼ਰਮਾ, ਸੀਨੀਅਰ ਇੰਸਪੈਕਟਰ ਫਕੀਰ ਚੰਦ ਤੇ ਕਲਰਕ ਡੌਲਫੀ ਸਿੰਗਲਾ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਸਿੰਗਲਾ ਨੇ ਆਖਿਆ ਕਿ ਉਨ੍ਹਾਂ ਦਾ ਕੰਮ ਪਾਰਦਰਸ਼ਤਾ ਨਾਲ ਸਹਿਕਾਰੀ ਸਭਾਵਾਂ ਦੇ ਕੰਮ-ਕਾਜ ਚਲਾਉਣਾ ਹੈ। ਉਨ੍ਹਾਂ ਆਖਿਆ ਕਿ ਸਾਰਾ ਸਟਾਫ਼ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਨੂੰ ਪਹਿਲ ਦਿੰਦਾ ਹੈ।



## ਵਾਲੀਬਾਲ ਚੈਂਪੀਅਨਸ਼ਿਪ ’ਚ ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਚਮਕਾਇਆ

ਦੇਵੀਗੜ੍ਹ, 30 ਅਪ੍ਰੈਲ ਗੁਰਜੀਤ ਸਿੰਘ ਢੋਟ ਮਾਤਾ ਗੁਜਰੀ ਸੀਨੀਅਰ ਸੈਕੈਂਡਰੀ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਵਾਲੀਬਾਲ ਚੈਂਪੀਅਨਸ਼ਿਪ ਵਿੱਚ ਪਹਿਲਾਂ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮਾਤਾ ਗੁਜਰੀ ਸਕੂਲ ਦੇ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ ਵੱਲੋਂ ਪੱਤਰਕਾਰਾਂ ਨੂੰ ਜਾਣਕਾਰੀ ਦੌਰਾਨ ਕੀਤਾ ਗਿਆ। ਉਨ੍ਹਾਂ ਜਾਣਕਾਰੀ ਦਿੰਦੇ ਹੋਏ ਕਿਹਾ ਕਿ 26 ਅਪ੍ਰੈਲ ਨੂੰ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਆਸਰਾ ਕਾਲਜ, ਭਵਾਨੀਗੜ੍ਹ (ਪਟਿਆਲਾ) ਵਿਖੇ ਕਰਵਾਈ ਗਈ ਚੌਥੀ ਵਾਈ.ਐਸ.ਪੀ.ਏ. ਵਾਲੀਬਾਲ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-19 ਵਰਗ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਉਹਨਾਂ ਕਿਹਾ ਕਿ ਕੋਚ ਸ਼੍ਰੀ ਅਰਸ਼ਦੀਪ ਸਿੰਘ ਦੀ ਅਗਵਾਈ ਹੇਠ ਟੀਮ ਨੇ ਮੁਕਾਬਲੇ ਵਿੱਚ ਹਿੱਸਾ ਲਿਆ, ਜਿਸ ਵਿੱਚ ਪੰਜਾਬ ਭਰ ਤੋਂ ਸਕੂਲਾਂ ਅਤੇ ਅਕੈਡਮੀਆਂ ਦੇ ਲਗਭਗ 500 ਖਿਡਾਰੀਆਂ ਨੇ ਭਾਗ ਲਿਆ। ਸਕੂਲ ਦੀ ਟੀਮ ਨੇ ਮੁਕਾਬਲੇ ਦੌਰਾਨ ਉੱਤਮ ਖੇਡ ਦਾ ਪ੍ਰਦਰਸ਼ਨ ਕਰਦਿਆਂ ਖਿਤਾਬ ਆਪਣੇ ਨਾਮ ਕੀਤਾ। ਇਸ ਉਪਲਬਧੀ ’ਤੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ਼੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਪੂਨਮ ਧੀਮਾਨ ਅਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਨੇ ਟੀਮ ਅਤੇ ਕੋਚ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਮਯਾਬੀਆਂ ਨਾਲ ਵਿਦਿਆਰਥੀਆਂ ਨੂੰ ਅੱਗੇ ਵੱਧਣ ਲਈ ਹੌਸਲਾ ਮਿਲਦਾ ਹੈ।



## ਕ੍ਰਿਸ਼ਨ ਸਿੰਘ ਸਨੌਰ ਦੀ ਅਗਵਾਈ ’ਚ ਅਕਾਲੀ ਦਲ ਵੱਲੋਂ ਬਿਜਲੀ ਕੱਟਾਂ ਖ਼ਿਲਾਫ਼ ਰੋਸ ਪ੍ਰਦਰਸ਼ਨ

ਦੇਵੀਗੜ੍ਹ , 30 ਅਪ੍ਰੈਲ (ਗੁਰਜੀਤ ਸਿੰਘ ਢੋਟ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੀਨੀਅਰ ਅਕਾਲੀ ਆਗੂ ਅਤੇ ਮੈਂਬਰ ਹਲਕਾ ਇੰਚਾਰਜ ਕਮੇਟੀ ਕ੍ਰਿਸ਼ਨ ਸਿੰਘ ਸਨੌਰ ਦੀ ਅਗਵਾਈ ਵਿੱਚ ਅੱਜ ਬਿਜਲੀ ਗਰਿੱਡ ਸਨੌਰ ਵਿਖੇ ਧਰਨਾ ਦਿੱਤਾ ਗਿਆ। ਪ੍ਰਦਰਸ਼ਨ ਦੌਰਾਨ ਕ੍ਰਿਸਨ ਸਿੰਘ ਸਨੌਰ ਨੇ ਸਰਕਾਰ ’ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਜਿਸ ਪੰਜਾਬ ਨੂੰ ਅਕਾਲੀ ਦਲ ਨੇ ‘ਬਿਜਲੀ ਸਰਪਲੱਸ’ ਰਾਜ ਬਣਾਇਆ, ਉਹੀ ਪੰਜਾਬ 8 ਤੋਂ 12 ਘੰਟੇ ਦੇ ਭਿਆਨਕ ਬਿਜਲੀ ਕੱਟਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਸਾਲ 2007 ਤੋਂ 2017 ਤੱਕ ਦੇ ਅਕਾਲੀ-ਭਾਜਪਾ ਕਾਰਜਕਾਲ ਨੂੰ ਬਿਜਲੀ ਖੇਤਰ ਦਾ ‘ਸੁਨਹਿਰੀ ਯੁੱਗ’ ਕਰਾਰ ਦਿੱਤਾ। ਅਕਾਲੀ ਸਰਕਾਰ ਸਮੇਂ ਸੂਬੇ ਦੇ ਊਰਜਾ ਢਾਂਚੇ ਵਿੱਚ 6,000 ਮੈਗਾਵਾਟ ਤੋਂ ਵੱਧ ਨਵੀਂ ਬਿਜਲੀ ਉਤਪਾਦਨ ਸਮਰੱਥਾ ਜੋੜੀ ਗਈ ਸੀ। ਤਲਵੰਡੀ ਸਾਬੋ (1980 ਮੈਗਾਵਾਟ), ਰਾਜਪੁਰਾ (1400 ਮੈਗਾਵਾਟ) ਅਤੇ ਗੋਇੰਦਵਾਲ ਸਾਹਿਬ (540 ਮੈਗਾਵਾਟ) ਵਰਗੇ ਵਿਸ਼ਾਲ ਥਰਮਲ ਪਲਾਂਟ ਸਥਾਪਿਤ ਕੀਤੇ ਗਏ, ਜਿਸ ਨਾਲ ਪੰਜਾਬ ਬਿਜਲੀ ਦੀ ਕਿੱਲਤ ਤੋਂ ਪੂਰੀ ਤਰ੍ਹਾਂ ਮੁਕਤ ਹੋ ਗਿਆ ਸੀ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਤੁਰੰਤ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਅਤੇ ਕਿਸਾਨਾਂ ਤੇ ਉਦਯੋਗਾਂ ਨੂੰ ਰਾਹਤ ਨਾ ਦਿੱਤੀ ਗਈ, ਤਾਂ ਸ਼੍ਰੋਮਣੀ ਅਕਾਲੀ ਦਲ ਸੂਬੇ ਭਰ ਵਿੱਚ ਬਿਜਲੀ ਦਫ਼ਤਰਾਂ ਅੱਗੇ ਵਿਸ਼ਾਲ ਰੋਸ ਪ੍ਰਦਰਸ਼ਨਾਂ ਦੀ ਲੜੀ ਸ਼ੁਰੂ ਕਰੇਗਾ। ਇਸ ਮੌਕੇ ’ਤੇ ਹਰਮਿੰਦਰ ਸਿੰਘ ਜੋਗੀਪੁਰ ਸਾਬਕਾ ਮੈਂਬਰ ਜ਼ਿਲ੍ਹਾ ਪਰਿਸ਼ਦ, ਭੁਪਿੰਦਰ ਸਿੰਘ ਚਾਚੂ, ਹਰਵਿੰਦਰ ਸਿੰਘ ਗਗਰੌਲੀ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਢੋਟ, ਲਖਵਿੰਦਰ ਸਿੰਘ ਪ੍ਰਧਾਨ ਆਲ ਸਕੂਲ ਟਰਾਂਸਪੋਰਟ ਯੂਨੀਅਨ ਜ਼ਿਲ੍ਹਾ ਪਟਿਆਲਾ, ਬਲਦੇਵ ਸਿੰਘ ਖੁੱਡਾ, ਲਖਵਿੰਦਰ ਸਿੰਘ ਜੋਗੀਪੁਰ, ਜਥੇਦਾਰ ਹਰਦੀਪ ਸਿੰਘ ਸਾਬਕਾ ਸਰਕਲ ਪ੍ਰਧਾਨ ਸਨੌਰ ਸ਼ਹਿਰੀ, ਜਥੇਦਾਰ ਛੋਟਾ ਸਿੰਘ ਸਾਬਕਾ ਮੈਂਬਰ ਕੋਆਪਰੇਟਿਵ ਸੋਸਾਇਟੀ, ਇੰਦਰਜੀਤ ਸਿੰਘ ਚਮਾਰਹੇੜੀ, ਸੁਖਜੀਤ ਸਿੰਘ ਬੋਹੜਪੁਰ, ਹਰਜਿੰਦਰ ਸਿੰਘ, ਰਣਜੀਤ ਸਿੰਘ, ਮਨਜੀਤ ਸਿੰਘ ਰੋਮੀ, ਹਰਮੀਤ ਸਿੰਘ, ਸੁਖਵਿੰਦਰ ਸਿੰਘ ਸਮਰਾਓ, ਬਲਿਹਾਰ ਸਿੰਘ ਗਗਰੌਲੀ, ਜੱਸਾ ਸਿੰਘ ਜੋਗੀਪੁਰ, ਸੁਖਵਿੰਦਰ ਸਿੰਘ ਜੋਗੀਪੁਰ, ਹਰਪਾਲ ਸਿੰਘ ਵਿੱਦਿਆ ਨਗਰ, ਹਰਨੇਕ ਸਿੰਘ ਜੋਗੀਪੁਰ, ਹਰਕੇਸ਼ ਸਿੰਘ ਮਹਿਰਾ, ਹਰਬੰਸ ਸਿੰਘ ਮਹਿਰਾ, ਨਛੱਤਰ ਸਿੰਘ ਜੋਗੀਪੁਰ, ਬੂਟਾ ਸਿੰਘ ਗਗਰੌਲੀ, ਗੁਰਤਾਜ ਸਿੰਘ ਗਗਰੌਲੀ, ਬਿਕਰਮਜੀਤ ਸਿੰਘ ਗਗਰੌਲੀ, ਮੁਖਰਾਜ ਸਿੰਘ ਮੈਂਬਰ ਗੁਰਦੁਆਰਾ ਕਮੇਟੀ, ਸਾਹਿਬ ਸਿੰਘ ਮੋਹਲਗੜ੍ਹ, ਜਸਵੀਰ ਸਿੰਘ ਸਾਬਕਾ ਸਰਪੰਚ ਚੂਹਟ, ਜਗਸੀਰ ਸਿੰਘ ਸਾਬਕਾ ਸਰਪੰਚ ਕਪੂਰੀ, ਜਸਵੀਰ ਗੋਸੁਆਮੀ ਸਾਬਕਾ ਸਰਪੰਚ ਸੇਖੂਪੁਰ, ਕੁਲਵੰਤ ਸਿੰਘ ਫਰੀਦਪੁਰ, ਅਮਰੀਕ ਸਿੰਘ ਹਾਂਡਾ, ਚਰਨਜੀਤ ਸਿੰਘ ਬਿੱਟੂ ਬਹਾਦਰਗੜ੍ਹ, ਹਰਜੀਤ ਸਿੰਘ ਦੌਣਕਲਾਂ, ਗੁਰਸੇਵਕ ਸਿੰਘ ਬੱਲੂ ਬਹਾਦਰਗੜ੍ਹ, ਹਰਦੀਪ ਸਿੰਘ, ਰਾਜਵੀਰ ਸਿੰਘ ਧਾਲੀਵਾਲ, ਕੁਲਦੀਪ ਸਿੰਘ ਦੀਪ ਸਨੌਰ, ਗੁਰਵਿੰਦਰ ਸਿੰਘ ਹੈਪੀ ਰਾਮਪੁਰ, ਹਰਜਿੰਦਰ ਸਿੰਘ ਰਿੰਕੂ, ਜਸਕਰਨ ਸਿੰਘ ਸਨੌਰ, ਬੇਅੰਤ ਸ਼ਰਮਾ, ਕਮਲ ਕੁਮਾਰ, ਹਰਵੀਰ ਸਿੰਘ ਸੋਨੀ ਸ਼ਰਮਾ, ਰਮਨਦੀਪ ਸਿੰਘ ਸਨੌਰ, ਜਸਵੀਰ ਸਿੰਘ ਹਡਾਣਾ ਪ੍ਰਧਾਨ ਬੀਸੀ ਵਿੰਗ, ਗਗਨ ਸਨੌਰ, ਸੂਖਦੇਵ ਸਿੰਘ ਤੇਜਾਂ, ਸਾਹਿਬ ਸਿੰਘ ਸ਼ਾਦੀਪੁਰ, ਮਹਾਂਵੀਰ ਸਿੰਘ ਪਰੌੜ ਸਮੇਤ ਹੋਰ ਵੱਡੀ ਗਿਣਤੀ ਵਿੱਚ ਲੋਕਾਂ ਨੇ ਰੋਸ ਪ੍ਰਦਰਸ਼ਨ ਵਿੱਚ ਹਿੱਸਾ ਲਿਆ।

